1-AUG-PAGE-1.qxd 7/31/2023 10:38 PM Page 1

ਮੰਗਲਵਾਰ, 1 ਅਗਸਤ, 2023
17 ਸਾਉਣ { ਨਾਨਕਸ਼ਾਹੀ 555 / ਬਿਕਰਮੀ 2080 }
ਜਿਲਦ/VOL. : 72
ਅੰਕ/NO. : 61

# ਨਵਾਂ ਜ਼ਮਾਨਾ

DAILY NAWAN ZAMANA • TUESDAY, 1 AUGUST, 2023

ਜਲੰਧਰ

You Tube nawan zamana TV

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

ਕੀਮਤ/PRICE : 5.00 ਰੁਪਏ   Regd. No : Pb/JL-123/2021-23, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 12

## ਪੰਜਾਬੀਆਂ ਦੀ ਪਿੱਠ 'ਚ ਛੁਰਾ ਮਾਰਨ ਵਾਲਿਆਂ ਨੂੰ ਸਬਕ ਸਿਖਾਇਆ ਜਾਵੇ : ਮਾਨ

### ਮਹਿਲਾਂ 'ਚ ਰਹਿਣ ਵਾਲਿਆਂ, 'ਕਾਕਾ ਜੀ' ਤੇ 'ਬੀਬਾ ਜੀ' ਕਹਾਉਣ ਵਾਲੇ ਸਿਆਸਤਦਾਨਾਂ ਨੂੰ ਖੂੰਜੇ ਲਾਉਣ ਦਾ ਸੱਦਾ

**ਸੁਨਾਮ/ਊਧਮ ਸਿੰਘ ਵਾਲਾ (ਪ੍ਰਵੀਨ ਸਿੰਘ)**

ਮੁੱਖ ਮੰਤਰੀ ਭਗਵੰਤ ਮਾਨ ਨੇ ਸੋਮਵਾਰ ਲੋਕਾਂ ਨੂੰ ਸ਼ਹੀਦਾਂ ਦੇ ਸੁਪਨੇ ਸਾਕਾਰ ਕਰਨ ਲਈ ਬਰਤਾਨਵੀ ਹਕੂਮਤ ਕੋਲੋਂ ਆਜ਼ਾਦ ਹੋਣ ਤੋਂ ਬਾਅਦ ਮੁਲਕ ਦੇ ਖਜ਼ਾਨੇ ਲੁੱਟਣ ਵਾਲਿਆਂ ਨੂੰ ਉਖਾੜ ਸੁੱਟਣ ਲਈ ਆਜ਼ਾਦੀ ਦੀ ਇਕ ਹੋਰ ਲਹਿਰ ਚਲਾਉਣ ਦਾ ਸੱਦਾ ਦਿੱਤਾ ਹੈ।

ਇੱਥੇ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਰਾਜ ਪੱਧਰੀ ਸਮਾਗਮ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਦੁੱਖ ਜ਼ਾਹਰ ਕਰਦਿਆਂ ਕਿਹਾ ਕਿ ਭਾਵੇਂ ਦੇਸ਼ ਨੇ 1947 ਵਿੱਚ ਬਰਤਾਨਵੀ ਹਾਕਮਾਂ ਦੀ ਗੁਲਾਮੀ ਤੋਂ ਆਜ਼ਾਦੀ ਹਾਸਲ ਕਰ ਲਈ ਸੀ, ਪਰ ਦੇਸ਼ ਭਗਤਾਂ ਅਤੇ ਮਹਾਨ ਸ਼ਹੀਦਾਂ ਦੇ ਸੁਪਨੇ ਕਦੇ ਵੀ ਸਾਕਾਰ ਨਹੀਂ ਹੋਏ। ਉਨ੍ਹਾ ਕਿਹਾ ਕਿ ਕੇਂਦਰ ਅਤੇ ਸੂਬੇ ਵਿਚ ਸਮੇਂ-ਸਮੇਂ ਦੀਆਂ ਸਰਕਾਰਾਂ ਨੇ ਲੋਕਾਂ ਨੂੰ ਦੋਵੇਂ ਹੱਥੀਂ ਲੁੱਟਿਆ ਅਤੇ ਉਨ੍ਹਾਂ ਉਤੇ ਬੇਰਿਹਮੀ ਨਾਲ



ਜ਼ੁਲਮ ਢਾਹਿਆ। ਹੁਣ ਸਮਾਂ ਆ ਗਿਆ ਹੈ ਕਿ ਇਨ੍ਹਾਂ ਜਾਬਰ ਲੀਡਰਾਂ ਨੂੰ ਬਾਹਰ ਦਾ ਰਾਹ ਦਿਖਾਇਆ ਜਾਵੇ, ਜਿਸ ਲਈ ਆਜ਼ਾਦੀ ਦੇ ਸੰਘਰਸ਼ ਦੀ ਦੂਜੀ ਲਹਿਰ ਸ਼ੁਰੂ ਕੀਤੀ ਜਾਣੀ ਚਾਹੀਦੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਆਜ਼ਾਦੀ ਸੰਘਰਸ਼ ਵਿਚ ਮਹਿਲਾਂ ਜਾਂ ਆਲੀਸ਼ਾਨ ਘਰਾਂ ਵਿਚ ਰਹਿਣ ਵਾਲਿਆਂ ਜਾਂ ਆਪਣੇ ਆਪ ਨੂੰ 'ਕਾਕਾ ਜੀ' ਤੇ 'ਬੀਬਾ ਜੀ' ਕਹਾਉਣ ਵਾਲਿਆਂ ਨੂੰ ਸਿਆਸੀ ਤੌਰ 'ਤੇ ਗੁੰਮਨਾਮੀ ਵਿਚ ਧੱਕ ਦੇਣਾ ਚਾਹੀਦਾ ਹੈ। ਸਮਾਂ ਇਹੀ ਮੰਗ ਕਰਦਾ ਹੈ, ਕਿਉਂਕਿ ਅਜਿਹਾ ਕਰਨ ਨਾਲ ਹੀ ਸ਼ਹੀਦਾਂ ਦੇ ਸੁਪਨੇ ਪੂਰੇ ਕੀਤੇ ਜਾ ਸਕਦੇ ਹਨ ਅਤੇ ਸਭ ਲਈ ਬਰਾਬਰ ਅਧਿਕਾਰਾਂ ਵਾਲੇ ਭਾਰਤ ਦੀ ਸਿਰਜਣਾ ਕੀਤੀ ਜਾ ਸਕਦੀ ਹੈ। ਇਹ ਮੌਕਾਪ੍ਰਸਤ ਨੇਤਾ ਕਦੇ ਵੀ ਲੋਕਾਂ ਦੇ ਪੱਖ ਵਿੱਚ ਨਹੀਂ ਖੜ੍ਹੇ, ਸਗੋਂ ਇਹ ਲੋਕ ਉਸੇ ਧਿਰ ਦੇ ਕਲਾਵੇ ਵਿਚ ਚਲੇ ਜਾਂਦੇ ਹਨ, ਜਿੱਥੇ ਏਨਾ ਦਾ ਆਪਣਾ ਫਾਇਦਾ ● ਬਾਕੀ ਸਫ਼ਾ 2 'ਤੇ

## ਸ਼ਹੀਦ ਊਧਮ ਸਿੰਘ, ਭਗਤ ਸਿੰਘ ਤੇ ਸਰਾਭਾ ਨੂੰ 'ਭਾਰਤ ਰਤਨ ਐਵਾਰਡ' ਦੇਣ ਦੀ ਜ਼ੋਰਦਾਰ ਵਕਾਲਤ

ਮੁੱਖ ਮੰਤਰੀ ਭਗਵੰਤ ਮਾਨ ਨੇ ਸੋਮਵਾਰ ਸ਼ਹੀਦ ਊਧਮ ਸਿੰਘ, ਸ਼ਹੀਦ ਭਗਤ ਸਿੰਘ ਅਤੇ ਸ਼ਹੀਦ ਕਰਤਾਰ ਸਿੰਘ ਸਰਾਭਾ ਵਰਗੇ ਮਹਾਨ ਸ਼ਹੀਦਾਂ ਨੂੰ 'ਭਾਰਤ ਰਤਨ ਐਵਾਰਡ' ਦੇਣ ਦੀ ਵਕਾਲਤ ਕੀਤੀ, ਜਿਨ੍ਹਾਂ ਆਪਣੇ ਵਤਨ ਦੀ ਖਾਤਰ ਲਾਮਿਸਾਲ ਕੁਰਬਾਨੀਆਂ ਦਿੱਤੀਆਂ।

ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਉਨ੍ਹਾ ਦੀ ਯਾਦਗਾਰ ਉਤੇ ਸ਼ਰਧਾ ਦੇ ਫੁੱਲ ਭੇਟ ਕਰਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਮਹਾਨ ਸ਼ਹੀਦਾਂ ਨੂੰ 'ਭਾਰਤ ਰਤਨ ਐਵਾਰਡ' ਦੇਣ ਨਾਲ ਸਗੋਂ ਇਸ ਐਵਾਰਡ ਦਾ ਮਾਣ ਹੋਰ ਵਧੇਗਾ। ਉਨ੍ਹਾ ਕਿਹਾ ਕਿ ਇਹ ਸ਼ਹੀਦ ਹੀ ਇਸ ਐਵਾਰਡ ਦੇ ਅਸਲ ਹੱਕਦਾਰ ਹਨ, ਕਿਉਂਕਿ ਉਨ੍ਹਾਂ ਆਪਣੇ ਦੇਸ਼ ਨੂੰ ਵਿਦੇਸ਼ੀ ਤਾਕਤਾਂ ਦੇ ਚੁੰਗਲ ਵਿੱਚੋਂ ਆਜ਼ਾਦ ਕਰਵਾਉਣ ਲਈ ਮਹਾਨ ਕੁਰਬਾਨੀਆਂ ਦਿੱਤੀਆਂ।

ਭਗਵੰਤ ਮਾਨ ਨੇ ਦੁੱਖ ਨਾਲ ਕਿਹਾ ਕਿ ਅਖੌਤੀ ਰਾਸ਼ਟਰਵਾਦੀ ਕੇਂਦਰ ਸਰਕਾਰ ਨੇ ਇਨ੍ਹਾਂ ਮਹਾਨ ਸਪੂਤਾਂ ਦਾ ਸਨਮਾਨ ਕਰਨ ਦੀ ਕਦੇ ਵੀ ਪ੍ਰਵਾਹ ਨਹੀਂ ਕੀਤੀ। ਮੁੱਖ ਮੰਤਰੀ ਨੇ ਕਿਹਾ ਕਿ ਉਲਟਾ ਮੌਜੂਦਾ ਕੇਂਦਰ ਸਰਕਾਰ ਮੁਲਕ ਵਿੱਚ ਜਮਹੂਰੀਅਤ ਦਾ ਘਾਣ ਕਰਕੇ ਇਨ੍ਹਾਂ ਸ਼ਹੀਦਾਂ ਦੀ ਵਿਰਾਸਤ ਨੂੰ ਢਾਹ ਲਾ ਰਹੀ ਹੈ। ਇਨ੍ਹਾਂ ਵਤਨਪ੍ਰਸਤਾਂ ਨੇ ਦੇਸ਼ ਦੀ ਆਜ਼ਾਦੀ ਅਤੇ ਜਮਹੂਰੀਅਤ ਦੀ ਖਾਤਰ ਆਪਣੀਆਂ ਜਾਨਾਂ ਵਾਰ ਦਿੱਤੀਆਂ ਸਨ, ਪਰ ਬਦਕਿਸਮਤੀ ਨਾਲ ਕੇਂਦਰ ਸਰਕਾਰ ਆਰਡੀਨੈਂਸਾਂ ਰਾਹੀਂ ਜਮਹੂਰੀ ਪ੍ਰਣਾਲੀ ਨੂੰ ਖਤਰੇ ਵਿਚ ਪਾ ਰਹੀ ਹੈ। ਇਹ ਕਦਮ ਆਜ਼ਾਦੀ ਦੇ ਸੰਘਰਸ਼ ਦੌਰਾਨ ਮਹਾਨ ਦੇਸ਼ ਭਗਤਾਂ ਵੱਲੋਂ ਦੇਸ਼ ਲਈ ਲਏ ਸੁਪਨਿਆਂ ਦੇ ਬਿਲਕੁਲ ਉਲਟ ਹੈ।

ਉਨ੍ਹਾ ਕਿਹਾ ਕਿ ਸ਼ਹੀਦ ਊਧਮ ਸਿੰਘ ਮਹਾਨ ਸਪੂਤ ਸੀ, ਜਿਸ ਨੇ ਜਲ੍ਹਿਆਂਵਾਲਾ ਬਾਗ ਦੇ ਸਾਕੇ ਦੇ ਮੁੱਖ ਦੋਸ਼ੀ ਮਾਈਕਲ ਓਡਵਾਇਰ ਨੂੰ ਮਾਰ ਕੇ ਬਹਾਦਰੀ ਦਾ ਸਬੂਤ ਦਿੱਤਾ। ਕੌਮੀ ਆਜ਼ਾਦੀ ਸੰਘਰਸ਼ ਵਿੱਚ ਇਸ ਮਹਾਨ ਸ਼ਹੀਦ ਦੀ ਬੇਮਿਸਾਲ ਕੁਰਬਾਨੀ ਨੇ ਦੇਸ਼ ਨੂੰ ਬਰਤਾਨਵੀ ਸਾਮਰਾਜਵਾਦ ਦੇ ਜੂਲੇ ਤੋਂ ਮੁਕਤ ਹੋਣ ਵਿੱਚ ਮਦਦ ਕੀਤੀ। ਮੁੱਖ ਮੰਤਰੀ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਨੇ ਜਲ੍ਹਿਆਂਵਾਲਾ ਬਾਗ ਵਿਖੇ ਹੋਏ ਸਾਕੇ ਦਾ ਬਦਲਾ ਲੈਣ ਲਈ 21 ਸਾਲ ਉਡੀਕ ਕੀਤੀ ਅਤੇ ਇਸ ਤਰ੍ਹਾਂ ਦੇਸ਼ ਦੀ ਆਜ਼ਾਦੀ ਦੀ ਨੀਂਹ ਰੱਖੀ। ਉਹ ਭਾਰਤ ਦੇ ਆਜ਼ਾਦੀ ਸੰਗਰਾਮ ਦੇ ਅਜਿਹੇ ਮਹਾਨ ਸ਼ਹੀਦਾਂ ਅਤੇ ਦੇਸ਼ ਭਗਤਾਂ ਅੱਗੇ ਸ਼ਰਧਾ ਨਾਲ ਸਿਰ ਝੁਕਾਉਂਦੇ ਹਨ, ਜਿਨ੍ਹਾਂ ਸੂਰਬੀਰਤਾ ਦਿਖਾਉਂਦਿਆਂ ਦੇਸ਼ ਦੀ ਆਜ਼ਾਦੀ ਲਈ ਲਾਮਿਸਾਲ ਕੁਰਬਾਨੀਆਂ ਦਿੱਤੀਆਂ। ਉਨ੍ਹਾ ਕਿਹਾ ਕਿ ਸ਼ਹੀਦਾਂ ਦੀਆਂ ਕੁਰਬਾਨੀਆਂ ਦੀ ਅਮੀਰ ਵਿਰਾਸਤ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਸੇਧ ਦੇਣ ਲਈ ਚਾਨਣ ਮੁਨਾਰੇ ਦਾ ਕੰਮ ਕਰੇਗੀ। ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾ ਦੀ ਸਰਕਾਰ ਲੰਡਨ ਤੋਂ ਸ਼ਹੀਦ ਊਧਮ ਸਿੰਘ ਦਾ ਨਿੱਜੀ ਸਮਾਨ ਵਾਪਸ ਲਿਆਉਣ ਲਈ ਸਿਰਤੋੜ ਯਤਨ ਕਰੇਗੀ। ਸੂਬਾ ਸਰਕਾਰ ਇਨ੍ਹਾਂ ਮਸਲਿਆਂ ਨੂੰ ਸਾਰੇ ਸੰਬੰਧਤ ਮੰਚਾਂ 'ਤੇ ਉਠਾਏਗੀ, ਤਾਂ ਜੋ ਇਸ ਸਮਾਨ ਨੂੰ ਛੇਤੀ ਤੋਂ ਛੇਤੀ ਵਾਪਸ ਲਿਆਂਦਾ ਜਾ ਸਕੇ। ਉਹਨਾ ਕਿਹਾ ਕਿ ਪਾਕਿਸਤਾਨ ਵਿੱਚ ਪਈਆਂ ਸ਼ਹੀਦ ਭਗਤ ਸਿੰਘ ਨਾਲ ਜੁੜੀਆਂ ਵਸਤਾਂ ਨੂੰ ਵੀ ਵਾਪਸ ਲਿਆਂਦਾ ਜਾਵੇਗਾ। ਇਸ ਮੌਕੇ ਮੁੱਖ ਮੰਤਰੀ ਨਾਲ ਕੈਬਨਿਟ ਮੰਤਰੀ ਅਮਨ ਅਰੋੜਾ ਤੇ ਹੋਰ ਵੀ ਮੌਜੂਦ ਸਨ।

## ਮਨੀਪੁਰ ਦੀ ਹਿੰਸਾ ਨਿਰਭੈਆ ਕਾਂਡ ਵਰਗੀ ਨਹੀਂ : ਸੁਪਰੀਮ ਕੋਰਟ




**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਸੋਮਵਾਰ ਮਨੀਪੁਰ ਵਿਚ ਜਾਰੀ ਹਿੰਸਾ ਨੂੰ ਲੈ ਕੇ ਸੂਬਾ ਸਰਕਾਰ ਦੀ ਇਹ ਕਹਿੰਦਿਆਂ ਖਿਚਾਈ ਕੀਤੀ ਕਿ ਭੀੜ ਵੱਲੋਂ ਦੋ ਮਹਿਲਾਵਾਂ ਨੂੰ ਨਿਰਵਸਤਰ ਕਰਕੇ ਘੁਮਾਉਣ ਤੋਂ ਬਾਅਦ ਉਨ੍ਹਾਂ 'ਤੇ ਜਿਨਸੀ ਹਮਲੇ ਨੂੰ ਵਿਕੋਲਿਤਰਾ ਮਾਮਲਾ ਨਹੀਂ ਕਹਿ ਸਕਦੇ। ਘਟਨਾ ਨੂੰ ਹੌਲਨਾਕ ਕਰਾਰ ਦਿੰਦਿਆਂ ਕੋਰਟ ਨੇ ਕਿਹਾ ਕਿ ਉਹ ਨਹੀਂ ਚਾਹੇਗੀ ਕਿ ਇਸ ਦੀ ਜਾਂਚ ਸੂਬਾਈ ਪੁਲਸ ਕਰੇ, ਕਿਉਂਕਿ ਉਸ ਨੇ ਤਾਂ ਇਕ ਤਰ੍ਹਾਂ ਨਾਲ ਮਹਿਲਾਵਾਂ ਨੂੰ ਭੀੜ ਹਵਾਲੇ ਕਰ ਦਿੱਤਾ ਸੀ। ਕੋਰਟ ਨੇ ਕਿਹਾ ਕਿ ਮਹਿਲਾਵਾਂ ਨੂੰ ਨਿਰਵਸਤਰ ਕਰਕੇ ਘੁਮਾਉਣ ਦੀ ਘਟਨਾ ਚਾਰ ਮਈ ਨੂੰ ਹੋਈ ਸੀ, ਪਰ ਮਨੀਪੁਰ ਪੁਲਸ ਨੇ 18 ਮਈ ਨੂੰ ਐੱਫ ਆਈ ਆਰ ਦਰਜ ਕਰਨ ਲਈ 14 ਦਿਨ ਕਿਉਂ ਲਏ। ਚੀਫ ਜਸਟਿਸ ਡੀ ਵਾਈ ਚੰਦਰਚੂੜ ਦੀ ਅਗਵਾਈ ਵਾਲੀ ਬੈਂਚ ਨੇ ਸਾਲੀਸਿਟਰ ਜਨਰਲ ਤੁਸ਼ਾਰ ਮਹਿਤਾ ਤੋਂ ਪੁੱਛਿਆ ਕਿ ਚਾਰ ਮਈ ਨੂੰ ਤੁਰੰਤ ਐੱਫ ਆਈ ਆਰ ਦਰਜ ਕਰਨ ਵਿਚ ਕੀ ਰੁਕਾਵਟ ਪਈ। ਜ਼ੀਰੋ ਐੱਫ ਆਈ ਆਰ ਫੌਰੀ ਦਰਜ ਨਾ ਕਰਨ ਨੂੰ ਕਿਸੇ ਵੀ ਤਰ੍ਹਾਂ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ। ਬੈਂਚ ਨੇ ਕਿਹਾ ਕਿ ਸੂਬਾ ਸਰਕਾਰ ਦੱਸੇ ਕਿ ਕਿੰਨੀਆਂ ਜ਼ੀਰੋ ਐੱਫ ਆਈ ਆਰ ਦਰਜ ਕੀਤੀਆਂ ਗਈਆਂ ਤੇ ਹੁਣ ਤੱਕ ਕਿੰਨੀਆਂ ਗ੍ਰਿਫਤਾਰੀਆਂ ਕੀਤੀਆਂ ਗਈਆਂ। (ਜ਼ੀਰੋ ਐੱਫ ਆਈ ਆਰ ਕਿਸੇ ਵੀ ਥਾਣੇ ਵਿਚ ਦਰਜ ਕੀਤੀ ਜਾ ਸਕਦੀ ਹੈ, ਭਾਵੇਂ ਜੁਰਮ ਉਸ ਦੇ ਇਲਾਕੇ ਵਿਚ ਹੋਇਆ ਹੋਵੇ ਜਾਂ ਕਿਸੇ ਹੋਰ ਇਲਾਕੇ 'ਚ)।

ਬੈਂਚ, ਜਿਸ ਵਿਚ ਜਸਟਿਸ ਜੇ ਬੀ ਪਰਦੀਵਾਲਾ ਤੇ ਜਸਟਿਸ ਮਨੋਜ ਮਿਸ਼ਰਾ ਵੀ ਸ਼ਾਮਲ ਸਨ, ਨੇ ਕਿਹਾ ਕਿ ਅਜਿਹੀਆਂ ਘਟਨਾਵਾਂ ਨਾਲ ਸਿੱਝਣ ਲਈ ਵਿਆਪਕ ਪ੍ਰਣਾਲੀ ਦੀ ਲੋੜ ਹੈ। ਬੈਂਚ ਨੇ ਇਹ ਵੀ ਕਿਹਾ ਕਿ ਜਿਨਸੀ ਹਮਲੇ ਦਾ ਇਹ ਕੇਸ ਗਿਣੀ-ਮਿਥੀ ਹਿੰਸਾ ਦਾ ਹਿੱਸਾ ਸੀ। ਮਹਿਲਾਵਾਂ ਨੇ ਕਿਹਾ ਹੈ ਕਿ ਪੁਲਸ ਨੇ ਉਨ੍ਹਾਂ ਨੂੰ ਭੀੜ ਹਵਾਲੇ ਕੀਤਾ। ਇਹ 2012 ਦੇ ਦਿੱਲੀ ਵਿਚ ਵਾਪਰੇ ਨਿਰਭੈਆ ਗੈਂਗਰੇਪ ਤੇ ਕਤਲ ਵਰਗਾ ਕੇਸ ਨਹੀਂ। ਨਿਰਭੈਆ ਕੇਸ ਵੀ ਹੌਲਨਾਕ ਸੀ, ਪਰ ਮਨੀਪੁਰ ਵਿਚ ਗਿਣ-ਮਿਥ ਕੇ ਹਿੰਸਾ ਕੀਤੀ ਗਈ ਹੈ। ਇਸ ਦੀ ਸਪੈਸ਼ਲ ਟੀਮ ਤੋਂ ਜਾਂਚ ਕਰਾਉਣੀ ਪੈਣੀ ਹੈ। ਪੀੜਤਾਂ ਦੇ ਵਕੀਲਾਂ ਨੇ ਸੀ ਬੀ ਆਈ ਤੋਂ ਜਾਂਚ ਕਰਾਉਣ ਦਾ ਵਿਰੋਧ ਕੀਤਾ। ਤੁਸ਼ਾਰ ਮਹਿਤਾ ਨੇ ਕਿਹਾ ਕਿ ਸਰਕਾਰ ਸੁਪਰੀਮ ਕੋਰਟ ਦੀ ਨਿਗਰਾਨੀ ਵਿਚ ਜਾਂਚ ਕਰਾਉਣ ਲਈ ਤਿਆਰ ਹੈ। ਇਸੇ ਦੌਰਾਨ ਮਨੀਪੁਰ ਦਾ ਦੌਰਾ ਕਰਕੇ ਆਏ ਵਿਰੋਧੀ ਧਿਰ ਦੇ ਸੰਸਦ ਮੈਂਬਰਾਂ ਨੇ ਵਿਰੋਧੀ ਗਠਜੋੜ ਇੰਡੀਅਨ ਨੈਸ਼ਨਲ ਡਿਵੈੱਲਪਮੈਂਟ ਇਨਕਲੂਸਿਵ ਅਲਾਇੰਸ (ਇਡੀਆ) ਦੇ ਮੁੱਖ ਨੇਤਾਵਾਂ ਨੂੰ ਹਿੰਸਾ ਪ੍ਰਭਾਵਤ ਰਾਜ ਦੀ ਸਥਿਤੀ ਤੋਂ ਜਾਣੂ ਕਰਵਾਇਆ। ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਸੰਸਦ ਮੈਂਬਰਾਂ ਦੇ ਵਫਦ ਨਾਲ ਮੁਲਾਕਾਤ ਕਰਨ ਤੋਂ ਬਾਅਦ ਦੋਸ਼ ਲਾਇਆ ਕਿ ਸਰਕਾਰ ਮਨੀਪੁਰ ਦੇ ਹਾਲਾਤ ਪ੍ਰਤੀ ਉਦਾਸੀਨ ਹੈ।

## ਸਿੰਗਾਪੁਰ ਦੇ ਉਪ ਪ੍ਰਧਾਨ ਮੰਤਰੀ ਵੱਲੋਂ ਸਿੱਖਾਂ ਦੀ ਸ਼ਲਾਘਾ

**ਸਿੰਗਾਪੁਰ** : ਸਿੰਗਾਪੁਰ ਦੇ ਉਪ ਪ੍ਰਧਾਨ ਮੰਤਰੀ ਲਾਰੈਂਸ ਵੌਂਗ ਨੇ ਕਿਹਾ ਹੈ ਕਿ ਦੇਸ਼ ਵਿਚ ਸਿੱਖਾਂ ਨੇ ਆਪਣੇ ਸੱਭਿਆਚਾਰ, ਧਰਮ ਅਤੇ ਵੱਖਰੀ ਪਛਾਣ ਨੂੰ ਕਾਇਮ ਰੱਖਦੇ ਹੋਏ ਵੱਖ-ਵੱਖ ਖੇਤਰਾਂ ਵਿਚ ਅਹਿਮ ਯੋਗਦਾਨ ਪਾਇਆ ਹੈ। ਸਿੱਖ ਸਲਾਹਕਾਰ ਬੋਰਡ ਦੀ 75ਵੀਂ ਵਰ੍ਹੇਗੰਢ ਦੇ ਮੌਕੇ ਰਾਤਰੀ ਭੋਜ ਦੌਰਾਨ ਬੋਲਦਿਆਂ ਉਨ੍ਹਾ ਕਿਹਾ—ਤੁਸੀਂ ਸਾਰਿਆਂ ਨੇ ਆਪੋ-ਆਪਣੇ ਕਿੱਤਿਆਂ 'ਚ ਆਪਣੇ ਆਪ ਨੂੰ ਸਾਬਤ ਕੀਤਾ ਹੈ ਅਤੇ ਵੱਖ-ਵੱਖ ਖੇਤਰਾਂ 'ਚ ਅਹਿਮ ਯੋਗਦਾਨ ਪਾਇਆ ਹੈ। ਸਭ ਤੋਂ ਵੱਡੀ ਗੱਲ ਇਹ ਹੈ ਕਿ ਸਿੱਖਾਂ ਨੇ ਸਿੰਗਾਪੁਰ 'ਚ ਆਪਣੇ ਸੱਭਿਆਚਾਰ, ਧਰਮ ਅਤੇ ਵੱਖਰੀ ਪਛਾਣ ਨੂੰ ਕਾਇਮ ਰੱਖਦੇ ਹੋਏ ਇਹ ਸਭ ਕੁਝ ਕੀਤਾ ਹੈ।

## ਨਵਾਜ਼ ਸ਼ਰੀਫ ਦੀ ਵਤਨ ਵਾਪਸੀ ਕੁਝ ਹਫਤਿਆਂ 'ਚ

**ਇਸਲਾਮਾਬਾਦ** : ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਹਿਬਾਜ਼ ਸ਼ਰੀਫ ਨੇ ਕਿਹਾ ਹੈ ਕਿ ਪਾਕਿਸਤਾਨ ਮੁਸਲਿਮ ਲੀਗ-ਨਵਾਜ਼ ਜੇ ਅਗਲੀਆਂ ਆਮ ਚੋਣਾਂ 'ਚ ਸੱਤਾ 'ਚ ਵਾਪਸੀ ਕਰਦੀ ਹੈ ਤਾਂ ਨਵਾਜ਼ ਸ਼ਰੀਫ ਅਗਲੇ ਪ੍ਰਧਾਨ ਮੰਤਰੀ ਹੋਣਗੇ। ਜੀਓ ਨਿਊਜ਼ ਦੇ ਪ੍ਰੋਗਰਾਮ 'ਚ ਉਨ੍ਹਾ ਕਿਹਾ ਕਿ ਤਿੰਨ ਵਾਰ ਦੇ ਸਾਬਕਾ ਪ੍ਰਧਾਨ ਮੰਤਰੀ, ਜੋ 2019 ਤੋਂ ਲੰਡਨ 'ਚ ਜਲਾਵਤਨੀ 'ਚ ਰਹਿ ਰਹੇ ਹਨ, ਅਗਲੇ ਕੁਝ ਹਫਤਿਆਂ 'ਚ ਦੇਸ਼ ਪਰਤਣਗੇ।

## ਆਈ ਐੱਸ ਦਾ ਕਾਰਾ

**ਇਸਲਾਮਾਬਾਦ** : ਪਾਕਿਸਤਾਨ ਦੇ ਖ਼ੈਬਰ ਪਖਤੂਨਖਵਾ ਸੂਬੇ ਦੀ ਪੁਲਸ ਨੇ ਸੋਮਵਾਰ ਕਿਹਾ ਕਿ ਸ਼ੁਰੂਆਤੀ ਜਾਂਚ ਤੋਂ ਪਤਾ ਲੱਗਿਆ ਹੈ ਕਿ ਪਾਬੰਦੀਸ਼ੁਦਾ ਦਹਿਸ਼ਤਗਰਦ ਗਰੁੱਪ ਇਸਲਾਮਿਕ ਸਟੇਟ (ਆਈ ਐੱਸ) ਦਾ ਕੱਟੜਪੰਥੀ ਇਸਲਾਮੀ ਪਾਰਟੀ ਦੇ ਸਿਆਸੀ ਸੰਮੇਲਨ 'ਚ ਆਤਮਘਾਤੀ ਧਮਾਕੇ ਪਿੱਛੇ ਹੱਥ ਹੈ। ਇਸ ਧਮਾਕੇ 'ਚ 46 ਵਿਅਕਤੀਆਂ ਦੀ ਮੌਤ ਹੋ ਗਈ ਅਤੇ 100 ਤੋਂ ਵੱਧ ਜ਼ਖਮੀ ਹੋ ਗਏ। ਇਹ ਧਮਾਕਾ ਐਤਵਾਰ ਨੂੰ ਉਸ ਸਮੇਂ ਹੋਇਆ, ਜਦੋਂ ਕੱਟੜਪੰਥੀ ਜਮੀਅਤ ਉਲੇਮਾ-ਏ-ਇਸਲਾਮ-ਫਜ਼ਲ ਦੇ 400 ਤੋਂ ਵੱਧ ਮੈਂਬਰ ਖਾਰ ਸ਼ਹਿਰ 'ਚ ਮੀਟਿੰਗ ਲਈ ਇਕੱਠੇ ਹੋਏ ਸਨ।

## ਜਹਾਜ਼ ਦਾ ਹੰਗਾਮੀ ਉਤਾਰਾ

**ਤਿਰੂਅਨੰਤਪੁਰਮ** : ਤਿਰੂਚਿਰਾਪੱਲੀ ਤੋਂ ਸ਼ਾਰਜਾਹ ਜਾ ਰਹੇ ਏਅਰ ਇੰਡੀਆ ਐੱਕਸਪ੍ਰੈੱਸ ਦੇ ਜਹਾਜ਼ ਨੇ ਸੋਮਵਾਰ ਤਕਨੀਕੀ ਕਾਰਨਾਂ ਕਰਕੇ ਇੱਥੋਂ ਦੇ ਹਵਾਈ ਅੱਡੇ 'ਤੇ ਐਮਰਜੈਂਸੀ ਲੈਂਡਿੰਗ ਕੀਤੀ। ਜਹਾਜ਼ ਨੇ ਤਾਮਿਲਨਾਡੂ ਦੇ ਤਿਰੂਚਿਰਾਪੱਲੀ ਤੋਂ ਸਵੇਰੇ 10.45 ਵਜੇ ਉਡਾਣ ਭਰੀ। ਥੋੜ੍ਹੀ ਦੇਰ ਬਾਅਦ ਇਥੇ ਹਵਾਈ ਅੱਡੇ ਦੇ ਅਧਿਕਾਰੀਆਂ ਨੇ ਪੂਰੀ ਤਰ੍ਹਾਂ ਐਮਰਜੈਂਸੀ ਐਲਾਨ ਦਿੱਤੀ। ਜਹਾਜ਼ ਦੁਪਹਿਰ ਨੂੰ ਸੁਰੱਖਿਅਤ ਉਤਰਿਆ। ਜਹਾਜ਼ 'ਚ 154 ਯਾਤਰੀ ਸਵਾਰ ਸਨ।

## ਪਾਕਿ ਵੱਲੋਂ ਆਇਆ ਡਰੋਨ ਫੁੰਡਿਆ, ਸਵਾ 3 ਕਿੱਲੋ ਹੈਰੋਇਨ ਬਰਾਮਦ

**ਤਰਨ ਤਾਰਨ** : ਕਸਬਾ ਖੇਮਕਰਨ ਦੇ ਬਾਹਰਵਾਰ ਪੁਲਸ ਤੇ ਬੀ ਐੱਸ ਐੱਫ ਨੇ ਸਾਂਝੀ ਤਲਾਸ਼ੀ ਮੁਹਿੰਮ ਦੌਰਾਨ ਝੋਨੇ ਦੇ ਖੇਤ 'ਚ ਸੋਮਵਾਰ ਸਵੇਰੇ ਡਿੱਗਾ ਡਰੋਨ ਤੇ ਉਸ ਨਾਲ ਬੰਨ੍ਹੇ ਹੋਏ ਤਿੰਨ ਪੈਕੇਟ ਹੈਰੋਇਨ ਬਰਾਮਦ ਕੀਤੇ। ਹੈਰੋਇਨ ਸਵਾ ਤਿੰਨ ਕਿੱਲੋ ਹੈ। ਬੀ ਐੱਸ ਐੱਫ ਦੇ ਜਵਾਨਾਂ ਨੇ ਪਾਕਿਸਤਾਨ ਤੋਂ ਆਏ ਡਰੋਨ ਨੂੰ ਬੀਤੀ ਰਾਤ ਗੋਲੀ ਮਾਰ ਕੇ ਸੁੱਟ ਲਿਆ ਸੀ।

## ਘੁਸਪੈਠੀਆ ਹਲਾਕ

**ਜੰਮੂ** : ਸਰਹੱਦ ਨੇੜੇ ਐਤਵਾਰ ਦੇਰ ਰਾਤ ਬੀ ਐੱਸ ਐੱਫ ਦੇ ਜਵਾਨਾਂ ਨੇ ਪਾਕਿਸਤਾਨੀ ਘੁਸਪੈਠੀਏ ਨੂੰ ਮਾਰ ਮੁਕਾਇਆ। ਜਵਾਨਾਂ ਦੀਆਂ ਚਿਤਾਵਨੀਆਂ ਨੂੰ ਨਜ਼ਰਅੰਦਾਜ਼ ਕਰਦਿਆਂ ਘੁਸਪੈਠੀਏ ਨੇ ਅਰਨੀਆ ਸੈਕਟਰ 'ਚ ਜੱਬੋਵਾਲ ਸਰਹੱਦੀ ਚੌਕੀ ਨੇੜੇ ਭੱਜਣ ਦੀ ਕੋਸ਼ਿਸ਼ ਕੀਤੀ, ਜਿਸ ਤੋਂ ਬਾਅਦ ਜਵਾਨਾਂ ਨੇ ਗੋਲੀ ਚਲਾ ਕੇ ਉਸ ਨੂੰ ਮਾਰ ਦਿੱਤਾ।

## ਜਵਾਨ ਨੇ ਚਲਦੀ ਗੱਡੀ 'ਚ ਏ ਐੱਸ ਆਈ ਤੇ ਤਿੰਨ ਯਾਤਰੀ ਮਾਰ'ਤੇ



**ਮੁੰਬਈ** : ਮਹਾਰਾਸ਼ਟਰ ਦੇ ਪਾਲਘਰ ਰੇਲਵੇ ਸਟੇਸ਼ਨ ਨੇੜੇ ਆਰ ਪੀ ਐੱਫ ਦੇ ਕਾਂਸਟੇਬਲ ਨੇ ਸੋਮਵਾਰ ਸਵੇਰੇ ਪੰਜ ਵਜੇ ਦੇ ਕਰੀਬ ਜੈਪੁਰ-ਮੁੰਬਈ ਸੈਂਟਰਲ ਐੱਕਸਪ੍ਰੈੱਸ ਦੇ ਅੰਦਰ ਆਰ ਪੀ ਐੱਫ ਦੇ ਅਸਿਸਟੈਂਟ ਸਬ-ਇੰਸਪੈਕਟਰ ਅਤੇ ਤਿੰਨ ਯਾਤਰੀਆਂ ਦੀ ਆਟੋਮੈਟਿਕ ਹਥਿਆਰ ਨਾਲ ਗੋਲੀਬਾਰੀ ਕਰਕੇ ਹੱਤਿਆ ਕਰ ਦਿੱਤੀ। ਮੁਲਜ਼ਮ ਮਾਨਸਕ ਤੌਰ 'ਤੇ ਪ੍ਰੇਸ਼ਾਨ ਦੱਸਿਆ ਜਾ ਰਿਹਾ ਹੈ। ਮੁੰਬਈ ਤੋਂ ਪਾਲਘਰ ਦੀ ਦੂਰੀ 100 ਕਿਲੋਮੀਟਰ ਹੈ। ਚੇਤਨ ਕੁਮਾਰ ਚੌਧਰੀ ਨੇ ਚਲਦੀ ਟਰੇਨ 'ਚ ਪਹਿਲਾਂ ਆਪਣੇ ਐਸਕਾਰਟ ਡਿਊਟੀ ਇੰਚਾਰਜ ਏ ਐੱਸ ਆਈ ਟੀਕਾ ਰਾਮ ਮੀਨਾ ਨੂੰ ਗੋਲੀ ਮਾਰ ਦਿੱਤੀ। ਫਿਰ ਇਕ ਹੋਰ ਬੋਗੀ ਵਿਚ ਜਾ ਕੇ ਤਿੰਨ ਸਵਾਰੀਆਂ ਨੂੰ ਗੋਲੀ ਮਾਰ ਦਿੱਤੀ। ਮੁਲਜ਼ਮ ਨੇ ਮੀਰਾ ਰੋਡ ਅਤੇ ਦਹਿਸਰ ਦੇ ਵਿਚਕਾਰ ਰੇਲ ਗੱਡੀ 'ਚੋਂ ਭੱਜਣ ਦੀ ਕੋਸ਼ਿਸ਼ ਕੀਤੀ, ਪਰ ਜੀ ਆਰ ਪੀ ਦੇ ਜਵਾਨਾਂ ਨੇ ਉਸ ਨੂੰ ਫੜ ਲਿਆ ਅਤੇ ਹਥਿਆਰ ਵੀ ਬਰਾਮਦ ਕਰ ਲਿਆ।

## ਦੋ ਗੈਂਗਸਟਰ ਫੜੇ

**ਲੁਧਿਆਣਾ** : ਸੰਗਠਿਤ ਅਪਰਾਧ ਨੂੰ ਵੱਡਾ ਝਟਕਾ ਦਿੰਦੇ ਹੋਏ ਲੁਧਿਆਣਾ ਪੁਲਸ ਨੇ ਦੋ ਹਾਈ-ਪ੍ਰੋਫਾਈਲ ਗੈਂਗਸਟਰਾਂ ਨੂੰ ਗ੍ਰਿਫਤਾਰ ਕੀਤਾ ਹੈ। ਇਨ੍ਹਾਂ ਵਿੱਚੋਂ ਇਕ ਜਤਿੰਦਰ ਉਰਫ ਜਿੰਦੀ 5 ਸਾਲਾਂ ਤੋਂ ਭਗੌੜਾ ਸੀ ਤੇ 18 ਕੇਸਾਂ 'ਚ ਸ਼ਾਮਲ ਹੈ। ਇਸੇ ਤਰ੍ਹਾਂ ਪੁਨੀਤ ਬੈਂਸ ਉਰਫ ਮਨੀ 10 ਅਪਰਾਧਿਕ ਮਾਮਲਿਆਂ ਵਿੱਚ ਸ਼ਾਮਲ ਹੈ। ਗੈਂਗਸਟਰਾਂ ਕੋਲੋਂ 9 ਹਥਿਆਰ ਵੀ ਬਰਾਮਦ ਕੀਤੇ ਹਨ।

## ਪੀ ਆਰ ਟੀ ਸੀ ਦਾ ਇੰਸਪੈਕਟਰ ਗ੍ਰਿਫਤਾਰ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਵਿਜੀਲੈਂਸ ਬਿਊਰੋ ਨੇ ਸੋਮਵਾਰ ਪੀ ਆਰ ਟੀ ਸੀ ਡਿਪੂ, ਬਠਿੰਡਾ ਵਿਖੇ ਤਾਇਨਾਤ ਇੰਸਪੈਕਟਰ ਦਵਿੰਦਰ ਸਿੰਘ ਨੂੰ 2 ਲੱਖ ਰੁਪਏ ਰਿਸ਼ਵਤ ਮੰਗਣ ਦੇ ਦੋਸ਼ ਵਿੱਚ ਗ੍ਰਿਫਤਾਰ ਕੀਤਾ ਹੈ। ਮੁਲਜ਼ਮ ਪੀ ਆਰ ਟੀ ਸੀ ਦੇ ਇੰਸਪੈਕਟਰ ਨੂੰ ਹਰਦੇਵ ਸਿੰਘ ਵਾਸੀ ਪਿੰਡ ਰੱਲਾ, ਜ਼ਿਲ੍ਹਾ ਮਾਨਸਾ ਦੀ ਸ਼ਿਕਾਇਤ 'ਤੇ ਗ੍ਰਿਫਤਾਰ ਕੀਤਾ ਗਿਆ ਹੈ। ਵਿਜੀਲੈਂਸ ਬਿਊਰੋ ਦੇ ਅਧਿਕਾਰਤ ਬੁਲਾਰੇ ਨੇ ਦੱਸਿਆ ਕਿ ਹਰਦੇਵ ਸਿੰਘ ਨੇ ਭ੍ਰਿਸ਼ਟਾਚਾਰ ਰੋਕੂ ਐਕਸ਼ਨ ਲਾਈਨ 'ਤੇ ਸ਼ਿਕਾਇਤ ਦਰਜ ਕੀਤੀ ਸੀ ਕਿ ਉਹ ਪੀ ਆਰ ਟੀ ਸੀ ਡਿਪੂ ਬਠਿੰਡਾ ਵਿਖੇ ਡਰਾਈਵਰ ਵਜੋਂ ਤਾਇਨਾਤ ਸੀ ਅਤੇ ਉਸ ਨੂੰ ਪੰਜ ਲੀਟਰ ਡੀਜ਼ਲ ਚੋਰੀ ਦੇ ਮਾਮਲੇ ਵਿੱਚ ਦੋਸ਼ੀ ਪਾਏ ਜਾਣ 'ਤੇ 16 ਮਾਰਚ ਨੂੰ ਸੇਵਾਵਾਂ ਤੋਂ ਬਰਖਾਸਤ ਕਰ ਦਿੱਤਾ ਗਿਆ ਸੀ। ਉਸ ਨੇ ਦੱਸਿਆ ਕਿ ਮੁਲਜ਼ਮ ਇੰਸਪੈਕਟਰ ਨੇ ਉਸ ਨੂੰ ਬਹਾਲ ਕਰਵਾਉਣ ਬਦਲੇ 2 ਲੱਖ ਰੁਪਏ ਰਿਸ਼ਵਤ ਮੰਗੀ ਸੀ। ਉਸ ਨੇ ਇੰਸਪੈਕਟਰ ਵੱਲੋਂ ਰਿਸ਼ਵਤ ਮੰਗਣ ਦੀ ਆਡੀਓ ਰਿਕਾਰਡਿੰਗ ਵੀ ਪੇਸ਼ ਕੀਤੀ ਹੈ। ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਇੰਸਪੈਕਟਰ ਦਵਿੰਦਰ ਸਿੰਘ ਖਿਲਾਫ ਥਾਣਾ ਵਿਜੀਲੈਂਸ ਬਿਊਰੋ ਬਠਿੰਡਾ ਵਿਖੇ ਐੱਫ ਆਈ ਆਰ ਦਰਜ ਕੀਤੀ ਗਈ ਹੈ। ਸੰਬੰਧਤ ਮਾਮਲੇ 'ਚ ਹੋਰ ਮੁਲਾਜ਼ਮਾਂ ਦੀ ਭੂਮਿਕਾ ਦਾ ਪਤਾ ਲਾਉਣ ਲਈ ਅਗਲੇਰੀ ਜਾਂਚ ਜਾਰੀ ਹੈ।

## ਕਿਸਾਨਾਂ ਨੇ ਰੋਕੀਆਂ ਗੈਸ ਕੰਪਨੀ ਦੀਆਂ ਜੇ ਸੀ ਬੀ ਮਸ਼ੀਨਾਂ

**ਤਲਵੰਡੀ ਸਾਬੋ (ਜਗਦੀਪ ਗਿੱਲ)**

ਜੀ ਆਈ ਜੀ ਐਲ ਗੁਜਰਾਤ ਗੈਸ ਕੰਪਨੀ ਵੱਲੋਂ ਡੀਸੀ ਬਠਿੰਡਾ ਰਾਹੀਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਨਾਲ ਕੀਤੇ ਸਮਝੌਤੇ ਨੂੰ ਤੋੜਦੇ ਹੋਏ ਕਿਸਾਨਾਂ ਨੂੰ ਮੁਆਵਜ਼ਾ ਦਿੱਤੇ ਬਿਨਾਂ ਤਲਵੰਡੀ ਸਾਬੋ ਵਿਖੇ ਪਾਇਪ ਲਾਈਨ ਪਾਉਣ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ। ਜਦੋਂ ਕਿਸਾਨਾਂ ਨੂੰ ਪਤਾ ਲੱਗਾ ਤਾਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਅਗਵਾਈ ਹੇਠ ਜੇਸੀਬੀ ਮਸ਼ੀਨਾਂ ਰੋਕ ਦਿੱਤੀਆਂ ਗਈਆਂ ਤੇ ਗੈਸ ਪਾਈਪ ਲਾਈਨ ਦਾ ਕੰਮ ਰੋਕ ਦਿੱਤਾ ਗਿਆ। ਜਥੇਬੰਦੀ ਵੱਲੋਂ ਮੁਆਵਜ਼ਾ ਲੈਣ ਲਈ ਲੇਲੇਵਾਲਾ ਵਿਖੇ ਮੋਰਚਾ 31ਵੇਂ ਦਿਨ ਵਿਚ ਦਾਖਲ ਹੋ ਗਿਆ ਹੈ। ਜ਼ਿਲ੍ਹਾ ਆਗੂ ਜਗਦੇਵ ਸਿੰਘ ਜੋਗੇਵਾਲਾ ਨੇ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਕਿਸਾਨਾਂ ਨੂੰ ਮੁਆਵਜ਼ਾ ਦਿੱਤੇ ਬਿਨਾਂ ਜੋ ਕੰਮ ਸ਼ੁਰੂ ਕਰ ਦਿੱਤਾ ਗਿਆ, ਉਹ ਸਰਾਸਰ ਧੋਖਾ ਹੈ। ਕਿਸਾਨ ਲੇਲੇਵਾਲਾ ਮੋਰਚੇ ਤੋਂ ਤਲਵੰਡੀ ਸਾਬੋ ਜਿੱਥੇ ਪਾਈਪ ਲਾਈਨ ਦਾ ਕੰਮ ਸ਼ੁਰੂ ਕੀਤਾ ਗਿਆ ਸੀ, ਕਿਸਾਨਾਂ ਵੱਲੋਂ ਭਾਰੀ ਵਿਰੋਧ ਕਰਨ ਤੋਂ ਬਾਅਦ ਕੰਮ ਬੰਦ ਕਰ ਦਿੱਤਾ ਗਿਆ।



ਕਿਸਾਨ ਆਗੂ ਨੇ ਕਿਹਾ ਕਿ 2 ਅਗਸਤ ਨੂੰ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਵੱਡਾ ਐਕਸ਼ਨ ਕੀਤਾ ਜਾਵੇਗਾ, ਇਸ ਲਈ ਪਿੰਡਾਂ ਦੇ ਕਿਸਾਨ ਵੱਡੇ ਇਕੱਠ ਲਈ ਤਿਆਰ ਰਹਿਣ। ਇਸ ਸਮੇਂ ਜ਼ਿਲ੍ਹਾ ਬਠਿੰਡਾ ਦੇ ਸਕੱਤਰ ਦਰਸ਼ਨ ਸਿੰਘ ਮਾਈਸਰਖਾਨਾ, ਜ਼ਿਲ੍ਹਾ ਆਗੂ ਜਸਵੀਰ ਸਿੰਘ ਸੇਮਾ, ਬਲਾਕ ਤਲਵੰਡੀ ਸਾਬੋ ਦੇ ਜਨਰਲ ਸਕੱਤਰ ਕਾਲਾ ਸਿੰਘ ਚੱਠੇ ਵਾਲਾ, ਰਣਜੋਧ ਸਿੰਘ ਮਾਹੀ ਨੰਗਲ ਤੇ ਬਲਾਕ ਮੌੜ ਦੇ ਆਗੂ ਗੁਰਜੀਤ ਸਿੰਘ ਬੰਗੇਹਰ ਤੋਂ ਇਲਾਵਾ ਕਿਸਾਨ ਆਗੂ ਹਾਜ਼ਰ ਸਨ।

## ਆਦਿਵਾਸੀ ਖੇਤਰਾਂ 'ਚ ਹਾਲੇ ਤੱਕ 44 ਫੀਸਦੀ ਪੇਂਡੂ ਪਰਵਾਰਾਂ ਕੋਲ ਪਾਣੀ ਦਾ ਕੁਨੈਕਸ਼ਨ ਨਹੀਂ

**ਨਵੀਂ ਦਿੱਲੀ** : ਸਰਕਾਰੀ ਅੰਕੜਿਆਂ ਅਨੁਸਾਰ ਦੇਸ਼ 'ਚ ਅਨੁਸੂਚਿਤ ਜਨਜਾਤੀ ਖੇਤਰਾਂ 'ਚ ਲਗਭਗ 44 ਫੀਸਦੀ ਪੇਂਡੂ ਪਰਵਾਰਾਂ ਨੂੰ ਹਾਲੇ ਤੱਕ ਪਾਣੀ ਦਾ ਕੁਨੈਕਸ਼ਨ ਨਹੀਂ ਮਿਲਿਆ। ਜਲ ਸ਼ਕਤੀ ਮੰਤਰੀ ਪ੍ਰਲਾਦ ਸਿੰਘ ਪਟੇਲ ਨੇ ਰਾਜ ਸਭਾ 'ਚ ਇੱਕ ਸਵਾਲ ਦੇ ਲਿਖਤੀ ਜਵਾਬ 'ਚ ਸੋਮਵਾਰ ਕਿਹਾ ਕਿ 2.17 ਕਰੋੜ (55.3 ਫੀਸਦੀ) ਪੇਂਡੂ ਆਦਿਵਾਸੀ ਘਰਾਂ 'ਚੋਂ 1.2 ਕਰੋੜ ਦੇ ਕੋਲ ਪੀਣ ਵਾਲੇ ਪਾਣੀ ਦਾ ਕੁਨੈਕਸ਼ਨ ਹੈ। ਕੇਂਦਰੀ ਮੰਤਰੀ ਵੱਲੋਂ ਜਾਰੀ ਅੰਕੜਿਆਂ ਅਨੁਸਾਰ ਝਾਰਖੰਡ, ਮੱਧ ਪ੍ਰਦੇਸ਼, ਰਾਜਸਥਾਨ ਅਤੇ ਪੱਛਮ ਬੰਗਾਲ ਦੇ ਅੱਧੇ ਤੋਂ ਵੱਧ ਆਦਿਵਾਸੀ ਪਰਵਾਰਾਂ ਨੂੰ ਪਾਣੀ ਦਾ ਇੰਤਜ਼ਾਰ ਹੈ। ਦੇਸ਼ ਦੇ ਹਰ ਪੇਂਡੂ ਪਰਵਾਰ ਨੂੰ 2024 ਤੱਕ ਪੀਣ ਯੋਗ ਪਾਣੀ ਦੀ ਅਪੂਰਤੀ ਕਰਨ ਲਈ ਕੇਂਦਰ ਸਰਕਾਰ ਸੂਬਿਆਂ ਦੇ ਨਾਲ ਸਾਂਝੇਦਾਰੀ 'ਚ ਜਲ ਜੀਵਨ ਮਿਸ਼ਨ ਦੇ ਤਹਿਤ ਹਰ ਘਰ 'ਚ ਜਲ ਯੋਜਨਾ ਨੂੰ ਲਾਗੂ ਕਰ ਰਹੀ ਹੈ। ਇੱਕ ਹੋਰ ਸਵਾਲ ਦੇ ਜਵਾਬ 'ਚ ਜਲ ਸ਼ਕਤੀ ਰਾਜ ਮੰਤਰੀ ਵਿਸ਼ੇਸ਼ਰ ਨੇ ਕਿਹਾ ਕਿ ਕੇਂਦਰੀ ਜਲ ਕਮਿਸ਼ਨ ਹਫਤਾਵਰ ਦੇ ਅਧਾਰ 'ਤੇ ਦੇਸ਼ ਦੀਆਂ 146 ਮਹੱਤਵਪੂਰਨ ਨਦੀਆਂ ਦੀ ਨਿਗਰਾਨੀ ਕਰਦਾ ਹੈ ਅਤੇ ਹਰ ਵੀਰਵਾਰ ਹਫ਼ਤੇ ਬਾਅਦ ਇਸ ਬਾਰੇ ਦੱਸਿਆ ਜਾਂਦਾ ਹੈ।

## ਸੁਣਵਾਈ ਤੋਂ ਇਨਕਾਰ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਮਨੀਪੁਰ ਹਿੰਸਾ ਬਾਰੇ ਦਾਇਰ ਉਸ ਨਵੀਂ ਜਨਹਿੱਤ ਪਟੀਸ਼ਨ 'ਤੇ ਸੁਣਵਾਈ ਕਰਨ ਤੋਂ ਇਨਕਾਰ ਕਰ ਦਿੱਤਾ, ਜਿਸ 'ਚ ਸੂਬੇ 'ਚ ਜਾਤੀ ਹਿੰਸਾ ਤੋਂ ਇਲਾਵਾ ਕਥਿਤ ਅਫੀਮ ਦੀ ਖੇਤੀ ਅਤੇ ਨਾਰਕੋ-ਅੱਤਵਾਦ ਸਮੇਤ ਹੋਰ ਮਾਮਲਿਆਂ ਦੀ ਜਾਂਚ ਲਈ ਵਿਸ਼ੇਸ਼ ਜਾਂਚ ਟੀਮ ਕਾਇਮ ਕਰਨ ਦੀ ਮੰਗ ਕੀਤੀ ਗਈ ਸੀ।

ਸੁਪਰੀਮ ਕੋਰਟ ਨੇ ਕਿਹਾ ਕਿ ਇਸ ਜਨਹਿੱਤ ਪਟੀਸ਼ਨ 'ਤੇ ਵਿਚਾਰ ਕਰਨਾ ਬਹੁਤ ਮੁਸ਼ਕਲ ਹੈ, ਕਿਉਂਕਿ ਇਸ 'ਚ ਸਿਰਫ ਇਕ ਭਾਈਚਾਰੇ ਨੂੰ ਦੋਸ਼ੀ ਠਹਿਰਾਇਆ ਗਿਆ ਹੈ।

## ਚੰਡੀਗੜ੍ਹ ਨਗਰ ਨਿਗਮ ਦੇ ਪਾਰਕਿੰਗ ਪ੍ਰਸਤਾਵ ਦਾ ਸਖ਼ਤ ਵਿਰੋਧ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਆਮ ਆਦਮੀ ਪਾਰਟੀ (ਆਪ) ਪੰਜਾਬ ਨੇ ਪਾਰਕਿੰਗ ਬਾਰੇ ਚੰਡੀਗੜ੍ਹ ਨਗਰ ਨਿਗਮ ਦੇ ਫੈਸਲੇ (ਜਿਸ ਵਿੱਚ ਚੰਡੀਗੜ੍ਹ ਵਿਚ ਬਾਹਰ ਤੋਂ ਆਉਣ ਵਾਲੇ ਵਾਹਨਾਂ ਲਈ ਪਾਰਕਿੰਗ ਫੀਸ ਦੁੱਗਣੀ ਕਰਨ ਦੀ ਤਜਵੀਜ਼ ਹੈ) ਦਾ ਸਖ਼ਤ ਵਿਰੋਧ ਕੀਤਾ ਹੈ। ਪਾਰਟੀ ਨੇ ਕਿਹਾ ਕਿ ਇਹ ਭਾਜਪਾ ਸ਼ਾਸਤ ਚੰਡੀਗੜ੍ਹ ਨਗਰ ਨਿਗਮ ਦਾ ਤਾਨਾਸ਼ਾਹੀ ਅਤੇ ਧੱਕੇਸ਼ਾਹੀ ਵਾਲਾ ਫੈਸਲਾ ਹੈ। ਆਮ ਆਦਮੀ ਪਾਰਟੀ ਪੰਜਾਬ ਦੇ ਮੁੱਖ ਬੁਲਾਰੇ ਮਲਵਿੰਦਰ ਸਿੰਘ ਕੰਗ ਨੇ ਸੋਮਵਾਰ ਪਾਰਟੀ ਹੈੱਡਕੁਆਰਟਰ ਵਿਖੇ ਪ੍ਰੈੱਸ ਕਾਨਫਰੰਸ ਦੌਰਾਨ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਇਸ ਫੈਸਲੇ ਦੀ ਨਿਖੇਧੀ ਕੀਤੀ ਅਤੇ ਕਿਹਾ ਕਿ ਭਾਜਪਾ ਪੰਜਾਬ ਨੂੰ ਆਪਣੀ ਹੀ ਰਾਜਧਾਨੀ ਚੰਡੀਗੜ੍ਹ ਤੋਂ ਬੇਦਖਲ ਕਰਨ ਦੀ ਲਗਾਤਾਰ ਸਾਜ਼ਿਸ਼ ਰਚ ਰਹੀ ਹੈ। ਇਹ ਫੈਸਲਾ ਉਨ੍ਹਾਂ ਸਾਜ਼ਿਸ਼ਾਂ ਦਾ ਇਕ ਹਿੱਸਾ ਹੈ। ਚੰਡੀਗੜ੍ਹ 'ਤੇ ਪੰਜਾਬ ਦੇ ਦਾਅਵੇ ਨੂੰ ਮਜ਼ਬੂਤ ਕਰਦੇ ਹੋਏ ਕੰਗ ਨੇ ਕਿਹਾ ਕਿ ਭਾਜਪਾ ਨੂੰ ਧਿਆਨ ਰੱਖਣਾ ਚਾਹੀਦਾ ਹੈ ਕਿ ਚੰਡੀਗੜ੍ਹ ਪੰਜਾਬ ਦੀ ਰਾਜਧਾਨੀ ਹੈ। ਚੰਡੀਗੜ੍ਹ ਪੰਜਾਬ ਦੇ ਪਿੰਡਾਂ ਨੂੰ ਉਜਾੜ ਕੇ ਬਣਾਇਆ ਗਿਆ ਹੈ। ਪੰਜਾਬ ਦੇ ਲੱਖਾਂ ਲੋਕ ਇੱਥੇ ਰਹਿੰਦੇ ਹਨ ਅਤੇ ਰੋਜ਼ਾਨਾ ਆਉਂਦੇ-ਜਾਂਦੇ ਹਨ। ਇਸ ਲਈ ਇਸ ਫੈਸਲੇ ਦਾ ● ਬਾਕੀ ਸਫ਼ਾ 2 'ਤੇ

## ਪ੍ਰੀਖਿਆਵਾਂ ਦਾ ਸ਼ਡਿਊਲ ਜਾਰੀ

**ਮੁਹਾਲੀ (ਗੁਰਜੀਤ ਬਿੱਲਾ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਦਸਵੀਂ ਅਤੇ ਬਾਰ੍ਹਵੀਂ ਸ਼੍ਰੇਣੀ ਦੀ ਕੰਪਾਰਟਮੈਂਟ, ਰੀਅਪੀਅਰ (ਸਮੇਤ ਓਪਨ ਸਕੂਲ) ਅਨੁਪੂਰਕ, ਵਾਧੂ ਵਿਸ਼ਾ ਦੀਆਂ ਪ੍ਰੀਖਿਆਵਾਂ ਲਈ ਸ਼ਡਿਊਲ ਜਾਰੀ ਕਰ ਦਿੱਤਾ ਗਿਆ ਹੈ। ਜਿਹੜੇ ਪ੍ਰੀਖਿਆਰਥੀ ਦਸਵੀਂ ਅਤੇ ਬਾਰ੍ਹਵੀਂ ਸ਼੍ਰੇਣੀ ਦੀ ਕੰਪਾਰਟਮੈਂਟ, ਰੀਅਪੀਅਰ ਦੀਆਂ ਪ੍ਰੀਖਿਆਵਾਂ ਵੱਖ-ਵੱਖ ਕਾਰਨਾਂ ਕਰਕੇ ਦੇਣ ਤੋਂ ਰਹਿ ਗਏ ਸਨ, ਉਨ੍ਹਾਂ ਦੀ ਮੁੜ ਪ੍ਰੀਖਿਆ 11 ਅਗਸਤ ਤੋਂ 6 ਸਤੰਬਰ ਤੱਕ ਬੋਰਡ ਵੱਲੋਂ ਸਥਾਪਤ ਪ੍ਰੀਖਿਆ ਕੇਂਦਰਾਂ ਵਿੱਚ ਕਰਵਾਈ ਜਾਵੇਗੀ। ਦਸਵੀਂ ਸ਼੍ਰੇਣੀ ਦੀ ਪ੍ਰੀਖਿਆ 11 ਅਗਸਤ ਤੋਂ 4 ਸਤੰਬਰ ਤੱਕ ਅਤੇ ਬਾਰ੍ਹਵੀਂ ਸ਼੍ਰੇਣੀ ਦੀ ਪ੍ਰੀਖਿਆ 11 ਅਗਸਤ ਤੋਂ 6 ਸਤੰਬਰ ਤੱਕ (ਸਵੇਰ ਦੇ ਸੈਸ਼ਨ ਵਿੱਚ ਸਵੇਰੇ 10 ਵਜੇ ਤੋਂ ਸਵਾ ਇਕ ਵਜੇ ਤੱਕ) ਕਰਵਾਈ ਜਾਵੇਗੀ।

## ਜੀ ਐੱਨ ਸੀ ਟੀ ਡੀ ਬਿੱਲ ਫੈਡਰਲਿਜ਼ਮ ਲਈ ਖਤਰਾ : ਚੱਢਾ



**ਨਵੀਂ ਦਿੱਲੀ** : ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ 'ਤੇ ਤਿੱਖਾ ਹਮਲਾ ਕਰਦੇ ਹੋਏ 'ਆਪ' ਦੇ ਰਾਜ ਸਭਾ ਮੈਂਬਰ ਰਾਘਵ ਚੱਢਾ ਨੇ ਸਰਕਾਰ ਦੀ ਰਾਸ਼ਟਰੀ ਰਾਜਧਾਨੀ ਖੇਤਰ ਦਿੱਲੀ (ਸੋਧ) ਬਿੱਲ, 2023 ਦੀ ਨਿੰਦਾ ਕੀਤੀ ਅਤੇ ਇਸ ਨੂੰ ਗੈਰ-ਜਮਹੂਰੀ ਅਤੇ ਗੈਰ-ਕਾਨੂੰਨੀ ਵਿਧਾਨਿਕ ਕਾਰਵਾਈਆਂ ਦਾ ਪ੍ਰਤੀਕ ਦੱਸਿਆ। ਉਨ੍ਹਾ ਕਿਹਾ ਕਿ ਇਹ ਬਿੱਲ ਦਿੱਲੀ ਦੇ ਲੋਕਾਂ 'ਤੇ ਸਿੱਧਾ ਹਮਲਾ, ਭਾਰਤੀ ਨਿਆਂ ਪਾਲਿਕਾ ਦਾ ਅਪਮਾਨ ਅਤੇ ਦੇਸ਼ ਦੀ ਸੰਘੀ ਪ੍ਰਣਾਲੀ ਲਈ ਵੱਡਾ ਖਤਰਾ ਹੈ।

ਚੱਢਾ ਨੇ ਚਿੰਤਾ ਜ਼ਾਹਰ ਕੀਤੀ ਕਿ ਭਾਜਪਾ ਦਾ ਮਕਸਦ ਲੋਕਾਂ ਨੂੰ ਇਹ ਸੰਦੇਸ਼ ਦੇਣਾ ਹੈ ਕਿ ਜੇਕਰ ਉਹ ਗੈਰ-ਭਾਜਪਾ ਸਰਕਾਰ ਚੁਣਦੇ ਹਨ ਤਾਂ ਇਸ ਨੂੰ ਸੁਚਾਰੂ ਢੰਗ ਨਾਲ ਨਹੀਂ ਚੱਲਣ ਦਿੱਤਾ ਜਾਵੇਗਾ। ਉਨ੍ਹਾ ਕਿਹਾ ਕਿ ਇਹ ਬਿੱਲ ਦਿੱਲੀ ਦੇ ਦੋ ਕਰੋੜ ਲੋਕਾਂ ਵੱਲੋਂ ਅਰਵਿੰਦ ਕੇਜਰੀਵਾਲ ਦੇ ਇਤਿਹਾਸਕ ਬਹੁਮਤ ਨੂੰ ਦਿੱਤੇ ਅਹਿਮ ਫਤਵੇ ਨੂੰ ਕਮਜ਼ੋਰ ਕਰਦਾ ਹੈ। ਆਰਡੀਨੈਂਸ ਦਿੱਲੀ ਦੀ ਚੁਣੀ ਹੋਈ ਸਰਕਾਰ ਦੇ ਹੱਕ ਵਿੱਚ ਸੁਪਰੀਮ ਕੋਰਟ ਦੇ ਫੈਸਲੇ ਦਾ ਵੀ ਖੰਡਨ ਕਰਦਾ ਹੈ, ਜਿਸ ਨੇ ਪੁਸ਼ਟੀ ਕੀਤੀ ਸੀ ਕਿ ਸਾਰੀਆਂ ਨੌਕਰਸ਼ਾਹੀ ਸ਼ਕਤੀਆਂ ਦਿੱਲੀ ਸਰਕਾਰ ਕੋਲ ਰਹਿਣੀਆਂ ਚਾਹੀਦੀਆਂ ਹਨ, ਪਰ ਭਾਜਪਾ ਸਰਕਾਰ ਨੇ ਇਸ ਫੈਸਲੇ ਨੂੰ ਸਿਰਫ 8 ਦਿਨਾਂ ਦੇ ਅੰਦਰ ਪਲਟ ਦਿੱਤਾ ਅਤੇ ਨਿਆਂ ਪਾਲਿਕਾ ਦੇ ਫੈਸਲੇ ਨੂੰ ਚੁਣੌਤੀ ਦੇਣ ਵਾਲਾ ਆਰਡੀਨੈਂਸ ਲਿਆ ਦਿੱਤਾ। 'ਆਪ' ਸੰਸਦ ਮੈਂਬਰ ਨੇ ਇਸ ਕਦਮ ਦੇ ਖਤਰਨਾਕ ਪ੍ਰਭਾਵਾਂ ਬਾਰੇ ਵੀ ਸਾਵਧਾਨ ਕੀਤਾ। ਉਨ੍ਹਾ ਇਸ ਨੂੰ ਭਵਿੱਖ ਵਿੱਚ ਦੇਸ਼ ਭਰ ਵਿੱਚ ਗੈਰ-ਭਾਜਪਾ ਰਾਜ ਸਰਕਾਰਾਂ ਨੂੰ ਅਸਥਿਰ ਕਰਨ ਦਾ ਇੱਕ ਤਜਰਬਾ ਦੱਸਿਆ। ਉਨ੍ਹਾ ਕਿਹਾ ਕਿ ਅਜਿਹਾ ਆਰਡੀਨੈਂਸ ਭਾਰਤੀ ਸੰਵਿਧਾਨ ਨੂੰ ਖਤਰੇ ਵਿੱਚ ਪਾ ਸਕਦਾ ਹੈ ਅਤੇ ਲੋਕਤੰਤਰੀ ਸਿਧਾਂਤਾਂ ਨੂੰ ਕਮਜ਼ੋਰ ਕਰ ਸਕਦਾ ਹੈ। ਉਹਨਾ ਦਿੱਲੀ ਸਰਕਾਰ ਨੂੰ ਨਿਸ਼ਾਨਾ ਬਣਾਉਣ ਲਈ ਭਾਜਪਾ ਦੀ ਨਿਖੇਧੀ ਕਰਦਿਆਂ ਕਿਹਾ ਕਿ ਪਿਛਲੇ 25 ਸਾਲਾਂ 'ਚ ਕਈ ਕੋਸ਼ਿਸ਼ਾਂ ਦੇ ਬਾਵਜੂਦ ਭਾਜਪਾ ਦਿੱਲੀ 'ਚ ਸਰਕਾਰ ਬਣਾਉਣ 'ਚ ਲਗਾਤਾਰ ਅਸਫਲ ਰਹੀ ਹੈ। ਦਿੱਲੀ ਦੇ ਲੋਕਾਂ ਨੇ ਲਗਾਤਾਰ ਗੈਰ-ਭਾਜਪਾ ਮੁੱਖ ਮੰਤਰੀਆਂ ਸ਼ੀਲਾ ਦੀਕਸ਼ਤ ਦੀ ਕਾਂਗਰਸ ਸਰਕਾਰ ਨੂੰ 1998 ਤੋਂ 2013 ਤੱਕ ਅਤੇ ਬਾਅਦ ਵਿੱਚ 2013 ਤੱਕ ਅਰਵਿੰਦ ਕੇਜਰੀਵਾਲ ਨੂੰ ਭਾਰੀ ਫਤਵੇ ਨਾਲ ਦਿੱਲੀ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣ ਲਈ ਚੁਣਿਆ। ਭਾਜਪਾ ਦੇ ਦਿੱਲੀ ਵਿੱਚ ਸਿਆਸੀ ਤੌਰ 'ਤੇ ਮਤਭੇਦ ਹੋਣ ਤੋਂ ਗੁੱਸੇ ਵਿੱਚ ਇਹ ਲਗਾਤਾਰ ਆਮ ਆਦਮੀ ਪਾਰਟੀ ਤੋਂ ਸੱਤਾ ਖੋਹਣ ਅਤੇ ਦਿੱਲੀ ਸਰਕਾਰ ਨੂੰ ਬੇਅਸਰ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਉਹਨਾ ਸੰਵਿਧਾਨ ਅਤੇ ਜਮਹੂਰੀਅਤ ਦਾ ਸਭ ਤੋਂ ਵੱਧ ਸਤਿਕਾਰ ਕਰਨ ਵਾਲੇ ਸਾਰੇ ਸੰਸਦ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਇਸ ਆਰਡੀਨੈਂਸ ਵਿਰੁੱਧ ਇੱਕਜੁੱਟ ਹੋਣ ਅਤੇ ਸੰਸਦ ਦੇ ਦੋਵਾਂ ਸਦਨਾਂ ਵਿਚ ਇਸ ਵਿਰੁੱਧ ਵੋਟ ਪਾਉਣ।

## ਆਈ ਟੀ ਕੰਪਨੀ ਦੇ ਨਾਂਅ 'ਤੇ ਚੱਲ ਰਹੇ ਗੋਰਖਧੰਦੇ ਦਾ ਪਰਦਾ ਫਾਸ਼, 12 ਗ੍ਰਿਫਤਾਰ

**ਮੁਹਾਲੀ (ਗੁਰਜੀਤ ਬਿੱਲਾ)**

ਡਾ. ਸੰਦੀਪ ਕੁਮਾਰ ਗਰਗ ਐੱਸ ਐੱਸ ਪੀ ਮੁਹਾਲੀ ਨੇ ਦੱਸਿਆ ਕਿ ਥਾਣਾ ਫੇਸ 1, ਮੋਹਾਲੀ ਵੱਲੋ ਆਈ ਟੀ ਕੰਪਨੀ ਦੀ ਆੜ ਵਿੱਚ ਚੱਲ ਰਹੇ ਇੱਕ ਕਾਲ ਸੈਂਟਰ ਦਾ ਪਰਦਾ ਫਾਸ਼ ਕਰਦੇ ਹੋਏ 12 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਹੈ। ਉਨ੍ਹਾ ਦੱਸਿਆ ਕਿ ਕਪਤਾਨ ਪੁਲਸ (ਟ੍ਰੈਫਿਕ), ਐੱਸ ਏ ਐੱਸ ਨਗਰ ਹਰਿੰਦਰ ਸਿੰਘ ਮਾਨ ਪੀ ਪੀ ਐੱਸ ਦੀ ਅਗਵਾਈ ਹੇਠ ਇੰਸ: ਰਜਨੀਸ਼ ਚੌਧਰੀ ਮੁੱਖ ਅਫਸਰ, ਥਾਣਾ ਫੇਸ 01 ਮੁਹਾਲੀ ਅਤੇ ਉਨ੍ਹਾ ਦੀ ਟੀਮ ਨੇ ਇਸ ਗਰੋਹ ਦਾ ਪਰਦਾ ਫਾਸ਼ ਕੀਤਾ।



ਡਾ. ਗਰਗ ਨੇ ਦੱਸਿਆ ਕਿ 27 ਜੁਲਾਈ ਨੂੰ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਪਲਾਟ ਨੰਬਰ ਡੀ-176, ਇੰਡ: ਏਰੀਆ, ਫੇਸ 8 ਬੀ, ਮੁਹਾਲੀ ਵਿਖੇ ਬਿਲਡਿੰਗ ਦੀ ਤੀਸਰੀ ਮੰਜ਼ਲ 'ਤੇ ਇਕ ਆਈ ਟੀ ਕੰਪਨੀ ਦੀ ਆੜ ਵਿੱਚ ਭੋਲੇ-ਭਾਲੇ ਲੋਕਾਂ ਨਾਲ ਠੱਗੀਆਂ ਮਾਰ ਰਹੇ ਹਨ, ਜਿਸ 'ਤੇ ਮੁਕੱਦਮਾ ਦਰਜ ਕਰਕੇ ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਗਿਆ। ਇਹਨਾਂ ਦਾ ਤਿੰਨ ਦਿਨ ਦਾ ਰਿਮਾਂਡ ਹਾਸਲ ਕੀਤਾ ਗਿਆ ਹੈ। ਮੁਲਜ਼ਮਾਂ 'ਚ ਰੋਹਿਤ ਚੇਚੀ, ਯੁਵਰਾਜ ਸਲਾਰੀਆ, ਦੇਵਿੰਦਰ ਕੁਮਾਰ, ਕਾਰਤਿਕ ਸ਼ਰਮਾ, ਬਲਜਿੰਦਰ ਸਿੰਘ, ਨਮਨ ਸੂਰੀ, ਦੇਵ ਕੁਮਾਰ, ਮੋਹਿਤ ਕੁਮਾਰ, ਇਰਫਾਨ ਭੱਟ, ਪ੍ਰਸ਼ਾਂਤ ਸ਼ਰਮਾ, ਦਰਸ਼ਨਦੀਪ ਸਿੰਘ ਤੇ ਵਿਕਰਮ ਸਿੰਘ ਸ਼ਾਮਲ ਹਨ। ਇਨ੍ਹਾਂ ਵੱਲੋਂ ਉਕਤ ਪਲਾਟ ਵਿੱਚ ਵਿਖਾਵੇ ਦੇ ਤੌਰ 'ਤੇ ਲੋਜਿਸਟਿਕ ਸੰਬੰਧੀ ਕੰਪਨੀ ਚਲਾਈ ਜਾ ਰਹੀ ਸੀ, ਜਿਸ ਦੀ ਆੜ ਵਿੱਚ ਇਹ ਫਰਜ਼ੀ ਕਾਲ ਸੈਂਟਰ ਚਲਾ ਰਹੇ ਸਨ। ਇਨ੍ਹਾਂ ਵੱਲੋਂ ਆਪਣੇ ਆਪ ਨੂੰ 'ਪੇ ਪਾਲ' ਕੰਪਨੀ ਦੇ ਕਰਮਚਾਰੀ ਦਰਸਾ ਕੇ ਜਾਲ੍ਹੀ ਈ-ਮੇਲ ਯੂ ਐੱਸ ਏ (ਵਿਦੇਸ਼) ਦੇ ਲੋਕਾਂ ਨੂੰ ਭੇਜੀ ਜਾਂਦੀ ਸੀ ਅਤੇ ਈ-ਮੇਲ ਵਿਚ ਲਿਖਿਆ ਜਾਂਦਾ ਹੈ ਕਿ ਆਪ ਜੀ ਦਾ 'ਪੇ ਪਾਲ' ਅਕਾਊਂਟ ਬਲਾਕ ਕਰ ਦਿਤਾ ਗਿਆ ਹੈ। ਉਸ ਨੂੰ ਖੁੱਲ੍ਹਵਾਉਣ ਲਈ ਸਾਡੇ ਟੋਲ ਫਰੀ ਨੰਬਰ 'ਤੇ ਸੰਪਰਕ ਕਰੋ। ਜਦੋਂ ਉਹ ਲੋਕ ਇਨ੍ਹਾਂ ਵੱਲੋਂ ਦਿੱਤੇ ਗਏ ਟੋਲ ਫਰੀ ਨੰਬਰ 'ਤੇ ਕਾਲ ਕਰਦੇ ਹਨ ਤਾਂ ਉਨ੍ਹਾਂ ਲੋਕਾਂ ਨੂੰ 'ਪੇ ਪਾਲ' ਅਕਾਊਂਟ ਦੁਬਾਰਾ ਚਾਲੂ ਕਰਨ ਲਈ ਇਹ ਵਿਅਕਤੀ 'ਪੇ ਪਾਲ' ਦੇ ਨਾਂਅ 'ਤੇ ਭਾਰੀ ਮਾਤਰਾ ਵਿੱਚ ਚਾਰਜ ਵਸੂਲ ਕਰਨ ਦੇ ਨਾਂਅ 'ਤੇ ਠੱਗੀ ਮਾਰਦੇ ਸਨ। ਇਸ ਤਰ੍ਹਾਂ ਇਹ ਬਹੁਤ ਸਾਰੇ ਭੋਲੇ-ਭਾਲੇ ਲੋਕਾਂ ਨਾਲ ਠੱਗੀਆਂ ਮਾਰਦੇ ਆ ਰਹੇ ਸਨ। ਇਨ੍ਹਾਂ ਪਾਸੋਂ ਮੋਬਾਇਲ ਫੋਨ ਤੇ 12 ਕੰਪਿਊਟਰ ਸੈੱਟ ਫੜੇ ਗਏ ਹਨ।

## ਅੱਜ-ਨਾਮਾ

ਮੁੱਦਾ ਮਨੀਪੁਰ ਦਾ ਉੱਠਿਆ ਫੇਰ ਮੀਆਂ,
ਪਾਵੇ ਭਾਰੀ ਅਦਾਲਤ ਪਈ ਝਾੜ ਮੀਆਂ।
ਦਰਜ ਕੇਸ ਜਾਂ ਚੱਲ ਰਹੀ ਜਾਂਚ ਕਹਿ ਕੇ,
ਹਾਕਮ ਲੱਭਦੇ ਬਚਣ ਲਈ ਆੜ ਮੀਆਂ।
ਜਾਵੇ ਟਾਲਿਆ ਸਮਾਂ ਇਹ ਕਿੰਝ ਮੀਆਂ,
ਢੁਕਵਾਂ ਲੱਭੇ ਨਹੀਂ ਕੱਖ ਜੁਗਾੜ ਮੀਆਂ।
ਦੁਨੀਆ ਵੇਖੇ ਫਿਰ ਉਂਗਲਾਂ ਜਾਏ ਟੁੱਕੀ,
ਚਰ ਗਈ ਖੇਤ ਨੂੰ ਕਿੰਝ ਹੈ ਵਾੜ ਮੀਆਂ।
ਜਿਨ੍ਹਾਂ ਭੁਗਤਿਆ, ਅੱਜ ਵੀ ਜਾਣ ਭੁਗਤੀ,
ਹਾਲੇ ਇਨਸਾਫ ਦੀ ਦੂਰ ਹੈ ਗੱਲ ਮੀਆਂ।
ਬੁਰਛਾਗਰਦਾਂ ਦੀ ਧਾੜ ਬੇਚਿੰਤ ਫਿਰਦੀ,
ਤਾਕਤ ਸੱਤਾ ਦੀ ਜਿਨ੍ਹਾਂ ਦੇ ਵੱਲ ਮੀਆਂ।

-ਤੀਸ ਮਾਰ ਖਾਂ

CMYK

# ਈ ਟੀ ਓ ਤੇ ਡਿੰਪਾ ਨੇ ਨਿੱਜਰਪੁਰਾ ਤੋਂ ਅੰਮ੍ਰਿਤਸਰ-ਪਠਾਨਕੋਟ ਲਿੰਕ ਸੜਕ ਦਾ ਕੀਤਾ ਉਦਘਾਟਨ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**

ਲੋਕ ਨਿਰਮਾਣ ਅਤੇ ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਅਤੇ ਲੋਕ ਸਭਾ ਮੈਂਬਰ ਜਸਬੀਰ ਸਿੰਘ ਡਿੰਪਾ ਵੱਲੋਂ ਨਿਜਰਪੁਰਾ ਤੋਂ ਅੰਮ੍ਰਿਤਸਰ-ਪਠਾਨਕੋਟ ਲਿੰਕ ਸੜਕ ਦਾ ਉਦਘਾਟਨ ਸਾਂਝੇ ਤੌਰ ਉਤੇ ਕੀਤਾ ਗਿਆ। ਇਸ ਮੌਕੇ ਈਟੀਓ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਸੜਕ ਨਿਰਮਾਣ ਯੋਜਨਾ ਅਧੀਨ ਤਿਆਰ ਕੀਤੀ ਗਈ ਇਹ ਸੜਕ ਕਰੀਬ 8 ਕਿਲੋਮੀਟਰ ਲੰਬੀ ਹੈ, ਜੋ ਕਿ ਮਿਹਰਬਾਨਪੁਰਾ, ਅਮਰਕੋਟ, ਵਡਾਲਾ ਜੌਹਲ, ਤੀਰਥਪੁਰ ਤੇ ਨਵਾਂ ਪਿੰਡ ਨੂੰ ਸਿੱਧੇ ਤੌਰ ਉਤੇ ਜੋੜਦੀ ਹੈ, ਜਦਕਿ ਇਸ ਦੇ ਬਣਨ ਨਾਲ ਦੇਵੀਦਾਸਪੁਰਾ, ਗਹਿਰੀ ਮੰਡੀ, ਮਲਕਪੁਰ, ਬੰਮਾ ਆਦਿ ਪਿੰਡਾਂ ਨੂੰ ਜਾਣ ਵਾਲੇ ਰਾਹਗੀਰਾਂ ਨੂੰ ਵੀ ਵੱਡਾ ਲਾਹਾ ਮਿਲੇ । ਇਸ ਸੜਕ ਉਤੇ ਕਰੀਬ ਸਾਢੇ ਪੰਜ ਕਰੋੜ ਰੁਪਏ ਦੀ ਲਾਗਤ ਆਈ ਹੈ ਅਤੇ ਇਹ ਕੇਂਦਰ ਤੇ ਰਾਜ ਸਰਕਾਰ ਦੇ ਸਾਂਝੇ ਉਦਮ ਨਾਲ ਬਣਾਈ ਗਈ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਲੋਕ ਸਭਾ ਮੈਂਬਰ ਜਸਬੀਰ ਸਿੰਘ ਡਿੰਪਾ ਦਾ ਧੰਨਵਾਦ ਕਰਦੇ ਕਿਹਾ ਕਿ ਇਨ੍ਹਾਂ ਦੀਆਂ ਕੋਸ਼ਿਸ਼ਾਂ ਨਾਲ ਇਸ ਸੜਕ ਦਾ ਨਿਰਮਾਣ ਸੰਭਵ ਹੋਇਆ ਹੈ। ਮੁੱਖ ਮੰਤਰੀ ਦਾ ਸੁਪਨਾ ਸਾਰੀਆਂ ਸੰਪਰਕ ਸੜਕਾਂ ਨੂੰ 18 ਫੁੱਟ ਚੌੜਾ ਕਰਨ ਦਾ ਹੈ ਅਤੇ ਇਸ ਤੇ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ। ਕੈਬਨਿਟ ਮੰਤਰੀ ਹਰਭਜਨ ਸਿੰਘ ਨੇ ਸ਼੍ਰੀ ਡਿੰਪਾ ਨੂੰ ਸੱਦਾ ਦਿੰਦੇ ਕਿਹਾ ਕਿ ਹਲਕੇ ਦੇ ਵਿਕਾਸ ਕੰਮਾਂ ਲਈ ਪਾਰਟੀਬਾਜ਼ੀ ਤੋਂ ਉਪਰ ਉਠ ਕੇ ਕੰਮ ਕਰੀਏ ਤਾਂ ਜੋ ਦੋਵਾਂ ਸਰਕਾਰਾਂ ਦੇ ਯਤਨਾਂ ਨਾਲ ਵੱਧ ਤੋਂ ਵੱਧ ਫੰਡ ਇਸ ਹਲਕੇ ਦੇ ਵਿਕਾਸ ਕੰਮਾਂ 'ਤੇ ਖਰਚ ਕੀਤੇ ਜਾ ਸਕਣ। ਇਸ ਸੜਕ ਦੀ ਇਹ ਖਾਸੀਅਤ ਹੋਵੇਗੀ ਕਿ ਅਗਲੇ ਪੰਜ ਸਾਲਾਂ ਤੱਕ ਇਸ ਦੀ ਮੁਰੰਮਤ ਵੀ ਸਬੰਧਤ ਠੇਕੇਦਾਰ ਵੱਲੋਂ ਹੀ ਕੀਤੀ ਜਾਵੇਗੀ ਜਿਸ ਨਾਲ ਸੜਕ ਦੀ ਸੰਭਾਲ ਵੀ ਸੌਖੇ ਹੋਵੇਗੀ। ਇਸ ਮੌਕੇ ਲੋਕ ਸਭਾ ਮੈਂਬਰ ਜਸਬੀਰ ਸਿੰਘ ਡਿੰਪਾ ਨੇ ਦੱਸਿਆ ਕਿ ਉਹ ਆਪਣੇ ਲੋਕ ਸਭਾ ਹਲਕੇ ਦੇ ਲੋਕਾਂ ਨਾਲ ਹਰ ਵੇਲੇ ਚੱਟਾਨ ਬਣ ਕੇ ਖੜ੍ਹੇ ਹਨ ਅਤੇ ਉਨ੍ਹਾਂ ਦੀ ਕੋਸ਼ਿਸ਼ ਰਹਿੰਦੀ ਹੈ ਕਿ ਉਹ ਆਪਣੇ ਅਖਤਿਆਰੀ ਫੰਡਾਂ ਤੋਂ ਇਲਾਵਾ ਵੀ ਵੱਧ ਤੋਂ ਵੱਧ ਪੈਸੇ ਆਪਣੇ ਹਲਕੇ ਲਈ ਲਿਆ ਸਕਣ।

## ਸਰਕਾਰੀਆ ਵੱਲੋਂ ਮਨੀਪੁਰ ਘਟਨਾ ਦੀ ਨਿੰਦਾ, ਕੇਂਦਰ ਤੋਂ ਸਖ਼ਤ ਕਾਰਵਾਈ ਦੀ ਮੰਗ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਅਤੇ ਹਲਕਾ ਰਾਜਾਸਾਂਸੀ ਦੇ ਮੌਜੂਦਾ ਵਿਧਾਇਕ ਸੁਖਬਿੰਦਰ ਸਿੰਘ ਸਰਕਾਰੀਆ ਨੇ ਮਨੀਪੁਰ ਵਿੱਚ ਔਰਤਾਂ ਨਾਲ ਹੈਵਾਨੀਅਤ ਦੀਆਂ ਹੱਦਾਂ ਪਾਰ ਕਰਨ ਦੀ ਘਟਨਾ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕਰਦਿਆ ਕਿਹਾ ਕਿ ਔਰਤਾਂ ਤੇ ਜ਼ੁਲਮ ਕਰਨ ਵਾਲੇ ਕਿਸੇ



ਵੀ ਕੀਮਤ 'ਤੇ ਬਖਸ਼ੇ ਨਹੀਂ ਜਾਣੇ ਚਾਹੀਦੇ। ਮਨੀਪੁਰ ਦੀ ਘਟਨਾ ਨੇ ਸਾਰੇ ਦੇਸ਼ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਬੇਵੱਸ ਅਤੇ ਲਾਚਾਰ ਔਰਤਾਂ ਤੇ ਜ਼ੁਲਮ ਢਾਹੁਣ ਵਾਲੇ ਇਨਸਾਨ ਨਹੀਂ ਹੈਵਾਨ ਹੋ ਸਕਦੇ ਹਨ। ਸਰਕਾਰੀਆ ਨੇ ਕੇਂਦਰ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕੇਂਦਰ ਅਤੇ ਰਾਜ ਸਰਕਾਰ ਦੋਸ਼ੀਆਂ ਵਿਰੁੱਧ ਜਲਦ ਸਖ਼ਤ ਤੋਂ ਸਖ਼ਤ ਕਾਰਵਾਈ ਕਰੇ। ਦੁਨੀਆ ਦੇ ਸਭ ਤੋਂ ਵੱਡੇ ਲੋਕਤੰਤਰੀ ਦੇਸ਼ ਭਾਰਤ ਦੀ ਆਨ ਅਤੇ ਸ਼ਾਨ ਨੂੰ ਅੰਤਰਾਸ਼ਟਰੀ ਪੱਧਰ ਤੇ ਵੱਡਾ ਦਾਗ ਲਾ ਦਿੱਤਾ ਹੈ। ਸਰਕਾਰੀਆ ਨੇ ਕਿਹਾ ਕਿ ਜਿਸ ਦੇਸ਼ ਵਿੱਚ ਔਰਤਾਂ ਨੂੰ ਕੰਜਕਾਂ ਦੇ ਰੂਪ ਵਿੱਚ ਪੂਜਿਆ ਜਾਂਦਾ ਤੇ ਦੇਵੀ ਦੇ ਰੂਪ ਵਿੱਚ ਅਰਾਧਨਾ ਕੀਤੀ ਜਾਂਦੀ ਹੋਵੇ ਉਥੇ ਅਜਿਹੀ ਅਮਾਨਵੀ ਹਰਕਤ ਕੀਤੇ ਜਾਣਾ ਇੱਕ ਬਹੁਤ ਵੱਡਾ ਗੁਨਾਹ ਹੈ। ਭਾਰਤ ਜਿਹੇ ਮਹਾਨ ਦੇਸ਼ ਵਿੱਚ 'ਬੇਟੀ ਬਚਾਓ ਬੇਟੀ ਪੜ੍ਹਾਓ' ਨੂੰ ਤਰਜੀਹ ਦਿੱਤੀ ਜਾਂਦੀ ਹੈ, ਪਰ ਅਫਸੋਸ ਉਸ ਭਾਰਤ ਵਿੱਚ ਦੇਸ਼ ਦੀਆਂ ਬੇਟੀਆਂ ਨੂੰ ਹੀ ਨਿਰਵਸਤਰ ਕਰਕੇ ਉਨ੍ਹਾਂ ਦੀ ਅਜਿਹੀ ਹਾਲਤ ਕਰਨਾ ਤਾਂ ਅਜਿਹੇ ਦੇਸ਼ ਵਿੱਚ ਬੇਟੀਆਂ ਪੈਦਾ ਕਰਨਾ ਇੱਕ ਪਾਪ ਵਾਂਗ ਹੋਵੇਗਾ। ਸਰਕਾਰੀਆ ਨੇ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਜਲਦੀ ਤੋਂ ਜਲਦੀ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਅਤੇ ਇਸ ਵਿੱਚ ਸ਼ਾਮਲ ਹੋਰ ਦੋਸ਼ੀਆਂ ਤੇ ਅਧਿਕਾਰੀਆਂ ਵਿਰੁੱਧ ਕਾਰਵਾਈ ਕੀਤੀ ਜਾਵੇ।

# 'ਤਰਕਸ਼ੀਲਤਾ ਤੇ ਜੀਵਨ ਜਾਚ' ਵਿਸ਼ੇ 'ਤੇ ਸੈਮੀਨਾਰ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**

ਤਰਕਸ਼ੀਲ ਸੁਸਾਇਟੀ ਪੰਜਾਬ ਦੀ ਇਕਾਈ ਧਾਰੀਵਾਲ ਭੋਜਾ ਨੇ ਪਿੰਡ ਕਾਲਾ ਬਾਲਾ ਵਿਖੇ ਸੈਮੀਨਾਰ ਕਰਵਾਇਆ ਜਿਸ ਵਿੱਚ ਤਰਕਸ਼ੀਲਾਂ ਦੀਆਂ ਵੱਖ-ਵੱਖ ਇਕਾਈਆਂ ਦੇ ਆਗੂਆਂ ਅਤੇ ਪਿੰਡ ਵਾਸੀਆਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ। ਇਸ ਮੌਕੇ ਵਿਸ਼ਵ ਦੀਪ, ਬਲਜੀਤ ਕੌਰ ਜਸਪਾਲ ਸਿੰਘ ਅਤੇ ਹਰਪ੍ਰੀਤ ਮੀਆਂਵਿੰਡ ਨੇ ਕਵਿਤਾਵਾਂ ਨਾਲ ਸਮਾਜ ਦੇ ਮਸਲਿਆਂ ਨੂੰ ਉਠਾਇਆ।





ਤਰਕਸ਼ੀਲ ਸੁਸਾਇਟੀ ਪੰਜਾਬ ਦੇ ਸੂਬਾ ਮੁਖੀ ਰਜਿੰਦਰ ਭਦੌੜ ਨੇ ਬੋਲਦਿਆਂ ਕਿਹਾ ਕਿ ਤਰਕਸ਼ੀਲਤਾ ਜਿਊਣ ਦਾ ਢੰਗ ਹੈ। ਸਮਾਜ ਵਿੱਚ ਰਹਿੰਦਿਆਂ ਜੀਵਨ ਪ੍ਰਤੀ ਤਰਕਸ਼ੀਲਤਾ ਵਾਲਾ ਨਜ਼ਰੀਆ ਅਪਣਾਉਣ ਨਾਲ ਮਨੁੱਖ ਦੇ ਜੀਵਨ ਹਾਲਾਤ ਸੁਖਾਲੇ ਹੋ ਸਕਦੇ ਹਨ। ਉਨ੍ਹਾਂ ਬੋਲਦਿਆਂ ਕਿਹਾ ਕਿ ਤਰਕਸ਼ੀਲਤਾ ਸਮੱਸਿਆਵਾਂ ਤੋਂ ਭੱਜਣਾ ਨਹੀਂ ਬਲਕਿ ਸਮੱਸਿਆਵਾਂ ਦੇ ਅਸਲ ਕਾਰਨਾਂ ਦੀ ਨਿਸ਼ਾਨਦੇਹੀ ਕਰਕੇ ਉਨ੍ਹਾਂ 'ਤੇ ਸਵਾਲ ਖੜ੍ਹੇ ਕਰਨਾ ਅਤੇ ਕਿਰਤੀ ਜਮਾਤ ਦੀਆਂ ਜੀਵਨ ਹਾਲਤਾਂ ਨੂੰ ਸੌਖਿਆਂ ਕਰਨ ਲਈ ਜਥੇਬੰਦ ਹੋਣ ਵਿੱਚ ਹੈ। ਤਰਕਸ਼ੀਲ ਸੁਸਾਇਟੀ ਲੋਕਾਂ ਦੀਆਂ ਜੀਵਨ ਹਾਲਤਾਂ ਸੁਧਾਰਨ ਲਈ ਲੋਕਾਂ ਵਿੱਚ ਚੇਤਨਾ ਪੈਦਾ ਕਰਨ ਲਈ ਯਤਨ ਕਰ ਰਹੀ ਹੈ, ਜਿਸ ਕੜੀ ਤਹਿਤ ਉਹ ਸਕੂਲਾਂ ਵਿੱਚ ਪੰਜਵੀਂ ਚੇਤਨਾ ਪਰਖ ਪ੍ਰੀਖਿਆ ਕਰਵਾਉਣ ਜਾ ਰਹੇ ਹਨ, ਜਿਸ ਵਿੱਚ ਵਿਦਿਆਰਥੀ ਵੱਧ-ਚੜ੍ਹ ਕੇ ਭਾਗ ਲੈ ਰਹੇ ਹਨ।

ਪੁਸਤਕ ਸੱਭਿਆਚਾਰ ਨੂੰ ਵਿਕਸਿਤ ਕਰਨ ਦੇ ਮੰਤਵ ਲਈ ਚਰਨਜੀਤ ਬਾਗੜੀਆਂ ਨੂੰ ਕਿਤਾਬਾਂ ਦੇ ਵਧੀਆ ਪਾਠਕ ਹੋਣ ਕਰਕੇ ਚਰਚਿਤ ਬਾਗੜੀਆਂ ਨੂੰ ਮੁਖਤਿਆਰ ਗੋਪਾਲ, ਦੀਵਾਨ ਧਾਰੀਵਾਲ, ਭੁਪਿੰਦਰ ਸਿੰਘ ਕਾਲਾ ਬਾਲਾ ਅਤੇ ਇਕਾਈ ਆਗੂਆਂ ਵੱਲੋਂ ਕਿਤਾਬਾਂ ਦਾ ਸੈੱਟ ਦੇ ਕੇ ਸਨਮਾਨਿਤ ਕੀਤਾ ਗਿਆ। ਸਟੇਜ ਸਕੱਤਰ ਦੀ ਜ਼ਿੰਮੇਵਾਰੀ ਇਕਾਈ ਆਗੂ ਸਤਨਾਮ ਫੇਰੋਚੇਚੀ ਨੇ ਨਿਭਾਈ। ਆਗੂ ਸੁਮੀਤ ਸਿੰਘ, ਰਜਵੰਤ ਸਿੰਘ ਅਤੇ ਰਣਜੀਤ ਕੌਰ ਨੇ ਵੀ ਸੰਬੋਧਨ ਕੀਤਾ। ਇਸ ਤੋਂ ਇਲਾਵਾ ਮਾਸਟਰ ਸੁਰਜੀਤ ਸਿੰਘ, ਸੇਵਾ ਸਿੰਘ ਮੰਝਵਿੰਡ, ਤਰਲੋਚਨ ਸਿੰਘ ਗੁਰਦਾਸਪੁਰ, ਕੈਪਟਨ ਜਸਬੀਰ ਸਿੰਘ ਮਾਨਾਵਾਲਾ, ਰਾਜੂ ਝਾਖੋਲਾੜੀ, ਸੁੱਚਾ ਪਸਨਾਵਾਲ, ਅਮਨਦੀਪ ਸੇਖਵਾਂ, ਕਸ਼ਮੀਰ ਕਾਦੀਆਂ ਅਤੇ ਇਲਾਕਾ ਨਿਵਾਸੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਦਰਿਆ ਬੁਰਦ ਹੋਈਆਂ ਜ਼ਮੀਨਾਂ ਦਾ ਮੁਆਵਜ਼ਾ ਦੇਵਾਂਗੇ : ਧਾਲੀਵਾਲ

### *15 ਅਗਸਤ ਤੱਕ ਗਿਰਦਾਵਰੀ ਦਾ ਕੰਮ ਪੂਰਾ ਕਰਨ ਦੇ ਦਿੱਤੇ ਨਿਰਦੇਸ਼*

**ਅਜਨਾਲਾ, ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ/ਸੁਖਤਿੰਦਰ ਸਿੰਘ ਰਾਜੂ)**-ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਅਜਨਾਲਾ ਹਲਕੇ ਦੇ ਪਿੰਡਾਂ ਵਿਚ ਹੜ੍ਹਾਂ ਨਾਲ ਹੋਏ ਨੁਕਸਾਨ ਦਾ ਜਾਇਜ਼ਾ ਲੈਂਦੇ ਕਿਹਾ ਕਿ ਹੜ੍ਹਾਂ ਦੀ ਕੁਦਰਤੀ ਕਰੋਪੀ ਵਿਚ ਜਿੱਥੇ ਫਸਲਾਂ ਦਾ ਨੁਕਸਾਨ ਹੋਇਆ ਹੈ, ਉਥੇ ਕਈ ਥਾਵਾਂ ਤੇ ਰਾਵੀ, ਸਤੁਲਜ ਅਤੇ ਘੱਗਰ ਦਰਿਆ ਆਪਣੇ ਕਿਨਾਰੇ ਪੈਂਦੀਆਂ ਜ਼ਮੀਨਾਂ ਨੂੰ ਤੇਜ਼ ਵਹਾਅ ਕਾਰਨ ਆਪਣੇ ਨਾਲ ਰੋੜ੍ਹ ਕੇ ਲੈ ਗਿਆ ਹੈ। ਅਜਿਹੇ ਕਿਸਾਨਾਂ ਦੀਆਂ ਦਰਿਆ ਬੁਰਦ ਹੋਈਆਂ ਜ਼ਮੀਨਾਂ ਦਾ ਮੁਆਵਜ਼ਾ ਦਿੱਤਾ ਜਾਵੇਗਾ। ਅਜਨਾਲਾ ਹਲਕੇ ਵਿਚ ਰੂੜੇਵਾਲ, ਘਮਰਾਹ ਅਤੇ ਪੰਜਗਰਾਈਂ ਜਿਨ੍ਹਾਂ ਦੀ ਸੈਂਕੜੇ ਏਕੜ ਜ਼ਮੀਨ ਬੀਤੇ ਦੋ ਦਿਨਾਂ ਵਿਚ ਰਾਵੀ ਦਰਿਆ ਦੀ ਭੇਟ ਚੜ੍ਹ ਚੁੱਕੀ ਹੈ, ਦਾ ਮੌਕਾ ਵੇਖਣ ਮੌਕੇ ਉਨ੍ਹਾਂ ਕਿਸਾਨਾਂ ਨੂੰ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਤੁਹਾਡੇ ਨਾਲ ਖੜ੍ਹੀ ਹੈ ਅਤੇ ਕੈਬਨਿਟ ਮੀਟਿੰਗ ਵਿਚ ਵੀ ਇਸ ਮੁੱਦੇ ਉਤੇ ਲੰਮੀ ਚਰਚਾ ਹੋਈ ਹੈ। ਉਨ੍ਹਾਂ ਕਿਹਾ ਕਿ ਸਰਕਾਰ 15 ਅਗਸਤ ਤੱਕ ਫਸਲਾਂ ਅਤੇ ਜ਼ਮੀਨਾਂ ਦੀ ਗਿਰਦਾਵਰੀ ਪੂਰੀ ਕਰਵਾਉਣ ਦੀ ਕੋਸ਼ਿਸ਼ ਕਰ ਰਹੀ ਹੈ ਤਾਂ ਜੋ ਕਿਸਾਨਾਂ ਦੇ ਨੁਕਸਾਨ ਦਾ ਸਹੀ ਜਾਇਜ਼ਾ ਲੈ ਕੇ ਮੁਆਵਜ਼ਾ ਰਾਸ਼ੀ ਦਿੱਤੀ ਜਾ ਸਕੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਸ ਬਾਰੇ ਕੇਂਦਰ ਸਰਕਾਰ ਕੋਲ ਵੀ ਮੁੱਦਾ ਚੁੱਕਿਆ ਹੈ, ਕਿਉਂਕਿ ਦਰਿਆਵਾਂ ਦਾ ਕੰਟਰੋਲ ਕੇਂਦਰ ਸਰਕਾਰ ਦੇ ਕੋਲ ਹੈ ਅਤੇ ਕੁਦਰਤੀ ਆਫਤ ਵਿਚ ਸੂਬਾ ਸਰਕਾਰਾਂ ਦੀ ਮਦਦ ਕਰਨਾ ਕੇਂਦਰ ਸਰਕਾਰ ਦਾ ਫਰਜ਼ ਵੀ ਹੈ। ਦਰਿਆਵਾਂ ਵਿਚ ਅਜੇ ਵੀ ਪਾਣੀ ਬਹੁਤ ਤੇਜ਼ ਹੈ, ਜੋ ਕਿ ਲਗਾਤਾਰ ਜ਼ਮੀਨ ਨੂੰ ਢਾਹ ਲਗਾ ਰਿਹਾ ਹੈ। ਇਸ ਢਾਅ ਦਾ ਪੱਕਾ ਹੱਲ ਵੀ ਕੀਤਾ ਜਾਵੇਗਾ ਅਤੇ ਦਰਿਆ ਦੇ ਕੰਢੇ ਪੱਥਰ ਲਗਾ ਕੇ ਇਸ ਨੁਕਸਾਨ ਨੂੰ ਪੱਕੇ ਤੌਰ ਉਤੇ ਰੋਕ ਦਿੱਤਾ ਜਾਵੇਗਾ।

## ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਚੇਅਰਮੈਨ ਬਜ਼ੁਰਗ ਔਰਤ ਲਈ ਬਣੇ ਮਸੀਹਾ



ਮਿਸ. ਏਕਤਾ ਉੱਪਲ ਜਾਣਕਾਰੀ ਦਿੰਦੀ ਹੋਈ।

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਮਿਸ. ਏਕਤਾ ਉੱਪਲ ਚੀਫ ਜੁਡੀਸ਼ੀਅਲ ਮੈਜਿਸਟ੍ਰੇਟ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਿਰੋਜ਼ਪੁਰ ਨੇ ਅਖਬਾਰ ਵਿੱਚ ਇੱਕ ਖਬਰ ਦੇਖੀ, ਜਿਸ ਵਿੱਚ ਲਿਖਿਆ ਗਿਆ ਕਿ "ਨੂੰਹ ਤੇ ਪੁੱਤਰ ਵੱਲੋਂ ਘਰੋਂ ਕੱਢਣ 'ਤੇ ਇਨਸਾਫ ਦੀ ਮੰਗ ਕਰ ਰਹੀ ਹੈ ਵਿਧਵਾ ਮਾਂ।" ਇਸ ਖਬਰ ਰਾਹੀਂ ਪਤਾ ਲੱਗਾ ਕਿ ਇਹ ਔਰਤ ਫਿਰੋਜ਼ਪੁਰ ਛਾਉਣੀ ਦੀ ਰਹਿਣ ਵਾਲੀ ਹੈ ਤੇ ਉਸ ਦੇ ਪਤੀ ਨੇ ਆਪਣੇ ਮਕਾਨ ਦੀ ਰਜਿਸਟਰੀ ਉਨ੍ਹਾਂ ਦੇ ਲੜਕੇ ਦੇ ਨਾਮ ਕਰ ਦਿੱਤੀ ਸੀ, ਜਿਸ ਕਾਰਨ ਉਸ ਔਰਤ ਦੀ ਨੂੰਹ ਤੇ ਪੁੱਤਰ ਦੋਵੇਂ ਉਸ ਨੂੰ ਤੰਗ-ਪ੍ਰੇਸ਼ਾਨ ਕਰਨ ਲੱਗ ਗਏ ਅਤੇ ਉਸ ਕੋਲ ਸਭ ਕੁਝ ਜਿਵੇਂ ਕਿ ਸੋਨਾ, ਪੈਸਾ ਆਦਿ ਹਾਸਲ ਕਰਕੇ ਉਸ ਬਜ਼ੁਰਗ ਔਰਤ ਨੂੰ ਘਰੋਂ ਬਾਹਰ ਕੱਢ ਦਿੱਤਾ।ਦੁਖੀ ਔਰਤ ਥਾਂ-ਥਾਂ ਇਨਸਾਫ ਲਈ ਭਟਕਣ ਲੱਗੀ।ਇਸ ਖਬਰ ਨੂੰ ਪੜ੍ਹ ਕੇ ਜੱਜ ਨੇ ਤੁਰੰਤ ਆਪਣੇ ਸਟਾਫ ਦੀ ਮਦਦ ਨਾਲ ਉਸ ਬਜ਼ੁਰਗ ਔਰਤ ਨਾਲ ਤਾਲਮੇਲ ਕੀਤਾ ਤੇ ਉਸ ਨੂੰ ਭਰੋਸਾ ਦਿੱਤਾ ਕਿ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਿਰੋਜ਼ਪੁਰ ਵੱਲੋਂ ਉਸ ਨੂੰ ਜ਼ਰੂਰ ਇਨਸਾਫ ਦਿਵਾਇਆ ਜਾਵੇਗਾ।ਫਿਰ ਅਗਲੇ ਦਿਨ ਹੀ ਉਹ ਬਜ਼ੁਰਗ ਔਰਤ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਿਰੋਜ਼ਪੁਰ ਵਿੱਚ ਆਈ ਤੇ ਆਪਣੀ ਸਾਰੀ ਦੁੱਖ-ਤਕਲੀਫ ਮਾਨਯੋਗ ਜੱਜ ਨੂੰ ਦੱਸੀ ਅਤੇ ਜੱਜ ਵੱਲੋਂ ਉਸ ਔਰਤ ਨੂੰ ਕਾਨੂੰਨੀ ਸਲਾਹ ਦਿੰਦੇ ਹੋਏ ਭਰੋਸਾ ਦਿਵਾਇਆ ਕਿ ਉਸ ਨੂੰ ਇਨਸਾਫ ਦਿਵਾਇਆ ਜਾਵੇਗਾ।ਜੱਜ ਸਾਹਿਬ ਵੱਲੋਂ ਗਗਨ ਗੋਕਲਾਨੀ, ਰਿਟੇਨਰ ਐਡਵੋਕੇਟ ਰਾਹੀਂ ਉਸ ਔਰਤ ਦਾ ਮੁਫਤ ਕਾਨੂੰਨੀ ਸਹਾਇਤਾ ਲੈਣ ਸਬੰਧੀ ਫਾਰਮ ਭਰਵਾਇਆ ਤੇ ਉਸ ਨੂੰ ਮੁਫਤ ਕਾਨੂੰਨੀ ਸੇਵਾਵਾਂ ਵਜੋਂ ਗਗਨ ਗੋਕਲਾਨੀ, ਪੈਨਲ ਵਕੀਲ ਨਾਮਜ਼ਦ ਕਰਕੇ ਸੀਨੀਅਰ ਸਿਟੀਜਨ ਐਕਟ ਅਧੀਨ ਸਬ-ਡਵੀਜ਼ਨਲ ਮੈਜਿਸਟ੍ਰੇਟ ਫਿਰੋਜ਼ਪੁਰ ਪਾਸ ਕੇਸ ਦਾਇਰ ਕਰਵਾਇਆ।

# ਸਤਨਾਮ ਸਿੰਘ ਬਣੇ ਕਿਸਾਨ-ਮਜ਼ਦੂਰ ਜਥੇਬੰਦੀ ਦੇ ਇਕਾਈ ਪ੍ਰਧਾਨ

**ਆਪਣੇ ਹੱਕ ਲੈਣ ਲਈ ਲੋਕ ਵੱਡੇ ਘੋਲਾਂ ਲਈ ਤਿਆਰ ਰਹਿਣ : ਸਭਰਾਂ**

**ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਕਸਬੇ ਅੰਦਰ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੀ ਭਰਵੀਂ ਮੀਟਿੰਗ ਹੋਈ। ਪੱਟੀ ਜ਼ੋਨ ਆਗੂ ਜਥੇਦਾਰ ਸਵਰਨ ਸਿੰਘ ਖਹਿਰਾ ਦੀ ਅਗਵਾਈ ਚ ਹੋਏ ਇਕੱਠ 'ਚ ਸੂਬਾ ਪ੍ਰਧਾਨ ਜਥੇਦਾਰ ਸੁਖਵਿੰਦਰ ਸਿੰਘ ਸਭਰਾ ਤੇ ਪੱਟੀ ਜ਼ੋਨ ਆਗੂ ਜੁਗਰਾਜ ਸਿੰਘ ਰਾਜਸਥਾਨੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।



ਇਸ ਦੌਰਾਨ ਵੱਖ-ਵੱਖ ਕਿਸਾਨੀ ਮਸਲਿਆਂ ਤੇ ਖੁੱਲ੍ਹ ਕੇ ਵਿਚਾਰ ਚਰਚਾ ਹੋਈ ਅਤੇ ਹੜ੍ਹ ਪੀੜਤ ਕਿਸਾਨਾਂ ਮਜ਼ਦੂਰਾਂ, ਆਮ ਲੋਕਾਂ ਦੇ ਨੁਕਸਾਨ ਦੀ ਭਰਪਾਈ ਲਈ ਸ਼ੰਘਰਸ਼ ਵਿੱਢਣ ਲਈ ਹਾਜ਼ਰੀਨ ਦਾ ਹੁੰਗਾਰਾ ਲਿਆ ਗਿਆ। ਇਸ ਤੋਂ ਪਹਿਲਾਂ ਸੁਖਵਿੰਦਰ ਸਿੰਘ ਸਭਰਾਂ ਨੇ ਸੰਗਤ ਤੋਂ ਫਤਵਾ ਲੈ ਕੇ ਸਤਨਾਮ ਸਿੰਘ ਹਰੀਕੇ ਨੂੰ ਪ੍ਰਧਾਨ ਦੇ ਅਹੁਦੇ ਦੀ ਜ਼ਿੰਮੇਵਾਰੀ ਸੌਂਪੀ। ਆਪਣੇ ਸੰਬੋਧਨ ਦੌਰਾਨ ਸਭਰਾਂ ਨੇ ਦੱਸਿਆ ਕਿ ਦਿੱਲੀ ਅੰਦੋਲਨ ਦੌਰਾਨ ਮੰਨੀਆਂ ਮੰਗਾਂ ਨੂੰ ਲੈ ਕੇ ਕੇਂਦਰ ਸਰਕਾਰ ਦੀ ਵਾਅਦਾਖਿਲਾਫੀ ਬਾਦਸਤੂਰ ਜਾਰੀ ਹੈ। ਐੱਮਐੱਸਪੀ ਗਰੰਟੀ ਦੇ ਦਾਅਵਿਆਂ ਵਾਲੀ ਇਨਕਲਾਬੀ ਸਰਕਾਰ ਵੀ ਇਸੇ ਭੇਡ ਚਾਲ 'ਤੇ ਹੈ। ਲਗਾਤਾਰ ਕਾਰਪੋਰੇਟ ਜਗਤ ਪੰਜਾਬ ਦੀ ਕਿਸਾਨੀ ਜਵਾਨੀ ਪਾਣੀ ਵਪਾਰ ਸਿਹਤ ਸਹੂਲਤਾਂ ਤੇ ਕਾਬਜ਼ ਹੋਣ ਦੇ ਨਾਲ ਨਾਲ ਸਿੱਖਿਆ ਮਾਫੀਆ ਦੀ ਵੀ ਪਿੱਠ ਥਾਪੜ ਰਹੀ ਹੈ। ਉਨ੍ਹਾਂ ਕਿਹਾ ਕਿ ਆਪਣੇ ਬੱਚਿਆਂ ਦੇ ਰੌਸ਼ਨ ਭਵਿੱਖ ਅਤੇ ਹੱਕੀ ਮੰਗਾਂ ਲਈ ਵੱਡੇ ਘੋਲ ਲੜਨ ਦਾ ਮਾਨਸਿਕ ਤਵਾਜ਼ਨ ਬਣਾ ਕੇ ਰੱਖਣਾ ਹੋਵੇਗਾ। ਇਸ ਮੌਕੇ ਸਵਰਨ ਸਿੰਘ ਖਹਿਰਾ ਨੇ ਜਿਥੇ ਹਾਜ਼ਰ ਪਿੰਡ ਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਉਥੇ ਹੀ ਉਨ੍ਹਾਂ ਕਿਹਾ ਕਿ ਪਿੰਡ ਅੰਦਰ ਸਾਡੀ ਜਥੇਬੰਦੀ ਪ੍ਰੇਮ ਸਤਿਕਾਰ ਇਤਫਾਕ ਅਤੇ ਭਾਈਚਾਰਕ ਸਾਂਝ ਨੂੰ ਤਵੱਜੋ ਦੇ ਕੇ ਕਿਸਾਨਾਂ ਤੇ ਮਜ਼ਦੂਰਾਂ ਦੇ ਮਸਲਿਆਂ ਲਈ ਤੱਤਪਰ ਭੂਮਿਕਾ ਨਿਭਾਏਗੀ। ਇਸ ਕਾਰਜ ਨੂੰ ਜਲਦੀ ਅਤੇ ਠੋਸ ਢੰਗ ਨਾਲ ਨੇਪਰੇ ਚਾੜ੍ਹਨ ਲਈ ਬੀਬੀਆਂ ਭੈਣਾਂ ਦਾ ਸਹਿਯੋਗ ਵੀ ਲਿਆ ਜਾਵੇਗਾ।

ਉਨ੍ਹਾਂ ਕਿਹਾ ਕਿ ਸੂਬਾ ਪੱਧਰੀ ਫੈਸਲੇ ਮੁਤਾਬਕ ਚਿੱਪ ਵਾਲੇ ਮੀਟਰ, ਅਬਾਦਕਾਰਾਂ ਦੀ ਲੜਾਈ ਅਤੇ ਸਰਕਾਰ ਦੇ ਪੱਖਪਾਤੀ ਰਵੱਈਏ ਖਿਲਾਫ ਰੋਸ ਲਗਾਤਾਰ ਜਾਰੀ ਰਹੇਗਾ। ਇਸ ਮੌਕੇ ਦਲਜੀਤ ਸਿੰਘ ਹਰੀਕੇ, ਜਥੇਦਾਰ ਬਗੀਚਾ ਸਿੰਘ, ਦਰਸ਼ਨ ਸਿੰਘ, ਗੁਰਸੇਵਕ ਸਿੰਘ ਬਾਬਾ ਬਲਵਿੰਦਰ ਸਿੰਘ, ਅਵਤਾਰ ਸਿੰਘ ਕਾਲਾ, ਬਲਵੀਰ ਸਿੰਘ ਸ਼ਾਹ, ਮਨਜੀਤ ਸਿੰਘ ਪੰਨੂ, ਜਸਵਿੰਦਰ ਸਿੰਘ ਨੰਬਰਦਾਰ, ਨਰਿੰਦਰ ਸਿੰਘ, ਪ੍ਰਤਾਪ ਸਿੰਘ, ਗੁਰਦੀਪ ਸਿੰਘ, ਨਿਸ਼ਾਨ ਸਿੰਘ, ਰਸ਼ਪਾਲ ਸਿੰਘ, ਜਗੀਰ ਸਿੰਘ ਨੰਬਰਦਾਰ, ਗੁਰਦੀਪ ਸਿੰਘ, ਰਣਜੀਤ ਸਿੰਘ ਸੰਧੂ ਅਤੇ ਠੇਕੇਦਾਰ ਜਸਪਾਲ ਸਿੰਘ ਆਦਿ ਹਾਜ਼ਰ ਸਨ।

## ਹੜ੍ਹਾਂ ਦੀ ਮਾਰ ਹੇਠ ਆਏ ਲੋਕਾਂ ਦੀ ਸਹਾਇਤਾ ਲਈ ਰਾਸ਼ੀ ਭੇਟ

**ਬੁਤਾਲਾ (ਨਿਰਮਲ ਸਿੰਘ ਸੰਘਾ)**-ਬੀਤੇ ਦਿਨੀਂ ਭਾਰੀ ਬਾਰਿਸ਼ ਕਾਰਣ ਪੂਰਾ ਪੰਜਾਬ ਹੜ੍ਹਾਂ ਦੀ ਮਾਰ ਹੇਠ ਆ ਗਿਆ ਸੀ ਜਿਸ ਨਾਲ ਲੋਕਾਂ ਦਾ ਭਾਰੀ ਜਾਨੀ ਤੇ ਮਾਲੀ ਨੁਕਸਾਨ ਹੋਇਆ। ਇਸ ਦੌਰਾਨ ਬਾਬਾ ਬਕਾਲਾ ਸਬ ਡਵੀਜ਼ਨ ਦੇ ਪਿੰਡ ਬੁਤਾਲਾ ਦੀ ਸਮੂਹ ਸਾਧ ਸੰਗਤ ਵੱਲੋਂ ਸਰਪੰਚ ਸਵਿੰਦਰ ਸਿੰਘ, ਚੇਅਰਮੈਨ ਬਲਵਿੰਦਰ ਸਿੰਘ ਬਾਬਾ ਪੱਲ੍ਹਾ ਸਪੋਰਟਸ ਕਲੱਬ, ਪ੍ਰਭਜੋਤ ਸਿੰਘ, ਬਲਵਿੰਦਰ ਸਿੰਘ, ਹਰਪਾਲ ਸਿੰਘ, ਪ੍ਰਭਜੀਤ ਸਿੰਘ, ਦਲਬੀਰ ਸਿੰਘ, ਸੂਬੇਦਾਰ ਗੁਰਨਾਮ ਸਿੰਘ, ਬਲਵਿੰਦਰ ਸਿੰਘ ਰਸਾਲਦਾਰ, ਮਨਦੀਪ ਸਿੰਘ ਅਤੇ ਹੋਰ ਸਮਾਜ ਸੇਵੀ ਸ਼ਖ਼ਸੀਅਤਾਂ ਦੀ ਅਗਵਾਈ ਹੇਠ ਹੜ੍ਹ ਪੀੜਤਾਂ ਦੀ ਮਦਦ ਵਾਸਤੇ ਇੱਕ ਕਮੇਟੀ ਬਣਾਈ ਗਈ, ਜੋ ਕਿ ਹੜ੍ਹਾਂ ਦੀ ਮਾਰ ਹੇਠ ਆਏ ਪਿੰਡਾਂ ਦੇ ਅੰਦਰ ਜਾ ਕੇ ਉਨ੍ਹਾਂ ਦੀ ਮਦਦ ਕਰ ਸਕਣ। ਇਸ ਕਮੇਟੀ ਵੱਲੋਂ ਹੜ੍ਹ ਪੀੜਤਾਂ ਨੂੰ ਇੱਕ ਲੱਖ ਰੁਪਏ ਦੀ ਨਗਦ ਰਾਸ਼ੀ ਭੇਟ ਕੀਤੀ ਗਈ।



## ਰਾਮਪੁਰਾ 'ਚ ਅਨੀਮੀਆ ਮੁਕਤ ਕੈਂਪ ਲਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਸਿਵਲ ਸਰਜਨ ਬਠਿੰਡਾ ਡਾ. ਤੇਜਵੰਤ ਸਿੰਘ ਢਿੱਲੋਂ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਗੁਰਮੇਲ ਸਿੰਘ ਦੀ ਅਗਵਾਈ ਹੇਠ ਬਲਾਕ ਬਾਲਿਆਂਵਾਲੀ 'ਚ ਪੈਂਦੇ ਪਿੰਡ ਰਾਮਪੁਰਾ ਦੇ ਆਂਗਣਵਾੜੀ ਸੈਂਟਰ 'ਚ ਅਨੀਮੀਆ ਮੁਕਤ ਪੰਜਾਬ ਮੁਹਿੰਮ ਤਹਿਤ ਕੈਂਪ ਲਾਇਆ ਗਿਆ। ਆਰ.ਬੀ.ਐਸ.ਕੇ ਟੀਮ ਦੇ ਏ ਐਮ ਓ ਡਾ ਨਵਦੀਪ ਸਿੰਘ ਨੇ ਕਿਹਾ ਕਿ ਖੂਨ ਵਿੱਚ ਲਾਲ ਰਕਤਾਣੂਆਂ ਜਾਂ ਹੀਮੋਗਲੋਬਿਨ ਦੀ ਘਾਟ ਕਾਰਨ ਹੁੰਦੀ ਹੈ, ਜਿਸ ਨਾਲ ਸਰੀਰ 'ਚ ਕਮਜ਼ੋਰੀ, ਥਕਾਵਟ ਅਤੇ ਹੋਰ ਸਿਹਤ ਸੰਬਧੀ ਸਮੱਸਿਆਵਾਂ ਖੜੀਆਂ ਹੋ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਆਪਣੇ ਬੱਚਿਆਂ ਦਾ ਸਮੇਂ-ਸਮੇਂ 'ਤੇ ਚੈੱਕਅਪ ਜ਼ਰੂਰ ਕਰਾਇਆ ਜਾਵੇ ਤਾਂ ਜੁ ਉਨ੍ਹਾਂ ਦੀ ਸਿਹਤ ਤੰਦਰੁਸਤ ਰੱਖੀ ਜਾ ਸਕੇ।

ਸੀ.ਐਚ.ਓ ਮਨਇੰਦਰਪਾਲ ਕੌਰ ਨੇ ਕਿਹਾ ਗਰਭਵਤੀ ਔਰਤਾਂ ਅਤੇ ਦੁੱਧ ਪਿਆਉਣ ਵਾਲੀਆਂ ਮਾਂਵਾਂ ਦੇ ਨਾਲ ਨਾਲ ਛੋਟੀ ਉਮਰ ਦੀਆਂ ਲੜਕੀਆਂ 'ਚ ਪਾਈ ਜਾਣ ਵਾਲੀ ਖੂਨ ਦੀ ਕਮੀ ਚਿੰਤਾ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਖਾਸ ਕਰਕੇ ਗਰਭ ਅਵਸਥਾ ਦੌਰਾਨ ਖੂਨ ਦੀ ਘਾਟ ਸਿੱਧਾ ਅਸਰ ਬੱਚੇ 'ਤੇ ਪੈਂਦਾ ਹੈ ਤੇ ਗਰਭ ਅਵਸਥਾ ਦੌਰਾਨ ਜਾਂ ਜਨਮ ਸਮੇ ਕਈ ਤਰ੍ਹਾਂ ਦੀਆਂ ਸਮੱਸਿਆਵਾਂ ਖੜੀਆਂ ਹੋ ਜਾਂਦੀਆਂ ਹਨ। ਏ.ਐਨ.ਐਮ ਕਮਲਦੀਪ ਕੌਰ ਨੇ ਕਿਹਾ ਕਿ ਗਰਭ ਅਵਸਥਾ ਸਮੇਂ ਆਇਰਨ ਅਤੇ ਕੈਲਸ਼ੀਅਮ ਦੀਆਂ ਗੋਲੀਆਂ ਹਰ ਰੋਜ਼ ਖਾਣੀਆਂ ਚਾਹੀਦੀਆਂ ਹਨ। ਉਨ੍ਹਾਂ ਗਰਭਵਤੀ ਮਹਿਲਾਵਾਂ ਤੇ ਬੱਚਿਆਂ ਦੇ ਲੋੜੀਦੇ ਟੀਕਾਕਰਨ ਬਾਰੇ ਜਾਣਕਾਰੀ ਦੇਣ ਸਮੇਤ ਮਾਂ ਦੇ ਦੁੱਧ ਦੀ ਮਹੱਤਤਾ ਬਾਰੇ ਦੱਸਦਿਆਂ ਕਿਹਾ ਕਿ ਜਨਮ ਸਮੇਂ ਬੱਚੇ ਨੂੰ ਪਹਿਲਾਂ ਮਾਂ ਦਾ ਪੀਲ਼ਾ ਗੜ੍ਹਾ ਦੁੱਧ ਹੀ ਪਿਲਾਇਆ ਜਾਵੇ ਜੋ ਬੱਚੇ ਨੂੰ ਸਰੀਰਕ ਅਤੇ ਮਨਸਿਕ ਤੌਰ 'ਤੇ ਬਿਮਾਰੀਆਂ ਨਾਲ ਲੜਣ ਦੀ ਸ਼ਕਤੀ ਦਿੰਦਾ ਹੈ।

## ਲਾਇਨਜ਼ ਕਲੱਬ ਇੰਟਰਨੈਸ਼ਲ ਨੇ ਸ਼ੂਗਰ ਚੈੱਕਅੱਪ ਕੈਂਪ ਲਾਇਆ

**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ)**-ਲਾਇਨਜ਼ ਕਲੱਬ (ਲਾਇਨ ਇੰਟਰਨੈਸ਼ਲ) ਵੱਲੋਂ ਪ੍ਰਧਾਨ ਲਾਇਨ ਸੰਜੂ ਕੁਮਾਰ, ਸਕੱਤਰ ਲਾਇਲ ਸਿਧਾਰਥ ਗਰਗ ਤੇ ਖਜ਼ਾਨਚੀ ਲਾਇਨ ਪ੍ਰਦੀਪ ਕੇ ਗੁਪਤਾ ਦੀ ਅਗਵਾਈ ਹੇਠ ਨਗਰ ਕੌਂਸਲ ਪਾਰਕ ਵਿਖੇ ਡਾਇਬੈਟਿਕ ਚੈੱਕਅਪ ਕੈਂਪ ਲਾਇਆ ਗਿਆ। ਸਿਧਾਰਥ ਗਰਗ ਨੇ ਦੱਸਿਆ ਕਿ ਐੱਮ ਜੇ ਐਫ ਲਾਇਨ ਅਸ਼ੋਕ ਗੁਪਤਾ ਵੱਲੋਂ ਸਪਾਂਸਰ ਕੀਤਾ ਗਿਆ ਅਤੇ ਇਸ ਕੈਂਪ ਦੌਰਾਨ 100 ਦੇ ਕਰੀਬ ਮਰੀਜ਼ਾਂ ਦਾ ਮੁਫ਼ਤ ਚੈੱਕਅਪ ਕੀਤਾ ਗਿਆ ਤੇ ਮਰੀਜ਼ਾਂ ਨੂੰ ਸ਼ੂਗਰ ਨੂੰ ਕੰਟਰੋਲ ਕਰਨ ਸਬੰਧੀ ਉਪਾਅ ਅਤੇ ਸਾਵਧਨੀਆਂ ਬਾਰੇ ਵੀ ਦੱਸਿਆ ਗਿਆ। ਇਸ ਮੌਕੇ ਲਾਇਨ ਕਰਨ ਗੁਪਤਾ, ਲਾਇਨ ਰਜੀਵ ਗੁਪਤਾ, ਲਾਇਨ ਅਸ਼ੋਕ ਸਿੰਗਲਾ, ਲਾਇਨ ਅਮਿਤ ਗਰਗ, ਲਾਇਨ ਕ੍ਰਿਸ਼ਨ ਗੋਇਲ, ਲਾਇਨ ਈਸ਼ੂ ਗਰਗ ਤੇ ਲਾਇਨ ਰਾਕੇਸ਼ ਗਰਗ ਆਦਿ ਵੀ ਮੌਜੂਦ ਰਹੇ।





# ਬੱਸ ਸਟੈਂਡ ਤੇ ਸਟੇਡੀਅਮ ਦਾ ਕੰਮ ਜਲਦੀ ਹੋ ਜਾਵੇਗਾ ਸ਼ੁਰੂ : ਅਮਨ ਅਰੋੜਾ



**ਲੌਂਗੋਵਾਲ (ਕੁਲਦੀਪ ਅੱਤਰੀ, ਪ੍ਰਦੀਪ ਸਿੰਘ ਸੱਪਲ)**

ਕੈਬਨਿਟ ਮੰਤਰੀ ਅਮਨ ਅਰੋੜਾ ਨੇ ਸਥਾਨਕ ਸ਼੍ਰੀ ਕ੍ਰਿਸ਼ਨ ਗਊਸ਼ਾਲਾ ਪੱਤੀ ਗਾਹੂ ਵਿਖੇ ਹੋਈ ਭਰਵੀਂ ਇਕੱਤਰਤਾ ਦੌਰਾਨ ਗਊਸ਼ਾਲਾ ਕਮੇਟੀ ਨੂੰ 10 ਲੱਖ ਤੋਂ ਇਲਾਵਾ ਇਲਾਕੇ ਦੀਆ ਪੰਚਾਇਤਾਂ ਨੂੰ ਵਿਕਾਸ ਕੰਮਾਂ ਲਈ ਗ੍ਰਾਂਟਾਂ ਦੇ ਚੈੱਕ ਤਕਸੀਮ ਕੀਤੇ।

ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਸਿਰਫ਼ ਪਹਿਲੇ ਸਵਾ ਸਾਲ ਵਿੱਚ ਹੀ ਮਾਨ ਸਰਕਾਰ ਵੱਲੋਂ ਪੰਜਾਬ ਵਿੱਚ ਉਹ ਕੰਮ ਕਰਾ ਕੇ ਮਿਸਾਲ ਕਾਇਮ ਕੀਤੀ ਗਈ ਹੈ, ਜਿਹੜੇ ਪਿਛਲੀਆਂ ਸਰਕਾਰਾਂ ਵੱਲੋਂ ਦਹਾਕਿਆਂ ਵਿੱਚ ਕਰਾਏ ਜਾਂਦੇ ਰਹੇ ਹਨ। ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਇਸੇ ਤਰ੍ਹਾਂ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਆਪਣੇ ਜੱਦੀ ਹਲਕੇ ਸੁਨਾਮ ਲਈ ਵੀ ਲਗਾਤਾਰ ਫੰਡ ਜਾਰੀ ਕਰਕੇ ਰਿਕਾਰਡ ਤੋੜ ਵਿਕਾਸ ਯਕੀਨੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਜਦੋਂ ਵੀ ਉਨ੍ਹਾਂ ਵੱਲੋਂ ਮੁੱਖ ਮੰਤਰੀ ਤੋਂ ਸੁਨਾਮ ਹਲਕੇ ਲਈ ਫੰਡਾਂ ਦੀ ਮੰਗ ਕੀਤੀ ਗਈ ਹੈ ਤਾਂ ਲੋੜੀਂਦੇ ਫ਼ੰਡ ਤੁਰੰਤ ਉਨ੍ਹਾਂ ਨੂੰ ਜਾਰੀ ਹੋਏ ਹਨ। ਉਨ੍ਹਾਂ ਕਿਹਾ ਕਿ ਅੱਜ ਵੀ ਲੌਂਗੋਵਾਲ ਸ਼ਹਿਰ ਦੇ ਨਾਲ-ਨਾਲ ਇਲਾਕੇ ਦੇ ਸਰਵਪੱਖੀ ਵਿਕਾਸ ਲਈ 5.28 ਕਰੋੜ ਰੁਪਏ ਦੇ ਵਿਕਾਸ ਕਾਰਜਾਂ ਲਈ ਗ੍ਰਾਂਟਾਂ ਜਾਰੀ ਕਰਨ ਦੇ ਨਾਲ-ਨਾਲ ਚੈੱਕ ਵੀ ਵੰਡੇ ਗਏ ਹਨ।

ਇਸ ਮੌਕੇ ਨਗਰ ਕੌਂਸਲ ਪ੍ਰਧਾਨ ਪਰਮਿੰਦਰ ਕੌਰ ਬਰਾੜ ਨੇ ਕੈਬਨਿਟ ਮੰਤਰੀ ਦਾ ਸਵਾਗਤ ਕਰਦਿਆਂ ਗ੍ਰਾਂਟਾਂ ਲਈ ਧੰਨਵਾਦ ਕੀਤਾ। ਇਸ ਮੌਕੇ ਸ਼੍ਰੀ ਕ੍ਰਿਸ਼ਨ ਗਊਸ਼ਾਲਾ ਕਮੇਟੀ ਦੇ ਪ੍ਰਧਾਨ ਮੰਗਤ ਰਾਏ ਮੰਗੂ, ਮੀਤ ਪ੍ਰਧਾਨ ਗੁਲਜ਼ਾਰ ਸਿੰਘ ਭੀਮ ਭਾਦੜਾ, ਰਾਜ ਕੁਮਾਰ ਮੰਡੇਰ, ਰਤਨ ਗਰਗ, ਬਬਲੀ ਜਿੰਦਲ, ਰਾਜੀਵ ਜਿੰਦਲ ਮੈਨੇਜਰ, ਬਾਬਾ ਭੋਜਾ ਰਾਮ, ਭੀਮ ਸੈਨ ਜੈਨ, ਬਿੰਦਰ ਪਾਲ, ਦਾਤਾ ਰਾਮ ਲੰਬੂ, ਸੰਜੀਵ ਸ਼ਿੰਪਾ, ਬਾਵਾ ਰਾਮ, ਲੀਲਾ ਸਿੰਘ, ਦਲਜੀਤ ਸਿੰਘ ਰਾਣਾ, ਨੀਟੂ ਸ਼ਰਮਾ ਨੇ ਅਮਨ ਅਰੋੜਾ ਨੂੰ ਸਨਮਾਨਿਤ ਕੀਤਾ। ਅਰੋੜਾ ਨੇ ਕਿਹਾ ਕਿ ਬਸ ਸਟੈਂਡ ਤੇ ਸਟੇਡੀਅਮ ਦਾ ਕੰਮ ਜਲਦੀ ਸ਼ੁਰੂ ਹੋਣ ਜਾ ਰਿਹਾ ਹੈ, ਜਿਸ ਨਾਲ ਲੋਕਾਂ ਕਈ ਦਹਾਕੇ ਪੁਰਾਣੀ ਮੰਗ ਪੂਰੀ ਹੋਵੇਗੀ।

ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਵੱਲੋਂ ਲੌਂਗੋਵਾਲ ਦੀ ਸ਼੍ਰੀ ਕ੍ਰਿਸ਼ਨ ਗਊਸ਼ਾਲਾ ਗਾਹੂ ਪੱਤੀ ਵਿੱਚ ਸ਼ੈਡ ਲਈ 10.11 ਲੱਖ, ਪਿੰਡੀ ਦੇਸੂਪੁਰਾ ਵਿਚ ਜਨਰਲ ਧਰਮਸ਼ਾਲਾ ਵਿੱਚ ਹਾਲ ਲਈ 4 ਲੱਖ, ਪਿੰਡੀ ਦੁੱਲਟ ਵਿਚ ਸ਼ਮਸ਼ਾਨ ਘਾਟ ਵਿੱਚ ਸ਼ੈਡ ਲਈ 3 ਲੱਖ, ਪਿੰਡੀ ਕੈਂਬੋਵਾਲ ਵਿਖੇ ਖੜਵੰਜੇ ਲਗਵਾਉਣ ਲਈ 5 ਲੱਖ, ਪਿੰਡੀ ਬਟੂਹਾ ਖੁਰਦ ਵਿਖੇ ਵਾਟਰ ਟੈਂਕਰ ਲਈ 1.60 ਲੱਖ, ਪਿੰਡੀ ਸਤੀਪੁਰਾ ਵਿਚ ਧਰਮਸ਼ਾਲਾ ਵਿੱਚ ਸ਼ੈਡ, ਬਾਥਰੂਮ ਅਤੇ ਚਾਰਦੀਵਾਰੀ ਲਈ 5.50 ਲੱਖ, ਪਿੰਡੀ ਭੁੱਲਰ ਵਿਖੇ ਵਾਲੀਬਾਲ ਗਰਾਊਂਡ ਲਈ 4.60 ਲੱਖ, ਪਿੰਡੀ ਵਡਿਆਨੀ ਵਿਚ ਖੇਤਾਂ ਵਾਲੇ ਘਰਾਂ ਨੂੰ ਜਾਂਦੇ ਰਸਤੇ ਵਿੱਚ ਇੰਟਰਲਾਕ ਲਗਵਾਉਣ ਲਈ 5 ਲੱਖ ਰੁਪਏ ਪਿੰਡ ਭਾਈ ਕੀ ਸਮਾਧ ਵਿਖੇ ਗਲੀਆਂ ਨਾਲੀਆਂ ਲਈ 2 ਲੱਖ ਰੁਪਏ ਤੇ ਪਿੰਡੀ ਕੇਹਰ ਸਿੰਘ ਵਾਲੀ ਵਿੱਚ ਗਲੀਆਂ-ਨਾਲੀਆਂ ਲਈ 4 ਲੱਖ ਰੁਪਏ ਦੀ ਗ੍ਰਾਂਟ ਸੌਂਪੀ ਗਈ।

## ਰਾਉਕੇ ਹਿਠਾੜ ਸਕੂਲ ਦੇ ਕੱਚੇ ਅਧਿਆਪਕਾਂ ਨੂੰ ਪੱਕੇ ਹੋਣ 'ਤੇ ਕੀਤਾ ਸਨਮਾਨਤ



**ਮਮਦੋਟ (ਹਰਪਾਲ ਸਿੰਘ ਸੋਢੀ)**-ਪਿਛਲੇ ਲੰਮੇ ਸਮੇਂ ਤੋਂ ਸੰਘਰਸ਼ ਕਰ ਰਹੇ ਕੱਚੇ ਅਧਿਆਪਕਾਂ ਦੀ ਮਿਹਨਤ ਨੂੰ ਆਖਰ ਬੂਰ ਪੈ ਹੀ ਗਿਆ ਤੇ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੱਚੇ ਅਧਿਆਪਕਾਂ ਨੂੰ ਆਖਰ ਪੱਕਾ ਕਰ ਦਿੱਤਾ ਹੈ, ਜਿਸ ਨਾਲ ਪੱਕੇ ਹੋਏ ਅਧਿਆਪਕਾਂ ਦੇ ਘਰਾਂ ਵਿੱਚ ਰੌਣਕਾਂ ਪਰਤ ਆਈਆਂ ਹਨ। ਇਸੇ ਤਰ੍ਹਾਂ ਹੀ ਪਿੰਡ ਰਾਉ ਕੇ ਹਿਠਾੜ ਸਕੂਲ ਵਿਖੇ ਆਪਣੀਆਂ ਸੇਵਾਵਾਂ ਨਿਭਾਅ ਰਹੇ ਤਿੰਨ ਅਧਿਆਪਕ ਵੀ ਪੱਕੇ ਹੋ ਗਏ ਹਨ, ਜਿਨ੍ਹਾਂ ਨੂੰ ਪਿੰਡ ਰਾਉ ਕੇ ਹਿਠਾੜ ਦੇ ਸਰਪੰਚ ਗੁਰਮੁੱਖ ਸਿੰਘ, ਸਰਪੰਚ ਜੋਗਿੰਦਰ ਸਿੰਘ ਬਸਤੀ ਬੀਲਾ ਸਿੰਘ ਵਾਲੀ, ਸਕੂਲ ਦੇ ਹੈੱਡ ਟੀਚਰ ਪਰਮਜੀਤ ਸਿੰਘ ਤੇ ਐੱਸ ਐੱਮ ਸੀ ਦੇ ਚੇਅਰਮੈਨ ਸ੍ਰੀ ਹਰਜੀਤ ਸਿੰਘ ਦੀ ਰਹਿਨੁਮਾਈ ਹੇਠ ਇਨ੍ਹਾਂ ਅਧਿਆਪਕਾਂ, ਜਿਨ੍ਹਾਂ ਵਿੱਚ ਗੁਰਦੀਪ ਸਿੰਘ, ਕਰਨੈਲ ਸਿੰਘ ਤੇ ਮੈਡਮ ਗਗਨਦੀਪ ਕੌਰ ਨੇ ਇਹ ਆਰਡਰ ਪ੍ਰਾਪਤ ਕੀਤੇ, ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਇਨ੍ਹਾਂ ਅਧਿਆਪਕਾਂ ਦੇ ਪੱਕੇ ਹੋਣ 'ਤੇ ਸਕੂਲ ਦੇ ਬੱਚਿਆਂ ਵੱਲੋਂ ਇਨ੍ਹਾਂ ਅਧਿਆਪਕਾਂ 'ਤੇ ਫੁੱਲਾਂ ਦੀ ਵਰਖਾ ਕੀਤੀ ਗਈ ਤੇ ਸਕੂਲ ਵਿੱਚ ਕੇਕ ਕੱਟ ਕੇ ਖੁਸ਼ੀ ਮਨਾਈ ਗਈ। ਇਸ ਮੌਕੇ ਅਧਿਆਪਕਾ ਗੁਰਵਿੰਦਰ ਕੌਰ, ਆਂਗਣਵਾੜੀ ਵਰਕਰ ਬਲਵੰਤ ਕੌਰ, ਸੁਰਜੀਤ ਕੌਰ, ਮਨਜੀਤ ਕੌਰ, ਕੁਲਵੰਤ ਕੌਰ, ਹਰਬਿੰਦਰ ਸਿੰਘ ਟੀਚਰ ਤੇ ਹੋਰ ਪਿੰਡ ਵਾਸੀ ਤੇ ਕਮੇਟੀ ਮੈਂਬਰ ਹਾਜ਼ਰ ਸਨ। ਅਖੀਰ 'ਚ ਇਨ੍ਹਾਂ ਪੱਕੇ ਹੋਏ ਅਧਿਆਪਕਾਂ ਨੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਤੇ ਸਮੂਹ ਪਿੰਡ ਵਾਸੀਆਂ ਅਤੇ ਪੰਚਾਇਤ ਦਾ ਵੀ ਧੰਨਵਾਦ ਕੀਤਾ ਅਤੇ ਵਿਸ਼ਵਾਸ ਦਿਵਾਇਆ ਕਿ ਉਹ ਹੁਣ ਹੋਰ ਵੀ ਮਿਹਨਤ ਨਾਲ ਬੱਚਿਆਂ ਦੀ ਪੜ੍ਹਾਈ ਲਈ ਪੂਰੀ ਕੋਸ਼ਿਸ਼ ਕਰਨਗੇ।

## ਫੂਡ ਸੇਫਟੀ ਐਕਟ ਨੂੰ ਸਹੀ ਢੰਗ ਨਾਲ ਲਾਗੂ ਕੀਤਾ ਜਾਵੇ : ਢੋਸੀਵਾਲ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**

ਲੋਕਾਂ ਦੀ ਸਿਹਤ ਨਾਲ ਖਿਲਵਾੜ ਰੋਕਣ ਦੇ ਮੰਤਵ ਨਾਲ ਸਰਕਾਰ ਨੇ ਫੂਡ ਸੇਫਟੀ ਐਕਟ ਬਣਾਇਆ ਹੋਇਆ ਹੈ। ਇਸ ਐਕਟ ਅਨੁਸਾਰ ਹੋਟਲਾਂ, ਰੈਸਟੋਰੈਂਟਾਂ, ਢਾਬਿਆਂ ਤੇ ਖਾਣ-ਪੀਣ ਦੀਆਂ ਹੋਰ ਵਸਤਾਂ ਵੇਚਣ ਵਾਲਿਆਂ ਲਈ ਨਿਯਮ ਬਣਾਏ ਗਏ ਹਨ। ਸ਼ਰਤਾਂ ਤੇ ਮਾਪਦੰਡ ਨਿਰਧਾਰਤ ਕੀਤੇ ਗਏ ਹਨ। ਇਨ੍ਹਾਂ ਮਾਪਦੰਡਾਂ 'ਤੇ ਪੂਰਾ ਉਤਰਨ ਵਾਲੇ ਤੇ ਸਰਕਾਰੀ ਨਿਯਮਾਂ ਦੀ ਪਾਲਣਾ ਨਾ ਕਰਨ ਵਾਲੇ ਹੋਟਲਾਂ, ਢਾਬਿਆਂ, ਰੈਸਟੋਰੈਂਟਾਂ ਅਤੇ ਹੋਰਨਾਂ ਲਈ ਜੁਰਮਾਨੇ ਅਤੇ ਸਜ਼ਾ ਨਿਸ਼ਚਿਤ ਕੀਤੀ ਗਈ ਹੈ। ਸਮਾਜ ਦੇ ਭਲੇ ਅਤੇ ਵਿਕਾਸ ਨੂੰ ਸਮਰਪਿਤ ਪ੍ਰਮੁੱਖ ਗੈਰ ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਦੇ ਪ੍ਰਧਾਨ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਨੇ ਕਿਹਾ ਹੈ ਕਿ ਕੁਝ ਹੋਟਲਾਂ, ਢਾਬਿਆਂ, ਰੈਸਟੋਰੈਂਟਾਂ ਆਦਿ ਵੱਲੋਂ ਫੂਡ ਸੇਫਟੀ ਐਕਟ ਦੇ ਨਿਯਮਾਂ ਦੀ ਪਾਲਣਾ ਨਹੀਂ ਕੀਤੀ ਜਾਂਦੀ। ਜ਼ਿਆਦਾਤਰ ਹੋਟਲ ਮਾਲਕਾਂ ਵੱਲੋਂ ਆਪਣੇ ਵੇਟਰਾਂ ਤੇ ਹੋਰਨਾਂ ਕਾਮਿਆਂ ਦਾ ਮੈਡੀਕਲ ਨਹੀਂ ਕਰਾਇਆ ਜਾਂਦਾ। ਨਾ ਹੀ ਗਾਹਕ ਸੇਵਾ ਵੇਲੇ ਇਨ੍ਹਾਂ ਦੇ ਸਿਰ ਢਕੇ ਹੁੰਦੇ ਹਨ ਅਤੇ ਨਾ ਹੀ ਗਲੋਵਜ਼ ਵਗੈਰਾ ਪਾਏ ਹੁੰਦੇ ਹਨ। ਮਠਿਆਈਆਂ ਤੇ ਸਨੈਕਸ ਵੀ ਅਣਢਕੇ ਹੁੰਦੇ ਹਨ। ਫੂਡ ਸੇਫਟੀ ਐਕਟ ਅਨੁਸਾਰ ਹਰੇਕ ਮਠਿਆਈ ਉਪਰ ਉਸ ਦੀ ਐਕਸਪਾਈਰ ਡੇਟ ਲਿਖਣਾ ਜ਼ਰੂਰੀ ਹੁੰਦਾ ਹੈ। ਮਿਸ਼ਨ ਦੇ ਉੱਚ ਪੱਧਰੀ ਵਫ਼ਦ ਨੇ ਆਪਣੇ ਪ੍ਰਧਾਨ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਦੀ ਅਗਵਾਈ ਹੇਠ ਜ਼ਿਲ੍ਹਾ ਸਿਹਤ ਅਫ਼ਸਰ ਡਾ. ਦੁਪਿੰਦਰ ਕੁਮਾਰ ਨਾਲ ਮੁਲਾਕਾਤ ਕੀਤੀ। ਵਫ਼ਦ ਵਿੱਚ ਮਿਸ਼ਨ ਦੇ ਚੇਅਰਮੈਨ ਇੰਜ. ਅਸ਼ੋਕ ਕੁਮਾਰ ਭਾਰਤੀ ਤੋਂ ਇਲਾਵਾ ਸੀਨੀਅਰ ਮੀਤ ਪ੍ਰਧਾਨ ਨਿਰੰਜਣ ਸਿੰਘ ਰੱਖਰਾ, ਡਾ. ਸੁਰਿੰਦਰ ਗਿਰਧਰ, ਪ੍ਰਦੀਪ ਧੁੜੀਆ, ਡਾ. ਸੰਜੀਵ ਮਿੱਡਾ, ਬਲਬੀਰ ਸਿੰਘ, ਓ.ਪੀ. ਖਿੱਚੀ, ਅਰਸ਼ ਬੱਤਰਾ ਤੇ ਨਰਿੰਦਰ ਕਾਕਾ ਆਦਿ ਮੌਜੂਦ ਸਨ।





## ...ਸ.ਫ਼ਾ 1 ਦੇ ਬਾਕੀ

### ਪੰਜਾਬੀਆਂ ਦੀ ਪਿੱਠ 'ਚ...

ਹੁੰਦਾ ਹੋਵੇ, ਚਾਹੇ ਮੁਗਲ ਸ਼ਾਸ਼ਕ ਹੋਣ, ਬਰਤਾਨਵੀ ਹਾਕਮ, ਕਾਂਗਰਸ ਅਤੇ ਚਾਹੇ ਭਾਜਪਾ ਹੋਵੇ।

ਉਹਨਾ ਕਿਹਾ ਕਿ ਇਨ੍ਹਾਂ ਆਗੂਆਂ ਨੇ ਹਮੇਸ਼ਾ ਸੂਬੇ ਅਤੇ ਇਸ ਦੇ ਲੋਕਾਂ ਨਾਲੋਂ ਆਪਣੇ ਨਿੱਜੀ ਹਿੱਤਾਂ ਨੂੰ ਪਹਿਲ ਦਿੱਤੀ ਹੈ। ਉਨ੍ਹਾ ਵਿਅੰਗ ਕਰਦਿਆਂ ਕਿਹਾ ਕਿ ਹਾਲ ਹੀ ਵਿੱਚ ਭਾਜਪਾ ਦੇ ਇਕ ਵਫਦ, ਜਿਸ ਨੇ ਕੁਝ ਮੁੱਦਿਆਂ ਨੂੰ ਲੈ ਕੇ ਰਾਜਪਾਲ ਨਾਲ ਮੁਲਾਕਾਤ ਕੀਤੀ ਸੀ, ਵਿੱਚ ਉਹ ਸਾਰੇ ਦਲ-ਬਦਲੂ ਸ਼ਾਮਲ ਸਨ, ਜੋ ਕਾਂਗਰਸ ਛੱਡ ਕੇ ਭਾਜਪਾ ਵਿੱਚ ਸ਼ਾਮਲ ਹੋਏ ਸਨ। ਭਾਜਪਾ ਦਾ ਕੋਈ ਵੀ ਪੁਰਾਣਾ ਨੇਤਾ ਇਸ ਵਫਦ ਦਾ ਹਿੱਸਾ ਨਹੀਂ ਸੀ, ਜਿਸ ਦੀ ਅਗਵਾਈ ਭਗਵਾਂ ਪਾਰਟੀ ਦੇ ਨਵੇਂ ਪ੍ਰਧਾਨ ਕਰ ਰਹੇ ਸਨ। ਇੱਥੋਂ ਤੱਕ ਕਿ ਵਫਦ ਦੀ ਅਗਵਾਈ ਸੁਨੀਲ ਜਾਖੜ ਨੇ ਕੀਤੀ, ਜੋ ਖੁਦ ਕਿਸੇ ਸਮੇਂ ਸੂਬਾ ਕਾਂਗਰਸ ਦੇ ਪ੍ਰਧਾਨ ਸਨ, ਪਰ ਹਾਲ ਹੀ ਵਿੱਚ ਇਸ ਅਹੁਦੇ ਲਈ ਆਪਣੀ ਵਫਾਦਾਰੀ ਬਦਲ ਚੁੱਕੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਤੇ ਪੰਜਾਬੀਆਂ ਦੀ ਪਿੱਠ ਵਿੱਚ ਛੁਰਾ ਮਾਰਨ ਵਾਲੇ ਇਹਨਾਂ ਲੋਕਾਂ ਨੂੰ ਸਬਕ ਸਿਖਾਇਆ ਜਾਣਾ ਚਾਹੀਦਾ ਹੈ ਤਾਂ ਕਿ ਬਾਕੀਆਂ ਨੂੰ ਵੀ ਸਬਕ ਮਿਲ ਸਕੇ। ਮਾਨ ਨੇ ਕਿਹਾ ਕਿ ਪੰਜਾਬ ਪਹਿਲਾਂ ਹੀ ਸਾਲ 2022 ਵਿੱਚ ਸੂਬੇ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਨਾਲ ਇਸ ਲਹਿਰ ਨੂੰ ਦੇਖ ਚੁੱਕਾ ਹੈ। ਇੱਕ ਮਿਸਾਲ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸਾਬਕਾ ਵਿੱਤ ਮੰਤਰੀ ਮਨਪ੍ਰੀਤ ਬਾਦਲ, ਜਿਨ੍ਹਾ ਉਨ੍ਹਾ ਨੂੰ ਸਿਆਸਤ ਵਿੱਚ ਲਿਆਂਦਾ ਸੀ, ਖਿਲਾਫ ਵੀ ਬੇਨਿਯਮੀਆਂ ਦਾ ਮੁਕੱਦਮਾ ਦਰਜ ਕੀਤਾ ਗਿਆ ਹੈ। ਭਗਵੰਤ ਮਾਨ ਨੇ ਕਿਹਾ ਕਿ ਸਾਬਕਾ ਵਿੱਤ ਮੰਤਰੀ ਨੇ ਸ਼ਹੀਦ ਭਗਤ ਸਿੰਘ ਦੇ ਜੱਦੀ ਪਿੰਡ ਜਾ ਕੇ ਸੂਬੇ ਦੀ ਸੇਵਾ ਕਰਨ ਦੀ ਸਹੁੰ ਚੁੱਕੀ ਸੀ, ਪਰ ਉਹ ਆਪਣਾ ਵਾਅਦਾ ਪੂਰਾ ਕਰਨ ਦੀ ਬਜਾਏ ਇਸ ਨੂੰ ਭੁੱਲ ਗਏ ਅਤੇ ਅਹੁਦੇ ਦੀ ਖਾਤਰ ਪਹਿਲਾਂ ਕਾਂਗਰਸ ਵਿੱਚ ਅਤੇ ਹੁਣ ਭਾਜਪਾ ਵਿੱਚ ਸ਼ਾਮਲ ਹੋ ਗਏ। ਉਨ੍ਹਾ ਕਿਹਾ ਕਿ ਜੇਕਰ ਕੋਈ ਵੀ ਆਪਣੇ ਸਰਕਾਰੀ ਅਹੁਦੇ ਦੀ ਦੁਰਵਰਤੋਂ ਕਰਕੇ ਸੂਬੇ ਦੇ ਲੋਕਾਂ ਨਾਲ ਗੱਦਾਰੀ ਕਰਦਾ ਹੈ ਤਾਂ ਉਸ ਨੂੰ ਆਪਣੇ ਗੁਨਾਹਾਂ ਦਾ ਖਮਿਆਜ਼ਾ ਭੁਗਤਣਾ ਪਵੇਗਾ। ਉਹਨਾ ਕਿਹਾ ਕਿ ਸਰਕਾਰੀ ਖਜ਼ਾਨਾ ਪਹਿਲਾਂ ਵਾਂਗ ਹੁਣ ਖਾਲੀ ਨਹੀਂ ਰਿਹਾ, ਸਗੋਂ ਇਸ ਵਿੱਚੋਂ ਇੱਕ-ਇੱਕ ਪੈਸਾ ਆਮ ਆਦਮੀ ਦੀ ਭਲਾਈ ਲਈ ਵਰਤਿਆ ਜਾ ਰਿਹਾ ਹੈ। ਸੂਬਾ ਸਰਕਾਰ ਵੱਲੋਂ ਪੰਜਾਬ ਦੇ ਵਿਆਪਕ ਵਿਕਾਸ ਅਤੇ ਇਸ ਦੇ ਲੋਕਾਂ ਦੀ ਖੁਸ਼ਹਾਲੀ ਨੂੰ ਯਕੀਨੀ ਬਣਾਉਣ ਲਈ ਕਈ ਪਹਿਲਕਦਮੀਆਂ ਕੀਤੀਆਂ ਗਈਆਂ ਹਨ। ਉਹਨਾ ਉਮੀਦ ਪ੍ਰਗਟਾਈ ਕਿ ਉਹ ਦਿਨ ਦੂਰ ਨਹੀਂ, ਜਦੋਂ ਸੂਬਾ ਸਰਕਾਰ ਦੇ ਠੋਸ ਯਤਨਾਂ ਸਦਕਾ ਪੰਜਾਬ ਵਿਸ਼ਵ ਭਰ ਵਿੱਚ ਮੋਹਰੀ ਸੂਬਾ ਬਣ ਕੇ ਉਭਰੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਵਿੱਚ ਹੜ੍ਹਾਂ ਕਾਰਨ ਲੋਕਾਂ ਦੇ ਹੋਏ ਨੁਕਸਾਨ ਦਾ ਪਤਾ ਲਾਉਣ ਲਈ ਪਹਿਲਾਂ ਹੀ ਵਿਸ਼ੇਸ਼ ਗਿਰਦਾਵਰੀ ਦੇ ਹੁਕਮ ਦਿੱਤੇ ਹਨ। ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਵਿਸ਼ੇਸ਼ ਗਿਰਦਾਵਰੀ ਨੂੰ 15 ਅਗਸਤ ਤੱਕ ਹਰ ਹੀਲੇ ਮੁਕੰਮਲ ਕਰਨਾ ਯਕੀਨੀ ਬਣਾਇਆ ਜਾਵੇ। ਮਾਨ ਨੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਸਾਡੀ ਸਰਕਾਰ ਹੜ੍ਹਾਂ ਵਿਚ ਹੋਏ ਨੁਕਸਾਨ ਲਈ ਲੋਕਾਂ ਨੂੰ ਮੁਆਵਜ਼ਾ ਜ਼ਰੂਰ ਦੇਵੇਗੀ, ਭਾਵੇਂ ਉਨ੍ਹਾਂ ਦੀ ਇੱਕ ਮੁਰਗੀ ਜਾਂ ਬੱਕਰੀ ਦਾ ਦੀ ਨੁਕਸਾਨ ਹੋਇਆ ਹੋਵੇ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਸੰਕਟ ਦੀ ਇਸ ਘੜੀ ਵਿੱਚ ਲੋਕਾਂ ਨੂੰ ਰਾਹਤ ਦੇਣ ਲਈ ਕੇਂਦਰ ਤੋਂ ਭੀਖ ਨਹੀਂ ਮੰਗੇਗੀ। ਸੂਬਾ ਸਰਕਾਰ ਕੋਲ ਲੋਕਾਂ ਨੂੰ ਇਸ ਗੰਭੀਰ ਸੰਕਟ ਵਿੱਚੋਂ ਕੱਢਣ ਲਈ ਲੋੜੀਂਦੇ ਸਾਧਨ ਮੌਜੂਦ ਹਨ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਸੂਬਾ ਸਰਕਾਰ ਹੜ੍ਹ ਪੀੜਤਾਂ ਲਈ ਕੇਂਦਰ ਸਰਕਾਰ ਤੋਂ ਇਕ ਪੈਸਾ ਵੀ ਨਹੀਂ ਮੰਗੇਗੀ। ਸ਼ਹੀਦ ਊਧਮ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਹ ਸੁਨਾਮ ਦੀ ਇਸ ਪਵਿੱਤਰ ਧਰਤੀ 'ਤੇ ਸਿਰ ਝੁਕਾਉਂਦੇ ਹਨ, ਜਿੱਥੇ ਇਸ ਧਰਤੀ ਦੇ ਮਹਾਨ ਪੁੱਤਰ ਨੇ ਜਨਮ ਲਿਆ ਸੀ। ਉਨ੍ਹਾ ਆਪਣੇ ਦੋਸਤਾਂ ਅਤੇ ਇਲਾਕੇ ਦੇ ਅਧਿਆਪਕਾਂ ਨਾਲ ਆਪਣੀ ਲੰਮੀ ਸਾਂਝ ਨੂੰ ਚੇਤੇ ਕਰਦਿਆਂ ਕਿਹਾ ਕਿ ਉਹ ਬਚਪਨ ਵਿੱਚ ਆਪਣੇ ਪਿਤਾ ਨਾਲ ਇਸ ਸਥਾਨ 'ਤੇ ਸ਼ਹੀਦ ਨੂੰ ਸਿਜਦਾ ਕਰਨ ਆਉਂਦੇ ਸਨ। ਮਾਨ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਮਹਾਨ ਸਪੂਤ ਸੀ, ਜਿਸ ਨੇ ਜਲ੍ਹਿਆਂਵਾਲਾ ਬਾਗ ਦੇ ਸਾਕੇ ਦੇ ਮੁੱਖ ਦੋਸ਼ੀ ਮਾਈਕਲ ਓਡਵਾਇਰ ਨੂੰ ਮਾਰ ਕੇ ਬਹਾਦਰੀ ਦਾ ਸਬੂਤ ਦਿੱਤਾ ਸੀ।

ਉਹਨਾ ਕਿਹਾ ਕਿ ਕੌਮੀ ਆਜ਼ਾਦੀ ਸੰਘਰਸ਼ ਵਿਚ ਇਸ ਮਹਾਨ ਨਾਇਕ ਵੱਲੋਂ ਦਿੱਤੀ ਗਈ ਮਹਾਨ ਕੁਰਬਾਨੀ ਨੇ ਦੇਸ਼ ਨੂੰ ਬਰਤਾਨਵੀ ਸਾਮਰਾਜਵਾਦ ਦੇ ਜੂਲੇ ਤੋਂ ਮੁਕਤ ਹੋਣ ਵਿੱਚ ਮਦਦ ਕੀਤੀ। ਮਾਨ ਨੇ ਕਿਹਾ ਕਿ ਇੱਕ ਕਲਾਕਾਰ ਹੋਣ ਦੇ ਨਾਤੇ ਉਹ ਜਦੋਂ ਵੀ ਲੰਡਨ ਜਾਂਦੇ ਸਨ ਤਾਂ ਉਹ ਕੈਕਸਟਨ ਹਾਲ ਵਿੱਚ ਜ਼ਰੂਰ ਜਾਂਦੇ ਸਨ, ਜਿੱਥੇ ਸ਼ਹੀਦ ਊਧਮ ਸਿੰਘ ਨੇ ਜਲ੍ਹਿਆਂਵਾਲਾ ਬਾਗ ਦੇ ਸਾਕੇ ਦਾ ਬਦਲਾ ਲਿਆ ਸੀ। ਉਨ੍ਹਾ ਕਿਹਾ ਕਿ ਇਹ ਹਾਲ ਸਾਡੇ ਸਾਰਿਆਂ ਲਈ ਬਹੁਤ ਮਹੱਤਵ ਰੱਖਦਾ ਹੈ, ਕਿਉਂਕਿ ਇਹ ਸਾਨੂੰ ਸ਼ਹੀਦ ਦੀ ਵੀਰ ਗਾਥਾ ਦੀ ਯਾਦ ਦਿਵਾਉਂਦਾ ਹੈ, ਜੋ ਸਾਡੀਆਂ ਨੌਜਵਾਨ ਪੀੜ੍ਹੀਆਂ ਲਈ ਜਬਰ-ਜ਼ੁਲਮ ਅਤੇ ਅਨਿਆਂ ਵਿਰੁੱਧ ਲੜਨ ਲਈ ਪ੍ਰੇਰਨਾਸਰੋਤ ਬਣਿਆ ਰਹੇਗਾ। ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ ਤੇ ਹੋਰ ਵੀ ਹਾਜ਼ਰ ਸਨ।

### ਚੰਡੀਗੜ੍ਹ ਨਗਰ ਨਿਗਮ...

ਸਭ ਤੋਂ ਵੱਧ ਅਸਰ ਪੰਜਾਬ ਦੇ ਲੋਕਾਂ 'ਤੇ ਪਵੇਗਾ। ਪੰਜਾਬ ਅਜਿਹੇ ਫੈਸਲੇ ਨੂੰ ਕਦੇ ਵੀ ਬਰਦਾਸ਼ਤ ਨਹੀਂ ਕਰੇਗਾ। ਕੰਗ ਨੇ ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਬਨਵਾਰੀ ਲਾਲ ਪੁਰੋਹਿਤ ਨੂੰ ਇਸ ਫੈਸਲੇ ਨੂੰ ਕਿਸੇ ਵੀ ਕੀਮਤ 'ਤੇ ਨਾ ਮੰਨਣ ਦੀ ਅਪੀਲ ਕੀਤੀ ਹੈ। ਉਨ੍ਹਾ ਕਿਹਾ ਕਿ ਚੰਡੀਗੜ੍ਹ ਨਗਰ ਨਿਗਮ ਦੀ ਤਜਵੀਜ਼ ਉਦੋਂ ਹੀ ਕਾਨੂੰਨ ਬਣ ਸਕਦੀ ਹੈ, ਜਦੋਂ ਰਾਜਪਾਲ ਇਸ 'ਤੇ ਆਪਣੇ ਦਸਤਖਤ ਕਰਨਗੇ। ਇਸ ਲਈ ਰਾਜਪਾਲ ਨੂੰ ਸੋਚ-ਵਿਚਾਰ ਕੇ ਇਸ ਪ੍ਰਸਤਾਵ 'ਤੇ ਦਸਤਖਤ ਕਰਨੇ ਚਾਹੀਦੇ ਹਨ। ਉਹਨਾ ਭਾਜਪਾ ਨੂੰ ਅਜਿਹੀਆਂ ਹਰਕਤਾਂ ਤੋਂ ਗੁਰੇਜ਼ ਕਰਨ ਅਤੇ ਚੰਡੀਗੜ੍ਹ 'ਤੇ ਪੰਜਾਬ ਦੇ ਹੱਕਾਂ ਨਾਲ ਛੇੜਛਾੜ ਨਾ ਕਰਨ ਦੀ ਚਿਤਾਵਨੀ ਦਿੱਤੀ। ਉਨ੍ਹਾ ਕਿਹਾ ਕਿ ਚੰਡੀਗੜ੍ਹ 'ਤੇ ਪੰਜਾਬ ਦੇ ਅਧਿਕਾਰ ਨੂੰ ਕਮਜ਼ੋਰ ਕਰਨ ਵਾਲਾ ਕੋਈ ਵੀ ਅਜਿਹਾ ਫੈਸਲਾ ਸਾਨੂੰ ਅਤੇ ਹਰ ਪੰਜਾਬੀ ਨੂੰ ਬਰਦਾਸ਼ਤ ਨਹੀਂ ਅਤੇ ਅਜਿਹੀ ਕੋਈ ਵੀ ਯੋਜਨਾ ਕਦੇ ਵੀ ਸਫਲ ਨਹੀਂ ਹੋ ਸਕਦੀ।

## ਅਧਿਆਪਕਾਂ ਦੀ ਘਾਟ ਨੂੰ ਲੈ ਕੇ ਛੇ ਦਿਨ ਤੋਂ ਚੱਲ ਰਿਹਾ ਧਰਨਾ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਪਿੰਡ ਕਲਾਲਵਾਲਾ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਅਧਿਆਪਕਾਂ ਦੀ ਘਾਟ ਨੂੰ ਲੈ ਕੇ ਲਗਾਤਾਰ ਛੇ ਦਿਨਾਂ ਤੋਂ ਧਰਨਾ ਚੱਲ ਰਿਹਾ ਹੈ। ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਬਠਿੰਡਾ ਦੇ ਆਗੂ ਜਗਦੇਵ ਸਿੰਘ ਜੋਗੇਵਾਲਾ ਨੇ ਦੱਸਿਆ ਕਿ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਲਾਲ ਵਾਲਾ ਵਿਖੇ ਪਹਿਲਾ ਹੀ ਅਧਿਆਪਕਾਂ ਦੀ ਘਾਟ ਹੈ। ਸਕੂਲ ਵਿੱਚ ਕੁੱਲ ਵੀਹ ਅਧਿਆਪਕਾਂ ਦੀ ਲੋੜ ਹੈ, ਜਦੋਂ ਕਿ ਸਕੂਲ ਵਿੱਚ ਸਿਰਫ 13 ਅਧਿਆਪਕ ਹੀ ਕੰਮ ਕਰ ਰਹੇ ਹਨ। ਜਦੋਂਕਿ ਜ਼ਿਲ੍ਹਾ ਸਿੱਖਿਆ ਅਫਸਰ (ਸੈ ਸਿੱ) ਬਠਿੰਡਾ ਵੱਲੋਂ ਇੱਕ ਅਧਿਆਪਕਾਂ ਦਾ ਡੈਪੂਟੇਸ਼ਨ ਹੋਰ ਜਗ੍ਹਾ ਕਰ ਦਿੱਤਾ ਗਿਆ ਹੈ ਅਤੇ ਇੱਕ ਅਧਿਆਪਕਾ ਮੈਟਰਨਿਟੀ ਛੁੱਟੀ 'ਤੇ ਚੱਲ ਰਹੀ ਹੈ। ਜਿਸ ਕਾਰਨ ਸਕੂਲ ਵਿੱਚ ਸਿਰਫ 11 ਅਧਿਆਪਕ ਹੀ ਰਹਿ ਗਏ ਹਨ, ਜਿਸ ਦੇ ਸਿੱਟੇ ਵਜੋਂ ਸਕੂਲ ਪੜ੍ਹਦੇ ਬੱਚਿਆਂ ਦੇ ਮਾਪਿਆਂ, ਨਗਰ ਨਿਵਾਸੀਆਂ ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਸਕੂਲ ਅੱਗੇ ਧਰਨਾ ਲਾਇਆ ਹੋਇਆ ਹੈ। ਛੇਵੇਂ ਦਿਨ ਧਰਨੇ ਹੋਣ 'ਤੇ ਵੀ ਸਿੱਖਿਆ ਵਿਭਾਗ ਤੇ ਡੀ ਈ ਓ (ਸੈ ਸਿੱ) ਵੱਲੋਂ ਅਧਿਆਪਕਾਂ ਦੀ ਘਾਟ ਨੂੰ ਪੂਰਾ ਨਹੀਂ ਕੀਤਾ ਗਿਆ, ਇਸ ਲਈ ਬੀਕੇਯੂ ਉਗਰਾਹਾਂ ਵੱਲੋਂ ਬੱਚਿਆਂ ਦੇ ਮਾਪਿਆਂ ਤੇ ਪਿੰਡ ਵਾਸੀਆਂ ਨੂੰ ਨਾਲ ਲੈ ਕੇ ਵੱਡਾ ਇਕੱਠ ਕਰਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਦੀ ਅਰਥੀ ਸਾੜੀ ਗਈ ਤੇ ਮੰਗ ਕੀਤੀ ਗਈ ਕਿ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਲਾਲਵਾਲਾ ਦੇ ਅਧਿਆਪਕ ਨੂੰ ਵਾਪਸ ਜੁਆਇੰਨ ਕਰਾਇਆ ਜਾਵੇ। ਮੰਗਾਂ ਪੂਰੀਆਂ ਹੋਣ ਤੱਕ ਪਿੰਡ ਵੱਲੋਂ ਸੰਘਰਸ਼ ਜਾਰੀ ਰਹੇਗਾ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**

ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

1-August-PAGE-3.qxd 7/31/2023 10:56 PM Page 1



# ਸ਼ਹੀਦ ਊਧਮ ਸਿੰਘ ਸੁਨਾਮ ਦੇ ਵਿਚਾਰਾਂ ਦਾ ਸਮਾਜ ਬਣਾਉਣਾ ਅਤੀ ਜ਼ਰੂਰੀ : ਮਾੜੀਮੇਘਾ, ਔਲਖ



**ਤਲਵਾੜਾ (ਬਲਬੀਰ ਸਿੰਘ ਸੈਣੀ)**-ਸ਼ਹੀਦ ਊਧਮ ਸਿੰਘ ਦੇ ਦਿਵਸ 'ਤੇ ਸੀਪੀਆਈਐੱਮ ਤੇ ਸੀਪੀਆਈ ਵੱਲੋਂ ਤਲਵਾੜਾ ਵਿਖੇ ਵਿਚਾਰ ਚਰਚਾ ਕੀਤੀ ਗਈ। ਸ਼ਰਧਾਂਜਲੀ ਅਰਪਿਤ ਕਰਨ ਵਾਲਿਆਂ ਵਿੱਚ ਤਹਿਸੀਲਦਾਰ ਉਂਕਾਰ ਸਿੰਘ ਬੰਦਾ, ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਦੇ ਜਨਰਲ ਸਕੱਤਰ ਪਿਰਥੀਪਾਲ ਸਿੰਘ ਮਾੜੀਮੇਘਾ, ਕਮੇਟੀ ਮੈਂਬਰ ਰਣਜੀਤ ਸਿੰਘ ਔਲਖ, ਸੁਖਦੇਵ ਸਿੰਘ ਤਲਵਾੜਾ, ਕੈਪਟਨ ਵਿਨੋਦ ਕੁਮਾਰ ਸ਼ਰਮਾ, ਏਟਕ ਆਗੂ ਅਸ਼ੋਕ ਕੁਮਾਰ, ਸੋਮਰਾਜ ਸਨ। ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਪਿਰਥੀਪਾਲ ਸਿੰਘ ਮਾੜੀਮੇਘਾ ਨੇ ਕਿਹਾ ਕਿ ਇਨਕਲਾਬੀ ਊਧਮ ਸਿੰਘ ਸਿਰਫ ਬਦਲੇ ਲੈਣ ਵਾਲਾ ਹੀ ਮਨੁੱਖ ਨਹੀਂ ਸੀ ਉਸ ਦੀ ਵਿਚਾਰਧਾਰਾ ਤਾਂ ਹਿੰਦੁਸਤਾਨ ਨੂੰ ਫਿਰ ਸੋਨੇ ਦੀ ਚਿੜੀ ਬਣਾਉਣ ਵਾਲੀ ਸੀ। ਜਿਹੜਾ ਮਨੁੱਖ ਇਹ ਵਿਚਾਰਧਾਰਾ ਗ੍ਰਹਿਣ ਕਰ ਲੈਂਦਾ ਹੈ ਉਸ ਨੂੰ ਡਰ ਨਹੀਂ ਲੱਗਦਾ ਉਹ ਇਨਕਲਾਬੀ ਬਣ ਜਾਂਦਾ ਹੈ। ਇਸੇ ਸੋਚ ਨੇ ਭਗਤ ਸਿੰਘ ਨੂੰ ਕ੍ਰਾਂਤੀਕਾਰੀ ਬਣਾਇਆ ਸੀ ਤੇ ਉਸ ਨੇ ਅੰਗਰੇਜ਼ਾਂ ਨੂੰ ਵੰਗਾਰਿਆ ਕਿ ਸਾਡਾ ਦੇਸ਼ ਛੱਡ ਜਾਉ ਅਸੀਂ ਜਾਗ ਪਏ ਹਾਂ, ਜੇ ਤੁਸੀਂ ਸਾਡਾ ਦੇਸ਼ ਆਜ਼ਾਦ ਨਾ ਕੀਤਾ ਤਾਂ ਅਸੀਂ ਹਥਿਆਰਾਂ ਦੀ ਤਾਕਤ ਵਰਤ ਕੇ ਬਾਹਰ ਕੱਢਾਂਗੇ। ਮਾੜੀਮੇਘਾ ਨੇ ਕਿਹਾ ਕਿ ਹਿੰਦੁਸਤਾਨ ਹੁਣ ਵੀ ਸੋਨੇ ਦੀ ਚਿੜੀ ਹੈ ਤੇ ਹਮੇਸ਼ਾ ਰਹੇਗਾ। ਦੇਸ਼ ਆਜ਼ਾਦ ਹੋਣ ਤੋਂ ਹਰ ਇੱਕ ਨੂੰ ਰੁਜ਼ਗਾਰ, ਵਿੱਦਿਆ, ਸਿਹਤ ਤੇ ਘਰ ਮਿਲੇਗਾ। ਦੇਸ਼ ਭਗਤ ਯਾਦਗਾਰ ਕਮੇਟੀ ਦੇ ਮੈਂਬਰ ਰਣਜੀਤ ਸਿੰਘ ਔਲਖ ਨੇ ਕਿਹਾ ਕਿ ਗਦਰੀ ਬਾਬਿਆਂ ਦੀ ਸੋਚ ਦਾ ਸਮਾਜ ਬਣਾਉਣਾ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਨੇ ਹਿੰਦੁਸਤਾਨ ਨੂੰ ਬਰਾਬਰਤਾ ਤੇ ਧਰਮ ਨਿਰਪੱਖ ਸਮਾਜ ਉਸਾਰਨ ਲਈ ਵਿਦੇਸ਼ ਵਿੱਚੋਂ ਆ ਕੇ ਕੁਰਬਾਨੀ ਦਿੱਤੀ।

## 1900 ਨਸ਼ੀਲੀਆਂ ਗੋਲੀਆਂ ਸਣੇ ਇਕ ਕਾਬੂ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਥਾਣਾ ਧਾਰੀਵਾਲ ਦੀ ਪੁਲਸ ਨੇ 1900 ਨਸ਼ੀਲੀਆਂ ਗੋਲੀਆਂ ਸਣੇ ਇਕ ਵਿਅਕਤੀ ਨੂੰ ਕਾਬੂ ਕੀਤਾ ਹੈ। ਇਸ ਸਬੰਧੀ ਡੀਐੱਸਪੀ ਰਾਜਬੀਰ ਸਿੰਘ ਤੇ ਥਾਣਾ ਮੁਖੀ ਸਬ ਇਂਸਪੈਕਟਰ ਰਜਿੰਦਰ ਕੌਰ ਨੇ ਦੱਸਿਆ ਕਿ ਸਹਾਇਕ ਸਬ-ਇੰਸਪੈਕਟਰ ਬਲਬੀਰ ਸਿੰਘ ਨੇ ਸਮੇਤ ਪੁਲਸ ਪਾਰਟੀ ਸ਼ਹਿਰ ਦੇ ਬਾਹਰਵਾਰ ਨੈਸ਼ਨਲ ਹਾਈਵੇ ਖੁੰਡਾ ਬਾਈਪਾਸ ਨੇੜੇ ਲਗਾਏ ਨਾਕੇ ਦੌਰਾਨ ਇਕ ਵਿਅਕਤੀ ਨੂੰ ਸ਼ੱਕ ਦੀ ਬਨਾਹ ਤੇ ਕਾਬੂ ਕਰਕੇ ਚੈੱਕ ਕਰਨ 'ਤੇ ਉਸ ਕੋਲੋਂ 33 ਪੱਤੇ/ਹਰੇਕ ਪੱਤੇ 50 ਗੋਲੀਆਂ (ਕੁੱਲ 1650 ਗੋਲੀਆਂ) ਅਤੇ 25 ਪੱਤੇ/ਹਰੇਕ ਪੱਤੇ ਵਿੱਚ 10 ਗੋਲੀਆਂ (ਕੁੱਲ 250 ਗੋਲੀਆਂ) ਵੱਖ-ਵੱਖ ਦੋ ਮਾਰਕਿਆਂ ਦੀਆਂ ਹਨ, ਬਰਾਮਦ ਕੀਤੀਆਂ। ਮੁਲਜ਼ਮ ਦੀ ਪਛਾਣ ਜਸਵਿੰਦਰ ਸਿੰਘ ਪੁੱਤਰ ਜਗੀਰ ਸਿੰਘ ਵਾਸੀ ਦੁੱਲੂਆਣਾ ਵਜੋਂ ਹੋਈ। ਪੁਲਸ ਨੇ 1900 ਨਸ਼ੀਲੀਆਂ ਗੋਲੀਆਂ ਸਮੇਤ ਜਸਵਿੰਦਰ ਸਿੰਘ ਨੂੰ ਗ੍ਰਿਫਤਾਰ ਕਰਕੇ ਉਸ ਵਿਰੁੱਧ ਐੱਨਡੀਪੀਐੱਸ ਐਕਟ ਤਹਿਤ ਮੁਕੱਦਮਾ ਦਰਜ ਕੀਤਾ ਹੈ।

## ਆਈਸੀਆਈਸੀਆਈ ਪਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਵੱਲੋਂ ਇੱਕ ਵਿਲੱਖਣ ਉਤਪਾਦ ਲਾਂਚ

**ਅੰਮ੍ਰਿਤਸਰ** : ਆਈਸੀਆਈਸੀਆਈ ਪਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਨੇ 'ਆਈਸੀਆਈਸੀਆਈ ਪਰੂਪ੍ਰੋਟੈਕਟ ਐਨ ਗੇਨ' ਨਾਂ ਦਾ ਇੱਕ ਵਿਲੱਖਣ ਉਤਪਾਦ ਲਾਂਚ ਕੀਤਾ ਹੈ ਜੋ ਦੁਰਘਟਨਾ ਸਮੇਂ ਮੌਤ ਅਤੇ ਦੁਰਘਟਨਾ ਵਿੱਚ ਸਥਾਈ ਅਪੰਗਤਾ ਤੋਂ ਸੁਰੱਖਿਆ, ਮਾਰਕੀਟ ਲਿੰਕਡ ਰਿਟਰਨ ਰਾਹੀਂ ਲੰਬੀ ਮਿਆਦ ਦੀ ਪੂੰਜੀ ਸਿਰਜਣਾ ਅਤੇ ਵਿੱਤੀ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਇੱਕ ਵਿਆਪਕ ਜੀਵਨ ਬੀਮਾ ਕਵਰ ਦੀ ਪੇਸ਼ਕਸ਼ ਕਰਦਾ ਹੈ। ਇਹ ਉਤਪਾਦ ਸਲਾਨਾ ਪ੍ਰੀਮੀਅਮ ਤੋਂ 100 ਗੁਣਾ ਤੱਕ ਜੀਵਨ ਬੀਮਾ ਕਵਰ ਪ੍ਰਦਾਨ ਕਰਦਾ ਹੈ ਅਤੇ ਗਾਹਕਾਂ ਨੂੰ ਇੱਕਵਿਟੀ ਅਤੇ ਡੇਟ ਵਿੱਚ 18 ਫੰਡ ਵਿਕਲਪਾਂ ਵਿੱਚੋਂ ਚੁਣਨ ਦੀ ਪੇਸ਼ਕਸ਼ ਕਰਕੇ ਵੱਧ ਤੋਂ ਵੱਧ ਰਿਟਰਨ ਪ੍ਰਾਪਤ ਕਰਨ ਦੇ ਯੋਗ ਬਣਾਉਂਦਾ ਹੈ। ਚੀਫ ਡਿਸਟ੍ਰੀਬਿਊਸ਼ਨ ਅਫਸਰ ਅਮਿਤ ਪਲਟਾ ਨੇ ਕਿਹਾ ਕਿ ਸਾਨੂੰ ਵਿਲੱਖਣ ਉਤਪਾਦ ਲਾਂਚ ਕਰਨ ਵਿੱਚ ਖੁਸ਼ੀ ਮਹਿਸੂਸ ਹੋ ਰਹੀ ਹੈ ਜੋ ਕਿ ਗਾਹਕਾਂ ਨੂੰ 100 ਗੁਣਾ ਸਾਲਾਨਾ ਪ੍ਰੀਮੀਅਮ ਤੱਕ ਦਾ ਜੀਵਨ ਕਵਰ ਪ੍ਰਦਾਨ ਕਰਦਾ ਹੈ ਅਤੇ ਕਿਸੇ ਵੀ ਸਥਿਤੀ ਵਿੱਚ ਗਾਹਕਾਂ ਦੇ ਵਿੱਤੀ ਬੱਚਤ ਟੀਚਿਆਂ ਨੂੰ ਸੁਰੱਖਿਅਤ ਰੱਖਦਾ ਹੈ।

# ਸਰਹੱਦ ਨਾਲ ਲੱਗਦੇ ਪਿੰਡਾਂ ਦੇ ਵਿਕਾਸ 'ਚ ਕੋਈ ਕਸਰ ਨਹੀਂ ਛੱਡੀ ਜਾਵੇਗੀ : ਡਾ. ਸੋਹਲ



**ਤਰਨ ਤਾਰਨ (ਸਾਗਰਦੀਪ ਸਿੰਘ ਅਰੋੜਾ)**-ਹਲਕਾ ਵਿਧਾਇਕ ਪਿੰਡ-ਪਿੰਡ ਗਲੀ-ਗਲੀ ਪ੍ਰੋਗਰਾਮ ਦੇ ਤਹਿਤ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਪਿੰਡ ਲਹੀਆਂ ਵਿਖੇ ਪਹੁੰਚੇ ਜਿੱਥੇ ਕਿ ਵਿਧਾਇਕ ਸੋਹਲ ਵੱਲੋਂ ਪਾਰਟੀ ਦੇ ਵਲੰਟੀਅਰਾਂ, ਆਪ ਆਗੂ ਡਾ. ਸਤਪਾਲ ਸਿੰਘ ਭੋਲਾ ਅਤੇ ਹੋਰ ਮੋਹਤਬਾਰ ਵਿਅਕਤੀਆਂ ਨਾਲ ਮੀਟਿੰਗ ਕੀਤੀ ਗਈ ਅਤੇ ਪਿੰਡ ਦੇ ਲੋਕਾਂ ਨੂੰ ਜੋ ਮੁਸ਼ਕਿਲਾਂ ਆ ਰਹੀਆਂ ਸਨ ਉਸਦੇ ਬਾਰੇ ਜਾਣਕਾਰੀ ਹਾਸਲ ਕੀਤੀ। ਪਿੰਡ ਵਾਸੀਆਂ ਨੇ ਗਲੀਆਂ ਨਾਲੀਆਂ ਅਤੇ ਪਾਣੀ ਦੇ ਨਿਕਾਸੀ, ਛੱਪੜ ਸਫਾਈ ਦੀ ਸਮੱਸਿਆ ਨੂੰ ਵਿਧਾਇਕ ਸੋਹਲ ਦੇ ਧਿਆਨ ਵਿੱਚ ਲਿਆਂਦਾ। ਮੀਟਿੰਗ ਤੋਂ ਬਾਅਦ ਡਾ. ਸੋਹਲ ਨੇ ਪਿੰਡ ਵਾਸੀਆਂ ਨਾਲ ਪਿੰਡ ਦਾ ਦੌਰਾ ਵੀ ਕੀਤਾ। ਮੀਟਿੰਗ ਨੂੰ ਸੰਬੋਧਨ ਕਰਦਿਆਂ ਵਿਧਾਇਕ ਡਾ. ਸੋਹਲ ਨੇ ਕਿਹਾ ਕਿ ਹਲਕਾ ਤਰਨਤਾਰਨ ਦੇ ਪਿੰਡਾਂ ਦੇ ਵਿਕਾਸ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ ਤੇ ਬਾਡਰ ਨਾਲ ਲੱਗਦੇ ਪਿੰਡਾਂ ਦੀ ਕਿਸੇ ਵੀ ਸਰਕਾਰ ਨੇ ਅੱਜ ਤੱਕ ਸਾਰ ਨਹੀਂ ਲਈ, ਜਿਸ ਕਾਰਨ ਅੱਜ ਬਾਰਡਰ ਏਰੀਏ ਦੇ ਪਿੰਡਾਂ ਦੀ ਹਾਲਤ ਬਹੁਤ ਤਰਸਯੋਗ ਹੈ ਤੇ ਉਨ੍ਹਾਂ ਵੱਲੋਂ ਇਨ੍ਹਾਂ ਪਿੰਡਾਂ ਦਾ ਵਿਕਾਸ ਪਹਿਲ ਦੇ ਅਧਾਰ 'ਤੇ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਪਿੰਡਾਂ ਦੇ ਵਿਕਾਸ ਲਈ ਵਚਨਬੱਧ ਹੈ। ਆਪ ਆਗੂ ਸਤਪਾਲ ਸਿੰਘ ਨੇ ਪੱਤਰਕਾਰਾਂ ਨੂੰ ਦੱਸਿਆ ਕਿ 75 ਸਾਲਾਂ ਵਿੱਚ ਪਹਿਲੀ ਵਾਰ ਸਾਨੂੰ ਅਜਿਹਾ ਮਿਹਨਤੀ ਅਤੇ ਇਮਾਨਦਾਰ ਵਿਧਾਇਕ ਮਿਲਿਆ ਹੈ ਤੇ ਸਾਨੂੰ ਆਸ ਹੈ ਕਿ ਡਾ. ਸੋਹਲ ਸਾਰੀਆਂ ਮੁਸ਼ਕਿਲਾਂ ਦਾ ਜਲਦ ਤੋਂ ਜਲਦ ਹੱਲ ਕਰਵਾਉਣਗੇ। ਇਸ ਮੌਕੇ ਹਰਪਾਲ ਸਿੰਘ ਢਿੱਲੋਂ, ਗੁਰਸਾਹਿਬ ਸਿੰਘ ਦੋਧੀ, ਕੰਵਲਜੀਤ ਸਿੰਘ ਸੋਨਾ ਢਿੱਲੋਂ, ਸਲਵਿੰਦਰ ਸਿੰਘ ਲਾਡੀ, ਮਾਸਟਰ ਭਿੰਦਰ, ਰਣਜੀਤ ਸਿੰਘ ਸੋਸਲ ਮੀਡੀਆ, ਗੁਰਲਾਲ ਸਿੰਘ, ਚੰਨਪ੍ਰੀਤ ਸਿੰਘ, ਗੁਰਮੇਜ ਸਿੰਘ, ਕੇਵਲ ਸਿੰਘ, ਕੁਲਦੀਪ ਸਿੰਘ ਨਾਗੀ, ਕੁਲਵਿੰਦਰ ਸਿੰਘ ਸਰਾ, ਗੁਲਵਿੰਦਰ ਸਿੰਘ ਦੋਧੀ, ਮਨਜੀਤ ਸਿੰਘ, ਸਾਬਕਾ ਮੈਂਬਰ ਹਰਪਾਲ ਸਿੰਘ, ਮੈਂਬਰ ਪੰਚਾਇਤ ਭੁਪਿੰਦਰ ਸਿੰਘ ਆਦਿ ਹਾਜ਼ਰ ਸਨ।

# ਭਾਸ਼ਾ ਵਿਭਾਗ ਗੁਰਦਾਸਪੁਰ ਨੇ ਰੂ-ਬ-ਰੂ ਤੇ ਸਾਵਣ ਕਵੀ ਦਰਬਾਰ ਕਰਵਾਇਆ

## .ਗ਼ਜ਼ਲਗੋ ਸੁਲੱਖਣ ਸਰਹੱਦੀ, ਡਾ: ਸਰਬਜੀਤ ਸਿੰਘ ਛੀਨਾ, ਪ੍ਰਿੰ. ਸੁਖਵੰਤ ਗਿੱਲ ਸਮੇਤ ਕਈ ਹਸਤੀਆਂ ਨੇ ਕੀਤੀ ਸ਼ਿਰਕਤ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਪੰਜਾਬ ਸਰਕਾਰ ਦੇ ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ ਪੰਜਾਬ ਪ੍ਰਮੁੱਖ ਸਕੱਤਰ ਜਸਪ੍ਰੀਤ ਕੌਰ ਤਲਵਾੜ ਆਈਏਐੱਸ ਦੀ ਰਹਿਨੁਮਾਈ, ਵਧੀਕ ਡਾਇਰੈਕਟਰ ਡਾ: ਵੀਰਪਾਲ ਕੌਰ ਦੀ ਅਗਵਾਈ ਅਤੇ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ: ਪਰਮਜੀਤ ਸਿੰਘ ਕਲਸੀ (ਨੈਸ਼ਨਲ ਐਵਾਰਡੀ) ਦੀ ਯੋਜਨਾਬੱਧ ਕਾਰਜਸ਼ੈਲੀ ਹੇਠ ਹਿੰਦੂ ਕੰਨਿਆ ਮਹਾਂਵਿਦਿਆਲਿਆ ਕਾਲਜ ਧਾਰੀਵਾਲ ਵਿਖੇ ਕਾਲਜ ਦੇ ਚੇਅਰਮੈਨ ਕੇਵਲ ਕ੍ਰਿਸ਼ਨ ਦੇ ਸਹਿਯੋਗ ਨਾਲ ਦੋ ਸੈਸ਼ਨਾਂ ਵਿੱਚ ਰੂ-ਬ-ਰੂ ਤੇ ਜ਼ਿਲ੍ਹਾ ਪੱਧਰੀ ਸਾਵਣ ਕਵੀ ਦਰਬਾਰ ਕਰਵਾਇਆ ਗਿਆ, ਜੋ ਵਿਦਵਾਨ ਹਸਤੀਆਂ ਦੀ ਪ੍ਰੇਰਨਾਜਨਕ ਸ਼ਮੂਲੀਅਤ ਨਾਲ ਇਤਿਹਾਸਕ ਤੇ ਪ੍ਰੇਰਨਾਜਨਕ ਰਿਹਾ। ਇਸ ਸਮਾਰੋਹ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜ) ਗੁਰਦਾਸਪੁਰ ਸੁਭਾਸ਼ ਚੰਦਰ ਪੀਸੀਐੱਸ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ, ਜਦੋਂਕਿ ਪੰਜਾਬੀ ਆਲੋਚਕ ਪ੍ਰੋ. ਸੁਖਵੰਤ ਸਿੰਘ ਗਿੱਲ, ਵਿਦਵਾਨ ਲੇਖਕ ਕਮਲਜੀਤ ਸਿੰਘ ਕਮਲ, ਨਾਮੀ ਲੇਖਕ ਡਾ. ਸਰਬਜੀਤ ਸਿੰਘ ਛੀਨਾ ਨੇ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਾਮਿਲ ਹੋਏ। ਸਮਾਗਮ ਦੀ ਸ਼ੁਰੂਆਤ ਸ਼ਮ੍ਹਾ ਰੌਸ਼ਨ ਕਰਨ ਉਪਰੰਤ ਪੰਜਾਬੀ ਵਿਸ਼ਵ ਦੇ ਨਾਮੀ ਸ਼ਾਇਰ ਹਰਭਜਨ ਸਿੰਘ ਹੁੰਦਲ ਦੇ ਸਦੀਵੀ ਵਿਛੋੜੇ 'ਤੇ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਦਿੱਤੀ ਗਈ। ਪਹਿਲੇ ਸੈਸ਼ਨ ਵਿੱਚ ਪੰਜਾਬੀ ਦੇ ਨਾਮੀ ਸੰਸਾਰ ਸ਼ਾਇਰ ਤੇ ਉਸਤਾਦ ਗ਼ਜ਼ਲਗੋ ਸੁਲੱਖਣ ਸਰਹੱਦੀ ਦੀ ਰੂ-ਬ-ਰੂ ਕਰਵਾਈ ਗਈ, ਜਿਸ ਦੀ ਪ੍ਰਧਾਨਗੀ ਕਾਲਜ ਚੇਅਰਮੈਨ ਕੇਵਲ ਕ੍ਰਿਸ਼ਨ ਸ਼ਰਮਾ ਵੱਲੋਂ ਕੀਤੀ ਗਈ। ਜਦੋਂ ਕਿ ਡਾ: ਰਜਵਿੰਦਰ ਕੌਰ ਨਾਗਰਾ ਨੇ ਪ੍ਰਮੁੱਖ ਵਕਤਾ ਵਜੋਂ ਸ਼ਾਮਿਲ ਹੋ ਕੇ ਸ਼ਾਇਰ ਸੁਲੱਖਣ ਸਰਹੱਦੀ ਦੇ ਜੀਵਨ ਤੇ ਰਚਨਾ 'ਤੇ ਵਿਸਤ੍ਰਿਤ ਖੋਜ ਭਰਪੂਰ ਪਰਚਾ ਪੜ੍ਹਿਆ। ਦੂਜੇ ਸੈਸ਼ਨ ਵਿੱਚ ਪ੍ਰਸਿੱਧ ਪੰਜਾਬੀ ਲੇਖਕ ਮੱਖਣ ਕੁਹਾੜ ਦੀ ਪ੍ਰਧਾਨਗੀ ਹੇਠ ਕਰਵਾਏ ਸਾਵਣ ਕਵੀ ਦਰਬਾਰ ਵਿੱਚ ਜ਼ਿਲ੍ਹੇ ਦੇ ਪ੍ਰਮੁੱਖ ਸ਼ਾਇਰਾਂ ਨੇ ਗੀਤ, ਗ਼ਜ਼ਲਾਂ, ਦੋਹੜਿਆਂ ਆਦਿ ਰੂਪਾਂ ਵਿੱਚ ਆਪਣੀਆਂ ਕਾਵਿਕ ਰਚਨਾਵਾਂ ਪੇਸ਼ ਕਰਕੇ ਹਾਜ਼ਰ ਸਰੋਤਿਆਂ ਦੇ ਭਾਰੀ ਇਕੱਠ ਨੂੰ ਲੰਮੇ ਸਮੇਂ ਤੱਕ ਕਾਵਿਕ ਸੁਨੇਹੇ ਨਾਲ ਜੋੜੀ ਰੱਖਿਆ। ਕਵੀ ਦਰਬਾਰ ਵਿੱਚ ਸੁੱਚਾ ਸਿੰਘ ਰੰਧਾਵਾ, ਨਾਮੀ ਗਾਇਕ ਸੁਭਾਸ਼ ਸੂਫ਼ੀ, ਬੂਟਾ ਰਾਮ ਆਜ਼ਾਦ, ਗੁਰਮੀਤ ਸਿੰਘ ਸਰਾਂ, ਅਜੀਤ ਕਮਲ, ਸੁਲਤਾਨ ਭਾਰਤੀ, ਸਟੇਟ ਐਵਾਰਡੀ ਗੁਰਮੀਤ ਸਿੰਘ ਬਾਜਵਾ, ਸ਼ੀਤਲ ਸਿੰਘ ਗੁੰਨੋਪੁਰ, ਰਜਿੰਦਰ ਸਿੰਘ ਰਾਜ ਕਲਾਨੌਰ, ਕੁਲਵੰਤ ਸਿੰਘ ਲੇਹਲ, ਸਰਬਜੀਤ ਸਿੰਘ ਚੌਧਰਪੁਰ, ਗਾਇਕ ਪ੍ਰੀਤ ਰਾਣਾ, ਰਾਜੇਸ਼ ਬੱਬੀ, ਕੁਲਰਾਜ ਸਿੰਘ ਖੋਖਰ, ਵਿਜੇ ਅਗਨੀਹੋਤਰੀ, ਸੁੱਚਾ ਸਿੰਘ ਪਸਨਾਵਾਲ, ਕੁਲਦੀਪ ਸਿੰਘ ਘਾਂਗਲਾ, ਗੁਰਮੀਤ ਸਿੰਘ ਪਾਹੜਾ ਪ੍ਰਧਾਨ ਇਪਟਾ, ਜਨਕ ਰਾਜ ਰਠੌਰ, ਜਗਨ ਨਾਥ ਉੱਦੋਕੇ ਨਿਮਾਣਾ, ਰਣਜੀਤ ਸਿੰਘ ਗਿੱਲ, ਗੁਰਬਚਨ ਸਿੰਘ ਬੰਮਰਾ, ਮੈਡਮ ਅਮਨਜੀਤ ਕੌਰ, ਬੇਟੀ ਸਿਮਰਨਜੀਤ ਕੌਰ, ਸੁਰੇਸ਼ ਕੁਮਾਰ ਗੋਇਲ ਆਦਿ ਨੇ ਆਪਣੀਆਂ ਪ੍ਰਚਲਿਤ ਨਜ਼ਮਾਂ ਪੇਸ਼ ਕੀਤੀਆਂ। ਮੁੱਖ ਮਹਿਮਾਨ ਸੁਭਾਸ਼ ਚੰਦਰ, ਪੀ. ਸੀ. ਐੱਸ. ਵਧੀਕ ਡਿਪਟੀ ਕਮਿਸ਼ਨਰ (ਜ), ਡਾ: ਸਰਬਜੀਤ ਸਿੰਘ ਛੀਨਾ, ਪ੍ਰਿੰ. ਸੁਖਵੰਤ ਸਿੰਘ ਗਿੱਲ, ਕੇ. ਕੇ. ਸ਼ਰਮਾ ਅਤੇ ਪ੍ਰਧਾਨਗੀ ਮੰਡਲ ਵਿੱਚ ਸ਼ਾਮਿਲ ਹੋਰ ਹਸਤੀਆਂ ਵੱਲੋਂ ਇਸ ਸਮਾਰੋਹ ਵਿੱਚ ਹਾਜ਼ਰ ਸਰੋਤਿਆਂ ਨੂੰ ਪੰਜਾਬੀ ਭਾਸ਼ਾ ਤੇ ਸਾਹਿਤਕ ਕਰਜਾਂ ਰਾਹੀਂ ਸਿਰਜਣਾਤਮਕ ਰੁਚੀਆਂ ਦੇ ਵਿਕਾਸ ਰਾਹੀਂ ਸੂਬੇ ਨੂੰ ਰੰਗਲਾ ਤੇ ਉਸਾਰੂ ਬਣਾਉਣ ਦੀ ਸੇਧ ਦਿੱਤੀ ਅਤੇ ਕਰਵਾਏ ਸਮਾਗਮ ਦੀ ਸ਼ਲਾਘਾ ਕੀਤੀ। ਉਪਰੰਤ ਸ਼ਾਇਰ ਸੁਲੱਖਣ ਸਰਹੱਦੀ ਦੀਆਂ ਦੋ ਕਾਵਿ-ਪੁਸਤਕਾਂ 'ਦਰਦ ਬੋਲਦਾ ਹੈ' ਅਤੇ 'ਸੁਲੱਖਣ ਸਰਹੱਦੀ ਦੀ ਅਨੂਠੀ ਸਾਹਿਤਕ ਜੀਵਨਧਾਰਾ' ਅਤੇ ਪ੍ਰੋ. ਪਰਮਜੀਤ ਸਿੰਘ ਨਿੱਕੇ ਘੁੰਮਣ ਦਾ ਕਾਵਿ ਸੰਗ੍ਰਹਿ ' ਦਿਲ ਦੀਆਂ ਗੱਲਾਂ' ਸਾਹਿਤਕ ਪੁਸਤਕਾਂ ਲੋਕ-ਅਰਪਿਤ ਕੀਤੀਆਂ ਗਈਆਂ। ਸਮਾਰੋਹ ਦੇ ਅੰਤ ਵਿੱਚ ਡਾ. ਪਰਮਜੀਤ ਸਿੰਘ ਕਲਸੀ (ਨੈਸ਼ਨਲ ਐਵਾਰਡੀ) ਜ਼ਿਲ੍ਹਾ ਭਾਸ਼ਾ ਅਫ਼ਸਰ ਵੱਲੋਂ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨਾਂ ਤੇ ਪ੍ਰਧਾਨਗੀ ਮੰਡਲ ਦਾ ਲੋਈ, ਸਨਮਾਨ ਚਿੰਨ੍ਹਾਂ ਨਾਲ ਭਾਸ਼ਾ ਵਿਭਾਗ ਦੀ ਤਰਫ਼ੋਂ ਸਨਮਾਨਿਤ ਕੀਤਾ, ਜਦੋਂ ਕਿ ਹਾਜ਼ਰ ਸਮੁੱਚੇ ਕਵੀਆਂ ਤੇ ਭਾਗੀਦਾਰਾਂ ਨੂੰ ਸਨਮਾਨ-ਪੱਤਰਾਂ ਨਾਲ ਸਨਮਾਨਿਤ ਕੀਤਾ ਗਿਆ। ਕਾਲਜ ਪ੍ਰਿੰ. ਸੁਮਨ ਨੰਦਾ ਵੱਲੋਂ ਸਮੂਹ ਹਾਜ਼ਰੀਨ ਦਾ ਧੰਨਵਾਦ ਕੀਤਾ ਗਿਆ। ਸਟੇਜ ਦਾ ਸੰਚਾਲਨ ਦੀ ਭੂਮਿਕਾ ਸਟੇਟ ਐਵਾਰਡੀ ਗੁਰਮੀਤ ਸਿੰਘ ਬਾਜਵਾ ਨੇ ਨਿਭਾਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਲਜ ਦੀ ਮੈਨੇਜਮੈਂਟ ਦੇ ਸਕੱਤਰ ਰਮੇਸ਼ ਕੁਮਾਰ, ਕਹਾਣੀਕਾਰ ਤਰਸੇਮ ਸਿੰਘ ਭੰਗੂ, ਪ੍ਰਿੰ. ਸੁਮਨ ਨੰਦਾ, ਸੇਲ ਇੰਚਾਰਜ ਸ਼ਾਮ ਸਿੰਘ, ਹਰਦੇਵ ਰਾਜ, ਪ੍ਰੋ. ਮਨਿੰਦਰ ਕੌਰ, ਕਾਲਜ ਦਾ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ।

## ਸੜਕਾਂ 'ਚ ਫ਼ਿਰਦੇ ਪਸ਼ੂਆਂ ਕਾਰਨ ਵਧ ਰਹੇ ਹਨ ਹਾਦਸੇ, ਜ਼ਿਲ੍ਹਾ ਪ੍ਰਸ਼ਾਸਨ ਧਿਆਨ ਦੇਵੇ

**ਗੁਰਦਾਸਪੁਰ, (ਜਨਕ ਮਹਾਜਨ)**- ਗੁਰਦਾਸਪੁਰ ਸ਼ਹਿਰ ਅਤੇ ਆਸ-ਪਾਸ ਦੇ ਪਿੰਡਾਂ ਵਿਚ ਸੜਕਾਂ 'ਤੇ ਫ਼ਿਰਦੇ ਪਸ਼ੂ ਅਕਸਰ ਹੀ ਹਾਦਸਿਆਂ ਦਾ ਕਾਰਨ ਬਣਦੇ ਹਨ ਜਿਸ ਨੂੰ ਲੈ ਕੇ ਰਾਹਗੀਰ ਕਾਫ਼ੀ ਪ੍ਰੇਸ਼ਾਨ ਨਜ਼ਰ ਆ ਰਹੇ ਹਨ। ਇਸ ਸਬੰਧੀ ਗੱਲਬਾਤ ਕਰਦਿਆਂ ਨਸੀਬ ਸਿੰਘ, ਗੁਰਮੀਤ ਸਿੰਘ, ਗੁਰਪ੍ਰੀਤ ਸਿੰਘ ਆਦਿ ਨੇ ਦੱਸਿਆ ਕਿ ਸੜਕਾਂ 'ਤੇ ਘੁੰਮਦੇ ਪਸ਼ੂਆਂ ਦੇ ਝੁੰਡ ਜਿੱਥੇ ਫ਼ਸਲਾਂ ਨੂੰ ਖ਼ਰਾਬ ਕਰਦੇ ਹਨ ਉਥੇ ਹੀ ਅਚਾਨਕ ਹੀ ਵਹੀਕਲਾਂ ਅੱਗੇ ਆ ਕੇ ਹਾਦਸਿਆਂ ਦੇ ਕਾਰਨ ਵੀ ਬਣ ਰਹੇ ਹਨ। ਉਨ੍ਹਾਂ ਕਿਹਾ ਗੁੱਜਰਾਂ ਵਲੋਂ ਆਪਣੇ ਪਸ਼ੂਆਂ ਨੂੰ ਖੁੱਲ੍ਹੇਆਮ ਸੜਕਾਂ ਦੇ ਕੰਢਿਆਂ 'ਤੇ ਚਾਰਾ ਚੁਗਣ ਲਈ ਲਿਜਾਇਆ ਜਾਂਦਾ ਹੈ। ਇਹ ਪਸ਼ੂਆਂ ਦੇ ਝੁੰਡੇ ਸੜਕ ਕੰਢੇ ਚੁਗਦੇ-ਚੁਗਦੇ ਸਰਕਾਰੀ ਬੂਟਿਆਂ ਦਾ ਭਾਰੀ ਨੁਕਸਾਨ ਕਰਦੇ ਹਨ ਅਤੇ ਅਚਾਨਕ ਸੜਕ ਵਿਚਕਾਰ ਆਉਣ ਕਰਕੇ ਵਹੀਕਲਾਂ ਨਾਲ ਟਕਰਾ ਜਾਂਦੇ ਹਨ ਜਿਸ ਨਾਲ ਕਈ ਵਾਰ ਵਹੀਕਲ ਚਾਲਕ ਜ਼ਖ਼ਮੀ ਹੋ ਕੇ ਕੀਮਤੀ ਜਾਨਾਂ ਵੀ ਗਵਾ ਲੈਂਦੇ ਹਨ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵਲੋਂ ਸੜਕ 'ਤੇ ਘੁੰਮਦੇ ਪਸ਼ੂਆਂ ਦੇ ਝੁੰਡਾਂ 'ਤੇ ਪਾਬੰਦੀ ਲਗਾਈ ਗਈ ਹੈ ਪਰ ਫ਼ਿਰ ਵੀ ਇਨ੍ਹਾਂ ਪਸ਼ੂਆਂ ਦੇ ਝੁੰਡ ਆਮ ਹੀ ਸੜਕ 'ਤੇ ਫ਼ਿਰਦੇ ਦੇਖੇ ਜਾ ਸਕਦੇ ਹਨ। ਉਨ੍ਹਾਂ ਨੇ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਸੜਕ 'ਤੇ ਫ਼ਿਰਦੇ ਪਸ਼ੂਆਂ ਦੇ ਮਾਲਕਾਂ ਨੂੰ ਸਖ਼ਤ ਹਦਾਇਤਾ ਕਰਕੇ ਇਨ੍ਹਾਂ ਨੂੰ ਅਜਿਹਾ ਕਰਨ ਤੋਂ ਰੋਕਿਆ ਜਾਵੇ ਤਾਂ ਜੋ ਅਗਾਂਹ ਤੋਂ ਆਵਾਜਾਈ ਵਿਚ ਕੋਈ ਵਿਘਨ ਨਾ ਪੈ ਸਕੇ।

## ਤਰਸੇਮ ਸਿੰਘ ਨੇ ਬਤੌਰ ਬੀ ਪੀ ਈ ਓ ਚਾਰਜ ਸੰਭਾਲਿਆ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਪਰਲੋਕ ਸਿੰਘ ਦੇ ਰਿਟਾਇਰਡ ਹੋਣ ਉਪਰੰਤ ਬਲਾਕ ਕਾਦੀਆਂ-1 ਦਾ ਚਾਰਜ ਸ. ਤਰਸੇਮ ਸਿੰਘ ਨੇ ਸੰਭਾਲਿਆ। ਉਨ੍ਹਾਂ ਨੂੰ ਬਲਾਕ ਕਾਦੀਆਂ-1 ਦੇ ਬਲਾਕ ਨੋਡਲ ਅਫਸਰ ਕਾਦੀਆਂ -1 ਵਿਜੈ ਕੁਮਾਰ ਨੇ ਜੀ ਆਇਆਂ ਕਿਹਾ ਅਤੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਬਲਾਕ ਦੇ ਵਿਕਾਸ ਲਈ ਦੋਵਾਂ ਅਧਿਕਾਰੀਆਂ ਵੱਲੋਂ ਰਲ-ਮਿਲ ਕੇ ਕੰਮ ਕਰਨ ਦਾ ਫੈਸਲਾ ਲਿਆ ਗਿਆ ਤਾਂ ਜੋ ਬਲਾਕ ਜ਼ਿਲ੍ਹੇ ਦਾ ਨੰਬਰ ਇਕ ਬਲਾਕ ਬਣ ਸਕੇ। ਇਸ ਸਮੇਂ ਸੀ. ਐਚ. ਟੀ. ਭਰਥ ਅਵਨਿੰਦਰ ਕੌਰ, ਦਫਤਰ ਤੋਂ ਗੁਰਜੀਤ ਸਿੰਘ, ਪਰਮਿੰਦਰ ਸਿੰਘ ਅਮਨਦੀਪ ਸਿੰਘ ਅਤੇ ਮੈਡਮ ਦੀਪਾਲੀ ਬਾਂਸਲ ਹਾਜ਼ਰ ਸਨ।

## ਨਿਹੰਗ ਸਿੰਘ ਫੌਜਾਂ ਬਾਣੀ, ਬਾਣੇ ਤੇ ਗੁਰ ਮਰਯਾਦਾ ਦੀ ਪਾਲਨਾ ਕਰ ਰਹੀਆਂ ਹਨ : ਬਾਬਾ ਬਲਬੀਰ ਸਿੰਘ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਬੁੱਢਾ ਦਲ ਦੇ ਗਿਆਰਵੇਂ ਜਥੇਦਾਰ ਬਾਬਾ ਸਾਹਿਬ ਸਿੰਘ ਕਲਾਧਾਰੀ ਦੀ 81ਵੀਂ ਸਾਲਾਨਾ ਬਰਸੀ ਪੂਰਨ ਸ਼ਰਧਾ ਸਤਿਕਾਰ ਤੇ ਚੜ੍ਹਦੀਕਲਾ ਦੀ ਭਾਵਨਾ ਨਾਲ ਗੁਰੂ ਕਾਂਸੀ ਤਲਵੰਡੀ ਸਾਬੋ ਵਿਖੇ ਮਨਾਈ ਗਈ। ਬਰਸੀ ਦੇ ਗੁਰਮਤਿ ਸਮਾਗਮਾਂ ਵਿੱਚ ਸਿੱਖ ਤਖ਼ਤਾਂ ਅਤੇ ਵੱਖ-ਵੱਖ ਧਾਰਮਿਕ ਸੰਸਥਾਵਾਂ ਤੋਂ ਵਿਸ਼ੇਸ਼ ਧਾਰਮਿਕ ਸਖ਼ਸ਼ੀਅਤਾਂ ਨੇ ਹਾਜ਼ਰੀ ਭਰੀ। ਬੁੱਢਾ ਦਲ ਦੇ 14ਵੇਂ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਬਾਬਾ ਸਾਹਿਬ ਸਿੰਘ ਕਲਾਧਾਰੀ ਦੀ ਬਰਸੀ ਦੇ ਗੁਰਮਤਿ ਸਮਾਗਮ ਸਮੇਂ ਪੁੱਜੀਆਂ ਸੰਗਤਾਂ ਤੇ ਵਿਸ਼ੇਸ਼ ਸਖ਼ਸ਼ੀਅਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਗੁਰੂ ਦੀਆਂ ਲਾਡਲੀਆਂ ਫੌਜਾਂ ਨੇ ਬਾਣੀ ਬਾਣੇ ਅਤੇ ਸਿੱਖ ਮਰਯਾਦਾ ਨੂੰ ਪੂਰਨ ਰੂਪ ਵਿੱਚ ਸੰਭਾਲ ਰੱਖਿਆ ਹੈ। ਉਨ੍ਹਾਂ ਕਿਹਾ ਅੱਜ ਹਲਾਤ ਇੱਕਜੁਟਤਾ, ਇੱਕਮੁਠਤਾ ਤੇ ਆਪਸੀ ਸਦਭਾਵਨਾ ਦੀ ਮੰਗ ਕਰਦੇ ਹਨ, ਸਾਰੇ ਦਲਾਂ ਨੂੰ ਇਕ ਦੂਜੇ ਨੂੰ ਸਹਿਯੋਗ ਦੇਣਾ ਚਾਹੀਦਾ ਹੈ। ਭਰਾ ਮਾਰੂ ਜੰਗ ਤੋਂ ਗੁਰੇਜ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਅਮਰੀਕਾ ਦੇ ਇੰਡਿਆਨਾ ਸ਼ਹਿਰ ਵਿੱਚ ਬੁੱਢਾ ਦਲ ਦੀ ਛਾਉਣੀ ਸਥਾਪਤ ਹੋਈ ਹੈ, ਜਿਸ ਲਈ ਮੈਂ ਸਭ ਨੂੰ ਵਧਾਈ ਦਿੰਦਾ ਹਾਂ। ਇਸ ਸਮੇਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਅਤੇ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਭਾਈ ਸੁਲਤਾਨ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੈਡ ਗ੍ਰੰਥੀ ਗਿਆਨੀ ਮਲਕੀਤ ਸਿੰਘ ਨੇ ਵੀ ਸੰਬੋਧਨ ਕੀਤਾ। ਇਸ ਤੋਂ ਪਹਿਲਾਂ ਬੁੱਢਾ ਦਲ ਦੇ ਹੈਡ ਗ੍ਰੰਥੀ ਬਾਬਾ ਮੱਘਰ ਸਿੰਘ, ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਨਿਰਭੈ ਸਿੰਘ, ਭਾਈ ਗੁਰਪ੍ਰੀਤ ਸਿੰਘ ਅਤੇ ਭਾਈ ਦਲੀਪ ਸਿੰਘ ਫੱਕਰ ਨੇ ਗੁਰਬਾਣੀ ਦਾ ਮਨੋਹਰ ਕੀਰਤਨ ਕੀਤਾ। ਬਾਬਾ ਦੀਪ ਸਿੰਘ ਸ਼ਹੀਦ ਮਿਸਲ ਤਰਨਾਦਲ ਬਾਬਾ ਬਕਾਲਾ ਤੋਂ ਬਾਬਾ ਜੋਗਾ ਸਿੰਘ, ਬਾਬਾ ਜੈਮਲ ਸਿੰਘ ਅਤੇ ਬਾਬਾ ਬਿਧੀਚੰਦ ਸੰਪਰਦਾ ਵੱਲੋਂ ਬਾਬਾ ਨਿਹਾਲ ਸਿੰਘ, ਦਮਦਮੀ ਟਕਸਾਲ ਵੱਲੋਂ ਬਾਬਾ ਸੁਖਦੇਵ ਸਿੰਘ, ਪੰਥ ਪ੍ਰਸਿੱਧ ਕਥਾਵਾਚਕ ਗਿਆਨੀ ਪ੍ਰਿਤਪਾਲ ਸਿੰਘ ਨੇ ਗੁਰਇਤਿਹਾਸ ਦੀ ਸੰਗਤਾਂ ਨਾਲ ਸਾਂਝ ਪਾਈ। ਜਥੇ: ਲਖਵਿੰਦਰ ਸਿੰਘ ਪਾਰਸ, ਭਾਈ ਗੁਰਚਰਨ ਸਿੰਘ ਸਿਵਿਆਂ ਦੇ ਢਾਡੀ ਜਥਿਆਂ ਨੇ ਇਤਿਹਾਸ ਦੀਆਂ ਬੀਰਰਸ ਵਾਰਾਂ ਨਾਲ ਸੰਗਤ ਨੂੰ ਜੋੜਿਆ।

ਅੱਜ ਦੇ ਇਸ ਸਮਾਗਮ ਵਿੱਚ ਬਾਬਾ ਸਾਹਿਬ ਸਿੰਘ ਕਲਾਧਾਰੀ ਦੀ ਬਰਸੀ ਮੌਕੇ ਵੱਖ-ਵੱਖ ਗੱਤਕਾ ਟੀਮਾਂ ਨੇ ਗੱਤਕੇ ਦੇ ਜੌਹਰ ਦਿਖਾਏ। ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਆਈਆਂ ਸਖ਼ਸ਼ੀਅਤਾਂ ਦਾ ਧੰਨਵਾਦ ਕੀਤਾ। ਇਸ ਸਮਾਗਮ ਵਿਚ ਦਿਲਜੀਤ ਸਿੰਘ ਬੇਦੀ ਸਕੱਤਰ ਬੁੱਢਾ ਦਲ, ਬਾਬਾ ਜੱਸਾ ਸਿੰਘ ਤਲਵੰਡੀ ਸਾਬੋ, ਬਾਬਾ ਵੱਸਣ ਸਿੰਘ ਮੜੀਆਂਵਾਲੇ, ਬਾਬਾ ਮੇਜਰ ਸਿੰਘ ਦਸ਼ਮੇਸ਼ ਤਰਨਾ ਦਲ, ਬਾਬਾ ਇੰਦਰ ਸਿੰਘ, ਬਾਬਾ ਕਰਮ ਸਿੰਘ ਰਾਜਪੁਰਾ, ਬਾਬਾ ਜਰਨੈਲ ਸਿੰਘ ਬਰੇਟਾ, ਬਾਬਾ ਜਗਜੀਤ ਸਿੰਘ ਮਾਨਸਾ, ਬਾਬਾ ਰਘੁਬੀਰ ਸਿੰਘ ਖਿਆਲੇ ਵਾਲੇ, ਬਾਬਾ ਅਰਜਨ ਸਿੰਘ ਸ਼ਿਵਜੀ, ਬਾਬਾ ਭਗਤ ਸਿੰਘ ਗੁਰਦੁਆਰਾ ਬਾਬਾ ਫੂਲਾ ਸਿੰਘ, ਪਰਮਜੀਤ ਸਿੰਘ ਬਾਜਵਾ, ਬਾਬਾ ਗੁਰਸ਼ੇਰ ਸਿੰਘ, ਬਾਬਾ ਗੁਰਪ੍ਰੀਤ ਸਿੰਘ ਮੁਮਤਾਜਗੜ੍ਹ, ਬਾਬਾ ਭਾਈ ਮੇਜਰ ਸਿੰਘ ਮੁਖਤਿਆਰੇਆਮ, ਬਾਬਾ ਦਰਸ਼ਨ ਸਿੰਘ, ਭਾਈ ਸੁਖਵਿੰਦਰ ਸਿੰਘ ਮੋਰ, ਭਾਈ ਸਰਵਣ ਸਿੰਘ ਮਝੈਲ, ਭਾਈ ਹਰਪ੍ਰੀਤ ਸਿੰਘ, ਬਾਬਾ ਗੁਰਮੁਖ ਸਿੰਘ, ਬਾਬਾ ਬਲਦੇਵ ਸਿੰਘ ਵੱਲਾ, ਬਾਬਾ ਬਲਵਿੰਦਰ ਸਿੰਘ ਮਹਿਤਾ ਚੌਂਕ, ਬਾਬਾ ਛਿੰਦਾ ਸਿੰਘ ਭਿਖੀਵਿੰਡ, ਬਾਬਾ ਖੜਕ ਸਿੰਘ, ਬਾਬਾ ਸਤਨਾਮ ਸਿੰਘ ਖਾਪੜਖੇੜੀ, ਬਾਬਾ ਸੁਖਦੇਵ ਸਿੰਘ ਸਮਾਣਾ, ਬਾਬਾ ਵਿਸ਼ਵ ਪ੍ਰਤਾਪ ਸਿੰਘ, ਬਾਬਾ ਮਲੂਕ ਸਿੰਘ, ਬਾਬਾ ਦਲੇਰ ਸਿੰਘ, ਭਾਈ ਰਣਜੋਧ ਸਿੰਘ ਆਦਿ ਹਾਜ਼ਰ ਸਨ।

## ਲਾਲ ਚੰਦ ਕਟਾਰੂਚੱਕ ਨੇ 150 ਲਾਭਪਾਤਰੀਆਂ ਨੂੰ ਲੇਬਰ ਕਾਰਡ ਵੰਡੇ



**ਪਠਾਨਕੋਟ (ਦਵਿੰਦਰ ਸਿੰਘ)**-ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਇੱਕ ਹੀ ਉਪਰਾਲਾ ਹੈ ਕਿ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਯੋਜਨਾਵਾਂ ਦਾ ਲਾਭ ਸਿੱਧੇ ਤੌਰ 'ਤੇ ਲੋਕਾਂ ਤੱਕ ਪਹੁੰਚੇ ਅਤੇ ਇਸ ਉਦੇਸ਼ ਦੇ ਨਾਲ ਸਰਕਾਰ ਵੱਲੋਂ ਇਸ ਤਰ੍ਹਾਂ ਦੀ ਕਾਰਜ ਪ੍ਰਣਾਲੀ ਅਪਣਾਈ ਜਾ ਰਹੀ ਹੈ ਕਿ ਲੋਕਾਂ ਨੂੰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਯੋਜਨਾਵਾਂ ਦਾ ਲਾਭ ਲੈਣ ਦੇ ਲਈ ਧੱਕੇ ਨਾ ਖਾਣੇ ਪੈਣ, ਇਸ ਉਦੇਸ਼ ਨਾਲ ਪਿਛਲੇ ਦਿਨਾਂ ਦੌਰਾਨ ਲੇਬਰ ਵਿਭਾਗ ਵੱਲੋਂ ਇੱਕ ਕੈਂਪ ਲਗਾਇਆ ਗਿਆ ਸੀ ਅਤੇ ਲਾਭਪਾਤਰੀਆਂ ਦੇ ਲੇਬਰ ਕਾਰਡ ਬਣਾਏ ਗਏ ਸਨ। ਅੱਜ ਕਰੀਬ 150 ਲਾਭਪਾਤਰੀਆਂ ਨੂੰ ਲੇਬਰ ਕਾਰਡ ਵੰਡੇ ਗਏ ਹਨ। ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਅਤੇ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਪੰਜਾਬ ਨੇ ਜੱਸਵਾਲੀ ਰੈਸਟ ਹਾਊਸ ਵਿਖੇ ਆਯੋਜਿਤ ਇੱਕ ਸਮਾਰੋਹ ਦੌਰਾਨ ਸੰਬੋਧਨ ਕਰਦਿਆਂ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨਵਦੀਪ ਸਿੰਘ ਲੇਬਰ ਇਨਫੋਰਸਮੈਂਟ ਅਫਸਰ ਅਤੇ ਹੋਰ ਪਾਰਟੀ ਕਾਰਜਕਰਤਾ ਵੀ ਹਾਜ਼ਰ ਸਨ।

ਇਸ ਮੌਕੇ ਸੰਬੋਧਨ ਕਰਦਿਆਂ ਕਟਾਰੂਚੱਕ ਨੇ ਕਿਹਾ ਕਿ ਆਮ ਜਨਤਾ ਨੂੰ ਸਰਕਾਰੀ ਯੋਜਨਾਵਾਂ ਦਾ ਲਾਭ ਮਿਲੇ, ਇਸ ਉਦੇਸ਼ ਨਾਲ ਲੇਬਰ ਵਿਭਾਗ ਵੱਲੋਂ ਕਰੀਬ 4-5 ਦਿਨ ਕੈਂਪ ਲਗਾ ਕੇ ਜੋ ਕਮੀਆਂ ਸਨ ਉਨ੍ਹਾਂ ਨੂੰ ਸੇਵਾ ਕੇਂਦਰ ਦੀ ਸਹਾਇਤਾ ਦੇ ਨਾਲ ਦੂਰ ਕਰਕੇ ਕਰੀਬ 150 ਲਾਭਪਾਤਰੀਆਂ ਦੇ ਲੇਬਰ ਕਾਰਡ ਬਣਾਏ ਅਤੇ ਅੱਜ ਉਨ੍ਹਾਂ ਲਾਭਪਾਤਰੀਆਂ ਨੂੰ ਕਾਰਡ ਵੰਡੇ ਗਏ ਹਨ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਵੀ ਲੇਬਰ ਵਿਭਾਗ ਵੱਲੋਂ ਬਲਾਕ ਪੱਧਰ 'ਤੇ ਇਸ ਤਰ੍ਹਾਂ ਦੇ ਕੈਂਪ ਲਗਾ ਕੇ ਲਾਭਪਾਤਰੀਆਂ ਨੂੰ ਮੌਕੇ 'ਤੇ ਲੇਬਰ ਕਾਰਡ ਬਣਾ ਕੇ ਦਿੱਤੇ ਜਾਣਗੇ।

## ਫ਼ਿਸ਼ ਪਾਰਕ ਗੁਰਦਾਸਪੁਰ ਵਿਖੇ ਔਰਤਾਂ ਨੇ ਮਨਾਇਆ ਤੀਜ ਦਾ ਤਿਉਹਾਰ



**ਗੁਰਦਾਸਪੁਰ, (ਜਨਕ ਮਹਾਜਨ)**-ਸੀਨੀਅਰ ਸਿਟੀਜ਼ਨ ਲੇਡੀਜ਼ ਵਲੋਂ ਫਿਸ਼ ਪਾਰਕ ਗੁਰਦਾਸਪੁਰ ਵਿਖੇ ਤੀਜ ਦਾ ਤਿਉਹਾਰ ਬੜੇ ਉਤਸ਼ਾਹ ਅਤੇ ਸ਼ਾਨੋ ਸ਼ੌਕਤ ਨਾਲ ਮਨਾਇਆ ਗਿਆ ਜਿਸ ਵਿਚ ਵੱਡੀ ਗਿਣਤੀ ਵਿਚ ਸੀਨੀਅਰ ਲੇਡੀਜ਼ ਨੇ ਹਿੱਸਾ ਲਿਆ। ਇਸ ਮੌਕੇ ਮੈਡਮ ਪੰਮੀ ਬਾਜਵਾ ਅਤੇ ਊਸ਼ਾ ਮਹਾਜਨ ਨੇ ਤੀਜ ਦੇ ਤਿਉਹਾਰ ਦੀ ਮਹੱਤਤਾ ਬਾਰੇ ਔਰਤਾਂ ਨੂੰ ਜਾਣੂੰ ਕਰਵਾਇਆ। ਉਨ੍ਹਾਂ ਕਿਹਾ ਕਿ ਇਹ ਤਿਉਹਾਰ ਸਾਨੂੰ ਪੁਰਾਣੇ ਵਿਰਸੇ ਅਤੇ ਭਾਈਚਾਰਕ ਸਾਂਝ ਨਾਲ ਜੋੜਦਾ ਹੈ। ਉਨ੍ਹਾਂ ਦੱਸਿਆ ਕਿ ਇਹ ਤਿਉਹਾਰ ਹਰ ਸਾਲ ਸਾਵਣ ਦੇ ਮਹੀਨੇ ਵਿਚ ਮਨਾਇਆ ਜਾਂਦਾ ਹੈ ਅਤੇ ਨੌਜਵਾਨ ਕੁੜੀਆਂ ਤੇ ਔਰਤਾਂ ਪੀਂਘਾਂ ਝੂਟਣ ਤੋਂ ਇਲਾਵਾ ਗਿੱਧਾ ਅਤੇ ਬੋਲੀਆਂ ਆਦਿ ਪਾ ਕੇ ਇਸ ਤਿਉਹਾਰ ਦਾ ਅਨੰਦ ਮਾਣਦੀਆਂ ਹਨ। ਇਸ ਤਿਉਹਾਰ ਵੇਲੇ ਮਿੱਠੇ ਪਕਵਾਨ ਆਦਿ ਰਲ ਮਿਲ ਖਾ ਕੇ ਇਸ ਤਿਉਹਾਰ ਨੂੰ ਮਨਾਉਂਦੀਆਂ ਹਨ। ਇਸ ਮੌਕੇ ਕਮਲੇਸ਼, ਕਵਿਤਾ, ਕੁਲਦੀਪ, ਸੁਨੀਤਾ, ਸਵੀਟੀ, ਅਨੂ ਅਗਰਵਾਲ, ਅਨੁਰਾਧਾ, ਅਰੁਣਾ, ਗੁਲਸ਼ਨ, ਅਨੂ ਅਗਰਵਾਲ, ਬਿਮਲਾ, ਜਤਿੰਦਰ ਕੌਰ, ਮੈਡਮ ਸਮਰਾ, ਨਰਿੰਦਰ ਕੌਰ, ਗੁਰਮੀਤ ਕੌਰ, ਸੁਨੀਤਾ, ਊਸ਼ਾ, ਗੁਰਮੀਤ, ਕੁਲਵੰਤ, ਸ਼ਸ਼ੀ, ਵੀਨਾ, ਮਧੂ, ਸ਼ੁਧਾ, ਸੋਨੀ ਤੋਂ ਇਲਾਵਾ ਹੋਰ ਵੱਡੀ ਗਿਣਤੀ ਵਿਚ ਔਰਤਾਂ ਹਾਜ਼ਰ ਸਨ।

## ਮਨੀਪੁਰ ਘਟਨਾਵਾਂ ਦੇ ਦੋਸ਼ੀਆਂ ਨੂੰ ਕਰੜੀ ਸਜ਼ਾ ਦਿਓ : ਰਜਿੰਦਰਪਾਲ ਕੌਰ, ਕੰਵਲਜੀਤ ਝਬਾਲ



**ਝਬਾਲ (ਹਰਜਿੰਦਰ ਸਿੰਘ ਸੋਨੀ/ਰੌਬਿਨ ਸਿੰਘ ਸੋਨੀ)**-ਪੰਜਾਬ ਇਸਤਰੀ ਸਭਾ ਤਰਨਤਾਰਨ, ਬਲਾਕ ਝਬਾਲ, ਪਿੰਡ ਸੋਹਲ ਵਿਖੇ ਮਨੀਪੁਰ ਵਿੱਚ ਵਾਪਰੇ ਕਹਿਰ ਦੀ ਨਿਖੇਧੀ ਕਰਨ ਵਾਸਤੇ ਸੁਖਵਿੰਦਰ ਕੌਰ ਸੋਹਲ ਦੀ ਪ੍ਰਧਾਨਗੀ ਹੇਠ ਮੀਟਿੰਗ ਹੋਈ। ਬਲਾਕ ਜਨਰਲ ਸਕੱਤਰ ਕੰਵਲਜੀਤ ਕੌਰ ਨੇ ਸਟੇਜ ਸਕੱਤਰ ਦੇ ਫਰਜ਼ ਨਿਭਾਉਂਦੇ ਹੋਏ ਮਨੀਪੁਰ ਵਿੱਚ ਵਾਪਰ ਰਹੀਆਂ ਅਤਿਅੰਤ ਦੁੱਖਦਾਇਕ ਘਟਨਾਵਾਂ ਦੀ ਨਿਖੇਧੀ ਕਰਦਿਆਂ ਸਰਕਾਰ ਕੋਲੋਂ ਹਿੰਸਾ ਰੋਕਣ ਦੀ ਮੰਗ ਕੀਤੀ। ਸੂਬਾ ਜਨਰਲ ਸਕੱਤਰ ਰਜਿੰਦਰਪਾਲ ਕੌਰ ਨੇ ਕਿਹਾ ਕਿ ਮਨੀਪੁਰ ਵਿੱਚ ਵਾਪਰੀਆਂ ਘਟਨਾਵਾਂ ਸੂਬਾ ਅਤੇ ਕੇਂਦਰ ਸਰਕਾਰ ਦੇ ਮੱਥੇ 'ਤੇ ਕਲੰਕ ਹਨ। ਲਗਭਗ ਢਾਈ ਮਹੀਨੇ ਇਹ ਹਨੇਰਗਰਦੀ ਹੁੰਦੀ ਰਹੀ ਪਰ ਨਾ ਤਾਂ ਸੂਬਾ ਸਰਕਾਰ ਨੇ ਕੋਈ ਹਿੰਮਤ ਕੀਤੀ ਇਸ ਨੂੰ ਰੋਕਣ ਦੀ ਅਤੇ ਨਾ ਪ੍ਰਧਾਨ ਮੰਤਰੀ ਅਤੇ ਰਾਸ਼ਟਰਪਤੀ ਨੇ ਜ਼ੁਬਾਨ ਖੋਲ੍ਹੀ। ਜਦੋਂ ਦੇਸ਼ ਵਿੱਚ ਹਾਹਾਕਾਰ ਮੱਚ ਗਈ ਤਾਂ ਪ੍ਰਧਾਨ ਮੰਤਰੀ ਨੇ ਜ਼ੁਬਾਨ ਖੋਲ੍ਹੀ ਅਤੇ ਕਿਹਾ ਕਿ ਰਾਜਸਥਾਨ, ਛੱਤੀਸਗੜ੍ਹ ਅਤੇ ਮਨੀਪੁਰ ਵਿੱਚ ਮੰਦਭਾਗੀਆਂ ਘਟਨਾਵਾਂ ਵਾਪਰ ਰਹੀਆਂ ਹਨ ਤਾਂ ਕਿ ਗੈਰ-ਭਾਜਪਾ ਰਾਜਾਂ ਦੇ ਨਾਮ ਪਹਿਲਾਂ ਲੈ ਕੇ ਮਨੀਪੁਰ ਦੀ ਸਰਕਾਰ ਨੂੰ ਬਚਾਇਆ ਜਾ ਸਕੇ। ਮੀਟਿੰਗ ਨੂੰ ਜਗਤਾਰ ਸਿੰਘ ਝਬਾਲ, ਗੁਰਮੁੱਖ ਸਿੰਘ, ਜਗਤਾਰ ਸਿੰਘ ਸੋਹਲ ਨੇ ਵੀ ਸੰਬੋਧਨ ਕੀਤਾ। ਨਰੇਗਾ ਵਰਕਰਜ਼ ਯੂਨੀਅਨ ਦੀਆਂ ਭੈਣਾਂ ਸਤਿੰਦਰ ਕੌਰ, ਦਲਬੀਰ ਕੌਰ, ਗੁਰਜੀਤ ਕੌਰ, ਮਲਕੀਤ ਕੌਰ ਅਤੇ ਦਲਬੀਰ ਕੌਰ ਨੇ ਵੀ ਹਾਜ਼ਰੀ ਲਗਵਾਈ।

## ਜੰਡਿਆਲਾ ਗੁਰੂ ਵਿਖੇ ਸ਼ਹੀਦ ਊਧਮ ਸਿੰਘ ਦਾ ਸ਼ਹੀਦੀ ਦਿਹਾੜਾ ਮਨਾਇਆ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**-ਸ਼ਹੀਦ ਊਧਮ ਸਿੰਘ ਸਪੋਰਟਸ ਕਲੱਬ (ਰਜਿ:) ਜੰਡਿਆਲਾ ਗੁਰੂ ਵੱਲੋਂ ਸ਼ਹੀਦ ਊਧਮ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਇਸ ਵਾਰ ਵੀ ਸ਼ਹੀਦ ਊਧਮ ਸਿੰਘ ਚੌਕ (ਨੇੜੇ ਬੁੱਤ) ਵਿਖੇ ਐਡਵੋਕੇਟ ਅਮਰੀਕ ਸਿੰਘ ਮਲਹੋਤਰਾ ਦੀ ਅਗਵਾਈ ਹੇਠ ਬੜੀ ਸ਼ਰਧਾ ਤੇ ਸਤਿਕਾਰ ਸਹਿਤ ਮਨਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਸੰਦੀਪ ਸਿੰਘ ਏਆਰ ਸੀਨੀਅਰ ਮੀਤ ਪ੍ਰਧਾਨ ਯੂਥ ਅਕਾਲੀ ਦਲ (ਬ) ਸ਼ਾਮਲ ਹੋਏ। ਇਸ ਮੌਕੇ ਕਲੱਬ ਦੇ ਅਹੁਦੇਦਾਰਾਂ, ਮੈਂਬਰਾਂ ਤੇ ਹੋਰ ਪਹੁੰਚੀਆਂ ਸ਼ਖ਼ਸੀਅਤਾਂ ਵੱਲੋਂ ਸ਼ਹੀਦ ਊਧਮ ਸਿੰਘ ਦੇ ਬੁੱਤ 'ਤੇ ਫੁੱਲਮਾਲਾ ਪਾ ਕੇ ਸੱਚੀ-ਸੁੱਚੀ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕਲੱਬ ਦੇ ਪ੍ਰਧਾਨ ਰਣਜੀਤ ਸਿੰਘ ਜੋਸਨ, ਜਸਵਿੰਦਰ ਸਿੰਘ ਝੰਡ ਬਲਾਕ ਪ੍ਰਧਾਨ ਕਾਂਗਰਸ, ਚਰਨਜੀਤ ਸਿੰਘ ਟੀਟੋ, ਅਵਤਾਰ ਸਿੰਘ ਟੱਕਰ ਮੁੱਖ ਬੁਲਾਰਾ ਕਾਂਗਰਸ, ਡਾ: ਨਿਰਮਲ ਸਿੰਘ, ਡਾ. ਦੀਪਕ ਗੁਪਤਾ, ਪ੍ਰਦੀਪ ਸਿੰਘ ਥਿੰਦ, ਡਾ: ਲਖਵਿੰਦਰ ਸਿੰਘ ਰੰਧਾਵਾ, ਕਾਮਰੇਡ ਸ਼ੇਰਗਿੱਲ ਬਲਾਕ ਸਕੱਤਰ ਸੀਪੀਆਈ , ਚਰਨਜੀਤ ਸਿੰਘ ਟੀਟੋ, ਡਾ. ਗੁਲਜਾਰ ਸਿੰਘ ਜੋਸਨ, ਸਿਕੰਦਰ ਮਾਨ, ਠੇਕੇਦਾਰ ਅਵਤਾਰ ਸਿੰਘ ਕਾਲਾ, ਸ਼ੇਰਮੀਤ ਸਿੰਘ, ਗੁਰਮੀਤ ਸਿੰਘ ਥਿੰਦ, ਧਰਮਵੀਰ ਬਿੱਟੂ, ਅਮਰ ਸਿੰਘ, ਸਵਿੰਦਰ ਸਿੰਘ, ਡਾਕਟਰ ਦਵਿੰਦਰ ਸਿੰਘ, ਵਰਿੰਦਰ ਸਿੰਘ, ਸੰਜੀਵ ਕੁਮਾਰ, ਪ੍ਰਭੂ, ਡਾ: ਲਖਵਿੰਦਰ ਸਿੰਘ ਰੰਧਾਵਾ, ਹਰਜਿੰਦਰ ਸਿੰਘ, ਭੁਪਿੰਦਰ ਸਿੰਘ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ ਜਿਨ੍ਹਾਂ ਸ਼ਹੀਦ ਊਧਮ ਸਿੰਘ ਦੇ ਬੁੱਤ ਤੇ ਫੁੱਲਮਾਲਾ ਪਾਉਣ ਉਪਰੰਤ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਸ਼ਹੀਦ ਕੌਮ ਦਾ ਸਰਮਾਇਆ ਹੁੰਦੇ ਹਨ, ਲੋੜ ਹੈ ਸ਼ਹੀਦਾਂ ਦੀ ਸੋਚ 'ਤੇ ਪਹਿਰਾ ਦੇ ਕੇ ਚੰਗੇ ਸਮਾਜ ਦੀ ਸਿਰਜਣਾ ਕਰਨ ਦੀ ਤਾਂ ਜੋ ਨੌਜਵਾਨ ਪੀੜ੍ਹੀ ਨੂੰ ਸਹੀ ਸੇਧ ਮਿਲ ਸਕੇ। ਇਸ ਮੌਕੇ ਨਸ਼ਿਆਂ ਖਿਲਾਫ ਡਟਣ ਦਾ ਵੀ ਪ੍ਰਣ ਕੀਤਾ ਗਿਆ। ਇਸ ਮੌਕੇ ਹਾਜ਼ਰ ਸ਼ਖ਼ਸੀਅਤਾਂ ਨੂੰ ਕਲੱਬ ਦੇ ਅਹੁਦੇਦਾਰਾਂ ਤੇ ਮੈਂਬਰਾਂ ਵੱਲੋਂ ਸਨਮਾਨਿਤ ਕੀਤਾ ਗਿਆ।

## ਅਰੁਣਾ ਚੌਧਰੀ ਵੱਲੋਂ ਬਲਾਕ ਦੀਨਾਨਗਰ ਤੇ ਦੋਰਾਂਗਲਾ ਦੇ ਨਵ-ਨਿਯੁਕਤ ਅਹੁਦੇਦਾਰਾਂ ਦੀ ਚੋਣ



**ਦੀਨਾਨਗਰ, (ਬਲਵਿੰਦਰ ਸਿੰਘ ਬਿੱਲਾ)**-ਪ੍ਰਦੇਸ਼ ਕਾਂਗਰਸ ਕਮੇਟੀ ਵੱਲੋਂ ਬਲਾਕ ਦੀਨਾਨਗਰ ਤੇ ਦੋਰਾਂਗਲਾ ਦੇ ਨਵੇਂ ਨਿਯੁਕਤ ਕੀਤੇ ਗਏ ਅਹੁਦੇਦਾਰਾਂ ਨੂੰ ਸਾਬਕਾ ਕੈਬਨਿਟ ਮੰਤਰੀ ਤੇ ਮੌਜੂਦਾ ਵਿਧਾਇਕਾ ਅਰੁਣਾ ਚੌਧਰੀ ਵੱਲੋਂ ਨਿਯੁਕਤੀ ਪੱਤਰ ਪ੍ਰਦਾਨ ਕੀਤੇ ਗਏ। ਹਾਈਕਮਾਨ ਵੱਲੋਂ ਜਾਰੀ ਸੂਚੀ ਦਾ ਐਲਾਨ ਕਰਦਿਆਂ ਸਾਬਕਾ ਜ਼ਿਲ੍ਹਾ ਪ੍ਰਧਾਨ ਅਸ਼ੋਕ ਚੌਧਰੀ ਨੇ ਦੱਸਿਆ ਕਿ ਬਲਾਕ-1 ਦੋਰਾਂਗਲਾ ਤੋਂ ਵਰਿੰਦਰ ਕੁਮਾਰ ਭਿੰਦਾ ਨੂੰ ਬਲਾਕ ਪ੍ਰਧਾਨ ਅਤੇ ਦਲਬੀਰ ਸਿੰਘ ਬਿੱਟੂ ਨੂੰ ਬਲਾਕ-2 ਦੀਨਾਨਗਰ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਸੇ ਤਰ੍ਹਾਂ ਬਲਾਕ-1 ਤੋਂ ਬਚਨ ਸਿੰਘ ਬਾਊਪੁਰ ਜੱਟਾਂ ਨੂੰ ਸੀਨੀਅਰ ਮੀਤ ਪ੍ਰਧਾਨ, ਤਰਸੇਮ ਲਾਲ ਸ਼ਰਮਾ ਉਮਰਪੁਰ, ਅਸ਼ੋਕ ਕੁਮਾਰ ਦੋਰਾਂਗਲਾ, ਨਿਸ਼ਾਨ ਸਿੰਘ ਡੁੱਗਰੀ ਤੇ ਰਾਜਿੰਦਰ ਸਿੰਘ ਲੋਹਗੜ੍ਹ ਨੂੰ ਮੀਤ ਪ੍ਰਧਾਨ ਦੀ ਜ਼ਿੰਮੇਵਾਰੀ ਦਿੱਤੀ ਗਈ ਹੈ। ਕਪਿਲ ਮਹਾਜਨ ਦੋਰਾਂਗਲਾ, ਹਰਦੇਵ ਸਿੰਘ ਬੈਂਸ, ਜਸਬੀਰ ਸਿੰਘ ਕਠਿਆਲੀ, ਜਗਜੀਤ ਸਿੰਘ ਜੱਜ ਬਊਪੁਰ ਅਫ਼ਗਾਨਾ, ਬਲਵਿੰਦਰ ਸਿੰਘ ਥੰਮਣ, ਵਿਕਰਮਜੀਤ ਸਿੰਘ ਮੱਦੇਪੁਰ, ਮਹਿੰਦਰ ਸਿੰਘ ਮਜੀਠੀ, ਪ੍ਰਭਸ਼ਰਨਜੀਤ ਸਿੰਘ ਧਾਰੋਚੱਕ, ਅਰਵਿੰਦ ਕੁਮਾਰ ਭਾਵੜਾ ਅਤੇ ਰਾਮ ਲੁਭਾਇਆ ਮਰਾੜਾ ਨੂੰ ਜਨਰਲ ਸਕੱਤਰ ਬਣਾਇਆ ਗਿਆ ਹੈ ਜਦਕਿ ਭਗਵਾਨ ਸਿੰਘ ਕਾਦੀਆਂਵਾਲੀ, ਸਰਵਨ ਕੁਮਾਰ ਠੁੰਡੀ, ਬਲਵਿੰਦਰ ਸਿੰਘ ਜੰਡੇਅ, ਰਾਮ ਲੁਭਾਇਆ ਆਲੀਨੰਗਲ, ਹਰਪ੍ਰੀਤ ਸਿੰਘ ਇਸਲਾਮਪੁਰ, ਦੀਦਾਰ ਸਿੰਘ ਤਾਜਪੁਰ, ਜਸਪਾਲ ਸਿੰਘ ਸ਼ਾਹਪੁਰ, ਬਲਵਿੰਦਰ ਸਿੰਘ ਨੰਗਲਡਾਲਾ, ਕਸ਼ਮੀਰ ਸਿੰਘ ਖੁਸ਼ੀਪੁਰ, ਦੇਵ ਰਾਜ ਦੋਰਾਂਗਲਾ, ਨਰੇਸ਼ ਕੁਮਾਰ ਦੋਰਾਂਗਲਾ, ਹਰਜੀਤ ਕੁਮਾਰ ਅੱਲਡਪਿੰਡੀ, ਗੋਲਡੀ ਦੋਰਾਂਗਲਾ ਅਤੇ ਸਤਨਾਮ ਸਿੰਘ ਗਾਹਲੜੀ ਨੂੰ ਸਕੱਤਰ ਥਾਪਿਆ ਗਿਆ ਹੈ। ਹੋਰਨਾਂ ਅਹੁਦੇਦਾਰਾਂ 'ਚ ਦੀਪਕ ਸ਼ਰਮਾ ਦੋਰਾਂਗਲਾ ਨੂੰ ਸੋਸ਼ਲ ਮੀਡੀਆ ਇੰਚਾਰਜ, ਸਤਨਾਮ ਸਿੰਘ ਵਜ਼ੀਰਪੁਰ ਅਫ਼ਗਾਨਾ ਨੂੰ ਮੀਡੀਆ ਇੰਚਾਰਜ, ਗੁਰਪ੍ਰੀਤ ਸਿੰਘ ਗੋਖਾ ਜੀਵਨਚੱਕ ਨੂੰ ਮੀਡੀਆ ਸਕੱਤਰ, ਸਿਮਰਨਜੀਤ ਸਿੰਘ ਮਗਰਮੂਧੀਆਂ ਤੇ ਦਿਨੇਸ਼ ਸ਼ਰਮਾ ਕਾਹਨਾ ਨੂੰ ਸੋਸ਼ਲ ਮੀਡੀਆ ਕੋਆਰਡੀਨੇਟਰ ਅਤੇ ਬਲਦੇਵ ਸਿੰਘ ਜੀਵਨਚੱਕ ਨੂੰ ਸਪੋਕਸਮੈਨ ਨਿਯੁਕਤ ਕਰਕੇ ਪਾਰਟੀ ਵੱਲੋਂ ਸਨਮਾਨ ਦਿੱਤਾ ਗਿਆ ਹੈ। ਅਸ਼ੋਕ ਚੌਧਰੀ ਨੇ ਦੱਸਿਆ ਕਿ ਦੂਜੀ ਸੂਚੀ ਅਨੁਸਾਰ ਬਲਾਕ-2 ਦੀਨਾਨਗਰ ਤੋਂ ਰਾਜਿੰਦਰ ਸਿੰਘ ਕਾਹਲੋਂ ਧਮਰਾਈ ਨੂੰ ਸੀਨੀਅਰ ਮੀਤ ਪ੍ਰਧਾਨ, ਅਮਰਜੀਤ ਸਿੰਘ ਨੌਸ਼ਹਿਰਾ ਤੇ ਅਵਿਨਾਸ਼ ਸਿੰਘ ਸੱਮੂਚੱਕ ਨੂੰ ਮੀਤ ਪ੍ਰਧਾਨ ਦੇ ਅਹੁਦੇ ਦਿੱਤੇ ਗਏ ਹਨ ਜਦਕਿ ਅਵਿੰਦਰ ਕੁਮਾਰ ਹਰੀਪੁਰ, ਸੱਤਪਾਲ ਸੈਣੀ ਦਬੁਰਜੀ, ਰਾਮ ਲੁਭਾਇਆ ਜਗਤਪੁਰ ਕਲਾਂ, ਜੈ ਹਰੀਚੰਦ ਸਾਹੋਵਾਲ, ਅਜਮੇਰ ਸਿੰਘ ਪੁਰਾਣਾਸ਼ਾਲਾ, ਆਸ਼ਾ ਰਾਮ ਸੰਗਮ ਦੀਨਾਨਗਰ, ਹਰਸ਼ ਕੁਮਾਰ ਝੱਖੜਪਿੰਡੀ, ਤਿਰਲੋਕ ਸਿੰਘ ਘੇਸਲ, ਵੀਨੂੰ ਕੋਠੇ ਭਗਵਾਨਪੁਰ ਅਤੇ ਪਰਮਜੀਤ ਕੁਮਾਰ ਮੇਘੀਆਂ ਨੂੰ ਜਨਰਲ ਸਕੱਤਰ ਦੀ ਅਹਿਮ ਜ਼ਿੰਮੇਵਾਰੀ ਸੌਂਪੀ ਗਈ ਹੈ। ਇਸੇ ਤਰ੍ਹਾ ਪਰਸ਼ੋਤਮ ਸਿੰਘ ਚੌਂਤਾ, ਕਰਨ ਸਿੰਘ ਝਡੋਲੀ ਬਸਤੀ, ਪਰਦੀਪ ਸਿੰਘ ਸ਼ਾਹਪੁਰ, ਰਾਜ ਕੁਮਾਰ ਕਲੀਜਪੁਰ, ਜਨਕ ਰਾਜ ਪੰਡੋਰੀ ਬੈਂਸਾਂ, ਕਮਲੇਸ਼ ਭਟੋਆ, ਅਸ਼ਵਨੀ ਕੁਮਾਰ ਲੰਗੇ, ਰਾਕੇਸ਼ ਕੁਮਾਰ ਰਸੂਲਪੁਰ ਰੰਗੜਾ, ਰਾਮ ਧੰਨ ਪੱਚੋਵਾਲ, ਹਰਦੇਵ ਸਿੰਘ ਮੁੰਨਾਵਾਲੀ, ਦਿੱਗਵਿਜੇ ਸਿੰਘ ਚੌਂਤਾ ਅਤੇ ਦੇਸ ਰਾਜ ਜੰਡੀ ਨੂੰ ਸਕੱਤਰ, ਰਾਜ ਰਾਣੀ ਕੋਠੇ ਸਦਾਨਾ ਨੂੰ ਮੀਡੀਆ ਸਕੱਤਰ, ਜਤਿਨ ਕੁਮਾਰ ਦੀਨਾਨਗਰ ਨੂੰ ਮੀਡੀਆ ਇੰਚਾਰਜ, ਤਰੁਣ ਕੁੰਡਲ ਅਵਾਂਖਾ ਤੇ ਸਰਜੀਵਨ ਤਲਵੰਡੀ ਨੂੰ ਸੋਸ਼ਲ ਮੀਡੀਆ ਕੋਆਰਡੀਨੇਟ ਅਤੇ ਗੁਰਦਰਸ਼ਨ ਸਿੰਘ ਨਾਨੋਨੰਗਲ ਨੂੰ ਸਪੋਕਸਮੈਨ ਬਣਾਇਆ ਗਿਆ ਹੈ। ਇਸ ਦੌਰਾਨ ਵਿਧਾਇਕਾ ਚੌਧਰੀ ਨੇ ਨਵਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਅੱਜ ਤੋਂ ਤੁਹਾਡੀ ਜ਼ਿੰਮੇਵਾਰੀ ਪਾਰਟੀ ਪ੍ਰਤੀ ਹੋਰ ਵੱਧ ਗਈ ਹੈ। ਇਸ ਮੌਕੇ ਚੇਅਰਮੈਨ ਹਰਵਿੰਦਰ ਸਿੰਘ ਭੱਟੀ, ਚੇਅਰਮੈਨ ਅਮਰਜੀਤ ਸਿੰਘ ਅਤੇ ਸਾਬਕਾ ਚੇਅਰਮੈਨ ਮਨਜੀਤ ਸਿੰਘ ਮੰਜ ਸਮੇਤ ਹੋਰ ਆਗੂ ਤੇ ਵਰਕਰ ਹਾਜ਼ਰ ਸਨ।

## ਅੰਬਾ ਐਜੂਕੇਸ਼ਨ ਸਰਵਿਸਜ਼ ਆਈਲਟ ਸੈਂਟਰ ਦਾ ਲਾਇਸੰਸ ਰੱਦ

**ਨਵਾਂਸ਼ਹਿਰ, (ਮਨੋਜ ਲਾਡੀ)**-ਅੰਬਾ ਐਜੂਕੇਸ਼ਨ ਸਰਵਿਸਜ਼ ਆਈਲਟ ਸੈਂਟਰ ਦਾ ਲਾਇਸੰਸ ਰੱਦ ਕਰ ਦਿੱਤਾ ਗਿਆ ਹੈ। ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਦੱਸਿਆ ਕਿ ਉਕਤ ਆਈਲਟ ਸੈਂਟਰ ਦੇ ਮਾਲਿਕ ਮੋਹਿਤ ਗਾਬਾ ਵਲੋਂ ਲਿਖਤੀ ਰੂਪ ਵਿੱਚ ਲਾਇਸੰਸ ਨੂੰ ਰੱਦ ਕਰਨ ਸਬੰਧੀ ਬੇਨਤੀ ਕੀਤੀ ਗਈ ਸੀ, ਇਸ 'ਤੇ ਕਾਰਵਾਈ ਕਰਦੇ ਹੋਏ ਉਨ੍ਹਾਂ ਦਾ ਲਾਇਸੰਸ ਰੱਦ ਕਰ ਦਿੱਤਾ ਗਿਆ ਹੈ। ਜੇਕਰ ਭਵਿੱਖ ਦੇ ਵਿੱਚ ਐਕਟ/ਰੂਲਜ਼ ਦੇ ਮੁਤਾਬਿਕ ਕਿਸੇ ਕਿਸਮ ਦੀ ਕੋਈ ਫਰਮ ਦੇ ਖਿਲਾਫ਼ ਸ਼ਿਕਾਇਤ ਆਉਂਦੀ ਹੈ ਤਾਂ ਇਸ ਦੀ ਜ਼ਿੰਮੇਵਾਰੀ ਉਕਤ ਲਾਇਸੰਸੀ ਦੀ ਹੋਵੇਗੀ ਅਤੇ ਉਕਤ ਸੈਂਟਰ ਵਾਲੇ ਹੀ ਭਰਪਾਈ ਦੇ ਜ਼ਿੰਮੇਵਾਰ ਹੋਣਗੇ।

## ਵਿਧਾਇਕ ਵੱਲੋਂ "ਡੈਂਟਲ ਵਰਲਡ ਕਲੀਨਿਕ" ਦਾ ਉਦਘਾਟਨ

**ਐੱਸ ਏ ਐੱਸ ਨਗਰ ( ਗੁਰਜੀਤ ਬਿੱਲਾ)**- ਇੱਥੇ ਸੈਕਟਰ 69 ਵਿਖੇ ਡੈਂਟਲ ਵਰਲਡ ਕਲੀਨਿਕ ਦਾ ਉਦਘਾਟਨ ਹਲਕਾ ਵਿਧਾਇਕ ਕੁਲਵੰਤ ਸਿੰਘ ਵੱਲੋਂ ਕੀਤਾ ਗਿਆ। ਜਿਸ ਵਿੱਚ ਹਰ ਐਤਵਾਰ ਬਿਲਕੁਲ ਮੁਫਤ ਚੈੱਕ ਅੱਪ ਅਤੇ ਇਲਾਜ ਕੀਤਾ ਜਾਵੇਗਾ। ਇਸ ਦੇ ਨਾਲ ਹੀ ਇਸ ਸ਼ੁਰੂਆਤ ਮੌਕੇ ਸਪੈਸ਼ਲ ਵੀਕ ਤਹਿਤ 6 ਅਗਸਤ ਤੱਕ ਵੀ ਚੈੱਕ ਅੱਪ ਅਤੇ ਇਲਾਜ ਲਈ ਇਹ ਨਵਾਂ ਡੈਂਟਲ ਵਰਲਡ ਕਲੀਨਿਕ ਜਨਤਾ ਲਈ ਖੁੱਲ੍ਹਾ ਸੱਦਾ ਦਿੰਦਾ ਹੈ। ਇਸ ਮੌਕੇ ਹਲਕਾ ਵਿਧਾਇਕ ਵੱਲੋਂ ਦੱਸਿਆ ਗਿਆ ਇਸ ਕਲੀਨਿਕ ਵਿੱਚ ਆਮ ਪਬਲਿਕ ਇੱਥੇ ਆ ਕੇ ਸੇਵਾਵਾਂ ਦਾ ਲਾਭ ਲੈ ਸਕਦੀ ਹੈ।

## ਕਟਾਰੀਆ ਵਿਖੇ ਸ਼ਹੀਦੀ ਦਿਹਾੜਾ ਮਨਾਇਆ

**ਬਹਿਰਾਮ (ਅਵਤਾਰ ਕਲੇਰ)** ਬੰਗਾ ਹਲਕੇ ਦੇ ਪਿੰਡ ਕਟਾਰੀਆਂ ਵਿਖੇ ਮਹਾਨ ਕ੍ਰਾਂਤੀਕਾਰੀ ਸ਼ਹੀਦ ਊਧਮ ਸਿੰਘ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ। ਉਨ੍ਹਾਂ ਦੇ ਆਦਮ ਕਦ ਬੁੱਤ ਤੇ ਹਾਰ ਪਾ ਕੇ ਸ਼ਰਧਾ ਦੇ ਫੁੱਲ ਭੇਂਟ ਕੀਤੇ । ਇਸ ਮੌਕੇ ਆਮ ਆਦਮੀ ਪਾਰਟੀ ਦੇ ਆਗੂ ਅਤੇ ਹਲਕਾ ਬੰਗਾ ਦੇ ਇੰਚਾਰਜ ਕੁਲਜੀਤ ਸਿੰਘ ਸਰਹਾਲ ਵਿਸ਼ੇਸ਼ ਤੌਰ 'ਤੇ ਪਹੁੰਚੇ । ਉਹਨਾਂ ਸੰਬੋਧਨ ਕਰਦਿਆਂ ਕਿਹਾ ਕਿ ਸ਼ਹੀਦ ਊਧਮ ਸਿੰਘ ਨੇ ਬਰਾਬਰਤਾ ਵਾਲਾ ਸਮਾਜ ਸਿਰਜਣ ਲਈ ਯਤਨ ਕੀਤੇ । ਉਹਨਾਂ ਨੇ ਜਲਿਆਂਵਾਲਾ ਬਾਗ ਦੇ ਦੁੱਖਦਾਈ ਕਤਲੇਆਮ ਦਾ ਇੰਗਲੈਂਡ ਵਿੱਚ ਜਾ ਕੇ ਬਦਲਾ ਲਿਆ। ਦੇਸ਼ ਵਾਸੀ ਉਹਨਾਂ ਦੀ ਕੁਰਬਾਨੀ ਨੂੰ ਕਦੇ ਵੀ ਭੁਲਾ ਨਹੀਂ ਸਕਦੇ। ਇਸ ਮੌਕੇ ਉਨ੍ਹਾਂ ਨਾਲ ਸਰਵਣ ਸਿੰਘ ਬੱਲ ਡੀ ਐੱਸ ਪੀ ਬੰਗਾ ਤੋਂ ਇਲਾਵਾ ਸੰਗਤਾਂ ਹਾਜਰ ਸਨ ।

# 'ਸ਼ਹੀਦ ਜਨਰਲ ਸੁਬੇਗ ਸਿੰਘ ਖ਼ਿਆਲਾ' ਤੇ 'ਹਨੇਰਿਆਂ ਨੂੰ ਚੁਣੌਤੀ' ਪੁਸਤਕਾਂ ਲੋਕ ਅਰਪਿਤ



**ਬਾਬਾ ਬਕਾਲਾ ਸਾਹਿਬ, (ਨਿਰਮਲ ਸਿੰਘ ਸੰਘਾ)**-ਪੰਜਾਬੀ ਸਾਹਿਤ ਅਤੇ ਸਭਿਆਚਾਰਕ ਕੇਂਦਰ ਤਰਨ ਤਾਰਨ ਵੱਲੋਂ ਭਾਈ ਮੋਹਨ ਸਿੰਘ ਵੈਦ ਯਾਦਗਾਰੀ ਲਾਇਬ੍ਰੇਰੀ ਤਰਨਤਾਰਨ ਵਿਖੇ ਕਰਵਾਏ ਗਏ ਸਾਵਣ ਕਵੀ ਦਰਬਾਰ ਮੌਕੇ ਪ੍ਰਧਾਨਗੀ ਮੰਡਲ ਵਿੱਚ ਜਗੀਰ ਕੌਰ ਮੀਰਾਂਕੋਟ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ, ਮਨਮੋਹਨ ਸਿੰਘ ਬਾਸਰਕੇ, ਜਸਬੀਰ ਸਿੰਘ ਝਬਾਲ (ਸੰਪਾਦਕ ਸਤਰੰਗੀ), ਡਾ: ਗਗਨਦੀਪ ਪ੍ਰਧਾਨ ਮਝੈਲਾਂ ਦੀ ਸੱਥ, ਧਰਵਿੰਦਰ ਸਿੰਘ ਔਲਖ ਪ੍ਰਧਾਨ ਚੋਗਾਵਾਂ, ਗੁਲਜ਼ਾਰ ਸਿੰਘ ਖੇੜਾ, ਸਾਬਕਾ ਡਿਪਟੀ ਡਾਇਰੈਕਟਰ ਡਾ: ਜਸਪਾਲ ਸਿੰਘ, ਬੂਟਾ ਗੁਲਾਮੀ ਵਾਲਾ, ਕੀਰਤ ਪ੍ਰਤਾਪ ਸਿੰਘ ਪੰਨੂੰ, ਅਸ਼ੋਕ ਆਰਜ਼ੂ, ਬਲਬੀਰ ਸਿੰਘ ਭੈਲ, ਬਲਬੀਰ ਸਿੰਘ ਬੇਲੀ, ਮਾਸਟਰ ਜਸਵਿੰਦਰ ਸਿੰਘ ਚਾਹਲ, ਬਰਕਤ ਸਿੰਘ ਵੋਹਰਾ, ਮਾਸਟਰ ਜਸਵੰਤ ਸਿੰਘ, ਕੁਲਵੰਤ ਸਿੰਘ ਕੋਮਲ, ਆਦਿ ਸੁਸ਼ੋਭਿਤ ਹੋਏ। ਇਸ ਮੌਕੇ ਇਤਿਹਾਸਕਾਰ ਦਲੇਰ ਸਿੰਘ ਖਿਆਲਾ ਦੀ ਪੁਸਤਕ 'ਸ਼ਹੀਦ ਜਨਰਲ ਸੁਬੇਗ ਸਿੰਘ ਖ਼ਿਆਲਾ' ਅਤੇ ਸੁਖਵਿੰਦਰ ਸਿੰਘ ਖਾਰਾ ਦੀ ਪੁਸਤਕ 'ਹਨੇਰਿਆਂ ਨੂੰ ਚੁਣੌਤੀ' ਲੋਕ ਅਰਪਿਤ ਕੀਤੀਆਂ ਗਈਆਂ। ਇਸ ਮੌਕੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਸ਼ੇਲਿੰਦਰਜੀਤ ਸਿੰਘ ਰਾਜਨ, ਮੱਖਣ ਭੈਣੀਵਾਲਾ, ਜਸਪਾਲ ਸਿੰਘ ਧੂਲਕਾ, ਜਸਮੇਲ ਸਿੰਘ ਜੋਧੇ, ਸਤਨਾਮ ਸਿੰਘ ਸੱਤਾ ਜਸਪਾਲ, ਰਾਜਵਿੰਦਰ ਕੌਰ ਰਾਜ, ਸੁਰਿੰਦਰ ਖਿਲਚੀਆਂ, ਸਕੱਤਰ ਸਿੰਘ ਪੁਰੇਵਾਲ, ਅਜੈਬ ਸਿੰਘ ਬੋਦੇਵਾਲ, ਅਮਨਪ੍ਰੀਤ ਸਿੰਘ ਅਠੌਲਾ ਨੇ ਭਰਵੀਂ ਹਾਜ਼ਰੀ ਲਵਾਈ। ਮਝੈਲਾਂ ਦੇ ਸੱਥ ਵੱਲੋਂ ਪ੍ਰਧਾਨ ਡਾ: ਗਗਨ, ਸੁਰਜੀਤ ਅਸ਼ਕ, ਅਕਾਸ਼ਦੀਪ ਸਿੰਘ, ਕਾਲਾ ਰਿਆਲੀ, ਅਮਰਪਾਲ ਸਿੰਘ ਖਹਿਰਾ, ਹਰਭਜਨ ਸਿੰਘ ਭੱਗਰੱਥ, ਸੁਖਦੇਵ ਸਿੰਘ, ਬਲਵਿੰਦਰ ਸਰਘੀ, ਦਵਿੰਦਰ ਸਿੰਘ ਭੋਲਾ, ਵਲਟੋਹਾ, ਨਿਰਮਲ ਕੌਰ ਕੋਟਲਾ, ਜਸਬੀਰ ਕੌਰ, ਬਲਵਿੰਦਰ ਕੌਰ ਪੰਧੇਰ, ਮਾਸਟਰ ਅਵਤਾਰ ਸਿੰਘ ਗੋਇੰਦਵਾਲ, ਗੁਰਮੀਤ ਸਿੰਘ ਨੂਰਦੀ, ਹਰਦੇਵ ਸਿੰਘ ਗਾਂਧੀ, ਭਗਵੰਤ ਸਿੰਘ ਖਿਆਲਾ, ਕੁਲਦੀਪ ਸਿੰਘ ਦਰਾਜਕੇ, ਲਖਵਿੰਦਰ ਸਿੰਘ ਚੰਦਨ, ਹਰਿਕਿਰਤ ਸਿੰਘ, ਸਰਬਜੀਤ ਕੌਰ ਪੀਸੀ, ਕੰਵਲਜੀਤ ਕੌਰ ਦਬੁਰਜੀ, ਪਰਮਜੀਤ ਜੈਸਵਾਲ, ਵੀਨਾ ਝਬਾਲ, ਹਰਮਨ ਸਿੰਘ ਜਰਮਸਤਪੁਰ ਦਾ ਕਵੀਸ਼ਰੀ ਜੱਥਾ, ਕਾਕਾ ਨਕਸ਼ਦੀਪ ਸਿੰਘ, ਸਤਨਾਮ ਸਿੰਘ ਮੂਦਲ , ਚਰਨ ਸਿੰਘ, ਗੁਰਚਰਨ ਸਿੰਘ ਸਭਰਾ, ਬਲਬੀਰ ਸਿੰਘ ਲਹਿਰੀ, ਕਰਮ ਸਿੰਘ ਮਾਹਲਾ, ਮਨਦੀਪ ਸਿੰਘ ਰਾਜਨ, ਅਜੀਤ ਸਿੰਘ ਨਬੀਪੁਰ, ਕੰਵਲਜੀਤ ਸਿੰਘ ਢਿੱਲੋਂ, ਹਰਦਰਸ਼ਨ ਸਿੰਘ ਕਮਲ, ਤਰਸੇਮ ਸਿੰਘ ਭੂਪਾਲ, ਪੁਸ਼ਪਿੰਦਰ ਸਿੰਘ, ਰਾਜ ਚੋਗਾਵਾਂ ਹਾਜ਼ਰ ਸਨ।

ਸਟੇਜ ਦਾ ਸੰਚਾਲਨ ਜਸਵਿੰਦਰ ਸਿੰਘ ਢਿੱਲੋਂ ਵੱਲੋਂ ਕੀਤਾ ਗਿਆ।

# ਆਯੂਸ਼ਮਾਨ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਕਾਰਡ ਬਣਾਉਣ ਦੀ ਮੁਹਿੰਮ ਸ਼ੁਰੂ

**ਗੁਰਦਾਸਪੁਰ, (ਜਨਕ ਮਹਾਜਨ)**-ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਦੀ ਅਗਵਾਈ ਹੇਠ ਸਿਹਤ ਵਿਭਾਗ ਵਲੋਂ ਜ਼ਿਲ੍ਹਾ ਗੁਰਦਾਸਪੁਰ ਵਿੱਚ ਆਯੂਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਕਾਰਡ ਬਣਾਉਣ ਦੀ ਵਿਸ਼ੇਸ਼ ਮੁਹਿੰਮ ਅਰੰਭੀ ਗਈ ਹੈ। ਇਸ ਮੁਹਿੰਮ ਤਹਿਤ ਸਿਹਤ ਵਿਭਾਗ ਵਲੋਂ ਰੋਟਰੀ ਕਲੱਬ ਗੁਰਦਾਸਪੁਰ ਦੀ ਸਹਾਇਤਾ ਨਾਲ ਪਿੰਡ ਤਿੱਬੜ ਅਤੇ ਹਯਾਤਨਗਰ ਵਿਖੇ ਵਿਸ਼ੇਸ਼ ਕੈਂਪ ਲਗਾ ਕੇ ਯੋਗ ਲਾਭਪਤਾਰੀਆਂ ਦੇ ਸਿਹਤ ਬੀਮਾਂ ਯੋਜਨਾ ਦੇ ਕਾਰਡ ਬਣਾ ਕੇ ਦਿੱਤੇ ਗਏ। ਸਿਹਤ ਬੀਮਾ ਯੋਜਨਾ ਦੇ ਕਾਰਡ ਬਣਾਉਣ ਦੀ ਸਾਰੀ ਫੀਸ ਰੋਟਰੀ ਕਲੱਬ ਗੁਰਦਾਸਪੁਰ ਵੱਲੋਂ ਅਦਾ ਕੀਤੀ ਗਈ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਰਮਨ ਬਹਿਲ ਨੇ ਕਿਹਾ ਕਿ ਆਯੂਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਸੂਬੇ ਦੇ ਸਸਤਾ ਅਨਾਜ ਕਾਰਡ ਧਾਰਕ ਪਰਿਵਾਰਾਂ, ਜੇ ਫਾਰਮ ਧਾਰਕ ਕਿਸਾਨ ਪਰਿਵਾਰਾਂ, ਛੋਟੇ ਵਪਾਰੀਆਂ, ਰਜਿਸਟਰਡ ਉਸਾਰੀ ਮਜ਼ਦੂਰਾਂ ਅਤੇ ਐਕਰੀਡੇਟਿਡ/ਯੈਲੋ ਕਾਰਡ ਧਾਰਕ ਪੱਤਰਕਾਰਾਂ ਦੇ ਪਰਿਵਾਰਾਂ ਨੂੰ 5 ਲੱਖ ਰੁਪਏ ਸਾਲਾਨਾ ਮੁਫ਼ਤ ਇਲਾਜ ਦੀ ਸਹੂਲਤ ਦਿੱਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਇਹ ਯੋਜਨਾ ਲੋੜਵੰਦ ਪਰਿਵਾਰਾਂ ਲਈ ਬਹੁਤ ਵਧੀਆ ਹੈ ਅਤੇ ਲੋੜ ਪੈਣ 'ਤੇ ਕਾਰਡ ਧਾਰਕ ਪਰਿਵਾਰ ਸੂਬੇ ਦੇ 900 ਤੋਂ ਵੱਧ ਸਰਕਾਰੀ ਅਤੇ ਪ੍ਰਾਈਵੇਟ ਹਸਪਤਾਲਾਂ ਵਿਚ ਆਪਣਾ ਮੁਫ਼ਤ ਇਲਾਜ ਕਰਵਾ ਸਕਦੇ ਹਨ। ਓਧਰ ਰੋਟਰੀ ਕਲੱਬ ਦੇ ਪ੍ਰਧਾਨ ਅਮਰਬੀਰ ਸਿੰਘ ਚਾਹਲ, ਕੇਸ਼ਵ ਬਹਿਲ ਸੀਨੀਅਰ ਰੋਟਰੇਅੀਨ, ਵਿਨੋਦ ਗੁਪਤਾ, ਦਿਨੇਸ਼ ਮਹਾਜਨ, ਸਾਰੰਗ ਗੁਪਤਾ, ਜਨਕ ਰਾਜ ਸ਼ਰਮਾ (ਸਾਰੇ ਰੋਟੇਰੀਅਨ) ਨੇ ਪੰਜਾਬ ਸਰਕਾਰ ਅਤੇ ਚੇਅਰਮੈਨ ਰਮਨ ਬਹਿਲ ਵਲੋਂ ਸਿਹਤ ਬੀਮਾ ਯੋਜਨਾ ਦੇ ਕਾਰਡ ਬਣਾਉਣ ਲਈ ਸ਼ੁਰੂ ਕੀਤੀ ਮੁਹਿੰਮ ਦੀ ਸਰਾਹਨਾ ਕਰਦਿਆਂ ਕਿਹਾ ਕਿ ਉਹ ਭਵਿੱਖ ਵਿੱਚ ਸਿਹਤ ਵਿਭਾਗ ਦਾ ਏਵੇਂ ਹੀ ਸਹਿਯੋਗ ਕਰਦੇ ਰਹਿਣਗੇ। ਸਿਹਤ ਬੀਮਾ ਯੋਜਨਾ ਦੇ ਕਾਰਡ ਹਾਸਲ ਕਰਨ ਲਾਭਪਤਾਰੀਆਂ ਨੇ ਵੀ ਮੁੱਖ ਮੰਤਰੀ ਭਗਵੰਤ ਮਾਨ ਅਤੇ ਚੇਅਰਮੈਨ ਰਮਨ ਬਹਿਲ ਦਾ ਧੰਨਵਾਦ ਕੀਤਾ ਹੈ।

## ਸਕੂਲ ਆਫ ਐਮੀਨੈਂਸ ਵਿਖੇ ਵੱਖ-ਵੱਖ ਕਿਸਮ ਦੇ ਬੂਟੇ ਲਗਾਏ

**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਸਕੂਲ ਆਫ ਐਮੀਨੈਂਸ ਪੱਟੀ ਵਿਖੇ ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ 'ਮਿਸ਼ਨ ਤੰਦਰੁਸਤ ਪੰਜਾਬ' ਦੀ ਸਫਲਤਾ ਲਈ ਸਕੂਲ ਵਿਖੇ ਲਗਭਗ 60 ਬੂਟੇ ਫਲਦਾਰ ਅਤੇ ਫੁੱਲਦਾਰ ਲਗਾਏ ਗਏ। ਮਿਸ਼ਨ ਤੰਦਰੁਸਤ ਪੰਜਾਬ ਦੇ ਕੋਆਰਡੀਨੇਟਰ ਸਰਬਦੀਪ ਕੌਰ ਅਤੇ ਸਕੂਲ ਇੰਚਾਰਜ ਪ੍ਰਿੰਸੀਪਲ ਉਂਕਾਰ ਸਿੰਘ ਨੇ ਬੋਲਦਿਆਂ ਕਿਹਾ ਕਿ ਸਮੇਂ ਦੀ ਮੁੱਖ ਮੰਗ ਹਰਿਆ-ਭਰਿਆ ਪੰਜਾਬ ਅਤੇ ਸ਼ੁੱਧ ਪੌਣ ਪਾਣੀ ਹੈ। ਇਹ ਸੁਫਨਾ ਸਿਰਫ ਰੁੱਖ ਲਗਾ ਕੇ ਹੀ ਪੂਰਾ ਕੀਤਾ ਜਾ ਸਕਦਾ ਹੈ। ਇਸ ਲਈ ਸਾਡਾ ਨਾਅਰਾ ਹੈ 'ਹਰ ਮਨੁੱਖ ਲਗਾਵੇ ਇੱਕ ਰੁੱਖ'। ਇਸ ਮੌਕੇ ਸਕੂਲ ਦੇ ਸਮੂਹ ਅਧਿਆਪਕ ਸਾਹਿਬਾਨ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹੱਥਾਂ 'ਚ ਬੂਟੇ ਲੈ ਕੇ ਹਾਜ਼ਰ ਸਨ।

ਨਵਾਂ ਜ਼ਮਾਨਾ
ਮੰਗਲਵਾਰ, 1 ਅਗਸਤ 2023

# ਅਸੀਂ ਵੀ ਗੁਨਾਹਗਾਰ ਹਾਂ

ਜੁਲਾਈ ਦੇ ਅੱਧ ਵਿੱਚ ਜਦੋਂ ਦੋ ਕੁੱਕੀ ਔਰਤਾਂ ਦਾ ਨਗਨ ਵੀਡੀਓ ਵਾਇਰਲ ਹੋਇਆ ਤਾਂ ਸਾਰੇ ਦੇਸ਼ ਵਿੱਚ ਹਾਹਾਕਾਰ ਮਚ ਗਈ। ਮਨੀਪੁਰ ਤਾਂ 3 ਮਈ ਤੋਂ ਹੀ ਸੜ ਰਿਹਾ ਸੀ। ਡੇਢ ਸੈਂਕੜੇ ਤੋਂ ਵੱਧ ਵਿਅਕਤੀ ਜਾਨਾਂ ਗਵਾ ਚੁੱਕੇ ਸਨ ਤੇ ਜ਼ਖ਼ਮੀਆਂ ਨਾਲ ਹਸਪਤਾਲ ਭਰ ਗਏ ਸਨ। ਹਜ਼ਾਰਾਂ ਲੋਕਾਂ ਦੇ ਘਰ ਸਾੜ ਕੇ ਉਨ੍ਹਾਂ ਨੂੰ ਕੈਂਪਾਂ ਵਿੱਚ ਸ਼ਰਨ ਲੈਣ ਲਈ ਮਜਬੂਰ ਕਰ ਦਿੱਤਾ ਗਿਆ ਸੀ। ਹਾਕਮ ਤਾਂ ਗੂੰਗੇ-ਬਹਿਰੇ ਹੁੰਦੇ ਹਨ, ਪਰ ਅਸੀਂ ਵੀ ਮੂੰਹ ਨਾ ਖੋਲ੍ਹਿਆ। ਦੋ ਔਰਤਾਂ ਦੀ ਬੇਪਤੀ ਤੋਂ ਬਾਅਦ ਸਾਡੀ ਨੀਂਦ ਉਦੋਂ ਖੁੱਲ੍ਹੀ, ਜਦੋਂ ਉਸ ਭਿਆਨਕ ਘਟਨਾ ਤੋਂ ਮੂੰਹ ਮੋੜਨਾ ਔਖਾ ਹੋ ਗਿਆ।

ਅਸਲ ਵਿੱਚ ਨਗਨ ਔਰਤਾਂ ਦਾ ਵੀਡਿਓ ਆਉਣ ਤੋਂ ਬਾਅਦ ਸਾਡੇ ਲਈ ਬੋਲਣਾ ਸੌਖਾ ਹੋ ਗਿਆ ਹੈ। ਖ਼ਬਰਾਂ ਤਾਂ ਹੋਰ ਵੀ ਦਿਲ ਕੰਬਾਊ ਆ ਰਹੀਆਂ ਸਨ, ਜਿਨ੍ਹਾਂ ਨੂੰ ਅਸੀਂ ਤਵੱਜੋ ਨਾ ਦਿੱਤੀ। ਜੇਕਰ ਉਸ ਸਮੇਂ ਅਸੀਂ ਚੁੱਪ ਨਾ ਰਹਿੰਦੇ ਤਾਂ ਸ਼ਾਇਦ ਦੋ ਔਰਤਾਂ ਬੇਪਤੀ ਤੋਂ ਬਚ ਜਾਂਦੀਆਂ।

ਇਨ੍ਹਾਂ ਔਰਤਾਂ ਦੇ ਵੀਡੀਓ ਤੋਂ ਡੇਢ ਮਹੀਨਾ ਪਹਿਲਾਂ 4 ਜੂਨ ਨੂੰ ਪੱਛਮੀ ਇੰਫਾਲ ਵਿੱਚੋਂ ਇੱਕ ਖ਼ਬਰ ਆਈ ਸੀ। ਇਹ ਖ਼ਬਰ ਘਟਨਾ ਤੋਂ ਤਿੰਨ ਦਿਨ ਬਾਅਦ ਅਖ਼ਬਾਰਾਂ 'ਚ ਛਪੀ ਸੀ।

ਅਸਾਮ ਰਾਈਫਲ ਦੇ ਰਾਹਤ ਕੈਂਪ ਵਿੱਚ ਇੱਕ ਗੋਲੀ ਲੱਗਣ ਕਾਰਨ ਜ਼ਖ਼ਮੀ ਹੋਏ 7 ਸਾਲਾ ਤੋਂਨਸਿੰਗ ਹਾਂਗਸਿੰਗ ਨੂੰ ਲਿਆਂਦਾ ਗਿਆ ਸੀ। ਉਸ ਨੂੰ ਆਕਸੀਜਨ ਲੱਗੀ ਹੋਈ ਸੀ। ਬੱਚੇ ਦੀ ਜਾਨ ਬਚਾਉਣ ਲਈ ਵੱਡੇ ਹਸਪਤਾਲ ਵਿੱਚ ਲਿਜਾਣ ਦਾ ਫ਼ੈਸਲਾ ਕੀਤਾ ਗਿਆ। ਬੱਚੇ ਦਾ ਪਿਤਾ ਕੁੱਕੀ ਤੇ ਮਾਂ ਮੀਨਾ ਹਾਂਗਸਿੰਗ ਮੈਤੇਈ ਕਬੀਲੇ ਦੀ ਸੀ।

ਫੈਸਲਾ ਕੀਤਾ ਗਿਆ ਕਿ ਬੱਚੇ ਨਾਲ ਮਾਂ ਤੇ ਉਸ ਦੀ ਗੁਆਂਢਣ ਲੀਡੀਆ ਲੌਰੇਮਬਾਨ, ਜੋ ਮੈਤੇਈ ਕਬੀਲੇ ਦੀ ਸੀ, ਜਾਣਗੀਆਂ। ਇਹ ਸੋਚਿਆ ਗਿਆ ਕਿ ਬੱਚੇ ਨਾਲ ਮੈਤੇਈ ਔਰਤਾਂ ਕਾਰਨ ਉਨ੍ਹਾਂ ਨੂੰ ਕੁਝ ਨਹੀਂ ਕਿਹਾ ਜਾਵੇਗਾ। ਕੁੱਕੀ ਪਿਤਾ ਨੂੰ ਨਾਲ ਜਾਣੋ ਰੋਕ ਦਿੱਤਾ ਗਿਆ ਸੀ। ਐਂਬੂਲੈਂਸ ਨੂੰ ਮੈਤੇਈ ਇਲਾਕੇ ਵਿੱਚ ਮੈਤੇਈ ਔਰਤਾਂ ਦੀ ਭੀੜ ਨੇ ਰੋਕ ਲਿਆ। ਉਨ੍ਹਾਂ ਐਂਬੂਲੈਂਸ ਦੇ ਡਰਾਈਵਰ ਤੇ ਨਰਸ ਨੂੰ ਬਾਹਰ ਕੱਢ ਕੇ ਐਂਬੂਲੈਂਸ ਨੂੰ ਅੱਗ ਲਾ ਕੇ ਬੱਚੇ ਸਮੇਤ ਦੋਹਾਂ ਮੈਤੇਈ ਔਰਤਾਂ ਨੂੰ ਸਾੜ ਦਿੱਤਾ।

ਮੈਤੇਈ ਔਰਤਾਂ ਦੀ ਭੀੜ ਲਈ ਏਨਾ ਹੀ ਕਾਫ਼ੀ ਸੀ ਕਿ ਐਂਬੂਲੈਂਸ ਕੁੱਕੀ ਇਲਾਕੇ 'ਚੋਂ ਆ ਰਹੀ ਸੀ। ਉਨ੍ਹਾਂ ਦਾ ਮੈਤੇਈ ਹੋਣਾ ਵੀ ਭੀੜ ਦਾ ਦਿਲ ਨਾ ਪਿਘਲਾ ਸਕਿਆ। ਇਹ ਵੀ ਹੋ ਸਕਦਾ ਹੈ ਕਿ ਉਨ੍ਹਾਂ ਨੂੰ ਇਹ ਪਤਾ ਹੋਵੇ ਕਿ ਮੈਤੇਈ ਮੀਨਾ ਇੱਕ ਕੁੱਕੀ ਦੀ ਪਤਨੀ ਤੇ 7 ਸਾਲਾ ਬੱਚਾ ਇੱਕ ਕੁੱਕੀ ਦਾ ਪੁੱਤਰ ਸੀ। ਮਨੀਪੁਰ ਵਿੱਚ ਦੰਗਿਆਂ ਦੀ ਭਿਆਨਕਤਾ ਦਾ ਅੰਦਾਜ਼ਾ ਇਸੇ ਗੱਲ ਤੋਂ ਲਾਇਆ ਜਾ ਸਕਦਾ ਹੈ ਕਿ ਦੋ ਦੇਸ਼ਾਂ ਦੇ ਯੁੱਧ ਵਿੱਚ ਵੀ ਐਂਬੂਲੈਂਸ ਉੱਤੇ ਹਮਲਾ ਨਹੀਂ ਕੀਤਾ ਜਾਂਦਾ।

ਇਹ ਹੋਰ ਵੀ ਦੁਖਦਾਈ ਗੱਲ ਹੈ ਕਿ ਐਂਬੂਲੈਂਸ ਨਾਲ ਅਸਾਮ ਰਾਈਫਲ ਦੇ ਹਥਿਆਰਬੰਦ ਜਵਾਨ ਵੀ ਸਨ। ਉਨ੍ਹਾਂ ਨੇ ਨਾ ਮੈਤੇਈ ਔਰਤਾਂ ਦੀ ਭੀੜ ਨੂੰ ਰੋਕਣ ਦੀ ਕੋਈ ਕੋਸ਼ਿਸ਼ ਕੀਤੀ, ਗੋਲੀ ਚਲਾਉਣਾ ਤਾਂ ਦੂਰ ਹਵਾ ਵਿੱਚ ਫਾਇਰ ਵੀ ਨਾ ਕੀਤੇ, ਕਿਉਂਕਿ ਉਪਰਲਿਆਂ ਨੇ ਉਨ੍ਹਾਂ ਦੇ ਹੱਥ ਬੰਨ੍ਹੇ ਹੋਏ ਸਨ। ਅਸਲ ਵਿੱਚ ਤੋਂਨਸਿੰਗ, ਮੀਨਾ ਤੇ ਲੀਡੀਆ ਦੀ ਹੱਤਿਆ ਲਈ ਸਿਰਫ਼ ਮੈਤੇਈ ਔਰਤਾਂ ਦੀ ਭੀੜ ਹੀ ਨਹੀਂ, ਮਨੀਪੁਰ ਦੀ ਸਰਕਾਰ ਵੀ ਓਨੀ ਹੀ ਜ਼ਿੰਮੇਵਾਰ ਹੈ।

ਦੋ ਔਰਤਾਂ ਦੇ ਨਗਨ ਵੀਡੀਓ ਤੋਂ ਡੇਢ ਮਹੀਨਾ ਪਹਿਲਾਂ ਵਾਪਰੇ ਇਸ ਹੱਤਿਆ ਕਾਂਡ ਦੀ ਕਿਸੇ ਵੀ ਸਿਆਸੀ ਆਗੂ ਨੇ ਨਿੰਦਾ ਨਹੀਂ ਕੀਤੀ। ਇਹ ਖ਼ਬਰ ਦਿਲ ਦਹਿਲਾ ਦੇਣ ਵਾਲੀ ਸੀ, ਪ੍ਰੰਤੂ ਸਾਰੇ ਦੇਸ਼ ਵਿੱਚ ਇਸ ਵਿਰੁੱਧ ਇੱਕ ਪੱਤਾ ਵੀ ਨਾ ਹਿੱਲਿਆ। ਸੱਤ ਸਾਲਾ ਤੋਂਨਸਿੰਗ ਹਾਂਗਸਿੰਗ ਦੋ ਸੰਸਕ੍ਰਿਤੀਆਂ ਮੈਤੇਈ ਤੇ ਕੁੱਕੀ ਦਾ ਸੰਗਮ ਸੀ। ਉਸ ਨੇ ਉਹ ਭਾਰਤੀ ਬਣਨਾ ਸੀ, ਜਿਸ ਦੀ ਭਾਰਤ ਬਣਨ ਲਈ ਭਾਰਤ ਨੂੰ ਲੋੜ ਹੈ।

ਇਨ੍ਹੀਂ ਦਿਨੀਂ ਵਿਰੋਧੀ ਪਾਰਟੀਆਂ ਦੇ ਗਠਜੋੜ 'ਇੰਡੀਆ' ਦੇ 21 ਸਾਂਸਦਾਂ ਦਾ ਵਫ਼ਦ ਮਨੀਪੁਰ ਹੋ ਕੇ ਆਇਆ ਹੈ। ਉਨ੍ਹਾਂ ਦੀ ਦੋ ਦਿਨਾ ਯਾਤਰਾ ਵਿੱਚੋਂ ਜੇਕਰ ਯਾਤਰਾ ਦੇ ਸਮੇਂ ਤੇ ਗਵਰਨਰ ਨਾਲ ਮਿਲਣੀ ਦੇ ਵਕਤ ਨੂੰ ਕੱਢ ਲਿਆ ਜਾਵੇ ਤਾਂ ਪੀੜਤਾਂ ਨੂੰ ਮਿਲਣ ਲਈ ਸਿਰਫ਼ ਇੱਕ ਦਿਨ ਬਚਦਾ ਹੈ। ਤਿੰਨ ਮਹੀਨੇ ਤੋਂ ਸੜ ਰਹੇ ਮਨੀਪੁਰ ਦੀ ਹਕੀਕਤ ਜਾਣਨਾ ਏਨੇ ਸਮੇਂ ਵਿੱਚ ਸੰਭਵ ਨਹੀਂ। ਤੋਂਨਸਿੰਗ ਦੇ ਪਰਵਾਰ ਵਰਗੇ ਕਿੰਨੇ ਲੋਕ ਹੋਣਗੇ, ਜਿਹੜੇ ਇਸ ਉਡੀਕ ਵਿੱਚ ਹਨ ਕਿ ਕੋਈ ਉਨ੍ਹਾਂ ਦਾ ਦਰਦ ਵੰਡਾਉਣ ਆਵੇਗਾ। ਜਿਹੜੇ ਵੀ ਸਿਆਸੀ ਦਲਾਂ ਦੇ ਸਾਂਸਦ ਮਨੀਪੁਰ ਗਏ ਸਨ, ਉਹ ਸ਼ਲਾਘਾ ਦੇ ਹੱਕਦਾਰ ਹਨ, ਪਰ ਉਨ੍ਹਾਂ ਦੀ ਜ਼ਿੰਮੇਵਾਰੀ ਇਥੇ ਹੀ ਖ਼ਤਮ ਨਹੀਂ ਹੁੰਦੀ, ਸਗੋਂ ਇੱਥੋਂ ਸ਼ੁਰੂ ਹੁੰਦੀ ਹੈ।

-ਚੰਦ ਫਤਿਹਪੁਰੀ

# ਖੇਤੀ ਨੀਤੀ ਬਣਾਉਣ ਵਾਲਿਆਂ ਅੱਗੇ ਚੁਣੌਤੀਆਂ


ਡਾ. ਅਮਨਪ੍ਰੀਤ ਸਿੰਘ ਬਰਾੜ

ਪਿਛਲੇ ਤਕਰੀਬਨ ਅੱਠ ਮਹੀਨਿਆਂ ਤੋਂ ਪੰਜਾਬ ਦੀ ਖੇਤੀ ਨੀਤੀ ਤਿਆਰ ਕਰਨ ਲਈ ਕਮੇਟੀ ਦਾ ਗਠਨ ਕੀਤਾ ਸੀ। ਜਿਸ ਵਿੱਚ ਪੰਜਾਬ ਦੇ ਉੱਚ ਦਰਜੇ ਦੇ ਅਧਿਕਾਰੀ ਅਤੇ ਬੁੱਧੀਜੀਵੀ ਹਨ। ਮਾਰਚ ਵਿੱਚ ਨੀਤੀ ਬਣਾਉਣ ਲਈ ਕਿਸਾਨਾਂ, ਬੁੱਧੀਜੀਵੀਆਂ ਤੋਂ ਵੀ ਸੁਝਾਅ ਲਏ ਗਏ। ਜੂਨ 30, 2023 ਨੂੰ ਇਸ ਕਮੇਟੀ ਨੇ ਰਿਪੋਰਟ ਦੇਣੀ ਸੀ, ਪਰ ਇਸ ਤੋਂ ਪਹਿਲਾਂ ਹੀ ਸਰਕਾਰ ਨੇ ਬਾਸਟਨ ਕੰਸਲਟੈਂਸੀ ਗਰੁੱਪ ਨੂੰ ਦੋ ਅਹਿਮ ਮੁੱਦਿਆਂ 'ਤੇ 5.95 ਕਰੋੜ ਦਾ ਠੇਕਾ ਦੇਣ ਦਾ ਫੈਸਲਾ ਕੀਤਾ। ਇਸ ਫੈਸਲੇ ਨੇ ਪੰਜਾਬ ਦੇ ਹੁਨਰਮੰਦ ਅਫ਼ਸਰਾਂ ਅਤੇ ਬੁੱਧੀਜੀਵੀਆਂ ਤੇ ਕਈ ਸਵਾਲ ਖੜ੍ਹੇ ਕਰ ਦਿੱਤੇ ਹਨ। ਜੇ ਪਿਛੋਕੜ ਵੇਖੀਏ ਤਾਂ ਪਿਛਲੀ ਸਰਕਾਰ ਨੇ ਵੀ ਕੋਰੋਨਾ ਦੌਰਾਨ ਖੇਤੀ ਨੂੰ ਸੰਕਟ ਵਿੱਚੋਂ ਕੱਢਣ ਲਈ ਨਵੀਂ ਦਿੱਲੀ ਅਤੇ ਬਾਹਰ ਦੇ ਵਿਸ਼ੇਸ਼ਕਾਂ ਦੀ ਆਹਲੂਵਾਲੀਆ ਕਮੇਟੀ ਬਣਾਈ ਸੀ। ਉਸ ਕਮੇਟੀ 'ਤੇ ਪਤਾ ਨਹੀਂ ਕਿੰਨਾ ਪੈਸਾ ਖਰਚਿਆ ਗਿਆ, ਪਰ ਉਸ ਕਮੇਟੀ ਦੀ ਰਿਪੋਰਟ ਕਿਸੇ ਕੰਮ ਨਹੀਂ ਆਈ। ਬਾਸਟਨ ਗਰੁੱਪ ਤੋਂ ਵੀ ਕੋਈ ਬਹੁਤੀ ਉਮੀਦ ਨਹੀਂ ਕੀਤੀ ਜਾ ਸਕਦੀ। ਇਸ ਵੇਲੇ ਗੱਲ ਹੈ ਕਿ ਜੋ ਵੀ ਕੋਈ ਖੇਤੀ ਨੀਤੀ ਬਣਾਉਂਦਾ ਹੈ, ਉਸ ਨੂੰ ਦੋ ਵੱਡੀਆਂ ਚੁਨੌਤੀਆਂ ਦੇ ਹੱਲ ਐਕਸ਼ਨ ਪਲੈਨ ਵੀ।

* ਪਹਿਲੀ-ਪੰਜਾਬ ਦੇ ਪਾਣੀ ਦੀ ਬੱਚਤ ਕਿਵੇਂ ਕਰੀਏ?

* ਦੂਜੀ ਪੰਜਾਬ ਦੇ ਕਿਸਾਨਾਂ ਦੀ ਆਮਦਨ ਕਿਵੇਂ ਵਧਾਈ ਜਾਵੇ ? ਤਾਂ ਕਿ ਉਹ ਕਰਜ਼ੇ ਦੇ ਜਾਲ ਵਿੱਚੋਂ ਨਿਕਲ ਸਕੇ ।

ਇਸ ਵੇਲੇ ਪਾਣੀ ਬਚਾਉਣ ਲਈ ਦੋ ਗੱਲਾਂ ਪ੍ਰਚੱਲਤ ਹਨ, ਇੱਕ ਕਿ ਫ਼ਸਲੀ ਚੱਕਰ ਬਦਲੋ ਅਤੇ ਦੂਜਾ ਪਾਣੀ ਦੀ ਕਫਾਇਤ ਲਈ ਇਸ 'ਤੇ ਸੈੱਸ ਲਾਓ ਜਾਂ ਘੱਟੋ-ਘੱਟ ਮੋਟਰਾਂ ਦੇ ਬਿੱਲ ਲਾਓ । ਜਿੱਥੋਂ ਤੱਕ ਸੈੱਸ ਜਾਂ ਬਿੱਲ ਲਾਉਣ ਦੀ ਗੱਲ ਹੈ, ਜਿੰਨਾ ਚਿਰ ਵੋਟ ਰਾਜਨੀਤੀ ਹੈ, ਕੋਈ ਵੀ ਸਰਕਾਰ ਇਸ ਲਈ ਤਿਆਰ ਨਹੀਂ ਹੋਣੀ। ਇਸ ਲਈ ਕੀ ਹੱਲ ਹੋ ਸਕਦਾ ਹੈ, ਕਮੇਟੀ ਇਸ 'ਤੇ ਪੁਖਤਾ ਪਲੈਨ ਬਣਾ ਕੇ ਦੇਵੇ। ਇਸ ਵਿੱਚ ਹਮੇਸ਼ਾ ਇੱਕ ਗਲਤ ਵਿਚਾਰਧਾਰਾ ਬਣੀ ਹੋਈ ਹੈ ਕਿ ਮੁਫ਼ਤ ਬਿਜਲੀ ਕਰਕੇ ਪੰਜਾਬ ਦੇ ਕਿਸਾਨ ਪਾਣੀ ਦੀ ਬੱਚਤ ਨਹੀਂ ਕਰਦੇ। ਇਸ ਵੇਲੇ ਜਿੰਨੀਆਂ ਫ਼ਸਲਾਂ ਪੰਜਾਬ ਵਿੱਚ ਹਨ, ਉਹਨਾਂ ਵਿੱਚੋਂ ਸਿਰਫ ਝੋਨਾ ਹੀ ਵੱਧ ਪਾਣੀ ਝੱਲ ਸਕਦਾ ਹੈ। ਬਾਕੀ ਫ਼ਸਲਾਂ ਚਾਹੇ ਨਰਮਾ, ਬਾਜਰਾ, ਮੱਕੀ, ਕਣਕ, ਜਵੀ, ਸਬਜ਼ੀਆਂ, ਹਰਾ ਚਾਰਾ, ਕੁੱਝ ਵੀ ਹੋਵੇ, ਇਹਨਾਂ ਨੂੰ ਜੇ ਵੱਧ ਪਾਣੀ ਲੱਗ ਗਿਆ ਤਾਂ ਇਹ ਖਰਾਬ ਹੋ ਜਾਂਦੀਆਂ ਹਨ। ਝੋਨਾ ਭਾਵੇਂ ਪੂਰਨ ਤੌਰ 'ਤੇ ਬੰਦ ਵੀ ਕਰ ਦਿਓ, ਫਿਰ ਵੀ ਪਾਣੀ ਨਹੀਂ ਬਚਣਾ। ਇਸ ਪਿੱਛੇ ਮੁੱਖ ਕਾਰਨ ਹੈ ਖੇਤੀ ਘਣਤਾ (ਕਰਾਪ ਇੰਟੈਨਸਿਟੀ)। ਇਸ ਵੇਲੇ ਫ਼ਸਲੀ ਘਣਤਾ 190 ਹੈ, ਪਰ ਅਸਲ ਵਿੱਚ 240 ਤੋਂ ਘੱਟ ਨਹੀਂ। ਜੋ ਆਉਣ ਵਾਲੇ ਸਮੇਂ ਵਿੱਚ 300 ਤੱਕ ਪਹੁੰਚੇਗੀ।

**ਨੋਟ:** ਈ ਟੀ (ਵਾਸ਼ਪੀਕਰਨ, ਫਸਲ ਜੋ ਪਾਣੀ ਵਧਣ ਲਈ ਲੈਂਦੀ ਅਤੇ ਧਰਤੀ ਵਿਚੋਂ ਉਪਰ ਹਵਾ ਵਿੱਚ ਜਾਂਦਾ ਹੈ)। ਇਸ ਬੱਜਟ ਵਿੱਚ ਮੁਨਾਫਾ ਐੱਮ.ਐੱਸ.ਪੀ. ਨਾਲ ਕੱਢਿਆ ਗਿਆ ਹੈ, ਜੋ ਬਹੁਤੀਆਂ ਫ਼ਸਲਾਂ 'ਤੇ ਮਿਲਦੀ ਨਹੀਂ।

| ਫ਼ਸਲੀ ਚੱਕਰ | ਈ.ਟੀ. ਸੈਂਟੀਮੀਟਰ ਦੋਨਾਂ ਦੀ | ਕੁੱਲ ਆਮਦਨ ਦੋਨੋ ਫ਼ਸਲਾਂ ਤੋਂ ਐੱਮ ਐੱਸ ਪੀ ਤੇ ਨਿਰਧਾਰਤ | ਸਮੱਸਿਆਵਾਂ ਸਾਉਣੀ ਦੀ ਫਸਲਾਂ ਦੀ |
|---|---|---|---|
| ਝੋਨਾ-ਕਣਕ | 123 | 72632 | ਰੱਬ ਦੀ ਮਾਰ (ਕਿਤੇ-ਕਿਤੇ) |
| ਨਰਮਾ-ਕਣਕ | 115 | 72003 | ਗੁਲਾਬੀ ਸੁੰਡੀ, ਲੇਬਰ |
| ਬਾਜਰਾ-ਕਣਕ | 95 | 56759 | ਅਰਗਟ, ਪੰਛੀਆਂ ਦਾ ਹਮਲਾ |
| ਮੱਕੀ-ਕਣਕ | 110 | 61669 | ਮਹਿੰਗਾ ਬੀਜ, ਕੀੜੇ, ਬਾਰਸ਼ |
| ਮੂੰਗੀ-ਕਣਕ | 90 | 57989 | ਡਿਸਕਲਰੇਸ਼ਨ, ਕੀਟਨਾਸ਼ਕ |
| ਨਰਮਾ-ਸਰੋਂ | 100 | 58693 | ਗੁਲਾਬੀ ਸੁੰਡੀ, ਲੇਬਰ |
| ਬਾਜਰਾ-ਸਰੋਂ | 80 | 43449 | ਅਰਗਟ, ਪੰਛੀਆਂ ਦਾ ਹਮਲਾ |
| ਗੰਨਾ | 180 | 64229 | ਪੈਸੇ ਨਾ ਮਿਲਣਾ |

ਇਸ ਵੇਲੇ ਸਾਨੂੰ ਸਮਝਣ ਦੀ ਲੋੜ ਹੈ ਕਿ ਜੇ ਕੋਈ ਫ਼ਸਲ ਝੋਨੇ ਦੀ ਆਮਦਨ ਦੇ ਨੇੜੇ-ਤੇੜੇ ਆਉਂਦੀ ਹੈ, ਯਾਨੀ ਆਮਦਨ ਪੱਖੋਂ ਕਿਸਾਨ ਦਾ ਘਰ ਪੂਰਾ ਕਰ ਸਕਦੀ ਹੈ ਤਾਂ ਉਹ ਹੈ ਨਰਮਾ। ਇਸ ਵੇਲੇ ਨਰਮੇ ਨੂੰ ਗੁਲਾਬੀ ਸੁੰਡੀ ਦੀ ਮਾਰ ਪਈ ਹੈ। ਇਸ ਵਿੱਚ ਰੌਲਾ ਹੈ ਕਿ ਨਰਮੇ ਦਾ ਬੀਜ ਹੀ ਸਹੀ ਨਹੀਂ। ਸਾਨੂੰ ਪਹਿਲਾਂ ਤਾਂ ਚੰਗੇ ਬੀਜ ਦੀ ਤਲਾਸ਼ ਕਰਨੀ ਚਾਹੀਦੀ ਹੈ। ਇਸ ਤੋਂ ਇਲਾਵਾ ਜੇ ਕੋਈ ਹੋਰ ਫ਼ਸਲ ਲਾਉਂਦੇ ਹਾਂ ਤਾਂ ਉਸ ਦਾ ਨਾ ਤਾਂ ਝਾੜ ਹੈ ਅਤੇ ਨਾ ਹੀ ਉਸ ਦੀ ਐੱਮ.ਐੱਸ.ਪੀ. ਤੇ ਖਰੀਦ ਹੈ, ਜਿਸ ਕਰਕੇ ਆਮਦਨ ਘਟ ਜਾਂਦੀ ਹੈ। ਇਸ ਦਾ ਸਿੱਧਾ ਅਰਥ ਹੈ ਕਿ ਲੋਕ ਆਮਦਨ ਨੂੰ ਬਰਕਰਾਰ ਰੱਖਣ ਲਈ ਤੀਜੀ ਫ਼ਸਲ ਲਾਉਣਗੇ। ਇਹ ਤਾਂ ਸਿਰਫ ਝੋਨੇ ਦੇ ਬਦਲ 'ਤੇ ਗੱਲ ਹੋ ਰਹੀ ਹੈ। ਇਕ ਗੱਲ ਸਮਝਣ ਦੀ ਲੋੜ ਹੈ ਕਿ ਜੇ ਝੋਨੇ ਨੂੰ 180 ਸੈਂਟੀਮੀਟਰ ਪਾਣੀ ਲੱਗਦਾ ਹੈ ਤਾਂ ਉਸ ਵਿੱਚ 73 ਸੈਂਟੀਮੀਟਰ ਫਸਲ ਲੈਂਦੀ ਹੈ, ਬਾਕੀ 107 ਸੈਂਟੀਮੀਟਰ ਦੁਬਾਰਾ ਧਰਤੀ ਵਿੱਚ ਚਲਾ ਜਾਂਦਾ ਹੈ। 107 ਸੈਂਟੀਮੀਟਰ ਪਾਣੀ ਲਈ ਬਿਜਲੀ ਦਾ ਖਰਚਾ ਹੈ, ਪਾਣੀ ਦਾ ਨੁਕਸਾਨ ਨਹੀਂ। ਇਸ ਵਿੱਚ ਜੇ ਕਣਕ ਵੀ ਬਦਲਣੀ ਹੈ ਤਾਂ ਫਿਰ ਚੌਥੀ ਫ਼ਸਲ ਵੀ ਆਊਗੀ, ਯਾਨੀ ਪਾਣੀ ਦੀ ਹੋਰ ਖਪਤ।

**ਮਹਿੰਗੀਆਂ ਫ਼ਸਲਾਂ** : ਇਸ ਵਿੱਚ ਕਈ ਪਾਸਿਓਂ ਸਲਾਹ ਆ ਰਹੀ ਹੈ ਕਿ ਪੰਜਾਬ ਦੀ ਖੇਤੀ ਵਿੱਚ ਉਹ ਫ਼ਸਲਾਂ ਲਿਆਉਣੀ ਚਾਹੀਦੀਆਂ ਹਨ, ਜਿਨ੍ਹਾਂ ਦਾ ਮੁੱਲ ਜ਼ਿਆਦਾ ਹੋਵੇ ਅਤੇ ਪਾਣੀ ਦੀ ਖਪਤ ਘੱਟ। ਇਸ ਵਿੱਚ ਮੁੱਖ ਤੌਰ 'ਤੇ ਦਾਲਾਂ, ਤੇਲ ਬੀਜ ਫ਼ਸਲਾਂ ਨੂੰ ਤਰਜੀਹ ਮਿਲੇ, ਪਰ ਸ਼ਾਇਦ ਇਹ ਗੱਲਾਂ ਹਕੀਕਤ ਤੋਂ ਦੂਰ ਹਨ। ਇਸ ਵੇਲੇ ਮੁੱਖ ਸਮੱਸਿਆ ਹੈ ਕਿ ਪਹਿਲਾਂ ਤਾਂ ਇਹਨਾਂ ਫ਼ਸਲਾਂ ਦਾ ਝਾੜ ਘੱਟ ਹੈ, ਇਸੇ ਕਰਕੇ ਇਹਨਾਂ ਦੀ ਐੱਮ.ਐੱਸ.ਪੀ. ਜ਼ਿਆਦਾ ਹੈ। ਇਸ ਵੇਲੇ ਸੋਚਣ ਵਾਲੀ ਗੱਲ ਹੈ ਕਿ ਸਾਡੇ ਦੇਸ਼ ਵਿੱਚ ਇਹਨਾਂ ਦੀ ਮੰਗ ਪੈਦਾਵਾਰ ਨਾਲੋਂ ਜ਼ਿਆਦਾ ਹੈ। ਇਸ ਕਰਕੇ ਸਰਕਾਰ ਇਹਨਾਂ ਦਾ ਆਯਾਤ ਵੀ ਕਰਦੀ ਹੈ। ਸਾਲ 2022-23 ਵਿੱਚ ਭਾਰਤ ਨੇ 20.84 ਮਿਲੀਅਨ ਟਨ ਖਾਣ ਵਾਲਾ ਤੇਲ ਆਯਾਤ ਕੀਤਾ। ਇਹ ਤਕਰੀਬਨ ਕੁੱਲ ਮੰਗ ਦਾ 70 ਫੀਸਦੀ ਬਣਦਾ ਹੈ। ਇਸੇ ਤਰ੍ਹਾਂ 2.52 ਮਿਲੀਅਨ ਟਨ ਦਾਲਾਂ ਸਰਕਾਰ ਨੇ ਪਿਛਲੇ ਸਾਲ ਬਾਹਰਲੇ ਦੇਸ਼ਾਂ ਵਿੱਚੋਂ ਮੰਗਵਾਈਆਂ। ਇਸੇ ਸੰਦਰਭ ਵਿੱਚ ਪਿਛਲੇ ਸਾਲ ਤੋਂ ਸਰਕਾਰ ਤੇਲ ਬੀਜ ਫ਼ਸਲਾਂ ਅਤੇ ਦਾਲਾਂ ਵੱਲ ਕਿਸਾਨਾਂ ਨੂੰ ਮੋੜਨ ਦੀ ਕੋਸ਼ਿਸ਼ ਕਰ ਰਹੀ ਸੀ। ਕਿਸਾਨਾਂ ਨੇ ਪਿਛਲੀ ਵਾਰ ਨਾਲੋਂ ਇਸ ਵਾਰ ਇਹਨਾਂ ਫ਼ਸਲਾਂ ਦੀ ਪੈਦਾਵਾਰ ਵਿੱਚ ਹੋਰ ਵਾਧਾ ਕੀਤਾ। ਨਤੀਜਾ ਭਾਅ ਹੇਠਾਂ ਡਿੱਗ ਪਏ ਅਤੇ ਕਿਸਾਨਾਂ ਨੂੰ ਨਿਰਾਸ਼ਾ ਹੋਈ। ਦੇਸ਼ ਵਿੱਚ ਕਮੀ ਹੋਣ ਦੇ ਬਾਵਜੂਦ ਜੋ ਹਰਿਆਣੇ ਵਿੱਚ ਸੂਰਜਮੁਖੀ ਜਿਸ ਦੀ ਐੱਮ.ਐੱਸ.ਪੀ. 6400 ਰੁਪਏ ਕੁਇੰਟਲ ਸੀ, ਪਰ ਕਿਸਾਨ ਉਸ ਨੂੰ 4000 ਰੁਪਏ ਕੁਇੰਟਲ ਵੇਚਣ ਲਈ ਮਜਬੂਰ ਸੀ। ਇਸੇ ਤਰ੍ਹਾਂ ਪੰਜਾਬ ਵਿੱਚ ਸੱਠੀ ਮੂੰਗੀ ਐੱਮ.ਐੱਸ.ਪੀ. ਤੋਂ ਤਕਰੀਬਨ 485 ਰੁਪਏ ਤੋਂ 955 ਰੁਪਏ ਕੁਇੰਟਲ ਘੱਟ ਵਿਕ ਰਹੀ ਹੈ। ਸਰਕਾਰ ਨੇ ਖਰੀਦਣ ਤੋਂ ਨਾਂਹ ਕਰ ਦਿੱਤੀ ਹੈ। ਇਹ ਗੱਲਾਂ ਕਿਸਾਨਾਂ ਨੂੰ ਇਸ ਪਾਸੇ ਨੂੰ ਆਉਣ ਨਹੀਂ ਦਿੰਦੀਆਂ।

**ਕੇਂਦਰ ਨਾਲ ਤਾਲਮੇਲ** : ਖੇਤੀ ਨੀਤੀ ਭਾਵੇਂ ਸੂਬੇ ਦੀ ਤਿਆਰ ਹੋ ਰਹੀ ਹੈ, ਪਰ ਇਸ ਦਾ ਕੇਂਦਰ ਨਾਲ ਤਾਲਮੇਲ ਜ਼ਰੂਰੀ ਹੈ। ਹਾਲ ਹੀ ਵਿੱਚ ਕੇਂਦਰ ਨੇ ਕਰਨਾਟਕ ਨੂੰ ਚੌਲ ਦੇਣ ਤੋਂ ਨਾਂਹ ਕਰ ਦਿੱਤੀ। ਇਸ ਦਾ ਮੁੱਖ ਕਾਰਨ ਸੀ ਉੱਥੇ ਸਰਕਾਰ ਕੇਂਦਰ ਦੀ ਸੱਤਾਧਾਰੀ ਪਾਰਟੀ ਤੋਂ ਉਲਟ ਹੈ। ਇਹ ਚੁਣੌਤੀ ਕੱਲ੍ਹ ਨੂੰ ਪੰਜਾਬ ਅੱਗੇ ਵੀ ਖੜ੍ਹੀ ਹੋ ਸਕਦੀ ਹੈ। ਇਸ ਵੇਲੇ ਵੀ ਕੇਂਦਰ ਕੋਈ ਵਿਭਿੰਨਤਾ ਨਹੀਂ ਚਾਹੁੰਦਾ। ਕੇਂਦਰ ਕੋਲ ਇਸ ਵੇਲੇ ਜੋ ਸਾਰਾ ਅਨਾਜ ਅੱਡ-ਅੱਡ ਸਕੀਮਾਂ ਤਹਿਤ ਵੰਡ ਕੇ ਬਚਦਾ ਹੈ, ਉਹ ਹੈ ਕਣਕ 88 ਲੱਖ ਟਨ ਅਤੇ ਚੌਲ 292 ਲੱਖ ਟਨ ਹਨ। ਇਸ ਵਿੱਚ ਸਰਕਾਰ ਨੇ ਪਿਛਲੇ ਮਹੀਨੇ ਵੱਡੇ ਥੋਕ ਵਪਾਰੀ ਅਤੇ ਰੀਟੇਲ ਵਾਲਿਆਂ ਦੀ ਸਟੋਰ ਕਰਨ ਦੀ ਸੀਮਾ ਘਟਾਈ ਹੈ। ਸਰਕਾਰ ਕਣਕ ਦੀ ਆਯਾਤ 'ਤੇ ਡਿਊਟੀ 40 ਫੀਸਦੀ ਤੋਂ ਘਟਾਉਣ ਦੀ ਸੋਚ ਰਹੀ ਹੈ, ਜਿਸ ਦਾ ਮਤਲਬ ਪੰਜਾਬ ਵਿੱਚ ਫਸਲੀ ਵਿਭਿੰਨਤਾ ਲਿਆਉਣ ਲਈ ਕੇਂਦਰ ਤੋਂ ਮਦਦ ਦੀ ਝਾਕ ਨਹੀਂ ਰੱਖਣੀ ਚਾਹੀਦੀ।

**ਕਿਸਾਨ ਦੀ ਆਮਦਨ** : ਸਾਲ 2019 ਵਿੱਚ ਪੰਜਾਬ ਵਿੱਚ ਪਰਵਾਰ ਦੀ ਔਸਤ ਆਮਦਨ 26700 ਰੁਪਏ ਸੀ, ਜਿਸ ਵਿੱਚ 12597 ਰੁਪਏ ਫ਼ਸਲਾਂ ਤੋਂ, 4457 ਰੁਪਏ ਪਸ਼ੂਆਂ ਤੋਂ (ਦੁੱਧ, ਮੀਟ, ਉੱਨ ਅਤੇ ਪਸ਼ੂ ਵੇਚ ਕੇ), 1014 ਰੁਪਏ ਖੇਤੀ ਤੋਂ ਇਲਾਵਾ ਕੋਈ ਕੰਮਕਾਰ, 5981 ਰੁਪਏ ਉਜਰਤ (ਨੌਕਰੀ ਜਾਂ ਦਿਹਾੜੀ ਤੋਂ) ਅਤੇ 2652 ਰੁਪਏ ਜ਼ਮੀਨ ਨੂੰ ਕਿਰਾਏ 'ਤੇ ਦੇ ਕੇ। ਇਹਨਾਂ ਅੰਕੜਿਆਂ ਨੂੰ ਜੇ ਬਾਰੀਕੀ ਨਾਲ ਘੋਖੀਏ ਤਾਂ ਔਸਤ ਆਮਦਨ ਦਾ 64 ਫੀਸਦੀ ਹਿੱਸਾ ਭਾਵ 17054 ਰੁਪਏ ਨਿਰੋਲ ਖੇਤੀ ਅਤੇ ਪਸ਼ੂਆਂ ਤੋਂ ਆਉਂਦੀ ਹਨ। ਜਿਹੜੇ ਪਰਵਾਰਾਂ ਕੋਲ ਕੋਈ ਨੌਕਰੀ ਜਾਂ ਕੋਈ ਹੋਰ ਕੰਮ-ਧੰਦਾ ਨਹੀਂ, ਉਹਨਾਂ ਦੀ ਆਮਦਨ ਸਿਰਫ 17000 ਰੁਪਏ ਹੈ। ਇਸ ਵੇਲੇ ਸਰਕਾਰੀ ਨੌਕਰੀ 'ਤੇ ਲੱਗੇ ਚੌਥੇ ਦਰਜੇ ਦੇ ਮੁਲਾਜ਼ਮ ਦੀ ਘੱਟੋ-ਘੱਟ ਉਜਰਤ 18000 ਰੁਪਏ ਮਹੀਨਾ ਬਣਦੀ ਹੈ, ਮਤਲਬ ਪੰਜਾਬ ਦਾ ਕਿਸਾਨ ਪੰਜਾਬ ਸਰਕਾਰ ਦੇ ਸੇਵਾਦਾਰ ਤੋਂ ਵੀ ਹੇਠਾਂ ਹੈ।

ਅੱਜ ਪੰਜਾਬ ਦੇ ਹਾਲਾਤ ਇਹ ਹਨ, ਜਿਨ੍ਹਾਂ ਦੀ ਜੇਬ ਵਿੱਚ ਪੈਸੇ ਹਨ, ਉਹਨਾਂ ਨੂੰ ਪ੍ਰਦੂਸ਼ਣ ਅਤੇ ਭਵਿੱਖ ਲਈ ਪਾਣੀ ਦੀ ਚਿੰਤਾ ਸਤਾਉਂਦੀ ਹੈ। ਕਿਸਾਨਾਂ ਦੇ ਹਾਲਾਤ ਇਹ ਹਨ ਕਿ ਅੱਜ ਦੀ ਲੋੜ ਪੂਰੀ ਹੋਵੇ, ਕੱਲ੍ਹ ਨੂੰ ਦੇਖੀ ਜਾਵੇ। ਇਸ ਕਰਕੇ ਸਰਕਾਰ ਪਹਿਲ-ਕਦਮੀ ਕਰਕੇ ਕਿਸਾਨਾਂ ਦੀ ਸਾਰ ਲਵੇ।

**ਅੱਗੇ ਲਈ ਰਸਤਾ :**

1. ਪਾਣੀ ਨੂੰ ਬਚਾਉਣ ਲਈ ਫ਼ਸਲੀ ਵਿਭਿੰਨਤਾ ਵੱਲ ਕਿਸਾਨ ਨੂੰ ਮੋੜਨ ਲਈ ਕੁੱਝ ਨੁਕਤੇ ਅਪਨਾਉਣ ਦੀ ਲੋੜ ਹੈ। ਸੂਬਾ ਸਰਕਾਰ 23 ਫਸਲਾਂ ਤੋਂ ਇਲਾਵਾ ਬਾਕੀ ਫ਼ਸਲਾਂ 'ਤੇ ਐੱਮ.ਐੱਸ.ਪੀ. ਆਪ ਨਿਸ਼ਚਿਤ ਕਰੇ।
2. ਫਸਲੀ ਵਿਭਿੰਨਤਾ ਮਾਰਕਿਟ ਇੰਟੈਲੀਜੈਂਸ ਦੇ ਹਿਸਾਬ ਨਾਲ ਤਹਿ ਹੋਵੇ।
3. ਮਾਰਕਿਟ ਇੰਟੈਲੀਜੈਂਸ ਸੈਲ ਇਸ 'ਤੇ ਵੀ ਕੰਮ ਕਰੇ, ਕਿਹੜੀਆਂ ਫਸਲਾਂ ਨਿਰਯਾਤ ਕੀਤੀਆਂ ਜਾ ਸਕਦੀਆਂ ਹਨ ਅਤੇ ਲਾਹੇਵੰਦ ਹੋ ਸਕਦੀਆਂ ਹਨ।
4. ਇੱਕ ਕਾਨੂੰਨ ਬਣੇ, ਜਿਸ ਤਹਿਤ ਸਰਕਾਰੀ ਮੰਡੀ ਵਿੱਚ ਜੋ ਫਸਲ ਵਿਕੇ, ਉਹ ਐੱਮ ਐੱਸ ਪੀ ਤੋਂ ਹੇਠਾਂ ਨਾ ਵਿਕੇ, ਖਰੀਦਦਾਰ ਭਾਵੇਂ ਕੋਈ ਹੋਵੇ।
5. ਪਿੰਡ ਪੱਧਰ 'ਤੇ ਸਟੋਰ ਬਣਨ, ਉਹ ਭਾਵੇਂ ਪੀ ਪੀ ਪੀ ਮਾਡਲ ਤਹਿਤ ਹੀ ਹੋਵੇ।
6. ਪੇਂਡੂ ਖੇਤਰ ਦੀ ਬੇਰੁਜ਼ਗਾਰੀ ਅਤੇ ਆਮਦਨ ਦੀ ਸਮੱਸਿਆ ਦੂਰ ਕਰਨ ਲਈ ਪਿੰਡ ਪੱਧਰ 'ਤੇ ਪ੍ਰੋਸੈਸਿੰਗ ਯੂਨਿਟ ਖੁੱਲ੍ਹਣ, ਜਿਨ੍ਹਾਂ ਵਿੱਚ ਕਿਸਾਨਾਂ ਦੀ ਹਿੱਸੇਦਾਰੀ ਹੋਵੇ ਅਤੇ ਮਾਰਕੀਟਿੰਗ ਵਿੱਚ ਸਰਕਾਰੀ ਏਜੰਸੀਆਂ ਮਦਦ ਕਰਨ ।
7. ਖੇਤੀ ਯੂਨੀਵਰਸਿਟੀ ਨੂੰ ਖੋਜ ਲਈ, ਖੁੱਲ੍ਹਾ ਟਾਰਗੇਟ ਬੇਸਡ ਪੈਸਾ ਮਿਲੇ ਕਿ ਉਹ ਬਦਲਵੀਆਂ ਫ਼ਸਲਾਂ ਦੇ ਵੱਧ ਝਾੜ ਵਾਲੇ ਬੀਜ ਤਿਆਰ ਕਰਨ।

# ਸੰਪਰਕ : 96537-90000

# ਮੈਡੀਕਲ ਬਿੱਲ ਤੇ ਪੈਨਸ਼ਨਰਾਂ ਦੀਆਂ ਮੁਸ਼ਕਲਾਂ

ਮੇਜਰ ਸਿੰਘ ਨਾਭਾ

ਪੰਜਾਬ ਦੇ ਵਿੱਤ ਮੰਤਰੀ ਨੇ ਹੁਣੇ ਜ਼ਿਲ੍ਹਾ ਪੱਧਰ 'ਤੇ ਸਿਵਲ ਸਰਜਨ ਦਫਤਰ ਨੂੰ ਮੈਡੀਕਲ ਬਿੱਲ ਦੀ ਰਕਮ ਦੀ ਹੱਦ ਪੰਜਾਹ ਹਜ਼ਾਰ ਤੋਂ ਵਧਾ ਕੇ ਇੱਕ ਲੱਖ ਰੁਪਏ ਤੱਕ ਵੈਰੀਫਾਈ ਕਰਕੇ ਪ੍ਰਵਾਨਗੀ ਦੇਣ ਦੀ ਮਨਜ਼ੂਰੀ ਦਿੱਤੀ ਹੈ । ਸਰਕਾਰੀ ਮੁਲਾਜ਼ਮਾਂ ਨੂੰ ਸਰਵਿਸ ਨਿਯਮਾਂ ਅਨੁਸਾਰ ਬਹੁਤ ਸਾਰੀਆਂ ਦਿੱਤੀਆਂ ਸਹੂਲਤਾਂ 'ਚ ਉਨ੍ਹਾਂ ਅਤੇ ਪਰਵਾਰ ਦੇ ਨਿਰਭਰ ਮੈਂਬਰਾਂ ਦੇ ਇਲਾਜ ਲਈ ਆਏ ਖਰਚ ਦੀ ਨਿਯਮਾਂ ਮੁਤਾਬਕ ਪ੍ਰਤੀ ਪੂਰਤੀ ਕੀਤੀ ਜਾਂਦੀ ਹੈ। ਇਨ੍ਹਾਂ ਮੁਲਾਜ਼ਮਾਂ ਨੂੰ ਕਿਸੇ ਵੀ ਹਸਪਤਾਲ ਤੋਂ ਇਲਾਜ ਕਰਾਉਣ 'ਤੇ ਆਏ ਖਰਚੇ ਦੀ ਪ੍ਰਤੀ ਪੂਰਤੀ ਕਰਨ ਲਈ ਵਿਵਸਥਾ ਕੀਤੀ ਹੋਈ ਹੈ। ਪ੍ਰਾਈਵੇਟ ਹਸਪਤਾਲਾਂ ਵਿੱਚ ਕਰਵਾਏ ਇਲਾਜ ਦੇ ਖਰਚੇ ਜ਼ਿਆਦਾ ਹੁੰਦੇ ਹਨ, ਜੋ ਪੂਰੇ ਵੀ ਨਹੀਂ ਮਿਲਦੇ, ਇਹ ਸਾਰੇ ਬਿੱਲ ਮੈਡੀਕਲ ਬੋਰਡ ਦੀ ਪ੍ਰਵਾਨਗੀ ਤੋਂ ਬਿਨਾਂ ਬਜਟ ਦੀ ਮੰਗ ਨਹੀਂ ਕੀਤੀ ਜਾ ਸਕਦੀ। ਇਸ ਪ੍ਰਕ੍ਰਿਆ ਨੂੰ ਕਾਫੀ ਸਮਾਂ ਲੱਗ ਜਾਂਦਾ ਹੈ । ਸਰਕਾਰੀ ਹਸਪਤਾਲ 'ਚੋਂ ਕਰਵਾਏ ਪੱਚੀ ਹਜ਼ਾਰ ਤੱਕ ਦੇ ਇਲਾਜ ਉੱਪਰ ਆਏ ਖਰਚੇ ਦਾ ਬੱਜਟ ਡੀ.ਡੀ.ਓ. ਆਪਣੇ ਪੱਧਰ 'ਤੇ ਮੰਗ ਕਰ ਸਕਦਾ ਹੈ, ਇਸ ਦੀ ਹੱਦ ਵੀ ਸਰਕਾਰ ਨੂੰ ਵਧਾਉਣੀ ਚਾਹੀਦੀ ਹੈ । ਗੰਭੀਰ ਕਰੋਨਿਕ ਹਰਟ, ਕੈਂਸਰ ਆਦਿ ਵਰਗੀਆਂ ਬਿਮਾਰੀਆਂ ਉੱਪਰ ਲੱਖਾਂ ਰੁਪਏ ਖਰਚ ਆ ਰਿਹਾ ਹੈ । ਇਹ ਗੱਲ ਵੀ ਮਰੀਜ਼ਾਂ ਲਈ ਸਿਰਦਰਦੀ ਬਣਦੀ ਹੈ, ਏਨਾ ਪੈਸਾ ਖਰਚਣਾ ਹਰੇਕ ਲਈ ਔਖਾ ਹੈ । ਦੂਸਰਾ ਮੈਡੀਕਲ ਬਿੱਲਾਂ ਦੇ ਪਾਸ ਹੋਣ ਲਈ ਕੋਈ ਸਮਾਂ-ਬੱਧ ਵਿਵਸਥਾ ਦੇ ਨਾ ਹੋਣ ਕਾਰਨ ਬਹੁਤੇ ਮਰੀਜ਼ਾਂ ਦੇ ਬਿੱਲ ਦਫਤਰਾਂ 'ਚ ਰੁਲਦੇ ਫਿਰਦੇ ਰਹਿੰਦੇ ਹਨ । ਲੰਮੇ ਸਮੇਂ ਬਾਅਦ ਇਤਰਾਜ਼ ਲਾ ਕੇ ਵਾਪਸ ਕਰ ਦਿੱਤੇ ਜਾਂਦੇ ਹਨ। ਇਸ ਤਰ੍ਹਾਂ ਕਈ-ਕਈ ਸਾਲਾਂ ਤੋਂ ਵੱਧ ਦਾ ਸਮਾਂ ਬਿੱਲ ਪਾਸ ਹੋਣ ਨੂੰ ਲੱਗ ਜਾਂਦਾ ਹੈ। ਸਿਹਤ ਵਿਭਾਗ ਨੇ ਇਹ ਬਿੱਲ ਵੈਰੀਫਾਈ ਕਰਕੇ ਪਾਸ ਕਰਨੇ ਹੁੰਦੇ ਹਨ । ਇਸ ਪ੍ਰਕ੍ਰਿਆ ਨੂੰ ਸਮਾਂਬੱਧ ਕਰਨ ਦੀ ਵੀ ਲੋੜ ਹੈ । ਇਸ ਨਾਲ ਮੁਲਾਜ਼ਮਾਂ ਨੂੰ ਕੁਝ ਰਾਹਤ ਮਿਲੇਗੀ । ਇਨ੍ਹਾਂ ਬਿਲਾਂ ਨੂੰ ਅਪਲਾਈ ਕਰਨ ਲਈ ਵੱਖ-ਵੱਖ ਜਿਲ੍ਹਿਆਂ 'ਚ ਵੱਖ-ਵੱਖ ਫਾਰਮ ਦੁਕਾਨਾਂ ਵਾਲਿਆਂ ਨੇ ਛਾਪੇ ਹੋਏ ਹਨ, ਜਿਨ੍ਹਾਂ 'ਚ ਕਈ ਅਣਲੋੜੀਂਦੇ ਫਾਰਮ ਵੀ ਛਾਪ ਰੱਖੇ ਹਨ। ਕਈ ਜ਼ਿਲ੍ਹਿਆਂ 'ਚ ਅਸੈਂਟੀਲਿਟੀ ਸਰਟੀਫਿਕੇਟ ਮੰਗਿਆ ਜਾਂਦਾ ਹੈ ਕਈਆਂ 'ਚ ਨਹੀਂ। ਹੈਲਥ ਵਿਭਾਗ ਵਲੋਂ ਸਮੇਂ-ਸਮੇਂ ਆਪਣੀ ਵੈਬਸਾਈਟ 'ਤੇ ਇਹ ਪੂਰੇ ਲੋੜੀਂਦੇ ਦਸਤਾਵੇਜ਼ ਡਾਊਨਲੋਡ ਕਰਨੇ ਚਾਹੀਦੇ ਹਨ ਤਾਂ ਕਿ ਮਰੀਜ਼ਾਂ ਨੂੰ ਮੈਡੀਕਲ ਬਿਲ ਭੇਜਣ ਸਮੇਂ ਸ਼ੁਰੂਆਤ ਦੀ ਖੱਜਲ-ਖੁਆਰੀ ਤੋਂ ਛੁਟਕਾਰਾ ਮਿਲ ਸਕੇ। ਵੱਖ-ਵੱਖ ਮਹਿਕਮਿਆਂ ਵੱਲੋਂ ਵੀ ਇਨ੍ਹਾਂ ਫਾਰਮਾਂ 'ਚ ਇਕਸਾਰਤਾ ਨਾਲ ਅਪਲਾਈ ਕਰਾਉਣਾ ਚਾਹੀਦਾ ਹੈ ਤਾਂ ਕਿ ਮਰੀਜ਼ ਆਸਾਨੀ ਨਾਲ ਇਹ ਫਾਰਮ ਆਪ ਹੀ ਭਰ ਸਕੇ, ਨਹੀਂ ਤਾਂ ਬਾਹਰੋਂ ਬਾਬੂਆਂ ਤੋਂ ਬਿੱਲ ਬਣਾਉਣ ਲਈ ਕਈ ਵਾਰੀ ਹਜ਼ਾਰਾਂ ਰੁਪਏ ਵੀ ਦੇਣੇ ਪੈਂਦੇ ਹਨ।

ਹੁਣ ਗੱਲ ਆਉਂਦੀ ਹੈ ਬਿੱਲਾਂ ਦੇ ਪਾਸ ਹੋਣ ਦੇ ਸਮੇਂ ਦੀ, ਰੈਗੂਲਰ ਮੁਲਾਜ਼ਮ ਤਾਂ ਜਿਨ੍ਹਾਂ ਦੇ ਵੱਡੇ ਖਰਚੇ ਹੁੰਦੇ ਹਨ, ਤਨਖਾਹਾਂ ਕਰਕੇ ਲੰਬਾ ਸਮਾਂ ਇੰਤਜ਼ਾਰ ਕਰ ਲੈਂਦੇ ਹਨ, ਪਰ ਪੈਨਸ਼ਨਰ ਜਿਨ੍ਹਾਂ ਦੇ ਇਲਾਜ ਉੱਪਰ ਲੱਖਾਂ ਰੁਪਏ ਖਰਚੇ ਜਾਂਦੇ ਹਨ, ਉਨ੍ਹਾਂ ਲਈ ਪੈਨਸ਼ਨ 'ਚ ਗੁਜ਼ਾਰਾ ਕਰਨਾ ਔਖਾ ਜ਼ਰੂਰ ਹੈ। ਉਨ੍ਹਾਂ ਨੇ ਇਧਰੋਂ-ਉਧਰੋਂ ਪੈਸੇ ਫੜ ਕੇ ਇਲਾਜ ਕਰਾਇਆ ਹੁੰਦਾ ਹੈ, ਜਿਸ ਕਰਕੇ ਵਾਅਦੇ ਮੁਤਾਬਕ ਪੈਸੇ ਮੋੜਨੇ ਸੌਖੇ ਨਹੀਂ, ਜਿਸ ਕਰਕੇ ਉਨ੍ਹਾਂ ਨੂੰ ਨਮੋਸ਼ੀ ਦਾ ਸਾਹਮਣਾ ਕਰਨਾ ਪੈਂਦਾ ਹੈ। ਜਦੋਂ ਸਰਕਾਰ ਨੇ ਬਿੱਲ ਪਾਸ ਕਰਨੇ ਹੀ ਹੁੰਦੇ ਹਨ ਤਾਂ ਇਨ੍ਹਾਂ ਦਾ ਨਿਪਟਾਰਾ ਜਲਦੀ ਕਿਉਂ ਨਹੀਂ ਕੀਤਾ ਜਾਂਦਾ, ਹੁਣ ਤਾਂ ਸਾਰੇ ਮਹਿਕਮੇ ਕੰਪਿਊਟਰਾਈਜ਼ਡ ਹੋ ਗਏ ਹਨ। ਸਿਹਤ ਵਿਭਾਗ ਵੱਲੋਂ ਜ਼ਿਲ੍ਹਾ ਪੱਧਰ ਅਤੇ ਸਟੇਟ ਪੱਧਰ 'ਤੇ ਇਹ ਬਿੱਲ ਉਨ੍ਹਾਂ ਦੀਆਂ ਰਕਮਾਂ ਮੁਤਾਬਕ ਪਾਸ ਕਰਨ ਲਈ ਮੈਡੀਕਲ ਬੋਰਡ ਦੇ ਮੈਂਬਰਾਂ ਦਾ ਗਠਨ ਕੀਤਾ ਹੋਇਆ ਹੈ। ਕਈ ਮੁਲਾਜ਼ਮ ਇਨ੍ਹਾਂ ਮੈਂਬਰਾਂ ਨਾਲ ਗੰਢਤੁੱਪ ਕਰਕੇ ਦੋ-ਤਿੰਨ ਮਹੀਨਿਆਂ 'ਚ ਆਪਣੇ ਬਿੱਲ ਪਾਸ ਕਰਵਾ ਲੈਂਦੇ ਹਨ । ਇਸ ਲਈ ਜਾਪਦਾ ਹੈ ਕਿ ਮਹਿਕਮੇ ਦਾ ਸਿਸਟਮ ਲੜੀਵਾਰ ਆਏ ਕੇਸਾਂ ਨੂੰ ਲੜੀ 'ਚ ਨਹੀਂ ਰੱਖਦਾ। ਇਸ ਸੰਬੰਧ 'ਚ ਉੱਚ ਅਧਿਕਾਰੀਆਂ ਨੂੰ ਇਸ ਸਿਸਟਮ ਨੂੰ ਸਮਾਂ-ਬੱਧ ਕਰਨਾ ਚਾਹੀਦਾ ਹੈ। ਸਿੱਖਿਆ ਵਿਭਾਗ ਨੇ ਆਪਣੇ ਮੁਲਾਜ਼ਮਾਂ ਲਈ ਆਨ ਲਾਈਨ ਸਿਹਤ ਵਿਭਾਗ ਵੱਲੋਂ ਪਾਸ ਹੋਏ ਬਿੱਲ ਭੇਜਣ ਲਈ ਹੇਠਲੇ ਅਧਿਕਾਰੀਆਂ ਨੂੰ ਪੱਤਰ ਜਾਰੀ ਕੀਤਾ ਹੈ, ਪਰ ਇਹ ਕੰਮ ਵੀ ਢਿੱਲਾ ਹੈ। ਇਸ ਨੂੰ ਘੱਟੋ-ਘੱਟ ਸਮੇਂ 'ਚ ਕਰਨ ਦੀ ਲੋੜ ਹੈ। ਵੈਸੇ ਤਾਂ ਇਹ ਕੰਮ ਜ਼ਿਲ੍ਹਾ ਪੱਧਰ 'ਤੇ ਹੀ ਬਜਟ ਜਾਰੀ ਕਰਨ ਦਾ ਵਿਵਸਥਾ ਹੋਣੀ ਚਾਹੀਦੀ ਹੈ। ਸਕੂਲ ਵੱਲੋਂ ਵੀ ਡੀ.ਡੀ.ਓ. ਵਲੋਂ ਸਿਰਫ ਪਾਸ ਹੋਏ ਬਿੱਲ ਦੀ ਲੈਟਰ ਪੈਡ 'ਤੇ ਹੀ ਤਸਦੀਕ ਨੂੰ ਮੁੱਖ ਦਫਤਰ ਵੱਲੋਂ ਮੰਨ ਲੈਣਾ ਚਾਹੀਦਾ ਹੈ। ਜੋ ਦਸਤਾਵੇਜ਼ ਅਪਲੋਡ ਕਰਨ ਲਈ ਮੰਗੇ ਜਾਂਦੇ ਹਨ, ਉਹ ਜ਼ਿਆਦਾ ਹੋਣ ਕਾਰਨ ਉਹ ਸਾਰੇ ਸਕੂਲਾਂ 'ਚ ਅਪਲੋਡ ਕਰਨੇ ਸੌਖੇ ਨਹੀਂ, ਕਿਉਂਕਿ ਇਹ ਸੀਮਤ ਐੱਮ.ਬੀ. 'ਚ ਫਾਈਲ ਬਣਾ ਕੇ ਭੇਜਣੀ ਹੁੰਦੀ ਹੈ, ਜੋ ਕਿ ਸੀਨੀਅਰ ਪੈਨਸ਼ਨਰਾਂ ਲਈ ਮੁਸ਼ਕਲ ਹੁੰਦਾ ਹੈ ।

ਬਹੁਤ ਸਾਰੇ ਪੈਨਸ਼ਨਰ ਮਰੀਜ਼ ਤਾਂ ਬਿੱਲਾਂ ਦੇ ਪੈਸੇ ਉਡੀਕਦੇ ਇਸ ਜਹਾਨ ਤੋਂ ਵੀ ਚਲੇ ਜਾਂਦੇ ਹਨ । ਵਡੇਰੀਆਂ ਉਮਰਾਂ ਕਰਕੇ ਬਿਮਾਰੀਆਂ ਉਂਝ ਵੀ ਜ਼ਿਆਦਾ ਪਕੜ ਕਰ ਜਾਂਦੀਆਂ ਹਨ, ਜਿਸ ਕਰਕੇ ਪੈਨਸ਼ਨਰ ਖਰਚਿਆਂ ਦੀ ਚਿੰਤਾ ਕਰਕੇ ਕਈ ਵਾਰੀ ਐਵੇਂ ਹੀ ਦਿਲ ਨੂੰ ਲਾ ਕੇ ਨਵੀਂਆਂ ਬਿਮਾਰੀਆਂ ਤੋਂ ਗ੍ਰਸਤ ਹੋ ਕੇ ਹੋਰ ਉਲਝ ਜਾਂਦੇ ਹਨ। ਇਸ ਲਈ ਘੱਟੋ-ਘੱਟ ਪੈਨਸ਼ਨਰਾਂ ਦੇ ਇਲਾਜ ਦੇ ਖਰਚੇ ਨੂੰ ਨਾਲ ਦੀ ਨਾਲ ਦੇਣ ਦਾ ਪ੍ਰਬੰਧ ਕਰਨਾ ਚਾਹੀਦਾ ਹੈ, ਸਰਕਾਰ ਨੂੰ ਪੈਨਸ਼ਨਰਾਂ ਲਈ ਬੱਜਟ ਪਹਿਲ ਦੇ ਆਧਾਰ 'ਤੇ ਜਾਰੀ ਕਰਨਾ ਚਾਹੀਦਾ ਹੈ ਤਾਂ ਜੋ ਉਹ ਆਪਣੀ ਜ਼ਿੰਦਗੀ ਨੂੰ ਵਧੀਆ ਤਰੀਕੇ ਨਾਲ ਮਾਣ ਸਕਣ। ਬਹੁਤ ਸਾਰੇ ਪ੍ਰਾਈਵੇਟ ਅਦਾਰੇ ਆਪਣੇ ਮੁਲਾਜ਼ਮਾਂ ਦਾ ਸਾਰਾ ਇਲਾਜ ਫਰੀ ਕਰਾਉਂਦੇ ਹਨ, ਡੀਫੈਂਸ ਕਰਮਚਾਰੀਆਂ ਲਈ ਨਿਸਚਤ ਕੀਤੇ ਪ੍ਰਾਈਵੇਟ ਹਸਪਤਾਲਾਂ 'ਚ ਉਨ੍ਹਾਂ ਦਾ ਪੂਰਾ ਮੁਫ਼ਤ ਇਲਾਜ ਕੀਤਾ ਜਾਂਦਾ ਹੈ । ਇਸ ਤਰ੍ਹਾਂ ਹੀ ਪੰਜਾਬ ਸਰਕਾਰ ਨੂੰ ਵੀ ਕਰਨਾ ਚਾਹੀਦਾ ਹੈ।

# ਸੰਪਰਕ : 94635-53962

# ਔਰਤ ਦਾ 'ਸਰੀਰ' ਹੀ ਜੰਗ ਦਾ ਮੈਦਾਨ ਕਿਉਂ ਬਣ ਜਾਂਦਾ ?


ਨਰਿੰਦਰ ਸੋਹਲ

ਔਰਤ ਜਨਮਦਾਤੀ ਹੈ, ਸੰਸਾਰ ਨੂੰ ਚੱਲਦਾ ਰੱਖਣ ਲਈ ਆਪਣੀ ਜ਼ਿੰਦਗੀ ਤੱਕ ਦਾਅ ਉੱਤੇ ਲਾ ਦਿੰਦੀ ਹੈ, ਪਰ ਮਰਦ ਜਿਨ੍ਹਾਂ ਅੰਗਾਂ ਦੀ ਪੈਦਾਇਸ਼ ਹੁੰਦਾ, ਉਸ ਦਾ ਹੀ ਬੇਰਹਿਮੀ ਨਾਲ ਨਿਰਾਦਰ ਕਰਦਾ। ਅਜਿਹਾ ਹੀ ਵਾਪਰਿਆ ਮਨੀਪੁਰ ਵਿੱਚ, ਜਿੱਥੇ ਹਜੂਮ ਵੱਲੋਂ ਦੋ ਔਰਤਾਂ ਨੂੰ ਨੰਗਾ ਕਰਕੇ ਸੜਕਾਂ ਉੱਤੇ ਘੁਮਾਉਣ ਦੀ ਇੱਕ ਵੀਡੀਓ ਸਾਹਮਣੇ ਆਈ ਹੈ (ਇਹਨਾਂ ਵਿੱਚੋਂ ਇੱਕ ਕਾਰਗਿਲ ਦੀ ਜੰਗ ਲੜਨ ਵਾਲੇ ਸਾਬਕਾ ਫੌਜੀ ਦੀ ਪਤਨੀ ਸੀ) ਹਿੰਸਕ ਭੀੜ ਉਹਨਾਂ ਦੇ ਨਾਜ਼ੁਕ ਅੰਗਾਂ ਨਾਲ ਛੇੜਛਾੜ ਕਰਦੀ ਵੀ ਨਜ਼ਰ ਆਉਂਦੀ ਹੈ। ਜੋ ਵੇਖ ਕੇ ਲੂ-ਕੰਢੇ ਹੀ ਖੜੇ ਨਹੀਂ ਹੁੰਦੇ, ਸਗੋਂ ਮਨ ਗੁੱਸੇ ਨਾਲ ਭਰ ਜਾਂਦਾ ਹੈ। ਇਸ ਘਟਨਾ ਨੇ ਸਮੁੱਚੀ ਮਨੁੱਖਤਾ ਨੂੰ ਸ਼ਰਮਸਾਰ ਕਰ ਦਿੱਤਾ ਹੈ। ਅਫਸੋਸ ਆਪਣੇ-ਆਪ ਨੂੰ ਸੱਭਿਅਕ ਅਖਵਾਉਣ ਵਾਲਾ ਮਨੁੱਖ, ਕਿੰਨੀ ਅਣਮਨੁੱਖਤਾ ਨਾਲ ਭਰਿਆ ਪਿਆ। 4 ਮਈ ਤੋਂ ਲੈ ਕੇ ਵੀਡੀਓ ਸਾਹਮਣੇ ਆਉਣ ਤੱਕ ਦੋਸ਼ੀਆਂ ਖਿਲਾਫ ਕਿਸੇ ਤਰ੍ਹਾਂ ਦੀ ਕੋਈ ਕਾਨੂੰਨੀ ਕਾਰਵਾਈ ਨਹੀਂ ਕੀਤੀ ਗਈ। ਇਸ ਅਪਰਾਧ ਵਿਰੁੱਧ ਨਾ ਤਾਂ ਪੁਲਸ ਪ੍ਰਸ਼ਾਸਨ ਵੱਲੋਂ ਕੋਈ ਕਾਨੂੰਨੀ ਕਾਰਵਾਈ ਕੀਤੀ ਗਈ ਅਤੇ ਨਾ ਹੀ ਮੀਡੀਆ ਵੱਲੋਂ ਇਸ ਮਸਲੇ ਨੂੰ ਸਾਹਮਣੇ ਲਿਆਂਦਾ ਗਿਆ, ਪਰ ਜਦੋਂ ਵੀਡੀਓ ਸੋਸ਼ਲ ਮੀਡੀਆ ਉੱਤੇ ਵਾਇਰਲ ਹੋਈ, ਚਾਰੇ ਪਾਸੇ ਥੂ-ਥੂ ਹੋਣੀ ਸ਼ੁਰੂ ਹੋ ਗਈ। ਸਰਵਉੱਚ ਅਦਾਲਤ ਵੱਲੋਂ ਝਾੜ ਪਾਉਣ ਬਾਅਦ ਪ੍ਰਧਾਨ ਮੰਤਰੀ ਤੇ ਮੁੱਖ ਮੰਤਰੀ ਨੇ ਮਗਰਮੱਛ ਵਾਲੇ ਹੰਝੂ ਵਹਾਉਣੇ ਸ਼ੁਰੂ ਕਰ ਦਿੱਤੇ ਤੇ ਦੋਸ਼ੀਆਂ ਖਿਲਾਫ ਕਾਰਵਾਈ ਕਰਨ ਦੀ ਗੱਲ ਵੀ ਕਰਨੀ ਪਈ, ਜਦਕਿ ਪਹਿਲਾਂ ਮੁੱਖ ਮੰਤਰੀ ਨੇ ਸ਼ਰਮਿੰਦਗੀ ਮਹਿਸੂਸ ਕਰਨ ਦੀ ਥਾਂ ਕਿਹਾ ਕਿ ਇਹੋ ਜਿਹੀਆਂ ਸੈਂਕੜੇ ਘਟਨਾਵਾਂ ਹੁੰਦੀਆਂ ਹਨ। ਪ੍ਰਧਾਨ ਮੰਤਰੀ ਨੇ ਤਾਂ ਮੌਨ ਧਾਰੀ ਰੱਖਿਆ ਸੀ, ਕਿਉਂਕਿ ਸੱਤਾ ਲਈ ਇਹ ਸਭ ਰਾਸ ਜੋ ਆਉਂਦਾ। ਸੂਬਾ ਸਰਕਾਰ ਅਤੇ ਕੌਮੀ ਮਹਿਲਾ ਕਮਿਸ਼ਨ ਵੱਲੋਂ ਇਸ ਘਟਨਾ ਦੀ ਜਾਣਕਾਰੀ ਹੋਣ ਦੇ ਬਾਵਜੂਦ ਦੋ ਮਹੀਨੇ ਤੱਕ ਕੋਈ ਕਾਰਵਾਈ ਨਹੀਂ ਕੀਤੀ ਗਈ, ਜੋ ਮਿਲੀਭੁਗਤ ਵੱਲ ਇਸ਼ਾਰਾ ਕਰਦੀ ਹੈ। ਇਹ ਘਟਨਾ ਤਾਂ ਸੈਂਕੜੇ ਘਟਨਾਵਾਂ ਵਿੱਚੋਂ ਸਿਰਫ ਇੱਕ ਹੈ, ਜੋ ਤਿੰਨ ਮਈ ਤੋਂ ਬਾਅਦ ਮਨੀਪੁਰ ਵਿਚ ਵਾਪਰੀਆਂ। ਤਿੰਨ ਮਹੀਨਿਆਂ ਤੋਂ ਮਨੀਪੁਰ ਫਿਰਕੂ ਹਿੰਸਾ ਦੀ ਅੱਗ ਵਿੱਚ ਲਟ-ਲਟ ਬਲ਼ ਰਿਹਾ ਹੈ। ਜੋ ਦੋ ਭਾਈਚਾਰਿਆਂ ਮੈਤੇਈ ਤੇ ਕੁੱਕੀਆਂ ਵਿਚਾਲੇ ਭੜਕੀ ਹੈ ਜਾਂ ਕਹਿ ਲਓ ਜਾਣਬੁੱਝ ਕੇ ਭੜਕਾਈ ਗਈ ਹੈ।

ਅਸਲ ਵਿੱਚ ਕੁੱਕੀ ਤੇ ਹੋਰ ਕਬੀਲਿਆਂ ਦੇ ਲੋਕਾਂ ਨੂੰ ਲੱਗਦਾ ਹੈ ਕਿ ਮੈਤੇਈਆਂ ਨੂੰ ਅਨੁਸੂਚਿਤ ਕਬੀਲਿਆਂ ਦਾ ਦਰਜਾ ਮਿਲ਼ਣ ਨਾਲ਼ ਉਹਨਾਂ ਦੀ ਆਰਥਿਕ ਹਾਲਤ ਹੋਰ ਵੀ ਪਤਲੀ ਹੋ ਜਾਵੇਗੀ। ਪਰ ਦੂਜੇ ਪਾਸੇ ਭਾਜਪਾ ਦੀ ਸੂਬਾ ਸਰਕਾਰ ਮੈਤੇਈਆਂ ਨੂੰ ਇਹ ਦਰਜਾ ਦਿਵਾਉਣ ਲਈ ਪੱਬਾਂ ਭਾਰ ਹੋਈ ਪਈ ਸੀ। ਇਸ ਲਈ ਕਬੀਲਾਈ ਲੋਕ ਜੋ ਮੁੱਖ ਤੌਰ ਉੱਤੇ ਇਸਾਈ ਤੇ ਹੋਰਾਂ ਧਰਮਾਂ ਵਿੱਚੋਂ ਆਉਂਦੇ ਹਨ, ਉਹਨਾਂ ਵਿਰੁੱਧ ਜ਼ੋਰ-ਸ਼ੋਰ ਨਾਲ਼ ਇਹ ਨਫਰਤੀ ਪ੍ਰਚਾਰ ਕੀਤਾ ਗਿਆ ਕਿ ਮਿਆਂਮਾਰ ਤੋਂ ਆਉਣ ਵਾਲੇ ਕੁੱਕੀ ਜਲਦ ਹੀ ਮੈਤੇਈਆਂ ਦੀਆਂ ਜ਼ਮੀਨਾਂ, ਨੌਕਰੀਆਂ ਤੇ ਆਰਥਿਕ ਵਸੀਲਿਆਂ ਉੱਤੇ ਕੰਟਰੋਲ ਹਾਸਲ ਕਰ ਲੈਣਗੇ। ਇਸ ਪੂਰੇ ਮਸਲੇ ਨੂੰ ਜਾਣਬੁੱਝ ਕੇ ਫਿਰਕੂ ਰੰਗਤ ਦੇਣ ਲਈ ਅੱਡੀ-ਚੋਟੀ ਦਾ ਜ਼ੋਰ ਲਗਾਇਆ ਗਿਆ। ਵੈਸੇ ਮਨੀਪੁਰ ਦੇ ਅਰਥਚਾਰੇ ਤੇ ਸਿਆਸਤ ਉੱਤੇ ਮੈਤੇਈ ਸਰਮਾਏਦਾਰਾਂ ਦਾ ਹੀ ਦਬਦਬਾ ਹੈ। ਵਧੇਰੇ ਵਿਧਾਇਕ ਮੈਤੇਈ ਭਾਈਚਾਰੇ ਨਾਲ ਹੀ ਸੰਬੰਧ ਰੱਖਦੇ ਹਨ। 2022 ਨੂੰ ਮੁੜ ਸੱਤਾ ਵਿੱਚ ਆਉਣ ਤੋਂ ਬਾਅਦ ਬੀਰੇਨ ਸਿੰਘ ਦੀ ਸਰਕਾਰ ਨੇ ਕਈ ਅਜਿਹੇ ਕਦਮ ਚੁੱਕੇ ਹਨ, ਜਿਸ ਨਾਲ ਕੁੱਕੀਆਂ ਵਿੱਚ ਇਸ ਭਾਵਨਾ ਨੇ ਜ਼ੋਰ ਫੜਿਆ ਹੈ ਕਿ ਸਰਕਾਰ ਵੱਲੋਂ ਉਹਨਾਂ ਨਾਲ਼ ਵਿਤਕਰੇ ਦੀ ਨੀਤੀ ਅਪਣਾਈ ਜਾ ਰਹੀ ਹੈ। ਪਿਛਲੇ ਸਮਿਆਂ ਵਿੱਚ ਇਹ ਰੋਸ ਹੋਰ ਵੀ ਵਧੇਰੇ ਤਿੱਖਾ ਹੋਇਆ ਹੈ, ਜਦ ਭਾਜਪਾ ਸਰਕਾਰ ਨੇ ਆਪਣੇ ਮੈਤੇਈ ਹਾਕਮਾਂ ਲਈ ਕੁੱਕੀ ਕਬੀਲੇ ਦੀ ਜ਼ਮੀਨ ਹੜੱਪਣ ਦੇ ਯਤਨ ਤੇਜ਼ ਕੀਤੇ ਹਨ। ਮੈਤੇਈਆਂ ਨੂੰ ਪਹਾੜੀ ਇਲਾਕੇ ਵਿੱਚ ਸੰਵਿਧਾਨਕ ਤੌਰ 'ਤੇ ਜ਼ਮੀਨ ਖਰੀਦਣ ਦੀ ਮਨਾਹੀ ਹੈ, ਪਰ ਭਾਜਪਾ ਸਰਕਾਰ ਰਾਖਵੇਂ ਜੰਗਲ਼ ਵਧਾਉਣ, ਨਸ਼ਾ ਤਸਕਰਾਂ ਉੱਤੇ ਕਾਬੂ ਪਾਉਣ ਦੇ ਨਾਂਅ ਉੱਤੇ ਕੁੱਕੀਆਂ ਦੀ ਜ਼ਮੀਨ ਹੜੱਪ ਕੇ, ਉਹਨਾਂ ਨੂੰ ਉਜਾੜ ਕੇ ਮੈਤੇਈ ਸਰਮਾਏਦਾਰਾਂ ਦਾ ਮਨੀਪੁਰ ਦੇ ਆਰਥਿਕ ਵਸੀਲਿਆਂ ਉੱਤੇ ਕੰਟਰੋਲ ਵਧਾਉਣ ਦੇ ਹੱਕ ਵਿੱਚ ਭੁਗਤ ਰਹੀ ਹੈ। ਕੁੱਕੀਆਂ ਵੱਲੋਂ ਜਦੋਂ ਅਜਿਹੇ ਕਦਮਾਂ ਦਾ ਵਿਰੋਧ ਸ਼ੁਰੂ ਕੀਤਾ ਗਿਆ ਤਾਂ ਸਰਕਾਰ ਨੇ ਉਹਨਾਂ ਉੱਤੇ ਦਹਿਸ਼ਤਗਰਦ, ਦੂਜੇ ਮੁਲਕ ਤੋਂ ਆ ਕੇ ਹਿੰਸਾ ਭੜਕਾਉਣ ਵਾਲੇ (ਕੁੱਕੀਆਂ ਦਾ ਇੱਕ ਹਿੱਸਾ ਮਿਆਂਮਾਰ ਵਿੱਚ ਵੀ ਵੱਸਦਾ ਹੈ) ਨਸ਼ਾ ਤਸਕਰ ਆਦਿ ਦੇ ਠੱਪੇ ਜੜੇ ਤੇ ਧਾਰਾ 144 ਲਗਾਉਣ ਦੇ ਨਾਲ-ਨਾਲ ਇੰਟਰਨੈੱਟ ਸੇਵਾਵਾਂ ਵੀ ਬਹੁਤੀ ਥਾਵੇਂ ਮੁਕੰਮਲ ਰੂਪ ਵਿੱਚ ਬੰਦ ਕਰ ਦਿੱਤੀਆਂ।

ਲਗਾਤਾਰ ਹਿੰਸਕ ਘਟਨਾਵਾਂ ਵਾਪਰਦੀਆਂ ਰਹੀਆਂ, ਪਰ ਸੂਬਾ ਸਰਕਾਰ ਅਤੇ ਪੁਲਸ ਹਿੰਸਾ 'ਤੇ ਕਾਬੂ ਪਾਉਣ ਵਿਚ ਅਸਫਲ ਰਹੀਆਂ। ਇਹ ਉਦੋਂ ਹੀ ਵਾਪਰਦਾ, ਜਦੋਂ ਉਨ੍ਹਾਂ ਵਿਚਲੇ ਕੁੱਝ ਤੱਤ ਹਿੰਸਾ ਕਰਨ ਵਾਲਿਆਂ ਦੀ ਹਮਾਇਤ ਕਰ ਰਹੇ ਹੋਣ। ਇਸ ਦੌਰਾਨ ਪੁਲਸ ਦੇ ਅਸਲਾਖਾਨਿਆਂ 'ਚੋਂ ਹਜ਼ਾਰਾਂ ਦੀ ਗਿਣਤੀ ਵਿਚ ਹਥਿਆਰ ਲੁੱਟੇ ਗਏ। ਅੰਦਰੂਨੀ ਸੁਰੱਖਿਆ ਦੇ ਮਾਹਿਰਾਂ ਦਾ ਕਹਿਣਾ ਹੈ ਕਿ ਹਥਿਆਰ ਲੁੱਟੇ ਨਹੀਂ ਗਏ, ਸਗੋਂ ਇਕ ਖਾਸ ਭਾਈਚਾਰੇ ਦੇ ਲੋਕਾਂ ਵਿੱਚ ਵੰਡੇ ਗਏ। ਅਜਿਹੇ ਸਮੇਂ ਸੱਤਾਧਾਰੀ ਧਿਰਾਂ ਚੁੱਪ ਰਹਿੰਦੀਆਂ ਹਨ, ਹਿੰਸਾ ਨੂੰ ਜਾਣਬੁੱਝ ਕੇ ਵਧਣ ਦਿੱਤਾ ਜਾਂਦਾ ਹੈ, ਤਾਂ ਕਿ ਨਿਸ਼ਾਨੇ 'ਤੇ ਲਏ ਭਾਈਚਾਰੇ ਦੇ ਲੋਕਾਂ ਨੂੰ ਸਬਕ ਸਿਖਾਇਆ ਜਾ ਸਕੇ। ਘੱਟਗਿਣਤੀਆਂ, ਆਦਿਵਾਸੀ ਕਬੀਲਿਆਂ ਤੇ ਭਾਈਚਾਰਿਆਂ ਦੀ ਹੱਕ-ਸੱਚ ਦੀ ਅਵਾਜ਼ ਨੂੰ ਦਰੜਨ ਲਈ ਵਿਰੋਧੀ ਭਾਈਚਾਰੇ ਨਾਲ ਸੰਬੰਧਤ ਔਰਤਾਂ ਉੱਤੇ ਜਿਣਸੀ ਹਿੰਸਾ ਨੂੰ ਹਵਾ ਦਿੱਤੀ ਜਾਂਦੀ। ਮਨੀਪੁਰ ਦੀ ਘਟਨਾ ਵਿੱਚ ਦੋਵੇਂ ਔਰਤਾਂ ਕੁੱਕੀ ਭਾਈਚਾਰੇ ਨਾਲ ਸੰਬੰਧਤ ਹਨ। ਭੀੜ ਨੂੰ ਸਹਿ ਦੇ ਕੇ ਹੀ ਇਹਨਾਂ ਔਰਤਾਂ ਨਾਲ ਇਸ ਜ਼ਾਲਮਾਨਾ ਹਰਕਤ ਨੂੰ ਅੰਜਾਮ ਦਿੱਤਾ ਗਿਆ। ਔਰਤ ਦੀ ਬੇਪੱਤੀ ਇਕ ਔਰਤ ਹੋਣ ਵਜੋਂ ਵੀ ਕੀਤੀ ਜਾਂਦੀ ਹੈ। ਇਸ ਤਰ੍ਹਾਂ ਕਰਕੇ ਦੋਸ਼ੀ ਜਤਾਉਂਦੇ ਹਨ ਕਿ ਉਨ੍ਹਾਂ ਨੇ ਵਿਰੋਧੀ ਭਾਈਚਾਰੇ ਦੇ ਲੋਕਾਂ ਦੀ ਸਮੂਹਿਕ ਬੇਪਤੀ ਕੀਤੀ ਹੈ। ਉਸ ਬੇਪੱਤੀ ਨੂੰ ਔਰਤਾਂ ਦੇ ਜਿਸਮਾਂ ਉੱਤੇ ਉੱਕਰ ਦਿੱਤਾ ਜਾਂਦਾ ਹੈ, ਅਜਿਹਾ ਕਰਨ ਵਾਲੇ ਨਾਮਰਦਾਂ ਲਈ ਔਰਤ ਦਾ ਸਰੀਰ ਹੀ ਜੰਗ ਦਾ ਮੈਦਾਨ ਬਣ ਜਾਂਦਾ ਹੈ।

ਫਿਰਕੂ, ਫਾਸ਼ੀ ਨਫਰਤੀ ਸਿਆਸਤ ਦਾ ਸੌਖਾ ਨਿਸ਼ਾਨਾ ਔਰਤਾਂ ਹੀ ਬਣਦੀਆਂ ਆਈਆਂ ਹਨ। ਇਹ ਘਟਨਾ ਪਹਿਲੀ ਨਹੀਂ, 1947 ਦੇਸ਼ ਦੀ ਵੰਡ, 1984 ਦਿੱਲੀ ਅਤੇ 2002 ਗੁਜਰਾਤ ਦੰਗਿਆਂ ਸਮੇਂ ਵੀ ਅਜਿਹਾ ਹੀ ਵਾਪਰਿਆ ਸੀ, ਪਰ ਹਮੇਸ਼ਾ ਹਕੂਮਤ ਵੱਲੋਂ ਦੋਸ਼ੀਆਂ ਨੂੰ ਸਜ਼ਾ ਦਿਵਾਉਣ ਤੋਂ ਪਾਸਾ ਵੱਟੀ ਰੱਖਿਆ ਜਾਂਦਾ ਰਿਹਾ ਹੈ। ਆਮ ਲੋਕਾਂ ਤੇ ਪੀੜਤਾਂ ਦੇ ਲੰਮਾ ਸਮਾਂ ਸੰਘਰਸ਼ ਕਰਨ ਤੋਂ ਬਾਅਦ ਹੀ ਕੁੱਝ ਦੋਸ਼ੀਆਂ ਨੂੰ ਸਜ਼ਾ ਮਿਲਦੀ ਹੈ। ਗੁਜਰਾਤ ਦੀ ਮੁਸਲਿਮ ਔਰਤ ਬਿਲਕਿਸ ਬਾਨੋ ਦੇ ਬਲਾਤਕਾਰੀਆਂ ਨੂੰ ਪਿਛਲੇ ਸਾਲ ਅਜ਼ਾਦੀ ਦੇ ਜਸ਼ਨਾਂ ਸਮੇਂ 'ਚੰਗੇ ਚਰਿੱਤਰ' ਦਾ ਸਰਟੀਫਿਕੇਟ ਦੇ ਕੇ ਸਜ਼ਾ ਪੂਰੀ ਹੋਣ ਤੋਂ ਪਹਿਲਾਂ ਹੀ ਅਜ਼ਾਦ ਕਰ ਦਿੱਤਾ ਗਿਆ। ਜੇਲ੍ਹ ਤੋਂ ਬਾਹਰ ਆਉਣ ਸਮੇਂ ਦੋਸ਼ੀਆਂ ਦਾ ਹਾਰ ਪਾ ਕੇ ਜਿਵੇਂ ਸਵਾਗਤ ਕੀਤਾ ਗਿਆ, ਇਹ ਦੋਸ਼ੀਆਂ ਨੂੰ ਹੱਲਾਸ਼ੇਰੀ ਦੇਣ ਬਰਾਬਰ ਹੀ ਸੀ ਕਿ ਜੋ ਮਰਜ਼ੀ ਕਰੋ, ਸਾਡਾ ਹੱਥ ਤੁਹਾਡੀ ਪਿੱਠ 'ਤੇ ਹੈ। ਕੀ ਇਨਸਾਫ ਲੈਣ ਲਈ ਹਰ ਪੀੜਤ ਔਰਤ ਨੂੰ ਫੂਲਨ ਦੇਵੀ ਬਣਨਾ ਪਵੇਗਾ? ਹਾਂ ਉਹੀ ਫੂਲਨ ਦੇਵੀ, ਜਿਸ ਦੀ ਪਿੰਡ ਦੇ ਵੀਹ ਇੱਜ਼ਤਦਾਰ ਚੌਧਰੀਆਂ ਵੱਲੋਂ ਸ਼ਰੇਆਮ ਇੱਜ਼ਤ ਲੁੱਟੀ ਗਈ ਤੇ ਸਾਰੇ ਪਿੰਡ ਵਿੱਚ ਨੰਗੀ ਘੁਮਾਇਆ ਗਿਆ। ਉਸ ਦੇ ਪਿਤਾ ਤੇ ਭਰਾ ਨੂੰ ਕਤਲ ਕਰ ਦਿੱਤਾ ਗਿਆ। ਫੂਲਨ ਦੇਵੀ ਦੇ ਅੰਦਰ ਬਦਲੇ ਦੀ ਅੱਗ ਭੜਕ ਉੱਠੀ ਤੇ ਉਹ ਡਾਕੂਆਂ ਨਾਲ ਜਾ ਰਲੀ। ਅਖੀਰ ਉਸ ਨੇ ਬਲਾਤਕਾਰੀ ਚੌਧਰੀਆਂ ਨੂੰ ਸਦਾ ਦੀ ਨੀਂਦੇ ਸੁਲਾ ਦਿੱਤਾ ਸੀ, ਜਿਸ ਕਾਰਨ ਉਸ ਨੂੰ ਜੇਲ੍ਹ ਵੀ ਕੱਟਣੀ ਪਈ, ਪਰ ਆਪਣੀ ਅੰਦਰਲੀ ਬਦਲੇ ਦੀ ਅੱਗ ਨੂੰ ਸ਼ਾਂਤ ਜ਼ਰੂਰ ਕਰ ਲਿਆ ਸੀ।

ਮਨੀਪੁਰ 'ਚ ਵਾਪਰੇ ਕਹਿਰ ਸੰਬੰਧੀ 42 ਸਾਲਾ ਪੀੜਤ ਔਰਤ ਨੇ ਜੋ ਬਿਆਨ ਦਿੱਤਾ, ਉਹ ਗਹਿਰਾ ਦਰਦ ਦੇਣ ਅਤੇ ਸ਼ਰਮਸਾਰ ਕਰਨ ਵਾਲਾ ਹੈ। ਉਸ ਅਨੁਸਾਰ ਪਿੰਡ ਦੇ ਕੁੱਝ ਲੋਕ ਦਹਿਸ਼ਤੀ ਟੋਲੇ ਹੱਥੋਂ ਆਪਣੀ ਇੱਜ਼ਤ-ਆਬਰੂ ਤੇ ਜਾਨ ਬਚਾਉਣ ਲਈ ਲੁਕੇ ਹੋਏ ਸਨ, ਪਰ ਦਹਿਸ਼ਤਗਰਦੀ ਟੋਲੇ ਲਲਕਾਰੇ ਮਾਰਦੇ ਆ ਗਏ। ਇਸ ਦੌਰਾਨ ਪੀੜਤਾਂ ਨੇ ਪੁਲਸ ਕੋਲੋਂ ਮਦਦ ਦੀ ਆਸ ਕੀਤੀ, ਪਰ ਪੁਲਸ ਨੇ ਉਹਨਾਂ ਨੂੰ ਬਚਾਉਣ ਦੀ ਥਾਂ ਦਰਿੰਦਿਆਂ ਦੇ ਹਵਾਲੇ ਕਰ ਦਿੱਤਾ। ਦੋਸ਼ੀਆਂ ਨੇ ਔਰਤਾਂ ਨੂੰ ਨਿਰਵਸਤਰ ਕਰਕੇ ਆਪਣੇ ਅੱਗੇ ਲਾ ਲਿਆ। ਇਹਨਾਂ ਵਿੱਚ ਇਕ 21 ਸਾਲਾਂ ਦੀ ਮੁਟਿਆਰ ਵੀ ਸੀ। ਜਦੋਂ ਉਸ ਦੇ ਭਰਾ ਤੇ ਬਾਪ ਉਸ ਨੂੰ ਬਚਾਉਣ ਲਈ ਨਫਰਤ ਦੀ ਅੱਗ ਵਿੱਚ ਕੁਦ ਪਏ ਤਾਂ ਭੀੜ ਨੇ ਉਹਨਾਂ ਨੂੰ ਕੁੱਟ-ਕੁੱਟ ਕੇ ਮਾਰ ਦਿੱਤਾ। ਫਿਰ ਔਰਤਾਂ ਦੇ ਅੰਗਾਂ ਨਾਲ ਜੋ ਹੋਇਆ, ਕਿਸੇ ਦੁਸ਼ਮਣ ਦੀ ਧੀ ਨਾਲ ਵੀ ਕਦੇ ਨਾ ਹੋਵੇ। ਬੇਹੱਦ ਅਫਸੋਸ ਕਿ ਨੌਜਵਾਨ ਬੇਟੀ ਨੂੰ ਨੋਚਣ ਲਈ ਉਸ ਦੇ ਦਾਦਿਆਂ-ਪੜਦਾਦਿਆਂ ਵਰਗੇ ਕਤਾਰ 'ਚ ਖੜੇ, ਆਪਣੀ ਵਾਰੀ ਦੀ ਉਡੀਕ ਕਰ ਰਹੇ ਸਨ। ਓ ਹੋ ਬੇਹੱਦ ਸ਼ਰਮਨਾਕ ਬੇਸ਼ਰਮੋ ਉਸ ਧੀ ਵਿੱਚੋਂ ਤੁਹਾਨੂੰ ਆਪਣੇ ਪਰਵਾਰ ਦੀਆਂ ਧੀਆਂ-ਭੈਣਾਂ ਨਜ਼ਰ ਕਿਉਂ ਨਹੀਂ ਆਈਆਂ? ਜੇ ਸਾਡਾ ਇਹ ਪੜ੍ਹ-ਸੁਣ ਕੇ ਦਿਲ ਰੋ ਉੱਠਿਆ ਤੇ ਜਿੰਨ੍ਹਾਂ ਨੇ ਸਭ ਕੁੱਝ ਆਪਣੇ ਪਿੰਡੇ ਹੰਢਾਇਆ, ਉਨ੍ਹਾ 'ਤੇ ਕੀ ਬੀਤੀ ਹੋਵੇਗੀ? ਔਰਤ ਨੂੰ ਦੇਵੀ ਕਹਿਣ ਵਾਲਿਓ ਦੱਸੋ ਉਹ ਸਿਰਫ ਔਰਤ ਹੋਣ ਦੀ ਸਜ਼ਾ ਕਦੋਂ ਤੱਕ ਭੁਗਤਦੀਆਂ ਰਹਿਣਗੀਆਂ? ਕਦੋਂ ਤੱਕ ਔਰਤਾਂ ਦੇ ਜਿਸਮ ਜੰਗ ਦੇ ਮੈਦਾਨ ਬਣਦੇ ਰਹਿਣਗੇ?

# ਸੰਪਰਕ : 94641-13255

1-AUG-PAGE-5.qxd 7/31/2023 10:49 PM Page 1



# ਸ਼ਹੀਦ ਊਧਮ ਸਿੰਘ ਦਾ ਜੀਵਨ ਫਲਸਫਾ ਅੱਜ ਵੀ ਨੌਜਵਾਨਾਂ ਲਈ ਰਾਹ-ਦਸੇਰਾ : ਜਗਰੂਪ

**ਜਲਾਲਾਬਾਦ (ਰਣਬੀਰ ਕੌਰ ਢਾਬਾਂ, ਜੀਤ ਕੁਮਾਰ, ਸਤਨਾਮ ਸਿੰਘ)**-ਜੰਗੇ ਅਜ਼ਾਦੀ ਦੇ ਮਹਾਨ ਸਪੂਤ ਸ਼ਹੀਦ ਊਧਮ ਸਿੰਘ ਦੇ 83ਵੇਂ ਸ਼ਹੀਦੀ ਦਿਹਾੜੇ 'ਤੇ ਸਰਬ ਭਾਰਤ ਨੌਜਵਾਨ ਸਭਾ ਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਜ਼ਿਲ੍ਹਾ ਫਾਜ਼ਿਲਕਾ ਵੱਲੋਂ ਸਥਾਨਕ ਸੁਤੰਤਰ ਭਵਨ ਵਿਖੇ 'ਸ਼ਹੀਦ ਊਧਮ ਸਿੰਘ ਦਾ ਜੀਵਨ ਫਲਸਫਾ ਤੇ ਬਨੇਗਾ ਪ੍ਰਾਪਤੀ ਸੰਘਰਸ਼' ਵਿਸ਼ੇ 'ਤੇ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਵਿੱਚ ਜ਼ਿਲ੍ਹੇ ਦੇ ਵੱਖ ਵੱਖ ਵਿੱਦਿਅਕ ਅਦਾਰਿਆਂ ਤੋਂ ਵਿਦਿਆਰਥੀ, ਵੱਖ ਵੱਖ ਪਿੰਡਾਂ ਤੋਂ ਨੌਜਵਾਨ ਤੇ ਬੁੱਧੀਜੀਵੀਆਂ ਅਤੇ ਸਮਾਜ ਸੇਵੀ ਸ਼ਖਸੀਅਤਾਂ ਵੱਲੋਂ ਸ਼ਮੂਲੀਅਤ ਕੀਤੀ ਗਈ। ਇਸ ਸਮਾਗਮ ਵਿੱਚ ਰੁਜ਼ਗਾਰ ਪ੍ਰਾਪਤੀ ਮੁਹਿੰਮ ਦੇ ਮੁੱਖ ਸਲਾਹਕਾਰ ਸਾਥੀ ਜਗਰੂਪ ਸਿੰਘ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਤੇ ਉਨ੍ਹਾਂ ਨਾਲ ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਪ੍ਰਧਾਨ ਪਰਮਜੀਤ ਸਿੰਘ ਢਾਬਾਂ ਤੇ ਸੂਬਾ ਸਕੱਤਰ ਚਰਨਜੀਤ ਸਿੰਘ ਛਾਂਗਾ ਰਾਏ ਵੀ ਹਾਜ਼ਰ ਸਨ। ਇਸ ਸੈਮੀਨਾਰ ਸਮਾਗਮ ਦੀ ਪ੍ਰਧਾਨਗੀ ਸਰਬ ਭਾਰਤ ਨੌਜਵਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਹਰਭਜਨ ਛੱਪੜੀਵਾਲਾ, ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਜ਼ਿਲ੍ਹਾ ਪ੍ਰਧਾਨ ਰਮਨ ਧਰਮੂਵਾਲਾ ਤੇ ਲੜਕੀਆਂ ਦੀ ਸੂਬਾ ਕੋ-ਕਨਵੀਨਰ ਸੰਜਨਾ ਢਾਬਾਂ ਨੇ ਕੀਤੀ। ਸੈਮੀਨਾਰ ਸਮਾਗਮ ਦੀ ਸ਼ੁਰੂਆਤ ਵੇਲੇ ਸਮੁੱਚੀ ਆਗੂ ਟੀਮ ਵੱਲੋਂ ਸ਼ਹੀਦ ਊਧਮ ਸਿੰਘ ਦੀ ਤਸਵੀਰ 'ਤੇ ਫੁੱਲ ਮਲਾਵਾਂ ਪਾ ਕਰਕੇ ਮਹਾਨ ਸ਼ਹੀਦ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਸੈਮੀਨਾਰ ਦਾ ਉਦਘਾਟਨ ਰੁਜ਼ਗਾਰ ਪ੍ਰਾਪਤੀ ਮੁਹਿੰਮ ਦੇ ਜ਼ਿਲ੍ਹਾ ਫਿਰੋਜ਼ਪੁਰ, ਫਾਜ਼ਿਲਕਾ ਦੇ ਸਲਾਹਕਾਰ ਤੇ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਸਾਥੀ ਹੰਸ ਰਾਜ ਗੋਲਡਨ ਨੇ ਕੀਤਾ। ਇਸ ਮੌਕੇ ਉਨ੍ਹਾਂ ਨਾਲ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਆਗੂ ਸਾਥੀ ਸੁਰਿੰਦਰ ਢੰਡੀਆਂ ਵੀ ਹਾਜ਼ਰ ਸਨ।

**ਪਾਰਲੀਮੈਂਟ 'ਚ ਬਨੇਗਾ ਦੀ ਪ੍ਰਾਪਤੀ ਤੇ ਅਮਲ ਨਾਲ ਹੀ ਸ਼ਹੀਦ ਊਧਮ ਸਿੰਘ ਦੇ ਸੁਪਨੇ ਸਾਕਾਰ ਹੋ ਸਕਦੇ ਹਨ : ਛਾਂਗਾਰਾਏ, ਛੱਪੜੀਵਾਲਾ**



ਇਸ ਸੈਮੀਨਾਰ ਨੂੰ ਮੁੱਖ ਰੂਪ ਵਿੱਚ ਸੰਬੋਧਨ ਕਰਦਿਆਂ ਸਾਥੀ ਜਗਰੂਪ ਸਿੰਘ ਨੇ ਸ਼ਹੀਦ ਊਧਮ ਸਿੰਘ ਦੀ ਅਦੁੱਤੀ ਕੁਰਬਾਨੀ ਨੂੰ ਯਾਦ ਕਰਦਿਆਂ ਕਿਹਾ ਕਿ ਸ਼ਹੀਦ ਊਧਮ ਸਿੰਘ ਸਮਾਜਵਾਦੀ ਵਿਚਾਰਧਾਰਾ ਦਾ ਪੱਕੇ ਧਾਰਨੀ ਸੀ ਤੇ ਓਸੇ ਵਿਚਾਰਧਾਰਾ ਕਾਰਨ ਹੀ ਸ਼ਹੀਦ ਊਧਮ ਸਿੰਘ ਦੇ ਅੰਗਰੇਜ਼ ਸਾਮਰਾਜ ਖਿਲਾਫ ਵੱਖਰੇ ਢੰਗ ਨਾਲ ਰੋਸ ਪ੍ਰਦਰਸ਼ਨ ਕਰਨ ਦੀ ਯੋਜਨਾ ਬਣਾਈ, ਜਿਸ ਦੇ ਨਤੀਜੇ ਵਜੋਂ ਉਸ ਨੇ 13 ਮਾਰਚ 1940 ਨੂੰ ਲੰਡਨ ਦੇ ਕੈਕਸਟਨ ਹਾਲ ਵਿੱਚ ਆਪਣਾ ਵਿਰੋਧ ਜ਼ਾਹਰ ਕੀਤਾ। ਇਸ ਤੋਂ ਵੀ ਅੱਗੇ ਉਸ ਨੇ ਸ਼ਹੀਦ ਭਗਤ ਸਿੰਘ ਵਾਂਗ ਆਪਣੇ ਮੁਕੱਦਮੇ ਦੌਰਾਨ ਅੰਗਰੇਜ਼ੀ ਸਾਮਰਾਜ ਦੀ ਅਦਾਲਤ ਨੂੰ ਆਪਣੇ ਸਮਾਜਵਾਦੀ ਵਿਚਾਰਾਂ ਦੇ ਪ੍ਰਚਾਰ ਲਈ ਮੰਚ ਵਜੋਂ ਵਰਤਿਆ। ਮੁੱਖ ਬੁਲਾਰੇ ਨੇ ਨੌਜਵਾਨਾਂ ਨੂੰ ਜਾਗਰੂਕ ਕਰਦਿਆਂ ਕਿਹਾ ਕਿ ਸ਼ਹੀਦ ਊਧਮ ਸਿੰਘ ਦਾ ਜੀਵਨ ਤੇ ਫਲਸਫਾ ਅੱਜ ਵੀ ਨੌਜਵਾਨਾਂ ਲਈ ਰਾਹ ਦਸੇਰਾ ਹੈ ਅਤੇ ਨੌਜਵਾਨਾਂ ਨੂੰ ਉਸ ਤੋਂ ਅਗਵਾਈ ਲੈ ਕੇ ਸ਼ਹੀਦ ਦੇ ਸਪਨਿਆਂ ਨੂੰ ਸਾਕਾਰ ਕਰਨ ਲਈ ਸੰਘਰਸ਼ ਕਰਨਾ ਚਾਹੀਦਾ ਹੈ।

ਇਸ ਤੋਂ ਬਾਅਦ ਸੈਮੀਨਾਰ ਨੂੰ ਸੰਬੋਧਨ ਕਰਦਿਆਂ ਸਾਥੀ ਚਰਨਜੀਤ ਸਿੰਘ ਛਾਂਗਾ ਰਾਏ ਨੇ ਕਿਹਾ ਕਿ ਰੁਜ਼ਗਾਰ ਪ੍ਰਾਪਤੀ ਮੁਹਿੰਮ ਦੀ ਬੁਨਿਆਦ ਹੀ ਸ਼ਹੀਦ ਊਧਮ, ਸ਼ਹੀਦ ਭਗਤ ਸਿੰਘ, ਕਰਤਾਰ ਸਿੰਘ ਸਰਾਭਾ ਤੇ ਦੂਜੇ ਮਹਾਨ ਸ਼ਹੀਦਾਂ ਦੀ ਵਿਚਾਰਧਾਰਾ ਹੈ। ਉਨ੍ਹਾ ਕਿਹਾ ਕਿ ਇਸੇ ਨਿਸ਼ਾਨੇ ਦੀ ਪ੍ਰਾਪਤੀ ਲਈ ਨੌਜਵਾਨਾਂ ਤੇ ਵਿਦਿਆਰਥੀਆਂ ਵੱਲੋਂ ਪੰਜਾਬ ਤੋਂ ਸ਼ੁਰੂਆਤ ਕਰਕੇ ਪੂਰੇ ਦੇਸ਼ 'ਚ ਬਨੇਗਾ ਪ੍ਰਾਪਤੀ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਰਾਹੀਂ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ਭਾਵ ਬਨੇਗਾ, ਜਿਸ ਅਨੁਸਾਰ ਹਰ ਇੱਕ ਬੇਰੁਜ਼ਗਾਰ ਨੌਜਵਾਨ ਔਰਤ/ਮਰਦ ਨੂੰ ਉਸ ਦੀ ਯੋਗਤਾ ਅਨੁਸਾਰ ਸਰਕਾਰੀ ਨੌਕਰੀ ਤੇ ਕੰਮ ਅਨੁਸਾਰ ਤਨਖਾਹ ਜੋ ਘੱਟੋ ਘੱਟ 30 ਹਜ਼ਾਰ ਲੈ ਕੇ 60 ਹਜ਼ਾਰ ਤੱਕ ਦੀ ਗਰੰਟੀ ਹੋਵੇਗੀ ਅਤੇ ਨੌਕਰੀ ਨਾ ਦੇਣ ਦੀ ਸਥਿਤੀ ਵਿੱਚ ਕੰਮ ਇੰਤਜ਼ਾਰ ਭੱਤਾ ਯੋਗ ਤਨਖਾਹ ਦਾ ਅੱਧਾ ਹਿੱਸਾ ਦੇਣ ਦੀ ਵਿਵਸਥਾ ਹੋਵੇਗੀ। ਆਗੂ ਨੇ ਕਿਹਾ ਕਿ ਬਨੇਗਾ ਸੰਬੰਧੀ ਜਾਗਰੂਕਤਾ ਤੇ ਪ੍ਰਾਪਤੀ ਕਰਨ ਲਈ ਦੇਸ਼ ਪੱਧਰ 'ਤੇ ਮੁਹਿੰਮ ਅੱਗੇ ਵਧ ਰਹੀ ਹੈ ਅਤੇ ਬੜੀ ਜਲਦੀ ਜਿੱਤ ਪ੍ਰਾਪਤ ਹੋਵੇਗੀ। ਸਮੁੱਚੇ ਬੁਲਾਰਿਆਂ ਨੇ ਜਵਾਨੀ ਨੂੰ ਇਸ ਮੁਹਿੰਮ ਦਾ ਹਿੱਸਾ ਬਣਨ ਲਈ ਅਪੀਲ ਕੀਤੀ।

ਇਸ ਮੌਕੇ ਸੈਮੀਨਾਰ ਨੂੰ ਹੋਰਨਾਂ ਤੋਂ ਇਲਾਵਾ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਜ਼ਿਲ੍ਹਾ ਸਕੱਤਰ ਸਟਾਲਿਨਜੀਤ, ਸਰਬ ਭਾਰਤ ਨੌਜਵਾਨ ਸਭਾ ਦੇ ਜ਼ਿਲ੍ਹਾ ਸਕੱਤਰ ਸੁਬੇਗ ਝੰਗੜ ਭੈਣੀ, ਜ਼ਿਲ੍ਹਾ ਆਗੂ ਨਰਿੰਦਰ ਢਾਬਾਂ, ਸਤੀਸ਼ ਛੱਪੜੀਵਾਲਾ, ਜ਼ਿਲ੍ਹਾ ਆਗੂ ਸੰਦੀਪ ਜੋਧਾ, ਅਰਵੀਨ ਢਾਬਾਂ, ਕਿਸਾਨ ਆਗੂ ਕ੍ਰਿਸ਼ਨ ਧਰਮੂ ਵਾਲਾ, ਆਂਗਨਵਾੜੀ ਵਰਕਰਾਂ ਦੇ ਸੂਬਾ ਆਗੂ ਸਰੋਜ ਛੱਪੜੀਵਾਲਾ, ਤੇਜਾ ਸਿੰਘ ਅਮੀਰ ਖਾਸ, ਸਾਥੀ ਭਗਵਾਨ ਦਾਸ ਬਹਾਦਰਕੇ, ਰਣਜੀਤ ਖਿਲਚੀਆਂ, ਜਸਵੰਤ ਕਾਹਨਾ, ਸੂਬਾ ਸਿੰਘ ਜੈਮਲ ਵਾਲਾ ਤੇ ਡਾਕਟਰ ਛਿੰਦਰਪਾਲ ਛੱਪੜੀਵਾਲਾ ਹਾਜ਼ਰ ਸਨ।

# ਨਸ਼ਿਆਂ ਖਿਲਾਫ ਵਿੱਢੀ ਮੁਹਿੰਮ ਦੌਰਾਨ ਸ਼ਹੀਦ ਊਧਮ ਸਿੰਘ ਨੂੰ ਦਿੱਤੀ ਸ਼ਰਧਾਂਜਲੀ

**ਜ਼ਿਲ੍ਹਾ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਖਿਲਾਫ ਲੋਕਾਂ ਦਾ ਫੁੱਟਿਆ ਗੁੱਸਾ**




**ਮਾਨਸਾ (ਆਤਮਾ ਸਿੰਘ ਪਮਾਰ)**

ਮਾਨਸਾ ਜ਼ਿਲ੍ਹੇ ਵਿੱਚ ਨਸ਼ਾ ਵਿਰੋਧੀ ਸਾਂਝੀ ਐਕਸ਼ਨ ਕਮੇਟੀ ਵੱਲੋਂ ਵਿੱਢੀ ਨਸ਼ਾ ਵਿਰੋਧੀ ਮੁਹਿੰਮ ਨੂੰ ਅੱਜ 17 ਦਿਨ ਵਿੱਚ ਦਾਖਲ ਹੋ ਗਈ ਤੇ ਲੋਕਾਂ ਦਾ ਸਰਕਾਰ ਦੇ ਇਸ ਰਵੱਈਏ ਖਿਲਾਫ ਰੋਹ ਜਿਉਂ ਦੀ ਤਿਉਂ ਬਰਕਰਾਰ ਹੈ। ਜ਼ਿਲ੍ਹਾ ਹੈੱਡ ਕੁਆਰਟਰ 'ਤੇ ਚੱਲ ਰਹੇ ਅਣਮਿੱਥੇ ਸਮੇਂ ਦੇ ਧਰਨੇ ਵਿੱਚ ਵੱਡੀ ਗਿਣਤੀ 'ਚ ਔਰਤਾਂ ਤੇ ਕਿਰਤੀ ਵਰਗ ਵੱਲੋਂ ਸ਼ਮੂਲੀਅਤ ਕਰਕੇ ਆਪਣੇ ਮਹਾਨ ਕ੍ਰਾਂਤੀਕਾਰੀ ਤੇ ਸੁਤੰਤਰਤਾ ਸੰਗਰਾਮੀਏ ਸ਼ਹੀਦ ਊਧਮ ਸਿੰਘ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ ਅਤੇ ਕੁਰਾਹੇ ਪਈ ਪੰਜਾਬ ਸਰਕਾਰ ਦੀ ਅਰਥੀ ਵੀ ਫੂਕੀ ਗਈ।

ਇਸ ਮੌਕੇ ਬੋਲਦਿਆਂ ਵੱਖ-ਵੱਖ ਬੁਲਾਰਿਆਂ ਵੱਲੋਂ ਸਰਕਾਰ 'ਤੇ ਨਸ਼ੇ ਦੀ ਰੋਕਥਾਮ ਦੀ ਬਜਾਏ, ਨਸ਼ਾ ਤਸ਼ਕਰਾਂ ਦੀ ਭਾਈਵਾਲੀ ਕਰਨ ਦੇ ਦੋਸ਼ ਲਗਾਏ ਅਤੇ ਮੰਗ ਕੀਤੀ ਗਈ ਕਿ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਦੀ ਚੱਲ-ਅਚੱਲ ਜਾਇਦਾਦ ਦੀ ਪੜਤਾਲ ਕੀਤੀ ਜਾਵੇ ਆਮਦਨ ਤੋਂ ਵੱਧ ਬਣਾਈ ਜਾਇਦਾਦ ਜ਼ਬਤ ਕੀਤੀ ਜਾਵੇ। ਇਸ ਮੌਕੇ ਬੋਲਦਿਆਂ ਭਾਰਤੀ ਕਿਸਾਨ ਯੂਨੀਅਨ (ਏਕਤਾ) ਡਕੌਂਦਾ ਦੇ ਜ਼ਿਲ੍ਹਾ ਪ੍ਰਧਾਨ ਲਖਵੀਰ ਸਿੰਘ ਅਕਲੀਆ ਨੇ ਕਿਹਾ ਕਿ ਪ੍ਰਸ਼ਾਸਨ ਵੱਲੋਂ ਬੀਤੇ ਦਿਨਾਂ 'ਚ ਨਸ਼ਾ ਤਸਕਰਾਂ ਨੂੰ ਫੜਨ ਦੀ ਬਜਾਏ, ਪੀੜਤ ਲੋਕਾਂ ਨੂੰ ਫੜ ਕੇ ਉਨ੍ਹਾਂ ਉੱਤੇ ਵੱਖ-ਵੱਖ ਧਾਰਾਵਾਂ ਤਹਿਤ ਪਰਚੇ ਦਰਜ ਕਰਕੇ ਜੇਲ੍ਹਾਂ ਅੰਦਰ ਸੁੱਟਿਆ ਜਾ ਰਿਹਾ ਹੈ, ਪਰ ਨਸ਼ੇ ਦੇ ਅਸਲ ਸੌਦਾਗਰਾਂ 'ਤੇ ਕੋਈ ਕਾਰਵਾਈ ਨਹੀਂ ਕੀਤੀ ਜਾ ਰਹੀ। ਉਨ੍ਹਾਂ ਕਿਹਾ ਕਿ ਇਸ ਸੰਬੰਧੀ ਧਾਰੀ ਖਾਮੋਸ਼ੀ ਇਹ ਸੰਕੇਤ ਦਿੰਦੀ ਹੈ ਕਿ ਸੱਤਾਧਾਰੀ ਪਾਰਟੀ ਨਸ਼ੇ ਨੂੰ ਲੈ ਕੇ ਸੁਹਿਰਦ ਨਹੀਂ ਹੈ। ਉਨ੍ਹਾਂ ਪੂੰਜੀਪਤੀਆਂ ਦੀ ਕੱਠਪੁਤਲੀ ਬਣੀ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਵੰਗਾਰਦੇ ਹੋਏ ਕਿਹਾ ਕਿ ਸਦੀਆਂ ਤੋਂ ਹਾਕਮਾਂ ਖਿਲਾਫ ਦੱਬੇ ਕੁਚਲੇ ਲੋਕ ਲੜਦੇ ਆ ਰਹੇ ਹਨ, ਸੋ ਸਰਕਾਰ ਲੋਕਾਂ ਦੇ ਸਬਰ ਨੂੰ ਪਰਖਣਾ ਬੰਦ ਕਰੇ। ਇਸ ਸਮੇਂ ਮੱਖਣ ਸਿੰਘ ਭੈਣੀ ਬਾਘਾ ਨੇ ਧਰਨਾਕਾਰੀਆਂ ਦਾ ਧੰਨਵਾਦ ਕੀਤਾ। ਇਕੱਠ ਨੂੰ ਸੰਬੋਧਨ ਕਰਨ ਵਾਲਿਆਂ 'ਚ ਤਾਰਾ ਚੰਦ ਬਰੇਟਾ, ਸੱਤਪਾਲ ਵਰ੍ਹੇ, ਬਲਵਿੰਦਰ ਸ਼ਰਮਾ, ਇਨਕਲਾਬੀ ਕੇਂਦਰ ਦੇ ਜਗਮੇਲ ਸਿੰਘ, ਕਾਮਰੇਡ ਰਾਜਵਿੰਦਰ ਰਾਣਾ, ਮਹਿੰਦਰ ਬੁਰਜ ਰਾਠੀ, ਧੰਨਾ ਮੱਲ ਗੋਇਲ, ਕੁਲਵਿੰਦਰ ਸਿੰਘ, ਗੁਰਸੇਵਕ ਸਿੰਘ, ਸਿਕੰਦਰ ਖਿਆਲਾ, ਜਗਦੇਵ ਕੋਟਲੀ, ਬਲਜੀਤ ਭੈਣੀ ਬਾਘਾ, ਕ੍ਰਿਸ਼ਨ ਚੌਹਾਨ, ਮੇਜਰ ਦੂਲੋਵਾਲ, ਸੁਖਵਿੰਦਰ ਕੌਰ ਅਕਲੀਆਂ, ਹਰਭਜਨ ਸਿੰਘ ਬਹੋਨਾ ਤੇ ਰਾਜ ਸਿੰਘ ਅਕਲੀਆ ਆਦਿ ਆਗੂ ਹਾਜ਼ਰ ਰਹੇ। ਸਟੇਜ ਸਕੱਤਰ ਦੀ ਭੂਮਿਕਾ ਬਲਜਿੰਦਰ ਸਿੰਘ ਚਹਿਲਾਂਵਾਲੀ ਨੇ ਬਾਖੂਬੀ ਨਿਭਾਈ।

## ਕਾਤਰਾਂ

### ਨਸ਼ਾ ਰੋਕੂ ਐਕਸ਼ਨ ਕਮੇਟੀ ਵੱਲੋਂ ਮਾਰਚ 13 ਨੂੰ

**ਲੌਂਗੋਵਾਲ (ਕੁਲਦੀਪ ਅੱਤਰੀ, ਪ੍ਰਦੀਪ ਸਿੰਘ ਸੱਪਲ)**-ਕਸਬਾ ਲੌਂਗੋਵਾਲ ਵਿਖੇ ਨਸ਼ਾ ਰੋਕੂ ਐਕਸ਼ਨ ਕਮੇਟੀ ਵੱਲੋਂ ਨਸ਼ਿਆਂ ਖਿਲਾਫ ਵਿੱਢੇ ਸੰਘਰਸ਼ ਨੂੰ ਹੋਰ ਤੇਜ਼ ਕਰਨ ਲਈ ਲਗਾਤਾਰ ਮੀਟਿੰਗਾਂ ਕਰਕੇ ਲੋਕਾਂ ਨੂੰ ਲਾਮਬੰਦ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਬੀਤੇ ਦਿਨੀਂ ਬਡਬਰ ਰੋਡ 'ਤੇ ਪਿੰਡ ਦੇ ਪਤਵੰਤਿਆਂ ਤੇ ਨੌਜਵਾਨਾਂ ਦੀ ਵਿਸ਼ੇਸ਼ ਮੀਟਿੰਗ ਕੀਤੀ ਗਈ, ਜਿਸ ਵਿੱਚ ਬੁਲਾਰਿਆਂ ਨੇ ਆਪਣੇ ਵਿਚਾਰ ਰੱਖੇ। ਮੀਟਿੰਗ ਦੌਰਾਨ ਫੈਸਲਾ ਕੀਤਾ ਗਿਆ ਕਿ 13 ਅਗਸਤ ਨੂੰ ਪਿੰਡ 'ਚ ਨਸ਼ਿਆਂ ਖਿਲਾਫ ਭਰਵਾਂ ਮਾਰਚ ਕੀਤਾ ਜਾਵੇਗਾ, ਜਿਸ ਵਿੱਚ ਸਮੂਹ ਜਥੇਬੰਦੀਆਂ, ਕਲੱਬਾਂ, ਕਿਸਾਨ ਯੂਨੀਅਨਾਂ, ਰਾਜਨੀਤਕ ਆਗੂਆਂ, ਸਕੂਲ-ਕਾਲਜਾਂ ਦੇ ਵਿਦਿਆਰਥੀਆਂ ਤੇ ਗੁਰੂਘਰਾਂ ਦੀਆਂ ਕਮੇਟੀਆਂ ਨੂੰ ਸ਼ਾਮਲ ਹੋਣ ਦੀ ਬੇਨਤੀ ਕੀਤੀ ਗਈ ਹੈ। ਮੀਟਿੰਗ ਵਿੱਚ ਕਸਬੇ ਦੀਆਂ ਔਰਤਾਂ ਨੇ ਸ਼ਮੂਲੀਅਤ ਕੀਤੀ ਤੇ ਵਿਕ ਰਹੇ ਨਸ਼ੇ ਖਿਲਾਫ ਔਰਤਾਂ ਵੱਲੋਂ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ ਗਿਆ।

### ਨਜਾਇਜ ਸ਼ਰਾਬ ਸਣੇ ਕਾਬੂ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਅਮੀਰ ਖਾਸ ਦੀ ਪੁਲਸ ਵੱਲੋਂ 10 ਬੋਤਲਾਂ ਨਜਾਇਜ ਸ਼ਰਾਬ ਸਮੇਤ ਇੱਕ ਵਿਅਕਤੀ ਨੂੰ ਕਾਬੂ ਕੀਤਾ ਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਐਚ. ਸੀ. ਸਤਪਾਲ ਸਿੰਘ ਸਾਥੀ ਕਰਮਚਾਰੀਆਂ ਨਾਲ ਗਸ਼ਤ ਦੌਰਾਨ ਪੀਰ ਮੁਹੰਮਦ ਵਿਖੇ ਬੱਸ ਅੱਡੇ ਕੋਲ ਪੁੱਜੇ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਸਾਜਨ ਕੁਮਾਰ ਪੁੱਤਰ ਸ਼ੇਰ ਰਾਮ ਵਾਸੀ ਪਿੰਡ ਹਿਸਾਨਵਾਲਾ (ਰਾਮ ਕਲੋਨੀ) ਹਾਲ ਅਬਾਦ ਮਾਹਮੂ ਜੋਈਆ ਨਜਾਇਜ਼ ਸ਼ਰਾਬ ਕੱਢਣ ਤੇ ਵੇਚਣ ਦਾ ਆਦੀ ਹੈ, ਜੋ ਅੱਜ ਵੀ ਪਲਸਾਟਿਕ ਦੀ ਕੈਨੀ ਵਿੱਚ ਲੈ ਕੇ ਸ਼ਰਾਬ ਵੇਚਣ ਲਈ ਪਿੰਡ ਮੋਰਾਂਵਾਲਾ ਨੂੰ ਜਾ ਰਿਹਾ ਹੈ, ਜਿਸ 'ਤੇ ਪੁਲਸ ਪਾਰਟੀ ਨੇ ਕਾਰਵਾਈ ਕਰਦੇ ਹੋਏ ਸਾਜਨ ਕੁਮਾਰ ਨੂੰ 10 ਬੋਤਲਾਂ ਨਜਾਇਜ਼ ਸ਼ਰਾਬ ਸਣੇ ਕਾਬੂ ਕੀਤਾ। ਪੁਲਸ ਨੇ ਆਬਕਾਰੀ ਐਕਟ ਤਹਿਤ ਮੁਕੱਦਮਾ ਦਰਜ ਕਰ ਲਿਆ ਹੈ।

### ਭਾਰਤ ਵਿਕਾਸ ਪ੍ਰੀਸ਼ਦ ਨੇ ਪੌਦੇ ਲਗਾਏ

**ਜਲਾਲਾਬਾਦ (ਜੀਤ ਕੁਮਾਰ)**-ਭਾਰਤ ਵਿਕਾਸ ਪ੍ਰੀਸ਼ਦ ਜਲਾਲਾਬਾਦ ਵੱਲੋਂ ਵਾਤਾਵਰਣ ਨੂੰ ਹਰਿਆ-ਭਰਿਆ ਬਣਾਉਣ ਲਈ ਬ੍ਰਾਂਚ ਪ੍ਰਧਾਨ ਪ੍ਰਵੇਸ਼ ਖੰਨਾ ਦੀ ਅਗਵਾਈ ਵਿੱਚ ਵਿਜੇ ਨਗਰ ਕਲੋਨੀ ਵਿੱਚ ਤਕਰੀਬਨ 150 ਪੌਦੇ ਲਗਾਏ ਗਏ। ਇਸ ਮੌਕੇ ਭਾਰਤ ਵਿਕਾਸ ਪ੍ਰੀਸ਼ਦ ਮੈਂਬਰ ਤੇ ਵਿਜੇ ਨਗਰ ਦੇ ਪ੍ਰਧਾਨ ਨਰੇਸ਼ ਕੁੱਕੜ ਤੇ ਨਗਰ ਨਿਵਾਸੀਆ ਨੇ ਵਿਸ਼ਵਾਸ ਦੁਆਇਆ ਕਿ ਇਨ੍ਹਾਂ ਪੌਦਿਆਂ ਦੀ ਪੂਰੀ ਤੁਰ੍ਹਾਂ ਸੰਭਾਲ ਕੀਤੀ ਜਾਵੇਗੀ। ਇਸ ਸਮੇਂ ਪ੍ਰਧਾਨ ਪ੍ਰਵੇਸ਼ ਖੰਨਾ ਤੇ ਸਕੱਤਰ ਰੋਸ਼ਨ ਲਾਲ ਅਸੀਜਾ ਨੇ ਕਿਹਾ ਕਿ ਭਵਿੱਖ 'ਚ ਵਾਤਾਵਰਣ ਨੂੰ ਹਰਿਆ-ਭਰਿਆ ਬਣਾਉਣ ਲਈ ਹੋਰ ਵੀ ਪੌਦੇ ਲਗਾਏ ਜਾਣਗੇ। ਇਸ ਮੌਕੇ ਭਾਰਤ ਵਿਕਾਸ ਪ੍ਰੀਸ਼ਦ ਦੇ ਜ਼ਿਲ੍ਹਾ ਪ੍ਰਧਾਨ ਦਵਿੰਦਰ ਕੁੱਕੜ, ਬਰਾਂਚ ਪ੍ਰਧਾਨ ਪ੍ਰਵੇਸ਼ ਖੰਨਾ, ਸਕੱਤਰ ਰੋਸ਼ਨ ਲਾਲ ਅਸੀਜਾ, ਖਜ਼ਾਨਚੀ ਰਮੇਸ਼ ਸਿਡਾਨਾ, ਸਾਬਕਾ ਪ੍ਰਧਾਨ ਮਦਨ ਲਾਲ ਦੂਮੜਾ ਤੇ ਤਰਸੇਮ ਵਿਖੌਨਾ, ਵਿਜੇ ਨਗਰ ਦੇ ਪ੍ਰਧਾਨ ਨਰੇਸ਼ ਕੁੱਕੜ, ਵਿਕਾਸ ਸਹਿਗਲ ਪੀ.ਆਰ.ਓ. ਆਦਿ ਹਾਜ਼ਰ ਸਨ।

# ਹੜ੍ਹ ਪੀੜਤਾਂ ਨੂੰ ਮੁਆਵਜ਼ੇ ਲਈ ਕਾਂਗਰਸ ਨੇ ਐੱਸ ਡੀ ਐੱਮ ਨੂੰ ਸੌਂਪਿਆ ਮੰਗ ਪੱਤਰ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਪੰਜਾਬ ਦੇ ਕਈ ਜ਼ਿਲ੍ਹਿਆਂ 'ਚ ਆਏ ਹੜ੍ਹਾਂ ਕਾਰਨ ਘਰਾਂ ਦੇ ਘਰ ਢਹਿ-ਢੇਰੀ ਹੋਣ ਦੇ ਨਾਲ-ਨਾਲ ਵੱਡੀ ਗਿਣਤੀ ਵਿੱਚ ਲੋਕਾਂ ਦਾ ਭਾਰੀ ਨੁਕਸਾਨ ਹੋਇਆ ਹੈ। ਹੜ੍ਹਾਂ ਕਾਰਨ ਲੋਕਾਂ ਦਾ ਜਾਨੀ ਤੇ ਮਾਲੀ ਨੁਕਸਾਨ ਹੋਣ ਦੇ ਇਲਾਵਾ ਬੇਜ਼ੁਬਾਨ ਪਸ਼ੂ ਵੀ ਇਸ ਮਾਰ ਹੇਠ ਆ ਕੇ ਆਪਣੀ ਜਾਨ ਵੀ ਗੁਆ ਚੁੱਕੇ ਹਨ, ਹਜ਼ਾਰਾਂ ਏਕੜ ਫਸਲ ਤਬਾਹ ਹੋ ਗਈ, ਸੜਕਾਂ ਟੁੱਟ ਗਈਆਂ, ਹਸਪਤਾਲਾਂ, ਸਕੂਲਾਂ ਦਾ ਵੀ ਭਾਰੀ ਨੁਕਸਾਨ ਹੋਇਆ ਤੇ ਲੋਕਾਂ ਕੋਲ ਆਪਣੇ ਖਾਣ ਲਈ ਵੀ ਕੁਝ ਨਹੀਂ ਬਚਿਆ। ਇਹ ਸਭ ਪੰਜਾਬ ਦੀ ਸੂਬਾ ਸਰਕਾਰ ਦੀ ਅਣਗਹਿਲੀ ਦਾ ਹੀ ਨਤੀਜਾ ਹੈ ਕਿ ਹੜ੍ਹ ਪੀੜਤ ਲੋਕਾਂ ਆਪਣੇ ਘਰਾਂ ਤੋਂ ਬੇਘਰ ਹੋ ਕੇ ਬੈਠੇ ਹਨ। ਜੇਕਰ ਪੰਜਾਬ ਸਰਕਾਰ ਨੇ ਪਹਿਲਾਂ ਸੁਚਾਰੂ ਪ੍ਰਬੰਧ ਕੀਤੇ ਹੁੰਦੇ ਤਾਂ ਏਨਾ ਵੱਡਾ ਪੰਜਾਬ ਦੇ ਲੋਕਾਂ ਦਾ ਨੁਕਸਾਨ ਨਹੀਂ ਹੋਣਾ ਸੀ, ਜਿਸ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਿੱਧੇ ਤੌਰ 'ਤੇ ਇਸ ਦੀ ਜ਼ਿੰਮੇਵਾਰ ਹੈ। ਅਸੀਂ ਇਹ ਨਹੀਂ ਕਹਿੰਦੇ ਹੈ ਕਿ ਬਾਰਿਸ਼ਾਂ ਭਗਵੰਤ ਮਾਨ ਪਵਾ ਰਿਹਾ ਹੈ, ਪਰ ਪੰਜਾਬ ਵਿੱਚ ਆਏ ਹੜ੍ਹਾਂ ਨੂੰ ਰੋਕਣ ਲਈ ਭਗਵੰਤ ਮਾਨ ਸਰਕਾਰ ਨੇ ਕੋਈ ਠੋਸ ਕਦਮ ਨਹੀਂ ਚੁੱਕੇ, ਜੋ ਮੀਟਿੰਗਾਂ ਭਗਵੰਤ ਮਾਨ ਸਰਕਾਰ ਨੂੰ ਪਹਿਲਾਂ ਕਰਨੀਆਂ ਚਾਹੀਦੀਆਂ ਸਨ, ਉਹ ਉਨ੍ਹਾਂ ਜਦੋਂ ਜੁਲਾਈ ਮਹੀਨੇ ਬਾਰਿਸ਼ਾਂ ਸ਼ੁਰੂ ਹੋ ਗਈਆਂ, ਉਸ ਸਮੇਂ ਕੀਤੀਆਂ, ਜਿਸ ਦਾ ਖਮਿਆਜ਼ਾ ਹੁਣ ਪੰਜਾਬ ਦੇ ਲੋਕ ਭੁਗਤ ਰਹੇ ਹਨ। ਉਕਤ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਬਾਘਾ ਪੁਰਾਣਾ ਦੇ ਕਾਂਗਰਸ ਪਾਰਟੀ ਦੇ ਮੁੱਖ ਸੇਵਾਦਾਰ ਜਗਸੀਰ ਸਿੰਘ ਕਾਲੇਕੇ ਨੇ ਐੱਸ.ਡੀ.ਐੱਮ. ਬਾਘਾ ਪੁਰਾਣਾ ਨੂੰ ਮੰਗ ਪੱਤਰ ਸੌਂਪਣ ਸਮੇਂ ਕੀਤਾ। ਇਸ ਮੌਕੇ ਜਗਸੀਰ ਸਿੰਘ ਕਾਲੇਕੇ ਨਾਲ ਬਲਾਕ ਪ੍ਰਧਾਨ ਹਰਦੀਸ਼ ਸੇਖਾ, ਸਰਪੰਚ ਗਗਨ ਨਿਗਾਹਾਂ, ਸਰਪੰਚ ਹੈਪੀ ਰੋਡੇ, ਸਰਪੰਚ ਬੱਬੂ ਰੋਡੇ, ਸਾਬਕਾ ਚੇਅਰਮੈਨ ਸੰਦੀਪ ਸਿੰਘ ਸੀਪਾ ਰਾਜੇਆਣਾ, ਜਗਸੀਰ ਸਿੰਘ ਸਰਪੰਚ, ਸੁੱਖਾ ਲੰਗੇਆਣਾ, ਸਰਪੰਚ ਜੱਜ ਸਿੰਘ, ਡਾਇਰੈਕਟਰ ਇਕਬਾਲ ਨੱਥੂਵਾਲਾ, ਜਗਸੀਰ ਸਿੰਘ ਜੱਗਾ ਐੱਮ ਸੀ, ਨਵਜੋਤ ਚੰਦ ਨਵਾਂ ਪੀ.ਏ, ਸਰਪੰਚ ਬਲਜੀਤ ਨੱਥੋਕੇ, ਸਰਪੰਚ ਅਮਨਾ ਸਮਾਲਸਰ, ਰੂਪ ਸਰਪੰਚ ਵੀ ਸ਼ਾਮਲ ਸਨ। ਜਗਸੀਰ ਸਿੰਘ ਕਾਲੇਕੇ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹੜ੍ਹ ਪੀੜਤ ਲੋਕਾਂ ਨੂੰ ਮੁਆਵਜ਼ਾ ਦੇਣ ਵਿੱਚ ਕੀਤੀ ਜਾ ਰਹੀ ਦੇਰੀ ਨੂੰ ਲੈ ਕੇ ਅੱਜ ਉਨ੍ਹਾਂ ਦੀ ਜ਼ਿਲ੍ਹੇ ਦੀ ਟੀਮ ਵੱਲੋਂ ਐੱਸ.ਡੀ.ਐੱਮ ਨੂੰ ਮੰਗ ਪੱਤਰ ਸੌਂਪਿਆ ਹੈ। ਉਨ੍ਹਾ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਸਮਾਂ ਰਹਿੰਦੇ ਜਲਦ ਤੋਂ ਜਲਦ ਹੜ੍ਹ ਪੀੜਤ ਲੋਕਾਂ ਦੀ ਬਾਂਹ ਨਾ ਫੜੀ ਤਾਂ ਉਹ ਸੰਘਰਸ਼ ਕਰਨ ਵਿੱਚ ਦੇਰੀ ਨਹੀਂ ਕਰਨਗੇ। ਇਸ ਮੌਕੇ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਤੇ ਵਰਕਰ ਹਾਜ਼ਰ ਸਨ।

# ਸਿਰਫ ਮਸ਼ਹੂਰੀਆਂ ਰਾਹੀਂ ਸਰਕਾਰ ਚਲਾਉਣ ਦੀ ਕੋਸ਼ਿਸ਼ ਕਰ ਰਹੇ ਹਨ ਮੁੱਖ ਮੰਤਰੀ : ਫੱਤਣਵਾਲਾ

***ਮੁਲਾਜ਼ਮ, ਕਿਸਾਨ ਤੇ ਹੜ੍ਹ ਪੀੜਤਾਂ ਤੱਕ ਦੀ ਨਹੀਂ ਹੋਈ ਕੋਈ ਸੁਣਵਾਈ***



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਵਿੱਚ ਇਸ ਸਮੇਂ ਸਿਰਫ ਤੇ ਸਿਰਫ ਮਸ਼ਹੂਰੀਆਂ ਨਾਲ ਸਰਕਾਰ ਚਲਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਸੜਕਾਂ 'ਤੇ ਵੱਡੇ ਵੱਡੇ ਇਕੱਲੇ ਬੋਰਡ ਲਾਏ ਜਾ ਰਹੇ ਹਨ, ਜਦਕਿ ਜ਼ਮੀਨੀ ਪੱਧਰ 'ਤੇ ਕੋਈ ਵੀ ਕੰਮ ਨਹੀਂ ਹੋ ਰਿਹਾ। ਇਹ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਕੌਮੀ ਜਨਰਲ ਸਕੱਤਰ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਸਾਬਕਾ ਚੇਅਰਮੈਨ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਇੱਕ ਪਾਸੇ ਜਿੱਥੇ ਮੁਲਾਜ਼ਮਾਂ ਨੇ ਸਰਕਾਰ ਵਿਰੁੱਧ ਸੰਘਰਸ਼ ਵਿੱਢਿਆ ਹੋਇਆ ਹੈ, ਉੱਥੇ ਹੀ ਦੂਜੇ ਪਾਸੇ ਕੱਚੇ ਅਧਿਆਪਕ ਪੱਕੇ ਕਰਨ ਦਾ ਸਿਰਫ ਤੇ ਸਿਰਫ ਸ਼ੋਸ਼ਾ ਸਰਕਾਰ ਵੱਲੋਂ ਛੱਡਿਆ ਜਾ ਰਿਹਾ ਹੈ, ਜਦਕਿ ਅਸਲੀਅਤ ਇਸ ਤੋਂ ਕੋਹਾਂ ਦੂਰ ਹੈ। ਪੂਰੇ ਪੰਜਾਬ ਵਿੱਚ ਵੱਡੇ ਵੱਡੇ ਹੋਰਡਿੰਗ ਲਾ ਕੇ ਸਿਰਫ ਝੂਠ ਦਾ ਪ੍ਰਚਾਰ ਕੀਤਾ ਜਾ ਰਿਹਾ ਹੈ। ਸੱਚਾਈ ਇਸ ਤੋਂ ਕੋਹਾਂ ਦੂਰ ਹੈ, ਸੱਚਾਈ ਇਹ ਹੈ ਕਿ ਪੰਜਾਬ ਵਿੱਚ ਹੜ੍ਹਾਂ ਦਾ ਪ੍ਰਕੋਪ ਝੱਲ ਰਹੇ ਲੋਕਾਂ ਲਈ ਕੁਝ ਨਹੀਂ ਕੀਤਾ ਗਿਆ, ਕੋਈ ਮੁਆਵਜ਼ਾ ਨਹੀਂ ਦਿੱਤਾ ਗਿਆ। ਸਰਕਾਰ ਵੱਲੋਂ ਲੋਕ ਹਿੱਤਾਂ 'ਚ ਕੀਤੇ ਜਾਣ ਵਾਲੇ ਕਾਰਜਾਂ 'ਤੇ ਪੂਰੀ ਤਰ੍ਹਾਂ ਖੜੋਤ ਆਈ ਹੋਈ ਹੈ। ਹੁਣ ਤੱਕ ਭਗਵੰਤ ਮਾਨ, ਜਿਸ ਫੋਟੋ ਕਲਚਰ ਨੂੰ ਲੈ ਕੇ ਆਪਣੀਆਂ ਵਿਰੋਧੀ ਰਾਜਸੀ ਪਾਰਟੀਆਂ 'ਤੇ ਤੰਜ ਕੱਸਦੇ ਰਹੇ ਹਨ, ਹੁਣ ਆਪ ਹੀ ਉਹ ਫੋਟੋ ਕਲਚਰ ਅਪਨਾ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਇਹ ਸ਼ੋਸ਼ੇਬਾਜ਼ੀ ਛੱਡ ਕੇ ਆਮ ਲੋਕਾਂ ਦੇ ਹਿੱਤਾਂ ਦੇ ਕਾਰਜਾਂ ਵੱਲ ਧਿਆਨ ਦੇਣਾ ਚਾਹੀਦਾ ਹੈ, ਮਸ਼ਹੂਰੀਆਂ ਦੇ ਲੱਗੇ ਇਹ ਬੋਰਡ ਸਿਰਫ ਲੋਕਾਂ ਦਾ ਧਿਆਨ ਭਟਕਾ ਸਕਦੇ ਹਨ ਤੇ ਹਾਦਸਿਆਂ ਦਾ ਕਾਰਨ ਬਣ ਸਕਦੇ ਹਨ, ਜਦਕਿ ਇਸ ਨਾਲ ਆਮ ਲੋਕਾਂ ਨੂੰ ਕੋਈ ਲਾਭ ਨਹੀਂ।

# ਉਚੇਰੀ ਤੇ ਟੈਕਨੀਕਲ ਸਿੱਖਿਆ ਤਹਿਤ ਜੀ ਹੋਲੀ ਹਾਰਟ ਪਬਲਿਕ ਸਕੂਲ ਦਾ ਸੀ ਟੀ 'ਵਰਸਿਟੀ ਲੁਧਿਆਣਾ ਨਾਲ ਸਮਝੌਤਾ



**ਮਹਿਲ ਕਲਾਂ (ਬਲਵਿੰਦਰ ਵਜੀਦਕੇ)**-ਸੀ ਟੀ ਯੂਨੀਵਰਸਿਟੀ ਵੱਲੋਂ ਪੰਜਾਬ ਦੇ ਸਕੂਲ ਤੇ ਕਾਲਜਾਂ ਨਾਲ ਮਿਲ ਕੇ ਵਿੱਦਿਅਕ ਢਾਂਚੇ ਦੀ ਮਜਬੂਤੀ ਸੰਬੰਧੀ ਇੱਕ ਮੀਟਿੰਗ ਕਾਰਵਾਈ ਜਾ ਰਹੀ ਹੈ, ਜਿਸ ਸੰਬੰਧੀ ਉਚੇਚੇ ਤੌਰ 'ਤੇ ਉਚੇਰੀ ਤੇ ਟੈਕਨੀਕਲ ਸਿੱਖਿਆ ਤਹਿਤ ਜੀ.ਹੋਲੀ ਹਾਰਟ ਪਬਲਿਕ ਦਾ ਸੀ.ਟੀ ਯੂਨੀਵਰਸਿਟੀ ਲੁਧਿਆਣਾ ਨਾਲ ਸਮਝੌਤਾ ਹੋਇਆ। ਕੈਂਪ ਦਾ ਦੌਰਾ ਕਰਨ ਉਪਰੰਤ ਯੂਨੀਵਰਸਿਟੀ ਦੇ ਚਾਂਸਲਰ ਚਰਨਜੀਤ ਸਿੰਘ ਚੰਨੀ ਤੇ ਜੀ.ਹੋਲੀ ਹਾਰਟ ਪਬਲਿਕ ਸਕੂਲ ਮਹਿਲ ਕਲਾਂ ਦੇ ਐੱਮ.ਡੀ ਸੁਸ਼ੀਲ ਗੋਇਲ ਦੀ ਆਸਥਾ ਇਨਕਲੇਵ ਗ੍ਰਹਿ ਵਿਖੇ ਸਾਂਝੀ ਮਿਲਣੀ ਕਰਦਿਆਂ ਇਹ ਖੁਲਾਸਾ ਕੀਤਾ। ਇਸ ਮੌਕੇ ਸਟਾਫ ਵੱਲੋਂ ਸੀ.ਟੀ ਯੂਨੀਵਰਸਿਟੀ ਦੇ ਡਾਇਰੈਕਟਰ ਅਮਨਦੀਪ ਤਾਂਗੜੀ, ਸ਼ਿਫਾਲੀ ਵਰਮਾ ਡੀਨ ਪਲਾਨਿੰਗ ਗਵਰਨਸ ਮੋਂਟੇਨਰਿੰਗ, ਸੁਰਭੀ ਟਹਿਲ ਆਸਿਸਟੇਂਟ ਪ੍ਰੋਫੈਸਰ, ਚੇਅਰਮੈਨ ਸੁਰਿੰਦਰ ਬਾਵਾ ਪੈਰਾਡਾਇਜ਼ ਅਕੈਡਮੀ, ਸੌਰਭ, ਕੁਨਾਲ ਵੀ ਹਾਜ਼ਰ ਸਨ। ਚਾਂਸਲਰ ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਸੀ.ਟੀ ਯੂਨੀਵਰਸਿਟੀ ਲੁਧਿਆਣਾ ਦਾ ਉੱਡਣ ਦਸਤਾ ਕਾਫੀ ਸਮੇਂ ਤੋਂ ਜ਼ੀ.ਹੋਲੀ ਹਾਰਟ ਪਬਲਿਕ ਸਕੂਲ ਦੀਆਂ ਗਤਿਵਿਧੀਆਂ 'ਤੇ ਉਪਲਬਧੀਆਂ 'ਤੇ ਨਜ਼ਰ ਰੱਖ ਰਿਹਾ ਸੀ। ਸਕੂਲ ਦੀ ਮੈਨੇਜਮੈਂਟ ਵੱਲੋਂ ਸਕੂਲ ਨੂੰ ਬੁਲੰਦੀਆਂ 'ਤੇ ਲੈ ਕੇ ਜਾਣਾ ਤੇ ਸਮੁਚੇ ਮਾਲਵੇ 'ਚ ਇੱਕ ਬਰੈਂਡ ਬਣਾਉਣ ਸਦਕਾ ਗੁਰਪ੍ਰੀਤ ਹੋਲੀ ਹਾਰਟ ਪਬਲਿਕ ਨਾਲ ਸੀ ਟੀ ਯੂਨੀਵਰਸਿਟੀ ਦਾ ਜੁੜਨਾ ਸੋਨੇ 'ਤੇ ਸੁਹਾਗਾ ਸਿੱਧ ਹੋਵੇਗਾ ਹੁਣ ਜੀ.ਹੋਲੀ ਹਾਰਟ ਪਬਲਿਕ ਸਕੂਲ ਪਬਲਿਕ ਦੇ ਵਿਦਿਆਰਥੀ ਦੇਸ਼ ਦੀਆਂ 30 ਟਾਪ ਦੀਆਂ ਯੂਨੀਵਰਸਿਟੀਆਂ 'ਚ ਨਾਂਅ ਦਰਜ ਕਰਾ ਚੁੱਕੀ ਸੀ.ਟੀ ਨਾਲ ਜੁੜ ਕੇ ਪੜ੍ਹਾਈ ਕਰਨਗੇ, ਜਿੱਥੇ 22 ਸਟੇਟਾਂ ਤੋਂ ਬੱਚੇ ਸਿੱਖਿਆ ਲੈ ਰਹੇ ਹਨ। ਜੀ. ਹੋਲੀ ਹਾਰਟ ਪਬਲਿਕ ਸਕੂਲ ਦੇ ਐੱਮ.ਡੀ ਸੁਸ਼ੀਲ ਗੋਇਲ ਨੇ ਚਾਂਸਲਰ ਦਾ ਧੰਨਵਾਦ ਕਰਦਿਆਂ ਕਿਹਾ ਕਿ 26 ਅਗਸਤ ਦੇ ਸਮਾਗਮ ਦਾ ਮੇਰੇ ਘਰ ਆ ਕੇ ਸੱਦਾ ਦੇਣ ਲਈ ਯੂਨੀਵਰਸਿਟੀ ਦੇ ਚਾਂਸਲਰ ਚਰਨਜੀਤ ਸਿੰਘ ਚੰਨੀ ਦਾ ਸਮੁਚੇ ਸਟਾਫ ਸਮੇਤ ਦਾ ਆਉਣਾ ਮੇਰੇ ਲਈ ਮਾਣ ਵਾਲੀ ਗੱਲ ਹੈ।

# ਵਾਤਾਵਰਣ ਦੀ ਸੰਭਾਲ ਜ਼ਰੂਰੀ ਤੇ ਕੁਦਰਤ ਨਾਲ ਖਿਲਵਾੜ ਭਵਿੱਖ ਲਈ ਖਤਰਨਾਕ : ਸੰਧਵਾਂ

**ਲਾਇਨ ਕਲੱਬ ਦੇ ਵਣ ਮਹਾਂਉਤਸਵ ਸਮਾਗਮ ਮੌਕੇ ਬੂਟੇ ਲਾਉਣ ਦੀ ਸ਼ੁਰੂਆਤ**




**ਕੋਟਕਪੂਰਾ (ਰਛਪਾਲ ਭੁੱਲਰ)**

ਰੁੱਖਾਂ ਦਾ ਸਤਿਕਾਰ ਕਰਨਾ ਅਤੇ ਕੁਦਰਤ ਨਾਲ ਪ੍ਰੇਮ ਦੋਨੋਂ ਇਕ ਸਮਾਨ ਹਨ, ਜੇਕਰ ਅਸੀਂ ਕੁਦਰਤ ਨਾਲ ਖਿਲਵਾੜ ਕਰਦੇ ਰਹੇ ਅਤੇ ਵਾਤਾਵਰਣ ਦੀ ਸੰਭਾਲ ਨਾ ਕੀਤੀ ਤਾਂ ਜਿੱਥੇ ਆਪਣੇ ਤੇ ਆਉਣ ਵਾਲੀ ਨਵੀਂ ਪੀੜ੍ਹੀ ਲਈ ਬਿਮਾਰੀਆਂ ਨੂੰ ਸੱਦਾ ਦੇਣ ਦਾ ਸਬੱਬ ਬਣਾਂਗੇ, ਉੱਥੇ ਗੁਰੂ ਸਾਹਿਬਾਨ ਦੇ ਸੰਦੇਸ਼ 'ਬਲਿਹਾਰੀ ਕੁਦਰਤ ਵਸਿਆ' ਦੀ ਉਲੰਘਣਾ ਕਰਨ ਦੇ ਭਾਗੀਦਾਰੀ ਵੀ ਹੋਵਾਂਗੇ। ਸਥਾਨਕ ਮਿਊਂਸਪਲ ਪਾਰਕ ਵਿਖੇ ਗੁੱਡ ਮੌਰਨਿੰਗ ਕਲੱਬ ਦੇ ਮੰਚ 'ਤੇ ਲਾਇਨਜ਼ ਕਲੱਬ ਕੋਟਕਪੂਰਾ ਵਿਸ਼ਵਾਸ ਵੱਲੋਂ ਵਣ ਮਹਾਂਉਤਸਵ ਮਨਾਉਣ ਮੌਕੇ ਬੂਟਾ ਲਾਉਣ ਦੀ ਸ਼ੁਰੂਆਤ ਕਰਦਿਆਂ ਉਕਤ ਸ਼ਬਦਾਂ ਦਾ ਪ੍ਰਗਟਾਵਾ ਕਰਨ ਮੌਕੇ ਬਤੌਰ ਮੁੱਖ ਮਹਿਮਾਨ ਪੁੱਜੇ ਕੁਲਤਾਰ ਸਿੰਘ ਸੰਧਵਾਂ ਸਪੀਕਰ ਪੰਜਾਬ ਵਿਧਾਨ ਸਭਾ ਨੇ ਆਖਿਆ ਕਿ ਸਰਕਾਰ ਵਲੋਂ ਹਰ ਤਰ੍ਹਾਂ ਦੇ ਫਲਦਾਰ, ਫੁੱਲਦਾਰ ਅਤੇ ਛਾਂਦਾਰ ਬੂਟੇ ਮੁਫਤ ਮੁਹੱਈਆ ਕਰਾਉਣ ਦੇ ਪ੍ਰਬੰਧ ਕੀਤੇ ਗਏ ਹਨ, ਪਰ ਬੂਟਿਆਂ ਦੀ ਦਰੱਖਤ ਬਣਨ ਤੱਕ ਸੰਭਾਲ ਕਰਨੀ ਵੀ ਬਹੁਤ ਜ਼ਰੂਰੀ ਹੈ। ਕਲੱਬ ਦੇ ਪ੍ਰਧਾਨ ਗੁਰਵੀਰਕਰਨ ਸਿੰਘ ਢਿੱਲੋਂ ਤੇ ਗੁਰਦੀਪ ਸਿੰਘ ਮੈਨੇਜਰ ਐੱਮ.ਜੇ.ਐੱਫ. ਨੇ ਸਪੀਕਰ ਸੰਧਵਾਂ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਸ਼ਹਿਰ ਦੀਆਂ ਵੱਖ-ਵੱਖ ਢੁੱਕਵੀਆਂ ਥਾਂਵਾਂ 'ਤੇ ਲਾਏ ਜਾਣ ਵਾਲੇ ਬੂਟਿਆਂ ਦੀ ਸੰਭਾਲ ਯਕੀਨੀ ਬਣਾਉਣਗੇ। ਕਲੱਬ ਦੇ ਸਕੱਤਰ ਵਿਕਰਾਂਤ ਧੀਂਗੜਾ ਅਤੇ ਖ਼ਜ਼ਾਨਚੀ ਸੁਖਵਿੰਦਰਪਾਲ ਸਿੰਘ ਹੈਲੀ ਸਦਿਉੜਾ ਨੇ ਸਪੀਕਰ ਸੰਧਵਾਂ ਸਮੇਤ ਸਾਰਿਆਂ ਦਾ ਧੰਨਵਾਦ ਕੀਤਾ। ਸਮਾਜ ਸੇਵੀ ਗੁਰਿੰਦਰ ਸਿੰਘ ਮਹਿੰਦੀਰੱਤਾ ਸਾਰਿਆਂ ਦੀ ਜਾਣ-ਪਛਾਣ ਕਰਾਈ। ਕਲੱਬ ਦੇ ਕੈਬਨਿਟ ਮੈਂਬਰਾਂ ਰਜਿੰਦਰ ਸਿੰਘ ਸਰਾਂ ਤੇ ਰਛਪਾਲ ਸਿੰਘ ਭੁੱਲਰ ਨੇ ਕ੍ਰਮਵਾਰ ਨਿਊਜ਼ੀਲੈਂਡ ਅਤੇ ਆਸਟ੍ਰੇਲੀਆ ਤੋਂ ਵਣ ਮਹਾਂਉਤਸਵ ਮਨਾਉਣ ਦੀ ਵਧਾਈ ਦਿੰਦਿਆਂ ਜਿੱਥੇ ਉਕਤ ਉਪਰਾਲੇ ਦੀ ਭਰਪੂਰ ਪ੍ਰਸੰਸਾ ਕੀਤੀ, ਉੱਥੇ ਸਪੀਕਰ ਸੰਧਵਾਂ ਦਾ ਵੀ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਉਪਰੋਕਤ ਤੋਂ ਇਲਾਵਾ ਸੁਨੀਲ ਕੁਮਾਰ ਬਿੱਟਾ ਗਰੋਵਰ, ਗੋਗੀ ਪੁਰਬਾ, ਜਗਸੀਰ ਸਿੰਘ ਆਦਿ ਸਮੇਤ ਹੋਰ ਵੀ ਅਨੇਕਾਂ ਉੱਘੀਆਂ ਸ਼ਖ਼ਸੀਅਤਾਂ ਹਾਜ਼ਰ ਸਨ।

# ਮਾਸੂਮ ਗੁਰਬਾਜ ਗਿੱਲ ਲਈ ਨਵੀਂ ਜ਼ਿੰਦਗੀ ਲਿਆਈ ਸਿਹਤ ਸਕੀਮ

***ਲੱਖਾਂ ਦੇ ਖਰਚ ਵਾਲਾ ਦਿਲ ਦਾ ਅਪ੍ਰੇਸ਼ਨ ਆਰ ਬੀ ਐਸ ਕੇ ਸਕੀਮ ਤਹਿਤ ਹੋਇਆ ਮੁਫ਼ਤ***



**ਅਜੀਤਵਾਲ (ਨਛੱਤਰ ਸੰਧੂ)**-ਸਿਵਲ ਸਰਜਨ ਮੋਗਾ ਡਾ. ਰਾਜੇਸ਼ ਅੱਤਰੀ ਦੇ ਦਿਸ਼ਾ ਨਿਰਦੇਸ਼, ਡਾ. ਅਸ਼ੋਕ ਸਿੰਗਲਾ ਡੀ ਆਈ ਓ ਦੀ ਰਹਿਨੁਮਾਈ ਤੇ ਐਸ.ਐਮ.ਓ ਢੁੱਡੀਕੇ ਡਾ. ਸੁਰਿੰਦਰ ਸਿੰਘ ਝੰਮਟ ਦੀ ਯੋਗ ਅਗਵਾਈ ਹੇਠ ਚੀਫ ਫਾਰਮੇਸੀ ਅਫ਼ਸਰ ਗੁਰਮੀਤ ਸਿੰਘ ਤੇ ਆਰਬੀਐਸਕੇ ਬਲਾਕ ਢੁੱਡੀਕੇ ਦੀ ਟੀਮ ਵੱਲੋਂ ਕਿਸਾਨ ਵੀਰ ਜਗਦੀਸ਼ ਸਿੰਘ ਵਾਸੀ ਝੰਡਾ ਪੱਤੀ ਪਿੰਡ ਢੁੱਡੀਕੇ ਦੇ ਪੁੱਤਰ ਗੁਰਬਾਜ ਸਿੰਘ ਗਿੱਲ ਉਮਰ ਕਰੀਬ ਇੱਕ ਸਾਲ ਦਾ ਦਿਲ ਦੇ ਰੋਗ ਦਾ ਸਫ਼ਲ ਅਪ੍ਰੇਸ਼ਨ ਕਰਾਇਆ ਗਿਆ। ਡਾ. ਸਿਮਰਪਾਲ ਸਿੰਘ ਨੇ ਦੱਸਿਆ ਕਿ ਬਲਾਕ ਢੁੱਡੀਕੇ ਦੀ ਟੀਮ ਵਲੋਂ ਪਿਛਲੇ ਸਮੇਂ ਢੁੱਡੀਕੇ ਵਿਖੇ ਜਾ ਕੇ ਨਿੱਕੇ ਬੱਚਿਆਂ ਦਾ ਚੈੱਕਅਪ ਕੀਤਾ ਗਿਆ ਸੀ, ਜਿਸ ਦੌਰਾਨ ਗੁਰਬਾਜ ਸਿੰਘ ਨੂੰ ਦਿਲ ਦਾ ਰੋਗ ਹੋਣ ਸਬੰਧੀ ਪਤਾ ਲੱਗਾ ਸੀ, ਦਾ ਰਾਸ਼ਟਰੀ ਬਾਲ ਸਵਾਸਥ ਪ੍ਰੋਗਰਾਮ ਸਕੀਮ ਤਹਿਤ ਰੈਫਰ ਕਾਰਡ ਬਣਾ ਕੇ ਅਪ੍ਰੈਲ ਮਹੀਨੇ ਫੌਰਟਿਸ ਹਸਪਤਾਲ ਮੁਹਾਲੀ ਤੋਂ ਲੱਖਾਂ ਰੁਪਏ ਦੇ ਖਰਚ ਵਾਲਾ ਅਪ੍ਰੇਸ਼ਨ ਬਿਲਕੁਲ ਮੁਫਤ ਕਰਾਇਆ ਗਿਆ ਸੀ ਤੇ ਬੱਚਾ ਹੁਣ ਠੀਕ ਹੈ। ਇਸ ਸਮੇ ਬੱਚੇ ਦੇ ਪਿਤਾ ਜਗਦੀਸ਼ ਸਿੰਘ ਤੇ ਮਾਤਾ ਚਰਨਜੀਤ ਕੌਰ ਨੇ ਬਲਾਕ ਢੁੱਡੀਕੇ ਦੀ ਸਾਰੀ ਟੀਮ ਦਾ ਧੰਨਵਾਦ ਕੀਤਾ। ਇਸ ਮੌਕੇ ਸਿਹਤ ਸੁਪਰਵਾਈਜਜਰ ਕੁਲਬੀਰ ਸਿੰਘ ਢਿੱਲੋਂ, ਡਾ. ਨੇਹਾ, ਜਸਵੀਰ ਕੌਰ ਸਟਾਫ਼ ਨਰਸ, ਮਨਜੋਤ ਕੌਰ ਸਟਾਫ਼ ਨਰਸ, ਸੁਖਬੀਰ ਸਿੰਘ ਜ਼ਿਲ੍ਹਾ ਸਕੂਲ ਹੈਲਥ ਕੋਆਰਡੀਨੇਟਰ, ਰਮਨ ਕੁਮਾਰ ਅਕਾਊਂਟੈਂਟ, ਹਰਪ੍ਰੀਤ ਸਿੰਘ, ਦਲਜੀਤ ਸਿੰਘ ਸਟੈਨੋ ਹਾਜ਼ਰ ਸਨ।

# ਨਰਾਇਣਗੜ੍ਹ 'ਚ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਸਨਮਾਨਤ



**ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)**

ਜਾਗਦਾ ਸਮਾਜ ਵੈੱਲਫੇਅਰ ਕਲੱਬ (ਰਜਿ:) ਵੱਲੋਂ ਕਲੱਬ ਦੇ ਪ੍ਰਧਾਨ ਰਾਜੇਸ਼ ਕੁਮਾਰ ਅਮਲੋਹ ਤੇ ਸਰਪ੍ਰਸਤ ਪ੍ਰੇਮ ਚੰਦ ਸਰਮਾ ਦੀ ਅਗਵਾਈ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨਰਾਇਣਗੜ੍ਹ ਦੇ ਅੱਠਵੀਂ, ਦਸਵੀਂ ਅਤੇ ਬਾਰ੍ਹਵੀਂ ਜਮਾਤ ਵਿੱਚੋਂ ਪਹਿਲੇ ਤਿੰਨ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ, ਸਟੇਟ ਪੱਧਰ ਦੇ ਵੱਡੀਆਂ ਮੱਲਾਂ ਮਾਰਨ ਵਾਲੇ ਖਿਡਾਰੀਆਂ ਤੇ ਐਨ. ਸੀ. ਸੀ. ਕੈਡਿਟਸ ਦਾ ਸਨਮਾਨਤ ਕੀਤਾ ਗਿਆ। ਸਮਾਗਮ ਵਿੱਚ ਮੁੱਖ ਮਹਿਮਾਨ ਗੁਰਿੰਦਰ ਸਿੰਘ ਗੈਰੀ ਬੜਿੰਗ ਐੱਮ.ਐੱਲ. ਐਲ ਹਲਕਾ ਅਮਲੋਹ ਤੇ ਵਿਸ਼ੇਸ਼ ਮਹਿਮਾਨ ਵਜੋਂ ਗੁਰਦੀਪ ਸਿੰਘ ਉਪ-ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਨੇ ਸ਼ਿਰਕਤ ਕੀਤੀ। ਕਲੱਬ ਦੇ ਸੀਨੀਅਰ ਮੀਤ ਪ੍ਰਧਾਨ ਸ੍ਰੀ ਜਗਤਾਰ ਸਿੰਘ ਫੈਜੁਲਾਪੁਰ ਵੱਲੋਂ ਕਲੱਬ ਦੀਆਂ ਪ੍ਰਾਪਤੀਆਂ ਤੇ ਗਤੀਵਿਧੀਆਂ ਸੰਬੰਧੀ ਜਾਣਕਾਰੀ ਦਿੱਤੀ ਗਈ। ਸਟੇਜ ਸਕੱਤਰ ਦੀ ਭੂਮਿਕਾ ਹਰਪਾਲ ਸਿੰਘ ਤੇ ਬਲਵੀਰ ਸਿੰਘ ਵੱਲੋਂ ਨਿਭਾਈ ਗਈ। ਸਕੂਲ ਵਿੱਚ ਸਵੇਰ ਦੀ ਸਭਾ ਨੂੰ ਪ੍ਰਭਾਵਸ਼ਾਲੀ ਬਣਾਉਣ ਲਈ ਵਿਦਿਆਰਥੀਆਂ ਦੇ ਬੈਠਣ ਲਈ ਕਲੱਬ ਵੱਲੋਂ 480 ਫੁੱਟ ਮੈਟ ਦਾਨ ਦਿੱਤਾ ਕੀਤਾ ਗਿਆ। ਇਸ ਮੌਕੇ ਸਕੂਲ ਪ੍ਰਿੰਸੀਪਲ ਰਾਜਿੰਦਰ ਕਾਂਤ ਵੱਲੋਂ ਆਏ ਪਤਵੰਤੇ ਸੱਜਣਾਂ ਨੂੰ ਜੀ ਆਇਆਂ ਨੂੰ ਕਿਹਾ ਗਿਆ। ਸ੍ਰੀ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਆਖਿਆ ਕਿ ਸਕੂਲ ਲਈ ਜਦੋਂ ਵੀ ਤੁਸੀਂ ਮੈਨੂੰ ਸੱਦਾ ਦੇਵੋਗੇ ਤਾਂ ਮੈਂ ਹਮੇਸ਼ਾ ਹਾਜ਼ਰ ਰਹਾਂਗਾ। ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਗੁਰਦੀਪ ਸਿੰਘ ਸ਼੍ਰੋਮਣੀ ਪੰਜਾਬੀ ਪੱਤਰਕਾਰ ਭੂਸਣ ਸੂਦ ਵੱਲੋਂ ਵਿਦਿਆਰਥੀਆਂ ਨੂੰ ਪੜ੍ਹਾਈ ਅਤੇ ਖੇਡਾਂ ਵਿੱਚ ਵੱਡੀਆਂ ਪ੍ਰਾਪਤੀਆਂ ਕਰਨ ਲਈ ਉਤਸ਼ਾਹਤ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਰਾਜਿੰਦਰ ਕਾਂਤ ਵੱਲੋਂ ਕਲੱਬ ਮੈਂਬਰਾਂ, ਹਲਕਾ ਵਿਧਾਇਕ, ਉਪ-ਜ਼ਿਲ੍ਹਾ ਸਿੱਖਿਆ ਅਫ਼ਸਰ ਅਤੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਕਲੱਬ ਦੇ ਮੁੱਖ ਸਲਾਹਕਾਰ ਦਰਸ਼ਨ ਸਿੰਘ ਸਲਾਣੀ, ਸੀਨੀਅਰ ਮੀਤ ਪ੍ਰਧਾਨ ਰਾਜੀਵ ਕੁਮਾਰ, ਜਰਨਲ ਸਕੱਤਰ ਗੁਰਵਿੰਦਰ ਸਿੰਘ, ਗਗਨਦੀਪ ਗੁਪਤਾ, ਸੁਖਵਿੰਦਰ ਸਿੰਘ, ਨਰਿੰਦਰ ਬਾਂਸਲ ਰਿੰਕਾ, ਪ੍ਰਗਟ ਸਿੰਘ ਅੰਨੀਆਂ, ਐਸ.ਐਮ.ਸੀ. ਚੇਅਰਮੈਨ ਸੇਰ ਸਿਘ, ਗੁਰਪ੍ਰੀਤ ਸਿੰਘ, ਜਸਵਿੰਦਰ ਸਿੰਘ, ਬਲਵਿੰਦਰ ਸਿੰਘ, ਰਮਨਦੀਪ, ਕਮਲਪ੍ਰੀਤ ਕੌਰ, ਅਵਤਾਰ ਸਿੰਘ, ਨਿਰਮਲ ਸਿੰਘ, ਅੰਜੂ, ਪੂਜਾ ਵਡੇਰਾ, ਜੋਤੀ ਸਰਮਾ, ਪਰਮਪ੍ਰੀਤ ਸਿੰਘ, ਡਿੰਪਲ ਦੀਪ, ਵਿਦਿਆਰਥੀਆਂ ਦੇ ਮਾਪੇ, ਇਲਾਕੇ ਦੀਆਂ ਸਤਿਕਾਰਯੋਗ ਸ਼ਖ਼ਸੀਅਤਾਂ, ਸਕੂਲ ਦਾ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ।

# ਮਨੀਪੁਰ ਘਟਨਾ ਦੇ ਦੋਸ਼ੀਆਂ ਨੂੰ ਦਿੱਤੀ ਜਾਵੇ ਫਾਂਸੀ ਦੀ ਸਜ਼ਾ : ਦੁੱਗਾਂ/ਕਲੇਰ

**ਲੌਂਗੋਵਾਲ (ਕੁਲਦੀਪ ਅੱਤਰੀ/ਪ੍ਰਦੀਪ ਸਿੰਘ ਸੱਪਲ)**



ਐੱਸ ਸੀ/ਬੀ ਸੀ ਅਧਿਆਪਕ ਯੂਨੀਅਨ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਕ੍ਰਿਸ਼ਨ ਸਿੰਘ ਦੁੱਗਾਂ, ਜ਼ਿਲ੍ਹਾ ਪ੍ਰਧਾਨ ਸੰਗਰੂਰ, ਗੁਰਸੇਵਕ ਸਿੰਘ ਕਲੇਰ ਤੇ ਬਲਜੀਤ ਸਿੰਘ ਸੰਗਰੂਰ ਨੇ ਸਾਂਝੇ ਪ੍ਰੈੱਸ ਬਿਆਨ ਰਾਹੀਂ ਮਨੀਪੁਰ ਰਾਜ 'ਚ ਆਦਿਵਾਸੀ ਔਰਤਾਂ ਨੂੰ ਨਿਰਵਸਤਰ ਕਰਕੇ ਘੁਮਾਉਣ ਤੇ ਗੈਂਗਰੇਪ ਦੀਆਂ ਘਟਨਾਵਾਂ ਦੀ ਸਖਤ ਸ਼ਬਦਾਂ 'ਚ ਨਿੰਦਾ ਕੀਤੀ ਹੈ। ਇਸ ਮੌਕੇ ਕ੍ਰਿਸ਼ਨ ਸਿੰਘ ਦੁੱਗਾਂ ਕਾਰਜਕਾਰੀ ਪ੍ਰਧਾਨ ਪੰਜਾਬ ਨੇ ਕਿਹਾ ਕਿ ਇੱਕ ਪਾਸੇ ਦੇਸ਼ ਦੇ ਪ੍ਰਧਾਨ ਮੰਤਰੀ ਬੇਟੀ ਬਚਾਓ ਬੇਟੀ ਪੜ੍ਹਾਓ ਦਾ ਨਾਅਰਾ ਲਗਾ ਰਹੇ ਹਨ, ਦੂਜੇ ਪਾਸੇ ਭਾਜਪਾ ਦੇ ਰਾਜ ਵਾਲੇ ਸੂਬੇ 'ਚ ਬੇਟੀਆਂ ਦੀ ਪੱਤ ਸ਼ਰੇਆਮ ਗਲੀਆਂ, ਸੜਕਾਂ 'ਤੇ ਲੁੱਟੀ ਜਾ ਰਹੀ ਹੈ। ਮਨੀਪੁਰ ਰਾਜ ਪਿਛਲੇ ਤਿੰਨ ਮਹੀਨਿਆਂ ਤੋਂ ਸੜ ਰਿਹਾ ਹੈ, ਪਰ ਮੁੱਖ ਮੰਤਰੀ ਹੱਥ 'ਤੇ ਹੱਥ ਰੱਖ ਕੇ ਭੇੜੀਆ ਕਿਸਮ ਦੇ ਲੋਕਾਂ ਵੱਲੋਂ ਔਰਤਾਂ ਦੇ ਸ਼ੋਸ਼ਣ ਨੂੰ ਦੇਖ ਰਿਹਾ ਹੈ ਤੇ ਆਦਿਵਾਸੀ ਲੋਕਾਂ 'ਤੇ ਅੰਨ੍ਹੇਵਾਹ ਜ਼ੁਲਮ ਢਾਹੇ ਜਾ ਰਹੇ ਹਨ। ਆਗੂਆਂ ਨੇ ਕਿਹਾ ਕਿ ਇਸ ਸਾਰੇ ਜ਼ੁਲਮ ਦੇ ਵਰਤਾਰੇ ਨੂੰ ਭਾਰਤੀ ਮੀਡੀਆ ਵੀ ਨਹੀਂ ਦਿਖਾ ਰਿਹਾ, ਸਿਰਫ਼ ਸੋਸ਼ਲ ਮੀਡੀਆ 'ਤੇ ਹੀ ਸੜ ਰਹੇ ਮਨੀਪੁਰ ਦੀਆਂ ਕੁਝ ਘਟਨਾਵਾਂ ਸਾਹਮਣੇ ਆਈਆਂ ਹਨ, ਜਿਸ ਤੋਂ ਲੱਗਦਾ ਹੈ ਕਿ ਬਹੁਤ ਸਾਰੀਆਂ ਹਿੰਸਕ ਵਾਰਦਾਤਾਂ ਵੀ ਪੁਲਸ ਕਾਰਵਾਈ ਨੇ ਹੀ ਲੁਕਾ ਦਿੱਤੀਆਂ ਹੋਣ। ਕੰਵਲਜੀਤ ਸਿੰਘ ਭਵਾਨੀਗੜ੍ਹ ਨੇ ਕਿਹਾ ਕਿ ਜੇ ਮੁੱਖ ਮੰਤਰੀ ਸਮੇਂ ਸਿਰ ਕਾਰਵਾਈ ਕਰਦੇ ਤਾਂ ਨਾ ਮਨੀਪੁਰ ਮਹੀਨਿਆਂ ਤੋਂ ਸੜਦਾ ਤੇ ਨਾ ਹੀ ਇਹ ਔਰਤਾਂ ਸਰੀਰਕ ਸ਼ੋਸ਼ਣ ਦਾ ਸ਼ਿਕਾਰ ਹੋ ਨਿਰਦਈ ਮੌਤ ਦਾ ਸ਼ਿਕਾਰ ਹੁੰਦੀਆਂ। ਜਥੇਬੰਦੀ ਦੇ ਆਗੂਆਂ ਨੇ ਜ਼ੋਰਦਾਰ ਆਵਾਜ਼ ਵਿੱਚ ਕਿਹਾ ਕਿ ਇਨ੍ਹਾਂ ਔਰਤਾਂ 'ਤੇ ਜ਼ੁਲਮ ਕਰਨ ਵਾਲੇ ਲੋਕ ਸੋਸ਼ਲ ਮੀਡੀਆ 'ਤੇ ਆਈਆਂ ਵੀਡੀਓ 'ਚ ਸਾਫ-ਸਾਫ ਦਿਖਾਈ ਦਿੰਦੇ ਹਨ, ਇਸ ਲਈ ਆਗੂਆਂ ਨੇ ਸੁਪਰੀਮ ਕੋਰਟ ਦੇ ਚੀਫ਼ ਜਸਟਿਸ ਨੂੰ ਇਨ੍ਹਾਂ ਘਟਨਾਵਾਂ ਦੀਆਂ ਸ਼ਿਕਾਰ ਔਰਤਾਂ ਤੇ ਲੋਕਾਂ ਨੂੰ ਫਾਸਟ ਟਰੈਕ ਅਦਾਲਤਾਂ ਵਿੱਚ ਕੇਸ ਦੀ ਸੁਣਵਾਈ ਕਰਕੇ ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਦਿਵਾਉਣ ਦੀ ਮੰਗ ਕੀਤੀ। ਐੱਸ ਸੀ/ਬੀ ਸੀ ਅਧਿਆਪਕ ਯੂਨੀਅਨ ਪੰਜਾਬ ਵੱਲੋਂ ਜਲਦੀ ਹੀ ਮੀਟਿੰਗ ਕਰਕੇ ਭਾਰਤ ਦੇ ਰਾਸ਼ਟਰਪਤੀ ਨੂੰ ਮੰਗ ਪੱਤਰ ਦੇਣ ਸੰਬਧੀ ਫ਼ੈਸਲਾ ਕੀਤਾ ਜਾਵੇਗਾ। ਇਸ ਸਮੇਂ ਪਰਮਜੀਤ ਸਿੰਘ ਸੰਗਰੂਰ, ਹਰਜਿੰਦਰ ਸਿੰਘ ਸਰਵਰਪੁਰ, ਜਗਜੀਤ ਸਿੰਘ ਲੱਡਾ, ਹਰਮਨ ਸਿੰਘ, ਹੈਪੀ ਪੁੰਨਾਵਾਲ, ਬਲਜੀਤ ਸਿੰਘ ਸੰਗਰੂਰ ਆਦਿ ਆਗੂ ਸ਼ਾਮਲ ਸਨ।

# ਫ਼ਿਰਕਾਪ੍ਰਸਤ ਤਾਕਤਾਂ ਵੱਲੋਂ ਸਰਕਾਰੀ ਸ਼ਹਿ 'ਤੇ ਔਰਤਾਂ ਖ਼ਿਲਾਫ਼ ਅਣਮਨੁੱਖੀ ਕਾਰਿਆਂ ਦੀ ਸਖਤ ਨਿਖੇਧੀ




**ਲੁਧਿਆਣਾ (ਐੱਮ ਐੱਸ ਭਾਟੀਆ, ਰੈਕਟਰ ਕਥੂਰੀਆ)**-ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਲੁਧਿਆਣਾ ਵਿਖੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਮੁੱਖ ਦਫ਼ਤਰ 1680/22-ਚੰਡੀਗੜ੍ਹ ਦੇ ਪ੍ਰਮੁੱਖ ਆਗੂਆਂ ਦੀ ਮੀਟਿੰਗ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੀ ਕਾਰਵਾਈ ਜਾਰੀ ਕਰਦਿਆਂ ਜਨਰਲ ਸਕੱਤਰ ਸੁਰਿੰਦਰ ਕੁਮਾਰ ਪੁਆਰੀ ਨੇ ਦੱਸਿਆ ਕਿ ਮੀਟਿੰਗ ਵਿੱਚ 3 ਤੇ 4 ਮਈ ਨੂੰ ਮਨੀਪੁਰ ਵਿੱਚ ਬੀ ਜੇ ਪੀ ਦੀ ਸ਼ਹਿ 'ਤੇ ਫ਼ਿਰਕਾਪ੍ਰਸਤ ਤਾਕਤਾਂ ਵੱਲੋਂ ਖੇਡੇ ਨੰਗੇ ਨਾਚ ਕਾਰਨ ਵਾਪਰੀਆਂ ਅਣਮਨੁੱਖੀ, ਅਤੀ ਨਿੰਦਣਯੋਗ ਘਟਨਾਵਾਂ 'ਤੇ ਗਹਿਰਾ ਦੁੱਖ ਪ੍ਰਗਟ ਕੀਤਾ ਗਿਆ। ਆਗੂਆਂ ਨੇ ਕਿਹਾ ਕਿ ਜਿਸ ਦੇਸ ਵਿੱਚ ਮਿੱਟੀ ਦੀ ਔਰਤ ਨੂੰ ਦੇਵੀ ਬਣਾ ਕੇ ਪੂਜਣ ਦਾ ਢੌਂਗ ਰਚਿਆ ਜਾਂਦਾ ਹੋਵੇ ਅਤੇ ਹਕੀਕੀ ਤੌਰ 'ਤੇ ਔਰਤਾਂ ਦੀ ਸ਼ਰੇਆਮ ਪੱਤ ਲੁੱਟੀ ਜਾਂਦੀ ਹੋਵੇ, ਉਸ ਦੇਸ ਦੇ ਰਾਜੇ ਨੂੰ ਚੂਲੀ ਭਰ ਪਾਣੀ ਵਿੱਚ ਨੱਕ ਡੁਬੋ ਕੇ ਮਰ ਜਾਣਾ ਚਾਹੀਦਾ ਹੈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਪ੍ਰਮੁੱਖ ਆਗੂਆਂ ਚਰਨ ਸਿੰਘ ਸਰਾਭਾ, ਰਣਜੀਤ ਸਿੰਘ ਰਾਣਵਾਂ, ਰਣਬੀਰ ਢਿੱਲੋਂ, ਦਰਸ਼ਨ ਸਿੰਘ ਲੁਬਾਣਾ, ਸੁਰਿੰਦਰ ਪੁਆਰੀ, ਗੁਰਮੇਲ ਮੈਲਡੇ, ਗੁਰਜੀਤ ਸਿੰਘ ਘੋੜੇਵਾਹ, ਗੁਰਪ੍ਰੀਤ ਸਿੰਘ ਮੰਗਵਾਲ, ਪ੍ਰੇਮ ਚਾਵਲਾ, ਕਰਤਾਰ ਸਿੰਘ ਪਾਲ, ਬਲਕਾਰ ਵਲਟੋਹਾ, ਸੁਖਦੇਵ ਸੁਰਤਾਪੁਰੀ, ਅਮਰਜੀਤ ਕੌਰ ਰਣ ਸਿੰਘ ਵਾਲਾ, ਮਨਜੀਤ ਸਿੰਘ ਗਿੱਲ, ਪ੍ਰਭਜੀਤ ਸਿੰਘ ਉੱਪਲ, ਰਣਦੀਪ ਸਿੰਘ ਫਤਿਹਗੜ੍ਹ ਸਾਹਿਬ, ਟਹਿਲ ਸਿੰਘ ਸਰਾਭਾ, ਜਸਕਰਨ ਸਿੰਘ ਗਹਿਰੀ ਬੁੱਟਰ, ਮੇਲਾ ਸਿੰਘ ਪੁੰਨਾਂਵਾਲ,ਜਸਵਿੰਦਰ ਪਾਲ ਉੱਘੀ, ਅਮ੍ਰਿਤਪਾਲ ਤਰਨਤਾਰਨ, ਜਸਵੰਤ ਰਾਏ ਅੰਮ੍ਰਿਤਸਰ, ਕ੍ਰਿਸ਼ਨ ਪ੍ਰਸਾਦ ਚੰਡੀਗੜ੍ਹ, ਜਗਦੀਸ਼ ਰਾਏ ਰਾਹੋਂ, ਸੰਦੀਪ ਸਿੰਘ ਪਟਿਆਲਾ, ਸੀਤਾ ਰਾਮ ਸ਼ਰਮਾ, ਰਾਜ ਕੁਮਾਰ ਰੰਗਾ, ਕੁਲਵੰਤ ਸਿੰਘ ਚਾਨੀ, ਸੁਰਿੰਦਰ ਬੈਂਸ, ਪਰਮਿੰਦਰ ਕਾਲੀਆ, ਹੰਸ ਰਾਜ ਦੀਦਾਰਗੜ੍ਹ ਨੇ ਕਿਹਾ ਕਿ ਪੰਜਾਬ ਦੀ ਹੁਕਮਰਾਨ ਭਗਵੰਤ ਮਾਨ ਸਰਕਾਰ ਵੀ ਪੁਰਾਣੀਆਂ ਸਰਕਾਰਾਂ ਦੀ ਤਰਜ਼ 'ਤੇ ਕਾਰਪੋਰੇਟ ਘਰਾਣਿਆਂ ਪੱਖੀ ਫੈਸਲੇ ਲੈ ਰਹੀ ਹੈ, ਜਿੱਥੋਂ ਤੱਕ 12719 ਟੀਚਰਾਂ ਨੂੰ ਪੱਕਾ ਕਰਨ ਦਾ ਸਵਾਲ ਹੈ ਇਹ ਪੱਕਾ ਸ਼ਬਦ ਦਾ ਘੋਰ ਅਪਮਾਨ ਹੈ। ਆਗੂਆਂ ਨੇ ਕਿਹਾ ਕਿ ਇਸ ਵਰਤਾਰੇ ਵਿੱਚ ਕਾਂਗਰਸ ਅਤੇ ਅਕਾਲੀ, ਭਾਜਪਾ ਸਰਕਾਰਾਂ ਨੂੰ ਵੀ ਬਰੀ ਨਹੀਂ ਕੀਤਾ ਜਾ ਸਕਦਾ। ਮੀਟਿੰਗ ਵਿੱਚ ਸਰਬਸੰਮਤੀ ਨਾਲ ਮਤਾ ਪਾਸ ਕਰਦਿਆਂ ਮੰਗ ਕੀਤੀ ਕਿ ਵੱਖ-ਵੱਖ ਵਿਭਾਗਾਂ ਵਿੱਚ ਖਾਲੀ ਪਈਆਂ ਅਸਾਮੀਆਂ ਵਿਰੁੱਧ ਦਰਜਾ-4 ਅਤੇ ਦਰਜਾ-3 ਸਮੇਤ ਹੋਰਾਂ ਦੀ ਰੈਗੂਲਰ ਭਰਤੀ ਤੁਰੰਤ ਸ਼ੁਰੂ ਕੀਤੀ ਜਾਵੇ, ਠੇਕਾ ਅਤੇ ਆਊਟ ਸੋਰਸਿੰਗ ਪ੍ਰਣਾਲੀ ਦਾ ਮੁਕੰਮਲ ਖਾਤਮਾ ਕਰਕੇ ਠੇਕਾ ਅਤੇ ਆਊਟ ਸੋਰਸ ਮੁਲਾਜ਼ਮਾਂ ਨੂੰ ਬਿਨਾਂ ਸ਼ਰਤ ਪੂਰੇ ਤਨਖਾਹ ਸਕੇਲਾਂ ਵਿੱਚ ਪੱਕਾ ਕੀਤਾ ਜਾਵੇ, ਸਕੀਮ ਵਰਕਰਾਂ, ਆਸ਼ਾ, ਆਂਗਣਵਾੜੀ ਅਤੇ ਮਿੱਡ-ਡੇ-ਮੀਲ ਵਰਕਰਾਂ ਨੂੰ ਕਿਰਤ ਕਾਨੂੰਨਾਂ ਦੇ ਦਾਇਰੇ ਵਿੱਚ ਲਿਆ ਕੇ ਰੈਗੂਲਰ ਕੀਤਾ ਜਾਵੇ ਅਤੇ 26000/ਰੁਪਏ ਮਹੀਨਾ ਤਨਖਾਹ ਦਿੱਤੀ ਜਾਵੇ, ਵਿਭਾਗਾਂ ਦਾ ਨਿੱਜੀਕਰਨ ਬੰਦ ਕੀਤਾ ਜਾਵੇ, ਸਿਹਤ, ਸਿੱਖਿਆ, ਬਿਜਲੀ ਅਤੇ ਟ੍ਰਾਂਸਪੋਰਟ ਦਾ ਸਰਕਾਰੀ ਕਰਨ ਕੀਤਾ ਜਾਵੇ, ਪੈਨਸ਼ਨਰਾਂ ਅਤੇ ਮੁਲਾਜ਼ਮਾਂ ਦੀਆਂ ਪੈਂਡਿੰਗ ਮੰਗਾਂ ਦਾ ਨਿਪਟਾਰਾ ਗੱਲਬਾਤ ਰਾਹੀਂ ਤੁਰੰਤ ਕੀਤਾ ਜਾਵੇ, ਵਿਕਾਸ ਟੈਕਸ ਦੇ ਨਾਂਅ 'ਤੇ 200 ਰੁਪਏ ਮਹੀਨਾ ਕੱਟਣਾ ਤੁਰੰਤ ਬੰਦ ਕੀਤਾ ਜਾਵੇ, ਪੁਰਾਣੀ ਪੈਨਸ਼ਨ ਸਕੀਮ ਅਸਲ ਰੂਪ ਵਿੱਚ ਲਾਗੂ ਕਰਕੇ ਜੀ ਪੀ ਐਫ ਕੱਟਣਾ ਸ਼ੁਰੂ ਕੀਤਾ ਜਾਵੇ, ਕੇਂਦਰੀ ਸਕੇਲਾਂ ਵਿੱਚ ਤਨਖਾਹ ਦੇਣ ਦਾ ਪੱਤਰ 17/7/20 ਤੁਰੰਤ ਵਾਪਸ ਲਿਆ ਜਾਵੇ। ਆਗੂਆਂ ਦੱਸਿਆ ਕਿ 21-22 ਅਕਤੂਬਰ ਨੂੰ ਮੋਗਾ ਵਿਖੇ ਹੋਣ ਵਾਲੀ ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ਼ ਕਨਫੈਡਰੇਸ਼ਨ ਦੀ ਕੌਮੀਂ ਕਾਨਫਰੰਸ ਪੂਰੀ ਸ਼ਾਨੋ ਸ਼ੌਕਤ ਨਾਲ ਕੀਤੀ ਜਾਵੇਗੀ।

ਕਾਨਫਰੰਸ ਨੂੰ ਸੂਬਾਈ ਆਗੂਆਂ ਤੋਂ ਇਲਾਵਾ ਮੁਲਾਜ਼ਮਾਂ-ਮਜ਼ਦੂਰਾਂ ਦੇ ਕੌਮੀ ਤੇ ਕੌਮਾਂਤਰੀ ਪੱਧਰ ਦੇ ਆਗੂ ਸੰਬੋਧਨ ਕਰਨਗੇ। ਕਾਨਫਰੰਸ ਦੀ ਤਿਆਰੀ ਲਈ ਰਾਜ ਭਰ ਵਿੱਚ ਜ਼ਿਲ੍ਹਾ ਪੱਧਰੀ ਮੀਟਿੰਗਾਂ ਤਹਿ ਕੀਤੀਆਂ ਗਈਆਂ। ਅਗਲੀ ਸੂਬਾਈ ਮੀਟਿੰਗ 13 ਅਗਸਤ ਨੂੰ ਮੋਗਾ ਵਿਖੇ ਕਰਨ ਦਾ ਫ਼ੈਸਲਾ ਕੀਤਾ ਗਿਆ।

# ਹੜ੍ਹਾਂ ਕਾਰਨ ਹੋਈ ਤਬਾਹੀ ਦਾ ਮੁਆਵਜ਼ਾ ਜਾਰੀ ਕਰਾਉਣ ਸੰਬੰਧੀ ਐੱਸ ਡੀ ਐੱਮ ਨੂੰ ਦਿੱਤਾ ਮੰਗ ਪੱਤਰ



**ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)**-ਪੰਜਾਬ ਵਿਚ ਆਏ ਹੜ੍ਹਾਂ ਕਾਰਨ ਪੂਰੇ ਸੂਬੇ ਵਿੱਚ ਜੋ ਤਬਾਹੀ ਹੋਈ ਹੈ, ਉਸਦੇ ਨੁਕਸਾਨ ਦੀ ਭਰਪਾਈ ਲਈ ਮੁਆਵਜ਼ਾ ਦੇਣ ਲਈ ਪੰਜਾਬ ਕਾਂਗਰਸ ਦੇ ਸੱਦੇ ਉਤੇ ਸਾਬਕਾ ਕੈਬਨਿਟ ਮੰਤਰੀ ਕਾਕਾ ਰਣਦੀਪ ਸਿੰਘ ਨਾਭਾ ਵੱਲੋਂ ਵੱਡੀ ਗਿਣਤੀ ਕਾਂਗਰਸੀਆਂ ਨੂੰ ਨਾਲ ਲੈ ਕੇ ਐਸ ਡੀ ਐਮ ਅਮਲੋਹ ਗੁਰਵਿੰਦਰ ਸਿੰਘ ਜੌਹਲ ਨੂੰ ਮੰਗ ਪੱਤਰ ਸੌਂਪਿਆ ਗਿਆ। ਕਾਕਾ ਰਣਦੀਪ ਸਿੰਘ ਨਾਭਾ ਨੇ ਕਿਹਾ ਕਿ ਲਗਭਗ 5 ਲੱਖ ਏਕੜ ਵਿੱਚ ਫ਼ਸਲਾਂ ਪੂਰੀ ਤਰ੍ਹਾਂ ਤਬਾਹ ਹੋ ਗਈਆਂ ਹਨ, ਜਿਸ ਨਾਲ ਕਿਸਾਨ ਭਾਈਚਾਰੇ ਦਾ ਭਾਰੀ ਨੁਕਸਾਨ ਹੋਇਆ ਹੈ। ਪ੍ਰਭਾਵਤ ਕਿਸਾਨਾਂ ਨੂੰ ਘੱਟੋ-ਘੱਟ 50000 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਦਿੱਤਾ ਜਾਵੇ, ਜਿਨ੍ਹਾਂ ਦੇ ਘਰ ਨੁਕਸਾਨੇ ਗਏ ਹਨ, ਉਨ੍ਹਾਂ ਨੂੰ 5 ਲੱਖ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਵੇ, ਉਥੇ ਹੀ ਜ਼ਖ਼ਮੀ ਹੋਏ ਲੋਕਾਂ ਨੂੰ 5 ਲੱਖ ਪ੍ਰਤੀ ਵਿਅਕਤੀ ਅਤੇ ਜਿਨ੍ਹਾਂ ਪਰਿਵਾਰਾਂ ਦੇ ਮੁਖੀ ਦੀ ਮੌਤ ਹੋਈ ਹੈ, ਉਹਨਾਂ ਨੂੰ 10 ਲੱਖ ਪ੍ਰਤੀ ਵਿਅਕਤੀ ਦਿੱਤੇ ਜਾਣ। ਉਨ੍ਹਾਂ ਅੱਗੇ ਕਿਹਾ ਕਿ ਜਿਨ੍ਹਾਂ ਦੁਕਾਨਦਾਰਾਂ ਦਾ ਭਾਰੀ ਨੁਕਸਾਨ ਹੋਇਆ ਹੈ, ਉਨ੍ਹਾਂ ਨੂੰ 2 ਲੱਖ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਵੇ। ਜਿਨ੍ਹਾਂ ਦੇ ਪਸ਼ੂ ਇਸ ਕੁਦਰਤੀ ਆਫ਼ਤ ਵਿੱਚ ਮਾਰੇ ਗਏ ਹਨ, ਉਸ ਮਾਲਕ ਨੂੰ ਵੀ 50,000 ਰੁਪਏ ਦਿੱਤੇ ਜਾਣ।

CMYK

# ਵਧੀਆ ਸੜਕੀ ਬੁਨਿਆਦੀ ਢਾਂਚੇ ਦੇ ਵਿਕਾਸ 'ਤੇ ਦਿੱਤਾ ਜਾਵੇਗਾ ਵਿਸ਼ੇਸ਼ ਜ਼ੋਰ : ਹਰਭਜਨ ਸਿੰਘ



**ਖੰਨਾ/ਸਮਰਾਲਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ/ਸੁਰਜੀਤ ਸਿੰਘ)**-ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸਹਰਭਜਨ ਸਿੰਘ ਈਟੀਓ ਨੇ ਜ਼ਿਲ੍ਹੇ ਦੇ ਸਾਹਨੇਵਾਲ ਤੇ ਪਾਇਲ ਹਲਕਿਆਂ ਵਿੱਚ ਪੈਂਦੇ ਤਿੰਨ ਮਹੱਤਵਪੂਰਨ ਸੜਕੀ ਪ੍ਰਾਜੈਕਟਾਂ ਦਾ 22.56 ਕਰੋੜ ਰੁਪਏ ਦੀ ਲਾਗਤ ਨਾਲ ਵਿਸ਼ੇਸ਼ ਮੁਰੰਮਤ ਤੇ ਪੁਨਰ ਨਿਰਮਾਣ ਲਈ ਨੀਂਹ ਪੱਥਰ ਰੱਖਿਆ। ਇਨ੍ਹਾਂ ਪ੍ਰਾਜੈਕਟਾਂ ਵਿੱਚ 2.37 ਕਰੋੜ ਰੁਪਏ ਦੀ ਲਾਗਤ ਨਾਲ ਲੁਧਿਆਣਾ-ਚੰਡੀਗੜ੍ਹ ਹਾਈਵੇਅ ਤੋਂ ਗੁਰਦੁਆਰਾ ਦੇਗਸਰ ਸਾਹਿਬ ਸੜਕ (2-ਕਿ.ਮੀ.), 13.03 ਕਰੋੜ ਰੁਪਏ ਦੀ ਲਾਗਤ ਨਾਲ ਬੀਜਾ-ਪਾਇਲ-ਜਗੇਰਾ ਸੜਕ (15.70 ਕਿਲੋਮੀਟਰ) ਤੇ 7.16 ਕਰੋੜ ਰੁਪਏ ਦੀ ਲਾਗਤ ਵਾਲੀ ਪਾਇਲ-ਈਸੜੂ ਸੜਕ (9.60 ਕਿਲੋਮੀਟਰ) ਸ਼ਾਮਲ ਹਨ। ਇਹ ਕੰਮ ਆਉਂਦੇ ਛੇ ਤੋਂ ਨੌਂ ਮਹੀਨਿਆਂ ਵਿੱਚ ਮੁਕੰਮਲ ਕਰ ਲਏ ਜਾਣਗੇ। ਇਨ੍ਹਾਂ ਪ੍ਰਾਜੈਕਟਾਂ ਦੇ ਨੀਂਹ ਪੱਥਰ ਰੱਖਣ ਮੌਕੇ ਵਿਧਾਇਕ ਹਰਦੀਪ ਸਿੰਘ ਮੁੰਡੀਆਂ ਵਿਧਾਨ ਸਭਾ ਹਲਕਾ ਸਾਹਨੇਵਾਲ ਤੇ ਵਿਧਾਨਿਕ ਮਨਵਿੰਦਰ ਸਿੰਘ ਗਿਆਸਪੁਰਾ ਹਲਕਾ ਵਿਧਾਨ ਸਭਾ ਹਲਕਾ ਪਾਇਲ 18 ਦੀ ਹਾਜ਼ਰੀ ਵਿੱਚ ਲੋਕ ਨਿਰਮਾਣ ਮੰਤਰੀ ਸ੍ਰ. ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਲੁਧਿਆਣਾ-ਚੰਡੀਗੜ੍ਹ ਮੁੱਖ ਮਾਰਗ ਤੋਂ ਲੈ ਕੇ ਗੁਰਦੁਆਰਾ ਦੇਗਸਰ ਸਾਹਿਬ ਤੱਕ 2 ਕਿਲੋਮੀਟਰ ਦੇ ਹਿੱਸੇ ਦੀ ਖਸਤਾ ਹਾਲਤ ਹੈ, ਜਿਸ ਕਾਰਨ ਸ਼ਰਧਾਲੂਆਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸੇ ਤਰ੍ਹਾਂ ਬੀਜਾ-ਪਾਇਲ-ਜਗੇਰਾ ਤੇ ਪਾਇਲ-ਈਸੜੂ ਨੂੰ ਜਾਣ ਵਾਲੀਆਂ ਸੜਕਾਂ ਜੋ ਐੱਨ ਐੱਚ-44 ਨੂੰ ਲੁਧਿਆਣਾ-ਮਾਲੇਰਕੋਟਲਾ ਰਾਜ ਮਾਰਗ ਨਾਲ ਜੋੜਨ ਦਾ ਕੰਮ ਕਰਦੀਆਂ ਹਨ, ਟੋਇਆਂ ਨਾਲ ਭਰੀਆਂ ਹੋਈਆਂ ਹਨ ਤੇ ਇਨ੍ਹਾਂ ਦੀ ਤੁਰੰਤ ਮੁਰੰਮਤ ਦੀ ਲੋੜ ਹੈ। ਉਨ੍ਹਾ ਕਿਹਾ ਕਿ ਸੜਕਾਂ ਦੀ ਖਸਤਾ ਹਾਲਤ ਰਾਹਗੀਰਾਂ ਲਈ ਇੱਕ ਡਰਾਉਣਾ ਸੁਪਨਾ ਬਣ ਚੁੱਕੀਆਂ ਹਨ।

ਉਨ੍ਹਾ ਕਿਹਾ ਕਿ ਸੂਬੇ ਦੀਆਂ ਪਿਛਲੀਆਂ ਸਰਕਾਰਾਂ ਇਨ੍ਹਾਂ ਸੜਕਾਂ ਦੇ ਨਿਰਮਾਣ ਲਈ ਲੋਕਾਂ ਵੱਲੋਂ ਵਾਰ-ਵਾਰ ਉਠਾਈ ਜਾਂਦੀ ਮੰਗ ਵੱਲ ਧਿਆਨ ਦੇਣ 'ਚ ਅਸਫਲ ਰਹੀਆਂ। ਉਨ੍ਹਾ ਇਸ ਮੌਕੇ 'ਆਪ' ਸਰਕਾਰ ਦੀਆਂ ਪ੍ਰਾਪਤੀਆਂ, ਜਿਸ ਵਿੱਚ ਮੁਫ਼ਤ 600 ਯੂਨਿਟ ਬਿਜਲੀ, ਇੱਕ ਵਿਧਾਇਕ-ਇੱਕ ਪੈਨਸ਼ਨ, ਆਮ ਆਦਮੀ ਕਲੀਨਿਕ, ਨੌਜਵਾਨਾਂ ਨੂੰ 30000 ਸਰਕਾਰੀ ਨੌਕਰੀਆਂ, ਭ੍ਰਿਸ਼ਟਾਚਾਰ ਵਿਰੁੱਧ ਜੰਗ ਤੇ ਕਈ ਹੋਰ ਲੋਕ ਪੱਖੀ ਲਏ ਗਏ ਫੈਸਲਿਆਂ ਦਾ ਵੀ ਜ਼ਿਕਰ ਕੀਤਾ। ਇਸ ਮੌਕੇ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ, ਹਰਦੀਪ ਸਿੰਘ ਮੁੰਡੀਆਂ ਨੇ ਪ੍ਰਾਜੈਕਟ ਸ਼ੁਰੂ ਕਰਵਾਉਣ ਲਈ ਮੰਤਰੀ ਦਾ ਧੰਨਵਾਦ ਕੀਤਾ।

## ਵਪਾਰ ਮੰਡਲ ਦੀ ਮੀਟਿੰਗ 'ਚ ਮਹਿਲਾ ਕਾਰੋਬਾਰੀਆਂ ਦੀਆਂ ਮੁਸ਼ਕਲਾਂ ਸੁਣੀਆਂ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** ਆਮ ਆਦਮੀ ਪਾਰਟੀ ਦੇ ਵਪਾਰ ਮੰਡਲ ਦੀ ਮੀਟਿੰਗ ਸ਼ਹਿਰੀ ਪ੍ਰਧਾਨ ਕੁਲਵਿੰਦਰ ਸਿੰਘ ਕੰਡਾ ਦੀ ਅਗਵਾਈ ਵਿੱਚ ਹੋਈ, ਜਿਸ ਵਿੱਚ ਮਹਿਲਾ ਕਾਰੋਬਾਰੀਆਂ ਨੇ ਭਾਗ ਲਿਆ। ਸ਼ਹਿਰੀ ਪ੍ਰਧਾਨ ਕੁਲਵਿੰਦਰ ਸਿੰਘ ਕੰਡਾ ਨੇ ਮਹਿਲਾ ਕਾਰੋਬਾਰੀਆਂ ਨੂੰ ਵਪਾਰ ਦੌਰਾਨ ਦਰਪੇਸ ਆਉਣ ਵਾਲੀ ਮੁਸ਼ਕਲਾਂ ਨੂੰ ਸੁਣਿਆ ਤੇ ਉਨ੍ਹਾਂ ਦਾ ਹੱਲ ਕਰਾਏ ਜਾਣ ਦਾ ਭਰੋਸਾ ਦਿੱਤਾ।

ਇਸ ਦੌਰਾਨ ਸੀਮਾ ਚਾਵਲਾ, ਆਰਤੀ ਲੂਣਾ, ਸੁਮਨ ਰਾਜਪੂਤ, ਦੀਪਿਕਾ ਚਲਾਣਾ, ਸੁਨੀਤਾ ਦਾਬੜਾ, ਪ੍ਰਵੀਨ ਕੌਰ, ਸੁਖੋ, ਸੀਮਾ ਨਾਗਪਾਲ ਤੇ ਅਨਮੋਲ ਦਾਬੜਾ ਵਪਾਰ ਮੰਡਲ ਵਿੱਚ ਸ਼ਾਮਲ ਹੋਏ, ਜਿਨ੍ਹਾਂ ਨੂੰ ਕੈਸੀਅਰ ਮਨੀਸ ਜੱਗਾ ਅਤੇ ਮੈਂਬਰ ਸੋਨੀਆ ਨਾਗਪਾਲ ਪਤਨੀ ਸੁਨੀਲ ਕੁਮਾਰ ਵੱਲੋਂ ਸਿਰੋਪਾਉ ਦੇ ਕੇ ਸਨਮਾਨਤ ਕੀਤਾ ਗਿਆ। ਅੰਤ ਵਿੱਚ ਸ਼ਹਿਰੀ ਪ੍ਰਧਾਨ ਕੁਲਵਿੰਦਰ ਸਿੰਘ ਕੰਡਾ ਨੇ ਕਿਹਾ ਕਿ ਦੁਕਾਨਦਾਰਾਂ ਨੂੰ ਦਰਪੇਸ਼ ਆ ਰਹੀਆਂ ਪ੍ਰੇਸ਼ਾਨੀਆਂ ਦਾ ਹੱਲ ਪੁਰਜ਼ੋਰ ਕੀਤਾ ਜਾਵੇਗਾ।

## ਮਨੀਪੁਰ ਕਾਂਡ ਖਿਲਾਫ ਚੰਡੀਗੜ੍ਹ ਰੋਸ ਧਰਨੇ 'ਚ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ : ਰੋਹੀਵਾਲਾ

**ਜਲਾਲਾਬਾਦ (ਜੀਤ ਕੁਮਾਰ)**-ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਗੁਰਭੇਜ ਸਿੰਘ ਰੋਹੀਵਾਲਾ ਦੀ ਪ੍ਰਧਾਨਗੀ ਹੇਠ ਸਥਾਨਕ ਮਾਰਕੀਟ ਕਮੇਟੀ ਦਫਤਰ ਵਿੱਚ ਕੀਤੀ ਗਈ, ਜਿਸ ਵਿੱਚ ਜ਼ਿਲ੍ਹਾ ਫਾਜ਼ਿਲਕਾ ਅਧੀਨ ਆਉਂਦੇ ਬਲਾਕਾਂ ਜਲਾਲਾਬਾਦ, ਗੁਰੂ ਹਰਸਹਾਏ ਤੇ ਅਰਨੀਵਾਲਾ ਦੇ ਅਹੁਦੇਦਾਰਾਂ, ਪਿੰਡਾਂ ਦੀਆਂ ਇਕਾਈਆਂ ਦੇ ਅਹੁਦੇਦਾਰਾਂ ਨੇ ਸ਼ਿਰਕਤ ਕੀਤੀ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਗੁਰਭੇਜ ਸਿੰਘ ਰੋਹੀਵਾਲਾ, ਜ਼ਿਲ੍ਹਾ ਸਲਾਹਕਾਰ ਸੁਰਜੀਤ ਸਿੰਘ ਤੇ ਮੀਤ ਪ੍ਰਧਾਨ ਗੁਰਮੀਤ ਸਿੰਘ ਮੰਨੇਵਾਲਾ ਨੇ 4 ਮਈ 2023 ਨੂੰ ਮਨੀਪੁਰ 'ਚ 2 ਔਰਤਾਂ ਨੂੰ ਜਨਤਕ ਤੌਰ 'ਤੇ ਨਿਰਵਸਤਰ ਕਰਕੇ ਤੇ ਕੁਝ ਔਰਤਾਂ ਨਾਲ ਬਲਾਤਕਾਰ ਕਰਨ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਉਥੋਂ ਦੇ ਇਸ ਘਟਨਾ ਪ੍ਰਤੀ ਸਿਵਲ ਤੇ ਪੁਲਸ ਪ੍ਰਸ਼ਾਸਨ ਦੀ ਕਾਰਗੁਜ਼ਾਰੀ ਤੇ ਮੁੱਖ ਮੰਤਰੀ ਵੱਲੋਂ ਦਿੱਤੇ ਬਿਆਨ ਦੀ ਆਲੋਚਨਾ ਕੀਤੀ। ਉਨ੍ਹਾਂ ਕਿਹਾ ਕਿ ਪੂਰੇ ਦੇਸ਼ 'ਚ ਭਾਜਪਾ ਹਕੂਮਤ ਵੱਲੋਂ ਚਲਾਈ ਜਾ ਰਹੀ ਬਾਬਰ ਫਿਰਕੂ ਫਾਸ਼ੀ ਮੁਹਿੰਮ ਵਿਰੁੱਧ ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਵੱਲੋਂ 6 ਅਗਸਤ 2023 ਨੂੰ ਚੰਡੀਗੜ੍ਹ ਵਿਖੇ ਔਰਤਾਂ ਦਾ ਵਿਸ਼ਾਲ ਇਕੱਠ ਕਰਕੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਮੌਕੇ ਪੂਰਨ ਸਿੰਘ ਜ਼ਿਲ੍ਹਾ ਸਲਾਹਕਾਰ, ਸੰਤਪਾਲ ਸਿੰਘ ਰਿੰਟਾ ਪ੍ਰਚਾਰ ਸਕੱਤਰ, ਬਲਾਕ ਜਲਾਲਾਬਾਦ ਦੇ ਪ੍ਰਧਾਨ ਪਿੱਪਲ ਸਿੰਘ ਘਾਗਾਂ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਪੀੜਤ ਔਰਤਾਂ ਦੇ ਪਿਤਾ ਤੇ ਭਰਾ ਦੇ ਕਤਲਾਂ ਤੇ ਔਰਤਾਂ ਵਿਰੁੱਧ ਘਿਨੌਣੇ ਜ਼ੁਲਮ ਦੇ ਦੋਸ਼ੀਆਂ ਨੂੰ ਤੁਰੰਤ ਗ੍ਰਿਫਤਾਰ ਕਰਕੇ ਸਖਤ ਸਜ਼ਾਵਾਂ ਦਿਵਾਈਆਂ ਜਾਣ ਤਾਂ ਜੋ ਭਵਿੱਖ ਵਿੱਚ ਇਸ ਤਰ੍ਹਾਂ ਦੀ ਸਮਾਜ ਵਿਰੋਧ ਘਟਨਾ ਨੂੰ ਕੋਈ ਅੰਜਾਮ ਨਾ ਦੇ ਸਕੇ। ਉਨ੍ਹਾਂ ਸਾਰੇ ਹੀ ਸਮਾਜ ਦੇ ਇਨਸਾਫ ਪਸੰਦ ਲੋਕਾਂ ਨੂੰ ਰਲ ਕੇ ਨੀਤੀਆਂ ਦਾ ਵਿਰੋਧ ਕਰਨ ਲਈ 6 ਅਗਸਤ 2003 ਨੂੰ ਚੰਡੀਗੜ੍ਹ ਵਿਖੇ ਦਿੱਤੇ ਜਾ ਰਹੇ ਰੋਸ ਧਰਨੇ 'ਚ ਸ਼ਾਮਲ ਹੋਣ ਦੀ ਅਪੀਲ ਕੀਤੀ।

## ਫ਼ੋਟੋਗ੍ਰਾਫ਼ਰਜ਼ ਐਸੋਸੀਏਸ਼ਨ ਵੱਲੋਂ ਫ਼ੋਟੋ ਫ਼ੇਅਰ ਦਾ ਪੋਸਟਰ ਜਾਰੀ



**ਬਰੇਟਾ (ਰੀਤਵਾਲ)**-ਪੰਜਾਬ ਫੋਟੋਗ੍ਰਾਫਰਜ਼ ਐਸੋਸੀਏਸ਼ਨ (ਪੀ.ਪੀ.ਏ) ਪੰਜਾਬ ਵੱਲੋਂ 3 ਤੇ 4 ਅਗਸਤ ਨੂੰ ਗੁਰਾਇਆ ਵਿਖੇ ਲਗਾਏ ਜਾ ਰਹੇ ਦੋ ਦਿਨਾਂ ਫ਼ੋਟੋ ਫੇਅਰ (ਐਗਜ਼ੀਬੀਸ਼ਨ) ਸਬੰਧੀ ਫ਼ੋਟੋਗ੍ਰਾਫਰਜ਼ ਐਸੋਸੀਏਸ਼ਨ ਬਰੇਟਾ ਸਬੰਧਤ ਪੀ.ਪੀ.ਏ. ਦੇ ਮੈਂਬਰਾਂ ਦੀ ਅਹਿਮ ਮੀਟਿੰਗ ਪੀ.ਪੀ.ਏ. ਪੰਜਾਬ ਦੇ ਵਾਈਸ ਪ੍ਰਧਾਨ ਗਿਆਨ ਚੰਦ ਸ਼ਰਮਾ ਦੀ ਹਾਜ਼ਰੀ ਵਿੱਚ ਹੋਈ, ਜਿਸ 'ਚ ਸਰਬ ਸੰਮਤੀ ਨਾਲ ਮਾਨ ਸਿੰਘ ਨੂੰ ਪ੍ਰਧਾਨ ਤੇ ਸੈਕਟਰੀ ਬਿੰਦਰਪਾਲ ਸਿੰਘ, ਕੈਸ਼ੀਅਰ ਅਸ਼ੀਸ਼ ਕੁਮਾਰ ਕਾਕੂ ਨੂੰ ਚੁਣਿਆ ਗਿਆ। ਇਸ ਮੌਕੇ ਪ੍ਰਧਾਨ ਮਾਨ ਸਿੰਘ ਨੇ ਸਮੂਹ ਫ਼ੋਟੋਗ੍ਰਾਫ਼ਰ ਵੀਰਾਂ ਨੂੰ ਅਪੀਲ ਕੀਤੀ ਕਿ ਉਹ ਪੀ.ਪੀ.ਏ. ਵੱਲੋਂ ਲਗਾਏ ਜਾ ਰਹੇ ਦੂਜੇ ਵੱਡੇ ਸੂਬਾ ਪੱਧਰੀ ਇਸ ਫ਼ੋਟੋ ਫ਼ੇਅਰ ਵਿੱਚ ਵੱਧ ਚੜ੍ਹ ਕੇ ਸ਼ਾਮਲ ਹੋਣ। ਇਸ ਮੌਕੇ ਮੈਂਬਰਾਂ ਵੱਲੋਂ ਪੰਜਾਬ ਫ਼ੋਟੋਗ੍ਰਾਫਰਜ਼ ਐਸੋਸੀਏਸ਼ਨ ਵੱਲੋਂ ਕਰਵਾਏ ਜਾ ਰਹੇ ਦੋ ਦਿਨਾਂ ਫ਼ੋਟੋ ਸ਼ੇਅਰ ਦਾ ਪੋਸਟਰ ਜਾਰੀ ਕੀਤਾ ਗਿਆ। ਇਸ ਮੌਕੇ ਚਰਨਜੀਤ ਕਾਹਨਗੜ੍ਹ, ਗੁਰਪ੍ਰੀਤ ਬਹਾਦਰਪੁਰ, ਜੁਗਰਾਜ ਸੰਘਰੇੜੀ, ਬਹਾਦਰ ਲਾਲ ਗੋਬਿੰਦਪੁਰਾ, ਹੇਮ ਰਾਜ ਸ਼ਰਮਾ, ਗੋਬਿੰਦ ਗੋਬਿੰਦਪੁਰਾ, ਗੋਰਾ ਸ਼ਰਮਾ ਬਰੇਟਾ, ਗੁਰਪ੍ਰੀਤ ਸ਼ਰਮਾ, ਕਾਲਾ ਜਲਵੇੜਾ ਆਦਿ ਹਾਜ਼ਰ ਸਨ।

## ਐੱਸ ਐੱਫ ਸੀ ਪਬਲਿਕ ਸਕੂਲ 'ਚ ਮਨਾਇਆ ਤੀਜ ਦਾ ਤਿਉਹਾਰ



**ਮੋਗਾ (ਅਮਰਜੀਤ ਬੱਬਰੀ)**-ਐੱਸ ਐੱਫ ਸੀ ਪਬਲਿਕ ਸਕੂਲ ਜਲਾਲਾਬਾਦ ਪੂਰਬੀ ਮੋਗਾ ਵਿੱਚ ਹਰ ਤਿਉਹਾਰ ਧੂਮਧਾਮ ਨਾਲ ਮਨਾਇਆ ਜਾਂਦਾ ਹੈ। ਸਾਉਣ ਦੇ ਮਹੀਨੇ ਨੂੰ ਮੁੱਖ ਰੱਖਦਿਆਂ ਐੱਸ ਐੱਫ ਸੀ ਪਬਲਿਕ ਸਕੂਲ ਵਿੱਚ ਤੀਆਂ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ, ਜਿਸ ਵਿੱਚ ਬੱਚਿਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤੇ ਗਏ। ਗਿੱਧੇ ਤੋਂ ਲੈ ਕੇ ਵੱਖ ਵੱਖ ਲੋਕ ਗੀਤਾਂ, ਪੰਜਾਬੀ ਸੱਭਿਆਚਾਰ ਗੀਤਾਂ ਵਿੱਚ ਵਿਦਿਆਰਥਣਾਂ ਨੇ ਖੂਬ ਧਮਾਲਾਂ ਪਾਈਆਂ ਅਤੇ ਪੀਂਘਾਂ ਝੂਟੀਆਂ। ਇਸ ਮੌਕੇ ਸੰਸਥਾ ਦੇ ਸੀ ਈ ਓ ਅਭਿਸ਼ੇਕ ਜਿੰਦਲ ਤੇ ਸਕੂਲ ਪ੍ਰਿੰਸੀਪਲ ਸ੍ਰੀਮਤੀ ਸੀਨਮ ਜਿੰਦਲ ਨੇ ਵਿਦਿਆਰਥੀਆਂ ਦੀ ਖੂਬ ਪ੍ਰਸ਼ੰਸਾ ਕੀਤੀ ਅਤੇ ਅਮੁੱਲੇ ਪੰਜਾਬੀ ਸੱਭਿਆਚਾਰ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਤੀਜ ਦੇ ਤਿਉਹਾਰ ਦੇ ਇਤਿਹਾਸ ਤੋਂ ਜਾਣੂ ਕਰਵਾਇਆ। ਅਖੀਰ ਇਹ ਪ੍ਰੋਗਰਾਮ ਸਭ ਲਈ ਯਾਦਗਾਰੀ ਹੋ ਨਿੱਬੜਿਆ।

## ਭਾਖੜਾ ਬਿਆਸ ਇੰਪਲਾਈਜ਼ ਯੂਨੀਅਨ ਨੇ ਕੀਤੀ ਗੇਟ ਰੈਲੀ



**ਸੰਗਰੂਰ (ਪ੍ਰਵੀਨ ਸਿੰਘ)**-ਭਾਖੜਾ ਬਿਆਸ ਇੰਪਲਾਈਜ ਯੂਨੀਅਨ ਬ੍ਰਾਂਚ ਸੰਗਰੂਰ, ਪਟਿਆਲਾ ਵੱਲੋਂ ਪ੍ਰਧਾਨ ਸਰਬਜੀਤ ਸਿੰਘ ਦੀ ਪ੍ਰਧਾਨਗੀ ਹੇਠ ਸੰਗਰੂਰ ਸਬ-ਸੈਂਟਰ ਵਿਖੇ ਗੇਟ ਮੀਟਿੰਗ ਕੀਤੀ ਗਈ ਅਤੇ ਯੂਨੀਅਨ ਤੇ ਬੀ.ਬੀ.ਐਮ.ਬੀ ਮੈਨੇਜਮੈਂਟ ਨਾਲ 26.7.2023 ਨੂੰ ਮਾਨਯੋਗ ਆਰ.ਐਲ.ਸੀ ਚੰਡੀਗੜ੍ਹ ਨਾਲ ਕਰਮਚਾਰੀਆਂ ਦੀਆਂ ਮੰਗਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।

ਬ੍ਰਾਂਚ ਸਕੱਤਰ ਸੁਰੇਸ਼ ਕੁਮਾਰ ਸੈਣੀ ਨੇ ਦੱਸਿਆ ਕਿ ਬੋਰਡ ਪ੍ਰਸ਼ਾਸਨ ਦੀ ਤਰਫੋਂ ਚਾਰ ਅਧਿਕਾਰੀ ਤੇ ਯੂਨੀਅਨ ਵਾਲੇ ਪਾਸੇ ਤੋਂ ਸੱਤ ਅਧਿਕਾਰੀ ਮਾਨਯੋਗ ਆਰ.ਐਲ.ਸੀ. ਦੇ ਬਰਾਬਰ ਪੇਸ਼ ਹੋਏ। ਮੈਨੇਜਮੈਂਟ ਨੇ ਆਪਣਾ ਪੱਖ ਰੱਖਦਿਆਂ ਕਿਹਾ ਕਿ ਠੇਕਾ ਮੁਲਾਜ਼ਮਾਂ ਲਈ ਸੀ ਪੀ ਐਫ ਕਟੌਤੀ ਅਤੇ ਮੈਡੀਕਲ ਸਹੂਲਤ ਅਤੇ ਲਾਈਵ ਲੀਵ ਦੀ ਸਹੂਲਤ ਲਈ ਅੰਤਮ ਕਮੇਟੀ ਦਾ ਗਠਨ ਕੀਤਾ ਗਿਆ ਹੈ, ਜਿਸ ਦਾ ਨਤੀਜਾ ਇੱਕ ਤੋਂ ਡੇਢ ਮਹੀਨੇ ਵਿੱਚ ਆ ਜਾਵੇਗਾ। ਰਾਜਸਥਾਨ ਦੇ ਸ਼ੇਅਰ ਕੋਟੇ ਦੇ ਮੁਲਾਜ਼ਮਾਂ ਨੂੰ ਬੀ.ਬੀ.ਐਮ.ਬੀ. ਦਾ ਪੇਅ ਸਕੇਲ ਦੇਣ ਬਾਰੇ ਕਿਹਾ ਕਿ ਇਹ ਅੰਤਮ ਪੜਾਅ 'ਤੇ ਪਹੁੰਚ ਚੁੱਕਾ ਹੈ। ਹੁਣ ਸਿਰਫ ਹਰਿਆਣਾ ਅਤੇ ਪੰਜਾਬ ਦੇ ਮੈਂਬਰਾਂ ਦੀ ਸਹਿਮਤੀ ਲੈਣੀ ਬਾਕੀ ਹੈ, ਜੋ 15 ਦਿਨ ਤੱਕ ਮੀਟਿੰਗ ਬੁਲਾ ਕੇ ਸਹਿਮਤੀ ਪੱਤਰ 'ਤੇ ਦਸਤਖ਼ਤ ਕਰਕੇ ਜਲਦੀ ਹੀ ਪੇ ਸਕੇਲ ਦਿੱਤਾ ਜਾਵੇਗਾ, ਪਾਰਟ ਟਾਈਮ ਕ੍ਰਮਚਾਰੀਆਂ ਦੇ ਘੰਟੇ ਵਧਾਉਣਾ, ਇਸੇ ਲਈ ਕਿਹਾ ਗਿਆ ਹੈ ਕਿ 10 ਜਾਂ 15 ਦਿਨਾਂ ਦੇ ਅੰਦਰ ਮੀਟਿੰਗ ਬੁਲਾ ਕੇ 5 ਘੰਟੇ ਵਧਾਉਣ ਨੂੰ ਅੰਤਮ ਰੂਪ ਦਿੱਤਾ ਜਾਵੇਗਾ। ਮੋਬਾਈਲ ਭੱਤਾ ਦੁੱਗਣਾ ਕਰਨ ਲਈ ਇੱਕ ਹਫ਼ਤਾ ਲਿਆ ਜਾਂਦਾ ਹੈ। ਸਾਨੂੰ 9 ਤੋਂ 10 ਪ੍ਰਤੀਸ਼ਤ ਵਿਆਜ ਨਾਲ ਕਲੇਮ ਮਿਲ ਜਾਵੇਗਾ। ਇਸ ਮੌਕੇ ਪ੍ਰਧਾਨ ਸਰਬਜੀਤ ਸਿੰਘ ਤੇ ਜੁਆਇੰਟ ਸਕੱਤਰ ਤਜੇਂਦਰ ਪਾਲ ਸਿੰਘ ਅਤੇ ਜਗਸੀਰ ਸਿੰਘ ਨੇ ਵੀ ਸੰਬੋਧਨ ਕੀਤਾ।

## ਇੰਗਲਿਸ਼ ਸਟੂਡੀਓ ਨੇ ਲਵਾਇਆ ਕੈਨੇਡਾ ਦਾ ਵੀਜ਼ਾ

**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਥਾਨਕ ਸ਼ਹਿਰ ਦੇ ਕੋਟਕਪੂਰਾ ਰੋਡ ਉਪਰ ਸਥਿਤ ਸੰਸਥਾ ਇੰਗਲਸ਼ ਸਟੂਡੀਓ ਲਗਾਤਾਰ ਵਿਦਿਆਰਥੀਆਂ ਦੇ ਵੀਜ਼ੇ ਲਗਵਾ ਕੇ ਉਨ੍ਹਾਂ ਦਾ ਵਿਦੇਸ਼ ਜਾ ਕੇ ਪੜ੍ਹਾਈ ਕਰਨ ਦਾ ਸੁਪਨਾ ਸਾਕਾਰ ਕਰ ਰਹੀ ਹੈ। ਸੰਸਥਾ ਦੇ ਮੁਖੀ ਪੰਕਜ ਬਾਂਸਲ ਤੇ ਗੌਰਵ ਕਾਲੜਾ ਨੇ ਦੱਸਿਆ ਕਿ ਇਸੇ ਕੜੀ ਨੂੰ ਜਾਰੀ ਰੱਖਦਿਆਂ ਸੰਸਥਾ ਵੱਲੋਂ ਇਸ ਵਾਰ ਵਿਦਿਆਰਥਣ ਰਾਜਵੀਰ ਕੌਰ ਪੁੱਤਰੀ ਚਮਕੌਰ ਸਿੰਘ ਵਾਸੀ ਪਿੰਡ ਰਸੂਲਪਰ ਦਾ ਚਾਰ ਸਾਲ ਦੇ ਗੈਪ ਹੋਣ ਦੇ ਬਾਵਜੂਦ ਕੈਨੇਡਾ ਸਟੱਡੀ ਵੀਜ਼ਾ ਲਗਵਾ ਕੇ ਦਿੱਤਾ ਹੈ। ਸੰਸਥਾ ਮੁਖੀ ਪੰਕਜ ਬਾਂਸਲ ਤੇ ਗੌਰਵ ਕਾਲੜਾ ਨੇ ਵਿਦਿਆਰਥਣ ਨੂੰ ਵੀਜ਼ਾ ਕਾਪੀ ਸੌਂਪਦਿਆਂ ਉਸ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਇਸ ਮੌਕੇ ਸੰਸਥਾ ਦਾ ਸਮੁੱਚਾ ਸਟਾਫ ਹਾਜ਼ਰ ਸੀ।



## ਹੜ੍ਹ ਪੀੜਤਾਂ ਦੀ ਮਦਦ ਲਈ ਨੌਜਵਾਨ ਕਰ ਰਹੇ ਨੇ ਰਾਸ਼ਨ ਇਕੱਠਾ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਲਹਿਰਾ ਮੁਹੱਬਤ ਵਿਖੇ ਨੌਜਵਾਨਾਂ ਵੱਲੋਂ ਘਰ-ਘਰ ਜਾ ਕੇ ਹੜ੍ਹ ਪ੍ਰਭਾਵਿਤ ਇਲਾਕੇ ਲਈ ਰਾਸ਼ਨ ਇਕੱਠਾ ਕਰਨ ਦਾ ਕੰਮ ਜ਼ੋਰਾਂ-ਸ਼ੋਰਾਂ ਨਾਲ ਜਾਰੀ ਹੈ। ਪਿੰਡ ਵਿੱਚੋਂ ਕਣਕ ਤੇ ਆਟਾ ਆਦਿ ਰਾਸ਼ਨ ਇਕੱਠਾ ਕਰ ਰਹੇ ਕੁਲਵਿੰਦਰ ਸਿੰਘ ਕਿੰਦੀ, ਗੁਰਜੀਤ ਸਿੰਘ, ਕਰਨ ਸਿੱਧੂ, ਜਸਪ੍ਰੀਤ ਸਿੰਘ, ਜਗਸੀਰ ਸਿੰਘ, ਅਮਨਪ੍ਰੀਤ ਸਿੰਘ, ਮਨਜੀਤ ਮਨੀ, ਲਖਵੀਰ ਲੱਖੀ, ਮਨਤੋਜ ਕੁਮਾਰ, ਅਨੰਦ ਕੁਮਾਰ, ਪ੍ਰਦੀਪ ਸਿੰਘ, ਮਨਪ੍ਰੀਤ ਸਿੰਘ, ਰਾਜੀਵ ਕੁਮਾਰ, ਮਨਪ੍ਰੀਤ ਸੌਂਧਾ, ਸਿਮਰਾ ਮਹਿਰਾਜ, ਦਰਸੀ ਮਹਿਰਾਜ, ਗੁਰਸ਼ਰਨ ਕੈਨੇਡਾ, ਰਾਜਾ ਸਿੱਧੂ, ਪਰਮਿੰਦਰ ਜਟਾਣਾ ਕੈਨੇਡਾ, ਜਗਤਾਰ ਬਾਠ, ਸੁਖਪ੍ਰੀਤ ਭਾਗਾ, ਸੁਖਵੀਰ ਸਿੰਘ, ਗੁਰਸੇਵਕ ਗਰੇਵਾਲ ਤੇ ਗੁਰਵਿੰਦਰ ਸਿੰਘ ਆਦਿ ਨੌਜਵਾਨਾਂ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਨਗਰ ਵਾਸੀਆਂ ਦੇ ਸਹਿਯੋਗ ਨਾਲ ਜ਼ਿਲ੍ਹਾ ਮਾਨਸਾ ਦੇ ਹੜ੍ਹ ਪ੍ਰਭਾਵਿਤ ਸਰਦੂਲਗੜ੍ਹ ਏਰੀਏ 'ਚ ਪਸ਼ੂਆਂ ਲਈ ਟਰੈਕਟਰ-ਟਰਾਲੀਆਂ ਰਾਹੀਂ ਹਰਾ-ਚਾਰਾ ਭੇਜਿਆ ਗਿਆ ਹੈ। ਹੁਣ ਬੀਤੇ ਤਿੰਨ ਦਿਨਾਂ ਤੋਂ ਪਿੰਡ ਵਿੱਚੋਂ ਕਣਕ ਤੇ ਆਟਾ ਆਦਿ ਰਾਸ਼ਨ ਇਕੱਠਾ ਕੀਤਾ ਜਾ ਰਿਹਾ ਹੈ। ਇਹ ਰਾਸ਼ਨ ਪਿੰਡ ਕੂੱਲਰੀਆਂ/ਚਾਂਦਪੁਰਾ ਆਦਿ ਪ੍ਰਭਾਵਿਤ ਇਲਾਕੇ ਵਿੱਚ ਪਹੁੰਚਾਇਆ ਜਾਵੇਗਾ। ਕੁਲਵਿੰਦਰ ਕਿੰਦੀ ਨੇ ਦੱਸਿਆ ਕਿ ਸਮੁੱਚੇ ਨਗਰ ਵਾਸੀ ਪੂਰੇ ਉਤਸ਼ਾਹ ਨਾਲ ਮਨੁੱਖਤਾ ਭਲਾਈ ਦੇ ਇਸ ਸੇਵਾ ਕਾਰਜ ਵਿੱਚ ਆਪਣਾ ਯੋਗਦਾਨ ਪਾ ਰਹੇ ਹਨ।

## ਬਾਬਾ ਮੋਨੀ ਜੀ ਡਿਗਰੀ ਕਾਲਜ ਦਾ ਪੀ ਜੀ ਡੀ ਸੀ ਏ (ਸਮੈਸਟਰ-1) ਦਾ ਨਤੀਜਾ ਸੌ ਫ਼ੀਸਦੀ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪੰਜਾਬੀ ਯੂਨੀਵਰਸਟੀ ਪਟਿਆਲਾ ਵੱਲੋਂ ਐਲਾਨੇ ਗਏ ਪੀ ਜੀ ਡੀ ਸੀ ਏ (ਸਮੈਸਟਰ-1) ਦੇ ਨਤੀਜੇ ਵਿੱਚ ਬਾਬਾ ਮੋਨੀ ਜੀ ਡਿਗਰੀ ਕਾਲਜ ਦਾ ਨਤੀਜਾ ਸੌ ਫ਼ੀਸਦੀ ਰਿਹਾ। ਕਾਲਜ 'ਚੋਂ ਲਵਪ੍ਰੀਤ ਕੌਰ ਪੁੱਤਰੀ ਰਾਜਵਿੰਦਰ ਸਿੰਘ 'ਜਿਉਂਦ' ਨੇ ਪਹਿਲਾ, ਜਸ਼ਨਦੀਪ ਕੌਰ ਪੁੱਤਰੀ ਦਿਆਲ ਸਿੰਘ 'ਸੇਮਾ' ਨੇ ਦੂਜਾ ਤੇ ਵੀਰਪਾਲ ਕੌਰ ਪੁੱਤਰੀ ਗੁਰਚਰਨ ਸਿੰਘ 'ਫੂਲ ਟਾਊਨ' ਨੇ ਤੀਜਾ ਸਥਾਨ ਹਾਸਲ ਕਰਕੇ ਕਾਲਜ ਅਤੇ ਆਪਣੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ। ਬਾਕੀ ਸਾਰੀਆਂ ਵਿਦਿਆਰਥਣਾਂ ਨੇ ਪਹਿਲੇ ਦਰਜੇ ਵਿੱਚ ਪ੍ਰੀਖਿਆ ਪਾਸ ਕੀਤੀ। ਕਾਲਜ ਦੇ ਡਾਇਰੈਕਟਰ ਕੇਸਰ ਸਿੰਘ ਧਲੇਵਾਂ ਤੇ ਮੈਨੇਜਿੰਗ ਡਾਇਰੈਕਟਰ ਲਖਵੀਰ ਸਿੰਘ ਸਿੱਧੂ ਨੇ ਵਿਦਿਆਰਥੀਆਂ ਅਤੇ ਸਮੂਹ ਸਟਾਫ਼ ਨੂੰ ਵਧਾਈ ਦਿੱਤੀ। ਕਾਲਜ ਪ੍ਰਿੰਸੀਪਲ ਪ੍ਰੋ. ਅਮਨਿੰਦਰ ਕੌਰ ਅਤੇ ਐਜੂਕੇਸ਼ਨ ਵਿਭਾਗ ਦੇ ਵਾਈਸ ਪ੍ਰਿੰਸੀਪਲ ਦਿਨੇਸ਼ ਕੁਮਾਰ ਨੇ ਵਧਾਈ ਦਿੰਦਿਆਂ ਵਿਦਿਆਰਥਣਾਂ ਨੂੰ ਹੋਰ ਵੱਧ ਤੋਂ ਵੱਧ ਮਿਹਨਤ ਕਰਕੇ ਤਰੱਕੀਆਂ ਹਾਸਲ ਕਰਨ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਸਟਾਫ਼ ਮੈਂਬਰਜ਼ ਪ੍ਰੋ. ਬਲਜੀਤ ਸਿੰਘ, ਪ੍ਰੋ. ਵਰਦੀਪ ਕੌਰ, ਪ੍ਰੋ. ਰਮਨਦੀਪ ਕੌਰ, ਪ੍ਰੋ. ਵਰਿੰਦਰ ਸਿੰਘ, ਪ੍ਰੋ. ਮੋਨਿਕਾ ਗਰਗ, ਪ੍ਰੋ. ਦਲਜੀਤ ਕੌਰ ਤੇ ਪ੍ਰੋ. ਰੁਪਿੰਦਰ ਸਿੰਘ ਆਦਿ ਹਾਜ਼ਰ ਸਨ।

## ਅੱਜ ਤੋਂ ਬਰਗਾੜੀ ਵਿਖੇ ਗ੍ਰਿਫ਼ਤਾਰੀ ਦੇਣ ਵਾਲੇ ਜਥਿਆਂ ਦਾ ਐਲਾਨ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਪਮਾਨਿਤ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ ਅਤੇ ਸਜ਼ਾਵਾਂ ਦਿਵਾਉਣ ਲਈ ਬਰਗਾੜੀ ਵਿਖੇ 01 ਜੁਲਾਈ 2021 ਤੋਂ ਸ਼ੁਰੂ ਕੀਤੇ ਗਏ ਬਰਗਾੜੀ ਮੋਰਚੇ ਵਿੱਚ ਨਿਰੰਤਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਗ੍ਰਿਫ਼ਤਾਰੀਆਂ ਦਾ ਦੌਰ ਜਾਰੀ ਹੈ। 01 ਅਗਸਤ ਨੂੰ ਹਰਪਾਲ ਸਿੰਘ ਕੁੱਸਾ ਮੋਗਾ, 02 ਅਗਸਤ ਨੂੰ ਸੁਖਜੀਤ ਸਿੰਘ ਡਰੋਲੀ ਜਲੰਧਰ, 03 ਅਗਸਤ ਹਰਬੰਸ ਸਿੰਘ ਪੈਲੀ ਨਵਾਂਸ਼ਹਿਰ, 04 ਅਗਸਤ ਨੂੰ ਰਣਜੀਤ ਸਿੰਘ ਸੰਤੋਖਗੜ੍ਹ ਰੋਪੜ, 05 ਅਗਸਤ ਨੂੰ ਨਰਿੰਦਰ ਸਿੰਘ ਖੁਸਰੋਪੁਰ ਕਪੂਰਥਲਾ, 06 ਅਗਸਤ ਨੂੰ ਹਰਭਜਨ ਸਿੰਘ ਕਸ਼ਮੀਰੀ ਪਟਿਆਲਾ, 07 ਅਗਸਤ ਨੂੰ ਮੱਲੀ ਸਾਬ ਜੰਡਿਆਲਾ ਗੁਰੂ ਅੰਮ੍ਰਿਤਸਰ, 08 ਅਗਸਤ ਨੂੰ ਸੁਰਜੀਤ ਸਿੰਘ ਤਲਵੰਡੀ ਜਗਰਾਓਂ, 09 ਅਗਸਤ ਨੂੰ ਤਨਜੀਤ ਸਿੰਘ ਪੰਜਗਰਾਈਂ ਫ਼ਰੀਦਕੋਟ, 10 ਅਗਸਤ ਹਰਜੀਤ ਸਿੰਘ ਵਿਰਕ ਕਰਨਾਲ, 11 ਅਗਸਤ ਨੂੰ ਬਲਰਾਜ ਸਿੰਘ ਖਾਲਸਾ ਮੋਗਾ, 12 ਅਗਸਤ ਨੂੰ ਸੁਖਜਿੰਦਰ ਸਿੰਘ ਕਾਜਮਪੁਰ ਬਟਾਲਾ, 13 ਅਗਸਤ ਨੂੰ ਹਰਜੀਤ ਸਿੰਘ ਸੰਜੂਮਾ ਸੰਗਰੂਰ, 14 ਅਗਸਤ ਨੂੰ ਅੰਮ੍ਰਿਤਪਾਲ ਸਿੰਘ ਛੰਦੜਾ ਲੁਧਿਆਣਾ, 15 ਅਗਸਤ ਨੂੰ ਹਰਜੀਤ ਸਿੰਘ ਮੀਆਂਪੁਰ ਤਰਨਤਾਰਨ ਦੇ ਜਥੇ ਗ੍ਰਿਫ਼ਤਾਰੀ ਲਈ ਜਾਣਗੇ।' ਇਹ ਜਾਣਕਾਰੀ ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਪਾਰਟੀ ਦੇ ਮੁੱਖ ਦਫ਼ਤਰ ਤੋਂ ਬਰਗਾੜੀ ਮੋਰਚੇ ਲਈ ਜਥਿਆਂ ਦੀਆਂ ਗ੍ਰਿਫ਼ਤਾਰੀਆਂ ਲਈ ਡਿਊਟੀਆਂ ਲਾਉਂਦੇ ਹੋਏ ਪ੍ਰੈਸ ਅਤੇ ਪਾਰਟੀ ਅਹੁਦੇਦਾਰਾਂ ਨੂੰ ਦਿੱਤੀ ਗਈ।

## ਅੰਤਰ ਸਕੂਲ ਭਾਸ਼ਣ ਮੁਕਾਬਲੇ 'ਚ ਦਸਮੇਸ਼ ਪਬਲਿਕ ਸਕੂਲ ਦੀ ਬੱਲੇ-ਬੱਲੇ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**

ਦਸਮੇਸ਼ ਗਲੋਬਲ ਸਕੂਲ ਬਰਗਾੜੀ ਵਿਖੇ 29 ਜੁਲਾਈ ਨੂੰ ਅੰਤਰ ਸਕੂਲ ਭਾਸ਼ਣ ਮੁਕਾਬਲੇ ਕਰਾਏ ਗਏ। ਇਸ ਮੁਕਾਬਲੇ ਵਿੱਚ ਦਸਮੇਸ਼ ਗਰੁੱਪ ਆਫ਼ ਸਕੂਲਜ ਦੇ ਸਾਰੇ ਸਕੂਲਾਂ ਦੇ ਚੋਣਵੇਂ ਵਿਦਿਆਰਥੀਆਂ ਨੇ ਭਾਗ ਲਿਆ, ਜਿਸ ਵਿੱਚ ਦਸਮੇਸ਼ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਸੀਨੀਅਰ ਵਰਗ, ਮਿਡਲ ਤੇ ਜੂਨੀਅਰ ਵਰਗ ਦੇ ਵੱਖ-ਵੱਖ ਮੁਕਾਬਲਿਆਂ ਵਿੱਚ ਭਾਗ ਲਿਆ। ਇਨ੍ਹਾਂ ਹੋਣਹਾਰ ਵਿਦਿਆਰਥੀਆਂ ਵਿਚੋਂ ਸੀਨੀਅਰ ਗਰੁੱਪ 'ਚ ਨੌਵੀਂ ਤੇ ਦਸਵੀਂ ਜਮਾਤ ਦੀਆਂ ਵਿਦਿਆਰਥਣਾਂ ਨਵਕਿਰਨਪ੍ਰੀਤ ਕੌਰ ਤੇ ਏਕਮਦੀਪ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ। ਮਿਡਲ ਗਰੁੱਪ ਵਿੱਚ ਸੱਤਵੀਂ ਤੇ ਅੱਠਵੀਂ ਜਮਾਤ ਦੇ ਵਿਦਿਆਰਥੀ ਰਹਿਤ ਕੌਰ ਤੇ ਦਿਵਤ ਜੈਨ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਜੂਨੀਅਰ ਗਰੁੱਪ ਵਿੱਚ ਪੰਜਵੀਂ ਅਤੇ ਛੇਵੀਂ ਜਮਾਤ ਦੇ ਵਿਦਿਆਰਥੀ ਗੁਰਨੂਰ ਕੌਰ ਅਤੇ ਪਰੰਜਲ ਨੇ ਵੀ ਦੂਜਾ ਸਥਾਨ ਪ੍ਰਾਪਤ ਕੀਤਾ।

ਇਸ ਸ਼ਾਨਦਾਰ ਜਿੱਤ 'ਤੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਅਪੂਰਵ ਦੇਵਗਨ ਨੇ ਜੇਤੂ ਵਿਦਿਆਰਥੀ ਨੂੰ ਤਹਿ ਦਿਲੋਂ ਵਧਾਈ ਦਿੱਤੀ ਅਤੇ ਇਸੇ ਤਰ੍ਹਾਂ ਹੀ ਜ਼ਿੰਦਗੀ ਦੀ ਹਰ ਮੰਜ਼ਲ ਵਿੱਚ ਜਿੱਤ ਦਰਜ ਕਰਦੇ ਰਹਿਣ ਦੀ ਪ੍ਰੇਰਨਾ ਦਿੱਤੀ ਤੇ ਇਨ੍ਹਾਂ ਬੱਚਿਆਂ ਦੀ ਅਗਵਾਈ ਕਰ ਰਹੇ ਅਧਿਆਪਕਾਂ ਅਤੇ ਕੋਆਰਡੀਨੇਟਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਜਸਬੀਰ ਸਿੰਘ ਸੰਧੂ ਨੇ ਇਸ ਸ਼ਾਨਦਾਰ ਪ੍ਰਾਪਤੀ 'ਤੇ ਜੇਤੂ ਬੱਚਿਆਂ, ਉਨ੍ਹਾਂ ਦੇ ਮਾਪਿਆਂ, ਅਧਿਆਪਕਾਂ, ਕੋਆਰਡੀਨੇਟਰਾਂ ਤੇ ਪ੍ਰਿੰਸੀਪਲਾਂ ਦਾ ਧੰਨਵਾਦ ਕੀਤਾ।

## ਆਜ਼ਾਦੀ ਦੇ ਅੰਮ੍ਰਿਤ ਮਹਾਂਉਤਸਵ ਤਹਿਤ ਪੌਦੇ ਲਗਾਉਣ ਦੀ ਸ਼ੁਰੂਆਤ



**ਸੰਗਰੂਰ (ਪ੍ਰਵੀਨ ਸਿੰਘ)**-ਭਾਰਤੀ ਸਟੇਟ ਬੈਂਕ ਦੇ ਖੇਤਰੀ ਦਫਤਰ ਦੇ ਪ੍ਰਬੰਧਕ ਸਤੀਸ਼ ਰੰਗਾ ਦੀ ਅਗਵਾਈ ਹੇਠ ਆਜ਼ਾਦੀ ਮਹਾਂਉਤਸਵ ਸਮਾਗਮ ਦੇ ਤਹਿਤ ਪੌਦੇ ਲਗਾਉਣ ਦੀ ਰਸਮ ਅਦਾ ਕੀਤੀ ਗਈ। ਸਮਾਗਮ ਦੀ ਸ਼ੁਰੂਆਤ ਏ ਡੀ ਸੀ (ਪੇਂਡੂ ਵਿਕਾਸ) ਵਰਜੀਤ ਵਾਲੀਆ ਵੱਲੋਂ ਪੌਦਾ ਲਗਾ ਕੇ ਕੀਤੀ ਗਈ। ਇਸ ਮੌਕੇ ਵਾਲੀਆ ਨੇ ਕਿਹਾ ਕਿ ਅਜ਼ਾਦੀ ਦੇ ਅੰਮ੍ਰਿਤ ਮਹਾਂਉਤਸਵ ਮੌਕੇ ਪੌਦੇ ਲਗਾਉਣ ਦਾ ਕਾਰਜ ਬੇਹੱਦ ਸ਼ਲਾਘਾਯੋਗ ਹੈ। ਇਸ ਦੇ ਨਾਲ ਵਾਤਾਵਰਨ ਦੀ ਸੰਭਾਲ ਹੋਵੇਗੀ ਤੇ ਪ੍ਰਦੂਸ਼ਣ ਵੀ ਘੱਟ ਹੋਵੇਗਾ। ਉਨ੍ਹਾ ਲੋਕਾਂ ਨੂੰ ਅਪੀਲ ਕੀਤੀ ਕਿ ਸਾਰਿਆਂ ਨੂੰ ਇੱਕ ਇੱਕ ਪੌਦਾ ਜ਼ਰੂਰ ਲਗਾਉਣਾ ਚਾਹੀਦਾ ਹੈ। ਇਸ ਮੌਕੇ ਐੱਲ ਡੀ ਐੱਮ ਸੰਜੀਵ ਅਗਰਵਾਲ, ਵਿਕਾਸ ਚੋਪੜਾ ਤੇ ਹੋਰ ਕਰਮਚਾਰੀ ਮੌਜੂਦ ਸਨ।

## 'ਐਕਸਪਰਟ' ਨੇ ਲਵਾਇਆ ਕੈਨੇਡਾ ਦਾ ਵੀਜ਼ਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਬਾਘਾ ਪੁਰਾਣਾ ਦੀ ਮਸ਼ਹੂਰ ਸੰਸਥਾ ਐਕਸਪਰਟ ਇਮੀਗ੍ਰੇਸ਼ਨ ਐਂਡ ਐਜੂਕੇਸ਼ਨ ਸਰਵਿਸ ਵੱਲੋਂ ਸਟੱਡੀ ਵੀਜ਼ਾ, ਵਿਜ਼ਟਰ ਵੀਜ਼ਾ, ਓਪਨ ਵਰਕ ਪਰਮਿਟ ਤੇ ਸੁਪਰ ਵੀਜ਼ਾ ਲਗਵਾਇਆ ਜਾਂਦਾ ਹੈ ਅਤੇ ਯੂ ਕੇ ਦਾ ਵਰਕ ਪਰਮਿਟ ਵੀ ਲਗਾਇਆ ਜਾ ਰਿਹਾ ਹੈ। ਇਸ ਦੇ ਹੈੱਡ ਦੇਵਾਸ਼ ਗੋਇਲ ਨੇ ਆਪਣੇ ਲੰਮੇ ਤਜਰਬੇ ਨਾਲ ਲੋਕਾਂ ਦੇ ਸੁਪਨੇ ਸਾਕਾਰ ਕਰ ਰਹੇ ਹਨ ਤੇ ਉਨ੍ਹਾਂ ਨੂੰ ਇੱਕ ਹੋਰ ਸਫਲਤਾ ਪ੍ਰਾਪਤ ਹੋਈ। ਸੰਸਥਾ ਵੱਲੋਂ ਹਰਸ਼ ਪਲਤਾ ਪੁੱਤਰ ਬਿਕਰਮ ਪਲਤਾ ਨਿਵਾਸੀ ਚੂਹੜਚੱਕ ਜ਼ਿਲ੍ਹਾ ਮੋਗਾ ਦਾ ਕੈਨੇਡਾ ਦਾ ਵੀਜ਼ਾ ਬਹੁਤ ਹੀ ਘੱਟ ਦਿਨਾਂ 'ਚ ਲਗਵਾਇਆ ਗਿਆ ਹੈ। ਹਰਸ਼ ਪਲਤਾ ਦੇ ਪਰਿਵਾਰ ਨੇ ਦੇਵਾਸ਼ ਗੋਇਲ ਤੇ ਉਨ੍ਹਾ ਦੇ ਸਟਾਫ ਦਾ ਧੰਨਵਾਦ ਕੀਤਾ। ਉਨ੍ਹਾ ਕਿਹਾ ਕਿ ਇਹ ਵੀਜ਼ਾ ਦੇਵਾਸ਼ ਗੋਇਲ ਤੇ ਸਟਾਫ ਦੀ ਮਿਹਨਤ ਬਦੌਲਤ ਲੱਗਿਆ ਹੈ।

## ਕਲਾਸ ਫੋਰ ਗੌਰਮਿੰਟ ਇੰਪਲਾਈਜ਼ ਯੂਨੀਅਨ ਦੀ ਚੋਣ



**ਸੰਗਰੂਰ (ਪ੍ਰਵੀਨ ਸਿੰਘ)**-ਦੀ ਕਲਾਸ ਫੋਰ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ ਬਰਾਂਚ ਜ਼ਿਲ੍ਹਾ ਸੰਗਰੂਰ ਦੇ ਡਿਪਟੀ ਕਮਿਸ਼ਨਰ ਦਫਤਰ ਦੇ ਕਰਮਚਾਰੀਆਂ ਦੀ ਮੀਟਿੰਗ ਮੇਲਾ ਸਿੰਘ ਪੁੰਨਾਂਵਾਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਮੰਗਾਂ ਤੇ ਮੁਸ਼ਕਲਾਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਪ ਸ ਸ ਫ ਦੇ ਪ੍ਰਧਾਨ ਸੀਤਾ ਰਾਮ ਸ਼ਰਮਾ ਨੇ ਕਿਹਾ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਦੀਆਂ ਮੰਗਾਂ ਬਾਰੇ ਚੋਣਾਂ 'ਚ ਕੀਤੇ ਵਾਅਦੇ ਤੋਂ ਪਾਸਾ ਵੱਟ ਗਈ ਹੈ, ਜਿਸ ਕਰਕੇ ਕਰਮਚਾਰੀਆਂ ਵਿੱਚ ਸਖਤ ਰੋਸ ਪਾਇਆ ਜਾ ਰਿਹਾ ਹੈ। ਮੀਟਿੰਗ ਤੋਂ ਬਾਅਦ ਕਰਮਚਾਰੀਆਂ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ, ਜਿਸ ਵਿੱਚ ਪ੍ਰਧਾਨ/ਤੇਜਿੰਦਰ ਸਿੰਘ, ਮੰਗੂ ਸਿੰਘ ਸੀਨੀਅਰ ਮੀਤ ਪ੍ਰਧਾਨ, ਜਰਨਲ ਸਕੱਤਰ ਰਾਕੇਸ਼ ਕੁਮਾਰ, ਖਜ਼ਾਨਚੀ ਸਤਿਅਮ, ਪ੍ਰਚਾਰ ਸਕੱਤਰ ਜਸਵਿੰਦਰ ਸਿੰਘ, ਸਕੱਤਰ ਪਰਮਜੀਤ ਕੌਰ, ਸਲਾਹਕਾਰ ਸੁਰਜੀਤ ਕੌਰ, ਪ੍ਰੈੱਸ ਸਕੱਤਰ ਚਮਕੌਰ ਸਿੰਘ, ਚੇਅਰਮੈਨ ਜਗਤਾਰ ਸਿੰਘ ਆਦਿ ਆਗੂ ਚੁਣੇ ਗਏ।

## ਪੰਜਾਬ ਦੀ ਹਰ ਗਲੀ-ਨੁੱਕਰ 'ਤੇ ਸ਼ਰੇਆਮ ਨਸ਼ਾ ਵਿਕ ਰਿਹਾ : ਢਿੱਲੋਂ



**ਸਮਰਾਲਾ (ਸੁਰਜੀਤ ਸਿੰਘ)**

ਮਾਛੀਵਾੜਾ ਦੇ ਦੋ ਨੌਜਵਾਨ ਨਸ਼ੇ ਦੀ ਭੇਟ ਚੜ੍ਹਨ 'ਤੇ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਪਰਮਜੀਤ ਸਿੰਘ ਢਿੱਲੋਂ ਨੇ ਤਿੱਖੀ ਪ੍ਰਤੀਕ੍ਰਿਆ ਪ੍ਰਗਟ ਕਰਦੇ ਹੋਏ ਪ੍ਰਸ਼ਾਸਨ ਨੂੰ ਜ਼ਿੰਮੇਵਾਰ ਠਹਿਰਾਇਆ ਹੈ। ਉਨ੍ਹਾਂ ਕਿਹਾ ਕਿ ਜਿਸ ਵੀ ਇਲਾਕੇ ਵਿੱਚ ਨਸ਼ਾ ਵਿਕਦਾ ਹੈ, ਉੱਥੋਂ ਦੇ ਪੁਲਸ ਅਤੇ ਸਿਵਲ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਫਿਕਸ ਕਰਕੇ ਉਨ੍ਹਾਂ ਉੱਤੇ ਐਕਸ਼ਨ ਲੈਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਮੌਨ ਹੈ ਅਤੇ ਨੌਜਵਾਨਾਂ ਦੀਆਂ ਕੀਮਤੀ ਜਾਨਾਂ ਭੰਗ ਦੇ ਭਾੜੇ ਜਾ ਰਹੀਆਂ ਹਨ। ਨੌਜਵਾਨ ਬੱਚੇ ਜਿਹੜੇ ਨਸ਼ਿਆਂ ਦੇ ਆਦੀ ਹੋ ਗਏ ਹਨ, ਉਨ੍ਹਾਂ ਦੇ ਮਾਪੇ ਬੇਵੱਸ ਹੋ ਗਏ ਹਨ। ਉਹ ਚਾਹ ਕੇ ਵੀ ਆਪਣੇ ਬੱਚਿਆਂ ਦੀਆਂ ਜਾਨਾਂ ਨਹੀਂ ਬਚਾ ਸਕੇ। ਉਨ੍ਹਾਂ ਕਿਹਾ ਕਿ ਹਾਲੀਆ ਦਿਨਾਂ ਵਿੱਚ ਮਾਛੀਵਾੜਾ ਇਲਾਕੇ ਦੇ ਚਾਰ ਨੌਜਵਾਨ ਨਸ਼ਿਆਂ ਕਾਰਨ ਸਿਵਿਆਂ ਦੇ ਰਾਹ ਪਏ ਹਨ। ਉਨ੍ਹਾਂ ਕਿਹਾ ਕਿ ਜਿਹੜੇ ਲੀਡਰ ਅੱਜ ਸਰਕਾਰ ਚਲਾ ਰਹੇ ਹਨ, ਉਹ ਪਿਛਲੀਆਂ ਸਰਕਾਰਾਂ ਨੂੰ ਨਸ਼ਿਆਂ ਬਾਬਤ ਕੋਸਦੇ ਰਹੇ ਹਨ। ਉਹ ਦਾਅਵੇ ਕਰਦੇ ਰਹੇ ਹਨ ਕਿ ਜੇ ਉਹ ਸੱਤਾ ਵਿੱਚ ਆ ਗਏ ਤਾਂ ਚਾਰ ਹਫ਼ਤੇ ਵਿੱਚ ਨਸ਼ਾ ਖਤਮ ਕਰ ਦੇਣਗੇ। ਉਨ੍ਹਾਂ ਕਿਹਾ ਜੇ ਪੁਲਸ ਪ੍ਰਸ਼ਾਸਨ ਰੇਤ ਮਾਫੀਆ ਵੱਲੋਂ ਪੁਲਸ 'ਤੇ ਹਮਲਾ ਕਰਨ ਵਾਲਿਆਂ ਨੂੰ ਦੋ ਦਿਨ ਵਿਚ ਫੜ ਸਕਦੀ ਹੈ ਤਾਂ ਮਾਛੀਵਾੜਾ ਇਲਾਕੇ ਵਿੱਚ ਵੱਡੇ ਪੱਧਰ 'ਤੇ ਵਿਕ ਰਹੇ ਨਸ਼ੇ ਦੇ ਤਸਕਰਾਂ ਨੂੰ ਕਿਉਂ ਨਹੀਂ ਫੜ ਸਕਦੀ? ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਦੀ ਚਰਨ ਛੋਹ ਪ੍ਰਾਪਤ ਪਵਿੱਤਰ ਧਰਤੀ 'ਤੇ ਇਹ ਪਾਪ ਕੀ ਪੁਲਸ ਦੀ ਨਜ਼ਰ ਤੋਂ ਦੂਰ ਹੈ? ਉਨ੍ਹਾਂ ਕਿਹਾ ਕਿ ਇਸ ਇਲਾਕੇ ਵਿਚ ਹਰ ਦੂਜੇ-ਤੀਜੇ ਦਿਨ ਨਸ਼ੇ ਕਾਰਨ ਮੌਤਾਂ ਹੋ ਰਹੀਆਂ ਹਨ। ਇਨ੍ਹਾਂ ਮੌਤਾਂ ਨੂੰ ਕਿਸੇ ਨਾ ਕਿਸੇ ਬਹਾਨੇ ਨਾਲ ਛੁਪਾਇਆ ਜਾਂਦਾ ਹੈ ਕਿ ਮੌਤ ਸੱਪ ਦੇ ਡੰਗਣ ਨਾਲ ਜਾਂ ਕਿਸੇ ਹੋਰ ਕਾਰਨ ਨਾਲ ਹੋਈ ਹੈ। ਉਨ੍ਹਾਂ ਸਵਾਲ ਕੀਤਾ ਕਿ ਤਾਜ਼ਾ ਮੌਤਾਂ 'ਤੇ ਪੁਲਸ ਨੇ ਕੀ ਕਾਰਵਾਈ ਕੀਤੀ ਅਤੇ ਕੀ ਪੁਲਸ ਲੋਕਾਂ ਨੂੰ ਇਹ ਗਾਰੰਟੀ ਦੇ ਸਕਦੀ ਹੈ ਕਿ ਭਵਿੱਖ ਵਿੱਚ ਨਸ਼ੇ ਨਾਲ ਕੋਈ ਮੌਤ ਨਹੀਂ ਹੋਵੇਗੀ। ਅਕਾਲੀ ਆਗੂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪਿੰਡ-ਪਿੰਡ ਵਿੱਚ ਨਸ਼ਿਆਂ ਵਿਰੁੱਧ ਲਾਮਬੰਦੀ ਕਰਨ ਅਤੇ ਨਸ਼ਿਆਂ ਦੇ ਕੋਹੜ ਨੂੰ ਸਮਾਜ ਵਿਚੋਂ ਬਾਹਰ ਕੱਢਣ।

## ਸਮਾਜ ਸੇਵਕਾਂ ਨੇ ਸਰਕਾਰੀ ਸਕੂਲ 'ਚ ਵਾਟਰ ਕੂਲਰ ਲਗਾਇਆ



**ਲੌਂਗੋਵਾਲ (ਕੁਲਦੀਪ ਅੱਤਰੀ, ਪ੍ਰਦੀਪ ਸਿੰਘ ਸੱਪਲ)**-ਸਮਾਜ ਸੇਵੀ ਦਲੇਰ ਸਿੰਘ ਵਿਰਕ ਤੇ ਬਲਦੇਵ ਸਿੰਘ ਵਿਰਕ ਨੇ ਸਰਕਾਰੀ ਪ੍ਰਾਇਮਰੀ ਸਕੂਲ ਤਕੀਪੁਰ ਵਿਖੇ ਵਾਟਰ ਕੂਲਰ ਤੇ ਆਰ. ਓ. ਸਿਸਟਮ ਲਗਾ ਕੇ ਸਕੂਲੀ ਬੱਚਿਆਂ ਲਈ ਸਾਫ਼ ਤੇ ਠੰਡੇ ਪਾਣੀ ਦਾ ਪ੍ਰਬੰਧ ਕੀਤਾ। ਜਾਣਕਾਰੀ ਦਿੰਦਿਆਂ ਮਾਸਟਰ ਰਾਮ ਕ੍ਰਿਸ਼ਨ ਨੇ ਦੱਸਿਆ ਕਿ ਸਰਕਾਰੀ ਪ੍ਰਾਇਮਰੀ ਸਕੂਲ ਤਕੀਪੁਰ ਵਿਖੇ ਗਰਮੀ ਦੇ ਮੌਸਮ ਦੌਰਾਨ ਸਕੂਲੀ ਬੱਚਿਆਂ ਨੂੰ ਠੰਡੇ ਤੇ ਸਾਫ਼ ਪਾਣੀ ਦੀ ਦਿੱਕਤ ਆ ਰਹੀ ਸੀ, ਜਿਸ ਨੂੰ ਦੇਖਦਿਆਂ ਸਮਾਜ ਸੇਵੀ ਦਲੇਰ ਸਿੰਘ ਤੇ ਬਲਦੇਵ ਸਿੰਘ ਨੇ ਆਪਣੇ ਖਰਚੇ 'ਤੇ ਸਕੂਲ ਵਿੱਚ ਆਰ. ਓ. ਫਿਲਟਰ ਤੇ ਵਾਟਰ ਕੂਲਰ ਲਗਵਾ ਕੇ ਠੰਡੇ ਤੇ ਸਾਫ਼ ਪਾਣੀ ਦੀ ਘਾਟ ਨੂੰ ਪੂਰਾ ਕੀਤਾ, ਜਿਸ ਦਾ ਸਮੂਹ ਸਟਾਫ਼, ਸਕੂਲ ਮੈਨੇਜਮੈਂਟ ਕਮੇਟੀ ਤੇ ਗ੍ਰਾਮ ਪੰਚਾਇਤ ਵੱਲੋਂ ਧੰਨਵਾਦ ਕੀਤਾ ਗਿਆ।

## ਬਰਸਾਤੀ ਮੌਸਮ 'ਚ ਅੱਖਾਂ ਦੀਆਂ ਬਿਮਾਰੀਆਂ ਤੋਂ ਰਹੋ ਸੁਚੇਤ : ਡਾ. ਰਜਿੰਦਰਪਾਲ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਬਰਸਾਤੀ ਮੌਸਮ ਵਿੱਚ ਜਲਦੀ ਫੈਲਣ ਵਾਲੀਆਂ ਬੀਮਾਰੀਆਂ ਵਿੱਚ ਅੱਖਾਂ ਦੀਆਂ ਬੀਮਾਰੀਆਂ ਵੀ ਆਮ ਹਨ, ਖਾਸ ਕਰਕੇ ਇਸ ਮੌਸਮ ਵਿੱਚ 'ਆਈ ਫਲੂ' ਬਹੁਤ ਤੇਜ਼ੀ ਨਾਲ ਫੈਲਣ ਵਾਲਾ ਰੋਗ ਹੈ।ਬਰਸਾਤੀ ਮੌਸਮ 'ਚ ਅੱਖਾਂ ਦੀਆਂ ਬੀਮਾਰੀਆਂ ਤੋਂ ਸੁਚੇਤ ਰਹਿਣ ਤੇ ਸਾਫ਼ ਸਫਾਈ ਦਾ ਵਿਸ਼ੇਸ਼ ਧਿਆਨ ਰੱਖਣ ਦੀ ਲੋੜ ਹੈ।ਇਹ ਪ੍ਰਗਟਾਵਾ ਫਿਰੋਜ਼ਪੁਰ ਦੇ ਸਿਵਲ ਸਰਜਨ ਡਾ. ਰਜਿੰਦਰਪਾਲ ਨੇ ਜ਼ਿਲ੍ਹਾ ਨਿਵਾਸੀਆਂ ਦੇ ਨਾਮ ਇੱਕ ਹੈਲਥ ਐਡਵਾਈਜ਼ਰੀ ਜਾਰੀ ਕਰਨ ਮੌਕੇ ਕੀਤਾ। ਜ਼ਿਲ੍ਹੇ ਅੰਦਰ ਕੌਮੀ ਅੰਨ੍ਹਾਪਣ ਰੋਕੂ ਪ੍ਰੋਗਰਾਮ ਦੇ ਜ਼ਿਲ੍ਹਾ ਪ੍ਰੋਗਰਾਮ ਅਧਿਕਾਰੀ ਡਾ. ਸੁਸ਼ਮਾ ਠੱਕਰ ਨੇ ਕਿਹਾ ਕਿ ਸਰਕਾਰ ਵੱਲੋਂ ਪ੍ਰਾਪਤ ਹਦਾਇਤਾਂ ਦੀ ਰੌਸ਼ਨੀ ਵਿੱਚ ਜ਼ਿਲ੍ਹਾ ਨਿਵਾਸੀਆਂ ਨੂੰ ਅਜੋਕੇ ਮੌਸਮ ਵਿੱਚ ਅੱਖਾਂ ਦੇ ਰੋਗਾਂ ਤੋਂ ਬਚਾਅ ਲਈ ਤੇ ਅੱਖਾਂ ਦੀ ਉਚਿਤ ਸਿਹਤ ਸੰਭਾਲ ਲਈ ਇਹ ਹੈਲਥ ਐਡਵਾਈਜ਼ਰੀ ਜਾਰੀ ਕੀਤੀ ਜਾ ਰਹੀ ਹੈ।ਜ਼ਿਲ੍ਹਾ ਹਸਪਤਾਲ ਫਿਰੋਜ਼ਪੁਰ ਵਿਖੇ ਨੇਤਰ ਰੋਗ ਮਾਹਰ ਡਾ. ਦੀਕਸ਼ਿਤ ਸਿੰਗਲਾ ਨੇ ਕਿਹਾ ਕਿ ਬਰਸਾਤੀ ਮੌਸਮ ਵਿੱਚ ਤੇਜ਼ੀ ਨਾਲ ਫੈਲਣ ਵਾਲੇ ਕੰਜਕਟਿਵਾਈਟਿਸ/ਆਈ ਫਲੂ ਤੋਂ ਚੌਕਸ ਰਹਿਣ ਦੀ ਲੋੜ ਹੈ।ਇਸ ਰੋਗ ਦੇ ਲੱਛਣਾਂ ਬਾਰੇ ਚਰਚਾ ਕਰਦਿਆਂ ਉਨ੍ਹਾ ਕਿਹਾ ਕਿ ਇਸ ਵਿੱਚ ਅੱਖਾਂ ਦਾ ਸੁਜਣਾ, ਲਾਲੀ ਅੱਖਾਂ ਵਿੱਚ ਰੜਕ ਪੈਣੀ ਮੁੱਖ ਲੱਛਣ ਹਨ।ਅੱਖਾਂ ਵਿੱਚ ਵਧੇਰੇ ਗਿੱਡ ਆ ਸਕਦੀ ਹੈ ਤੇ ਬੱਚਿਆਂ ਵਿੱਚ ਬੁਖਾਰ ਵੀ ਹੋ ਸਕਦਾ ਹੈ।ਆਈ ਫਲੂ ਤੋਂ ਬਚਾਅ ਤੇ ਇਸ ਰੋਗ ਵਿੱਚ ਵਰਤੀਆਂ ਜਾਣ ਵਾਲੀਆਂ ਸਾਵਧਾਨੀਆਂ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾ ਕਿਹਾ ਕਿ ਇਹ ਰੋਗ ਪੀੜਤ ਵਿਅਕਤੀ ਦੀਆਂ ਅੱਖਾਂ ਵੱਲ ਦੇਖਣ ਨਾਲ ਨਹੀਂ ਫੈਲਦਾ, ਸਗੋਂ ਪੀੜਤ ਵਿਅਕਤੀ ਨਾਲ ਤੌਲੀਆ, ਮੇਕਅਪ ਆਦਿ ਵਸਤਾਂ ਸਾਂਝੀਆਂ ਕਰਨ ਨਾਲ ਫੈਲ ਸਕਦਾ ਹੈ।ਉਨ੍ਹਾ ਕਿਹਾ ਕਿ ਇਸ ਰੋਗ ਤੋਂ ਬਚਾਅ ਲਈ ਹੱਥਾਂ ਨੂੰ ਸਾਬਣ ਪਾਣੀ ਨਾਲ ਚੰਗੀ ਤਰਾਂ ਸਾਫ ਕੀਤਾ ਜਾਵੇ, ਪੀੜਤ ਵਿਅਕਤੀ ਸਵਿਮਿੰਗ ਨਾ ਕਰੇ, ਅੱਖਾਂ ਨੂੰ ਦਿਨ ਵਿੱਚ ਦੋ-ਤਿੰਨ ਵਾਰ ਸਾਫ ਪਾਣੀ ਨਾਲ ਸਾਫ ਕੀਤਾ ਜਾਵੇ ਤੇ ਗਹਿਰੇ ਰੰਗ ਦੇ ਧੁੱਪ ਵਾਲੇ ਚਸ਼ਮੇ ਦਾ ਇਸਤੇਮਾਲ ਕਰਨ ਤੋਂ ਇਲਾਵਾ ਆਪਣੇ ਆਲੇ ਦੁਆਲੇ ਤੇ ਨਿੱਜੀ ਸਫਾਈ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ।ਉਨ੍ਹਾ ਕਿਹਾ ਕਿ ਇਹ ਬਹੁਤ ਹੀ ਮਹੱਤਵਪੂਰਨ ਹੈ ਕਿ ਬਿਨਾਂ ਡਾਕਟਰੀ ਸਲਾਹ ਤੋਂ ਅੱਖਾਂ ਲਈ ਕਿਸੇ ਵੀ ਦਵਾਈ ਦੀ ਵਰਤੋਂ ਨਾ ਕੀਤੀ ਜਾਵੇ।

■ ਸਿਹਤ ਵਿਭਾਗ ਵੱਲੋਂ ਆਈ ਫਲੂ ਸਬੰਧੀ ਐਡਵਾਈਜ਼ਰੀ ਜਾਰੀ

## ਈਸਰਹੇਲ 'ਚ ਉਤਸ਼ਾਹ ਨਾਲ ਮਨਾਈਆਂ ਤੀਆਂ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਨੂੰ ਰੰਗਲਾ ਬਣਾਉਣ ਲਈ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਤਹਿਤ ਡਿਪਟੀ ਕਮਿਸ਼ਨਰ ਫ਼ਤਹਿਗੜ੍ਹ ਸਾਹਿਬ ਪ੍ਰਨੀਤ ਕੌਰ ਸ਼ੇਰਗਿੱਲ ਵੱਲੋਂ ਜ਼ਿਲ੍ਹੇ ਭਰ 'ਚ ਤੀਆਂ ਦੇ ਸਮਾਗਮ ਕਰਵਾਉਣ ਦਾ ਸੱਦਾ ਦਿੰਦਿਆਂ ਵਧੀਆ ਪ੍ਰੋਗਰਾਮ ਕਰਵਾਉਣ ਵਾਲੇ ਪਿੰਡ ਨੂੰ ਇੱਕ ਲੱਖ ਰੁਪਏ ਦਾ ਇਨਾਮ ਦੇਣ ਦਾ ਐਲਾਨ ਕੀਤਾ ਗਿਆ ਹੈ, ਜਿਸ ਤੋਂ ਉਤਸ਼ਾਹਤ ਹੋ ਕੇ ਵੱਖ-ਵੱਖ ਪਿੰਡਾਂ 'ਚ ਤੀਆਂ ਇਸ ਵਾਰ ਪਹਿਲਾਂ ਨਾਲੋਂ ਵੀ ਵੱਧ ਉਤਸ਼ਾਹ ਨਾਲ ਮਨਾਈਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਪਿੰਡ ਈਸਰਹੇਲ ਵਿਖੇ ਤੀਆਂ ਦਾ ਤਿਉਹਾਰ ਪੂਰੀ ਧੂਮਧਾਮ ਨਾਲ ਮਨਾਇਆ ਗਿਆ। ਸਟੇਟ ਐਵਾਰਡੀ ਅਧਿਆਪਕ ਨੌਰੰਗ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਈਸਰਹੇਲ ਵਿਖੇ ਤੀਆਂ ਮੌਕੇ ਕਰਵਾਏ ਗਏ ਮੁਕਾਬਲਿਆਂ 'ਚ ਔਰਤਾਂ, ਮੁਟਿਆਰਾਂ ਤੇ ਬੱਚਿਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ, ਜਿਨ੍ਹਾਂ 'ਚ ਸਵਰਨਜੀਤ ਕੌਰ ਤੇ ਦਵਿੰਦਰ ਕੌਰ ਨੇ ਇਨਾਮ ਜਿੱਤੇ। ਉਨ੍ਹਾਂ ਦੱਸਿਆ ਕਿ ਇਸ ਮੌਕੇ ਮੁਟਿਆਰਾਂ ਨੇ ਚਰਖੇ ਕੱਤੇ, ਮਧਾਣੀਆਂ ਰਿੜਕੀਆਂ, ਬੋਲੀਆਂ ਪਾਈਆਂ ਤੇ ਪੀਂਘਾਂ ਵੀ ਝੂਟੀਆਂ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਪ੍ਰੀਤ ਕੌਰ, ਧਰਮਜੀਤ ਕੌਰ ਪੰਚ, ਰਾਜਵਿੰਦਰ ਕੌਰ, ਬਲਜੀਤ ਕੌਰ, ਸਿਮਰਜੀਤ ਕੌਰ, ਰਾਜਵੀਰ ਕੌਰ, ਮਨਜੀਤ ਕੌਰ, ਕਿਰਨਜੀਤ ਕੌਰ, ਗੁਰਦੀਸ਼ ਕੌਰ, ਰਣਜੀਤ ਕੌਰ, ਮਨਦੀਪ ਕੌਰ ਤੇ ਸੁਖਵੀਰ ਕੌਰ ਵੀ ਹਾਜ਼ਰ ਸਨ।

## ਬਾਪੂ ਜਗਤਾਰ ਸਿੰਘ ਵੜੈਚ ਨੂੰ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾ ਦੇ ਫੁੱਲ ਭੇਟ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਜਥੇਦਾਰ ਬਗੀਚਾ ਸਿੰਘ ਵੜੈਚ ਦੇ ਪਿਤਾ ਜਗਤਾਰ ਸਿੰਘ ਵੜੈਚ ਦਾ ਸ਼ਰਧਾਂਜਲੀ ਸਮਾਗਮ ਪਿੰਡ ਰੱਤਾ ਖੇੜਾ ਲੁਕਮਾਨ ਵਿਖੇ ਹੋਇਆ, ਜਿੱਥੇ ਉਨ੍ਹਾਂ ਨੂੰ ਵੱਖ-ਵੱਖ ਰਾਜਨੀਤਕ, ਸਮਾਜਿਕ, ਧਾਰਮਿਕ ਪਾਰਟੀਆਂ ਦੇ ਆਗੂਆਂ ਵੱਲੋਂ ਸ਼ਰਧਾ ਦੇ ਫੁੱਲ ਭੇਟ ਕੀਤੇ। ਜਥੇਦਾਰ ਜਗਤਾਰ ਸਿੰਘ ਹਵਾਰਾ ਦੇ ਪਿਤਾ ਗੁਰਚਰਨ ਸਿੰਘ ਨੇ ਬਾਪੂ ਜਗਤਾਰ ਸਿੰਘ ਵੜੈਚ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਉਨ੍ਹਾਂ ਦੇ ਜੀਵਨ 'ਤੇ ਵਿਸਥਾਰ ਪੂਰਵਕ ਚਾਨਣਾ ਪਾਉਂਦਿਆਂ ਕਿਹਾ ਕਿ ਉਹ ਅੰਮ੍ਰਿਤਧਾਰੀ ਗੁਰਸਿੱਖ ਸਨ, ਜੋ ਨਿਹੰਗ ਸਿੰਘਾਂ ਵਾਲਾ ਬਾਣਾ ਪਾਉਂਦੇ ਸਨ, ਹਰ ਰੋਜ਼ ਸਵੇਰੇ ਨਿਤਨੇਮ ਕਰਕੇ ਆਪਣੇ ਕੰਮ ਕਾਜ ਜਾਂਦੇ ਸਨ ਤੇ ਰਾਤ ਨੂੰ ਰਹਿਰਾਸ ਸਾਹਿਬ ਦਾ ਪਾਠ ਕਰਕੇ ਸੌਂਦੇ ਸਨ। ਉਹ ਗੱਤਕੇ ਦੇ ਬਹੁਤ ਵੱਡੇ ਖਿਡਾਰੀ ਸਨ ਅਤੇ ਬੱਚਿਆਂ ਨੂੰ ਮੁਫ਼ਤ ਵਿੱਚ ਗੱਤਕਾ ਸਿਖਾਉਂਦੇ ਸਨ। ਉਹ ਗਰੀਬ ਲੋਕਾਂ ਦੀ ਮਦਦ ਕਰਦੇ ਰਹਿੰਦੇ ਸਨ। ਇਸ ਮੌਕੇ ਗੁਰਚਰਨ ਸਿੰਘ ਨੇ ਆਪਣੇ ਪੁੱਤਰ ਜਗਤਾਰ ਸਿੰਘ ਹਵਾਰਾ ਦਾ ਸੰਦੇਸ਼ ਪੜ੍ਹ ਕੇ ਵੀ ਸੁਣਾਇਆ ਕਿ ਜੋ ਸਿੱਖ ਕੈਦੀ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ, ਉਨ੍ਹਾਂ ਨੂੰ ਰਿਹਾਅ ਕਰਾਉਣ ਲਈ ਮੁਹਾਲੀ ਵਿਖੇ ਲੱਗੇ ਧਰਨੇ ਵਿੱਚ ਵਧ-ਚੜ੍ਹ ਕੇ ਭਾਗ ਲੈਣ। ਉਨ੍ਹਾਂ ਕਿਹਾ ਇਹ ਧਰਨਾ ਲਗਾਤਾਰ ਜਾਰੀ ਰਹੇਗਾ, ਜਦੋਂ ਤੱਕ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਿੱਖ ਨੌਜਵਾਨ ਰਿਹਾਅ ਨਹੀਂ ਹੋ ਜਾਂਦੇ। ਇਸ ਮੌਕੇ ਸਾਬਕਾ ਮੰਤਰੀ ਹਰਿਆਣਾ ਸਟੇਟ ਚੌਧਰੀ ਦਿਲੂ ਰਾਮ, ਕਿਸਾਨ ਯੂਨੀਅਨ ਉਗਰਾਹਾ ਹਰਿਆਣਾ ਸਟੇਟ ਦੇ ਪ੍ਰਧਾਨ ਕੰਵਲਜੀਤ ਸਿੰਘ ਚੀਕਾ, ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਬਲਾਕ ਸਮਾਣਾ ਦੇ ਪ੍ਰਧਾਨ ਗੁਰਨਾਮ ਸਿੰਘ ਢੈਂਠਲ, ਸੀਨੀਅਰ ਮੀਤ ਪ੍ਰਧਾਨ ਯਾਦਵਿੰਦਰ ਸਿੰਘ ਕੂਕਾ, ਪ੍ਰੈਸ ਸਕੱਤਰ ਸੁਖਜਿੰਦਰ ਸਿੰਘ ਕੁਲਾਰਾਂ, ਹਰਿਆਣਾ ਕਮੇਟੀ ਦੇ ਪ੍ਰਧਾਨ ਮਹੰਤ ਮਹਿੰਦਰ ਸਿੰਘ, ਗੰਥੀ ਸਭਾ ਹਰਿਆਣਾ ਦੇ ਮੁੱਖ ਸੇਵਾਦਾਰ ਮਾਨ ਸਿੰਘ, ਕਾਂਗਰਸੀ ਆਗੂ ਹਰੀਦਰਪਾਲ ਸਿੰਘ ਹੈਰੀ ਮਾਨ, ਜੋਗਿੰਦਰ ਸਿੰਘ ਕਾਕੜਾ , ਅਕਾਲੀ ਦਲ ਅੰਮ੍ਰਿਤਸਰ ਦੇ ਸਹਿਰੀ ਪ੍ਰਧਾਨ ਸਤਨਾਮ ਸਿੰਘ, ਸਰਬਜੀਤ ਸਿੰਘ ਘੜਾਮ, ਦਲਜੀਤ ਸਿੰਘ ਰਿੰਪਲ, ਕੁਲਦੀਪ ਸਿੰਘ ਢੈਂਠਲ, ਸ਼੍ਰੋਮਣੀ ਕਮੇਟੀ ਫ਼ਤਿਹਗੜ੍ਹ ਸਾਹਿਬ ਦੇ ਕਥਾਵਾਚਕ ਅਜਮੇਰ ਸਿੰਘ, ਹਰਿਆਣਾ ਸਟੇਟ ਦੇ ਆਮ ਆਦਮੀ ਪਾਰਟੀ ਦੇ ਪ੍ਰਧਾਨ ਨਿਰੰਜਣ ਗੁਜਰ, ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਮਰਿੰਦਰ ਸਿੰਘ ਨਾਗਲ, ਨਰਿੰਦਰ ਸਿੰਘ ਪੰਜਰਥ, ਪ੍ਰੀਤਮ ਸਿੰਘ ਨਾਗੀ ਪੱਤਰਕਾਰ, ਇਕਬਾਲ ਸਿੰਘ ਬੱਲ ਪੱਤਰਕਾਰ, ਬੱਬਰ ਖਾਲਸਾ ਜਰਮਨੀ ਵਲੋਂ ਸ਼ੋਕ ਸੰਦੇਸ਼, ਜਗਤਾਰ ਸਿੰਘ ਸੰਧੂ ਸਾਬਕਾ ਐਮ ਸੀ, ਪਰਮਜੀਤ ਸਿੰਘ ਬੱਬੂ ਐਮ ਸੀ, ਗੁਪਤਾ ਸਟੂਡੀਓ ਸਮਾਣਾ, ਸਤਪਾਲ ਸ਼ਰਮਾ ਸਮਾਣਾ, ਰਜਿੰਦਰ ਸਿੰਘ ਸਰਪੰਚ ਫ਼ਤਿਹਗੜ੍ਹ ਛੰਨਾ, ਕੁਲਵੰਤ ਬਾਜ਼ੀਗਰ ਵਿਧਾਇਕ, ਹਰਜੀਤ ਸਿੰਘ ਵਿਰਕ ਪ੍ਰਧਾਨ ਅਕਾਲੀ ਦਲ ਅੰਮ੍ਰਿਤਸਰ ਹਰਿਆਣਾ ਸਟੇਟ ਨੇ ਵੀ ਬਾਪੂ ਜਗਤਾਰ ਸਿੰਘ ਵੜੈਚ ਨੂੰ ਸਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਸੰਚਾਲਨ ਦੀ ਸੇਵਾ ਜਥੇਦਾਰ ਕੁਲਦੀਪ ਸਿੰਘ ਢੈਂਠਲ ਨੇ ਬਾ ਖੂਬ ਤਰੀਕੇ ਨਾਲ ਨਿਭਾਈ।

## 175 ਮਰੀਜ਼ਾਂ ਦੀਆਂ ਅੱਖਾਂ ਦਾ ਚੈੱਕਅੱਪ ਕੀਤਾ



**ਜਗਰਾਓਂ (ਅਮਿਤ ਖੰਨਾ)**

ਸਵ. ਸੂਰਜ ਪ੍ਰਕਾਸ਼ ਢਾਂਡਾ ਦੀ ਯਾਦ ਵਿੱਚ ਉਨ੍ਹਾਂ ਦੇ ਸਪੁੱਤਰ ਆਸ਼ੂ ਢਾਂਡਾ ਕੈਨੇਡਾ ਵਾਲਿਆਂ ਦੇ ਸਹਿਯੋਗ ਨਾਲ ਲੋਕ ਸੇਵਾ ਸੁਸਾਇਟੀ (ਰਜਿ:) ਵੱਲੋਂ 40ਵਾਂ ਅੱਖਾਂ ਦੇ ਚਿੱਟੇ ਮੋਤੀਏ ਦਾ ਮੁਫ਼ਤ ਚੈੱਕਅਪ ਤੇ ਅਪ੍ਰੇਸ਼ਨ ਕੈਂਪ ਲਾਇਆ ਗਿਆ। ਐੱਲ ਆਰ ਡੀ ਏ ਵੀ ਕਾਲਜ ਵਿਖੇ ਸੁਸਾਇਟੀ ਚੇਅਰਮੈਨ ਗੁਲਸ਼ਨ ਅਰੋੜਾ, ਪ੍ਰਧਾਨ ਕੰਵਲ ਕੱਕੜ, ਸਰਪ੍ਰਸਤ ਰਾਜਿੰਦਰ ਜੈਨ, ਸੈਕਟਰੀ ਕੁਲਭੂਸ਼ਨ ਗੁਪਤਾ ਤੇ ਕੈਸ਼ੀਅਰ ਸੁਨੀਲ ਬਜਾਜ ਦੀ ਅਗਵਾਈ ਹੇਠ ਲਾਏ ਕੈਂਪ ਵਿਚ ਸ਼ੰਕਰਾ ਆਈ ਹਸਪਤਾਲ ਦੇ ਡਾਕਟਰ ਰਮਿੰਦਰ ਕੌਰ ਰਟੀਨਾ ਸਪੈਸ਼ਲਲਿਸ਼ਟ ਦੀ ਟੀਮ ਨੇ ਰਟੀਨਾ 175 ਮਰੀਜ਼ਾਂ ਦੀਆਂ ਅੱਖਾਂ ਦਾ ਚੈੱਕਅਪ ਕੀਤਾ, ਜਿਸ 'ਚੋਂ 32 ਮਰੀਜ਼ ਅਪ੍ਰੇਸ਼ਨ ਲਈ ਚੁਣੇ ਗਏ। ਕੈਂਪ ਦਾ ਉਦਘਾਟਨ ਆਸ਼ੂ ਢਾਂਡਾ ਤੇ ਅਨਿਲ ਢਾਂਡਾ ਨੇ ਕਰਦਿਆਂ ਜਿੱਥੇ ਸੁਸਾਇਟੀ ਵੱਲੋਂ ਕੀਤੇ ਜਾ ਰਹੇ ਕੰਮਾਂ ਦੀ ਸ਼ਲਾਘਾ ਕੀਤੀ, ਉੱਥੇ ਸੁਸਾਇਟੀ ਨੂੰ ਸਮਾਜ ਸੇਵਾ ਕੰਮਾਂ ਲਈ ਸਹਿਯੋਗ ਦੇਣ ਦਾ ਭਰੋਸਾ ਵੀ ਦਿੱਤਾ। ਇਸ ਮੌਕੇ ਸੁਸਾਇਟੀ ਚੇਅਰਮੈਨ ਗੁਲਸ਼ਨ ਅਰੋੜਾ ਤੇ ਪ੍ਰਧਾਨ ਕੰਵਲ ਕੱਕੜ ਨੇ ਦੱਸਿਆ ਕਿ ਸੁਸਾਇਟੀ ਵੱਲੋਂ ਹਰੇਕ ਮਹੀਨੇ ਦੇ ਅਖੀਰਲੇ ਐਤਵਾਰ ਡੀ ਏ ਵੀ ਕਾਲਜ ਜਗਰਾਓਂ ਵਿਖੇ ਅੱਖਾਂ ਦਾ ਮੁਫ਼ਤ ਚੈੱਕਅਪ ਤੇ ਅਪਰੇਸ਼ਨ ਕੈਂਪ ਲਾਇਆ ਜਾਂਦਾ ਹੈ, ਜਿਸ ਵਿੱਚ ਸਿਰਫ਼ ਚਿੱਟੇ ਮੋਤੀਏ ਵਾਲੇ ਮਰੀਜ਼ਾਂ ਦਾ ਹੀ ਚੈੱਕਅਪ ਕੀਤਾ ਜਾਂਦਾ ਹੈ ਤੇ ਅਪ੍ਰੇਸ਼ਨ ਲਈ ਚੁਣੇ ਗਏ ਮਰੀਜ਼ ਉਸੇ ਦਿਨ ਹੀ ਹਸਪਤਾਲ ਭੇਜ ਦਿੱਤੇ ਜਾਂਦੇ ਹਨ। ਇਸ ਮੌਕੇ ਪ੍ਰੋਜੈਕਟ ਕੈਸ਼ੀਅਰ ਰਾਜੀਵ ਗੁਪਤਾ, ਪ੍ਰੋਜੈਕਟ ਚੇਅਰਮੈਨ ਪ੍ਰਿੰਸੀਪਲ ਚਰਨਜੀਤ ਸਿੰਘ ਭੰਡਾਰੀ, ਰਾਜਿੰਦਰ ਜੈਨ ਕਾਕਾ, ਸੀਨੀਅਰ ਵਾਈਸ ਪ੍ਰਧਾਨ ਮਨੋਹਰ ਸਿੰਘ ਟੱਕਰ, ਆਰ ਕੇ ਗੋਇਲ, ਮੁਕੇਸ਼ ਗੁਪਤਾ, ਅਨਿਲ ਮਲਹੋਤਰਾ, ਗੋਪਾਲ ਗੁਪਤਾ, ਮਨੋਜ ਗਰਗ, ਜਸਵੰਤ ਸਿੰਘ, ਪ੍ਰੇਮ ਬਾਂਸਲ, ਡਾ. ਭਰਤ ਭੂਸ਼ਣ ਬਾਂਸਲ, ਨੀਰਜ ਮਿੱਤਲ ਆਦਿ ਹਾਜ਼ਰ ਸਨ।

## ਮਾਡਰਨ ਕਾਲਜ 'ਚ ਸ਼ਹੀਦੀ ਦਿਹਾੜੇ ਨੂੰ ਸਮਰਪਤ ਸਮਾਗਮ



**ਚੀਮਾ ਮੰਡੀ (ਰਵਿੰਦਰ ਚੀਮਾ)**-ਦੇਸ਼ ਮਹਾਨ ਸ਼ਹੀਦ ਸ੍ਰ. ਉਧਮ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਸਮਾਗਮ ਮਾਡਰਨ ਕਾਲਜ ਆਫ ਐਜੂਕੇਸ਼ਨ ਬੀਰ ਕਲਾਂ ਵਿਖੇ ਕਾਲਜ ਦੇ ਚੇਅਰਮੈਨ ਡਾਕਟਰ ਰਵਿੰਦਰ ਬਾਂਸਲ ਤੇ ਪ੍ਰਿੰਸੀਪਲ ਡਾਕਟਰ ਵੀ ਕੇ ਰਾਏ ਦੀ ਅਗਵਾਈ ਵਿੱਚ ਕਰਵਾਇਆ ਗਿਆ, ਜਿਸ ਵਿੱਚ ਕਾਲਜ ਦੇ ਸਾਰੇ ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਮੌਕੇ ਕਾਲਜ ਦੇ ਚੇਅਰਮੈਨ ਡਾਕਟਰ ਰਵਿੰਦਰ ਬਾਂਸਲ ਨੇ ਕਿਹਾ ਕਿ ਸ਼ਹੀਦ ਹਰ ਕੌਮ ਦਾ ਸਰਮਾਇਆ ਹੁੰਦੇ ਹਨ। ਸਾਨੂੰ ਉਨ੍ਹਾਂ ਦੀ ਸ਼ਹਾਦਤ ਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਵੀ ਕੇ ਰਾਏ ਨੇ ਸ਼ਹੀਦ ਉਧਮ ਸਿੰਘ ਦੇ ਜੀਵਨ ਤੇ ਸ਼ਹਾਦਤ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਇਸ ਮੌਕੇ ਵਿਦਿਆਰਥੀਆਂ ਦੇ ਸ਼ਹੀਦ ਉਧਮ ਸਿੰਘ ਨਾਲ ਸਬੰਧਤ ਚਾਰਟ ਬਣਾਉਣ ਦੇ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਪ੍ਰੀਆ ਪਹਿਲੇ ਤੇ ਸੀਮਾ ਅਤੇ ਪ੍ਰਭਜੋਤ ਦੂਸਰੇ ਸਥਾਨ 'ਤੇ ਰਹੇ। ਸਮਾਗਮ ਦੇ ਅੰਤ ਵਿੱਚ ਪ੍ਰੋਫੈਸਰ ਡਾਕਟਰ ਨਵਜੋਤ ਕੌਰ ਨੇ ਕਿਹਾ ਕਿ ਅਸੀਂ ਸਾਰੇ ਸ਼ਹੀਦਾਂ ਦੀ ਇਸ ਸ਼ਹਾਦਤ ਕਰਕੇ ਹੀ ਆਜ਼ਾਦੀ ਦਾ ਨਿੱਘ ਮਾਣ ਰਹੇ ਸਾਨੂੰ ਸਾਡੀ ਕੌਮ ਦੇ ਮਹਾਨ ਸ਼ਹੀਦਾਂ ਨੂੰ ਸਦਾ ਯਾਦ ਰੱਖਣਾ ਚਾਹੀਦਾ ਹੈ। ਇਸ ਮੌਕੇ ਕਾਲਜ ਦਾ ਸਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

1-August-PAGE-8.qxd 7/31/2023 10:57 PM Page 1



# ਪੇਂਡੂ ਮਜ਼ਦੂਰ ਯੂਨੀਅਨ ਵੱਲੋਂ ਧਰਨਾ ਅੱਜ



**ਕਰਤਾਰਪੁਰ (ਹਰਮੇਸ਼ ਦੱਤ)**- ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਵੱਲੋਂ ਇਸਤਰੀ ਜਾਗ੍ਰਿਤੀ ਮੰਚ ਦੇ ਸ਼ਹਿਰ ਨਾਲ ਥਾਣਾ ਕਰਤਾਰਪੁਰ ਅਧੀਨ ਪੈਂਦੇ ਇੱਕ ਪਿੰਡ ਦੀ ਵਸਨੀਕ ਨੌਜਵਾਨ ਲੜਕੀ ਦਾ ਜਬਰੀ ਰਸਤਾ ਰੋਕ ਕੇ ਉਸ ਦੀ ਬਾਂਹ ਫੜ ਕੇ ਉਸ ਨੂੰ ਉਸ ਨਾਲ ਸਰੀਰਕ ਸੰਬੰਧ ਬਣਾਉਣ ਲਈ ਮਜਬੂਰ ਕਰਨ, ਲੜਕੀ ਦੇ ਘਰ ਜਬਰੀ ਦਾਖਲ ਹੋ ਕੇ ਕੁੱਟਮਾਰ ਕਰਨ ਅਤੇ ਉਸ ਦੇ ਭਤੀਜੇ ਵਗੈਰਾ ਵੱਲੋਂ ਜਾਤੀ ਨੀਵਾਂ ਵਿਖਾਉਣ ਖਾਤਰ ਲੜਕੀ ਦੇ ਪਰਵਾਰਕ ਮੈਂਬਰਾਂ ਨੂੰ ਧਮਕਾਉਣ ਸੰਬੰਧੀ ਐੱਸ ਸੀ, ਐੱਸ ਟੀ ਐਕਟ ਅਤੇ ਬਣਦੀਆਂ ਹੋਰਨਾਂ ਧਾਰਾਵਾਂ ਤਹਿਤ ਸਖਤ ਕਾਰਵਾਈ ਕਰਨ ਅਤੇ ਸੱਤਾਧਾਰੀ ਧਿਰ ਨਾਲ ਮਿਲੀਭੁਗਤ ਕਰਕੇ ਸਿਵਲ ਹਸਪਤਾਲ ਕਰਤਾਰਪੁਰ ਦੇ ਇੱਕ ਡਾਕਟਰ ਵੱਲੋਂ ਝੂਠੀ ਐੱਮ ਐੱਲ ਆਰ ਕੱਟਣ ਸੰਬੰਧੀ 1 ਅਗਸਤ ਨੂੰ ਥਾਣਾ ਕਰਤਾਰਪੁਰ ਅੱਗੇ ਧਰਨਾ ਪ੍ਰਦਰਸ਼ਨ ਕੀਤਾ ਜਾਵੇਗਾ। ਇਹ ਫੈਸਲਾ ਤਹਿਸੀਲ ਕਮੇਟੀ ਦੀ ਯੂਨੀਅਨ ਆਗੂ ਬਲਵਿੰਦਰ ਕੌਰ ਦਿਆਲਪੁਰ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਕੀਤਾ ਗਿਆ ਅਤੇ ਯੂਨੀਅਨ ਵੱਲੋਂ ਮੰਗਾਂ ਸੰਬੰਧੀ ਉੱਪ ਪੁਲਿਸ ਕਪਤਾਨ ਕਰਤਾਰਪੁਰ ਦੀ ਗੈਰ ਮੌਜੂਦਗੀ ਵਿੱਚ ਉਨ੍ਹਾਂ ਦੇ ਨਾਂ ਰੀਡਰ ਨੂੰ ਮੰਗ ਪੱਤਰ ਵੀ ਦਿੱਤਾ ਗਿਆ। ਯੂਨੀਅਨ ਦੇ ਸੂਬਾ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਧਰਨੇ ਦੀ ਤਿਆਰੀ ਲਈ ਜਿੱਥੇ ਪਿੰਡਾਂ ਵਿੱਚ ਰੈਲੀਆਂ ਮੀਟਿੰਗਾਂ ਕੀਤੀਆਂ ਜਾਣਗੀਆਂ, ਉੱਥੇ ਝਾੜੂ ਪਾਰਟੀ ਦੀਆਂ ਵਧੀਕੀਆਂ ਨੂੰ ਲੋਕਾਂ ਦੀ ਕਚਹਿਰੀ ਵਿੱਚ ਰੱਖਿਆ ਜਾਵੇਗਾ। ਪੀੜਤ ਲੜਕੀ ਦੇ ਪਰਵਾਰ ਵੱਲੋਂ ਸੂਚਨਾ ਅਨੁਸਾਰ ਗੁਰਨਾਮ ਸਿੰਘ ਆਪਣੇ ਭਰਾ ਸਤਨਾਮ ਉਰਫ ਸੱਤਾ ਪਿੰਡ ਬੂਲੇ ਹਥਿਆਰਾਂ ਸਮੇਤ ਆਪਣੀਆਂ ਗੱਡੀਆਂ ਵਿੱਚ ਸਵਾਰ ਹੋ ਕੇ 5:30 ਸ਼ਾਮ ਨੂੰ 16 ਜੁਲਾਈ ਨੂੰ ਇੱਕ ਸਲਾਹ ਹੋ ਕੇ ਪਿੰਡ ਮੁਰੀਦਪੁਰ ਵਿਖੇ ਗਏ ਅਤੇ ਲੜਕੀ ਦੇ ਜੀਜੇ ਨੂੰ ਜਾਨ ਤੋਂ ਮਾਰਨ ਦੀ ਕੋਸ਼ਿਸ਼ ਕੀਤੀ ਅਤੇ ਗਾਲੀ ਗਲੋਚ ਕਰਦੇ ਹੋਏ ਪੀੜਤ ਲੜਕੀ ਅਤੇ ਉਸ ਦੀਆਂ ਭਰਜਾਈਆਂ ਅਤੇ ਮਾਂ ਦੀ ਕੁੱਟਮਾਰ ਕੀਤੀ। ਉਨ੍ਹਾਂ ਕਿਹਾ ਕਿ ਰਣਜੀਤਪ੍ਰਤਾਪ ਸਿੰਘ ਕਾਫੀ ਜ਼ਮੀਨ ਦਾ ਮਾਲਕ ਹੈ। ਉਸ ਵੱਲੋਂ ਆਪਣੇ ਭਤੀਜੇ ਨੂੰ ਨਾਲ ਲੈ ਕੇ ਦਸਤੀ ਹਥਿਆਰਾਂ ਸਮੇਤ ਪੀੜਤ ਲੜਕੀ ਦੇ ਰਿਸ਼ਤੇਦਾਰਾਂ ਨੂੰ ਉਨ੍ਹਾਂ ਨੂੰ ਮੁਰੀਦਪੁਰ ਜਾ ਕੇ ਜਨਤਕ ਸਥਾਨ 'ਤੇ ਉਨ੍ਹਾਂ ਨੂੰ ਜਾਤੀ ਨੀਵਾਂ ਵਿਖਾਉਣ ਖਾਤਰ ਜਾਨ ਤੋਂ ਮਾਰਨ ਤੇ ਝੂਠੇ ਕੇਸਾਂ ਵਿੱਚ ਫਸਾਉਣ ਦੀਆਂ ਧਮਕੀਆਂ ਦਿੱਤੀਆਂ ਗਈਆਂ। ਕਰਤਾਰਪੁਰ ਪੁਲਸ ਸੱਤਾਧਾਰੀ ਧਿਰ ਦੇ ਦਬਾਅ ਹੇਠ ਹੋਣ ਕਰਕੇ ਪੀੜਤ ਵੱਲੋਂ 17 ਜੁਲਾਈ ਦੀ ਦਿੱਤੀ ਗਈ ਲਿਖਤੀ ਦਰਖਾਸਤ ਦੇ ਬਾਵਜੂਦ ਅੱਜ ਤੱਕ ਅਮਲ ਵਿੱਚ ਕੋਈ ਵੀ ਕਾਰਵਾਈ ਨਹੀਂ ਕਰ ਰਹੀ। ਯੂਨੀਅਨ ਆਗੂ ਨੇ ਕਿਹਾ ਕਿ ਸੱਤਾਧਾਰੀ ਆਗੂਆਂ ਦੇ ਦਬਾਅ ਹੇਠ ਪੀੜਤ ਲੜਕੀ ਦੇ ਜਾਂ ਉਸ ਦੇ ਪਰਵਾਰ ਨੂੰ ਕਿਸੇ ਝੂਠੇ ਕੇਸ ਵਿੱਚ ਉਲਝਾਉਣ ਦੀ ਕੋਸ਼ਿਸ਼ ਕੀਤੀ ਅਤੇ ਪੀੜਤ ਲੜਕੀ ਤੇ ਪਰਵਾਰ ਨੂੰ ਇਨਸਾਫ ਨਾ ਦਿੱਤਾ ਤਾਂ ਇਸ ਖਿਲਾਫ ਸੰਘਰਸ਼ ਕੀਤਾ ਜਾਵੇਗਾ। ਮੀਟਿੰਗ ਵਿੱਚ ਯੂਨੀਅਨ ਆਗੂ ਸਰਬਜੀਤ ਕੌਰ, ਬਲਬੀਰ ਸਿੰਘ ਧੀਰਪੁਰ, ਕੇ ਐੱਸ ਅਟਵਾਲ, ਪਰਮਜੀਤ ਕੌਰ, ਸੁਖਜਿੰਦਰ ਸਿੰਘ, ਅਮਰੀਕ ਸਿੰਘ ਅਤੇ ਲਵਪ੍ਰੀਤ ਸਿੰਘ ਆਦਿ ਨੇ ਸ਼ਮੂਲੀਅਤ ਕੀਤੀ।

# ਮੁਢਲੀਆਂ ਸਹੂਲਤਾਂ ਦੀ ਪੂਰਤੀ ਲਈ ਧਰਨਾ ਤੀਜੇ ਦਿਨ ਵੀ ਜਾਰੀ

**ਮੋਹਾਲੀ, (ਗੁਰਜੀਤ ਬਿੱਲਾ)**-ਪਾਲ ਸਿੰਘ ਰੱਤੂ ਮੀਤ ਪ੍ਰਧਾਨ ਰੈਜ਼ੀਡੈਂਟਸ ਵੈਲਫੇਅਰ ਸੋਸਾਇਟੀ ਰਜਿ: ਸੈਕਟਰ-114 ਆਂਸਲ ਸੈਕਟਰ-114 ਮੋਹਾਲੀ ਨੇ ਦੱਸਿਆ ਕਿ ਆਂਸਲ ਸੈਕਟਰ-114 ਅੰਦਰ ਮੁਢਲੀਆਂ ਸਹੂਲਤਾਂ ਦੀ ਪੂਰਤੀ ਨਾ ਹੋਣ ਕਾਰਨ ਸੈਕਟਰ ਦੇ ਵਸਨੀਕਾਂ ਦੀ ਰੈਜ਼ੀਡੈਂਟਸ ਵੈਲਫੇਅਰ ਸੋਸਾਇਟੀ ਰਜਿ: ਵੱਲੋਂ 28 ਜੁਲਾਈ ਨੂੰ ਆਂਸਲ-114 ਦੇ ਮੁੱਖ ਗੇਟ 'ਤੇ ਧਰਨੇ ਦਾ ਐਲਾਨ ਕੀਤਾ ਗਿਆ ਸੀ, ਪਰ ਅਫਸੋਸ ਦੀ ਗੱਲ ਹੈ ਕਿ ਕੰਪਨੀ, ਗਮਾਡਾ ਅਤੇ ਸਰਕਾਰ ਵੱਲੋਂ ਕੋਈ ਕਾਰਵਾਈ ਜਾਂ ਰੈਜ਼ੀਡੈਂਟਸ ਵੈਲਫੇਅਰ ਸੋਸਾਇਟੀ ਰਜਿ: ਦੇ ਨੁਮਾਇੰਦਿਆਂ ਨਾਲ ਸਮਝੌਤਾਵਾਦੀ ਗੱਲਬਾਤ ਕਰਨ ਲਈ ਕੋਈ ਕੋਸ਼ਿਸ਼ ਨਹੀਂ ਕੀਤੀ ਗਈ। ਇਨ੍ਹਾਂ ਦੇ ਅੜੀਅਲ ਵਤੀਰੇ ਕਾਰਨ ਰੈਜ਼ੀਡੈਂਟਸ ਵੈਲਫੇਅਰ ਸੋਸਾਇਟੀ,ਰਜਿ: ਨੂੰ ਮਜਬੂਰਨ ਸੈਕਟਰ ਦੇ ਵਸਨੀਕਾਂ ਦੇ ਸਹਿਯੋਗ ਨਾਲ ਅੱਜ 30 ਜੁਲਾਈ ਨੂੰ ਵੀ ਧਰਨਾ ਜਾਰੀ ਰੱਖਣਾ ਪਿਆ। ਇਸ ਧਰਨੇ 'ਚ ਬਲਬੀਰ ਸਿੰਘ ਸਿੱਧੂ ਸਾਬਕਾ ਕੈਬਨਿਟ ਮੰਤਰੀ ਪੰਜਾਬ ਨੇ ਧਰਨੇ ਵਿੱਚ ਹਾਜ਼ਰੀ ਲਗਾ ਕੇ ਸਹਿਯੋਗ ਦਾ ਭਰੋਸਾ ਦਿੱਤਾ। ਪ੍ਰੰਤੂ ਕੰਪਨੀ, ਗਮਾਡਾ ਅਤੇ ਸਰਕਾਰ ਵੱਲੋਂ ਮੌਕੇ 'ਤੇ ਪਹੁੰਚ ਕੇ ਧਰਨਾਕਾਰੀਆਂ ਨੂੰ ਭਰੋਸਾ ਦੇਣ ਦੀ ਕੋਸ਼ਿਸ਼ ਨਹੀਂ ਕੀਤੀ,ਸਗੋਂ ਚੁੱਪੀ ਧਾਰ ਲਈ ਹੈ। ਇਸ ਲਈ ਰੈਜ਼ੀਡੈਂਟਸ ਵੈਲਫੇਅਰ ਸੋਸਾਇਟੀ ਰਜਿ: ਨੇ ਵਸਨੀਕਾਂ ਦੀ ਸਹਿਮਤੀ ਨਾਲ ਫੈਸਲਾ ਲਿਆ ਹੈ ਕਿ ਸਟਾਰ ਫੈਸਲਿਟੀਜ਼ ਮੈਨੇਜਮੈਂਟ ਲਿਮਟਿਡ ਨੂੰ ਮੇਨਟੀਨੈਂਸ ਚਾਰਜਿਜ਼ ਅਦਾ ਨਹੀਂ ਕੀਤੇ ਜਾਣਗੇ । ਇਹ ਵੀ ਫੈਸਲਾ ਲਿਆ ਗਿਆ ਕਿ ਸੈਕਟਰ ਅੰਦਰ ਸਾਰੀਆਂ ਸਮੱਸਿਆਵਾਂ ਦਾ ਹੱਲ ਹੋਣ ਤੱਕ ਸੈਕਟਰ ਦੇ ਮੁੱਖ ਗੇਟ 'ਤੇ ਧਰਨਾ ਨਿਰੰਤਰ ਜਾਰੀ ਰਹੇਗਾ। ਇਸ ਮੌਕੇ ਭੂਪਿੰਦਰ ਸਿੰਘ ਸੈਣੀ ਪ੍ਰਧਾਨ, ਸਰ: ਪਾਲ ਸਿੰਘ ਰੱਤੂ ਮੀਤ ਪ੍ਰਧਾਨ, ਅਚਿਨ ਗਾਬਾ ਜਨਰਲ ਸਕੱਤਰ, ਨਿਹਾਲ ਸਿੰਘ ਸੈਣੀ, ਗੁਰਮੀਤ ਸਿੰਘ ਸੰਯੁਕਤ ਸਕੱਤਰ ਅਤੇ ਹਰਦੀਪ ਸਿੰਘ ਜਥੇਬੰਦਕ ਸਕੱਤਰ ਅਤੇ ਵੱਡੀ ਗਿਣਤੀ ਵਿੱਚ ਸੈਕਟਰ ਦੇ ਵਸਨੀਕ ਹਾਜ਼ਰ ਸਨ।

# ਸੰਯੁਕਤ ਕਿਸਾਨ ਮੋਰਚੇ ਨੇ ਯੂਰੀਆ ਦੀ ਘਾਟ ਨੂੰ ਲੈ ਕੇ ਕੀਤਾ ਨਵਾਂਸ਼ਹਿਰ ਰੋਡ ਜਾਮ



**ਫਿਲੌਰ (ਨਿਰਮਲ)** ਸੰਯੁਕਤ ਕਿਸਾਨ ਮੋਰਚੇ ਦੀਆਂ ਕਿਸਾਨ ਯੂਨੀਅਨਾਂ ਭਾਰਤੀ ਕਿਸਾਨ ਯੂਨੀਅਨ ਕਾਦੀਆਂ, ਭਾਰਤੀ ਕਿਸਾਨ ਯੂਨੀਅਨ ਦੁਆਬਾ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਕਿਰਤੀ ਕਿਸਾਨ ਯੂਨੀਅਨ ਜਮਹੂਰੀ ਕਿਸਾਨ ਸਭਾ ਮਿਲ ਕੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਨਾਂਅ 'ਤੇ ਐਸ.ਡੀ.ਐਮ ਫਿਲੌਰ ਨੂੰ ਮੰਗ ਪੱਤਰ ਦੇਣ ਲਈ ਪਹੁੰਚੇ ਪੰਤੂ ਐਸ ਡੀ ਐਮ ਦਫਤਰ ਵਿਖੇ ਨਾ ਹੋਣ ਕਾਰਨ ਕਿਸਾਨਾਂ ਵੱਲੋਂ ਰੋਸ ਜਾਹਰ ਕੀਤਾ ਗਿਆ। ਜਿਸ ਉਪਰੰਤ ਉਨ੍ਹਾਂ ਫਿਲੌਰ ਦੇ ਨਵਾਂਸ਼ਹਿਰ ਰੋਡ 'ਤੇ ਜਾਮ ਲਗਾ ਦਿੱਤਾ ਅਤੇ ਜੰਮ ਕੇ ਨਾਅਰੇਬਾਜੀ ਕੀਤੀ। ਇਸ ਮੌਕੇ ਸੰਬੋਧਨ ਕਰਦੇ ਹੋਏ ਉਨ੍ਹਾਂ ਕਿਹਾ ਕਿ ਪੰਜਾਬ ਦੇ ਬਹੁਤ ਸਾਰੇ ਇਲਾਕਿਆਂ ਵਿੱਚ ਹੜ ਆਉਣ ਕਰਕੇ ਝੋਨੇ ਦੀ ਫਸਲ ਮਰ ਗਈ ਹੈ ਜੋ ਇਲਾਕੇ ਹੜ੍ਹਾਂ ਦੇ ਪਾਣੀਆਂ ਤੋਂ ਬਚੇ ਹਨ ਉਨ੍ਹਾਂ ਇਲਾਕਿਆਂ ਨੂੰ ਯੂਰੀਆਂ ਖਾਦ ਦੀ ਬਹੁਤ ਘਾਟ ਮਹਿਸੂਸ ਹੋ ਰਹੀ । ਜਿਸ ਤਰ੍ਹਾਂ ਸਭ ਜਾਣਦੇ ਹਨ ਝੋਨਾ ਲਾਉਣ ਤੋਂ ਮਹੀਨੇ ਵਿੱਚ ਯੂਰੀਆ ਆਦਿ ਦੀ ਪੂਰੀ ਖੁਰਾਕ ਫਸਲ ਨੂੰ ਦੇਣੀ ਹੁੰਦੀ ਹੈ ਪਰ ਜਿਹੜਾ ਝੋਨਾ 21 ਤੋਂ 25 ਜੂਨ ਤੱਕ ਲਗਾ ਹੈ ਉਸ ਝੋਨੇ ਨੂੰ ਅਜੇ ਤੱਕ ਇਕ ਵਾਰ ਵੀ ਯੂਰੀਆ ਖਾਦ ਨਹੀ ਪਾ ਹੋਈ ਜਿਸ ਕਾਰਨ ਝੋਨੇ ਦੀ ਫਸਲ ਯੂਰੀਏ ਤੋਂ ਬਗੈਰ ਮਰਨ ਕਿਨਾਰੇ ਹੋ ਗਈ ਹੈ ਆਉਣ ਵਾਲੀ ਫਸਲ ਦੇ ਝਾੜ 'ਤੇ ਬਹੁਤ ਅਸਰ ਦੇਖਿਆ ਜਾਵੇਗਾ। ਅਸੀਂ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਯੂਰੀਆ ਜਲਦੀ ਮਾਰਕਿਟ ਵਿੱਚ ਪਹੁੰਚਾਇਆ ਜਾਵੇ। ਨਾਇਬ ਤਹਿਸੀਲਦਾਰ ਮੌਕੇ 'ਤੇ ਪਹੁੰਚੀ ਅਤੇ ਮੰਗ ਪੱਤਰ ਦੇਣ ਲਈ ਕਿਹਾ ਗਿਆ ਪਰ ਕਿਸਾਨ ਯੂਨੀਅਨਾਂ ਦੇ ਆਗੂਆਂ ਵੱਲੋਂ ਸਖਤ ਲਹਿਜੇ 'ਚ ਕਿਹਾ ਗਿਆ ਕਿ ਐਸ ਡੀ ਐਮ ਮੌਕੇ 'ਤੇ ਆ ਕੇ ਮੰਗ ਪੱਤਰ ਲੈਣ ਨਹੀਂ ਤਾਂ ਅਸੀਂ ਸੰਘਰਸ਼ ਤੇਜ ਕਰਾਂਗੇ। ਇਸ ਮੌਕੇ ਹਾਜਰ ਬਲਵਿੰਦਰ ਸਿੰਘ ਸਾਬਕਾ, ਹਰਜੀਤ ਸਿੰਘ ਢੇਸੀ, ਜਸਵੀਰ ਸਿੰਘ ਸੀਰਾ, ਇਕਬਾਲ ਸਿੰਘ ਰਸੂਲਪੁਰ, ਲਖਵਿੰਦਰ ਸਿੰਘ ਮੋਤੀ ਪੁਰ, ਲਖਵੀਰ ਸਿੰਘ ਲੱਖਾ, ਹਰਦੀਪ ਸਿੰਘ ਮਨਸੂਰਪੁਰ, ,ਗੁਰਪ੍ਰੀਤ ਸਿੰਘ, ਦਲਜੀਤ ਸਿੰਘ,ਬਲਵਿੰਦਰ ਸਿੰਘ ਲੰਬੜਦਾਰ,ਦਿਲਬਾਗ ਸਿੰਘ, ਗੁਰਮੀਤ ਸਿੰਘ, ਹਰਵਿੰਦਰ ਸਿੰਘ ਮਨਸੂਰਪੁਰ, ਜਰਨੈਲ ਸਿੰਘ ,ਅਜੀਤ ਸਿੰਘ, ਬਲਵੰਤ ਸਿੰਘ, ਰਾਜਿੰਦਰ ਕੁਮਾਰ , ਗੁਰਨਾਮ ਸਿੰਘ ਅਤੇ ਹੋਰ ਵੱਡੀ ਗਿਣਤੀ ਕਿਸਾਨ ਹਾਜਰ ਸਨ।

# ਸਿਲਵਰ ਓਕ ਸਕੂਲ ਨੇ ਸ਼ਹੀਦ ਊਧਮ ਸਿੰਘ ਨੂੰ ਸ਼ਰਧਾਂਜਲੀ ਦਿੱਤੀ

**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਉਂਕਾਰ ਸਿੰਘ )**- ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ, ਸ਼ਾਹਬਾਜ਼ਪੁਰ ਵਿਖੇ ਭਾਰਤ ਦੇਸ਼ ਦੇ ਮਹਾਨ ਸਪੂਤ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਵਸ ਦੇ ਉੱਤੇ ਬੱਚਿਆਂ ਅਤੇ ਅਧਿਆਪਕਾਂ ਨੇ ਮਿਲ ਕੇ ਸ਼ਰਧਾਂਜਲੀ ਦਿੱਤੀ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਦੱਸਿਆ ਕਿ ਅੱਜ ਦੀ ਪੀੜ੍ਹੀ ਨੂੰ ਇਨ੍ਹਾਂ ਦੇਸ਼ ਭਗਤ ਕ੍ਰਾਂਤੀਕਾਰੀਆਂ ਤੋਂ ਸੇਧ ਲੈਣ ਦੀ ਲੋੜ ਹੈ। ਉਹਨਾਂ ਆਖਿਆ ਕਿ ਅਸੀਂ ਹੀ ਨਹੀਂ ਸਗੋਂ ਪੂਰਾ ਸੰਸਾਰ ਦੇਸ਼ ਦੇ ਇਸ ਮਹਾਨ ਸਪੂਤ ਦੀ ਸਹੀਦੀ ਨੂੰ ਪ੍ਰਣਾਮ ਕਰਦਾ ਹੈ। ਸਮੂਹ ਸਟਾਫ ਨੇ ਇਸ ਮੌਕੇ 'ਤੇ ਸਮੁੱਚੇ ਵਿਦਿਆਰਥੀਆਂ ਦੇ ਨਾਲ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਕਿਹਾ ਕਿ ਜਿਹੜੀ ਅਜਾਦੀ ਦੇ ਵਿਚ ਅਸੀਂ ਸਾਹ ਲੈ ਰਹੇ ਹਾਂ, ਇਨ੍ਹਾਂ ਦੀ ਨੀਂਹ ਇਹਨਾਂ ਯੋਧਿਆਂ ਦੇ ਸਿਰਾਂ ਦੇ ਉਤੇ ਰੱਖੀ ਗਈ ਹੈ। ਇਸ ਅਵਸਰ 'ਤੇ ਗਜਿੰਦਰ ਪਾਲ ਸਿੰਘ, ਬਿਕਰਮਜੀਤ ਸਿੰਘ ਭੇਲਾ, ਸੰਜੀਵ ਕੁਮਾਰ ਸਰਮਾ, ਜਗਬੰਧਨ ਸਿੰਘ, ਅਮਰਜੀਤ ਕੌਰ ਸੈਣੀ, ਬਲਜੀਤ ਕੌਰ, ਪਰਮਜੀਤ ਕੌਰ, ਪੂਜਾ, ਅਰਚਨਾ, ਵਿਸਾਲੀ, ਗੁਰਪ੍ਰੀਤ, ਰਾਜਵੀਰ ਕੌਰ, ਰਾਜਵਿੰਦਰ ਤੇ ਬਾਕੀ ਸਟਾਫ ਮੈਂਬਰ ਮੌਜੂਦ ਸਨ।

# ਸੜਕ ਹਾਦਸੇ 'ਚ ਨੌਜਵਾਨ ਦੀ ਮੌਤ, ਦੋ ਗੰਭੀਰ ਜ਼ਖਮੀ



**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੋਬੀ)**-ਇੱਥੇ ਨਹਿਰ ਸਰਹਿੰਦ ਦੇ ਪੁਲ ਨਜ਼ਦੀਕ ਢਾਬੇ ਕੋਲ ਬੀਤੀ ਦੇਰ ਰਾਤ ਇੱਕ ਮੋਟਰਸਾਈਕਲ ਦੇ ਖੜ੍ਹੇ ਟਰੱਕ ਪਿੱਛੇ ਵੱਜਣ ਕਾਰਨ ਇੱਕ ਨੌਜਵਾਨ ਦੀ ਥਾਂ 'ਤੇ ਹੀ ਮੌਤ ਹੋ ਗਈ ਜਦੋਂ ਕਿ ਦੋ ਨੌਜਵਾਨ ਗੰਭੀਰ ਰੂਪ 'ਚ ਜ਼ਖਮੀ ਹੋ ਗਏ । ਇਨ੍ਹਾਂ ਤਿੰਨਾਂ ਨੌਜਵਾਨਾਂ ਨੂੰ ਇੱਥੋਂ ਦੇ ਸਰਕਾਰੀ ਹਸਪਤਾਲ ਵਿਚ ਲਿਆਂਦਾ ਗਿਆ, ਜਿੱਥੋਂ ਜ਼ਖਮੀ ਦੋਵੇਂ ਨੌਜਵਾਨਾਂ ਨੂੰ ਪੀ ਜੀ ਆਈ ਚੰਡੀਗੜ੍ਹ ਵਿਖੇ ਭੇਜ ਦਿੱਤਾ । ਪੁਲਸ ਦੇ ਤਫਤੀਸ਼ ਅਧਿਕਾਰੀ ਅਵਤਾਰ ਸਿੰਘ ਨੇ ਦੱਸਿਆ ਕਿ ਸੁਨੀਲ ਭਾਰਦਵਾਜ ( 28 ), ਅਮਿਤ ਕੁਮਾਰ ( 25 ) ਅਤੇ ਰਿਵਾਜ ( 21 ) ਲੁਧਿਆਣਾ ਤੋਂ ਆਪਣੇ ਮੋਟਰਸਾਈਕਲ ਨੰਬਰ ਪੀ ਬੀ - 0 10 ਸੀ ਐਮ - 9145 'ਤੇ ਸਵਾਰ ਹੋ ਕੇ ਮਾਤਾ ਸ੍ਰੀ ਨੈਣਾਂ ਦੇਵੀ ਆਪਣੇ ਹੋਰ ਦੋਸਤਾਂ ਨਾਲ ਜਾ ਰਹੇ ਸਨ। ਜਦੋਂ ਇਹ ਬੀਤੀ ਦੇਰ ਰਾਤ 12 ਕੁ ਵਜੇ ਚਮਕੌਰ ਸਾਹਿਬ ਨਹਿਰ ਸਰਹਿੰਦ ਦੇ ਨਜ਼ਦੀਕ ਪੁੱਜੇ ਤਾਂ ਸੜਕ 'ਤੇ ਖੜ੍ਹੇ ਟਰੱਕ ਨੰਬਰ ਪੀਬੀ- 03 ਬੀਸੀ - 8563 ਦੇ ਪਿੱਛੇ ਜਾ ਕੇ ਵੱਜੇ ਜਿਸ ਕਾਰਨ ਮੋਟਰਸਾਈਕਲ ਚਲਾ ਰਹੇ ਸੁਨੀਲ ਭਾਰਦਵਾਜ ਦੀ ਥਾਂ 'ਤੇ ਹੀ ਮੌਤ ਹੋ ਗਈ, ਜਦੋਂ ਕਿ ਅਮਿਤ ਕੁਮਾਰ ਅਤੇ ਰਿਵਾਜ ਗੰਭੀਰ ਰੂਪ ਵਿਚ ਜ਼ਖਮੀ ਹੋ ਗਏ । ਇਨ੍ਹਾਂ ਦੋਵਾਂ ਜ਼ਖਮੀਆਂ ਨੂੰ ਸਰਕਾਰੀ ਹਸਪਤਾਲ ਲਿਆਂਦਾ ਗਿਆ, ਜਿੱਥੋਂ ਡਾਕਟਰਾਂ ਵੱਲੋਂ ਉਨ੍ਹਾਂ ਨੂੰ ਪੀ ਜੀ ਆਈ ਚੰਡੀਗੜ੍ਹ ਵਿਖੇ ਭੇਜ ਦਿੱਤਾ ਗਿਆ । ਉਨ੍ਹਾਂ ਦੱਸਿਆ ਕਿ ਪੁਲਸ ਵੱਲੋਂ ਇਸ ਹਾਦਸੇ ਦੀ ਜਾਂਚ ਕਰਨ ਤੋਂ ਬਾਅਦ ਕੇਸ ਦਰਜ ਕੀਤਾ ਜਾਵੇਗਾ

# ਆਕਾਸ਼ ਨੈਸ਼ਨਲ ਟੇਲੈਂਟ ਹੰਟ ਪ੍ਰੀਖਿਆ 7-15 ਅਕਤੂਬਰ ਤੱਕ ਆਨਲਾਈਨ ਤੇ ਆਫਲਾਈਨ ਹੋਵੇਗੀ




**ਜਲੰਧਰ ( ਇਕਬਾਲ ਸਿੰਘ ਉੱਭੀ )**-7ਵੀਂ ਤੋਂ 12ਵੀਂ ਜਮਾਤ ਦੇ ਵਿਦਿਆਰਥੀਆਂ ਨੂੰ 100% ਤੱਕ ਸਕਾਲਰਸ਼ਿਪ ਅਤੇ ਨਕਦ ਪੁਰਸਕਾਰ ਪ੍ਰਾਪਤ ਕਰਨ ਦਾ ਮੌਕਾ ਦੇਣ ਲਈ ਆਕਾਸ਼ ਬਾਈਜੂਜ਼ ਨੇ ਐਂਥੇ-2023 ( ਆਕਾਸ਼ ਨੈਸ਼ਨਲ ਟੇਲੈਂਟ ਹੰਟ ਪ੍ਰੀਖਿਆ) ਦੇ 14ਵੇਂ ਸੰਸਕਰਨ ਦੀ ਘੋਸ਼ਣਾ ਕੀਤੀ। ਆਕਾਸ਼ ਐਜੂਕੇਸ਼ਨਲ ਸਰਵਿਸਿਜ਼ ਲਿਮਿਟਿਡ ਦੇ ਡਿਪਟੀ ਡਾਇਰੈਕਟਰ ਆਸੀਸ ਦੇਵਰਾਨੀ ਨੇ ਕਿਹਾ ਕਿ ਆਕਾਸ਼ ਬਾਈਜੂਜ਼ ਦੇ ਬਹੁਤ ਸਾਰੇ ਵਿਦਿਆਰਥੀਆਂ ਨੇ ਨੀਟ ( ਯੂ ਜੀ ) ਅਤੇ ਜੇ ਈ ਈ ( ਐਡਵਾਂਸਡ ) ਵਰਗੀਆਂ ਪ੍ਰੀਖਿਆਵਾਂ ਵਿੱਚ ਐਂਥੇ ਰਾਹੀਂ ਸ਼ਾਨਦਾਰ ਪ੍ਰਦਰਸਨ ਕੀਤਾ ।ਐਂਥੇ 2023 ਭਾਰਤ ਦੇ 26 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ 7-15 ਅਕਤੂਬਰ, 2023 ਤੱਕ, ਆਨਲਾਈਨ ਅਤੇ ਆਫਲਾਈਨ ਦੋਵਾਂ ਵਿੱਚ ਹੋਵੇਗੀ। ਇਹ ਇੱਕ ਘੰਟੇ ਦੀ ਪ੍ਰੀਖਿਆ ਹੈ। ਨਾਮਾਂਕਣ ਦੀ ਆਖਰੀ ਮਿਤੀ ਆਨਲਾਈਨ ਪ੍ਰੀਖਿਆ ਤੋਂ ਤਿੰਨ ਦਿਨ ਪਹਿਲਾਂ ਅਤੇ ਆਫਲਾਈਨ ਪ੍ਰੀਖਿਆ ਤੋਂ ਸੱਤ ਦਿਨ ਪਹਿਲਾਂ ਹੈ। ਆਫਲਾਈਨ ਮੋਡ ਫੀਸ 100 ਹੈ ਅਤੇ ਆਨਲਾਈਨ ਮੋਡ ਮੁਫਤ ਹੈ। ਨਤੀਜੇ ਕਲਾਸ ਪੱਧਰ ਦੇ ਆਧਾਰ 'ਤੇ ਅਕਤੂਬਰ ਅਤੇ ਨਵੰਬਰ 2023 ਵਿੱਚ ਘੋਸ਼ਤ ਕੀਤੇ ਜਾਣਗੇ। ਇਸ ਮੌਕੇ ਜਲੰਧਰ ਆਕਾਸ ਬਾਈਜੂਸ ਦੇ ਅਸਿਸਟੈਂਟ ਡਾਇਰੈਕਟਰ ਰਾਹੁਲ ਤਿਆਗੀ ਅਤੇ ਕਲੱਸਟਰ ਬਿਜ਼ਨਸ ਹੈੱਡ ਵਿਵੇਕ ਭਦੌਰੀਆ ਹਾਜ਼ਰ ਸਨ ।

# 'ਘੱਟ ਗਿਣਤੀਆਂ 'ਤੇ ਤਸ਼ੱਦਦ ਕਰਨ ਵਾਲਿਆਂ ਨੂੰ ਫਾਂਸੀ ਦੀ ਸਜ਼ਾ ਦਿੱਤੀ ਜਾਵੇ'

**ਫਗਵਾੜਾ (ਜਸਵਿੰਦਰ ਢੱਡਾ)**- ਮਨੀਪੁਰ 'ਚ ਪਿਛਲੇ ਕਈ ਸਾਲਾਂ ਤੋਂ ਘੱਟ ਗਿਣਤੀਆਂ ਲੋਕਾਂ ਉੱਪਰ ਅੰਨ੍ਹਾ ਜਬਰ ਕੀਤਾ ਜਾ ਰਿਹਾ ਹੈ । ਸਭ ਤੋਂ ਜ਼ਿਆਦਾ ਉੱਥੇ ਔਰਤਾਂ, ਨੌਜਵਾਨ ਬੱਚੀਆਂ ਨੂੰ ਇਸ ਜਬਰ ਦਾ ਸ਼ਿਕਾਰ ਬਣਾਇਆ ਜਾ ਰਿਹਾ ਹੈ। ਉਕਤ ਸ਼ਬਦ ਭਾਰਤੀਆ ਘੱਟ ਗਿਣਤੀਆਂ ਦਲਿਤ ਫਰੰਟ ਰਜਿ: ਦੇ ਜ਼ਿਲ੍ਹਾ ਕਪੂਰਥਲਾ ਦੇ ਪ੍ਰਧਾਨ ਬਹਾਦਰ ਸਿੰਘ ਸੰਗਤਪੁਰ ਨੇ ਪ੍ਰੈਸ ਬਿਆਨ ਰਾਹੀਂ ਕਹੇ। ਉਨ੍ਹਾਂ ਕਿਹਾ ਕਿ ਇਸ ਘਿਨਾਉਣੀ ਘਟਨਾ ਦੇ ਦੋਸ਼ੀਆਂ ਨੂੰ ਜਲਦੀ ਤੋਂ ਜਲਦੀ ਗ੍ਰਿਫਤਾਰ ਕਰਕੇ ਫਾਂਸੀ ਦੀ ਸਜ਼ਾ ਦਿੱਤੀ ਜਾਵੇ ਤਾਂ ਜੋ ਇਸ ਤਰ੍ਹਾਂ ਦੀ ਘਿਨਾਉਣੀ ਹਰਕਤ ਕਰਨ ਦੀ ਕਿਸੇ ਦੀ ਜੁਰਅਤ ਨਾ ਪਵੇ।

## ਬੇਕਾਬੂ ਹੋਏ ਟਿੱਪਰ ਨੇ ਖੰਭੇ ਤੋੜੇ

**ਨੂਰਪੁਰਬੇਦੀ (ਸੁਰਜੀਤ ਸਿੰਘ ਕਾਹਲੋਂ)**-ਅੱਜ ਸਵੇਰੇ ਨੂਰਪੁਰਬੇਦੀ-ਗੜ੍ਹਸ਼ੰਕਰ ਮੁੱਖ ਮਾਰਗ ਤੇ ਨੂਰਪੁਰਬੇਦੀ ਸ਼ਹਿਰ 'ਚ ਦਾਖਲ ਹੋਏ ਮਿੱਟੀ ਨਾਲ ਲੱਦੇ ਇੱਕ ਬੇਕਾਬੂ ਹੋਏ ਟਿੱਪਰ ਨੇ 3 ਬਿਜਲੀ ਦੇ ਖੰਭੇ ਤੋੜ ਦਿੱਤੇ ਉਪਰੰਤ ਇੱਕ ਦਰੱਖਤ ਤੇ ਦੁਕਾਨ ਨਾਲ ਟਕਰਾ ਗਿਆ। ਹਾਦਸੇ ਸਮੇਂ ਬਿਜਲੀ ਦੀ ਸਪਲਾਈ ਚੱਲ ਰਹੀ ਸੀ ਜਦ ਕਿ ਸਵੇਰ ਦਾ ਸਮਾਂ ਹੋਣ ਕਾਰਨ ਨਾ ਤਾਂ ਕੋਈ ਦੁਕਾਨ ਖੁੱਲ੍ਹੀ ਸੀ ਅਤੇ ਨਾ ਹੀ ਕੋਈ ਰਾਹਗੀਰ ਸੜਕ ਤੋਂ ਗੁਜ਼ਰ ਰਿਹਾ ਸੀ। ਜਿਸ ਕਾਰਨ ਭਾਵੇਂ ਕੋਈ ਜਾਨੀ ਨੁਕਸਾਨ ਹੋਣ ਤੋਂ ਤਾਂ ਬਚਾਅ ਹੋ ਗਿਆ ਪਰ ਪਾਵਰਕਮ ਦੇ ਖੰਭੇ ਨੁਕਸਾਨੇ ਜਾਣ ਕਾਰਨ ਭਾਰੀ ਨੁਕਸਾਨ ਹੋਇਆ ਉੱਥੇ ਹੀ ਸਮੁੱਚਾ 2 ਪਿੰਡਾਂ ਦੀ ਸਪਲਾਈ ਠੱਪ ਹੋ ਜਾਣ ਕਾਰਨ ਲੋਕਾਂ ਨੂੰ ਭਰ ਗਰਮੀ 'ਚ ਭਾਰੀ ਬੇਹਾਲ ਹੋਣਾ ਪਿਆ। ਪ੍ਰਾਪਤ ਜਾਣਕਾਰੀ ਅਨੁਸਾਰ ਸਵੇਰੇ ਕਰੀਬ ਚਾਰ ਵਜੇ ਡੂੰਮੇਵਾਲ ਦੀ ਤਰਫੋਂ ਆ ਰਹੇ ਮਿੱਟੀ ਨਾਲ ਲੱਦੇ ਹੋਏ ਟਿੱਪਰ ਦਾ ਅਚਾਨਕ ਪਿਛਲਾ ਟਾਇਰ ਡਿਵਾਈਡਰ ਨਾਲ ਟਕਰਾ ਜਾਣ 'ਤੇ ਉਸ ਦਾ ਸੰਤੁਲਨ ਵਿਗੜ ਗਿਆ ਉਪਰੰਤ ਟਿੱਪਰ ਇੱਕ ਬਿਜਲੀ ਦੇ ਖੰਭੇ ਅਤੇ ਦਰੱਖਤ ਨਾਲ ਵੱਜਣ ਤੋਂ ਬਾਅਦ ਦੁਕਾਨਾਂ ਨਾਲ ਟਕਰਾ ਗਿਆ। ਇਸ ਹਾਦਸੇ ਵਿੱਚ ਤਿੰਨ ਬਿਜਲੀ ਦੇ ਅਤੇ ਇੱਕ ਲਾਈਟ ਦਾ ਖੰਭਾ ਟੁੱਟ ਗਿਆ ਜਦ ਕਿ 2 ਦੁਕਾਨਾਂ ਨੂੰ ਵੀ ਕੁਝ ਨੁਕਸਾਨ ਪਹੁੰਚਿਆ। ਉਕਤ ਹਾਦਸੇ ਦੌਰਾਨ ਚਾਲਕ ਬਾਲ ਬਾਲ ਬਚ ਗਿਆ ਜਦ ਟਿੱਪਰ ਬੁਰੀ ਤਰ੍ਹਾਂ ਨੁਕਸਾਨਿਆ ਗਿਆ । ਇਸ ਹਾਦਸੇ ਦੇ ਚਲਦਿਆਂ ਸ਼ਹਿਰ 'ਚ ਟਰੈਫਿਕ ਵਿਵਸਥਾ ਵਿੱਚ ਵੀ ਵਿਘਨ ਪਿਆ।

## ਤੀਆਂ ਦਾ ਤਿਉਹਾਰ ਮਨਾਇਆ

**ਆਦਮਪੁਰ ( ਪਰਮਜੀਤ ਸਿੰਘ )** -ਨੇੜਲੇ ਪਿੰਡ ਨਾਹਲ ਵਿਖੇ ਸਮੂਹ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਤੀਆਂ ਦਾ ਤਿਉਹਾਰ ਮਨਾਇਆ ਗਿਆ। ਸਾਵਣ ਦੇ ਮਹੀਨੇ ਮਨਾਏ ਜਾਣ ਜਾਂਦੇ ਤੀਆਂ ਦੇ ਤਿਉਹਾਰ ਮੌਕੇ ਪਿੰਡ ਦੀਆਂ ਮੁਟਿਆਰਾਂ ਅਤੇ ਛੋਟੇ-ਛੋਟੇ ਬੱਚਿਆਂ ਨੇ ਪੰਜਾਬੀ ਸੱਭਿਆਚਾਰ ਨਾਲ ਸਬੰਧਤ ਸੁੰਦਰ ਪਹਿਰਾਵੇ ਪਹਿਨੇ ਹੋਏ ਸਨ। ਇਸ ਮੌਕੇ ਰਾਜ ਰਾਣੀ, ਹਿਨਾ ਕੁਮਾਰੀ, ਡੌਲੀ, ਮੁਸਕਾਨ, ਅੰਜਲੀ, ਪ੍ਰਿਅੰਕਾ ਅਤੇ ਹੋਰ ਮੁਟਿਆਰਾਂ ਅਤੇ ਬੱਚਿਆਂ ਨੇ ਗਿੱਧਾ, ਭੰਗੜਾ, ਸਕਿੱਟ, ਪੰਜਾਬੀ ਬੋਲੀਆਂ ਪਾ ਕੇ ਅਤੇ ਪੀਂਘਾ ਝੂਟ ਕੇ ਤੀਆਂ ਦਾ ਤਿਉਹਾਰ ਮਨਾਇਆ। ਉਪਰੰਤ ਸਮਾਗਮ ਦੇ ਪ੍ਰਬੰਧਕਾਂ ਨੇ ਪ੍ਰੋਗਰਾਮ ਵਿੱਚ ਭਾਗ ਲੈਣ ਵਾਲੀਆਂ ਮੁਟਿਆਰਾਂ ਅਤੇ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ। ਅੰਤ ਵਿੱਚ ਆਏ ਹੋਏ ਪਿੰਡ ਵਾਸੀਆਂ ਅਤੇ ਪਤਵੰਤਿਆਂ ਵਿੱਚ ਖੀਰ ਪੂੜੇ ਦਾ ਲੰਗਰ ਅਤੁੱਟ ਵਰਤਾਇਆ ਗਿਆ।

## ਚੋਰੀ ਦੇ ਤਿੰਨ ਮੋਟਰਸਾਈਕਲ ਬਰਾਮਦ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਪੁਲਸ ਵਿਭਾਗ ਨੇ ਜਾਰੀ ਬਿਆਨ ਰਾਹੀਂ ਦੱਸਿਆ ਕਿ ਸਰਤਾਜ ਸਿੰਘ ਚਾਹਲ ਐਸ.ਐਸ.ਪੀ. ਹੁਸ਼ਿਆਰਪੁਰ ਵੱਲੋਂ ਚੋਰੀ ਲੁੱਟਾਂ ਖੋਹਾਂ ਕਰਨ ਵਾਲਿਆਂ ਖਿਲਾਫ਼ ਵਿੱਢੀ ਮੁਹਿੰਮ ਤਹਿਤ ਸਰਵਜੀਤ ਸਿੰਘ ਬਾਹੀਆ ਐੱਸ.ਪੀ. ਇਨਵੈਸਟੀਗੇਸ਼ਨ ਦੀ ਨਿਗਰਾਨੀ ਹੇਠ ਬਲਕਾਰ ਸਿੰਘ ਉੱਪ ਕਪਤਾਨ ਪੁਲਿਸ ਸਬ ਡਵੀਜ਼ਨ ਗੜ੍ਹਸ਼ੰਕਰ ਦੀ ਯੋਗ ਰਹਿਨੁਮਾਈ ਹੇਠ ਐਸ ਆਈ ਹਰਪ੍ਰੇਮ ਸਿੰਘ ਮੁੱਖ ਅਫਸਰ ਗੜ੍ਹਸ਼ੰਕਰ ਨੂੰ 29 ਜੁਲਾਈ ਨੂੰ ਉਸ ਸਮੇਂ ਵੱਡੀ ਕਾਮਯਾਬੀ ਮਿਲੀ, ਜਦੋਂ ਏ.ਐਸ.ਆਈ. ਰਸ਼ਪਾਲ ਸਿੰਘ ਥਾਣਾ ਗੜ੍ਹਸ਼ੰਕਰ ਵੱਲੋਂ ਸਮੇਤ ਪੁਲਸ ਪਾਰਟੀ ਅਤੇ ਨਾਕਾਬੰਦੀ ਦੌਰਾਨ ਨਹਿਰ ਬੰਗਾ ਰੋਡ ਗੜ੍ਹਸ਼ੰਕਰ ਮੌਜੂਦ ਸੀ ਤਾਂ ਹਰਪ੍ਰੀਤ ਸਿੰਘ ਉਰਫ ਲਾਡੀ ਪੁੱਤਰ ਗੁਰਵਿੰਦਰ ਸਿੰਘ ਪਿੰਡ ਬਿਲਾਸਪੁਰ ਥਾਣਾ ਚੱਬੇਵਾਲ ਜ਼ਿਲ੍ਹਾ ਹੁਸ਼ਿਆਰਪੁਰ ਜੋ ਨਸ਼ਾ ਅਤੇ ਚੋਰੀਆਂ ਕਰਨ ਦਾ ਆਦੀ ਹੈ ਚੋਰੀ ਦਾ ਮੋਟਰਸਾਈਕਲ ਲੈ ਕੇ ਬੰਗਾ ਸਾਈਡ ਤੋਂ ਗੜ੍ਹਸ਼ੰਕਰ ਵੱਲ ਆ ਰਿਹਾ ਸੀ। ਉਸ ਨੂੰ ਪੁਲ ਨਹਿਰ ਬੰਗਾ ਰੋਡ ਗੜ੍ਹਸ਼ੰਕਰ ਨਾਕੇ ਦੌਰਾਨ ਮੋਟਰਸਾਈਕਲ ਸਮੇਤ ਕਾਬੂ ਕਰਕੇ ਮੁਕੱਦਮਾ ਦਰਜ ਰਜਿਸਟਰ ਕਰਕੇ ਮੋਟਰਸਾਈਕਲ ਬਰਾਮਦ ਕੀਤਾ ਗਿਆ। ਦੋਸ਼ੀ ਤੋਂ ਪੁੱਛਗਿੱਛ ਦੌਰਾਨ ਦੋ ਹੋਰ ਚੋਰੀਸ਼ੁਦਾ ਮੋਟਰਸਾਈਕਲ ਮਾਰਕਾ ਹੀਰੋ ਸਪਲੈਂਡਰ ਰੰਗ ਕਾਲਾ ਬਰਾਮਦ ਕੀਤੇ ਗਏ। ਇਸ ਤਰ੍ਹਾਂ ਦੋਸ਼ੀ ਪਾਸੋਂ ਚੋਰੀ ਦੇ ਕੁੱਲ ਤਿੰਨ ਮੋਟਰਸਾਈਕਲ ਬਰਾਮਦ ਕੀਤੇ ਗਏ। ਦੋਸ਼ੀ ਨੂੰ ਪੇਸ਼ ਅਦਾਲਤ ਕੀਤਾ ਜਾ ਰਿਹਾ ਹੈ।

## 18 ਵਿਦਿਆਰਥੀ ਪੀ ਐੱਸ ਐੱਲ ਵੀ-ਸੀ 56 ਦੀ ਲਾਂਚ ਦੇ ਬਣੇ ਗਵਾਹ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਸਕੂਲ ਆਫ ਐਮੀਨੈਂਸ ਦੇ 18 ਵਿਦਿਆਰਥੀ ਅੱਜ ਸ੍ਰੀਹਰੀਕੋਟਾ ਵਿਖੇ ਪੀ.ਐਸ.ਐਲ.ਵੀ.-ਸੀ 56 ਦੀ ਲਾਂਚ ਦੇ ਗਵਾਹ ਬਣੇ। ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਸਾਡੀ ਸਰਕਾਰ ਨੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਬਿਹਤਰੀਨ ਸਿੱਖਿਆ ਅਤੇ ਅਧਿਆਪਕ ਨੂੰ ਉਤਮ ਤਕਨੀਕ ਮੁਹੱਈਆ ਕਰਵਾਉਣ ਲਈ ਲਗਾਤਾਰ ਯਤਨਸ਼ੀਲ ਹੈ ਜਿਸ ਦੇ ਚਲਦਿਆਂ ਵਿਦਿਆਰਥੀਆਂ ਨੂੰ ਵੱਖ ਵੱਖ ਸਿੱਖਿਆ ਸੰਸਥਾਵਾਂ, ਉਦਯੋਗਿਕ ਇਕਾਈਆਂ ਅਤੇ ਇਸਰੋ ਵਰਗੀਆਂ ਸੰਸਥਾਵਾਂ ਦਾ ਦੌਰਾ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਭਵਿੱਖ ਵਿਚ ਜਿੰਨੇ ਵੀ ਇਸਰੋ ਵਲੋਂ ਲਾਂਚ ਕੀਤੇ ਜਾਣਗੇ ਉਨ੍ਹਾਂ ਸਾਰਿਆਂ ਦੀ ਲਾਂਚਿੰਗ ਮੌਕੇ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਹਾਜ਼ਰ ਰਹਿਣਗੇ।

## ਮੰਗਾਂ ਸੰਬੰਧੀ ਜਿੰਪਾ ਨਾਲ ਕੀਤੀ ਮੁਲਾਕਾਤ

**ਫਿਲੌਰ (ਨਿਰਮਲ, ਹਰਜਿੰਦਰ ਕੌਰ ਚਾਹਲ)** ਬੀਤੇ ਦਿਨੀ ਮਾਲ ਮਹਿਕਮੇ ਦੇ ਮੰਤਰੀ ਬ੍ਰਹਮ ਸੰਕਰ ਜਿੰਪਾ ਨਾਲ ਚੰਡੀਗੜ੍ਹ ਵਿਖੇ ਫਿਲੌਰ ਦੀ ਤਹਿਸੀਲ ਕੰਪਲੈਕਸ ਵਿੱਚ ਲੋਕਾਂ ਨੂੰ ਆ ਰਹੀਆਂ ਵੱਖ ਵੱਖ ਮੁਸ਼ਕਲਾਂ ਬਾਰੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਰਜਿੰਦਰ ਸੰਧੂ ਅਤੇ ਮਨੀ ਵੱਲੋਂ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ । ਇਸ ਮੀਟਿੰਗ ਵਿੱਚ ਤਹਿਸੀਲ ਕੰਪਲੈਕਸ ਵਿੱਚ ਮੀਂਹ ਦੇ ਪਾਣੀ ਦੇ ਨਿਕਾਸੀ, ਤਹਿਸੀਲ ਕੰਪਲੈਕਸ ਵਿੱਚ ਬਾਥਰੂਮ ਦੀ ਮਾੜੀ ਹਾਲਾਤ ਅਤੇ ਤਹਿਸੀਲ ਕੰਪਲੈਕਸ ਵਿੱਚ ਟਾਈਪਿੰਗ ਦਾ ਕੰਮ ਕਰਦੇ ਹਲਕੇ ਦੇ ਵੱਖ ਵੱਖ ਪਿੰਡਾਂ ਦੇ ਲੋਕਾਂ ਨੂੰ ਪੱਕੀ ਅਲਾਟਮੈਂਟ ਕਰਨ ਦੀ ਮੰਗ ਕੀਤੀ ਗਈ । ਤਹਿਸੀਲ ਕੰਪਲੈਕਸ ਦੀਆਂ ਮੰਗਾਂ ਸਬੰਧੀ ਮੰਤਰੀ ਸਾਹਿਬ ਨੇ ਮੌਕੇ 'ਤੇ ਟਾਈਪਿਸਟਾਂ ਨੂੰ ਪੱਕੀ ਅਲਾਟਮੈਂਟ ਸਬੰਧੀ ਡਿਪਟੀ ਕਮਿਸਨਰ ਜਲੰਧਰ ਨਾਲ ਗੱਲ ਕਰਕੇ ਟਾਈਪਿਸਟਾਂ ਨੂੰ ਪੱਕਾ ਕਰਨ ਦੀ ਸਿਫਾਰਿਸ਼ ਕੀਤੀ ਅਤੇ ਇਸ ਦੇ ਨਾਲ ਮੰਤਰੀ ਨੇ ਡੀ ਸੀ ਤੋਂ ਤਹਿਸੀਲ ਕੰਪਲੈਕਸ ਦੀ ਬਿਲਡਿੰਗ ਦੀ ਹਾਲਾਤ ਨੂੰ ਸੁਧਾਰਨ ਲਈ ਪਰਪੋਜਲ ਭੇਜਣ ਲਈ ਕਿਹਾ। ਉਨ੍ਹਾਂ ਕਿਹਾ ਕਿ ਜਲਦ ਹੀ ਉਨ੍ਹਾਂ ਦੇ ਧਿਆਨ 'ਚ ਆਈਆਂ ਮੰਗਾਂ ਨੂੰ ਪੂਰਾ ਕੀਤਾ ਜਾਵੇਗਾ।

## ਗੋਲੀਆਂ ਲੱਗਣ ਨਾਲ ਜ਼ਖ਼ਮੀ

**ਆਦਮਪੁਰ ( ਪਰਮਜੀਤ ਸਿੰਘ )**— ਪਿੰਡ ਪਧਿਆਣਾ ਵਿਖੇ ਤਿੰਨ ਵਿਅਕਤੀਆਂ ਵਲੋਂ ਗੋਲੀਆਂ ਚਲਾਉਣ ਨਾਲ ਇੱਕ ਵਿਅਕਤੀ ਜਖਮੀ ਹੋ ਗਿਆ ! ਮਹਾਂਵੀਰ ਸਿੰਘ ਕੋਕਾ ਪੁੱਤਰ ਲੇਟ ਤਰਲੋਚਨ ਸਿੰਘ 35 ਵਾਸੀ ਡਮੁੰਡਾ ਜੋ ਕਿ ਜੇਲ੍ਹ ਵਿਚੋਂ ਆਇਆ ਸੀ ਤੇ ਸ਼ਾਮ ਪਿੰਡ ਪਧਿਆਣਾ ਵਿਚ ਆਪਣੇ ਦੋਸਤ ਮਨਜੀਤ ਸਿੰਘ ਨੂੰ ਮਿਲਣ ਗਿਆ ਸੀ ! ਜਦੋਂ ਉਹ ਉਸ ਦੇ ਘਰ ਤੋਂ ਵਾਪਿਸ ਗਲੀ ਵਿਚ ਪੰਚਾਇਤ ਘਰ ਨੇੜੇ ਆਇਆ ਤਾਂ ਤਿੰਨ ਮੋਟਰਸਾਈਕਲ ਸਵਾਰਾਂ ਨੇ ਉਸ 'ਤੇ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ, ਜਿਸ ਕਾਰਨ ਉਹ ਉਥੇ ਬੇਹੋਸ਼ ਹੋ ਕੇ ਡਿੱਗ ਪਿਆ ਤੇ ਮਨਜੀਤ ਸਿੰਘ ਉਸ ਨੂੰ ਆਦਮਪੁਰ ਦੇ ਸਿਵਲ ਹਸਪਤਾਲ ਲੈ ਕੇ ਆਇਆ, ਪਰ ਉਸ ਦੀ ਹਾਲਤ ਨਾਜ਼ੁਕ ਦੇਖ ਕੇ ਉਸ ਨੂੰ ਜਲੰਧਰ ਰੈਫਰ ਕਰ ਦਿੱਤਾ ਗਿਆ ! ਡੀ ਐਸ ਪੀ ਸੁਖਨਾਜ ਸਿੰਘ ਅਤੇ ਐਸ ਐਸ ਓ ਮਨਜੀਤ ਸਿੰਘ ਨੇ ਦੱਸਿਆ ਕਿ ਉਹ ਇਸ ਘਟਨਾ ਦੇ ਸਬੰਧ ਵਿਚ ਸੀ ਸੀ ਕਿ ਵੀ ਕੈਮਰਿਆਂ ਦੀ ਫੁਟੇਜ ਚੈਕ ਕਰ ਰਹੇ ਹਨ ! ਉਨ੍ਹਾਂ ਦੱਸਿਆ ਕਿ ਉਸ ਦੇ ਚਾਰ ਗੋਲੀਆਂ ਲੱਗੀਆਂ ਹਨ ਅਤੇ ਦੋਸ਼ੀ ਛੇਤੀ ਹੀ ਕਾਬੂ ਕਰ ਲਏ ਜਾਣਗੇ ।

# ਇਨੋਸੈਂਟ ਹਾਰਟਸ 'ਚ ਪਾਠ ਦਾ ਭੋਗ

**ਜਲੰਧਰ ( ਸ਼ੈਲੀ ਐਲਬਰਟ)**-ਬੌਰੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ, ਇਨੋਸੈਂਟ ਹਾਰਟਸ ਮੈਨੇਜਮੈਂਟ ਵੱਲੋਂ ਚਲਾਏ ਜਾ ਰਹੇ 'ਦਿਸ਼ਾ-ਐਨ ਇਨੀਸ਼ੀਏਟਿਵ' ਤਹਿਤ ਸਕੂਲ ਦੇ ਟਰਾਂਸਪੋਰਟ ਵਿਭਾਗ ਦੇ ਸਹਿਯੋਗ ਨਾਲ ਨੌਵੀਂ ਪਾਤਸ਼ਾਹੀ ਸ੍ਰੀ ਗੁਰੂ ਤੇਗ ਬਹਾਦਰ ਨਗਰ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦਾ ਭੋਗ 29 ਜੁਲਾਈ ਨੂੰ ਪਾਇਆ ਗਿਆ। ਇਹ ਪਾਠ ਹਰ ਸਾਲ ਬੱਚਿਆਂ ਦੀ ਸੁਰੱਖਿਆ ਲਈ ਪਰਮ ਪਿਤਾ ਪਰਮਾਤਮਾ ਦਾ ਆਸ਼ੀਰਵਾਦ ਲੈਣ ਲਈ ਕੀਤਾ ਜਾਂਦਾ ਹੈ। ਇਸ ਮੌਕੇ ਇਨੋਸੈਂਟ ਹਾਰਟਸ ਦੇ ਸੀਨੀਅਰ ਮੈਂਬਰ ਅਤੇ ਟਰਾਂਸਪੋਰਟ ਇੰਚਾਰਜ ਹਾਜ਼ਰ ਸਨ। ਸਾਰਿਆਂ ਨੇ ਮਿਲ ਕੇ ਅਰਦਾਸ ਕੀਤੀ।

ਇਨੋਸੈਂਟ ਹਾਰਟਸ ਦੇ ਚੇਅਰਮੈਨ ਡਾ. ਅਨੂਪ ਬੌਰੀ ਨੇ ਇਨੋਸੈਂਟ ਹਾਰਟਸ ਪਰਵਾਰ ਨਾਲ ਜੁੜੇ ਬੱਸ ਡਰਾਈਵਰਾਂ ਅਤੇ ਕੰਡਕਟਰਾਂ ਦਾ ਸਾਲਾਂ ਤੋਂ ਸੇਵਾਵਾਂ ਨਿਭਾਉਣ ਲਈ ਧੰਨਵਾਦ ਕੀਤਾ। ਪਾਠ ਉਪਰੰਤ ਪ੍ਰਸ਼ਾਦ ਵਰਤਾਇਆ ਗਿਆ।



# ਸਰਕਾਰੀ ਹਸਪਤਾਲ ਟਾਂਡਾ ਵਧੀਆ ਸਿਹਤ ਸਹੂਲਤਾਂ ਦੇਣ ਲਈ ਸਨਮਾਨਤ




**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**- ਪੰਜਾਬ ਸਰਕਾਰ ਵੱਲੋਂ ਸਰਕਾਰੀ ਹਸਪਤਾਲਾਂ 'ਚ ਵਧੀਆ ਸਿਹਤ ਸਹੂਲਤਾਂ ਦੇਣ ਦੇ ਮਕਸਦ ਨਾਲ ਕਾਇਆ ਕਲਪ 'ਸਵੱਛ ਭਾਰਤ ਅਭਿਆਨ' ਤਹਿਤ ਉੱਚ ਪੱਧਰੀ ਟੀਮ ਵੱਲੋਂ ਸਰਕਾਰੀ ਹਸਪਤਾਲ ਟਾਂਡਾ ਦਾ ਮੁਆਇਨਾ ਕੀਤਾ ਗਿਆ, ਜਿਸ ਵਿੱਚ ਸਾਫ ਸਫਾਈ ਹਾਈਜੀਨ ਅਤੇ ਇਨਫੈਕਸ਼ਨ ਕੰਟਰੋਲ ਸੰਬੰਧੀ ਜਾਂਚ ਪੜਤਾਲ ਕੀਤੀ ਗਈ। ਇਸ ਉੱਚ ਪੱਧਰੀ ਟੀਮਾਂ ਵੱਲੋਂ ਸਿਹਤ ਵਿਭਾਗ ਨੂੰ ਭੇਜੀ ਗਈ ਰਿਪੋਰਟ ਦੇ ਅਧਾਰ 'ਤੇ ਸਰਕਾਰੀ ਹਸਪਤਾਲ ਟਾਂਡਾ ਦੇ ਸਰਕਾਰ ਵੱਲੋਂ ਚੋਣ ਕੀਤੀ ਗਈ। ਇਸ ਸੰਬੰਧੀ ਪਿਛਲੇ ਦਿਨੀਂ ਕਰਵਾਏ ਗਏ ਰਾਜ ਪੱਧਰੀ ਸਮਾਗਮ ਵਿੱਚ ਸਿਹਤ ਮੰਤਰੀ ਡਾ. ਬਲਵੀਰ ਸਿੰਘ ਵੱਲੋਂ ਜੋ ਅਵਾਰਡ ਦਿੱਤੇ ਗਏ ਸਨ ਉਹ ਅੱਜ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਕੋਮਲ ਮਿੱਤਲ ਵੱਲੋਂ ਸੀਨੀਅਰ ਮੈਡੀਕਲ ਅਫਸਰ ਡਾ. ਕਰਨ ਕੁਮਾਰ ਸੈਣੀ ਨੂੰ ਹੁਸ਼ਿਆਰਪੁਰ ਵਿਖੇ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਡਾ. ਬਲਵਿੰਦਰ ਸਿੰਘ ਸਿਵਲ ਸਰਜਨ, ਡਾ. ਪਵਨ ਕੁਮਾਰ ਸਹਾਇਕ ਸਿਵਲ ਸਰਜਨ, ਡਾ. ਹਰਬੰਸ ਕੌਰ, ਬਲਰਾਜ ਸਿੰਘ ਸੀਨੀਅਰ ਫਾਰਮੇਸੀ ਅਫਸਰ ਟਾਂਡਾ ਆਦਿ ਹਾਜ਼ਰ ਸਨ।

# ਸਿੱਖਿਆ ਪ੍ਰੋਵਾਈਡਰ ਤੇ ਆਈ ਈ ਵੀ ਵਲੰਟੀਅਰਾਂ ਨੂੰ ਸਕੂਲ ਮੈਨੇਜਮੈਂਟ ਕਮੇਟੀ ਸਪਰੌੜ ਨੇ ਦਿੱਤੇ ਨਿਯੁਕਤੀ ਪੱਤਰ



**ਜਲੰਧਰ ( ਰਾਜੇਸ਼ ਥਾਪਾ )**-ਪੰਜਾਬ ਸਰਕਾਰ ਵੱਲੋਂ ਪੰਜਾਬ ਭਰ ਵਿੱਚ ਇੱਕ ਦਹਾਕੇ ਤੋਂ ਵੱਧ ਨਿਗੂਣੀ ਤਨਖਾਹ 'ਤੇ ਸੇਵਾ ਨਿਭਾ ਰਹੇ ਸਿੱਖਿਆ ਪ੍ਰੋਵਾਈਡਰ ਅਤੇ ਆਈ ਈ ਜੀ ਨੂੰ ਪੱਕੇ ਕਰਕੇ ਉਨ੍ਹਾਂ ਅਧਿਆਪਕਾ ਦੀ ਆਈ ਡੀ 'ਤੇ ਨਿਯੁਕਤੀ ਪੱਤਰ ਡਾਊਨਲੋਡ ਕੀਤੇ। ਬੀ ਪੀ ਈ ਓ ਸੰਜੀਵ ਹਾਂਡਾ ਅਤੇ ਸੈਂਟਰ ਹੈੱਡ ਟੀਚਰ ਪਰਮਿੰਦਰ ਕੌਰ ਦੀ ਹਦਾਇਤਾ ਅਨੁਸਾਰ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਸਪਰੌੜ ਵਿਖੇ ਰੀਨੂੰ ਸੰਘੋਤਰਾ ਅਤੇ ਜਸਵਿੰਦਰ ਕੌਰ ਨੂੰ ਮੁੱਖ ਅਧਿਆਪਕ ਗਣੇਸ਼ ਭਗਤ ਅਤੇ ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰਾਂ ਵੱਲੋਂ ਨਿਯੁਕਤੀ ਪੱਤਰ ਦਿੱਤੇ ਗਏ। ਇਸ ਮੌਕੇ ਉਨ੍ਹਾਂ ਸਿੱਖਿਆ ਵਿਭਾਗ ਵਿੱਚ ਪੱਕੇ ਹੋਣ ਦੀ ਮੁਬਾਰਕਬਾਦ ਦਿੱਤੀ। ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਜਸਵੀਰ ਕੁਮਾਰ ਪੰਜਾਬ ਸਰਕਾਰ ਅਤੇ ਸਿੱਖਿਆ ਮੰਤਰੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਬੀਤੀਆਂ ਸਰਕਾਰਾਂ ਨੇ ਇਨ੍ਹਾਂ ਨੂੰ ਲਾਰੇ ਲੱਪੇ ਲਾ ਕੇ ਆਪਣਾ ਸਮਾਂ ਲੰਘਾ ਲਿਆ ਅਤੇ ਜਦੋਂ ਵੀ ਇਨ੍ਹਾਂ ਨੇ ਸੰਘਰਸ਼ ਕਰਕੇ ਆਪਣੇ ਹੱਕ ਮੰਗਣ ਦੀ ਮੰਗ ਕੀਤੀ, ਲਾਠੀਚਾਰਜ ਤੋਂ ਇਲਾਵਾ ਕੁਝ ਨਹੀਂ ਮਿਲਿਆ । ਪੰਜਾਬ ਦੀ ਮੌਜੂਦਾ ਸਰਕਾਰ ਨੇ ਇਨ੍ਹਾਂ ਕੱਚੇ ਅਧਿਆਪਕਾਂ ਨੂੰ ਬਣਦਾ ਸਤਿਕਾਰ ਬਖਸ਼ਿਆ ਹੈ। ਇਸ ਮੌਕੇ ਸਕੂਲ ਮੈਨੇਜਮੈਂਟ ਕਮੇਟੀ ਦੀ ਮੈਂਬਰ ਅਲਕਾ, ਕੇਵਲ ਕ੍ਰਿਸ਼ਨ ਰੱਲ, ਮਨਦੀਪ ਸਿੰਘ, ਸਕੂਲ ਅਧਿਆਪਕ ਕਾਜਲ, ਅੰਜੂ ਬਾਲਾ, ਨੀਲਮ ਹਾਜ਼ਰ ਸਨ।

# ਮਨੀਪੁਰ ਘਟਨਾ ਸੰਬੰਧੀ ਜੇ ਪੀ ਐੱਮ ਓ ਵੱਲੋਂ ਪੁਤਲਾ ਫੂਕ ਪ੍ਰਦਰਸ਼ਨ

**ਤਲਵਾੜਾ, ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਮਨੀਪੁਰ ਹਿੰਸਾ ਅਤੇ ਔਰਤਾਂ ਨਾਲ ਬਦਸਲੂਕੀ ਦੇ ਵਿਰੋਧ 'ਚ ਤਲਵਾੜਾ 'ਚ ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ (ਜੇ ਪੀ ਐਮ ਓ) ਵੱਲੋਂ ਕੇਂਦਰ ਸਰਕਾਰ ਖ਼ਿਲਾਫ਼ ਪੁਤਲਾ ਫੂਕ ਪ੍ਰਦਰਸ਼ਨ ਕੀਤਾ ਗਿਆ। ਮੁਜ਼ਾਹਰਾਕਾਰੀਆਂ ਨੇ ਮਨੀਪੁਰ ਹਿੰਸਾ ਦੇ ਵਿਰੋਧ 'ਚ ਮਨੀਪੁਰ 'ਚ ਭਾਜਪਾ ਦੀ ਅਗਵਾਈ ਵਾਲੀ ਡਬਲ ਇੰਜਨ ਸਰਕਾਰ ਅਤੇ ਕੇਂਦਰ ਸਰਕਾਰ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ। ਬੁਲਾਰਿਆਂ ਨੇ ਪਿਛਲੇ ਦਿਨੀਂ ਮਨੀਪੁਰ ਦੀਆਂ ਆਦਿਵਾਸੀ ਔਰਤਾਂ ਦੀ ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਘਿਨਾਉਣੀ ਘਟਨਾ ਦੀ ਵੀਡੀਓ ਦੀ ਸਖ਼ਤ ਸ਼ਬਦਾਂ 'ਚ ਨਿਖੇਧੀ ਕੀਤੀ। ਉੱਥੇ ਹੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਮਨੀਪੁਰ ਹਿੰਸਾ 'ਤੇ ਧਾਰੀ ਚੁੱਪੀ ਉੱਤੇ ਸਵਾਲ ਖੜ੍ਹੇ ਕੀਤੇ। ਮਨਰੇਗਾ ਵਰਕਰਜ਼ ਯੂਨੀਅਨ ਦੀ ਜ਼ਿਲ੍ਹਾ ਪ੍ਰਧਾਨ ਪਰਮਜੀਤ ਕੌਰ ਅਤੇ ਬਲਾਕ ਹਾਜੀਪੁਰ ਪ੍ਰਧਾਨ ਬਲਵਿੰਦਰ ਕੌਰ ਨੇ ਮਨੀਪੁਰ 'ਚ ਘੱਟ ਗਿਣਤੀ ਔਰਤਾਂ 'ਤੇ ਕੀਤੇ ਜਾ ਰਹੇ ਅੱਤਿਆਚਾਰ ਅਤੇ ਜਿਨਸੀ ਸ਼ੋਸ਼ਣ ਦੀ ਸ਼ਖ਼ਤ ਸ਼ਬਦਾਂ 'ਚ ਨਿੰਦਿਆ ਕੀਤੀ। ਮੁੱਖ ਮੰਤਰੀ ਬਿਰੇਨ ਸਿੰਘ ਨੂੰ ਤੁਰੰਤ ਬਰਖਾਸਤ ਕਰਕੇ ਪੀੜਤ ਲੋਕਾਂ ਨੂੰ ਇਨਸਾਫ਼ ਦਿਵਾਉਣ ਦੀ ਮੰਗ ਕੀਤੀ ਹੈ। ਜੇ ਪੀ ਐਮ ਓ ਵੱਲੋਂ ਗਿਆਨ ਸਿੰਘ ਗੁਪਤਾ, ਰਾਜੀਵ ਸ਼ਰਮਾ, ਵਰਿੰਦਰ ਵਿੱਕੀ, ਜਸਵੀਰ ਤਲਵਾੜਾ, ਸ਼ਿਵ ਕੁਮਾਰ ਅਮਰੋਹੀ, ਧਰਮਿੰਦਰ ਸਿੰਘ 'ਸਿੰਬਲੀ' ਅਤੇ ਬਸਪਾ ਆਗੂ ਅਮਨਦੀਪ ਹੈਪੀ ਨੇ ਕਿਹਾ ਕਿ ਮਨੀਪੁਰ ਘਟਨਾ ਨੇ ਦੇਸ਼ ਨੂੰ ਦੁਨੀਆ ਭਰ 'ਚ ਸ਼ਰਮਸਾਰ ਕੀਤਾ ਹੈ। ਪਿਛਲੇ ਤਿੰਨ ਮਹੀਨਿਆਂ ਤੋਂ ਮਨੀਪੁਰ ਜਾਤੀ ਦੰਗਿਆਂ ਦੀ ਅੱਗ ਵਿੱਚ ਝੁਲਸ ਰਿਹਾ ਹੈ। ਕੇਂਦਰ ਸਰਕਾਰ ਦੀ ਮਨੀਪੁਰ ਹਿੰਸਾ 'ਤੇ ਚੁੱਪੀ ਬਹੁਗਿਣਤੀ ਮੈਤੇਈ ਸਮਾਜ ਨੂੰ ਮੂਕ ਸਮਰਥਨ ਦੇਣ ਵੱਲ ਇਸ਼ਾਰਾ ਕਰਦੀ ਹੈ। ਬੁਲਾਰਿਆਂ ਨੇ ਕਿਹਾ ਕਿ ਭਾਜਪਾ ਵੱਲੋਂ ਗਿਣੀ ਮਿੱਥੀ ਸਾਜ਼ਿਸ਼ ਤਹਿਤ ਦੇਸ਼ ਦੇ ਵੱਖ ਵੱਖ ਹਿੱਸਿਆਂ 'ਚ ਘੱਟ ਗਿਣਤੀਆਂ, ਦਲਿਤਾਂ, ਆਦਿਵਾਸੀਆਂ ਅਤੇ ਔਰਤਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਇਸ ਉਪਰੰਤ ਸਥਾਨਕ ਮਾਹਾਰਾਣਾ ਪ੍ਰਤਾਪ ਚੌਕ 'ਤੇ ਕੇਂਦਰ ਸਰਕਾਰ ਦਾ ਪੁਤਲਾ ਫੂਕ ਰੋਸ ਪ੍ਰਗਟਾਇਆ।

# ਸਰਬ ਨੌਜਵਾਨ ਸਭਾ ਨੇ ਕਰਵਾਇਆ 'ਯੁਵਾ ਸੰਵਾਦ-ਭਾਰਤ 2047' ਸੈਮੀਨਾਰ



**ਫਗਵਾੜਾ ( ਡਾ. ਰਮਨ, ਜਗਵਿੰਦਰ ਢੱਡਾ)**-ਸਰਬ ਨੌਜਵਾਨ ਸਭਾ ਅਤੇ ਨਹਿਰੂ ਯੁਵਾ ਕੇਂਦਰ ਕਪੂਰਥਲਾ ਵੱਲੋਂ ਸਾਂਝਾ ਉਪਰਾਲਾ ਕਰਦੇ ਹੋਏ ਯੁਵਾ ਸੰਵਾਦ-ਭਾਰਤ 2047 ਤਹਿਤ ਇਕ ਸੈਮੀਨਾਰ ਦਾ ਆਯੋਜਨ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਪੁਰਾਣਾ ਡਾਕਖਾਨਾ ਰੋਡ ਵਿਖੇ ਕਰਵਾਇਆ ਗਿਆ। ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਅਤੇ ਨਹਿਰੂ ਯੁਵਾ ਕੇਂਦਰ ਦੀ ਜ਼ਿਲ੍ਹਾ ਯੂਥ ਅਫਸਰ ਗਗਨਦੀਪ ਕੌਰ ਦੀ ਸਾਂਝੀ ਅਗਵਾਈ ਹੇਠ ਆਯੋਜਿਤ ਸੈਮੀਨਾਰ ਦਾ ਵਿਸ਼ਾ 'ਨਾਗਰਿਕਾਂ ਵਿਚ ਫਰਜ਼ ਦੀ ਭਾਵਨਾ' ਅਤੇ 'ਨਸ਼ਿਆਂ ਨੂੰ ਨਾਂਹ, ਜ਼ਿੰਦਗੀ ਨੂੰ ਹਾਂ' ਸੀ।

ਸੈਮੀਨਾਰ ਸਮਾਗਮ 'ਚ ਬਤੌਰ ਮੁੱਖ ਮਹਿਮਾਨ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਕੈਂਥ ਨੇ ਸ਼ਿਰਕਤ ਕੀਤੀ। ਜਦਕਿ ਵਿਸ਼ੇਸ਼ ਬੁਲਾਰਿਆਂ ਵਜੋਂ ਪ੍ਰਸਿੱਧ ਪੱਤਰਕਾਰ ਦੀਦਾਰ ਸਿੰਘ ਸ਼ੇਤਰਾ, ਰਿਟਾ. ਡੀ.ਐਸ.ਪੀ ਦਲਜੀਤ ਸਿੰਘ ਐਡਵੋਕੇਟ, ਡਾ. ਸੰਜੀਵ ਲੋਚਨ, ਪ੍ਰਿੰਸੀਪਲ ਗੁਰਮੀਤ ਪਲਾਹੀ ਅਤੇ ਆਪ ਆਗੂ ਸੰਤੋਸ਼ ਕੁਮਾਰ ਗੋਗੀ ਨੇ ਸ਼ਿਰਕਤ ਕੀਤੀ। ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਨੇ ਕਿਹਾ ਕਿ ਮੋਦੀ ਸਰਕਾਰ ਵੱਲੋਂ ਨਸ਼ਿਆਂ ਦੇ ਵਾਧੇ ਨੂੰ ਰੋਕਣ ਲਈ ਇੱਕ ਵੱਡੀ ਮੁਹਿੰਮ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਆਰੰਭੀ ਜਾਏਗੀ, ਜਿਹੜੀ ਪਿੰਡ-ਪਿੰਡ ਤੇ ਸ਼ਹਿਰ-ਸ਼ਹਿਰ ਨਸ਼ਿਆਂ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਲਈ ਹੋਕਾ ਦੇਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਇਸ ਵੇਲੇ ਨਸ਼ਿਆਂ ਦੇ ਕਹਿਰ ਹੇਠ ਹੈ। ਪੰਜਾਬੀਆਂ ਨੂੰ ਇਕਜੁੱਟ ਹੋ ਕੇ ਇਸ ਬਿਮਾਰੀ ਵਿਰੁੱਧ ਖੜ੍ਹਨ ਦੀ ਲੋੜ ਹੈ। ਸੈਮੀਨਾਰ ਦੌਰਾਨ ਨਸ਼ਿਆਂ ਦੀ ਬੁਰਾਈ ਪ੍ਰਤੀ ਜਾਗਰੂਕ ਕਰਦੀ ਕੋਰੀਓਗ੍ਰਾਫੀ ਵਿਸ਼ੇਸ਼ ਖਿੱਚ ਦਾ ਕੇਂਦਰ ਸੀ। ਪੰਜਾਬੀ ਗਾਇਕ ਨਿਰਮਲਜੀਤ ਨੇ ਆਪਣੀ ਗੀਤ ਰਾਹੀਂ ਨਸ਼ਿਆਂ ਨੂੰ ਤਿਆਗਣ ਦਾ ਸੁਨੇਹਾ ਦਿੱਤਾ। ਸਭਾ ਵੱਲੋਂ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਸਮੇਤ ਪਤਵੰਤਿਆਂ ਨੂੰ ਦੋਸ਼ਾਲਾ ਅਤੇ ਸਨਮਾਨ ਚਿੰਨ੍ਹ ਭੇਂਟ ਕਰਕੇ ਸਨਮਾਨਤ ਕੀਤਾ ਗਿਆ। ਸਟੇਜ ਦੀ ਸੇਵਾ ਲੈਕਚਰਾਰ ਹਰਜਿੰਦਰ ਗੋਗਨਾ ਵੱਲੋਂ ਨਿਭਾਈ ਗਈ। ਇਸ ਮੌਕੇ ਡਾ. ਵਿਜੇ ਕੁਮਾਰ ਜਨਰਲ ਸਕੱਤਰ, ਸਤਨਾਮ ਸਿੰਘ ਜੱਸੀ, ਅਰੁਣ ਖੋਸਲਾ ਸਾਬਕਾ ਮੇਅਰ, ਹੁਸਨ ਲਾਲ ਜਨਰਲ ਮੈਨੇਜਰ ਜੈਸੀਟੀ ਮਿੱਲ, ਮਨੋਹਰ ਸਿੰਘ ਤਲਵਾੜ ਕੋਚ, ਰਮਨ ਨਹਿਰਾ, ਗੁਰਦੀਪ ਕੰਗ, ਬਲਜਿੰਦਰ ਸਿੰਘ ਸਰਪੰਚ, ਵਿਪਨ ਬੇਦੀ, ਚੰਦਰੇਸ਼ ਕੌਲ ਬੀ ਜੇ ਪੀ ਆਗੂ, ਰਵਿੰਦਰ ਸਿੰਘ ਰਾਏ ਉਪ ਪ੍ਰਧਾਨ, ਕਵੀ ਸੁਖਦੇਵ ਗੰਡਮ, ਕਵੀ ਹਰਚਰਨ ਭਾਰਤੀ, ਕਵੀ ਮਨੋਜ ਫਗਵਾੜਵੀ, ਗਾਇਕ ਨਿਰਮਲਜੀਤ, ਡਾ. ਅਸ਼ੋਕ ਭਾਟੀਆ, ਸੁਖਵੰਤ ਰਾਏ ਥਿਏਟਰ ਕਲਾਕਾਰ, ਅਵਤਾਰ ਚੰਦ ਥਿਏਟਰ ਕਲਾਕਾਰ, ਨੀਤੂ ਗੁਡਿੰਗ ਆਦਿ ਹਾਜ਼ਰ ਸਨ।

# ਸੱਭਿਆਚਾਰਕ ਵਿਰਸੇ ਨੂੰ ਭੁਲਾਉਣ ਵਾਲੀਆਂ ਕੌਮਾਂ ਲੁਪਤ ਹੋ ਜਾਂਦੀਆਂ : ਅਰੋੜਾ



**ਟਾਂਡਾ ਉੜਮੁੜ ( ਉਂਕਾਰ ਸਿੰਘ ਜਸਵਿੰਦਰ ਸੰਧੂ )**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਐਮ ਐਸ ਕੇ ਡੇ ਬੋਡਿੰਗ ਸੀ ਬੀ ਐੱਸ ਈ ਸੈਕੰਡਰੀ ਸਕੂਲ, ਕੋਟਲੀ ਜੰਡ ਵਿਖੇ ਸਕੂਲ ਦੇ ਪ੍ਰਧਾਨ ਸੁਖਵਿੰਦਰ ਸਿੰਘ ਅਰੋੜਾ ਦੀ ਸਰਪ੍ਰਸਤੀ ਹੇਠ ਸਕੂਲ ਵਿੱਚ ਤੀਜ ਦਾ ਤਿਉਹਾਰ ਮਨਾਇਆ ਗਿਆ । ਪ੍ਰਿੰਸੀਪਲ ਪਰਵਿੰਦਰ ਕੌਰ ਦੀ ਦੇਖ ਰੇਖ ਹੇਠ ਅਯੋਜਿਤ ਇਸ ਪ੍ਰੋਗਰਾਮ ਵਿੱਚ ਨੰਬਰਦਾਰ ਜਗਜੀਵਨ ਜੱਗੀ ਸਿਟੀ ਪ੍ਰਧਾਨ ਟਾਂਡਾ, ਸਮਾਜ ਸੇਵੀ ਗੁਰਦੀਪ ਸਿੰਘ ਹੈਪੀ( ਕੋਰ ਕਮੇਟੀ ਮੈਂਬਰ ਆਮ ਆਦਮੀ ਪਾਰਟੀ) ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਸਕੂਲ ਵਿਦਿਆਰਥੀਆਂ ਵੱਲੋਂ ਜਿੱਥੇ ਸ਼ਾਨਦਾਰ ਪੰਜਾਬੀ ਸਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ ਉੱਥੇ ਪੀਂਘਾਂ ਵੀ ਪਾਈਆਂ ਗਈਆਂ ਤੇ ਗਿੱਧਾ ਪਾ ਕੇ ਆਪਣੀ ਖੁਸੀ ਨੂੰ ਜਾਹਿਰ ਕੀਤਾ ਗਿਆ । ਪੰਜਾਬੀ ਵਿਰਸੇ ਨਾਲ ਸੰਬੰਧਤ ਸਵਾਲ- ਜਵਾਬ ਪ੍ਰਤਿਯੋਗਤਾ ਕਰਵਾਈ ਗਈ ,ਜਿਸ ਵਿੱਚ ਗੁਰਲੀਨ ਕੌਰ ( ਦਸਵੀਂ ਜਮਾਤ ਸਾਰੇ ਸਵਾਲਾਂ ਦਾ ਜਵਾਬ ਦੇ ਕੇ ਮਿਸ ਤੀਜ ਬਣੀ ਅਤੇ ਮੌਕੇ 'ਤੇ ਹੀ ਅਰੋੜਾ, ਜੱਗੀ, ਹੈਪੀ, ਅਵਤਾਰ ਸਿੰਘ ਤਾਰੀ, ਸਤੀਸ਼ ਜੋੜਾ ਨੇ ਮਿਸ ਤੀਜ ਨੂੰ ਸਨਮਾਨਿਤ ਕੀਤਾ । ਇਸ ਮੌਕੇ ਸਕੂਲ ਦੇ ਪ੍ਰਧਾਨ ਅਰੋੜਾ ਨੇ ਆਪਣੇ ਸੰਬੋਧਨ ਵਿਚ ਕਿਹਾ ,ਆਪਣੇ ਲੁਪਤ ਹੋ ਰਹੇ ਵਿਰਸੇ ਨੂੰ ਬਚਾਉਣ ਲਈ ਇਹ ਬਹੁਤ ਵੱਡਾ ਉਪਰਾਲਾ ਹੈ ,ਕਿਉਂਕਿ ਅੱਜ ਦੇ ਤਕਨੀਕੀ ਯੁੱਗ ਵਿੱਚ ਸਾਡਾ ਵਿਰਸਾ ਕਿਤੇ ਨਾ ਕਿਤੇ ਲੁਪਤ ਹੁੰਦਾ ਜਾ ਰਿਹਾ ਹੈ। ਨਾਲ ਹੀ ਉਹਨਾਂ ਨੇ ਵਾਇਦਾ ਕੀਤਾ ਕਿ ਉਹ ਆਪਣੇ ਸਕੂਲ ਵਿੱਚ ਵਿਦਿਆਰਥੀਆਂ ਨੂੰ ਆਪਣੇ ਸੱਭਿਆਚਾਰ ਨਾਲ ਜੋੜਨ ਦੇ ਉਪਰਾਲੇ ਕਰਦੇ ਰਹਿਣਗੇ। ਪ੍ਰਿੰਸੀਪਲ ਨੇ ਵਿਦਿਆਰਥਣਾਂ ਨੂੰ ਤੀਜ ਦੇ ਤਿਉਹਾਰ ਦੀਆਂ ਵਧਾਈਆਂ ਦਿੱਤੀਆਂ ਅਤੇ ਤਿਉਹਾਰ ਦੀ ਮਹੱਤਵਪੂਰਨ ਜਾਣਕਾਰੀ ਵੀ ਦਿੱਤੀ। ਇਸ ਮੌਕੇ ਸਕੂਲ ਸਟਾਫ ਵਿੱਚ ਨਰਿੰਦਰ ਕੌਰ, ਪਰਦੀਪ ਸਿੰਘ, ਮਨਮੋਹਨ ਸਿੰਘ, ਗੁਰਸ਼ਰਨ ਕੌਰ, ਰਜਿੰਦਰ ਕੌਰ, ਆਗਿਆ ਕੌਰ,ਗੁਰਪ੍ਰੀਤ ਕੌਰ, ਸੁਖਵਿੰਦਰ ਕੌਰ, ਜੋਬਨਪ੍ਰੀਤ ਕੌਰ, ਅਤੇ ਸਿਮਰਨਜੀਤ ਕੌਰ ਅਤੇ ਸਮਾਜ ਸੇਵੀ ਰਣਜੀਤ ਗਣਪਤੀ ਸ਼ਾਮਲ ਸਨ।

# ਕੌਂਸਲਰਾਂ ਤੇ ਸਮਾਜ ਸੇਵੀਆਂ ਨੇ ਕੇਂਦਰ ਸਰਕਾਰ ਵਿਰੁੱਧ ਕੀਤਾ ਰੋਸ ਵਿਖਾਵਾ



**ਟਾਂਡਾ ਉੜਮੁੜ,( ਜਸਵਿੰਦਰ ਸੰਧੂ, ਉਂਕਾਰ ਸਿੰਘ )**- ਮਨੀਪੁਰ 'ਚ ਹੋ ਰਹੀ ਹਿੰਸਾ ਅਤੇ ਅੱਤਿਆਚਾਰ ਦੇ ਖਿਲਾਫ ਅੱਜ ਟਾਂਡਾ 'ਚ ਵੱਖ-ਵੱਖ ਜਥੇਬੰਦੀਆਂ ਨਾਲ ਜੁੜੇ ਸਮਾਜ ਸੇਵੀਆਂ ਅਤੇ ਕੌਂਸਲਰਾਂ ਨੇ ਭਾਜਪਾ ਸਰਕਾਰ ਖਿਲਾਫ ਰੋਸ ਵਿਖਾਵਾ ਕੀਤਾ। ਲਖਵਿੰਦਰ ਸਿੰਘ ਮੁਲਤਾਨੀ ਅਤੇ ਨਗਰ ਕੌਂਸਲ ਟਾਂਡਾ ਦੇ ਪ੍ਰਧਾਨ ਗੁਰਸੇਵਕ ਮਾਰਸ਼ਲ ਦੀ ਅਗਵਾਈ ਹੇਠ ਹੋਏ ਇਸ ਵਿਖਾਵੇ ਦੌਰਾਨ ਸਾਰਿਆਂ ਨੇ ਰੋਸ ਪ੍ਰਗਟ ਕੀਤਾ ਕਿ ਮਨੀਪੁਰ ਵਿਚ ਭਾਜਪਾ ਦੀ ਡਬਲ ਇੰਜਣ ਵਾਲੀ ਸਰਕਾਰ ਦੀ ਸਰਪ੍ਰਸਤੀ ਹੇਠ ਔਰਤਾਂ ਨੂੰ ਨੰਗਾ ਕਰਕੇ ਜ਼ਲੀਲ ਕੀਤਾ ਜਾ ਰਿਹਾ ਹੈ। ਇਸ ਦੇ ਬਾਵਜੂਦ ਸਰਕਾਰ ਕੋਈ ਕਾਰਵਾਈ ਨਹੀਂ ਕਰ ਰਹੀ। ਭਾਜਪਾ 'ਤੇ ਨਿਸ਼ਾਨਾ ਸਾਧਦੇ ਹੋਏ ਪ੍ਰਧਾਨ ਗੁਰਸੇਵਕ ਮਾਰਸ਼ਲ ਨੇ ਕਿਹਾ ਕਿ ਭਾਜਪਾ ਸਰਕਾਰ ਦੇਸ਼ 'ਚ ਨਫਰਤ ਅਤੇ ਵੋਟ ਬੈਂਕ ਦੀ ਗੰਦੀ ਰਾਜਨੀਤੀ ਕਰ ਰਹੀ ਹੈ। ਜੇਕਰ ਦੇਸ਼ ਦਾ ਹਿੱਸਾ ਮਨੀਪੁਰ ਸੜ ਰਿਹਾ ਹੈ ਤਾਂ ਇਸ ਦੇ ਪਿੱਛੇ ਭਾਜਪਾ ਦਾ ਹੱਥ ਹੈ। ਉਨ੍ਹਾਂ ਦੱਸਿਆ ਕਿ ਅੱਜ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਚੁੱਪ ਹਨ। ਅਜੇ ਤੱਕ ਕੇਂਦਰ ਵੱਲੋਂ ਕੋਈ ਠੋਸ ਫੈਸਲਾ ਨਹੀਂ ਲਿਆ ਗਿਆ।

# ਲੋਕਾਂ ਦੀ ਹਰ ਸੰਭਵ ਮਦਦ ਕਰਨਾ ਸਰਕਾਰ ਦੀ ਜ਼ਿੰਮੇਵਾਰੀ : ਹਰਜੋਤ ਬੈਂਸ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਕੂਲ ਸਿੱਖਿਆ, ਤਕਨੀਕੀ ਸਿੱਖਿਆ, ਉਦਯੋਗਿਕ ਸਿਖਲਾਈ ਤੇ ਉਚੇਰੀ ਸਿੱਖਿਆ ਪੰਜਾਬ ਨੇ ਅੱਜ ਗੰਭੀਰਪੁਰ ਵਿਚ ਹਲਕੇ ਦੇ ਲੋਕਾਂ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਉਨ੍ਹਾਂ ਲੋਕਾਂ ਨੂੰ ਦਰਪੇਸ਼ ਮੁਸ਼ਕਿਲਾਂ/ਸਮੱਸਿਆਵਾਂ ਦਾ ਮੌਕੇ ਉਤੇ ਹੱਲ ਕੀਤਾ। ਉਨ੍ਹਾਂ ਦੱਸਿਆ ਕਿ ਭਲਾਈ ਸਕੀਮਾਂ ਦਾ ਲਾਭ ਹਰ ਲੋੜਵੰਦਾਂ ਤੱਕ ਬਿਨਾਂ ਦੇਰੀ ਪਹੁੰਚਾਇਆ ਜਾ ਰਿਹਾ ਹੈ, ਆਮ ਲੋਕਾਂ ਨੂੰ ਸਾਫ ਸੁਥਰਾ ਪ੍ਰਸ਼ਾਸਨ ਦਿੱਤਾ ਜਾ ਰਿਹਾ ਹੈ। ਇਸ ਮੌਕੇ ਵੱਡੀ ਗਿਣਤੀ ਵਿੱਚ ਪਹੁੰਚੇ ਇਲਾਕੇ ਵਾਸੀਆਂ ਵੱਲੋਂ ਆਪਣੀਆਂ ਮੁਸ਼ਕਲਾਂ ਕੈਬਨਿਟ ਮੰਤਰੀ ਹਰਜੋਤ ਬੈਂਸ ਨੂੰ ਦੱਸੀਆਂ ਗਈਆਂ, ਜ਼ਿਨ੍ਹਾਂ ਮੁਸਕਲਾਂ ਵਿਚੋਂ ਕੁਝ ਮੁਸਕਲਾਂ ਦਾ ਹੱਲ ਕੈਬਨਿਟ ਮੰਤਰੀ ਵੱਲੋਂ ਮੌਕੇ 'ਤੇ ਕਰਵਾਇਆ ਗਿਆ। ਇਸ ਮੌਕੇ ਕੈਬਨਿਟ ਮੰਤਰੀ ਨੇ ਦੱਸਿਆ ਕਿ ਲੱਖਾਂ ਪਰਵਾਰ ਘਰੇਲੂ ਬਿਜਲੀ ਬਿੱਲ ਜ਼ੀਰੋ ਆਉਣ ਨਾਲ ਰਾਹਤ ਮਹਿਸੂਸ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਪਿੰਡਾਂ ਵਿੱਚ ਖੇਡ ਮੈਦਾਨ, ਆਮ ਆਦਮੀ ਕਲੀਨਿਕ, ਸਰਕਾਰੀ ਸਕੂਲਾਂ ਵਿੱਚ ਮਿਆਰੀ ਸਿੱਖਿਆ ਵਰਗੀਆਂ ਸਹੂਲਤਾਂ ਤੋਂ ਲੋਕ ਬਹੁਤ ਖੁਸ਼ ਹਨ। ਮੌਨਸੂਨ ਸੀਜ਼ਨ ਤੋਂ ਬਾਅਦ ਵਿਆਪਕ ਵਿਕਾਸ ਕਾਰਜ ਕਰਵਾਏ ਜਾਣਗੇ ਤੇ ਹਲਕੇ ਦੀ ਨੁਹਾਰ ਬਦਲੀ ਜਾਵੇਗੀ। ਇਸ ਮੌਕੇ ਦੀਪਕ ਸੋਨੀ ਮੀਡੀਆ ਕੋਆਰਡੀਨੇਟਰ, ਰੋਹਿਤ ਕਾਲੀਆ ਟਰੱਕ ਯੂਨੀਅਨ ਪ੍ਰਧਾਨ ਨੰਗਲ, ਬਲਵਿੰਦਰ ਕੌਰ ਬੈਂਸ, ਜਸਪਾਲ ਸਿੰਘ ਢਾਹੇ, ਜਸਵਿੰਦਰ ਬਾਂਠ, ਦਲਜੀਤ ਸਿੰਘ ਕਾਕਾ ਨਾਨਗਰਾ, ਬਚਿੱਤਰ ਸਿੰਘ, ਰਾਜ ਕੁਮਾਰ ਦੜੋਲੀ, ਅੰਕੁਸ਼, ਨਿਤਿਨ ਬਾਸੋਵਾਲ ਆਦਿ ਹਾਜ਼ਰ ਸਨ।

ਬੈਂਸ ਨੇ ਕਿਹਾ ਕਿ ਇਲਾਕੇ ਦੇ ਕਿਸੇ ਵੀ ਪਿੰਡ ਵਿਚ ਕਿਸੇ ਵੀ ਪੰਚਾਇਤ ਜਾਂ ਵਿਅਕਤੀ ਨੂੰ ਕੋਈ ਵੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮੇਰਾ ਹਰੇਕ ਸਾਥੀ/ਪਾਰਟੀ ਵਰਕਰ ਲੋਕਾਂ ਦੀਆਂ ਸੇਵਾਵਾਂ ਵਿਚ ਹਮੇਸ਼ਾ ਹੀ ਹਾਜ਼ਰ ਹੈ। ਮੇਰੇ ਵੱਲੋਂ ਇਲਾਕੇ ਵਿੱਚ ਸਿੱਖਿਆ ਸਹੂਲਤ, ਸਿਹਤ ਸਹੂਲਤ ਇਲਾਕੇ ਦੇ ਵਿਕਾਸ ਲਈ ਵਿਸ਼ੇਸ਼ ਤੌਰ ਤੇ ਧਿਆਨ ਦਿੱਤਾ ਜਾ ਰਿਹਾ ਹੈ। ਕੈਬਨਿਟ

## ਪ੍ਰਕਾਸ਼ ਲਾਲ ਦੀ 14ਵੀਂ ਬਰਸੀ ਯਾਦਗਾਰ ਦਿਵਸ ਵਜੋਂ ਮਨਾਈ



**ਰੂਪਨਗਰ, (ਰਜਿੰਦਰ ਸੈਣੀ)**-ਭਾਰਤੀਯ ਯੋਗ ਸੰਸਥਾਨ ਦੀ ਜ਼ਿਲ੍ਹਾ ਇਕਾਈ ਰੂਪਨਗਰ ਵੱਲੋਂ ਅੱਜ ਇੱਥੇ ਗਿਆਨੀ ਜ਼ੈਲ ਸਿੰਘ ਨਗਰ ਦੇ ਮੁੱਖ ਪਾਰਕ ਵਿਖੇ ਸੰਸਥਾਨ ਦੇ ਸੰਸਥਾਪਕ ਸਵਰਗੀ ਪ੍ਰਕਾਸ਼ ਲਾਲ ਦੀ 14ਵੀਂ ਬਰਸੀ 'ਯਾਦਗਾਰ ਦਿਵਸ' ਵਜੋਂ ਮਨਾਈ ਗਈ। ਇਸ ਮੌਕੇ ਰੂਪਨਗਰ ਸ਼ਹਿਰ ਅੰਦਰ ਸੰਸਥਾਨ ਵੱਲੋਂ ਵੱਖ ਵੱਖ ਥਾਵਾਂ 'ਤੇ ਚਲ ਰਹੀਆਂ ਸਮੂਹ ਕੇਂਦਰਾਂ ਦੀਆਂ ਜ਼ਿਲ੍ਹਾ ਪ੍ਰਧਾਨ ਕੁਸਮ ਸ਼ਰਮਾ ਦੀ ਅਗਵਾਈ ਵਿੱਚ ਸਾਂਝੀਆਂ ਯੋਗ ਕਲਾਸਾਂ ਦਾ ਆਯੋਜਨ ਕੀਤਾ ਗਿਆ। ਸਵਰਗੀ ਪ੍ਰਕਾਸ਼ ਲਾਲ ਨੂੰ ਸਪਰਪਤ ਸਾਂਝੀ ਯਾਦਗਾਰੀ ਯੋਗ ਕਲਾਸ ਦਾ ਅਰੰਭ ਸੰਸਥਾਨ ਦੇ ਸਾਧਕ ਕੇ. ਐਲ. ਕਪੂਰ (87) ਨੇ ਜੋਤ ਜਗਾ ਕੇ ਅਤੇ ਸਰਸਵਤੀ ਬੰਦਨਾ ਦਾ ਗਾਇਨ ਕਰਕੇ ਕੀਤਾ ਗਿਆ। ਇਸ ਮੌਕੇ ਸੰਸਥਾਨ ਦੀ ਜ਼ਿਲ੍ਹਾ ਪ੍ਰਧਾਨ ਕੁਸਮ ਸ਼ਰਮਾ ਵੱਲੋਂ ਸਵਰਗੀ ਪ੍ਰਕਾਸ਼ ਲਾਲ ਵੱਲੋਂ ਦੇਸ਼ ਵਿਦੇਸ਼ 'ਚ ਯੋਗ ਦੇ ਪ੍ਰਸਾਰ ਲਈ ਕੀਤੇ ਗਏ ਮਹਾਨ ਕਾਰਜਾਂ ਬਾਰੇ ਵਿਸਥਾਰਪੂਰਬਕ ਚਰਚਾ ਅਤੇ ਇਸ ਖੇਤਰ ਵਿੱਚ ਕੀਤੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ। ਸੰਸਥਾਨ ਦੇ ਜ਼ੋਨਲ ਪ੍ਰਧਾਨ ਰਾਜਿੰਦਰ ਸੈਣੀ ਨੇ ਯੋਗ ਰਾਹੀਂ ਸਰੀਰਕ, ਮਾਨਸਿਕ ਅਤੇ ਅਧਿਆਤਮਕ ਮਹਤੱਤਾ ਬਾਰੇ ਦੱਸਿਆ। ਇਸ ਮੌਕੇ ਜ਼ਿਲ੍ਹਾ ਇਕਾਈ ਦੇ ਅਹੁਦੇਦਾਰਾਂ ਅਤੇ ਮਾਹਰਾਂ ਕੇ. ਐਲ. ਕਪੂਰ, ਮੋਨਿਕਾ ਵਾਸੂਦੇਵਾ, ਮਧੂ ਕਾਲੜਾ, ਆਸਿਮਾ ਅਗਰਵਾਲ, ਜਗਦੇਵ ਸਿੰਘ, ਮੀਨਲ ਵਾਸੂਦੇਵਾ, ਮਨਿੰਦਰ ਕੌਰ, ਪੂਜਾ ਸੈਣੀ, ਸੰਜੀਵ ਮੇਹਰਾ, ਪ੍ਰੀਤਕਮਲ, ਬਲਬੀਰ ਕੌਰ, ਆਮਿਸਾ ਸਚਦੇਵਾ, ਰਾਜਿੰਦਰ ਸੈਣੀ ਵੱਲੋਂ ਯੋਗ ਦੀਆਂ ਵੱਖ ਵੱਖ ਕਿਰਿਆਵਾਂ ਦਾ ਅਭਿਆਸ ਕਰਵਾਇਆ ਗਿਆ ਅਤੇ ਨੇਹਾ, ਮਨਿੰਦਰ ਕੌਰ, ਬਲਬੀਰ ਕੌਰ, ਸਾਂਚੀ, ਸ਼ਵੇਤਾ ਵੱਲੋਂ ਸ਼ਬਦ ਅਤੇ ਭਜਨਾਂ ਦਾ ਗਾਇਨ ਕੀਤਾ ਗਿਆ। ਇਸ ਮੌਕੇ ਸਵਰਗੀ ਪ੍ਰਕਾਸ਼ ਲਾਲ ਦੀ ਯਾਦ 'ਚ ਪਾਰਕ ਵਿੱਚ ਫੁਲਾਂ ਦੇ ਪੌਦੇ ਵੀ ਲਗਾਏ ਗਏ। ਅੰਤ 'ਚ ਜ਼ਿਲ੍ਹਾ ਪ੍ਰਧਾਨ ਕੁਸਮ ਸ਼ਰਮਾ ਅਤੇ ਜ਼ੋਨਲ ਪ੍ਰਧਾਨ ਰਾਜਿੰਦਰ ਸੈਣੀ ਵੱਲੋਂ ਯਾਦਗਾਰੀ ਕਲਾਸ ਨੂੰ ਸਫਲ ਬਣਾਉਣ ਲਈ ਸਭ ਦਾ ਧੰਨਵਾਦ ਕੀਤਾ ਗਿਆ।

# ਮਨੀਪੁਰ ਦੀਆਂ ਘਟਨਾਵਾਂ ਨੇ ਭਾਜਪਾ ਦਾ ਫਿਰਕੂ ਤੇ ਫਾਸ਼ੀਵਾਦੀ ਚਿਹਰਾ ਕੀਤਾ ਬੇਨਕਾਬ : ਬੀ ਕੇ ਯੂ ਉਗਰਾਹਾਂ



**ਸ਼ਾਹਕੋਟ (ਗਿਆਨ ਸੈਦਪੁਰੀ)**-ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਜ਼ਿਲ੍ਹਾ ਜਲੰਧਰ ਦੀ ਵਧਵੀਂ ਮੀਟਿੰਗ ਮਲਸੀਆਂ ਵਿਖੇ ਹੋਈ। ਮੀਟਿੰਗ ਵਿੱਚ ਬਲਾਕ ਸ਼ਾਹਕੋਟ ਦੀਆਂ ਇਕਾਈਆਂ ਦੇ ਅਹੁਦੇਦਾਰ ਅਤੇ ਸਰਗਰਮ ਮੈਂਬਰ ਸ਼ਾਮਲ ਹੋਏ। ਮੀਟਿੰਗ ਨੂੰ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਮੋਹਨ ਸਿੰਘ ਬੱਲ, ਜਨਰਲ ਸਕੱਤਰ ਗੁਰਚਰਨ ਸਿੰਘ ਚਾਹਲ, ਬਲਾਕ ਸ਼ਾਹਕੋਟ ਦੇ ਸਕੱਤਰ ਮਨਜੀਤ ਸਿੰਘ ਸਾਬੀ, ਬਲਾਕ ਖਜ਼ਾਨਚੀ ਜਸਪਾਲ ਸਿੰਘ ਸੰਢਾਵਾਲ, ਜ਼ਿਲ੍ਹਾ ਖਜ਼ਾਨਚੀ ਹਰਨੇਕ ਸਿੰਘ ਮਾਲੜੀ ਅਤੇ ਜ਼ਿਲ੍ਹਾ ਕਮੇਟੀ ਮੈਂਬਰ ਪ੍ਰਿੰਸੀਪਲ ਮਨਜੀਤ ਸਿੰਘ ਨੇ ਸੰਬੋਧਨ ਕੀਤਾ। ਬੁਲਾਰਿਆਂ ਨੇ 3 ਮਈ ਤੋਂ ਮਨੀਪੁਰ ਵਿੱਚ ਫਿਰਕੂ ਦੰਗਿਆਂ 'ਤੇ ਧਾਰੀ ਸਾਜ਼ਸ਼ੀ ਚੁੱਪ 'ਤੇ ਮਨੀਪੁਰ ਵਿਚਲੀ ਭਾਜਪਾ ਸਰਕਾਰ ਅਤੇ ਕੇਂਦਰ ਦੀ ਮੋਦੀ ਸਰਕਾਰ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਮਨੀਪੁਰ ਵਿੱਚ ਔਰਤਾਂ ਦੀ ਨਗਨ ਪਰੇਡ ਨੇ ਭਾਜਪਾ/ਆਰ ਐਸ ਐਸ ਦਾ ਔਰਤਾਂ, ਘੱਟ ਗਿਣਤੀਆਂ, ਅਨੁਸੂਚਿਤ ਜਾਤੀਆਂ ਅਤੇ ਕਬੀਲਿਆਂ ਵਿਰੋਧੀ ਚਿਹਰਾ ਨੰਗਾ ਕਰ ਦਿੱਤਾ ਹੈ। ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਵੱਲੋਂ ਉਲੀਕੇ ਪ੍ਰੋਗਰਾਮ ਅਨੁਸਾਰ 6 ਅਗਸਤ ਨੂੰ ਮੋਹਾਲੀ ਵਿੱਚ ਰੋਸ ਪ੍ਰਦਰਸ਼ਨ ਕਰਨ ਉਪਰੰਤ ਪੰਜਾਬ ਦੇ ਗਵਰਨਰ ਨੂੰ ਮੰਗ ਪੱਤਰ ਸੌਂਪਿਆ ਜਾਵੇਗਾ ਅਤੇ ਘਟਨਾਵਾਂ ਦੇ ਦੋਸ਼ੀਆਂ ਨੂੰ ਸਖਤ ਸਜ਼ਾਵਾਂ ਦਿਵਾਉਣ, ਮਨੀਪੁਰ ਸਰਕਾਰ ਨੂੰ ਬਰਖਾਸਤ ਕਰਨ ਅਤੇ ਮਨੀਪੁਰ ਵਿੱਚ ਸ਼ਾਂਤੀ ਬਹਾਲ ਕਰਾਉਣ ਦੀ ਮੰਗ ਕੀਤੀ ਜਾਵੇਗੀ। ਇਹ ਵੀ ਫੈਸਲਾ ਕੀਤਾ ਗਿਆ ਕਿ ਹੜ੍ਹ ਤੋਂ ਇਲਾਵਾ ਇਲਾਕਾ ਸ਼ਾਹਕੋਟ ਦੇ ਆਲੇ ਦੁਆਲੇ ਦੇ ਪਿੰਡਾਂ ਵਿੱਚ ਹੋਈ ਭਾਰੀ ਬਰਸਾਤ ਨੇ ਫਸਲਾਂ ਦਾ ਭਾਰੀ ਨੁਕਸਾਨ ਕੀਤਾ ਹੈ। ਹੜ੍ਹ ਪੀੜਤਾਂ ਨੂੰ ਸਹਾਇਤਾ ਭੇਜਣ ਅਤੇ ਖਾਦਾਂ ਦੀ ਥੁੜ ਬਾਰੇ ਵੀ ਵਿਚਾਰ ਚਰਚਾ ਕੀਤੀ ਗਈ। ਹਾਜ਼ਰ ਸਾਰੀਆਂ ਇਕਾਈਆਂ ਦੇ ਅਹੁਦੇਦਾਰਾਂ ਨੇ ਭਰੋਸਾ ਦਿਵਾਇਆ ਕਿ ਉਹ ਮਨੀਪੁਰ ਵਿੱਚ ਵਾਪਰੀਆਂ ਘਟਨਾਵਾਂ ਸੰਬੰਧੀ ਘਰ ਘਰ ਜਾ ਕੇ ਔਰਤਾਂ ਨੂੰ ਸੁਚੇਤ ਕਰਨਗੇ ਅਤੇ 6 ਅਗਸਤ ਦੇ ਮੁਜ਼ਾਹਰੇ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਤ ਕਰਨਗੇ।

## 'ਆਪ' ਸਰਕਾਰ ਲੋਕ ਹਿੱਤਾਂ ਵਾਲੀ ਸਰਕਾਰ : ਰਾਕੇਸ਼ ਕੁਮਾਰ

**ਕਰਤਾਰਪੁਰ (ਹਰਮੇਸ਼ ਦੱਤ)** ਆਮ ਆਦਮੀ ਪਾਰਟੀ ਦੇ ਆਗੂ ਰਾਕੇਸ਼ ਕੁਮਾਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਪੰਜਾਬ ਦੇ ਲੋਕਾਂ ਅਤੇ ਪੰਜਾਬ ਨੂੰ ਅੱਗੇ ਲੈ ਕੇ ਜਾਣ ਲਈ ਵਧੀਆ ਕੰਮ ਕਰ ਰਹੀ ਹੈ, ਵਧੀਆ ਪ੍ਰਸ਼ਾਸਨ ਉਪਲਬੱਧ ਕਰਵਾਉਣ ਲਈ ਵਚਨਬੱਧ ਹੈ, ਰਿਸ਼ਵਤਖੋਰ ਖਿਲਾਫ ਸਖਤਾਈ ਕੀਤੀ ਹੈ। ਉਨ੍ਹਾਂ ਕਿਹਾ ਕਿ ਅਗਾਮੀ ਪੰਚਾਇਤੀ ਚੋਣਾਂ ਤੋਂ ਪਹਿਲਾਂ ਪੰਚਾਇਤਾਂ ਦਾ ਆਂਡਿਟ ਕਰਵਾਉਣਾ ਘਪਲੇਬਾਜੀ ਰੋਕਣ ਲਈ ਚੰਗਾ ਫੈਸਲਾ ਹੈ। ਆਉਣ ਵਾਲੇ ਦਿਨਾਂ 'ਚ ਪੰਚਾਇਤੀ ਵਿਭਾਗ ਦੇ ਅਧਿਕਾਰੀਆਂ ਨਾਲ ਮਿਲ ਕੇ ਬੇਨਤੀ ਵੀ ਕੀਤੀ ਜਾਵੇਗੀ ਕਿ ਲੋਕਾਂ ਦੇ ਦਿੱਤੇ ਟੈਕਸ ਦੇ ਪੈਸੇ ਦੀ ਬਰਬਾਦੀ ਨਾ ਹੋਵੇ।

## ਬੀ.ਕਾਮ ਵਿੱਤੀ ਸੇਵਾਵਾਂ ਸਮੈਸਟਰ ਦਾ ਨਤੀਜਾ ਸ਼ਾਨਦਾਰ



**ਜਲੰਧਰ (ਇਕਬਾਲ ਸਿੰਘ ਉੱਭੀ)**- ਪੀ.ਸੀ.ਐਮ.ਐਸ.ਡੀ ਕਾਲਜ ਵਿਖੇ ਮਈ 2023 ਦਾ ਬੀ.ਕਾਮ ਵਿੱਤੀ ਸੇਵਾਵਾਂ ਸਮੈਸਟਰ ਦਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਦਾ ਨਤੀਜਾ ਘੋਸ਼ਿਤ ਕੀਤਾ ਗਿਆ। ਇਸ ਨਤੀਜੇ ਵਿੱਚ ਦੀਪਾਂਸੀ ਨੇ 506/650 ਅੰਕ (77.84%) ਪ੍ਰਾਪਤ ਕਰਕੇ ਯੂਨੀਵਰਸਿਟੀ ਵਿੱਚ ਪਹਿਲਾ ਸਥਾਨ, ਸਿਲਵੀ ਨੇ 502/650 ਅੰਕ (77.23%) ਪ੍ਰਾਪਤ ਕਰਕੇ ਯੂਨੀਵਰਸਿਟੀ 'ਚ ਦੂਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਪ੍ਰਧਾਨ ਨਰੇਸ਼ ਬੁਧੀਆ, ਸੀਨੀਅਰ ਮੀਤ ਪ੍ਰਧਾਨ ਵਿਨੋਦ ਦਾਦਾ, ਪ੍ਰਬੰਧਕੀ ਕਮੇਟੀ ਦੇ ਹੋਰ ਮੈਂਬਰ ਅਤੇ ਪ੍ਰਿੰਸੀਪਲ ਪ੍ਰੋ (ਡਾ.) ਪੂਜਾ ਪਰਾਸ਼ਰ ਨੇ ਵਿਦਿਆਰਥੀਆਂ ਨੂੰ ਪ੍ਰਾਪਤੀਆਂ ਲਈ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਸੁਨਹਿਰੇ ਭਵਿੱਖ ਦੀਆਂ ਸ਼ੁੱਭਕਾਮਨਾਵਾਂ ਵੀ ਦਿੱਤੀਆਂ।

## ਮੱਕੀ ਦੀ ਫਸਲ ਦੀ ਖਰੀਦ 'ਚ 65 ਤੇ ਫੀਸ 'ਚ 51 ਫੀਸਦੀ ਵਾਧਾ



**ਸ਼ਾਹਕੋਟ (ਗਿਆਨ ਸੈਦਪੁਰੀ)**- ਮਾਰਕੀਟ ਕਮੇਟੀ ਸ਼ਾਹਕੋਟ ਅਧੀਨ ਆਉਂਦੀਆਂ ਮੰਡੀਆਂ ਵਿੱਚ ਇਸ ਵਾਰ ਮੱਕੀ ਦੀ ਭਰਪੂਰ ਆਮਦ ਹੋਈ ਹੈ। ਮੱਕੀ ਉਤਪਾਦਕਾਂ ਨੂੰ ਬੇਸ਼ੱਕ ਮੱਕੀ ਦਾ ਮਨ- ਇੱਛਤ ਭਾਅ ਤਾਂ ਨਹੀਂ ਮਿਲਿਆ ਪਰ ਫਿਰ ਵੀ ਉਤਪਾਦਨ ਦੀ ਗੁਣਵੱਤਾ ਅਤੇ ਝਾੜ ਵਗੈਰਾ ਚੰਗਾ ਹੋਣ ਕਰਕੇ ਉਹ ਉਤਸ਼ਾਹ 'ਚ ਹਨ। ਮੰਡੀ ਬੋਰਡ ਨੂੰ ਹਾਸਲ ਹੋਈ ਮਾਰਕੀਟ ਫੀਸ 'ਚ ਵੀ ਪਿਛਲੇ ਸਾਲ ਦੇ ਮੁਕਾਬਲੇ ਕਾਫੀ ਵਾਧਾ ਹੋਇਆ ਹੈ। ਮਾਰਕੀਟ ਕਮੇਟੀ ਸ਼ਾਹਕੋਟ ਦੇ ਸਕੱਤਰ ਰੁਪਿੰਦਰ ਸਿੰਘ ਨੇ ਦੱਸਿਆ ਕਿ 30 ਜੁਲਾਈ ਤੱਕ ਸ਼ਾਹਕੋਟ ਦੀਆਂ ਮੰਡੀਆਂ ਵਿੱਚ 7, 85, 348 ਕੁਇੰਟਲ ਮੱਕੀ ਦੀ ਖਰੀਦ ਹੋ ਚੁੱਕੀ ਹੈ। ਪਿਛਲੇ ਸਾਲ ਪੂਰੇ ਸੀਜ਼ਨ ਵਿੱਚ ਮੱਕੀ ਦੀ ਫਸਲ ਦੀ ਖਰੀਦ 4, 76, 299 ਕੁਇੰਟਲ ਸੀ। ਇਸ ਤਰ੍ਹਾਂ ਪਿਛਲੇ ਸਾਲ ਦੇ ਮੁਕਾਬਲੇ ਮੱਕੀ ਦੀ ਖਰੀਦ ਵਿੱਚ 65 ਫੀਸਦੀ ਵਾਧਾ ਹੋਇਆ ਹੈ। ਇਸ ਵਾਰ 30 ਜੁਲਾਈ ਤੱਕ 38, 32, 227 ਰੁਪਏ ਮਾਰਕੀਟ ਫੀਸ ਆ ਚੁੱਕੀ ਹੈ। ਪਿਛਲੇ ਸਾਲ 25, 33, 767 ਰੁਪਏ ਫੀਸ ਦੀ ਵਸੂਲੀ ਹੋਈ ਸੀ। ਪਿਛਲੇ ਸਾਲ ਦੇ ਮੁਕਾਬਲੇ ਮਾਰਕੀਟ ਫੀਸ ਵਿੱਚ 51 ਫੀਸਦੀ ਵਾਧਾ ਦਰਜ ਕੀਤਾ ਗਿਆ ਹੈ।

## ਮੇਲਾ ਤੀਆਂ ਤੇ ਧੀਆਂ ਦਾ 6 ਨੂੰ

**ਮਾਹਿਲਪੁਰ, (ਨਿਰਮਲ ਸਿੰਘ ਮੁੱਗੋਵਾਲ)**-ਔਰਤ ਜਾਤੀ ਦੀਆਂ ਖੁਸ਼ੀਆਂ ਅਤੇ ਚਾਵਾਂ ਨੂੰ ਸਮਰਪਤ ਮੇਲਾ 'ਤੀਆਂ ਅਤੇ ਧੀਆਂ ਦਾ' ਹਰ ਸਾਲ ਦੀ ਤਰ੍ਹਾਂ ਨਿਰਵਾਣ ਕੁਟੀਆ ਮਾਹਿਲਪੁਰ ਵਿਖੇ 6 ਅਗਸਤ ਦਿਨ ਐਤਵਾਰ ਨੂੰ 11 ਤੋਂ ਸ਼ਾਮੀਂ ਤਿੰਨ ਵਜੇ ਤੱਕ ਕਰਵਾਇਆ ਜਾ ਰਿਹਾ ਹੈ। ਪ੍ਰਬੰਧਕਾਂ ਵੱਲੋਂ ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਸਮਾਗਮ ਦਾ ਉਦਘਾਟਨ ਡਾ. ਹਰਪੁਨੀਤ ਕੌਰ ਕਰਨਗੇ। ਇਸ ਮੌਕੇ ਐਜੂਕੇਸ਼ਨ, ਹੈਲਥ, ਸਪੋਰਟਸ, ਰਾਜਨੀਤੀ ਅਤੇ ਸਮਾਜ ਸੇਵਾ ਨੂੰ ਸਮਰਪਤ ਔਰਤਾਂ ਵੱਡੀ ਗਿਣਤੀ ਵਿੱਚ ਹਿੱਸਾ ਲੈਣਗੀਆਂ। ਇਸ ਮੌਕੇ ਪੰਜਾਬੀ ਸੱਭਿਆਚਾਰ ਨੂੰ ਦਰਸਾਉਂਦਾ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ। ਇਸ ਮੌਕੇ ਉਸਾਰੂ ਸੋਚ ਨੂੰ ਸਮਰਪਤ ਗੀਤ ਅਤੇ ਕੋਰੀਓਗ੍ਰਾਫੀਆਂ ਪੇਸ਼ ਕੀਤੀਆਂ ਜਾਣਗੀਆਂ। ਇਸ ਦੇ ਨਾਲ ਹੀ ਔਰਤਾਂ ਅਤੇ ਲੜਕੀਆਂ ਰਲ-ਮਿਲ ਕੇ ਗਿੱਧਾ ਅਤੇ ਬੋਲੀਆਂ ਪਾ ਕੇ ਆਪਣੀ ਖੁਸ਼ੀ ਦਾ ਇਜ਼ਹਾਰ ਕਰਨਗੀਆਂ। ਖਾਣ ਪੀਣ ਦਾ ਉਚਿਤ ਪ੍ਰਬੰਧ ਹੋਵੇਗਾ।

## ਕੰਢੀ ਸੰਘਰਸ਼ ਕਮੇਟੀ ਨੇ ਨਜਾਇਜ਼ ਮਾਈਨਿੰਗ ਦੇ ਖਿਲਾਫ ਕੀਤਾ ਜੋਰਦਾਰ ਪ੍ਰਦਰਸ਼ਨ

**ਮਾਹਿਲਪੁਰ, ਗੜ੍ਹਸ਼ੰਕਰ (ਸਫਰੀ, ਫੂਲਾ ਸਿੰਘ ਬੀਰਮਪੁਰ)**- ਕੰਢੀ ਸੰਘਰਸ਼ ਕਮੇਟੀ ਵੱਲੋਂ ਚੌਧਰੀ ਅੱਛਰ ਸਿੰਘ ਦੀ ਅਗਵਾਈ ਹੇਠ ਸ਼ਹੀਦ ਊਧਮ ਸਿੰਘ ਦੀ 84ਵੀਂ ਸ਼ਹੀਦੀ ਬਰਸੀ ਮੌਕੇ ਗੈਰ ਕਾਨੂੰਨੀ ਮਾਈਨਿੰਗ ਵਿਰੁੱਧ ਤੇ ਕੰਢੀ ਨਹਿਰ ਦੀ ਮੁਰੰਮਤ ਜੰਗੀ ਪੱਧਰ 'ਤੇ ਕਰਵਾਉਂਣ ਅਤੇ ਹੋਰ ਮੰਗਾਂ ਸਬੰਧੀ ਪਿੰਡ ਕੁਨੈਲ ਦੇ ਕਰੈਸ਼ਰ ਤੇ ਪਿੰਡ ਚੱਕ ਰੌਤਾਂ ਨਹਿਰ ਤੇ ਪਹੁੰਚ ਕੇ ਜ਼ੋਰਦਾਰ ਨਾਅਰੇਬਾਜੀ ਕੀਤੀ। ਇਸ ਮੌਕੇ ਦਰਸ਼ਨ ਸਿੰਘ ਮੱਟੂ ਸੂਬਾਈ ਕਨਵੀਨਰ ਕੰਢੀ ਸੰਘਰਸ਼ ਕਮੇਟੀ, ਜਨਵਾਦੀ ਇਸਤਰੀ ਸਭਾ ਦੀ ਆਗੂ ਬੀਬੀ ਸੁਭਾਸ਼ ਮੱਟੂ, ਹਰਭਜਨ ਸਿੰਘ ਅਟਵਾਲ, ਚੌਧਰੀ ਅੱਛਰ ਸਿੰਘ ਬਿਲੜੋਂ, ਕੈਪਟਨ ਕਰਨੈਲ ਸਿੰਘ, ਸਾਬਕਾ ਸਰਪੰਚ ਬਲਵਿੰਦਰ ਕੁਮਾਰ, ਸਾਬਕਾ ਸਰਪੰਚ ਰਾਵਿੰਦਰ ਕੁਮਾਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਜੇਕਰ ਉਪਰੋਕਤ ਮੰਗਾਂ ਨਾ ਮੰਨੀਆਂ ਗਈਆਂ ਤਾਂ ਅਗਲਾ ਧਰਨਾ ਸ਼ਾਹਪੁਰ ਨਹਿਰ 'ਤੇ ਲਗਾਇਆ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਸਵਿੰਦਰ ਸਿੰਘ, ਡਾਕਟਰ ਸੁਰਿੰਦਰ ਸਿੰਘ, ਸਤਵਿੰਦਰ ਸਿੰਘ ਭਿੰਦਾ, ਜਾਗਰ ਸਿੰਘ, ਪ੍ਰਗਣ ਸਿੰਘ, ਹਰਨੇਕ ਸਿੰਘ ਬੰਗਾ, ਅਰਜਨ ਸਿੰਘ, ਦਿਲਬਾਗ ਸਿੰਘ ਮੱਟੂ, ਬਖਸ਼ੀਸ਼ ਸਿੰਘ ਦਿਆਲ, ਬਲਰਾਜ ਕੁਮਾਰ, ਧਨੀ ਰਾਮ ਸਾਬਕ ਸਰਪੰਚ, ਸੁਖਵਿੰਦਰ ਸਿੰਘ, ਕਰਨੈਲ ਸਿੰਘ ਦਿਆਲ, ਸਤਵੀਰ, ਚਾਂਦੀ ਰਾਮ, ਬੁਧ ਰਾਮ, ਦਾਰਾ ਸਿੰਘ, ਜਰਨੈਲ ਸਿੰਘ, ਸੁਰਿੰਦਰ ਕੁਮਾਰ, ਨਿਰਮਲ ਕੁਮਾਰ, ਰਾਜੇਸ਼ ਕੁਮਾਰ, ਜਰਨੈਲ ਸਿੰਘ, ਕਮਲਾ ਦੇਵੀ ਆਦਿ ਹਾਜਰ ਸਨ।

## ਈਸਾਈ ਭਾਈਚਾਰੇ ਨੇ ਮਨੀਪੁਰ ਹਿੰਸਾ ਦੇ ਵਿਰੋਧ 'ਚ ਕੀਤਾ ਰੋਸ ਵਿਖਾਵਾ



**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਉਂਕਾਰ ਸਿੰਘ)**- ਈਸਾਈ ਭਾਈਚਾਰੇ ਨੇ ਅੱਜ ਸੇਂਟ ਮੈਰੀ ਕੈਥੋਲਿਕ ਚਰਚ ਟਾਂਡਾ ਨੇੜੇ ਕੇਂਦਰ ਅਤੇ ਮਨੀਪੁਰ ਦੀ ਭਾਜਪਾ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕੀਤਾ। ਫਾਦਰ ਵਰਕੀ ਪੀ.ਡੀ.ਦੀ ਮੌਜੂਦਗੀ ਵਿਚ ਟਾਂਡਾ ਚਰਚ ਅਤੇ ਕ੍ਰਿਸਚੀਅਨ ਨੈਸ਼ਨਲ ਫਰੰਟ ਟਾਂਡਾ ਦੇ ਪ੍ਰਧਾਨ ਅਯੂਬ ਮਸੀਹ ਦੀ ਅਗਵਾਈ ਵਿਚ ਕੀਤੇ ਗਏ ਰੋਸ ਵਿਖਾਵੇ ਦੌਰਾਨ ਚਰਚ ਨਾਲ ਜੁੜੇ ਵੱਖ-ਵੱਖ ਪਿੰਡਾਂ ਦੇ ਲੋਕਾਂ ਨੇ ਭਾਗ ਲੈਂਦੇ ਹੋਏ ਮੋਦੀ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ। ਇਸ ਮੌਕੇ ਪ੍ਰਧਾਨ ਅਯੂਬ ਮਸੀਹ ਨੇ ਕਿਹਾ ਕਿ ਅੱਜ ਪੂਰੇ ਦੇਸ਼ ਵਿਚ ਭਾਜਪਾ ਦੀ ਡਬਲ ਇੰਜਣ ਵਾਲੀ ਮਨੀਪੁਰ ਸਰਕਾਰ ਖਿਲਾਫ ਗੁੱਸਾ ਹੈ, ਜੋ ਮਨੀਪੁਰ ਵਿਚ ਔਰਤਾਂ, ਆਦਿਵਾਸੀਆਂ ਅਤੇ ਘੱਟ-ਗਿਣਤੀਆਂ 'ਤੇ ਹੋ ਰਹੇ ਅੱਤਿਆਚਾਰਾਂ ਨੂੰ ਰੋਕਣ ਵਿਚ ਨਾਕਾਮ ਰਹੀ ਹੈ। ਅਜਿਹੀ ਬਰਬਾਦੀ 'ਤੇ ਭਾਜਪਾ ਚੁੱਪ ਹੈ। ਉਨ੍ਹਾਂ ਦੋਸ਼ ਲਾਇਆ ਕਿ ਮਨੀਪੁਰ ਵਿਚ ਹਿੰਸਾ ਦੌਰਾਨ ਚਰਚਾਂ ਦੀ ਵੱਡੇ ਪੱਧਰ 'ਤੇ ਤਬਾਹੀ ਕਰਨ ਵਾਲਿਆਂ ਨੂੰ ਰਾਜ ਅਤੇ ਕੇਂਦਰ ਸਰਕਾਰ ਦਾ ਸਮਰਥਨ ਮਿਲਿਆ ਹੈ।

ਮਨੀਪੁਰ ਵਿਚ ਹੁਣ ਤੱਕ 357 ਈਸਾਈ ਚਰਚਾਂ, ਪਾਦਰੀਆਂ ਦੇ ਕੁਆਰਟਰ ਅਤੇ ਦਫਤਰੀ ਇਮਾਰਤਾਂ ਨੂੰ ਸਾੜ ਦਿੱਤਾ ਗਿਆ ਹੈ। ਇਨ੍ਹਾਂ ਹਾਲਾਤ ਵਿਚ ਈਸਾਈ ਭਾਈਚਾਰੇ ਵਿਚ ਭਾਜਪਾ ਸਰਕਾਰਾਂ ਪ੍ਰਤੀ ਭਾਰੀ ਗੁੱਸਾ ਹੈ। ਉਨ੍ਹਾਂ ਦੱਸਿਆ ਕਿ ਜਲੰਧਰ ਡਾਇਓਸੀਸ ਦੇ ਬਿਸ਼ਪ ਐਗਨੇਲੋ ਰੁਫਿਨੋ ਗ੍ਰਾਸੀਆਸ ਦੀ ਅਗਵਾਈ ਹੇਠ ਸਰਕਾਰ ਲਈ ਅੱਜ ਮੰਗ ਪੱਤਰ ਡੀ. ਸੀ. ਜਲੰਧਰ ਨੂੰ ਦਿੱਤਾ ਜਾਵੇਗਾ।

# ਐਕਸ਼ਨ ਕਮੇਟੀ ਵੱਲੋਂ ਸਹਾਇਕ ਸਿਵਲ ਸਰਜਨ ਨੂੰ ਮੰਗ ਪੱਤਰ

**ਹੁਸ਼ਿਆਰਪੁਰ, (ਬਲਵੀਰ ਸੈਣੀ)**- ਮਲਟੀਪਰਪਜ਼ ਹੈਲਥ ਵਰਕਰ ਫੀਮੇਲ ਐਕਸ਼ਨ ਕਮੇਟੀ ਪੰਜਾਬ ਵੱਲੋਂ ਆਪਣੀਆਂ ਮੰਗਾਂ ਦੇ ਸੰਬੰਧ ਵਿੱਚ ਸੂਬਾ ਕਮੇਟੀ ਦੇ ਫੈਸਲੇ ਅਨੁਸਾਰ ਸ਼ਸ਼ੀ ਬਾਲਾ ਹਾਰਟਾ ਬਡਲਾ, ਰੇਖਾ ਦੇਵੀ ਚੱਕੋਵਾਲ, ਰਜਨੀ ਸ਼ਰਮਾ ਬੁੱਢਾਵੜ, ਅਨੀਤਾ ਮੋਹਨ ਭੂੰਗਾ, ਊਸ਼ਾ ਰਾਣੀ ਟਾਂਡਾ, ਲਖਵੀਰ ਕੌਰ ਮੰਡ ਭੰਡੇਰ ਦੀ ਅਗਵਾਈ ਹੇਠ ਇੱਕ ਭਰਵੇਂ ਵਫਦ ਵੱਲੋਂ ਸਹਾਇਕ ਸਿਵਲ ਸਰਜਨ ਹੁਸ਼ਿਆਰਪੁਰ ਨੂੰ ਮੰਗ ਪੱਤਰ ਸੌਂਪਿਆ ਗਿਆ ਜਿਸ ਰਾਹੀਂ ਬਾਕੀ ਮੰਗਾਂ ਨੂੰ ਹੱਲ ਕਰਨ ਦੇ ਨਾਲ ਹੀ ਕੰਮ ਦੇ ਬੋਝ ਨੂੰ ਮੁੱਖ ਰੱਖਦਿਆਂ ਯੂਵਿਨ ਐਪ 'ਤੇ ਕੰਮ ਨਾ ਕਰਨ ਸੰਬੰਧੀ ਜਥੇਬੰਦੀ ਦੇ ਫੈਸਲੇ ਅਨੁਸਾਰ ਜਾਣਕਾਰੀ ਦਿੱਤੀ ਗਈ। ਆਗੂਆਂ ਨੇ ਕਿਹਾ ਕਿ ਮਲਟੀਪਰਪਜ਼ ਹੈਲਥ ਵਰਕਰਜ਼ ਫੀਮੇਲ ਵਲੋਂ ਪਹਿਲਾਂ ਹੀ ਬਹੁਤ ਸਾਰੇ ਕੰਮ ਕੀਤੇ ਜਾ ਰਹੇ ਹਨ ਜਿਸ ਕਾਰਨ ਪਹਿਲਾਂ ਹੀ ਇਨ੍ਹਾਂ ਵਰਕਰਾਂ 'ਤੇ ਕੰਮ ਦਾ ਬਹੁਤ ਬੋਝ ਹੈ। ਉਨ੍ਹਾਂ ਆਖਿਆ ਕਿ ਫੀਮੇਲ ਵਰਕਰਾਂ ਵੱਲੋਂ ਮਮਤਾ ਦਿਵਸ, ਆਰ.ਸੀ.ਐਚ.ਪੋਰਟਲ, ਜਨਮ ਅਤੇ ਮੌਤ, ਪਲਸ ਪੋਲੀਓ, ਓ.ਆਰ.ਐਸ., ਏਡਜ਼, ਲੈਪਰੋਸੀ, ਟੀ.ਬੀ.ਕੰਟਰੋਲ ਪ੍ਰੋਗਰਾਮ, ਐਨ.ਸੀ.ਡੀ. ਫੈਮਿਲੀ ਪਲੈਨਿੰਗ, ਆਈ.ਡੀ.ਐਸ.ਪੀ., ਹਾਈ ਰਿਸਕ ਪ੍ਰੇਗਨੈਂਸੀ, ਐਮ.ਸੀ.ਐਚ.ਸਰਵਿਸਿਜ਼ ਸਹਿਤ ਹੋਰ ਵੀ ਬਹੁਤ ਸਾਰੇ ਕੰਮ ਰੋਜ਼ਾਨਾ ਕਰਨੇ ਪੈਂਦੇ ਹਨ। ਇਸ ਲਈ ਮੰਗ ਪੱਤਰ ਰਾਹੀਂ ਮੰਗ ਕੀਤੀ ਗਈ ਹੈ ਕਿ ਕੰਮ ਦੇ ਬੋਝ ਨੂੰ ਦੇਖਦਿਆਂ ਯੂਵਿਨ ਐਪ ਦਾ ਕੰਮ ਨਾ ਸੌਂਪਿਆ ਜਵੇ ਤਾਂ ਜੋ ਵਰਕਰਾਂ ਵਲੋਂ ਵਧੀਆ ਢੰਗ ਨਾਲ ਕੀਤੀਆਂ ਜਾ ਰਹੀਆਂ ਡਿਊਟੀਆਂ ਨੂੰ ਜਾਰੀ ਰੱਖਿਆ ਜਾ ਸਕੇ। ਇਸ ਮੌਕੇ ਬਲਵੀਰ ਕੌਰ, ਪਰਮਜੀਤ ਕੌਰ, ਲਖਵੀਰ ਕੌਰ, ਪਰਮਜੀਤ ਕੌਰ, ਸੁਮਨ ਬਾਲਾ, ਰਵਿੰਦਰ ਸੈਣੀ, ਕਲਮਜੀਤ ਕੌਰ, ਜਸਵਿੰਦਰ ਕੌਰ, ਬਿੰਦੂ ਬਾਲਾ, ਆਰਤੀ ਤੱਖੀ, ਨਿਰਮਲਾ ਦੇਵੀ, ਰਵਿੰਦਰ ਕੌਰ, ਨਿਸ਼ਾ ਸ਼ਰਮਾ, ਰਾਜਵਿੰਦਰ ਕੌਰ, ਜਸਵਿੰਦਰ ਕੌਰ ਸਹਿਤ ਬਲਾਕਾਂ ਵਿੱਚੋਂ ਫੀਮੇਲ ਵਰਕਰਾਂ ਵੱਡੀ ਗਿਣਤੀ ਵਿੱਚ ਅਤੇ ਮਲਟੀਪਰਪਜ਼ ਹੈਲਥ ਇੰਪਲਾਈਜ਼ ਯੂਨੀਅਨ ਦੇ ਸੂਬਾ ਆਗੂ ਕਰਮਜੀਤ ਸਿੰਘ, ਜ਼ਿਲ੍ਹਾ ਪ੍ਰਧਾਨ ਮਨੋਹਰ ਸਿੰਘ ਸੈਣੀ, ਵਿੱਤ ਸਕੱਤਰ ਰਣਜੀਤ ਸਿੰਘ, ਪੈਰਾ-ਮੈਡੀਕਲ ਯੂਨੀਅਨ ਆਗੂ ਗੁਰਦੇਵ ਸਿੰਘ ਵੀ ਹਾਜ਼ਰ ਸਨ।

## ਡਾ. ਐੱਸ ਪੀ ਓਬਰਾਏ ਵੱਲੋਂ ਰਾਹਤ ਕਾਰਜ ਜਾਰੀ

**ਜਲੰਧਰ (ਸ਼ੈਲੀ ਐਲਬਰਟ)**- ਪਿਛਲੇ ਕਈ ਦਿਨਾਂ ਤੋਂ ਪੰਜਾਬ ਦੇ ਕੁਝ ਜ਼ਿਲ੍ਹੇ ਹੜ੍ਹਾਂ ਦੀ ਮਾਰ ਹੇਠ ਆਏ ਹੋਏ ਹਨ, ਜਿਸ ਕਾਰਨ ਵੱਡੇ ਪੱਧਰ ਤੇ ਫ਼ਸਲਾਂ ਬਰਬਾਦ ਹੋਣ ਦੇ ਨਾਲ-ਨਾਲ ਆਮ ਜੀਵਨ ਵੀ ਅਸਤ ਵਿਅਸਤ ਹੋਇਆ ਪਿਆ ਹੈ। ਇਸ ਮੁਸ਼ਕਿਲ ਘੜੀ ਦੌਰਾਨ ਲੋੜਵੰਦਾਂ ਦੇ ਮਸੀਹੇ ਵੱਜੋਂ ਜਾਣੇ ਜਾਂਦੇ ਡਾ. ਐਸ.ਪੀ.ਸਿੰਘ ਓਬਰਾਏ ਵੱਲੋਂ ਜਲੰਧਰ ਜ਼ਿਲ੍ਹੇ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਵੱਡੇ ਪੱਧਰ ਤੇ ਪਸ਼ੂਆਂ ਦੀਆਂ ਦਵਾਈਆਂ, ਮੱਛਰਦਾਨੀਆਂ ਤੇ ਹੋਰ ਲੋੜੀਂਦਾ ਸਮਾਨ ਭੇਜਿਆ ਗਿਆ ਹੈ। ਡਾ. ਓਬਰਾਏ ਨੇ ਕਿਹਾ ਕਿ ਪੰਜਾਬ ਇਸ ਸਮੇਂ ਹੜ੍ਹਾਂ ਕਾਰਨ ਮੁਸ਼ਕਿਲ ਦੌਰ ਵਿੱਚੋਂ ਗੁਜ਼ਰ ਰਿਹਾ ਹੈ। ਪੰਜਾਬ ਦਾ ਵੱਡਾ ਹਿੱਸਾ ਇਸ ਸਮੇਂ ਪਾਣੀ ਦੀ ਮਾਰ ਹੇਠ ਹੈ। ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਇਸ ਮੁਸ਼ਕਿਲ ਸਮੇਂ ਪੰਜਾਬ ਦੇ ਲੋਕਾਂ ਨਾਲ ਖੜ੍ਹਾ ਹੈ। ਇਹਨਾਂ ਹਲਾਤਾਂ ਨੂੰ ਬਿਹਤਰ ਬਣਾਉਣ ਲਈ ਜਿਸ ਤਰ੍ਹਾਂ ਦੀ ਸਹਾਇਤਾ ਦੀ ਜ਼ਰੂਰਤ ਹੋਵੇਗੀ ਟਰੱਸਟ ਉਹ ਜ਼ਰੂਰਤਾਂ ਪੂਰੀਆਂ ਕਰਨ ਵਿੱਚ ਪ੍ਰਸ਼ਾਸਨ ਤੇ ਲੋਕਾਂ ਨੂੰ ਹਰ ਪੱਖ ਤੋਂ ਸਹਿਯੋਗ ਦੇਵੇਗਾ। ਉਨ੍ਹਾਂ ਦੱਸਿਆ ਕਿ ਜਲੰਧਰ ਜ਼ਿਲ੍ਹੇ ਦੇ ਸਤਲੁਜ ਕੰਢੇ ਵਾਲੇ ਪ੍ਰਭਾਵਿਤ ਖੇਤਰਾਂ ਤੋਂ ਟਰੱਸਟ ਦੀ ਜਲੰਧਰ ਇਕਾਈ ਦੇ ਮੈਂਬਰਾਂ ਵੱਲੋਂ ਜ਼ਮੀਨੀ ਪੱਧਰ 'ਤੇ ਲੋੜੀਂਦੇ ਸਮਾਨ ਦੀ ਭੇਜੀ ਗਈ ਲਿਸਟ ਅਨੁਸਾਰ ਲੋੜੀਂਦੀਆਂ ਪਸ਼ੂਆਂ ਦੀਆਂ ਦਵਾਈਆਂ, ਮੱਛਰਦਾਨੀਆਂ, ਓਡੋਮੋਸ, ਸੈਨਟਰੀ ਪੈਡ ਆਦਿ ਜ਼ਰੂਰੀ ਵਸਤਾਂ ਲੋੜਵੰਦਾਂ ਤੱਕ ਪੁੱਜਦਾ ਕਰ ਦਿੱਤੀਆਂ ਗਈਆਂ ਹਨ। ਸਮਾਜ ਸੇਵਕ ਗੁਰਨਾਮ ਸਿੰਘ ਅਤੇ ਮਾਸਟਰ ਰਾਕੇਸ਼ ਕੁਮਾਰ ਨੇ ਦੱਸਿਆ ਕਿ ਡਾਕਟਰ ਓਬਰਾਏ ਵੱਲੋਂ ਭਾਰੀ ਮਾਤਰਾ ਵਿੱਚ ਪਸ਼ੂਆਂ ਦੀਆਂ ਦਵਾਈਆਂ, ਮੱਛਰਦਾਨੀਆਂ, ਓਡੋਮੋਸ ਅਤੇ ਔਰਤਾਂ ਦੀ ਵਰਤੋਂ ਲਈ ਜੋ ਸੈਨਟਰੀ ਪੈਡ ਆਦਿ ਭੇਜੇ ਗਏ ਸਨ। ਉਹ ਸਤਲੁਜ ਦੇ ਕੰਢੇ ਵੱਸੇ ਬੁੜੇਵਾਲ, ਬਾਗੀਆਂ ਖੁਰਦ, ਹਜ਼ਾਤੇਵਾਲ, ਸ਼ੇਰੇ ਵਾਲਾ, ਕੰਨੀਆਂ ਖੁਰਦ ਕੰਨੀਆਂ ਆਦਿ ਪਿੰਡਾਂ ਵਿੱਚ ਘਰ-ਘਰ ਜਾ ਕੇ ਤਕਸੀਮ ਕਰ ਦਿੱਤੇ ਗਏ ਹਨ। ਇਸ ਮੌਕੇ ਦੀਪਕ ਸੂਦ ਆਗੂ ਆਮ ਆਦਮੀ ਪਾਰਟੀ, ਕਾਮਰੇਡ ਮਿਹਰ ਸਿੰਘ ਖੁਰਲਾਪੁਰ, ਕਾਮਰੇਡ ਗੁਰਚਰਨ ਸਿੰਘ ਵੀ ਹਾਜ਼ਰ ਸਨ।

# ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਮੁਫ਼ਤ ਮੈਡੀਕਲ ਕੈਂਪ 4 ਨੂੰ




**ਬਹਿਰਾਮ (ਅਵਤਾਰ ਕਲੇਰ)**- ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਵਿਖੇ ਦਵਾਈਆਂ ਦਾ ਲੰਗਰ ਅਤੇ ਮੁਫਤ ਮੈਡੀਕਲ ਕੈਂਪ 4 ਅਗਸਤ ਨੂੰ ਸਵੇਰੇ 9 ਵਜੇ ਤੋਂ ਦੁਪਹਿਰ 3 ਵਜੇ ਤੱਕ ਲਗਾਇਆ ਜਾ ਰਿਹਾ ਹੈ। ਜਾਣਕਾਰੀ ਦਿੰਦਿਆਂ ਕੁਲਵਿੰਦਰ ਸਿੰਘ ਢਾਹਾਂ ਜਨਰਲ ਸਕੱਤਰ ਨੇ ਦੱਸਿਆ ਕਿ ਹਰਦੇਵ ਸਿੰਘ ਕਾਹਮਾ ਪ੍ਰਧਾਨ ਟਰੱਸਟ ਵੱਲੋਂ ਆਪਣੇ ਸਵ: ਮਾਤਾ ਬਿਸ਼ਨ ਕੌਰ ਅਤੇ ਸਵ: ਪਿਤਾ ਤਾਰਾ ਸਿੰਘ ਕਾਹਮਾ ਦੀ ਮਿੱਠੀ ਯਾਦ ਵਿਚ ਦਵਾਈਆਂ ਦਾ ਲੰਗਰ ਅਤੇ ਮੁਫ਼ਤ ਮੈਡੀਕਲ ਕੈਂਪ ਲਗਾਇਆ ਜਾ ਰਿਹਾ ਹੈ। ਇਸ ਕੈਂਪ ਵਿਚ ਮਰੀਜ਼ਾਂ ਦਾ ਕਾਰਡ ਮੁਫ਼ਤ ਬਣੇਗਾ ਅਤੇ ਮਾਹਿਰ ਡਾਕਟਰ ਸਾਹਿਬਾਨ ਵੱਲੋਂ ਮੁਫ਼ਤ ਚੈੱਕਅਪ ਕੀਤਾ ਜਾਵੇ। ਪਿਸ਼ਾਬ, ਖੂਨ ਦੇ ਟੈਸਟਾਂ ਅਤੇ ਹਰ ਤਰ੍ਹਾਂ ਦੇ ਲੈਬੋਟਰੀ ਟੈਸਟ ਅਤੇ ਹਰ ਤਰ੍ਹਾਂ ਦੇ ਐਕਸਰੇ ਅੱਧੇ ਖਰਚੇ 'ਚ ਕੀਤੇ ਜਾਣਗੇ। ਕੈਂਪ ਦੌਰਾਨ ਸ਼ੂਗਰ ਦਾ ਟੈਸਟ, ਥਾਇਰਾਇਡ ਦਾ ਟੈਸਟ ਅਤੇ ਹੱਡੀਆਂ ਦਾ ਕੈਲਸ਼ੀਅਮ ਚੈੱਕ ਕਰਨ ਦਾ ਟੈਸਟ ਵੀ ਮੁਫ਼ਤ ਕੀਤਾ ਜਾਵੇਗਾ। ਨਵੇਂ ਦੰਦ/ਜਬਾੜੇ ਵੀ 30% ਰਿਆਇਤੀ ਦਰਾਂ 'ਤੇ ਲਗਾਏ ਜਾਣਗੇ । ਖਰਾਬ ਦੰਦ ਫ੍ਰੀ ਕੱਢੇ ਜਾਣਗੇ ਅਤੇ ਦੰਦਾਂ ਦੀ ਸਫਾਈ ਅੱਧੇ ਖਰਚੇ ਵਿਚ ਕੀਤੀ ਜਾਵੇਗੀ। ਅੱਖਾਂ ਦੇ ਲੈਨਜ਼ਾਂ ਵਾਲੇ ਅਪਰੇਸ਼ਨ ਚਿੱਟਾ ਮੋਤੀਆ ਮੁਕਤ ਲਹਿਰ ਤਹਿਤ ਮੁਫ਼ਤ ਕੀਤੇ ਜਾਣਗੇ ਅਤੇ ਕੈਂਪ ਵਿਚ ਚੈੱਕਅੱਪ ਕਰਵਾਉਣ ਵਾਲੇ ਮਰੀਜ਼ਾਂ ਨੂੰ 300 ਰੁਪਏ ਦੀ ਦਵਾਈ ਮੁਫ਼ਤ ਦਿੱਤੀ ਜਾਵੇਗੀ। ਮੈਡੀਕਲ ਡਾਇਰੈਕਟਰ ਡਾ. ਐਸ ਐਸ ਗਿੱਲ ਨੇ ਦੱਸਿਆ ਕਿ ਹਰ ਤਰ੍ਹਾਂ ਦੀਆਂ ਸਰੀਰਕ ਬਿਮਾਰੀਆਂ ਦੇ ਮਾਹਰ, ਸਿਰ ਤੇ ਦਿਮਾਗ ਦੀਆਂ ਬਿਮਾਰੀਆਂ, ਹੱਡੀਆਂ ਦੀਆਂ ਬਿਮਾਰੀਆਂ, ਔਰਤਾਂ ਦੀਆਂ ਬਿਮਾਰੀਆਂ, ਦੰਦਾਂ ਦੀਆਂ ਬਿਮਾਰੀਆਂ, ਨੱਕ-ਕੰਨ-ਗਲੇ ਦੀਆਂ ਬਿਮਾਰੀਆਂ ਅਤੇ ਹਰ ਤਰ੍ਹਾਂ ਦੇ ਛੋਟੇ, ਵੱਡੇ ਅਪਰੇਸ਼ਨਾਂ ਅਤੇ ਦੂਰਬੀਨੀ ਅਪਰੇਸ਼ਨਾਂ, ਚਮੜੀ ਦੀਆਂ ਬਿਮਾਰੀਆਂ ਅਤੇ ਅੱਖਾਂ ਦੀਆਂ ਬਿਮਾਰੀਆਂ ਦੇ ਮਾਹਰ ਡਾਕਟਰ ਸਾਹਿਬਾਨ ਕੈਂਪ ਵਿਚ ਆਏ ਸਾਰੇ ਮਰੀਜ਼ਾਂ ਦਾ ਮੁਫ਼ਤ ਚੈਕਅੱਪ ਕਰਨਗੇ। ਗੁਰੂ ਕਾ ਲੰਗਰ ਵੀ ਅਟੁੱਟ ਵਰਤੇਗਾ।

## ਸਕੂਲ ਮਰਜਿੰਗ ਦੀ ਨੀਤੀ ਬੰਦ ਕੀਤੀ ਜਾਵੇ : ਜੀ ਟੀ ਯੂ (ਵਿਗਿਆਨਕ)



**ਮਹਿਤਪੁਰ (ਰਾਜਾ)**-ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ (ਵਿਗਿਆਨਕ) ਦੀ ਸੂਬਾ ਕਮੇਟੀ ਮੀਟਿੰਗ ਸੂਬਾ ਪ੍ਰਧਾਨ ਨਵਪ੍ਰੀਤ ਸਿੰਘ ਬੱਲੀ ਦੀ ਅਗਵਾਈ 'ਚ ਹੋਈ। ਸੂਬਾ ਜਨਰਲ ਸਕੱਤਰ ਸੁਰਿੰਦਰ ਕੰਬੋਜ, ਸੂਬਾ ਪ੍ਰੈਸ ਸਕੱਤਰ ਐਨ ਡੀ ਤਿਵਾੜੀ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਪਾਰਲੀਮਿੰਟ ਵਿੱਚ ਬਿਨਾਂ ਪਾਸ ਕੀਤਿਆਂ ਨਵੀਂ ਸਿੱਖਿਆ ਨੀਤੀ 2020 ਨੂੰ ਪੰਜਾਬ ਸਰਕਾਰ ਵੱਲੋਂ ਬਹੁਤ ਜਲਦੀ ਨਾਲ ਲਾਗੂ ਕੀਤਾ ਜਾ ਰਿਹਾ ਹੈ। ਇਸ ਨਵੀਂ ਸਿੱਖਿਆ ਨੀਤੀ 2020 ਤਹਿਤ ਘੱਟ ਗਿਣਤੀ ਵਾਲੇ ਬੱਚਿਆਂ ਦੇ ਮਿਡਲ ਸਕੂਲਾਂ ਨੂੰ ਬੰਦ ਕਰ ਰਹੀ ਹੈ ਅਤੇ ਇੱਕੋ ਕੈਂਪਸ 'ਚ ਚਲ ਰਹੇ ਪ੍ਰਾਇਮਰੀ ਅਤੇ ਮਿਡਲ/ਹਾਈ ਸਕੂਲ ਨੂੰ ਇਕੱਠੇ ਕਰ ਰਹੀ ਹੈ । ਜਥੇਬੰਦੀ ਸਰਕਾਰ ਦੇ ਇਨ੍ਹਾਂ ਕਦਮਾਂ ਦੀ ਸਖਤ ਸ਼ਬਦਾਂ 'ਚ ਨਿਖੇਧੀ ਕਰਦੀ ਹੈ ਅਤੇ ਸਪਸ਼ਟ ਕਰਦੀ ਹੈ ਕਿ ਇਸ ਤਰ੍ਹਾਂ ਕਰਨ ਨਾਲ ਸਿੱਖਿਆ ਦੇ ਸਕੂਲ ਸਿਸਟਮ 'ਚ ਨਿਘਾਰ ਆਵੇਗਾ। ਇਹ ਪ੍ਰਕਿਰਿਆ ਕੇਂਦਰ ਦੀ ਇਕ ਦੇਸ਼, ਇਕ ਭਾਸ਼ਾ, ਇਕੋ ਸਿੱਖਿਆ ਦੇ ਕਦਮ ਅਨੁਸਾਰ ਕੀਤਾ ਜਾ ਰਿਹਾ ਹੈ। ਇਸ ਸਿੱਖਿਆ ਨੀਤੀ ਅਧੀਨ ਸਿੱਖਿਆ ਦਾ ਕੇਂਦਰੀਕਰਨ, ਵਪਾਰੀਕਰਨ, ਭਗਵਾਂਕਰਨ ਕੀਤਾ ਜਾ ਰਿਹਾ ਹੈ ਅਤੇ ਪੰਜਾਬ ਸਰਕਾਰ ਵੀ ਇਸ ਰਾਸ਼ਟਰੀ ਸਿੱਖਿਆ ਨੀਤੀ ਤਹਿਤ ਪੰਜਾਬ ਦੀ ਸਿੱਖਿਆ ਨੂੰ ਉਸੇ ਰਾਹ 'ਤੇ ਤੋਰ ਰਹੀ ਹੈ। ਸੂਬਾ ਵਿੱਤ ਸਕੱਤਰ ਸੋਮ ਸਿੰਘ, ਬਿਕਰਮਜੀਤ ਸਿੰਘ ਸ਼ਾਹ, ਪ੍ਰਗਟ ਸਿੰਘ ਜੰਬਰ, ਜਗਤਾਰ ਸਿੰਘ ਨੇ ਕਿਹਾ ਕਿ ਸਕੂਲ ਆਫ ਐਮੀਨੈਂਸ ਇਸੇ ਕੜੀ ਦਾ ਇਕ ਹਿੱਸਾ ਹੈ । ਇਹ ਸਿੱਖਿਆ ਪ੍ਰਣਾਲੀ ਭੇਦਭਾਵ ਵਾਲੀ ਸਿੱਖਿਆ ਦੇਣ ਅਤੇ ਇਨ੍ਹਾਂ ਸਕੂਲਾਂ 'ਚ ਬੱਚਿਆਂ ਨੂੰ 4000 ਰੁਪਏ ਵਿੱਚ ਵਰਦੀਆਂ ਦੇਣ ਦੀ ਪ੍ਰਕਿਰਿਆ ਆਮ ਬੱਚਿਆਂ ਨਾਲ ਭੇਦਭਾਵ ਕਰਨ ਦੇ ਬਰਾਬਰ ਹੈ । ਆਗੂਆਂ ਦੱਸਿਆ ਕਿ ਮੁੱਖ ਮੰਤਰੀ ਵੱਲੋਂ ਕੱਚੇ ਅਧਿਆਪਕਾਂ ਨੂੰ ਪੱਕੇ ਨਹੀਂ ਕੀਤਾ ਗਿਆ ਸਗੋਂ ਸਿਰਫ ਉਨ੍ਹਾਂ ਦੀ ਤਨਖਾਹ 'ਚ ਵਾਧਾ ਹੀ ਕੀਤਾ ਗਿਆ ਹੈ। ਜਥੇਬੰਦੀ ਸਰਕਾਰ ਤੋਂ ਮੰਗ ਕਰਦੀ ਹੈ ਕਿ ਕੱਚੇ ਅਧਿਆਪਕਾਂ ਅਤੇ ਅਤੇ ਨਾਨ ਟੀਚਿੰਗ ਸਟਾਫ ਜੋ ਦਫਤਰਾਂ 'ਚ ਕੰਮ ਕਰਦਾ ਹੈ, ਨਾਲ ਕੀਤੇ ਵਾਅਦੇ ਅਨੁਸਾਰ ਸਾਰੇ ਲਾਭਾਂ ਸਮੇਤ ਪੱਕਾ ਕੀਤਾ ਜਾਵੇ। ਇਸ ਮੌਕੇ ਗੁਰਮੀਤ ਸਿੰਘ ਖਾਲਸਾ, ਅਸ਼ਵਨੀ ਕੁਮਾਰ, ਗੁਰਪ੍ਰੀਤ ਮੁਕਤਸਰ, ਰੇਸ਼ਮ ਕੰਬੋਜ, ਜਤਿੰਦਰ ਸੋਨੀ, ਕੰਵਲਜੀਤ ਸੰਗੋਵਾਲ, ਜਗਦੀਪ ਸਿੰਘ ਜੌਹਲ, ਲਾਲ ਚੰਦ, ਜਰਨੈਲ ਜੰਡਾਲੀ, ਬਲਬੀਰ ਸਿੰਘ ਸੰਗਰੂਰ ਆਦਿ ਆਗੂ ਹਾਜ਼ਰ ਸਨ। ਉਕਤ ਜਾਣਕਾਰੀ ਜਥੇਬੰਦਕ ਸਕੱਤਰ ਕੰਵਲਜੀਤ ਸੰਗੋਵਾਲ ਨੇ ਸਾਂਝੀ ਕੀਤੀ।

# ਅੱਖਾਂ ਦਾ ਮੁਫਤ ਜਾਂਚ ਕੈਂਪ ਲਗਾਇਆ




**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਉਂਕਾਰ ਸਿੰਘ)**-ਵਿਜ਼ਨ ਕੇਅਰ ਵੈੱਲਫੇਅਰ ਸੋਸਾਇਟੀ ਟਾਂਡਾ ਵੱਲੋਂ ਅੱਜ ਅਹੀਆਪੁਰ ਦੇ ਗੁਰਦੁਆਰਾ ਸਾਹਿਬ ਵਿਖੇ ਮਰਹੂਮ ਵਿਧਾਇਕ ਹਰੀ ਸਿੰਘ ਦੀ ਯਾਦ 'ਚ ਅੱਖਾਂ ਦਾ ਮੁਫਤ ਜਾਂਚ ਕੈਂਪ ਲਾਇਆ ਗਿਆ। ਸੋਸਾਇਟੀ ਪ੍ਰਧਾਨ ਡਾ. ਕੇਵਲ ਸਿੰਘ, ਡਾ. ਲਵਪ੍ਰੀਤ ਸਿੰਘ ਪਾਬਲਾ, ਮਾਸਟਰ ਅਵਤਾਰ ਸਿੰਘ ਮਸੀਤੀ ਦੀ ਅਗਵਾਈ 'ਚ ਗੁਰਿੰਦਰ ਸਿੰਘ ਸੈਣੀ, ਜਸਪ੍ਰੀਤ ਸਿੰਘ ਜੱਸੀ, ਪ੍ਰਵਾਸੀ ਪੰਜਾਬੀ ਤਰਲੋਚਨ ਸਿੰਘ, ਹਰਪ੍ਰੀਤ ਕੌਰ, ਸੰਜੀਵ ਗੇਹਲਣ ਅਤੇ ਮਨਦੀਪ ਗੇਹਲਣ ਆਦਿ ਦੇ ਸਹਿਯੋਗ ਨਾਲ ਲਾਏ ਗਏ ਇਸ ਕੈਂਪ ਦੀ ਸ਼ੁਰੂਆਤ ਸਮੂਹ ਮੈਂਬਰਾਂ ਨੇ ਸਾਬਕਾ ਵਿਧਾਇਕ ਹਰੀ ਸਿੰਘ ਨੂੰ ਯਾਦ ਕਰਦੇ ਹੋਏ ਸਰਬੱਤ ਦੇ ਭਲੇ ਦੀ ਅਰਦਾਸ ਨਾਲ ਕੀਤੀ । ਕੈਂਪ ਦੌਰਾਨ ਡਾ. ਕੇਵਲ ਸਿੰਘ ਕਾਜਲ, ਸੀਤਾ ਦੇਵੀ ਮਹਿੰਗਾ ਸਿੰਘ ਮੈਮੋਰੀਅਲ ਵੇਵਜ਼ ਹਸਪਤਾਲ ਦੀ ਟੀਮ ਦਲੀਪ ਕੁਮਾਰ, ਮਨਿੰਦਰ ਕੌਰ, ਗੁਰਪ੍ਰੀਤ ਕੌਰ, ਨਵਜੋਤ ਕੌਰ, ਰਜਿੰਦਰ ਸਿੰਘ ਨੇ ਸੇਵਾਵਾਂ ਦਿੱਤੀਆਂ । 60 ਮਰੀਜ਼ਾਂ ਨੂੰ ਚੁਣਿਆ ਗਿਆ ਹੈ, ਜਿਨ੍ਹਾਂ ਦੀਆਂ ਅੱਖਾਂ ਦੇ ਆਪ੍ਰੇਸ਼ਨ ਵੇਵਜ਼ ਹਸਪਤਾਲ ਵਿਚ ਡਾ. ਪਿਯੂਸ਼ ਸੂਦ ਵੱਲੋਂ ਕੀਤੇ ਜਾਣਗੇ । ਕੈਂਪ ਦੌਰਾਨ ਗੁਰਦੁਆਰਾ ਕਮੇਟੀ, ਪੰਚਾਇਤ, ਸੀਨੀਅਰ ਸਿਟੀਜਨ ਵੈੱਲਫੇਅਰ ਸੋਸਾਇਟੀ, ਬਾਬਾ ਫਤਿਹ ਸਿੰਘ ਵੈੱਲਫੇਅਰ ਸੋਸਾਇਟੀ ਦੇ ਮੈਂਬਰਾਂ ਨੇ ਸਹਿਯੋਗ ਦਿੱਤਾ । ਅੱਜ ਦੇ ਕੈਂਪ ਵਿਚ ਵਿਸ਼ੇਸ਼ ਮਹਿਮਾਨਾਂ ਵਜੋਂ ਪਹੁੰਚੇ ਮਾਸਟਰ ਮਹਿੰਦਰ ਸਿੰਘ ਗਿੱਲ, ਪ੍ਰਿੰਸੀਪਲ ਰਾਮਗੜ੍ਹੀਆ ਕਾਲਜ ਫਗਵਾੜਾ ਦੇ ਪ੍ਰਿੰਸੀਪਲ ਡਾ.ਮਨਜੀਤ ਸਿੰਘ ਅਤੇ ਜਥੇਦਾਰ ਰਣਧੀਰ ਸਿੰਘ ਖਡਿਆਲਾ ਸੈਣੀਆਂ ਨੇ ਦੋਨਾਂ ਸੋਸਾਇਟੀਆਂ ਦੇ ਇਸ ਸਮਾਜ ਸੇਵੀ ਮਿਸ਼ਨ ਦੀ ਸ਼ਲਾਘਾ ਕੀਤੀ । ਉਨ੍ਹਾਂ ਇਨ੍ਹਾਂ ਕੈਂਪਾਂ ਲਗਾਉਣ ਵਾਲੇ ਉਨ੍ਹਾਂ ਪਰਵਾਰਾਂ ਦੀ ਵੀ ਸ਼ਲਾਘਾ ਕੀਤੀ ਜੋ ਆਪਣੇ ਬਜ਼ੁਰਗਾਂ ਦੀ ਯਾਦ ਵਿਚ ਕੈਂਪ ਲਗਾ ਰਹੇ ਹਨ । ਇਸ ਮੌਕੇ ਰਸ਼ਪਾਲ ਜੀਤ ਸਿੰਘ ਪਾਬਲਾ, ਪਰਮਾਨੰਦ ਦਵੇਦੀ, ਕਰਨੈਲ ਸਿੰਘ ਮਾਲਵਾ, ਗੁਲਸ਼ਨ ਅਰੋੜਾ, ਪ੍ਰੀਤਮ ਸਿੰਘ, ਡਾ. ਰਣਜੀਤ ਸਿੰਘ, ਜਗਦੀਪ ਮਾਨ, ਬਲਬੀਰ ਕਮਲ, ਜਤਿੰਦਰ ਸਿੰਘ, ਰਾਜਨ ਸੋਧੀ, ਨਰਿੰਦਰ ਅਰੋੜਾ, ਸੁਖਚੈਨ ਸਿੰਘ ਮੁੰਦਰ, ਨਵਜੋਤ ਸਿੰਘ, ਮਨਜੋਤ ਸਿੰਘ, ਰਜਿੰਦਰ ਸਿੰਘ ਢਿੱਲੋਂ, ਰਮਨੀਕ ਸਿੰਘ, ਮਨਦੀਪ ਦੀਪਾ, ਐਡਵੋਕੇਟ ਹਰਦੀਪ ਸਿੰਘ, ਡਾ. ਰਾਜਾ ਦਿਆਲ, ਰਾਜਾ ਸਿੰਘ, ਮਾਸਟਰ ਹਰਦੀਪ ਸਿੰਘ ਆਦਿ ਮੌਜੂਦ ਸਨ ।

# ਅਜ਼ਾਦੀ ਦਿਹਾੜੇ ਦਾ ਸਮਾਗਮ ਐੱਸ ਜੀ ਐੱਸ ਖਾਲਸਾ ਸਕੂਲ 'ਚ ਹੋਵੇਗਾ : ਮਨੀਸ਼ਾ ਰਾਣਾ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਅਜ਼ਾਦੀ ਦਿਹਾੜੇ ਦੇ ਸਮਾਗਮ ਉਪ ਮੰਡਲ ਪੱਧਰ 'ਤੇ ਸ੍ਰੀ ਅਨੰਦਪੁਰ ਸਾਹਿਬ ਵਿਚ ਐਸ.ਜੀ.ਐਸ.ਖਾਲਸਾ ਸੀਨੀ.ਸੈਕੰ. ਸਕੂਲ ਵਿਚ ਹੋਣਗੇ। ਇਸ ਸਮਾਗਮ ਨੂੰ ਪ੍ਰਭਾਵਸਾਲੀ ਬਣਾਉਣ ਲਈ ਸੱਭਿਆਚਾਰਕ ਤੇ ਦੇਸ਼ ਭਗਤੀ ਦੀਆ ਪੇਸ਼ਕਾਰੀਆਂ ਦੀ ਚੋਣ 9,10,11 ਅਗਸਤ ਨੂੰ ਸਵੇਰੇ 9 ਵਜੇ ਸਮਾਗਮ ਵਾਲੇ ਸਥਾਨ 'ਤੇ ਕੀਤੀ ਜਾਵੇਗੀ। ਇਹ ਪ੍ਰਗਟਾਵਾ ਐਸ.ਡੀ.ਐਮ ਮਨੀਸ਼ਾ ਰਾਣਾ ਆਈ.ਏ.ਐਸ ਨੇ ਸਮਾਗਮ ਦੇ ਅਗਾਊਂ ਪ੍ਰਬੰਧਾਂ ਸਬੰਧੀ ਰੱਖੀ ਇੱਕ ਮੀਟਿੰਗ ਮੌਕੇ ਕੀਤਾ। ਉਨ੍ਹਾਂ ਨੇ ਕਿਹਾ ਕਿ ਐਸ.ਜੀ.ਐਸ ਖਾਲਸਾ ਸਕੂਲ ਵਿਖੇ ਸਮਾਗਮ ਦੀ ਰਿਹਸਲ ਕਰਵਾਈ ਜਾਵੇਗੀ ਅਤੇ 15 ਅਗਸਤ ਨੂੰ ਪ੍ਰਭਾਵਸ਼ਾਲੀ ਸਮਾਗਮ ਹੋਵੇਗਾ। ਉਨ੍ਹਾਂ ਨੇ ਦੱਸਿਆ ਕਿ ਪੁਲਿਸ ਵਿਭਾਗ ਨੂੰ ਸਮਾਗਮ ਵਾਲੇ ਸਥਾਨ 'ਤੇ ਢੁੱਕਵੇਂ ਸੁਰੱਖਿਆ ਪ੍ਰਬੰਧ ਕਰਨ ਅਤੇ ਟਰੈਫਿਕ ਨਿਯੰਤਰਣ ਰੱਖਣ ਲਈ ਡਿਊਟੀ ਲਗਾਈ ਗਈ ਹੈ। ਉਨ੍ਹਾਂ ਨੇ ਕਿਹਾ ਕਿ ਵੱਖ ਵੱਖ ਟੁਕੜੀਆਂ ਵੱਲੋਂ ਮਾਰਚ ਪਾਸਟ ਅਤੇ ਪਰੇਡ ਦੁਆਰਾ ਸਮਾਰੋਹ ਨੂੰ ਪ੍ਰਭਾਵਸ਼ਾਲੀ ਬਣਾਇਆ ਜਾਵੇਗਾ, ਵੱਖ ਵੱਖ ਸਕੂਲਾਂ ਦੇ ਵਿਦਿਆਰਥੀ, ਪੀ.ਟੀ.ਸ਼ੋਅ ਅਤੇ ਦੇਸ਼ ਭਗਤੀ ਦੇ ਪ੍ਰੋਗਰਾਮ ਦੀਆ ਪੇਸ਼ਕਾਰੀਆਂ ਦੇਣਗੇ। ਸਮਾਰੋਹ ਦੀ ਸਮਾਪਤੀ ਰਾਸ਼ਟਰੀ ਗੀਤ ਨਾਲ ਹੋਵੇਗੀ। ਬਾਦਲ ਦੀਨ ਤਹਿਸੀਲਦਾਰ ਸ੍ਰੀ ਅਨੰਦਪੁਰ ਸਾਹਿਬ ਸੱਭਿਆਚਾਰਕ ਤੇ ਦੇਸ਼ ਭਗਤੀ ਦੀਆਂ ਪੇਸ਼ਕਾਰੀਆਂ ਦੀ ਚੋਣ ਕਰਨ ਵਾਲੇ ਕਮੇਟੀ ਦੇ ਇੰਚਾਰਜ ਹੋਣਗੇ, ਮੰਚ ਸੰਚਾਲਨ ਰਣਜੀਤ ਸਿੰਘ ਐਨ.ਐਨ.ਸੀ ਅਫਸਰ ਕਰਨਗੇ, ਮਾਰਚ ਪਾਸਟ ਦੀ ਅਗਵਾਈ ਸੰਦੀਪ ਕੁਮਾਰ ਅਤੇ ਪੀ.ਟੀ.ਸ਼ੋਅ ਦੇ ਇੰਚਾਰਜ ਇਕਬਾਲ ਸਿੰਘ, ਸਤੀਸ਼ ਕੁਮਾਰ ਹੋਣਗੇ, ਗੁਰਦੀਪ ਕੌਰ, ਬਲਜੀਤ ਕੌਰ ਗਿੱਧੇ ਦੇ ਇੰਚਾਰਜ ਹੋਣਗੇ ਅਤੇ ਵੱਖ ਵੱਖ ਅਧਿਕਾਰੀ ਆਪਣੇ ਵਿਭਾਗਾਂ ਦੀ ਜਿੰਮੇਵਾਰੀ ਸੰਭਾਲਣਗੇ। ਇਸ ਮੌਕੇ ਈ ਬੀ.ਡੀ.ਪੀ.ਓ ਸ਼ਾਨ ਚੌਧਰੀ, ਸੀਨੀਅਰ ਮੈਡੀਕਲ ਅਫਸਰ ਡਾ.ਚਰਨਜੀਤ ਕੁਮਾਰ, ਕਾ.ਸੀ.ਮੈ.ਅਫਸਰ ਡਾ.ਜੰਗਜੀਤ ਸਿੰਘ, ਸੀਨੀਅਰ ਮੈਡੀਕਲ ਅਫਸਰ ਡਾ.ਵਿਧਾਨ ਚੰਦਰ,ਐਸ. ਡੀ ਓ ਭਾਵਨਾ ਦੀਵਾਨ, ਐਸ.ਐਚ.ਓ ਹਰਕੀਰਤ ਸਿੰਘ, ਭਾਰਤ ਭੂਸ਼ਨ ਬਾਗਬਾਨੀ ਅਫਸਰ, ਖੇਤੀ ਵਿਕਾਸ ਅਫਸਰ ਅਮਰਜੀਤ ਸਿੰਘ, ਕਾਰਜ ਸਾਧਕ ਅਫਸਰ ਹਰਬਖਸ ਸਿੰਘ, ਜੇ.ਈ ਸੁਖਬੀਰ ਸਿੰਘ, ਸੀਮਾ ਜੱਸਲ, ਬਲਜੀਤ ਕੌਰ, ਅਸ਼ਵਨੀ ਕੁਮਾਰ, ਗੁਰਮਿੰਦਰਪਾਲ ਸਿੰਘ, ਮਦਨ ਲਾਲ, ਰੁਪਿੰਦਰ ਕੌਰ ਹਾਜ਼ਰ ਸਨ।

# ਸੂਬਾ ਪ੍ਰਧਾਨ ਨੂੰ ਗ੍ਰਿਫਤਾਰ ਕਰਨ ਦੀ ਸਖਤ ਨਿਖੇਧੀ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਸਟੂਡੈਂਟਸ ਯੂਨੀਅਨ ਦੀ ਸੂਬਾ ਕਮੇਟੀ ਨੇ ਪੀ ਐੱਸ ਯੂ ਦੇ ਸੂਬਾ ਪ੍ਰਧਾਨ ਰਣਵੀਰ ਸਿੰਘ ਰੰਧਾਵਾ ਨੂੰ ਨੰਗਲ ਪੁਲਸ ਵੱਲੋਂ ਗ੍ਰਿਫਤਾਰ ਕਰਨ ਦੀ ਸਖਤ ਨਿਖੇਧੀ ਕਰਦਿਆਂ ਤੁਰੰਤ ਰਿਹਾਅ ਕਰਨ ਦੀ ਮੰਗ ਕੀਤੀ ਹੈ।

ਇਸ ਮੌਕੇ ਪੀ ਐੱਸ ਯੂ ਦੇ ਸੂਬਾ ਜਨਰਲ ਸਕੱਤਰ ਅਮਨਦੀਪ ਸਿੰਘ ਖਿਓਵਾਲੀ, ਮੀਤ ਪ੍ਰਧਾਨ ਅਮਰ ਕ੍ਰਾਂਤੀ ਅਤੇ ਪ੍ਰੈਸ ਸਕੱਤਰ ਮੰਗਲਜੀਤ ਪੰਡੋਰੀ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਨੰਗਲ ਦੇ ਪਿੰਡ ਭਲਾਣ ਐਕਸੀਡੈਂਟ ਵਿਚ ਇਕ ਸਕੂਲ ਬੱਚੀ ਦੀ ਮੌਤ ਅਤੇ ਦੋ ਬੱਚਿਆਂ ਦੇ ਗੰਭੀਰ ਜ਼ਖ਼ਮੀ ਤੋਂ ਬਾਅਦ ਲੱਗ ਰਹੇ ਧਰਨੇ ਦੀ ਅਗਵਾਈ ਕਰ ਰਹੇ ਪੀ .ਐਸ .ਯੂ ਦੇ ਸੂਬਾ ਪ੍ਰਧਾਨ ਰਣਬੀਰ ਰੰਧਾਵਾ ਨੂੰ ਪੁਲਸ ਵੱਲੋਂ ਸਵੇਰ ਤੋਂ ਹੀ ਗ੍ਰਿਫਤਾਰ ਕਰ ਲਿਆ ਹੈ ਅਤੇ ਕਿਸਾਨ ਜਥੇਬੰਦੀਆਂ ਸਮੇਤ ਬਾਕੀ ਇਲਾਕਾ ਨਿਵਾਸੀਆਂ ਦੀਆਂ ਗੱਡੀਆਂ ਨੂੰ ਭਲਾਣ ਪਹੁੰਚਣ ਤੋਂ ਰੋਕਿਆ ਜਾ ਰਿਹਾ ਹੈ । ਉਨ੍ਹਾਂ ਕਿਹਾ ਕਿ ਟਿੱਪਰ ਹੇਠਾਂ ਬੱਚੀ ਨੂੰ ਕੁਚਲ ਕੇ ਮਾਰ ਦੇਣ ਖਿਲਾਫ ਕੱਲ੍ਹ ਤੋਂ ਹੀ ਇਨਸਾਫ ਦੀ ਮੰਗ ਲਈ ਲਗਾਏ ਧਰਨਾ ਪ੍ਰਦਰਸ਼ਨ ਨੂੰ ਅਸਫਲ ਕਰਨ ਦੀ ਕੋਸ਼ਿਸ਼ ਵਜੋਂ ਯੂਨੀਅਨ ਦੇ ਪ੍ਰਧਾਨ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਇਕ ਪਾਸੇ ਪਰਵਾਰਾਂ ਨੇ ਆਪਣੇ ਬੱਚੇ ਗਵਾ ਲਏ ਉਨ੍ਹਾਂ ਨੂੰ ਇਨਸਾਫ ਦੇਣ ਦੀ ਬਜਾਏ ਇਨਸਾਫ ਦੀ ਮੰਗ ਕਰਨ ਵਾਲੇ ਆਗੂਆਂ ਨੂੰ ਹੀ ਗ੍ਰਿਫਤਾਰ ਕਰ ਲਿਆ ਗਿਆ ਹੈ।

ਆਗੂਆਂ ਕਿਹਾ ਕਿ ਇਹ ਪਹਿਲੀ ਵਾਰ ਨਹੀਂ ਹੋਇਆ ਕਿ ਓਵਰਲੋਡਿਡ ਟਿੱਪਰ ਹੇਠ ਮੌਤ ਹੋਈ ਹੈ ਇਸ ਤੋਂ ਪਹਿਲਾਂ ਵੀ ਕਈ ਬੱਚੇ ਇਨਾਂ ਹੇਠ ਆ ਕਿ ਆਪਣੀ ਜਾਨ ਗਵਾ ਚੁੱਕੇ ਹਨ। ਆਗੂਆਂ ਨੇ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਅਗਰ ਸੂਬਾ ਪ੍ਰਧਾਨ ਨੂੰ ਫੌਰੀ ਬਿਨਾਂ ਸ਼ਰਤ ਰਿਹਾਅ ਨਾ ਕੀਤਾ ਗਿਆ ਤਾਂ ਪੰਜਾਬ ਸਟੂਡੈਂਟਸ ਯੂਨੀਅਨ ਆਉਣ ਵਾਲੇ ਦਿਨਾਂ ਵਿੱਚ ਤਿੱਖਾ ਸੰਘਰਸ਼ ਕਰੇਗੀ।

## ਆਪਣੇ ਆਲੇ-ਦੁਆਲੇ ਦੀ ਸਾਫ਼-ਸਫ਼ਾਈ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ : ਸਿਵਲ ਸਰਜਨ

**ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਬਰਸਾਤ ਦੇ ਮੌਸਮ ਦੇ ਚੱਲਦਿਆਂ ਡੇਂਗੂ 'ਤੇ ਸਮੇਂ ਸਿਰ ਕਾਬੂ ਪਾਉਣ ਲਈ ਸਿਹਤ ਅਤੇ ਪਰਵਾਰ ਭਲਾਈ ਵਿਭਾਗ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੇ ਕਮਿਊਨਿਟੀ ਦੀ ਭਾਗੀਦਾਰੀ ਨੂੰ ਹੋਰ ਵਧਾਉਣ ਲਈ 'ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ' ਸਲੋਗਨ ਨਾਲ ਡੇਂਗੂ ਵਿਰੋਧੀ ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ ਕੀਤੀ ਹੈ। ਇਸ ਮੌਕੇ ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਪੱਧਰੀ ਸਮਾਰੋਹ ਦੌਰਾਨ ਸਿਹਤ ਵਿਭਾਗ ਵੱਲੋਂ ਆਯੋਜਿਤ ਡੇਂਗੂ ਵਿਰੋਧੀ ਜਾਗਰੂਕਤਾ ਰੈਲੀ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਜਾਗਰੂਕਤਾ ਰੈਲੀ ਵਿਚ ਸ਼ਾਮਲ ਸਿਹਤ ਸਟਾਫ ਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਡੇਂਗੂ, ਮਲੇਰੀਆ ਤੇ ਚਿਕਨਗੁਨੀਆ ਵਰਗੀਆਂ ਵੈਕਟਰ ਬੋਰਨ ਬਿਮਾਰੀਆਂ 'ਤੇ ਸਮੇਂ ਸਿਰ ਕਾਬੂ ਪਾਉਣ ਲਈ ਕਮਿਊਨਿਟੀ ਦੀ ਭਾਗੀਦਾਰੀ ਨੂੰ ਉਤਸ਼ਾਹਿਤ ਕਰਨਾ ਸਮੇਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਵੈਕਟਰ ਬੋਰਨ ਬਿਮਾਰੀਆਂ ਦੀ ਰੋਕਥਾਮ ਲਈ ਸਾਨੂੰ ਸਾਰਿਆਂ ਨੂੰ ਮਿਲ ਕੇ ਹੰਭਲਾ ਮਾਰਨਾ ਪਵੇਗਾ, ਤਾਂ ਹੀ ਅਸੀਂ ਆਪਣੇ ਸਮਾਜ ਨੂੰ ਸਿਹਤਮੰਦ ਅਤੇ ਨਰੋਆ ਰੱਖਣ ਦੇ ਯਤਨਾਂ ਵਿਚ ਕਾਮਯਾਬ ਹੋ ਸਕਦੇ ਹਾਂ। ਉਨ੍ਹਾਂ ਸਿਹਤ ਵਿਭਾਗ ਸਮੇਤ ਸਾਰੇ ਭਾਈਵਾਲ ਵਿਭਾਗਾਂ ਨੂੰ ਸਾਵਧਾਨ ਕਰਦੇ ਹੋਏ ਕਿਹਾ ਕਿ ਇਸ ਵਾਰ ਹੋ ਰਹੀ ਭਾਰੀ ਬਰਸਾਤ ਦੇ ਮੱਦੇਨਜ਼ਰ ਸਾਨੂੰ ਵਧੇਰੇ ਚੌਕਸ ਰਹਿਣ ਦੀ ਲੋੜ ਹੈ, ਇਸ ਲਈ ਮੱਛਰ ਦੀ ਪੈਦਾਇਸ਼ ਰੋਕਣ ਲਈ ਘਰ-ਘਰ ਸਰਵੇ, ਜਾਂਚ ਤੇ ਜਾਗਰੂਕਤਾ ਗਤੀਵਿਧੀਆਂ ਵਿਚ ਤੇਜ਼ੀ ਲਿਆਉਣ ਦੇ ਨਾਲ-ਨਾਲ ਫਾਗਿੰਗ ਆਦਿ ਦੇ ਕੰਮ ਵਿਚ ਵੀ ਕੋਈ ਕਸਰ ਬਾਕੀ ਨਾ ਛੱਡੀ ਜਾਵੇ। ਇਸ ਮੌਕੇ ਸਿਵਲ ਸਰਜਨ ਨੇ ਦੱਸਿਆ ਕਿ ਡੇਂਗੂ ਦੇ ਲਾਰਵੇ ਨੂੰ ਪੈਦਾ ਕਰਨ ਵਾਲੀ ਜਗ੍ਹਾ ਕੂਲਰ, ਗਮਲੇ, ਫਰਿੱਜ ਦੀ ਟ੍ਰੇਅ ਤੇ ਹੋਰ ਪਾਣੀ ਨਾਲ ਭਰੇ ਭਾਂਡੇ ਆਦਿ ਨੂੰ ਹਫਤੇ ਵਿੱਚ ਇੱਕ ਬਾਰ ਜ਼ਰੂਰ ਸਾਫ ਕਰੋ। ਡੇਂਗੂ ਦੀ ਰੋਕਥਾਮ ਲਈ ਇਹ ਵੀ ਜ਼ਰੂਰੀ ਹੈ ਕਿ ਆਪਣੇ ਆਲੇ-ਦੁਆਲੇ ਦੀ ਸਾਫ਼-ਸਫ਼ਾਈ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ। ਟੈਂਕੀਆਂ ਆਦਿ ਨੂੰ ਢਕ ਕੇ ਰੱਖਣ, ਪਾਣੀ ਇਕੱਠਾ ਨਾ ਹੋਣ ਦੇਣ, ਮੱਛਰਦਾਨੀ ਦੀ ਵਰਤੋਂ ਕਰਨ, ਸਰੀਰ ਨੂੰ ਪੂਰਾ ਢਕਣ ਵਾਲੇ ਕੱਪੜੇ ਪਹਿਨਣ ਅਤੇ ਮੱਛਰ ਮਾਰਨ ਵਾਲੇ ਯੰਤਰਾਂ ਦੀ ਵਰਤੋਂ ਕਰਨ ਨਾਲ ਡੇਂਗੂ ਅਤੇ ਮਲੇਰੀਆ ਤੋਂ ਬਚਾਅ ਕੀਤਾ ਜਾ ਸਕਦਾ ਹੈ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਸਹਿਯੋਗ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਲੋਕਾਂ ਦੀ ਮਦਦ ਨਾਲ ਹੀ ਜ਼ਿਲ੍ਹੇ ਨੂੰ ਡੇਂਗੂ-ਮੁਕਤ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਜੇ ਕੋਈ ਸ਼ੱਕੀ ਡੇਂਗੂ ਪੀੜਤ ਹੈ, ਤਾਂ ਤੁਰੰਤ ਨਜ਼ਦੀਕੀ ਹਸਪਤਾਲ ਵਿੱਚ ਜਾ ਕੇ ਜਾਂਚ ਕਰਵਾਈ ਜਾਵੇ। ਡੇਂਗੂ ਦੀ ਜਾਂਚ ਅਤੇ ਇਲਾਜ ਸਰਕਾਰੀ ਹਸਪਤਾਲਾਂ ਵਿਚ ਬਿਲਕੁਲ ਮੁਫ਼ਤ ਹੁੰਦਾ ਹੈ। ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਰਾਕੇਸ਼ ਪਾਲ ਦੱਸਿਆ ਜੇਕਰ ਕਿਸੇ ਵਿਅਕਤੀ ਨੂੰ ਡੇਂਗੂ ਬੁਖਾਰ ਦੇ ਲੱਛਣ ਜਿਸ ਵਿਚ ਇਕਦਮ ਤੇਜ਼ ਬਖਾਰ, ਸਿਰਦਰਦ, ਮਾਸਪੇਸ਼ੀਆਂ ਵਿਚ ਦਰਦ, ਅੱਖਾਂ ਦੇ ਪਿਛਲੇ ਹਿੱਸੇ ਵਿਚ ਦਰਦ, ਚਮੜੀ 'ਤੇ ਦਾਣੇ ਆਦਿ ਨਜ਼ਰ ਆਉਣ ਤਾਂ ਤਰੁੰਤ ਸਿਹਤ ਸੰਸਥਾ ਵਿਚ ਜਾ ਕੇ ਜਾਂਚ ਕਰਵਾਈ ਜਾਵੇ। ਰਾਜ ਦੇ ਸਾਰੇ ਸਰਕਾਰੀ ਹਸਪਤਾਲਾਂ ਵਿਚ ਡੇਂਗੂ ਬੁਖਾਰ ਦੇ ਟੈਸਟ ਅਤੇ ਇਲਾਜ ਮੁਫ਼ਤ ਕੀਤਾ ਜਾਂਦਾ ਹੈ। ਇਸ ਮੌਕੇ ਡਿਪਟੀ ਮੈਡੀਕਲ ਕਮਿਸ਼ਨਰ ਡਾ. ਹਰਪ੍ਰੀਤ ਸਿੰਘ, ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਰਾਕੇਸ਼ ਪਾਲ, ਸੀਨੀਅਰ ਮੈਡੀਕਲ ਅਫਸਰ ਡਾ. ਸਤਵਿੰਦਰਪਾਲ ਸਿੰਘ, ਜ਼ਿਲ੍ਹਾ ਸਮੂਹ ਸਿੱਖਿਆ ਅਤੇ ਸੂਚਨਾ ਅਫਸਰ ਦਲਜੀਤ ਸਿੰਘ, ਬਲਾਕ ਐਕਸਟੈਂਸ਼ਨ ਐਜੂਕੇਟਰ ਵਿਕਾਸ ਵਿਰਦੀ ਅਤੇ ਹੈਲਥ ਇੰਸਪੈਕਟਰ ਰਾਜੀਵ ਕੁਮਾਰ ਸਮੇਤ ਹੋਰ ਸਿਹਤ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।

## ਮਨੀਪੁਰ 'ਚ ਹੋਈਆਂ ਮੰਦਭਾਗੀਆਂ ਘਟਨਾਵਾਂ ਦੇ ਰੋਸ ਵਜੋਂ ਡੀ ਸੀ ਕਪੂਰਥਲਾ ਨੂੰ ਸੌਂਪਿਆ ਮੰਗ ਪੱਤਰ



**ਸਭਾਨਪੁਰ (ਹਰਮੇਸ਼ ਦੱਤ)**-ਪੈਂਤੇਕਾਸਟਿਲ ਕ੍ਰਿਸਚੀਅਨ ਪ੍ਰਬੰਧਕ ਕਮੇਟੀ ਵੱਲੋਂ ਪੰਜਾਬ ਦੀ ਇੱਕ ਹੰਗਾਮੀ ਮੀਟਿੰਗ ਦ ਓਪਨ ਡੋਰ ਚਰਚ ਖੋਜੇਵਾਲਾ ਕਪੂਰਥਲਾ ਵਿਖੇ ਹੋਈ ਜਿਸ ਵਿੱਚ ਪੰਜਾਬ ਭਰ 'ਚੋਂ ਪੀ.ਸੀ.ਪੀ.ਸੀ ਦੇ ਅਹਿਮ ਅਹੁਦੇਦਾਰਾਂ ਨੇ ਹਿੱਸਾ ਲਿਆ। ਮੀਟਿੰਗ ਦੌਰਾਨ ਮਨੀਪੁਰ 'ਚ ਸਰਕਾਰੀ ਸ਼ਹਿ ਨਾਲ ਹੋਈ ਕ੍ਰਿਸਚੀਅਨ ਸਮੁਦਾਏ ਦੀ ਨਸਲਕੁਸ਼ੀ ਬਾਰੇ ਗੰਭੀਰ ਵਿਚਾਰਾਂ ਕੀਤੀਆਂ ਗਈਆਂ। ਦੱਸਿਆ ਗਿਆ ਕਿ ਜਿਸ ਤਰ੍ਹਾ ਮਨੀਪੁਰ 'ਚ ਇਸਾਈ ਸਮੁਦਾਏ ਦੀਆਂ ਧੀਆਂ ਭੈਣਾਂ ਨਾਲ ਅਸ਼ਲੀਲਤਾ ਭਰਿਆਘਿਨੌਣਾ ਅਪਰਾਧ ਕੀਤਾ ਗਿਆ ਹੈ ਉਹ ਮਨੁੱਖਤਾ ਨੂੰ ਸ਼ਰਮਸਾਰ ਕਰਦਾ ਹੋਇਆ ਹੈਵਾਨੀਅਤ ਦਾ ਨੰਗਾ ਨਾਚ ਹੈ। ਜਿਸ ਤਰ੍ਹਾ ਮਨੀਪੁਰ ਵਿੱਚ ਸੈਂਕੜੇ ਚਰਚ ਤੋੜ ਦਿੱਤੇ ਗਏ ਹਨ ਅਤੇ ਬੇਅੰਤ ਇਸਾਈ ਲੋਕਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਗਿਆ ਹੈ ਇਹ ਬਹੁਤ ਹੀ ਅਸਹਿਯੋਗ ਘਟਨਾ ਹੈ ਜਿਸ ਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਪੈਂਤੇਕਾਸਟਿਲ ਕ੍ਰਿਸਚੀਅਨ ਪ੍ਰਬੰਧਕ ਕਮੇਟੀ ਪੰਜਾਬ ਇਨ੍ਹਾਂ ਦੁਖਦਾਈ ਘਟਨਾਵਾਂ ਦੀ ਸਖਤ ਸ਼ਬਦਾਂ 'ਚ ਨਿਖੇਧੀ ਕਰਦੀ ਹੈ ਅਤੇ ਇਸ ਦੇ ਵਿਰੋਧ 'ਚ ਅੱਜ ਜ਼ਿਲ੍ਹਾ ਕਪੂਰਥਲਾ ਵਿਖੇ ਕਮੇਟੀ ਵੱਲੋਂ ਸੈਂਕੜੇ ਸਾਥੀਆਂ ਦੀ ਹਾਜ਼ਰੀ 'ਚ ਡਿਪਟੀ ਕਮਿਸ਼ਨਰ ਕਪੂਰਥਲਾ ਕੈਪਟਨ ਕਰਨੈਲ ਸਿੰਘ ਨੂੰ ਇੱਕ ਰੋਸ ਪੱਤਰ ਸੌਂਪਿਆ ਗਿਆ। ਇਸ ਮੌਕੇ ਪਾਸਟਰ ਹਰਪ੍ਰੀਤ ਦਿਓਲ ਚੇਅਰਮੈਨ ਪੀ.ਸੀ.ਪੀ.ਸੀ, ਪ੍ਰਧਾਨ ਸੰਧਾਵਾਲੀਆ ਦੇ ਨਾਲ ਪ੍ਰਧਾਨ ਧਰਮੇਂਦਰ ਬਾਜਵਾ ਲੁਧਿਆਣਾ, ਬਿਸ਼ਪ ਸੈਮੂਅਲ ਸੋਨੀ ਗੁਰਦਾਸਪੁਰ, ਬਿਸ਼ਪ ਡੇਵਿਡ ਭਾਰਤੀ ਬਠਿੰਡਾ, ਪਾਸਟਰ ਰਾਮ ਜੀਤ ਸਿੰਘ ਇੰਚਾਰਜ ਅੰਮ੍ਰਿਤਸਰ, ਪਾਸਟਰ ਗੁਰਚਰਨ ਸਿੰਘ ਸਮਾਣਾ ਪਟਿਆਲਾ, ਪਾਸਟਰ ਕਰਨ ਵਰਮਾ ਜਲੰਧਰ, ਪਾਸਟਰ ਮੰਗਾ ਮਸੀਹ ਗੁਰਦਾਸਪੁਰ, ਪਾਸਟ ਯਾਕੂਬ ਪੋਲ ਮਜੀਠਾ, ਪਾਸਟਰ ਸਾਹਿਬ ਵੀਰ ਅੰਮ੍ਰਿਤਸਰ, ਪਾਸਟਰ ਬੂਆ ਸਿੰਘ ਅੰਮ੍ਰਿਤਸਰ, ਪਾਸਟਰ ਸੁਸ਼ੀਲ ਖੁਰਾਣਾ ਬਠਿੰਡਾ,ਪਾਸਟਰ ਮਨੋਹਰ ਸਿੰਘ ਅੰਮ੍ਰਿਤਸਰ, ਪਾਸਟਰ ਬਲਦੇਵ ਕੁਮਾਰ ਕਪੂਰਥਲਾ, ਪਾਸਟਰ ਵਿਲੀਅਮ ਲੱਖਣ ਕਲਾਂ ਕਪੂਰਥਲਾ, ਪਾਸਟਰ ਗੁਲਸ਼ਨ ਪੀਟਰ ਲੁਧਿਆਣਾ, ਪਾਸਟਰ ਜੀਵਨ ਲੁਧਿਆਣਾ, ਪਾਸਟਰ ਸਰਦਾਰ ਮਸੀਹ ਬਟਾਲਾ, ਪਾਸਟਰ ਗਗਨ ਬਟਾਲਾ, ਪਾਸਟਰ ਸਟੇਨਲੀ ਲੁਧਿਆਣਾ, ਪਾਸਟਰ ਸਰਵਣ ਮਸੀਹ ਗੁਰਦਾਸਪੁਰ, ਪਾਸਟਰ ਸਤਪਾਲ ਅੰਮ੍ਰਿਤਸਰ, ਚੇਅਰਮੈਨ ਸਟੀਫਨ ਹੰਸ ਕਪੂਰਥਲਾ, ਯੂਥ ਪ੍ਰਧਾਨ ਬਲਵਿੰਦਰ ਸਿੰਘ ਸਾਬੀ ਕਪੂਰਥਲਾ, ਪਾਸਟਰ ਅਗਸਟੀਨ, ਪਾਸਟਰ ਸੰਦੀਪ,ਪਾਸਟਰ ਜੈਰਾਮ, ਬ੍ਰਦਰ ਰਾਜਵਿੰਦਰ, ਬ੍ਰਦਰ ਸੁੱਚਾ ਮਸੀਹ, ਬ੍ਰਦਰ ਮਥੁਰਾ ਦਾਸ, ਲੰਬੜਦਾਰ ਮਾਂਗੀ ਰਾਮ, ਬ੍ਰਦਰ ਬਲਵਿੰਦਰ ਕੁਮਾਰ, ਬ੍ਰਦਰ ਰਾਜਿੰਦਰ ਕੁਮਾਰ, ਬ੍ਰਦਰ ਬਲਵਿੰਦਰ ਬਿੱਟੂ, ਬ੍ਰਦਰ ਰਾਜੇਸ਼ ਕੰਬੋਜ, ਬ੍ਰਦਰ ਸਹਿਜਪਾਲ, ਬ੍ਰਦਰ ਸਵੀਨ, ਬ੍ਰਦਰ ਪਾਰਸ ਦੁਆ, ਬ੍ਰਦਰ ਸੀਮੋਨ ਖਾਲਕੋ, ਬ੍ਰਦਰ ਸੰਦੀਪ ਕੁਮਾਰ ਅਤੇ ਵੱਡੀ ਗਿਣਤੀ 'ਚ ਮਸੀਹੀ ਸੰਗਤ ਹਾਜ਼ਰ ਸੀ

1-AUG-PAGE-10.qxd 7/31/2023 10:45 PM Page 1



# ਮਨੀਪੁਰ ਦੀ ਖੌਫਨਾਕ ਘਟਨਾ ਦੇਸ਼ ਦੀ ਏਕਤਾ ਤੇ ਅਖੰਡਤਾ ਲਈ ਗੰਭੀਰ ਖਤਰਾ : ਐੱਮ ਸੀ ਪੀ ਆਈ (ਯੂ)



ਦੋਰਾਹਾ (ਹਰਮਿੰਦਰ ਸੇਠ)-ਭਾਰਤੀ ਮਾਰਕਸਵਾਦੀ ਕਮਿਊਨਿਸਟ ਪਾਰਟੀ (ਯੂਨਾਈਟਡ) (ਐੱਮ ਸੀ ਪੀ ਆਈ (ਯੂ)) ਦੀ ਸੂਬਾ ਕਮੇਟੀ ਦੀ ਮੀਟਿੰਗ ਪਵਨ ਕੁਮਾਰ ਕੌਸ਼ਲ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਕੁੱਲ ਹਿੰਦ ਕਿਸਾਨ ਫੈਡਰੇਸ਼ਨ, ਏ ਆਈ ਕੇ ਐੱਫ ਦੇ ਨੁਮਾਇੰਦੇ ਵੀ ਸ਼ਾਮਲ ਹੋਏ। ਐੱਮ ਸੀ ਪੀ ਆਈ (ਯੂ) ਦੇ ਕੌਮੀ ਜਨਰਲ ਸਕੱਤਰ ਕਾ. ਕੁਲਦੀਪ ਸਿੰਘ ਨੇ ਰਿਪੋਰਟ ਪੇਸ਼ ਕਰਦਿਆਂ ਰਾਸ਼ਟਰੀ ਤੇ ਅੰਤਰਰਾਸ਼ਟਰੀ ਸਤਿਥੀ ਬਾਰੇ ਜ਼ਿਕਰ ਕਰਦਿਆਂ ਕਿਹਾ ਕਿ ਅੱਜ ਸਾਰਾ ਵਿਸ਼ਵ ਵਾਤਾਵਰਣ ਪ੍ਰਦੂਸ਼ਣ ਤੇ ਗਲੋਬਲ ਵਾਰਮਿੰਗ ਦੀ ਮਾਰ ਝੱਲ ਰਿਹਾ ਹੈ, ਜਿਹੜਾ ਜੀਵ ਜੰਤੂਆਂ ਦੀ ਹੋਂਦ ਲਈ ਗੰਭੀਰ ਖਤਰਾ ਬਣਿਆ ਹੋਇਆ ਹੈ। ਰੂਸ ਤੇ ਯੂਕਰੇਨ ਵਿੱਚਕਾਰ ਚੱਲ ਰਹੀ ਜੰਗ ਕਾਰਨ ਅੱਜ ਅਨਾਜ ਪੱਖੋਂ ਵਿਸ਼ਵ ਲਈ ਗੰਭੀਰ ਸਤਿਥੀ ਬਣੀ ਹੋਈ ਹੈ। ਰੂਸ ਤੇ ਯੂਕਰੇਨ ਵਿਸ਼ਵ ਦੇ ਸਭ ਤੋਂ ਵੱਧ ਕਣਕ ਤੇ ਚੌਲ ਪੈਦਾ ਕਰਨ ਵਾਲੇ ਦੇਸ਼ ਹਨ। ਨਾਟੋ ਦੇਸ਼ਾਂ ਦੇ ਯੂਕਰੇਨ ਦੀ ਪਿੱਠ ਉੱਪਰ ਆਉਣ 'ਤੇ ਹਾਲਤ ਹੋਰ ਵੀ ਬਿਗੜ ਰਹੇ ਹਨ। ਭਾਰਤ ਅੰਦਰ ਕੇਂਦਰ ਸਕਾਰ ਵੱਲੋਂ ਜਨਤਕ ਖੇਤਰ ਨਿੱਜੀ ਹੱਥਾਂ ਵਿੱਚ ਦੇਣ ਨਾਲ, ਕਿਰਤ ਕਨੂੰਨਾਂ ਵਿੱਚ ਮਜ਼ਦੂਰ ਵਿਰੋਧੀ ਤੇ ਕਾਰਪੋਰੇਟ ਪੱਖੀ ਸੋਧਾਂ ਕਰਨ ਨਾਲ ਮਜ਼ਦੂਰਾਂ ਦੀ ਆਰਥਕ ਹਾਲਤ ਬਿਗੜਦੀ ਜਾ ਰਹੀ ਹੈ। ਅਮੀਰ ਹੋਰ ਅਮੀਰ ਤੇ ਗਰੀਬ ਹੋਰ ਗਰੀਬ ਹੁੰਦਾ ਜਾ ਰਿਹਾ ਹੈ। ਸ਼ਕਤੀਆਂ ਦਾ ਕੇਂਦਰੀਕਰਨ ਨਾਲ ਦੇਸ਼ ਦਾ ਰਾਜ ਪ੍ਰਬੰਧ ਤਾਨਾਸ਼ਾਹੀ ਵੱਲ ਵੱਧ ਰਿਹਾ ਹੈ, ਦੇਸ਼ ਦੇ ਸੰਘੀ ਢਾਂਚੇ ਨੂੰ ਵੀ ਖਤਰਾ ਪੈਦਾ ਹੋ ਗਿਆ ਹੈ। ਏ ਆਈ ਕੇ ਐੱਫ ਦੇ ਕੌਮੀ ਪ੍ਰਧਾਨ ਪ੍ਰੇਮ ਸਿੰਘ ਭੰਗੂ ਨੇ ਪੰਜਾਬ ਦੀਆਂ ਪੰਜ ਕਿਸਾਨ ਜਥੇਬੰਦੀਆਂ ਵੱਲੋਂ ਪਾਣੀਆਂ ਦੀ ਸਮੱਸਿਆ, ਦੇਸ਼ ਦੇ ਸੰਘੀ ਢਾਂਚੇ ਨੂੰ ਬਚਾਉਣ, ਵਾਤਾਵਰਣ ਦੇ ਵੱਧ ਰਹੇ ਪ੍ਰਦੂਸ਼ਣ ਦੀ ਸਮੱਸਿਆ, ਸਾਰੀਆਂ ਫਸਲਾਂ ਲਈ ਘੱਟੋ ਘੱਟ ਸਮਰਥਨ ਮੁੱਲ ਤੇ ਹੋਰ ਮੰਗਾਂ ਦੇ ਸਬੰਧ 'ਚ 5 ਅਗਸਤ ਨੂੰ ਮੁਹਾਲੀ ਵਿਖੇ ਕੀਤੀ ਜਾ ਰਹੀ ਰੈਲੀ ਵਿੱਚ ਪੁੱਜਣ ਲਈ ਕਿਹਾ। ਪੰਜਾਬ ਅੰਦਰ ਹੜ੍ਹਾਂ ਕਾਰਨ ਹੋਏ ਨੁਕਸਾਨ ਦੀ ਭਰਪਾਈ ਕਰਨ ਲਈ ਸਰਕਾਰ ਤੋਂ ਜਾਨੀ ਨੁਕਸਾਨ ਲਈ 10 ਲੱਖ ਰੁਪਏ, ਮਕਾਨ ਢਹਿਣ ਵਾਲਿਆਂ 4 ਲੱਖ ਫਸਲ ਦੇ ਤਬਾਹ ਹੋਣ ਵਾਲੇ ਨੂੰ 50,000 ਰੁਪਏ ਮੁਆਵਜ਼ੇ ਦੀ ਮੰਗ ਕੀਤੀ।

ਮਨੀਪੁਰ ਦੀ ਵਾਪਰੀ ਘਟਨਾ ਦੇਸ਼ ਲਈ ਇੱਕ ਗੰਭੀਰ ਚਿੰਤਾ ਦਾ ਵਿਸ਼ਾ ਹੈ, ਜੋ ਦੇਸ਼ ਦੀ ਏਕਤਾ ਤੇ ਅਖੰਡਤਾ ਲਈ ਇੱਕ ਗੰਭੀਰ ਖਤਰਾ ਹੈ। ਇਸ ਘਟਨਾ ਉੱਪਰ ਪ੍ਰਧਾਨ ਮੰਤਰੀ ਵੱਲੋਂ ਕੁੱਝ ਨਾ ਕਹਿਣਾ ਸਥਿਤੀ ਨੂੰ ਹੋਰ ਗੰਭੀਰ ਬਣਾ ਦਿੰਦਾ ਹੈ। ਮੀਟਿੰਗ ਵਿੱਚ ਇਨ੍ਹਾਂ ਤੋਂ ਇਲਾਵਾ ਸੁਖਦੇਵ ਸਿੰਘ, ਜੋਗਿੰਦਰ ਸਿੰਘ, ਅਮਰਜੀਤ ਸਿੰਘ, ਮਲਕੀਤ ਸਿੰਘ, ਇਕਬਾਲ ਸਿੰਘ ਮੰਡੌਲੀ ਆਦਿ ਹਾਜ਼ਰ ਸਨ।

# ਹੜ੍ਹ ਪੀੜਤਾਂ ਦੀ ਮਦਦ ਲਈ ਦਿੱਲੀ ਤੋਂ ਆਏ ਸੇਵਕ ਜਥੇ ਨੇ ਵਿਧਵਾ ਦੇ ਮਕਾਨ ਦੀ ਕੀਤੀ ਮੁਰੰਮਤ

## ਲੋੜਵੰਦਾਂ ਨੂੰ ਰਾਸ਼ਨ ਤਕਸੀਮ ਕੀਤਾ ਤੇ ਸਪਰੇ ਕਰਵਾਈ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਇਲਾਕੇ ਵਿੱਚ ਆਏ ਭਿਆਨਕ ਹੜ੍ਹਾਂ ਵਿੱਚ ਸੜਕੀ ਸੰਪਰਕ ਟੁੱਟ ਜਾਣ ਕਰਕੇ ਬਹੁਤ ਸਾਰੇ ਪਿੰਡਾਂ 'ਚ ਸਮੇਂ ਸਿਰ ਸਰਕਾਰੀ ਸਹਾਇਤਾ ਨਹੀਂ ਪਹੁੰਚ ਸਕੀ, ਉਥੇ ਦੂਰ ਦੁਰਾਡੇ ਤੋਂ ਸਮਾਜ ਸੇਵੀ ਸੰਸਥਾਵਾਂ ਪਹੁੰਚ ਕੇ ਲੋਕਾਂ ਦੀ ਮਦਦ ਕਰ ਰਹੀਆਂ ਹਨ। ਇਸ ਦੇ ਚੱਲਦਿਆਂ ਸ਼੍ਰੀ ਗੁਰੂ ਤੇਗ ਬਹਾਦਰ ਸੇਵਕ ਜਥਾ ਜਮਨਾ ਪਾਰ ਦਿੱਲੀ ਦੇ ਸੇਵਾਦਾਰਾਂ ਵੱਲੋਂ ਪਟਿਆਲਾ ਜ਼ਿਲ੍ਹੇ ਦੇ ਸਭ ਤੋਂ ਵੱਧ ਹੜ੍ਹ ਪ੍ਰਭਾਵਿਤ ਬਾਦਸ਼ਾਹਪੁਰ ਦੇ ਹੜ੍ਹ ਪੀੜਤ ਇਲਾਕੇ ਵਿੱਚ ਜਿੱਥੇ ਲੋੜਵੰਦ ਲੋਕਾਂ ਨੂੰ ਰਾਸ਼ਨ ਵੰਡਿਆ ਗਿਆ, ਉੱਥੇ ਹੀ ਮੱਖੀਆਂ ਤੇ ਮੱਛਰਾਂ ਤੋਂ ਬਚਾ ਲਈ ਕੀਟਨਾਸ਼ਕ ਦਵਾਈਆਂ ਦਾ ਛਿੜਕਾਅ ਕੀਤਾ ਗਿਆ ਤੇ ਇੱਕ ਲੋੜਵੰਦ ਪਰਿਵਾਰ ਦੇ ਘਰ ਦੀ ਮੁਰੰਮਤ ਵੀ ਆਪਣੀ ਹੱਥੀਂ ਕੀਤੀ ਗਈ।

ਪਿੰਡ ਪੜਤਾ ਦੇ ਸਾਬਕਾ ਸਰਪੰਚ ਸੁਖਵਿੰਦਰ ਨੇ ਸੇਵਕ ਜਥੇ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਜਿੱਥੇ ਸਰਕਾਰ ਨਹੀਂ ਪਹੁੰਚ ਸਕੀ, ਉਸ ਪਿੰਡ ਵਿੱਚ ਆ ਕੇ ਇਸ ਸਵੇਕ ਜਥੇ ਵੱਲੋਂ ਨਿਭਾਈ ਗਈ ਸੇਵਾ ਲਈ ਇਹ ਲੋੜਵੰਦ ਲੋਕ ਸਦਾ ਅਸੀਸਾਂ ਦਿੰਦੇ ਹੋਏ ਰਿਣੀ ਰਹਿਣਗੇ। ਗੁਰਦੁਆਰਾ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਪਾਤੜਾਂ ਦੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਕਰਮਜੀਤ ਸਿੰਘ ਕਾਲੇਕਾ, ਮੈਂਬਰ ਸੁਖਦੇਵ ਸਿੰਘ ਫੌਜੀ ਤੇ ਗੁਰਪਿੰਦਰ ਸਿੰਘ ਕਾਲੇਕਾ ਅਤੇ ਬਲਵਿੰਦਰ ਸਿੰਘ ਭੁੱਲਰ ਨੇ ਕਿਹਾ ਕਿ ਗੁਰਦੁਆਰਾ ਸਾਹਿਬ ਪਾਤੜਾਂ ਤੋਂ ਹੜ੍ਹ ਪੀੜਤ ਲੋਕਾਂ ਲਈ ਚੱਲ ਰਹੇ 24 ਘੰਟੇ ਲੰਗਰ ਲਈ ਸੇਵਕ ਜਥੇ ਵੱਲੋਂ ਰਾਸ਼ਨ ਦਿੱਤਾ ਗਿਆ ਹੈ, ਉੱਥੇ ਹੀ ਹੜ੍ਹ ਪੀੜਤ ਇਲਾਕੇ 'ਚ ਵੀ ਬਹੁਤ ਸੇਵਾਵਾਂ ਨਿਭਾਈਆਂ ਗਈਆਂ ਹਨ। ਇਸ ਮੌਕੇ ਗੋਬਿੰਦ ਸਿੰਘ ਵਿਰਦੀ, ਲਾਭ ਸਿੰਘ, ਮੈਨੇਜਰ ਕੁਲਵੀਰ ਸਿੰਘ, ਹਰਜਿੰਦਰ ਸਿੰਘ ਪਾਤੜ, ਬੰਟੀ ਗਿੱਲ ਤੇ ਤਕਦੀਰ ਸਿੰਘ ਆਦਿ ਮੌਜੂਦ ਸਨ।

# ਸਰਬੱਤ ਦਾ ਭਲਾ ਟੀਮ ਨੇ ਹੜ੍ਹ ਪ੍ਰਭਾਵਤ ਪਿੰਡਾਂ 'ਚ ਹਰੇ ਚਾਰੇ ਦੀਆਂ 300 ਗੱਠਾਂ ਦਿੱਤੀਆਂ

## ■ ਡਾ. ਉਬਰਾਏ ਵੱਲੋਂ ਡਿੱਗੇ ਤੇ ਨੁਕਸਾਨੇ ਮਕਾਨਾਂ ਦੀ ਮੁੜ ਉਸਾਰੀ ਕਰਵਾਈ ਜਾਵੇਗੀ : ਲੂੰਬਾ



ਮੋਗਾ (ਅਮਰਜੀਤ ਬੱਬਰੀ)-ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੈਨੇਜਿੰਗ ਟਰੱਸਟੀ ਡਾ. ਐੱਸ ਪੀ ਸਿੰਘ ਉਬਰਾਏ ਵੱਲੋਂ ਹੜ੍ਹ ਪ੍ਰਭਾਵਿਤ ਪਿੰਡਾਂ ਦੇ ਲੋਕਾਂ ਲਈ ਆਪਣੇ ਕੀਤੇ ਗਏ ਐਲਾਨ ਮੁਤਾਬਿਕ ਜਿੱਥੇ ਪਿਛਲੇ ਡੇਢ ਮਹੀਨੇ ਤੋਂ ਉਨ੍ਹਾਂ ਲਈ ਰਾਸ਼ਨ, ਪਾਣੀ, ਦਵਾਈਆਂ, ਤਰਪਾਲਾਂ, ਮੱਛਰਦਾਨੀਆਂ, ਪਸ਼ੂਆਂ ਲਈ ਹਰੇ ਚਾਰੇ ਤੇ ਫੀਡ ਆਦਿ ਦਾ ਪ੍ਰਬੰਧ ਕੀਤਾ ਜਾ ਰਿਹਾ ਹੈ, ਉਥੇ ਹੁਣ ਹੜ੍ਹਾਂ ਦੇ ਕਾਰਨ ਡਿੱਗੇ ਜਾਂ ਨੁਕਸਾਨੇ ਗਏ ਮਕਾਨਾਂ ਦਾ ਸਰਵੇ ਕੀਤਾ ਜਾ ਰਿਹਾ ਹੈ ਤੇ ਜਿਨ੍ਹਾਂ ਮਕਾਨਾਂ ਦੀ ਮੁੜ ਉਸਾਰੀ ਜਾਂ ਰਿਪੇਅਰ ਦੀ ਲੋੜ ਹੈ, ਉਨ੍ਹਾਂ ਦੇ ਟੀਮਾਂ ਵੱਲੋਂ ਫਾਰਮ ਭਰੇ ਜਾ ਰਹੇ ਹਨ। ਹੜ੍ਹ ਪ੍ਰਭਾਵਿਤ ਸੱਤ ਪਿੰਡਾਂ ਦਾ ਦੌਰਾ ਕਰਨ ਉਪਰੰਤ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਸਰਬੱਤ ਦਾ ਭਲਾ ਮੋਗਾ ਦੇ ਪ੍ਰਧਾਨ ਮਹਿੰਦਰ ਪਾਲ ਲੂੰਬਾ ਨੇ ਦੱਸਿਆ ਕਿ ਟਰੱਸਟ ਵੱਲੋਂ ਮੱਕੀ ਦੇ ਆਚਾਰ ਦੀਆਂ 300 ਗੱਠਾਂ ਪਿੰਡ ਦੌਲੇਵਾਲਾ ਕਲਾਂ, ਮੰਦਰ ਕਲਾਂ, ਸੰਘੇੜਾ, ਕੰਬੋ ਖੁਰਦ ਤੇ ਕਲਾਂ, ਮਦਾਰਪੁਰ ਤੇ ਸ਼ੇਰੇਵਾਲਾ ਦੇ ਲੋੜਵੰਦ ਪਰਿਵਾਰਾਂ ਨੂੰ ਦਿੱਤੀਆਂ ਗਈਆਂ ਹਨ ਅਤੇ ਅੱਗੇ ਵੀ ਇਨ੍ਹਾਂ ਲੋੜਵੰਦ ਪਰਿਵਾਰਾਂ ਦੇ ਪਸ਼ੂਆਂ ਲਈ ਹਰੇ ਚਾਰੇ ਤੇ ਫੀਡ ਦੇ ਇੰਤਜ਼ਾਮ ਕੀਤੇ ਜਾਣਗੇ। ਇਸ ਮੌਕੇ ਉਨ੍ਹਾਂ ਪਿੰਡ ਸੰਘੇੜਾ 'ਚ ਡਿੱਗੇ ਤੇ ਨੁਕਸਾਨੇ ਗਏ ਮਕਾਨਾਂ ਦਾ ਸਰਵੇ ਕੀਤਾ ਤੇ ਜਿਨ੍ਹਾਂ ਮਕਾਨਾਂ ਦੀ ਮੁੜ ਉਸਾਰੀ ਜਾਂ ਰਿਪੇਅਰ ਦੀ ਲੋੜ ਹੈ, ਉਨ੍ਹਾਂ ਦੇ ਟਰੱਸਟ ਦੀ ਟੀਮ ਵੱਲੋਂ ਫਾਰਮ ਭਰੇ ਗਏ। ਇਸ ਮੌਕੇ ਐੱਨ ਜੀ ਓ ਮੈਂਬਰ ਹਰਭਜਨ ਸਿੰਘ ਬਹੋਨਾ, ਬਲਾਕ ਕੋਟ ਈਸੇ ਖਾਂ ਦੇ ਪ੍ਰਧਾਨ ਜਗਤਾਰ ਸਿੰਘ ਜਾਨੀਆਂ, ਜ਼ਿਲ੍ਹਾ ਜਥੇਬੰਦਕ ਸਕੱਤਰ ਰਾਮ ਸਿੰਘ ਜਾਨੀਆਂ, ਸੁਖਬੀਰ ਸਿੰਘ ਮੰਦਰ, ਹੜ੍ਹ ਪ੍ਰਭਾਵਿਤ ਪਿੰਡਾਂ ਦੇ ਸਰਪੰਚਾਂ ਤੇ ਆਮ ਲੋਕਾਂ ਨੇ ਵੀ ਡਾ. ਐੱਸ ਪੀ ਸਿੰਘ ਉਬਰਾਏ ਜੀ ਦਾ ਧੰਨਵਾਦ ਕੀਤਾ। ਇਸ ਮੌਕੇ ਉਕਤ ਤੋਂ ਇਲਾਵਾ ਕਿਸਾਨ ਆਗੂ ਦਵਿੰਦਰ ਸਿੰਘ ਭੈਣੀ, ਸਤਨਾਮ ਸਿੰਘ ਸ਼ੇਰੇਵਾਲਾ, ਸੁਖਬੀਰ ਸਿੰਘ ਮੰਦਰ, ਅਰਸ਼ਦੀਪ ਸਿੰਘ ਜੈਤੋ ਤੇ ਉਨ੍ਹਾਂ ਦੀ ਪੂਰੀ ਟੀਮ, ਦਲਜੀਤ ਸਿੰਘ ਮਦਾਰਪੁਰ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਪੰਚ, ਸਰਪੰਚ, ਲਾਭਪਾਤਰੀ ਤੇ ਇਲਾਕੇ ਦੇ ਲੋਕ ਹਾਜ਼ਰ ਸਨ।

## ਕਾਤਰਾਂ

### ਮਰਹੂਮ ਕਾਮਰੇਡ ਸੰਤੋਖ ਸਿੰਘ ਸਹੌਰ ਦੇ ਬੇਟੇ ਦਾ ਦਿਹਾਂਤ



ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਉੱਘੇ ਕਮਿਊਨਿਸਟ ਆਗੂ, ਦੇਸ਼ ਭਗਤ ਕਾਮਰੇਡ ਸੰਤੋਖ ਸਿੰਘ ਸਹੌਰ ਦੇ ਬੇਟੇ ਰਣਬੀਰ ਸਿੰਘ ਸਹੌਰ (ਸੇਵਾ ਮੁਕਤ ਮੁਲਾਜ਼ਮ ਮਾਰਕੀਟ ਕਮੇਟੀ ਮਹਿਲ ਕਲਾਂ) ਦਾ ਦਿਹਾਂਤ ਹੋ ਗਿਆ ਹੈ। ਉਨ੍ਹਾਂ ਦੇ ਅੰਤਿਮ ਸੰਸਕਾਰ ਸਮੇਂ ਵੱਖ ਵੱਖ ਜਥੇਬੰਦੀਆਂ ਦੇ ਆਗੂਆਂ, ਰਿਸ਼ਤੇਦਾਰਾਂ ਨੇ ਦੁਸ਼ਾਲੇ ਭੇਟ ਕਰਕੇ ਸ਼ਰਧਾਂਜਲੀ ਅਰਪਿਤ ਕੀਤੀ। ਚਿਖਾ ਨੂੰ ਅਗਨੀ ਉਨ੍ਹਾਂ ਦੇ ਬੇਟੇ ਅਵਤਾਰ ਸਿੰਘ ਗਿੱਲ ਨੇ ਵਿਖਾਈ। ਇਸ ਮੌਕੇ ਡਾ: ਹਰਮਿੰਦਰ ਸਿੰਘ ਸਿੱਧੂ ਜਲਾਲਦੀਵਾਲ, ਕਰਤਾਰ ਸਿੰਘ ਪਾਲ ਚੰਡੀਗੜ੍ਹ, ਅਵਤਾਰ ਸਿੰਘ ਸੁਧਾਰ, ਭਾਕਿਯੂ ਡਕੌਂਦਾ ਦੇ ਭਿੰਦਰ ਸਿੰਘ ਸਹੌਰ, ਭਾਕਿਯੂ ਸਿੱਧੂਪੁਰ ਦੇ ਰਘਵੀਰ ਸਿੰਘ, ਲੋਕ ਮੋਰਚਾ ਪੰਜਾਬ ਦੇ ਜਗਦੀਪ ਸਿੰਘ ਜਲਾਲਦੀਵਾਲ, ਭਾਕਿਯੂ ਕਾਦੀਆਂ ਦੇ ਅਮਰਜੀਤ ਸਿੰਘ, ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਦੇ ਡਾ: ਅਮਰਜੀਤ ਸਿੰਘ ਕੁੱਕੂ, ਜਮਹੂਰੀ ਕਿਸਾਨ ਸਭਾ ਦੇ ਗੁਰਦੇਵ ਸਿੰਘ ਮਹਿਲ ਖੁਰਦ, ਪ੍ਰੈੱਸ ਕਲੱਬ ਮਹਿਲ ਕਲਾਂ ਦੇ ਚੇਅਰਮੈਨ ਅਵਤਾਰ ਸਿੰਘ ਅਣਖੀ, ਪ੍ਰਧਾਨ ਬਲਵਿੰਦਰ ਸਿੰਘ ਵਜੀਦਕੇ, ਕਾਮਰੇਡ ਬਲਵੰਤ ਸਿੰਘ ਨਿਹਾਲੂਵਾਲ, ਸਾਬਕਾ ਸਰਪੰਚ ਸਮਸ਼ੇਰ ਸਿੰਘ ਸਹੌਰ, ਮਨਜੀਤ ਸਿੰਘ ਬੱਸੀਆਂ, ਭਾਈ ਦਰਸ਼ਨ ਸਿੰਘ ਸਹੌਰ, ਹਰਪਾਲ ਸਿੰਘ ਸਹੌਰ ਆਦਿ ਹਾਜ਼ਰ ਸਨ।

### ਆਇਸਾ ਦਾ ਸੂਬਾਈ ਢਾਂਚਾ ਭੰਗ

ਮਾਨਸਾ (ਪਮਾਰ)-ਵਿਦਿਆਰਥੀ ਜਥੇਬੰਦੀ ਆਲ ਇੰਡੀਆ ਸਟੂਡੈਂਟਸ ਐਸੋਸੀਏਸ਼ਨ (ਆਇਸਾ) ਦੇ ਸੂਬਾ ਪ੍ਰਧਾਨ ਪ੍ਰਦੀਪ ਗੁਰੂ ਤੇ ਸੂਬਾ ਕਮੇਟੀ ਮੈਂਬਰ ਅਤੇ ਜ਼ਿਲ੍ਹਾ ਪ੍ਰਧਾਨ ਗੁਰਵਿੰਦਰ ਨੰਦਗੜ੍ਹ, ਜ਼ਿਲ੍ਹਾ ਆਗੂ ਸੋਨੂੰ ਝੱਬਰ ਸਮੇਤ ਜ਼ਿਲ੍ਹਾ ਕਮੇਟੀ ਦੇ ਆਗੂਆਂ ਨੇ ਵਿਦਿਆਰਥੀ ਜਥੇਬੰਦੀ ਆਲ ਇੰਡੀਆ ਸਟੂਡੈਂਟਸ ਐਸੋਸੀਏਸ਼ਨ (ਆਇਸਾ) ਦੇ ਸਮੂਹ ਅਹੁਦਿਆਂ ਤੇ ਜਥੇਬੰਦੀ ਦੀ ਮੁੱਢਲੀ ਮੈਂਬਰਸ਼ਪ ਤੋਂ ਅਸਤੀਫਾ ਦੇ ਦਿੱਤਾ ਅਤੇ ਜਥੇਬੰਦੀ ਦੇ ਸੂਬਾਈ ਢਾਂਚੇ ਨੂੰ ਵੀ ਭੰਗ ਕਰਨ ਦਾ ਐਲਾਨ ਕੀਤਾ। ਪ੍ਰੈੱਸ ਨੂੰ ਇਹ ਜਾਣਕਾਰੀ ਦਿੰਦਿਆਂ ਵਿਦਿਆਰਥੀ ਆਗੂ ਪ੍ਰਦੀਪ ਗੁਰੂ ਨੇ ਦੱਸਿਆ ਕਿ ਆਉਣ ਵਾਲੇ ਦਿਨਾਂ ਵਿੱਚ ਵਿਦਿਆਰਥੀਆਂ ਦੀ ਲਹਿਰ ਉਸਾਰਨ ਲਈ ਨਵੀਂ ਵਿਦਿਆਰਥੀ ਜਥੇਬੰਦੀ ਦਾ ਐਲਾਨ ਕਰਾਂਗੇ।

### ਮੰਗਲ ਸਿੰਘ ਕਚੂਰਾ ਇਕਾਈ ਪ੍ਰਧਾਨ ਚੁਣੇ

ਜਲਾਲਾਬਾਦ (ਜੀਤ ਕੁਮਾਰ)-ਭਾਰਤੀ ਕਿਸਾਨ ਯੂਨੀਅਨ (ਏਕਤਾ) ਡਕੌਂਦਾ ਵੱਲੋਂ ਪਿੰਡ ਚੱਕ ਅਰਾਈਆਂਵਾਲਾ ਉਰਫ ਫਲੀਆਂਵਾਲਾ ਦੇ ਗੁਰਦੁਆਰਾ ਸਾਹਿਬ ਵਿਖੇ ਮੀਟਿੰਗ ਕੀਤੀ ਗਈ, ਜਿਸ ਵਿੱਚ ਜੋਗਾ ਸਿੰਘ ਭੋਡੀਪੁਰ ਜ਼ਿਲ੍ਹਾ ਪ੍ਰਧਾਨ, ਗੁਰਵਿੰਦਰ ਸਿੰਘ ਮੰਨੇਵਾਲਾ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ, ਰਾਮ ਸਿੰਘ ਮੱਕੜ ਬਲਾਕ ਸੀਨੀਅਰ ਮੀਤ ਪ੍ਰਧਾਨ, ਬਲਕਾਰ ਸਿੰਘ ਜ਼ਿਲ੍ਹਾ ਜਨਰਲ ਸਕੱਤਰ, ਬਲਵਿੰਦਰ ਸਿੰਘ ਢਾਬਾਂ ਜ਼ਿਲ੍ਹਾ ਸੱਕਤਰ, ਸੰਦੀਪ ਕੁਮਾਰ ਜੋਸਨ ਜ਼ਿਲ੍ਹਾ ਖਜ਼ਾਨਚੀ, ਸੁਖਦੇਵ ਸਿੰਘ, ਕਿਰਪਾਲ ਸਿੰਘ ਢਾਬਾਂ ਜ਼ਿਲ੍ਹਾ ਕਮੇਟੀ ਮੈਂਬਰ, ਬਿਸ਼ਨ ਸਿੰਘ ਚੌਹਾਨਾ ਜ਼ਿਲ੍ਹਾ ਸਕੱਤਰ ਵਿਸ਼ੇਸ਼ ਤੌਰ 'ਤੇ ਪੁੱਜੇ, ਜਦਕਿ ਪਿੰਡ ਵਾਸੀਆਂ ਨੇ ਭਰਵੀਂ ਸ਼ਿਰਕਤ ਕੀਤੀ। ਇਸ ਮੀਟਿੰਗ ਵਿੱਚ ਪਿੰਡ ਫਲੀਆਂਵਾਲਾ ਦੀ 31 ਮੈਂਬਰ ਇਕਾਈ ਦਾ ਗਠਨ ਕੀਤਾ ਗਿਆ, ਜਿਸ ਵਿੱਚ ਮੰਗਲ ਸਿੰਘ ਕਚੂਰਾ ਪ੍ਰਧਾਨ, ਗੁਰਮੇਜ ਸਿੰਘ ਸੀਨੀਅਰ ਮੀਤ ਪ੍ਰਧਾਨ, ਕ੍ਰਿਸ਼ਨ ਸਿੰਘ ਜਨਰਲ ਸਕੱਤਰ, ਦਰਸ਼ਨ ਸਿੰਘ ਮੀਤ ਪ੍ਰਧਾਨ, ਜਸਵੰਤ ਸਿੰਘ, ਸੁਰਜੀਤ ਸਿੰਘ ਪ੍ਰੈੱਸ ਸਕੱਤਰ, ਗੁਰਮੀਤ ਸਿੰਘ ਸਕੱਤਰ ਨੂੰ ਸਰਵਸੰਮਤੀ ਨਾਲ ਚੁਣਿਆ ਗਿਆ। ਇਸ ਮੌਕੇ ਨਵ-ਨਿਯੁਕਤ ਇਕਾਈ ਪ੍ਰਧਾਨ ਮੰਗਲ ਸਿੰਘ ਕਚੂਰਾ ਨੇ ਕਿਹਾ ਕਿ ਉਨ੍ਹਾਂ ਨੂੰ ਯੂਨੀਅਨ ਵੱਲੋਂ ਸੌਂਪੀ ਗਈ ਜ਼ੁੰਮੇਵਾਰੀ ਨੂੰ ਉਹ ਪੂਰੀ ਤਨਦੇਹੀ ਦੇ ਨਾਲ ਨਿਭਾਉਣਗੇ।

### ਅਣਪਛਾਤੀ ਲਾਸ਼ ਬਰਾਮਦ

ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਪਿਛਲੇ ਦਿਨੀਂ ਭਾਖੜਾ ਨਹਿਰ ਨੇੜੇ ਨੱਸੂਪੁਰ ਤੋਂ ਇੱਕ ਨੌਜਵਾਨ ਦੀ ਲਾਸ਼ ਬਰਾਮਦ ਹੋਈ ਹੈ। ਲਾਸ਼ ਨੂੰ ਪਹਿਚਾਣ ਲਈ (ਮੋਰਚਰੀ) ਸਿਵਲ ਹਸਪਤਾਲ ਸਮਾਣਾ 'ਚ ਰੱਖਿਆ ਗਿਆ ਹੈ। ਇਸ ਮੌਕੇ ਜਾਣਕਾਰੀ ਦਿੰਦਿਆਂ ਸਦਰ ਥਾਣਾ ਇੰਚਾਰਜ ਗੁਰਸੇਵਕ ਸਿੰਘ ਨੇ ਦੱਸਿਆ ਕਿ ਪਿਛਲੇ ਦਿਨੀਂ ਇੱਕ ਡੈੱਡਬੌਡੀ ਭਾਖੜਾ ਨਹਿਰ ਤੋਂ ਮਿਲੀ ਸੀ, ਜਿਸ ਦੀ ਉਮਰ 28/30 ਸਾਲ ਦੇ ਕਰੀਬ ਹੈ। ਰੰਗ ਸਾਵਲਾ ਸਿਰ ਤੋਂ ਮੋਨਾ ਤੇ ਖੱਬੇ ਮੋਢੇ ਬਿੱਛੂ ਦਾ ਟੈਟੂ ਬਣਿਆ ਹੋਇਆ ਹੈ ਅਤੇ ਸੱਜੇ ਮੋਢੇ 'ਤੇ ਅੰਗਰੇਜ਼ੀ ਭਾਸ਼ਾ 'ਚ ਰਾਮ ਲਿਖਿਆ ਹੋਇਆ ਹੈ ਅਤੇ ਸੱਜੇ ਹੱਥ ਤੇ ੧ਓ ਉਕਰਿਆ ਹੋਇਆ ਹੈ, ਜਿਸ ਦੇ ਕਾਲੇ ਰੰਗ ਦੀ ਨਿੱਕਰ ਪਾਈ ਹੋਈ ਹੈ ਅਤੇ ਕੱਦ ਪੰਜ ਫੁੱਟ ਛੇ ਇੰਚ ਹੈ।

### ਵਿਵੇਕਾਨੰਦ ਵਰਲਡ ਸਕੂਲ ਵੱਲੋਂ 'ਮੁਫ਼ਤ ਆਈਲੈਟਸ ਸਿਖਲਾਈ' ਕਲਾਸਾਂ ਸ਼ੁਰੂ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਵਿਵੇਕਾਨੰਦ ਵਰਲਡ ਸਕੂਲ ਆਪਣੇ ਵਿਦਿਆਰਥੀਆਂ ਲਈ 'ਮੁਫ਼ਤ ਆਈਲੈਟਸ ਸਿਖਲਾਈ' ਕਲਾਸਾਂ ਦੀ ਸ਼ੁਰੂਆਤ ਕੀਤੀ ਹੈ।ਇਸ ਪ੍ਰੋਗਰਾਮ ਦੇ ਤਹਿਤ, ਜੋ ਵਿਦਿਆਰਥੀ ਆਈਲੈਟਸ ਪ੍ਰੀਖਿਆ ਦੀ ਤਿਆਰੀ ਕਰਨਾ ਚਾਹੁੰਦੇ ਹਨ, ਉਨ੍ਹਾਂ ਨੂੰ ਸਕੂਲ ਦੇ ਅੰਦਰ ਮੁਫਤ ਸਿਖਲਾਈ ਦਿੱਤੀ ਜਾਵੇਗੀ।ਵਿਵੇਕਾਨੰਦ ਵਰਲਡ ਸਕੂਲ ਦੇ ਡਾਇਰੈਕਟਰ ਡਾ. ਐੱਸ ਐੱਨ ਰੁਦਰਾ ਨੇ ਕਿਹਾ ਕਿ ਇਨ੍ਹਾਂ ਕਲਾਸਾਂ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਆਤਮ ਵਿਸ਼ਵਾਸ ਪੈਦਾ ਕਰਕੇ ਤੇ ਲੋੜੀਂਦੇ ਹੁਨਰਾਂ ਨੂੰ ਵਿਕਸਿਤ ਕਰਕੇ ਆਈਲਟਸ ਪ੍ਰੀਖਿਆ ਵਿੱਚ ਉੱਚ ਅੰਕ ਪ੍ਰਾਪਤ ਕਰਨ ਵਿੱਚ ਸਹਾਇਤਾ ਕਰਨਾ ਹੈ।ਸਿਖਲਾਈ ਦਾ ਉਦੇਸ਼ ਵੱਖ-ਵੱਖ ਵਿਸ਼ਿਆਂ ਵਿੱਚ ਵਿਦਿਆਰਥੀਆਂ ਦੇ ਗਿਆਨ ਨੂੰ ਮਜ਼ਬੂਤ ਕਰਨਾ ਹੈ, ਇਹ ਯਕੀਨੀ ਬਣਾਉਣਾ ਕਿ ਉਹ ਵਿਦੇਸ਼ੀ ਸਿੱਖਿਆ ਲਈ ਚੰਗੀ ਤਰ੍ਹਾਂ ਖ਼ੁੱਦ ਨੂੰ ਤਿਆਰ ਮਹਿਸੂਸ ਕਰਦੇ ਹਨ।ਡਾ. ਰੁਦਰਾ ਨੇ ਸਾਰੇ ਯੋਗ ਵਿਦਿਆਰਥੀਆਂ ਨੂੰ ਇਸ ਬੇਮਿਸਾਲ ਮੌਕੇ ਦਾ ਲਾਭ ਉਠਾਉਣ ਲਈ ਪ੍ਰੇਰਿਤ ਕੀਤਾ, ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇਹ ਪਹਿਲਕਦਮੀ ਉਨ੍ਹਾਂ ਦੀ ਭਵਿੱਖ ਦੀ ਸਫਲਤਾ ਤੇ ਵਿਦੇਸ਼ੀ ਸਿੱਖਿਆ ਦੇ ਖੇਤਰ ਵਿੱਚ ਨਵੇਂ ਦਰਵਾਜ਼ੇ ਖੋਲ੍ਹਣ ਵਿੱਚ ਵੱਡਾ ਯੋਗਦਾਨ ਪਾਵੇਗੀ, ਜਿਸ ਨਾਲ ਉਹ ਆਪਣੇ ਸੁਪਨਿਆਂ ਨੂੰ ਪੂਰਾ ਕਰ ਸਕਣਗੇ।ਵਿਵੇਕਾਨੰਦ ਵਰਲਡ ਸਕੂਲ ਵਿੱਚ 'ਮੁਫ਼ਤ ਆਈਲੈਟਸ ਸਿਖਲਾਈ' ਕਲਾਸਾਂ ਵਿਸ਼ੇਸ਼ ਤੌਰ 'ਤੇ ਵਿਦਿਆਰਥੀਆਂ ਨੂੰ ਆਈਲਟਸ ਪ੍ਰੀਖਿਆ ਦੀ ਤਿਆਰੀ ਵਿੱਚ ਸਹਾਇਤਾ ਕਰਨ ਲਈ ਤਿਆਰ ਕੀਤੀਆਂ ਗਈਆਂ ਹਨ।ਇਸ ਪ੍ਰੋਗਰਾਮ ਰਾਹੀਂ, ਵਿਦਿਆਰਥੀਆਂ ਨੂੰ ਵਿਆਪਕ ਸਿਖਲਾਈ ਤੇ ਮਾਰਗਦਰਸ਼ਨ ਪ੍ਰਾਪਤ ਹੋਵੇਗਾ, ਜਿਸ ਨਾਲ ਉਹ ਵਿਦੇਸ਼ ਵਿੱਚ ਅਧਿਐਨ ਦੇ ਆਪਣੇ ਚੁਣੇ ਹੋਏ ਖੇਤਰ ਵਿੱਚ ਉੱਤਮਤਾ ਹਾਸਲ ਕਰਨ ਦੇ ਯੋਗ ਹੋਣਗੇ।

# ਮੋਦੀ ਹਕੂਮਤ ਵੱਲੋਂ ਦੇਸ਼ ਅੰਦਰ ਫਾਸ਼ੀਵਾਦੀ ਹਮਲਿਆਂ ਦੀ ਸਖਤ ਨਿੰਦਾ



ਮੀਟਿੰਗ ਵਿੱਚ ਸ਼ਾਮਲ ਵੱਖ-ਵੱਖ ਜਥੇਬੰਦੀਆਂ ਦੇ ਆਗੂ।

ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਇਨਕਲਾਬੀ ਕੇਂਦਰ ਪੰਜਾਬ ਦੇ ਇਲਾਕਾ ਕਨਵੀਨਰ ਜਗਜੀਤ ਸਿੰਘ ਲਹਿਰਾ ਮੁਹੱਬਤ ਦੀ ਅਗਵਾਈ ਹੇਠ ਪਿੰਡ ਰਾਮਪੁਰਾ ਦੇ ਗੁਰਦੁਆਰਾ ਸਾਹਿਬ ਵਿਖੇ ਵੱਖ-ਵੱਖ ਜਥੇਬੰਦੀਆਂ ਦੀ ਹੋਈ ਮੀਟਿੰਗ ਦੌਰਾਨ ਭਾਜਪਾ ਦੀ ਕੇਂਦਰ ਸਰਕਾਰ ਵੱਲੋਂ ਦੇਸ਼ ਅੰਦਰ ਫਾਸ਼ੀਵਾਦ ਦੀਆਂ ਕਾਰਵਾਈਆਂ ਨੂੰ ਬੜ੍ਹਾਵਾ ਦੇਣ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ। ਮੀਟਿੰਗ ਵਿੱਚ ਭਾਕਿਯੂ ਏਕਤਾ ਡਕੌਂਦਾ ਦੇ ਸੂਬਾ ਆਗੂ ਗੁਰਦੀਪ ਸਿੰਘ ਰਾਮਪੁਰਾ, ਜ਼ਿਲ੍ਹਾ ਪ੍ਰਧਾਨ ਬਲਵਿੰਦਰ ਸਿੰਘ ਜੇਠੂਕੇ, ਜ਼ਿਲ੍ਹਾ ਜਨਰਲ ਸਕੱਤਰ ਹਰਵਿੰਦਰ ਸਿੰਘ ਕੋਟਲੀ, ਇਨਕਲਾਬੀ ਕੇਂਦਰ ਪੰਜਾਬ ਦੇ ਸੂਬਾ ਆਗੂ ਮੁਖਤਿਆਰ ਸਿੰਘ ਪੂਹਲਾ, ਡੀਟੀਐੱਫ ਦੇ ਜ਼ਿਲ੍ਹਾ ਪ੍ਰਧਾਨ ਮਾ. ਬੇਅੰਤ ਸਿੰਘ ਫੂਲੇਵਾਲਾ, ਪ੍ਰਿਤਪਾਲ ਸਿੰਘ ਮੰਡੀਕਲਾਂ, ਮੈਡੀਕਲ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਫੂਲ ਤੇ ਬਿਜਲੀ ਮੁਲਾਜ਼ਮ ਆਗੂਆਂ ਤੋਂ ਇਲਾਵਾ ਨਾਹਰ ਸਿੰਘ ਭਾਈਰੂਪਾ, ਮੰਦਰ ਸਿੰਘ ਜੱਸੀ, ਚੰਦ ਸਿੰਘ ਭੁੱਚੋ ਖੁਰਦ ਤੇ ਹਰੀ ਸਿੰਘ ਬੁੱਗਰ ਆਦਿ ਆਗੂ ਸ਼ਾਮਲ ਸਨ। ਇਲਾਕਾ ਕਨਵੀਨਰ ਜਗਜੀਤ ਸਿੰਘ ਲਹਿਰਾ ਮੁਹੱਬਤ ਨੇ ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਕਿਹਾ ਕਿ ਭਾਜਪਾ ਹਕੂਮਤ ਨੇ ਆਪਣੇ ਫਾਸ਼ੀਵਾਦੀ ਏਜੰਡੇ ਨੂੰ ਲਾਗੂ ਕਰਨ ਲਈ ਘੁੱਗ ਵਸਦੇ ਮਨੀਪੁਰ ਨੂੰ ਅੱਗ ਦੀ ਭੱਠੀ ਵਿੱਚ ਝੋਕ ਦਿੱਤਾ ਹੈ, ਮਨੀਪੁਰ ਅੰਦਰ ਤਿੰਨ-ਚਾਰ ਫਿਰਕਿਆਂ ਦੇ ਲੋਕ ਵਸਦੇ ਹਨ, ਜਿਸ ਵਿੱਚ ਕੁੱਕੀ, ਮੈਤੇਈ, ਨਾਗਾ ਜਾਤੀਆਂ ਦੇ ਲੋਕ ਹਨ। ਸੰਨ 2024 ਦੀਆਂ ਵੋਟਾਂ ਹਾਸਲ ਕਰਨ ਲਈ ਭਾਜਪਾ ਨੇ ਫਿਰਕਾਪ੍ਰਸਤੀ ਦੀ ਗੰਦੀ ਖੇਡ ਖੇਡਦਿਆਂ ਉਪਰੋਕਤ ਭਾਈਚਾਰਿਆਂ ਦੀ ਸਾਂਝ ਨੂੰ ਤਾਰ-ਤਾਰ ਕਰ ਦਿੱਤਾ। ਆਗੂਆਂ ਨੇ ਮੰਗ ਕੀਤੀ ਕਿ ਮਨੀਪੁਰ ਦੇ ਮੁੱਖ ਮੰਤਰੀ ਨੂੰ ਤੁਰੰਤ ਅਸਤੀਫ਼ਾ ਦੇ ਕੇ ਦੇਸ਼ ਦੀਆਂ ਸਨਮਾਨਯੋਗ ਔਰਤਾਂ ਤੇ ਪੂਰੇ ਦੇਸ਼ ਤੋਂ ਮੁਆਫੀ ਮੰਗਣੀ ਚਾਹੀਦੀ ਹੈ। ਦੇਸ਼ ਦੇ ਡਰਾਮੇਬਾਜ਼ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਵੀ ਚੁੱਪੀ ਤੋੜ ਕੇ 'ਮਨ ਕੀ ਬਾਤ' ਪ੍ਰੋਗਰਾਮ ਵਿੱਚ ਦੇਸ਼ ਤੋਂ ਮਾਫ਼ੀ ਮੰਗਣੀ ਚਾਹੀਦੀ ਹੈ। ਆਗੂਆਂ ਨੇ 12 ਅਗਸਤ ਨੂੰ ਦਾਣਾ ਮੰਡੀ ਮਹਿਲ ਕਲਾਂ ਦੀ ਵਿਖੇ ਮਨਾਈ ਜਾ ਰਹੀ ਸ਼ਹੀਦ ਬੀਬੀ ਕਿਰਨਜੀਤ ਕੌਰ ਮਹਿਲ ਕਲਾਂ ਦੀ ਬਰਸੀ ਮੌਕੇ ਭਰਵੀਂ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ ਗਿਆ।

# ਸ਼ਹੀਦ ਸੈਨਿਕ ਕਲੱਬ ਨੇ ਪਾਰਕ ਤੇ ਛੱਪੜ ਦੇ ਆਲੇ-ਦੁਆਲੇ ਲਾਏ ਪੌਦੇ

ਦੋਰਾਹਾ (ਹਰਮਿੰਦਰ ਸੇਠ)-ਰੁੱਖਾਂ ਤੇ ਮਨੁੱਖਾਂ ਦਾ ਜਨਮ ਤੋਂ ਮਰਨ ਤੱਕ ਦਾ ਸਾਥ ਰਿਹਾ ਹੈ, ਜਿਸ ਕਰਕੇ ਮਨੁੱਖੀ ਜੀਵਨ ਦਾ ਅਨਿੱਖੜਵਾਂ ਅੰਗ ਹੋਣ ਕਰਕੇ ਰੁੱਖਾਂ ਪ੍ਰਤੀ ਹਰ ਮਨੁੱਖ ਜ਼ਿੰਦਗੀ ਵਿੱਚ ਪੰਜ ਬੂਟੇ ਜ਼ਰੂਰ ਲਾਵੇ। ਉਕਤ ਸ਼ਬਦ ਸਾਬਕਾ ਸਰਪੰਚ ਤੇ ਕਲੱਬ ਦੇ ਸਰਪ੍ਰਸਤ ਸੁਖਦੇਵ ਸਿੰਘ ਗੋਲੀ ਨੇ ਵਾਤਾਵਰਣ ਦੀ ਸ਼ੁਧਤਾ ਲਈ ਬੂਟੇ ਲਾਉਣ ਸਮੇਂ ਸਾਂਝੇ ਕੀਤੇ। ਕਲੱਬ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਸ਼ਹੀਦ ਸੈਨਿਕ ਕਲੱਬ ਬੇਗੋਵਾਲ ਵੱਲੋਂ ਸ਼ਹੀਦ ਸੈਨਿਕ ਪਾਰਕ ਤੇ ਛੱਪੜ ਦੇ ਆਲੇ ਦੁਆਲੇ 100 ਪੌਦੇ ਲਾ ਕੇ ਵਣ ਮਹਾਂਉਤਸਵ ਮਨਾਇਆ ਗਿਆ। ਇਹ ਸਮਾਗਮ ਵਣ ਵਿਭਾਗ ਦੇ ਰੇਂਜ ਅਫਸਰ ਜਸਵੀਰ ਸਿੰਘ ਰਾਏ ਦੇ ਵੱਡਮੁੱਲੇ ਸਹਿਯੋਗ ਨਾਲ, ਵਣ ਮਹਾਂਉਤਸਵ ਮਨਾਉਣ ਦਾ ਕੀਤਾ ਉਪਰਾਲਾ ਸਾਰਥਿਕ ਸਾਬਿਤ ਹੋਇਆ, ਜਿਨ੍ਹਾਂ ਵੱਲੋਂ ਹਰ ਸਾਲ ਕਲੱਬ ਨੂੰ ਬੂਟੇ ਦੇ ਕੇ ਸਹਿਯੋਗ ਕੀਤਾ ਜਾਂਦਾ ਹੈ। ਬਲਾਕ ਦੋਰਾਹਾ ਦੇ ਬੀ ਡੀ ਪੀ ਓ ਗੁਰਪ੍ਰੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਨਰੇਗਾ ਕਰਮੀਆਂ ਨੇ ਜਿੱਥੇ ਪਾਰਕ ਸਾਫ ਕੀਤਾ, ਉਥੇ ਹੀ ਬੂਟੇ ਲਾਉਣ ਦੀ ਪ੍ਰਕਿਰਿਆ ਵਿੱਚ ਸਹਿਯੋਗ ਕੀਤਾ। ਕਲੱਬ ਦੇ ਜਨਰਲ ਸਕੱਤਰ ਲਾਲ ਸਿੰਘ ਮਾਂਗਟ ਨੇ ਕਿਹਾ ਕਿ ਵਾਤਾਵਰਣ ਦੀ ਸ਼ੁਧਤਾ, ਪਿੰਡ ਨੂੰ ਗਰੀਨ ਤੇ ਕਲੀਨ ਕਰਨ ਲਈ ਵਿਸ਼ੇਸ਼ ਉਪਰਾਲੇ ਜਾਰੀ ਰਹਿਣਗੇ।

ਆਖੀਰ 'ਚ ਐੱਸ ਡੀ ਐੱਮ ਪਾਇਲ ਜਸਲੀਨ ਕੌਰ ਭੁੱਲਰ ਤੇ ਬਲਾਕ ਵਿਕਾਸ ਅਫਸਰ ਅਤੇ ਵਣ ਅਧਿਕਾਰੀਆਂ ਦਾ ਵਿਸ਼ਸ਼ ਧੰਨਵਾਦ ਕੀਤਾ ਗਿਆ। ਇਸ ਮੌਕੇ ਕਲੱਬ ਦੇ ਸਰਪ੍ਰਸਤ ਸੁਖਦੇਵ ਸਿੰਘ ਗੋਲੀ, ਪ੍ਰਧਾਨ ਗੁਰਪ੍ਰੀਤ ਸਿੰਘ, ਜਨਰਲ ਸਕੱਤਰ ਲਾਲ ਸਿੰਘ ਮਾਂਗਟ, ਸਹਾਇਕ ਸੈਕਟਰੀ ਮਨਧੀਰ ਸਿੰਘ, ਸਲਾਹਕਾਰ ਪ੍ਰੀਤਮ ਸਿੰਘ ਮਾਂਗਟ, ਜਥੇਦਰ ਸਾਧੂ ਸਿੰਘ, ਪਰਮਜੀਤ ਸਿੰਘ ਪੰਮੀ, ਅਮਨ ਸਿੰਘ, ਸਾਬਕਾ ਪੰਚ ਗੁਰਬਖ਼ਸ਼ ਸਿੰਘ, ਰਾਜਵੀਰ ਸਿੰਘ ਰਾਜੂ, ਕੇਸਰ ਸਿੰਘ ਬਿੱਲੂ, ਗਗਨਦੀਪ ਸਿੰਘ ਗਗਨਾ, ਗੁਰਮੇਲ ਸਿੰਘ ਕਾਲਾ, ਹਰਦੇਵ ਸਿੰਘ, ਪ੍ਰਧਾਨ ਮੋਹਣ ਸਿੰਘ, ਨੀਲੂ ਆਦਿ ਹਾਜ਼ਰ ਸਨ।

# ਸੀਕਰ ਸ਼ਹਿਰ 'ਚ ਲੱਗਾ ਤਿੰਨ ਰੋਜ਼ਾ ਵਿੱਦਿਅਕ ਕੈਂਪ




ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਸਕੂਲ ਟੀਚਰ ਫੈਡਰੇਸ਼ਨ ਆਫ਼ ਇੰਡੀਆ ਵੱਲੋਂ ਉੱਤਰੀ ਭਾਰਤ ਦੇ ਆਗੂਆਂ ਦਾ ਤਿੰਨ ਰੋਜ਼ਾ ਵਿੱਦਿਅਕ ਕੈਂਪ ਰਾਜਸਥਾਨ ਦੇ ਸੀਕਰ ਸ਼ਹਿਰ ਦੇ ਸਿੱਖਿਆ ਭਵਨ ਵਿੱਚ ਅਯੋਜਤ ਕੀਤਾ ਗਿਆ, ਜਿਸ ਵਿੱਚ ਟ੍ਰੇਡ ਦੀ ਕੰਮ ਕਰਨ ਦੀ ਸ਼ੈਲੀ ਬਾਰੇ ਚਰਚਾ ਕੀਤੀ। ਨਵੀਂ ਸਿੱਖਿਆ ਨੀਤੀ ਦੇ ਪ੍ਰਭਾਵਾਂ ਬਾਰੇ ਵਿਸਥਾਰ ਸਾਹਿਤ ਚਰਚਾ ਕੀਤੀ ਗਈ। ਦੇਸ ਦੇ ਵਿੱਦਿਅਕ ਢਾਂਚੇ 'ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਚਰਚਾ ਕੀਤੀ ਗਈ। ਇਸ ਵਿੱਚ ਉੱਘੇ ਵਿਦਵਾਨ ਕਾਮਰੇਡ ਬਾਦਲ ਸਰੋਜ ਸਯੁੰਕਤ ਸਕੱਤਰ ਆਲ ਇੰਡੀਆ ਕਿਸਾਨ ਸਭਾ, ਸਤਪਾਲ ਸਿਵਾਇ, ਪ੍ਰੋ. ਰਾਜੀਵ ਕੁੰਵਰ ਦਿੱਲੀ ਯੂਨੀਵਰਸਿਟੀ, ਕੰਮਕਾਜੀ ਔਰਤਾਂ ਬਾਰੇ ਡਾ ਸੀਮਾ ਜੈਨ ਨੇ ਵਿਸਥਾਰ ਸਹਿਤ ਆਪਣੇ ਵਿਚਾਰ ਰੱਖੇ। ਪੰਜਾਬ ਵਿੱਚੋਂ ਗੌਰਮਿੰਟ ਟੀਚਰ ਯੂਨੀਅਨ ਵਿਗਿਆਨਕ ਪੰਜਾਬ ਦਾ 14 ਮੈਂਬਰੀ ਵਫ਼ਦ ਸੂਬਾ ਪ੍ਰਧਾਨ ਨਵਪ੍ਰੀਤ ਸਿੰਘ ਬੱਲੀ ਦੀ ਪ੍ਰਧਾਨਗੀ ਹੇਠ ਸ਼ਾਮਲ ਹੋਏ। ਨਾਮਵਰ ਲੇਖਕ ਤੇ ਯੂਨੀਅਨ ਦੇ ਸੂਬਾ ਆਗੂ ਪਰਗਟ ਸਿੰਘ ਜੰਬਰ ਨੇ ਹਿੰਦੀ ਦੀ ਲਘੂ ਕਥਾ ਦੀ ਕਿਤਾਬ 'ਇਨਕਲਾਬ ਗੁੰਮ ਹੈ' ਪ੍ਰੋ ਰਾਜੀਵ ਕੁੰਵਰ ਦਿੱਲੀ ਯੂਨੀਵਰਸਿਟੀ ਨੂੰ ਭੇਟ ਕੀਤੀ।

ਇਸ ਮੌਕੇ ਸੁਰਿੰਦਰ ਕੰਬੋਜ, ਅਸ਼ਵਨੀ ਕੁਮਾਰ, ਗੁਰਪ੍ਰੀਤ ਸਿੰਘ ਸੰਧੂ, ਜਗਤਾਰ ਸਿੰਘ, ਗੁਰਮੀਤ ਸਿੰਘ ਖਾਲਸਾ, ਨਰੈਣ ਦੱਤ ਤਿਵਾੜੀ, ਸੋਮ ਸਿੰਘ, ਰੇਸ਼ਮ ਸਿੰਘ, ਬਿਕਰਮਜੀਤ ਸਿੰਘ ਸ਼ਾਹ, ਰਾਜਿੰਦਰ ਕੌਰ ਤੇ ਸੁਖਜਿੰਦਰ ਕੌਰ ਆਦਿ ਹਾਜ਼ਰ ਸਨ।

# ਬਲਾਕ ਸਿੱਖਿਆ ਅਫਸਰ ਮਮਦੋਟ ਨੇ ਕੱਚੇ ਅਧਿਆਪਕਾਂ ਨੂੰ ਵੰਡੇ ਪੱਕੇ ਨਿਯੁਕਤੀ ਪੱਤਰ



ਮਮਦੋਟ (ਜਸਬੀਰ ਸਿੰਘ ਕੰਬੋਜ)-ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕਾਂ ਨਾਲ ਚੋਣਾਂ ਸਮੇਂ ਕੀਤੇ ਗਰੰਟੀ ਰੂਪੀ ਵਾਅਦਿਆਂ ਨੂੰ ਅਮਲੀ ਜਾਮਾ ਪਹਿਨਾਉਂਦਿਆਂ ਪ੍ਰਾਇਮਰੀ ਸਕੂਲਾਂ ਵਿੱਚ ਨਿਗੁਣੀਆਂ ਤਨਖਾਹਾਂ 'ਤੇ ਬਾਖੂਬੀ ਸੇਵਾਵਾਂ ਨਿਭਾਅ ਰਹੇ ਅਧਿਆਪਕਾਂ ਨੂੰ ਪੱਕਿਆਂ ਕਰਕੇ ਜਿੱਥੇ ਚੋਣਾਂ ਸਮੇਂ ਕੀਤਾ ਵਾਅਦਾ ਪੂਰਾ ਕੀਤਾ ਹੈ, ਉਥੇ ਆਮ ਲੋਕਾਂ ਦੀ ਸਰਕਾਰ ਹੋਣ ਦਾ ਸਬੂਤ ਵੀ ਦਿੱਤਾ ਹੈ। ਐਮੀਨੈਂਸ ਸਕੂਲ ਵਜੋਂ ਜਾਣੇ ਜਾਂਦੇ ਸਰਕਾਰੀ ਸਮਾਰਟ ਸੀਨੀਅਰ ਸੈਕੰਡਰੀ ਸਕੂਲ (ਕੰਨਿਆ) ਮਮਦੋਟ ਵਿਖੇ ਪ੍ਰਿੰਸੀਪਲ ਰੁਬੀਨਾ ਚੋਪੜਾ ਦੀ ਹਾਜ਼ਰੀ ਵਿੱਚ ਪੱਕੇ ਕੀਤੇ ਗਏ ਅਧਿਆਪਕਾਂ ਨੂੰ ਨਿਯੁਕਤੀ ਪੱਤਰ ਸੌਂਪਦੇ ਹੋਏ ਜਸਵਿੰਦਰ ਸਿੰਘ ਬਲਾਕ ਸਿੱਖਿਆ ਅਫਸਰ ਮਮਦੋਟ ਨੇ ਸ੍ਰ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਤੇ ਹਰਜੋਤ ਸਿੰਘ ਬੈਂਸ ਸਿੱਖਿਆ ਮੰਤਰੀ ਪੰਜਾਬ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਸਿੱਖਿਆ ਵਿਭਾਗ ਪੰਜਾਬ ਅਧੀਨ ਪਿਛਲੇ ਲਗਭਗ 20 ਸਾਲਾਂ ਤੋਂ ਨਿਗਣੀਆਂ ਤਨਖਾਹਾਂ 'ਤੇ ਸੇਵਾਵਾਂ ਦੇ ਰਹੇ ਲਗਪਗ 12500 ਕੱਚੇ ਅਧਿਆਪਕਾਂ ਨੂੰ ਪੰਜਾਬ ਸਰਕਾਰ ਵੱਲੋਂ, ਜੋ ਪੱਕਿਆਂ ਕੀਤਾ ਗਿਆ ਹੈ, ਇਸ ਦੀ ਜਿੰਨੀ ਵੀ ਸਰਾਹਨਾ ਕੀਤੀ ਜਾਵੇ ਘੱਟ ਹੈ। ਉਨ੍ਹਾ ਕਿਹਾ ਕਿ ਸਰਕਾਰ ਦੇ ਇਸ ਫੈਸਲੇ ਨਾਲ ਅਧਿਆਪਕ ਹੋਰ ਤਨਦੇਹੀ ਨਾਲ ਆਪਣੀਆਂ ਸੇਵਾਵਾਂ ਦੇ ਸਕਣਗੇ। ਉਨ੍ਹਾ ਦੱਸਿਆ ਕਿ ਮਮਦੋਟ ਬਲਾਕ ਦੇ ਵੱਖ ਵੱਖ ਸਕੂਲਾਂ 'ਚ ਸੇਵਾਵਾਂ ਦੇ ਰਹੇ ਕੱਚੇ ਅਧਿਆਪਕਾਂ ਨੂੰ ਪੱਕੀ ਨਿਯੁਕਤੀ ਦੇ ਆਰਡਰ ਸੌਂਪੇ ਗਏ ਹਨ। ਇਸ ਮੌਕੇ ਜਸਬੀਰ ਸਿੰਘ ਚੇਅਰਮੈਨ ਸਕੂਲ ਮੈਨੇਜਮੈਂਟ ਕਮੇਟੀ, ਜਸਬੀਰ ਸਿੰਘ ਸਮਾਜ ਸੇਵੀ ਸਮੇਤ ਸਕੂਲ ਦਾ ਸਟਾਫ ਵੀ ਹਾਜ਼ਰ ਸੀ।

# ਫ਼ਿਰੋਜ਼ਪੁਰ ਦੇ ਕਾਲਜਾਂ 'ਚ ਪੰਜਾਬੀ ਵਿਸ਼ੇ ਦੀਆਂ ਪੋਸਟ ਗ੍ਰੈਜੂਏਟ ਜਮਾਤਾਂ ਬੰਦ ਹੋਣਾ ਚਿੰਤਾਜਨਕ : ਡਾ. ਜਗਦੀਪ ਸੰਧੂ

ਫਿਰੋਜ਼ਪੁਰ (ਅਸ਼ੋਕ ਸ਼ਰਮਾ)

ਪੰਜਾਬ ਗੁਰੂਆਂ-ਪੀਰਾਂ ਦੀ ਵਰੋਸਾਈ ਧਰਤ ਹੈ, ਜਿਸ ਦਾ ਵਜੂਦ ਪੰਜਾਬੀਅਤ ਤੋਂ ਬਿਨਾਂ ਅਧੂਰਾ ਹੈ।ਇਸੇ ਧਰਤ 'ਤੇ ਦੁਨੀਆ ਦੀ ਦੂਜੀ ਅਜਿਹੀ ਯੂਨੀਵਰਸਿਟੀ (ਪੰਜਾਬੀ ਯੂਨੀਵਰਸਿਟੀ, ਪਟਿਆਲਾ) ਵੀ ਹੈ, ਜਿਸ ਦਾ ਨਾਮ ਹੀ ਮਾਤ ਭਾਸ਼ਾ ਦੇ ਨਾਮ 'ਤੇ ਹੈ ਅਤੇ ਇਸ ਦੀ ਸਥਾਪਨਾ ਦਾ ਉਦੇਸ਼ ਵੀ ਪੰਜਾਬੀ ਭਾਸ਼ਾ ਦਾ ਪ੍ਰਚਾਰ, ਪਾਸਾਰ ਤੇ ਇਸ ਭਾਸ਼ਾ ਵਿੱਚ ਖੋਜ ਕਾਰਜ ਕਰਵਾਉਣਾ ਹੈ।ਅਨੇਕਾਂ ਵਿਦਿਆਰਥੀ ਹਨ, ਜੋ ਮਾਤ ਭਾਸ਼ਾ ਵਿੱਚ ਉਚੇਰੀ ਵਿੱਦਿਆ ਹਾਸਲ ਕਰਕੇ ਜਿੱਥੇ ਸਾਹਿਤ ਦੇ ਖੇਤਰ ਵਿੱਚ ਵੱਡਮੁੱਲਾ ਯੋਗਦਾਨ ਪਾ ਰਹੇ ਹਨ, ਓਥੇ ਬਹੁਤ ਸਾਰੇ ਸਨਮਾਣਯੋਗ ਅਹੁਦਿਆਂ 'ਤੇ ਪਹੁੰਚ ਕੇ ਪੰਜਾਬੀਅਤ ਲਈ ਕੰਮ ਕਰ ਰਹ ਹਨ।ਮਾਤ ਭਾਸ਼ਾ ਮਨੁੱਖ ਦੀ ਸ਼ਖਸੀਅਤ ਦੇ ਉਸਾਰ, ਆਤਮ ਵਿਸ਼ਵਾਸ ਤੇ ਸਵੈ-ਪ੍ਰਗਟਾਵੇ ਦਾ ਸਭ ਤੋਂ ਸ਼ਕਤੀਸ਼ਾਲੀ ਮਾਧਿਅਮ ਹੁੰਦੀ ਹੈ।ਰਸੂਲ ਹਮਜ਼ਾਤੋਵ ਨੇ ਵੀ ਆਪਣੀ ਪੁਸਤਕ 'ਮੇਰਾ ਦਾਗਿਸਤਾਨ' ਵਿੱਚ ਮਾਤ ਭਾਸ਼ਾ ਦੀ ਅਹਿਮੀਅਤ ਨੂੰ ਵਡਿਆਇਆ ਹੈ।ਜਿੱਥੇ ਵਿਸ਼ਵ ਪੱਧਰ 'ਤੇ ਹੁਣ ਇਹ ਗੱਲ ਚਰਚਾ ਵਿੱਚ ਹੈ ਕਿ ਮਾਤ-ਭਾਸ਼ਾ ਤੋਂ ਬਿਨਾਂ ਮਨੁੱਖੀ ਵਜੂਦ ਖ਼ਤਰੇ ਵਿੱਚ ਹੈ, ਓਥੇ ਪੰਜਾਬੀ ਵਿਸ਼ੇ ਦੀਆਂ ਪੋਸਟ ਗ੍ਰੈਜੂਏਟ ਕੋਰਸ ਦੀਆਂ ਜਮਾਤਾਂ ਬੰਦ ਹੋ ਜਾਣਾ ਗੰਭੀਰ ਚਿੰਤਾ ਦਾ ਵਿਸ਼ਾ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਜ਼ਿਲ੍ਹਾ ਭਾਸ਼ਾ ਅਫ਼ਸਰ ਫ਼ਿਰੋਜ਼ਪੁਰ ਡਾ. ਜਗਦੀਪ ਸੰਧੂ ਕਿਹਾ ਕਿ ਉਨ੍ਹਾ ਦੇ ਧਿਆਨ ਵਿੱਚ ਆਇਆ ਹੈ ਕਿ ਫ਼ਿਰੋਜ਼ਪੁਰ ਸ਼ਹਿਰ ਦੇ ਚਾਰ ਵੱਡੇ ਕਾਲਜਾਂ ਵਿੱਚ ਇਸ ਸਾਲ ਤੋਂ ਐੱਮ.ਏ. (ਪੰਜਾਬੀ) ਦੀ ਜਮਾਤ ਦੇ ਦਾਖ਼ਲੇ ਬੰਦ ਕੀਤੇ ਜਾ ਰਹੇ ਹਨ ਤੇ ਫ਼ਿਰੋਜ਼ਪੁਰ ਦੇ ਵਿਦਿਆਰਥੀਆਂ ਨੂੰ ਦੂਰ-ਦੁਰਾਡੇ ਜਾ ਕੇ ਦਾਖ਼ਲਾ ਲੈਣਾ ਪੈ ਰਿਹਾ ਹੈ।ਉਨ੍ਹਾ ਕਿਹਾ ਕਿ ਇਹ ਬਹੁਤ ਹੀ ਚਿੰਤਾ ਵਾਲੀ ਗੱਲ ਹੈ ਕਿ ਪੰਜਾਬ ਵਿੱਚ ਹੀ ਆਪਣੀ ਮਾਤ ਭਾਸ਼ਾ ਵਿੱਚ ਸਿੱਖਿਆ ਪ੍ਰਾਪਤ ਕਰਨ ਲਈ ਵਿਦਿਆਰਥੀਆਂ ਨੂੰ ਅਜਿਹੇ ਸੰਕਟ ਵਿੱਚੋਂ ਗੁਜ਼ਰਨਾ ਪਵੇਗਾ।ਇਸ ਸੰਬੰਧੀ ਉਨ੍ਹਾ ਜਦੋਂ ਪ੍ਰਿੰਸੀਪਲ ਆਰ. ਐੱਸ. ਡੀ. ਕਾਲਜ ਨੂੰ ਮਿਲ ਕੇ ਇਹ ਜਮਾਤਾਂ ਸ਼ੁਰੂ ਕਰਨ ਲਈ ਅਪੀਲ ਕੀਤੀ ਤਾਂ ਪ੍ਰਿੰਸੀਪਲ ਵੱਲੋਂ ਧਿਆਨ ਵਿੱਚ ਲਿਆਂਦਾ ਗਿਆ ਕਿ ਦਾਖ਼ਲਾ ਲੈਣ ਵਾਲੇ ਵਿਦਿਆਰਥੀਆਂ ਦੀ ਗਿਣਤੀ ਬਹੁਤ ਹੀ ਘੱਟ ਗਈ ਹੈ, ਜਿਸ ਕਰਕੇ ਯੂਨੀਵਰਸਿਟੀ ਦੇ ਨਿਯਮਾਂ ਤੇ ਮੈਨੇਜਮੈਂਟ ਲਈ ਵਿੱਤੀ ਸੰਕਟ ਦੀ ਮਜਬੂਰੀ ਸਦਕਾ ਇਹ ਜਮਾਤਾਂ ਬੰਦ ਕੀਤੀਆਂ ਜਾ ਰਹੀਆਂ ਹਨ।ਪ੍ਰਿੰਸੀਪਲ ਵੱਲੋਂ ਇਹ ਵਿਸ਼ਵਾਸ ਦਿਵਾਇਆ ਗਿਆ ਕਿ ਉਹ ਖ਼ੁਦ ਦਿਲੋਂ ਚਾਹੁੰਦੇ ਹਨ ਕਿ ਇਹ ਜਮਾਤਾਂ ਸ਼ੁਰੂ ਹੋਣ ਤਾਂ ਆਰ.ਐੱਸ.ਡੀ. ਕਾਲਜ ਵਰਗੀ ਵੱਡੀ ਸੰਸਥਾ ਮਾਤ-ਭਾਸ਼ਾ ਪ੍ਰਤੀ ਆਪਣੀ ਬਣਦੀ ਜ਼ਿੰਮੇਵਾਰੀ ਨਿਭਾਵੇ।ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਮੈਨੇਜਮੈਂਟ ਤੇ ਕਾਲਜ ਵਿੱਚ ਪੰਜਾਬੀ ਵਿਸ਼ਾ ਪੜ੍ਹਾ ਰਹੇ ਅਧਿਆਪਕਾਂ ਦੇ ਸਹਿਯੋਗ ਨਾਲ ਐੱਮ.ਏ. (ਪੰਜਾਬੀ) ਦੀਆਂ ਜਮਾਤਾਂ ਵਿੱਚ ਵਿਦਿਆਰਥੀਆਂ ਨੂੰ ਦਾਖ਼ਲਾ ਲੈਣ ਲਈ ਪ੍ਰੇਰਿਤ ਕਰਨਗੇ।ਇਸ ਮੌਕੇ ਜ਼ਿਲ੍ਹਾ ਭਾਸ਼ਾ ਅਫ਼ਸਰ ਨੇ ਕਿਹਾ ਕਿ ਬੇਸ਼ੱਕ ਇਹ ਸੰਕਟ ਦਾ ਦੌਰ ਹੈ, ਜਿੱਥੇ ਕਾਲਜਾਂ ਤੇ ਮੈਨੇਜ਼ਮੈਂਟਾਂ ਦੀਆਂ ਆਪਣੀਆਂ ਮਜਬੂਰੀਆਂ ਹਨ, ਪਰ ਇਸ ਸਮੇਂ ਸਾਰਿਆਂ ਨੂੰ ਸਾਕਾਰਾਤਮਕ ਦ੍ਰਿਸ਼ਟੀਕੋਣ ਅਪਣਾਉਂਦਿਆਂ ਇਸ ਸਮੱਸਿਆ ਵੱਲ ਧਿਆਨ ਦੇਣ ਦੀ ਲੋੜ ਹੈ।ਉਨ੍ਹਾਂ ਵੱਲੋਂ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਬਾਕੀ ਕਾਲਜਾਂ ਦੀਆਂ ਮੈਨੇਜ਼ਮੈਂਟਾਂ, ਪ੍ਰਿੰਸੀਪਲ, ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਐੱਮ.ਏ. (ਪੰਜਾਬੀ) ਵਿੱਚ ਵੱਧ ਤੋਂ ਵੱਧ ਦਾਖ਼ਲੇ ਕਰਵਾਉਣ ਲਈ ਹਰ ਸੰਭਵ ਉਪਰਾਲੇ ਕੀਤੇ ਜਾਣ ਤਾਂ ਜੋ ਅਸੀਂ ਵਿਦਿਆਰਥੀਆਂ ਨੂੰ ਮਾਤ ਭਾਸ਼ਾ ਵਿੱਚ ਉੱਚ ਸਿੱਖਿਆ ਦੇ ਕੇ ਪੰਜਾਬ ਤੇ ਪੰਜਾਬੀਅਤ ਨਾਲ ਜੋੜ ਸਕੀਏ।

# ਬਧਾਈ 'ਚ ਸਕੂਲੀ ਬੱਚਿਆਂ ਨੂੰ ਟ੍ਰੈਫ਼ਿਕ ਨਿਯਮਾਂ ਪ੍ਰਤੀ ਕੀਤਾ ਜਾਗਰੂਕ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)

ਸਰਕਾਰੀ ਮਿਡਲ ਸਕੂਲ ਪਿੰਡ ਬਧਾਈ ਵਿੱਚ ਪੰਜਾਬ ਪੁਲਿਸ ਵੱਲੋਂ ਬੱਚਿਆਂ ਨੂੰ ਜਾਗਰੂਕ ਕਰਨ ਲਈ ਟ੍ਰੈਫ਼ਿਕ ਨਿਯਮਾਂ ਪ੍ਰਤੀ ਜਾਗਰੂਕ ਕਰਾਇਆ ਗਿਆ। ਇਸ ਮੌਕੇ ਸਬ ਇੰਸਪੈਕਟਰ ਗੁਰਜੰਟ ਸਿੰਘ, ਏਐਸਆਈ ਰਾਜਵਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਟ੍ਰੈਫ਼ਿਕ ਸਬੰਧਿਤ ਕਾਨੂੰਨੀ ਜਾਣਕਾਰੀਆਂ ਉਪਲਬਧ ਕਰਾਈਆਂ ਅਤੇ ਸੜਕ ਦੁਰਘਟਨਾ ਤੋਂ ਬਚਣ ਲਈ ਕਈ ਉਪਾਅ ਦੱਸੇ। ਉਨ੍ਹਾਂ ਦੱਸਿਆ ਕਿ ਆਪਣੇ ਵਾਹਨ ਨੂੰ ਹਮੇਸ਼ਾ ਹੌਲੀ ਗਤੀ ਤੇ ਆਪਣੀ ਤਹਿ ਸੀਮਾ ਵਿੱਚ ਹੀ ਆਪਣੀ ਲੇਨ ਵਿੱਚ ਚਲਾਓ ਅਤੇ ਵਾਹਨ ਚਲਾਉਂਦੇ ਸਮੇਂ ਫੋਨ ਦਾ ਇਸਤੇਮਾਲ ਅਤੇ ਉੱਚੀ ਆਵਾਜ਼ ਵਿੱਚ ਸੰਗੀਤ ਨਾ ਵਜਾਓ। ਆਪਣੀ ਗੱਡੀ ਉੱਪਰ ਰਿਫਲੈਕਟਰ ਟੇਪ ਜ਼ਰੂਰ ਲਾਉਣੀ ਚਾਹੀਦੀ ਹੈ, ਜਿਸ ਨਾਲ ਸੜਕ ਦੁਰਘਟਨਾ ਨਾ ਹੋਵੇ ਅਤੇ ਯਾਤਰਾ ਸੁਰੱਖਿਅਤ ਹੋਵੇ। ਦੋ-ਪਹੀਆ ਵਾਹਨ ਚਾਲਕ ਨੂੰ ਹੈਲਮੇਟ ਜ਼ਰੂਰ ਲਾਉਣਾ ਚਾਹੀਦਾ ਹੈ। ਨਸ਼ਾ ਨਾ ਕਰਨ ਦੀ ਸਹੁੰ ਚੁਕਵਾਈ, ਵਾਹਨ ਚਲਾਉਂਦੇ ਸਮੇਂ ਮੋਬਾਇਲ ਫੋਨ ਦੀ ਵਰਤੋਂ ਨਹੀਂ ਕਰਨੀ ਚਾਹੀਦੀ ਤੇ ਗੱਡੀ ਚਲਾਉਂਦੇ ਸਮੇਂ ਸੀਟ ਬੈਲਟ ਦਾ ਇਸਤੇਮਾਲ ਜ਼ਰੂਰ ਕਰਨ। ਬੱਚਿਆਂ ਨੂੰ ਆਵਾਜਾਈ ਨਿਯਮਾਂ ਦਾ ਪਾਲਣ ਕਰਨ ਤੇ ਨਸ਼ਾ ਨਾ ਕਰਨ ਬਾਰੇ ਸਹੁੰ ਚੁਕਵਾਈ। ਇਸ ਮੌਕੇ 'ਤੇ ਸਾਈਬਰ ਕ੍ਰਾਈਮ ਸਬੰਧੀ ਵੀ ਬੱਚਿਆਂ ਨੂੰ ਜਾਣਕਾਰੀ ਦਿੱਤੀ। ਇਸ ਮੌਕੇ ਧੀਰਜ ਖੇੜਾ, ਅਰਸ਼ਦੀਪ ਕੌਰ ਬਰਾੜ ਅਤੇ ਸਕੂਲ ਵਿਦਿਆਰਥੀ ਹਾਜ਼ਰ ਸਨ।

# 30 ਲੋੜਵੰਦ ਪਰਵਾਰਾਂ ਨੂੰ ਦਿੱਤੇ ਆਰਥਿਕ ਸਹਾਇਤਾ ਦੇ ਚੈੱਕ



ਤਲਵੰਡੀ ਭਾਈ (ਬਹਾਦਰ ਸਿੰਘ ਭੁੱਲਰ)-ਡਾ. ਸੁਰਿੰਦਰਪਾਲ ਸਿੰਘ ਓਬਰਾਏ ਵੱਲੋਂ ਚਲਾਈ ਜਾ ਰਹੀ ਸਮਾਜ ਸੇਵੀ ਸੰਸਥਾ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਕਰਾਏ ਗਏ ਇੱਕ ਸਾਦਾ ਸਮਾਗਮ ਦੌਰਾਨ ਤਲਵੰਡੀ ਭਾਈ ਤੇ ਮੁੱਦਕੀ ਇਲਾਕਿਆਂ ਨਾਲ ਸਬੰਧਤ 30 ਜ਼ਰੂਰਤਮੰਦ, ਵਿਧਵਾਵਾਂ ਤੇ ਅੰਗਹੀਣ ਪਰਵਾਰਾਂ ਨੂੰ ਆਰਥਿਕ ਸਹਾਇਤਾ ਰਾਸ਼ੀ ਦੇ ਚੈਕ ਵੰਡੇ ਗਏ। ਇਹ ਚੈੱਕ ਸੰਸਥਾ ਦੇ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਕਤਨਾ, ਬਲਾਕ ਪ੍ਰਧਾਨ ਬਹਾਦਰ ਸਿੰਘ ਭੁੱਲਰ ਤੇ ਡਾ. ਲਖਵਿੰਦਰ ਸਿੰਘ ਕਰਮੂਵਾਲਾ ਵੱਲੋਂ ਵੰਡੇ ਗਏ। ਸੰਸਥਾ ਦੀ ਇਸਤਰੀ ਵਿੰਗ ਜ਼ਿਲ੍ਹਾ ਪ੍ਰਧਾਨ ਮੈਡਮ ਅਮਰਜੀਤ ਕੌਰ ਛਾਬੜਾ ਤੇ ਬਹਾਦਰ ਸਿੰਘ ਭੁੱਲਰ ਬਲਾਕ ਪ੍ਰਧਾਨ ਨੇ ਦੱਸਿਆ ਕਿ ਸੰਸਥਾ ਦੇ ਬਾਨੀ ਡਾ ਓਬਰਾਏ ਵੱਲੋਂ ਲੋਕ ਭਲਾਈ ਦੇ ਕਈ ਹੋਰ ਕਾਰਜ ਸ਼ੁਰੂ ਕੀਤੇ ਹੋਏ ਹਨ, ਜਿਨ੍ਹਾਂ ਵਿੱਚ ਲੋੜਵੰਦਾਂ, ਅੰਗਹੀਣਾਂ ਤੇ ਵਿਧਵਾਵਾਂ ਨੂੰ ਮਹੀਨਾਵਾਰ ਪੈਨਸ਼ਨਾਂ, ਹੁਸ਼ਿਆਰ ਅਤੇ ਲੋੜਵੰਦ ਵਿਦਿਆਰਥੀਆਂ ਦੀਆਂ ਫ਼ੀਸਾਂ, ਮੈਡੀਕਲ ਸਹਾਇਤਾ, ਕਈ ਤਰ੍ਹਾਂ ਦੇ ਹੱਥੀਂ ਹੁਨਰ ਵਾਲੇ ਸਿਖਲਾਈ ਕੋਰਸ ਸਕੂਲਾਂ ਅਤੇ ਜਨਤਕ ਸਥਾਨਾਂ ਤੇ ਸਾਫ਼ ਪਾਣੀ ਵਾਲੇ ਆਰ ਓ ਲਾਏ ਜਾਂਦੇ ਹਨ।

# ਐੱਸ ਕੇ ਕਾਲਜ ਆਫ ਐਜੂਕੇਸ਼ਨ 'ਚ ਮਨਾਇਆ ਤੀਆਂ ਦਾ ਤਿਉਹਾਰ



ਮੋਗਾ (ਅਮਰਜੀਤ ਬੱਬਰੀ)-ਸੁਖਦੇਵਾ ਕ੍ਰਿਸ਼ਨਾ ਕਾਲਜ ਆਫ਼ ਐਜੂਕੇਸ਼ਨ ਫਾਰ ਗਰਲਜ਼ ਘੱਲ ਕਲਾਂ ਮੋਗਾ 'ਚ ਤੀਆਂ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਕਾਲਜ ਵਿਦਿਆਰਥਣਾਂ ਵੱਲੋਂ ਤੀਆਂ ਦੇ ਤਿਉਹਾਰ ਨਾਲ ਸਬੰਧਤ ਭਾਸ਼ਣ, ਗੀਤ, ਗਿੱਧਾ ਆਦਿ ਸੱਭਿਆਚਾਰਕ ਸਰਗਰਮੀਆਂ ਪੇਸ਼ ਕੀਤੀਆਂ ਗਈਆਂ ਤੇ ਤੀਆਂ ਦੇ ਤਿਉਹਾਰ ਨੂੰ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਮੋਨਿਕਾ ਵਰਮਾ ਨੇ ਤੀਆਂ ਦੇ ਤਿਉਹਾਰ ਬਾਰੇ ਕਿਹਾ ਕਿ ਪੰਜਾਬੀ ਸੱਭਿਆਚਾਰ ਵਿੱਚ ਸਾਉਣ ਦੇ ਮਹੀਨੇ ਦੀ ਵਿਸ਼ੇਸ਼ ਮਹੱਤਤਾ ਹੈ। ਤੀਆਂ ਮਨਵਾਉਣ ਲਈ ਕੁੜੀਆਂ ਆਪਣੇ ਪੇਕੇ ਘਰ ਜ਼ਰੂਰ ਆਉਂਦੀਆਂ ਸਨ। ਇਸ ਮੌਕੇ ਦੂਰ-ਦੁਰਾਡੇ ਥਾਵਾਂ 'ਤੇ ਬੈਠੀਆਂ ਕੁੜੀਆਂ ਮੁੜ ਮਿਲ ਬੈਠਦੀਆਂ ਤੇ ਬਚਪਨ ਦੀਆਂ ਯਾਦਾਂ ਤਾਜ਼ਾ ਕਰਦੀਆਂ ਜਾਂਦੀਆਂ ਸਨ। ਇਸ ਮਹੀਨੇ ਕੁੜੀਆਂ ਹੱਥਾਂ 'ਤੇ ਮਹਿੰਦੀ ਲਾਉਂਦੀਆਂ ਹਨ ਤੇ ਨਾਲੇ ਰੰਗ-ਬਰੰਗੀਆਂ ਚੂੜੀਆਂ ਚੜ੍ਹਾਉਂਦੀਆਂ ਹਨ। ਆਧੁਨਿਕਤਾ ਕਾਰਨ ਇਹ ਤਿਉਹਾਰ ਖ਼ਤਮ ਹੁੰਦਾ ਜਾ ਰਿਹਾ ਹੈ, ਪਰ ਫਿਰ ਵੀ ਕਈ ਸੰਸਥਾਵਾਂ ਵੱਲੋਂ ਆਪਣੇ ਬੱਚਿਆਂ ਖਾਸ ਤੌਰ 'ਤੇ ਨੌਜਵਾਨ ਪੀੜ੍ਹੀ ਨੂੰ ਸੰਸਕ੍ਰਿਤੀ ਨਾਲ ਜੋੜਨ ਲਈ ਤੀਆਂ ਦੇ ਤਿਉਹਾਰ ਨੂੰ ਇੱਕ ਚੰਗਾ ਕਦਮ ਮੰਨਿਆ ਜਾ ਸਕਦਾ ਹੈ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਮੋਨਿਕਾ ਵਰਮਾ ਤੋਂ ਇਲਾਵਾ ਕਾਲਜ ਦੇ ਚੇਅਰਮੈਨ ਡਾ. ਅਸ਼ੋਕ ਗਰਗ, ਜਨਰਲ ਸੈਕਟਰੀ ਡਾ. ਨੀਨਾ ਗਰਗ ਤੇ ਸਮੂਹ ਸਟਾਫ ਆਦਿ ਹਾਜ਼ਰ ਸਨ।

# ਦੇਸ਼ 'ਚ ਚਲਾਈ ਜਾ ਰਹੀ ਫਿਰਕੂ ਫਾਸ਼ੀਵਾਦੀ ਮੁਹਿੰਮ ਵਿਰੁੱਧ 6 ਨੂੰ ਚੰਡੀਗੜ੍ਹ 'ਚ ਪ੍ਰਦਰਸ਼ਨ

## ਬੀ ਕੇ ਯੂ ਏਕਤਾ ਉਗਰਾਹਾਂ ਵੱਲੋਂ ਪਿੰਡਾਂ 'ਚ ਵੱਡੀ ਪੱਧਰ 'ਤੇ ਤਿਆਰੀਆਂ



ਤਲਵੰਡੀ ਸਾਬੋ (ਜਗਦੀਪ ਗਿੱਲ)-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਸੂਬਾ ਕਮੇਟੀ ਵੱਲੋਂ ਕੀਤੇ ਗਏ ਫੈਸਲੇ ਅਨੁਸਾਰ ਮਨੀਪੁਰ ਵਿੱਚ 2 ਔਰਤਾਂ ਨੂੰ ਜਨਤਕ ਤੌਰ 'ਤੇ ਨਿਰਵਸਤਰ ਕਰਨ ਤੇ ਅਨੇਕਾਂ ਨੂੰ ਜਬਰ ਜ਼ਨਾਹ ਦਾ ਸ਼ਿਕਾਰ ਬਣਾਉਣ ਦੇ ਘਿਣਾਉਣੇ ਕਾਰੇ ਤੋਂ ਇਲਾਵਾ ਪੂਰੇ ਦੇਸ਼ ਵਿੱਚ ਭਾਜਪਾ ਹਕੂਮਤ ਵੱਲੋਂ ਚਲਾਈ ਜਾ ਰਹੀ ਜਾਬਰ ਫਿਰਕੂ ਫਾਸ਼ੀ ਮੁਹਿੰਮ ਵਿਰੁੱਧ 6 ਅਗਸਤ ਨੂੰ ਚੰਡੀਗੜ੍ਹ ਵਿਖੇ ਔਰਤਾਂ ਦਾ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਰੋਸ ਪ੍ਰਦਰਸ਼ਨ ਵਿੱਚ ਔਰਤਾਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਕਰਾਉਣ ਲਈ ਅੱਜ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਤਲਵੰਡੀ ਸਾਬੋ ਦੀ ਮੀਟਿੰਗ ਜ਼ਿਲ੍ਹਾ ਆਗੂ ਜਗਦੇਵ ਸਿੰਘ ਜੋਗੇਵਾਲਾ ਦੀ ਪ੍ਰਧਾਨਗੀ ਹੇਠ ਪਿੰਡ ਮਾਹੀ ਨੰਗਲ ਦੇ ਗੁਰਦੁਆਰਾ ਸਾਹਿਬ ਵਿਖੇ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਆਗੂ ਨੇ ਕਿਹਾ ਕਿ ਦੇਸ਼ ਦੀ ਭਾਜਪਾ ਹਕੂਮਤ ਵੱਲੋਂ ਅਜਿਹੀਆਂ ਦਰਦਨਾਕ ਘਟਨਾਵਾਂ ਘਟਾਉਣੀਆਂ ਅੰਨ੍ਹੀਂ ਹਿੰਦੂ ਕੌਮ ਪ੍ਰਸਤੀ ਭੜਕਾ ਕੇ ਆਉਂਦੇ ਸਾਲ ਬਹੁਗਿਣਤੀ ਦੇ ਵੋਟ ਦਾ ਲਾਹਾ ਲੈਣ ਦੀ ਮੁਹਿੰਮ ਦਾ ਇੱਕ ਨਿਸ਼ਾਨਾ ਵੀ ਹੈ।

ਉਨ੍ਹਾ ਕਿਹਾ ਕਿ ਸਰਕਾਰ ਪਾੜੋ ਤੇ ਰਾਜ ਕਰੋ ਦੀ ਇਸ ਫਿਰਕੂ ਨੀਤੀ ਰਾਹੀਂ ਕਿਰਤੀ ਲੋਕਾਂ ਨੂੰ ਆਪਸ ਵਿੱਚ ਲੜਾ ਕੇ ਉਨ੍ਹਾਂ ਦੇ ਜਲ-ਜੰਗਲ-ਜ਼ਮੀਨਾਂ ਸਮੇਤ ਸਾਰੇ ਜਨਤਕ ਕਾਰੋਬਾਰ ਦੇਸੀ ਵਿਦੇਸੀ ਸਾਮਰਾਜੀ ਕਾਰਪੋਰੇਟਾਂ ਦੇ ਹਵਾਲੇ ਕਰਨਾ ਹੈ। ਬਲਾਕ ਆਗੂ ਕਾਲਾ ਸਿੰਘ ਚੱਠੇਵਾਲਾ ਨੇ ਕਿਹਾ ਕਿ ਇਸ ਮੌਕੇ ਮੰਗ ਕੀਤੀ ਜਾਵੇਗੀ ਕਿ ਫਿਰਕੂ ਕਾਤਲਾਂ ਨੂੰ ਅਤੇ ਔਰਤਾਂ ਵਿਰੁੱਧ ਘਿਣਾਉਣੇ ਜੁਰਮਾਂ ਦੇ ਸਾਰੇ ਮੁਲਜ਼ਮਾਂ ਨੂੰ ਤੁਰੰਤ ਗ੍ਰਿਫ਼ਤਾਰ ਕਰ ਕੇ ਸਖਤ ਤੋਂ ਸਖਤ ਸਜ਼ਾਵਾਂ ਦਿੱਤੀਆਂ ਜਾਣ। ਇਸ ਮੌਕੇ ਰੋਸ ਪ੍ਰਦਰਸ਼ਨ ਵਿੱਚ ਔਰਤਾਂ ਨੂੰ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦਾ ਸੱਦਾ ਦਿੱਤਾ ਗਿਆ। ਮੀਟਿੰਗ ਵਿੱਚ ਬਲਾਕ ਤਲਵੰਡੀ ਸਾਬੋ ਦੇ ਆਗੂ ਰਣਜੋਧ ਸਿੰਘ ਮਾਹੀ ਨੰਗਲ, ਲੱਖਾ ਸਿੰਘ ਜੋਗੇਵਾਲਾ, ਕਲੌਤਰ ਸਿੰਘ ਕਲਾਲਵਾਲਾ ਸਮੇਤ ਮਾਵਾਂ-ਭੈਣਾਂ ਤੇ ਵੱਖ ਵੱਖ ਪਿੰਡਾਂ ਦੇ ਕਿਸਾਨ ਆਗੂ ਹਾਜ਼ਰ ਸਨ।

# ਥੈਲੇਸੀਮੀਆ ਤੋਂ ਪੀੜਤ ਬੱਚਿਆਂ ਲਈ ਐਮਰਜੈਂਸੀ ਖ਼ੂਨਦਾਨ ਕੈਂਪ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)

ਰਾਇਲ ਕਲੱਬ ਨੇ ਥੈਲੇਸੀਮੀਆ ਤੋਂ ਪੀੜਤ ਬੱਚਿਆਂ ਦੇ ਲਈ ਇੱਕ ਐਮਰਜੈਂਸੀ ਖ਼ੂਨਦਾਨ ਕੈਂਪ ਇਕਾਦਸੀ ਦੇ ਮੌਕੇ 'ਤੇ ਖਾਟੂ ਸ਼ਿਆਮ ਮੰਦਰ ਵਿਖੇ ਲਾਇਆ ਗਿਆ। ਕਲੱਬ ਦੇ ਪ੍ਰਧਾਨ ਸੁਰਿੰਦਰ ਮਿੱਤਲ, ਵਾਈਸ ਪ੍ਰਧਾਨ ਜੁਗਲ ਕਿਸ਼ੋਰ, ਸੈਕਟਰੀ ਦਿਨੇਸ਼ ਬਾਂਸਲ ਅਤੇ ਕੈਸ਼ੀਅਰ ਦੀਪਕ ਕੁਮਾਰ ਨੇ ਦੱਸਿਆ ਕਿ ਪਟਿਆਲਾ ਥੈਲੇਸੀਮੀਆ ਚਿਲਡਰਨਜ਼ ਵੈਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਵਿਜੈ ਪਾਹਵਾ ਤੇ ਗੋਲਡੀ ਗੋਇਲ ਅਤੇ ਸ੍ਰੀ ਖਾਟੂ ਸ਼ਿਆਮ ਮੰਦਰ ਕਮੇਟੀ ਦੇ ਸਹਿਯੋਗ ਨਾਲ ਲਾਏ ਗਏ ਕੈਂਪ ਵਿੱਚ 200 ਯੂਨਿਟ ਖੂਨ ਇਕੱਤਰ ਕੀਤਾ ਗਿਆ। ਕੈਂਪ ਵਿੱਚ ਬਲੱਡ ਬੈਂਕ ਰਾਜਿੰਦਰਾ ਹਸਪਤਾਲ ਪਟਿਆਲਾ ਤੋਂ ਪਹੁੰਚੇ ਡਾਕਟਰ ਸੀਨਮ ਮਿੱਤਲ ਦੀ ਅਗਵਾਈ ਵਿੱਚ ਖ਼ੂਨਦਾਨ ਕਰਨ ਆਏ ਵਿਅਕਤੀਆਂ ਦੀ ਸਿਹਤ ਸਬੰਧੀ ਜਾਂਚ ਕਰਕੇ ਸਹੀ ਪਾਏ ਜਾਣ ਵਾਲੇ ਲੋਕਾਂ ਵੱਲੋਂ ਖ਼ੂਨਦਾਨ ਕੀਤਾ ਗਿਆ। ਕੈਂਪ ਵਿੱਚ ਪ੍ਰੋਫੈਸਰ ਅਤੇ ਹੈੱਡ ਬਲੱਡ ਬੈਂਕ ਮੁਖੀ ਡਾਕਟਰ ਮੋਨਿਕਾ ਗਰਗ, ਪੀ ਟੀ ਸੀ ਡਬਲਿਊ ਏ ਦੇ ਪ੍ਰਧਾਨ ਵਿਜੈ ਪਾਹਵਾ ਅਤੇ ਹਲਕਾ ਸੁਤਰਾਣਾ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸੋਨੀ ਜਲੂਰ ਨੇ ਕੈਂਪ ਵਿੱਚ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਕੈਂਪ ਦੇ ਪ੍ਰਬੰਧ ਤੋਂ ਖ਼ੁਸ਼ ਹੋ ਕੇ ਉਨ੍ਹਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਗਰਮੀ ਦੇ ਮੌਸਮ ਵਿੱਚ ਕਲੱਬ ਵੱਲੋਂ ਖ਼ੂਨਦਾਨ ਕੈਂਪ ਲਾਉਣਾ ਬਹੁਤ ਵਧੀਆ ਗੱਲ ਹੈ। ਕੈਂਪ ਵਿੱਚ ਅਸ਼ੀਰਵਾਦ ਦੇਣ ਲਈ ਸ੍ਰੀ ਖਾਟੂ ਸ਼ਿਆਮ ਮੰਦਰ ਕਮੇਟੀ ਦੇ ਪ੍ਰਧਾਨ ਰਾਜ ਕੁਮਾਰ ਸਿੰਗਲਾ ਵਿਸ਼ੇਸ਼ ਤੌਰ 'ਤੇ ਪਹੁੰਚੇ ਅਤੇ ਉਨ੍ਹਾਂ ਵੱਲੋਂ ਵੀ ਕਲੱਬ ਦੀ ਸ਼ਲਾਘਾ ਕਰਦਿਆਂ ਅੱਗੇ ਤੋਂ ਵੀ ਅਜਿਹੇ ਸਮਾਜ ਸੇਵੀ ਕੰਮਾਂ ਦੇ ਲਈ ਸਹਿਯੋਗ ਕਰਨ ਦਾ ਵਾਅਦਾ ਕੀਤਾ ਗਿਆ। ਇਸ ਦੌਰਾਨ ਕਲੱਬ ਵੱਲੋਂ ਖ਼ੂਨਦਾਨ ਕਰਨ ਵਾਲੇ ਵਿਅਕਤੀਆਂ ਨੂੰ ਸਰਟੀਫਿਕੇਟ ਅਤੇ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ ਅਤੇ ਸ੍ਰੀ ਖਾਟੂ ਸ਼ਿਆਮ ਮੰਦਰ ਕਮੇਟੀ ਵੱਲੋਂ ਲੰਗਰ ਵੀ ਲਾਇਆ ਗਿਆ। ਇਸ ਮੌਕੇ ਕਲੱਬ ਦੇ ਮੈਂਬਰ ਸੁਨੀਲ ਬਾਂਸਲ, ਯੁਵਰਾਜ ਕੁਮਾਰ, ਪ੍ਰਵੀਨ ਕੁਮਾਰ, ਡਾਕਟਰ ਲਖਵਿੰਦਰ ਸਿੰਘ, ਸੁਨੀਲ ਸਿੰਗਲਾ, ਰਿੰਕੂ ਬਾਂਸਲ, ਮੁਨੀਸ਼ ਬਾਂਸਲ, ਰਵੀ ਕੁਮਾਰ, ਅਸ਼ੀਸ਼ ਕੁਮਾਰ, ਸਤੀਸ਼ ਕੁਮਾਰ, ਸੰਜੇ ਕੁਮਾਰ ਤੇ ਗੋਲਡੀ ਗੋਇਲ ਦਾ ਵਿਸ਼ੇਸ਼ ਯੋਗਦਾਨ ਰਿਹਾ। ਇਸ ਦੌਰਾਨ ਬਲੱਡ ਬੈਂਕ ਦੇ ਪੀ ਆਰ ਓ ਸੁਖਵਿੰਦਰ ਸਿੰਘ ਤੇ ਦਿਨੇਸ਼ ਬੱਤਰਾ ਵੀ ਹਾਜ਼ਰ ਸਨ।

CMYK

1-Aug-PAGE-11-Majha-23.qxd 7/31/2023 10:58 PM Page 1



# ਮਨੀਪੁਰ 'ਚ ਔਰਤਾਂ ਦੀ ਰੋਲੀ ਇੱਜ਼ਤ ਖਿਲਾਫ ਨੌਜਵਾਨਾਂ ਵੱਲੋਂ ਰੋਸ ਪ੍ਰਦਰਸ਼ਨ

## ਦੋਸ਼ੀਆਂ ਨੂੰ ਸਖਤ ਸਜ਼ਾਵਾਂ ਦੇਣ ਦੀ ਮਸੀਹ ਆਗੂਆਂ ਨੇ ਕੀਤੀ ਜ਼ੋਰਦਾਰ ਮੰਗ



ਗੁਰਦਾਸਪੁਰ, (ਜਨਕ ਮਹਾਜਨ)-ਮਨੀਪੁਰ ਵਿਖੇ ਵਾਪਰੀ ਸ਼ਰਮਨਾਕ ਘਟਨਾ ਦੇ ਰੋਸ ਵਜੋਂ ਬਲਵੀਰ ਗਿੱਲ ਮਸੀਹ ਸੀਨੀਅਰ ਆਗੂ ਦੀ ਅਗਵਾਈ ਹੇਠ ਨੌਜਵਾਨਾਂ ਵਲੋਂ ਪੁਰਾਣਾ ਸ਼ਾਲਾ ਚੌਕ ਵਿਚ ਕੇਂਦਰ ਦੀ ਮੋਦੀ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਨੌਜਵਾਨ ਆਗੂਆਂ ਨੇ ਮਨੀਪੁਰ ਅਤੇ ਕੇਂਦਰ ਦੀ ਭਾਜਪਾ ਸਰਕਾਰ ਮੁਰਦਾਬਾਦ ਦੇ ਨਾਅਰੇ ਲਗਾਏ।

ਰੋਸ ਧਰਨੇ ਨੂੰ ਸੰਬੋਧਨ ਕਰਦਿਆਂ ਬਲਵੀਰ ਗਿੱਲ ਮਸੀਹ ਨੇ ਕਿਹਾ ਕਿ ਮਨੀਪੁਰ ਵਿਖੇ ਔਰਤਾਂ ਨਾਲ ਹੋਏ ਦੁਰਵਿਵਹਾਰ ਨੇ ਇਨਸਾਨੀਤ ਨੂੰ ਸ਼ਰਮਸ਼ਾਰ ਕਰਕੇ ਰੱਖ ਦਿੱਤਾ ਹੈ। ਉਨ੍ਹਾਂ ਕਿਹਾ ਇਸ ਘਟਨਾ ਨੇ ਸਾਬਤ ਕਰਕੇ ਰੱਖ ਦਿੱਤਾ ਹੈ ਕਿ ਭਾਜਪਾ ਸਰਕਾਰ ਔਰਤਾਂ ਦੀ ਸੁਰੱਖਿਆ ਨੂੰ ਲੈ ਕੇ ਕਿੰਨੀ ਕੁ ਗੰਭੀਰ ਹੈ। ਉਨ੍ਹਾਂ ਇਸ ਘਟਨਾ ਨੇ ਭਾਰਤ ਦੇਸ਼ ਦਾ ਸਿਰ ਇਕ ਵਾਰ ਫ਼ਿਰ ਨੀਵਾਂ ਕਰਕੇ ਰੱਖ ਦਿੱਤਾ ਹੈ। ਬਲਵੀਰ ਗਿੱਲ ਨੇ ਇਸ ਘਟਨਾ ਲਈ ਮਨੀਪੁਰ ਅਤੇ ਕੇਂਦਰ ਵਿਚ ਰਾਜ ਕਰਦੀ ਭਾਜਪਾ ਸਰਕਾਰ ਨੂੰ ਜ਼ਿੰਮੇਵਾਰ ਠਹਿਰਾਇਆ। ਉਨ੍ਹਾਂ ਕਿਹਾ ਜੇਕਰ ਸਮਾਂ ਰਹਿੰਦੇ ਮਨੀਪੁਰ ਦੇ ਹਾਲਾਤ ਨੂੰ ਕਾਬੂ ਕਰ ਲਿਆ ਜਾਂਦਾ ਤਾਂ ਇਹ ਘਟਨਾ ਨਾ ਵਾਪਰਦੀ। ਉਨ੍ਹਾਂ ਕਿਹਾ ਇਸ ਘਟਨਾ ਨਾਲ ਔਰਤਾਂ ਅਤੇ ਘਰੋਂ ਬਾਹਰ ਰਹਿੰਦੀਆਂ ਲੜਕੀਆਂ ਦੇ ਮਾਪਿਆਂ ਅੰਦਰ ਡਰ ਅਤੇ ਬੇਚੈਨੀ ਹੋਰ ਵੱਧ ਚੁੱਕੀ ਹੈ। ਉਨ੍ਹਾਂ ਕਿਹਾ ਔਰਤਾਂ ਦੀ ਸੁਰੱਖਿਆ ਨੂੰ ਲੈ ਕੇ ਭਾਜਪਾ ਸਰਕਾਰ ਵਲੋਂ ਵੱਡੇ-ਵੱਡੇ ਦਾਅਵੇ ਕੀਤੇ ਜਾਂਦੇ ਹਨ ਪਰ ਜ਼ਮੀਨੀ ਹਕੀਕਤ ਅੱਜ ਲੋਕਾਂ ਸਾਹਮਣੇ ਆ ਚੁੱਕੀ ਹੈ।

ਉਨ੍ਹਾਂ ਮੰਗ ਕੀਤੀ ਕਿ ਮਨੀਪੁਰ ਘਟਨਾ ਦੇ ਦੋਸ਼ੀਆਂ ਨੂੰ ਸਖਤ ਤੋਂ ਸਖਤ ਸਜ਼ਾਵਾਂ ਦਿੱਤੀਆਂ ਜਾਣ ਤਾਂ ਜੋ ਅਗਾਂਹ ਤੋਂ ਕੋਈ ਸ਼ਰਾਰਤੀ ਅਨਸਰ ਅਜਿਹੀ ਘਟਨਾ ਕਰਨ ਦੇ ਬਾਰੇ ਸੋਚ ਵੀ ਨਾ ਸਕੇ। ਇਸ ਮੌਕੇ ਕਰਮਾ ਮਸੀਹ ਪ੍ਰਧਾਨ ਦਾਰਾਪੁਰ, ਸਾਜਨ ਮਸੀਹ, ਲਖਵਿੰਦਰ, ਲਵ ਯੂਥ ਆਗੂ, ਯੂਨਸ ਮਸੀਹ, ਸ਼ਾਲੂ, ਮੰਗਾ, ਰਾਣਾ, ਸੰਨੀ, ਅਭੀ, ਸ਼ੁਭਮ, ਕਾਲੂ ਅਤੇ ਸਾਗਰ ਤੋਂ ਇਲਾਵਾ ਵੱਡੀ ਗਿਣਤ ਵਿਚ ਬੇਟ ਇਲਾਕੇ ਦੇ ਮਸੀਹ ਨੌਜਵਾਨ ਹਾਜ਼ਰ ਸਨ।

# ਅਮਰਪਾਲ ਸਿੰਘ ਨੇ ਕਿਸ਼ਨਕੋਟ ਦੇ ਸਕੂਲ 'ਚ ਚੱਲ ਰਹੇ ਵਿਕਾਸ ਕੰਮਾਂ ਦਾ ਲਿਆ ਜਾਇਜ਼ਾ



ਸ੍ਰੀ ਹਰਗੋਬਿੰਦਪੁਰ ਸਾਹਿਬ (ਬਟਾਲਾ), (ਡਾ. ਮਲਵਿੰਦਰ ਸਿੰਘ)-ਪੰਜਾਬ ਸਰਕਾਰ ਸਿੱਖਿਆ ਦਾ ਮਿਆਰ ਹੋਰ ਉੱਚਾ ਚੁੱਕਣ ਲਈ ਵਚਨਬੱਧ ਹੈ ਅਤੇ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ। ਇਹ ਪ੍ਰਗਟਾਵਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਨੇ ਪਿੰਡ ਕਿਸ਼ਨਕੋਟ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਣ ਉਪਰੰਤ ਕੀਤਾ।

ਵਿਧਾਇਕ ਅਮਰਪਾਲ ਸਿੰਘ ਨੇ ਗੱਲ ਕਰਦਿਆਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਦੀ ਅਗਵਾਈ ਵਾਲੀ ਸੂਬਾ ਸਰਕਾਰ ਸਿੱਖਿਆ ਦੇ ਖੇਤਰ ਵਿੱਚ ਹੋਰ ਸੁਧਾਰ ਲਿਆਉਣ ਲਈ ਲਗਾਤਾਰ ਯਤਨਸ਼ੀਲ ਹੈ, ਜਿਸ ਦੇ ਚੱਲਦਿਆਂ ਸਕੂਲਾਂ ਦੇ ਪ੍ਰਿੰਸੀਪਲਾਂ ਨੂੰ ਸਿੰਗਾਪੁਰ ਅਤੇ ਹੈਦਰਾਬਾਦ ਭੇਜਿਆ ਗਿਆ ਹੈ ਤਾਂ ਜੋ ਸਿੱਖਿਆ ਦੇ ਪੱਧਰ ਨੂੰ ਹੋਰ ਉੱਚਾ ਚੁੱਕਿਆ ਦਾ ਸਕੇ, ਜਿਸ ਨਾਲ ਵਿਦਿਆਰਥੀਆਂ ਨੂੰ ਸਮੇਂ ਦਾ ਹਾਣੀ ਬਣਾਇਆ ਜਾ ਸਕੇ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਨੇ ਵੱਡਾ ਇਕਿਹਾਸਕ ਕਦਮ ਚੁੱਕਦਿਆਂ 12500 ਕੱਚੇ ਅਧਿਆਪਕਾਂ ਦੀਆਂ ਸੇਵਾਵਾਂ ਰੈਗੂਲਰ ਕੀਤੀਆਂ ਗਈਆਂ ਹਨ ਤਾਂ ਜੋ ਅਧਿਆਪਕ ਆਪਣਾ ਭਵਿੱਖ ਸੁਰੱਖਿਅਤ ਮਹਿਸੂਸ ਕਰਨ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰੀ ਨੇ ਕੱਚੇ ਅਧਿਆਪਕਾਂ ਨਾਲ ਸ਼ੋਸ਼ਣ ਕੀਤਾ ਸੀ ਤੇ ਅਧਿਆਪਕ ਨਿਗੂਣੀਆਂ ਤਨਖਾਹਾਂ 'ਤੇ ਕੰਮ ਕਰ ਰਹੇ ਸਨ।

ਵਿਧਾਇਕ ਨੇ ਕਿਹਾ ਕਿ ਇਤਿਹਾਸਕ ਤੇ ਧਾਰਮਿਕ ਕਸਬਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਸਕੂਲਾਂ ਦੇ ਬੁਨਿਆਦੀ ਢਾਂਚੇ ਦੀਆਂ ਲੋੜਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ ਅਤੇ ਵਿਕਾਸ ਕੰਮਾਂ ਲਈ ਗਰਾਂਟ ਦੀ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ।

# 31 ਅਗਸਤ ਤਕ ਪ੍ਰਾਪਰਟੀ ਟੈਕਸ 'ਚ 10 ਫ਼ੀਸਦੀ ਛੋਟ : ਈ. ਓ.



ਫ਼ਤਿਹਗੜ੍ਹ ਚੂੜੀਆਂ, (ਜਸਦੇਵ ਸਿੰਘ ਮਾਨ)-ਨਗਰ ਕੌਂਸਲ ਫ਼ਤਿਹਗੜ੍ਹ ਚੂੜੀਆਂ ਦੇ ਕਾਰਜ ਸਾਧਕ ਅਫ਼ਸਰ (ਈ.ਓ.) ਭੁਪਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਆਮ ਜਨਤਾ ਨੂੰ ਮੌਜੂਦਾ ਸਾਲ ਦੇ ਪ੍ਰਾਪਰਟੀ ਟੈਕਸ ਵਿਚ 10 ਫ਼ੀਸਦੀ ਛੋਟ ਦੇਣ ਲਈ ਮਿਤੀ 31 ਅਗਸਤ ਮਿੱਥੀ ਗਈ ਹੈ। ਉਨ੍ਹਾਂ ਅੱਗੇ ਦੱਸਿਆ ਕਿ ਇਸਦਾ ਵੱਧ ਤੋ ਵੱਧ ਲਾਭ ਉਠਾਇਆ ਜਾਵੇ ਅਤੇ ਬਿਨਾਂ ਕਿਸੇ ਦੇਰੀ ਤੋਂ ਦੁਕਾਨਾਂ ਅਤੇ ਮਕਾਨਾਂ ਦਾ ਪ੍ਰਾਪਰਟੀ ਟੈਕਸ ਨਗਰ ਕੌਂਸਲ ਦਫ਼ਤਰ ਵਿਚ ਜਮ੍ਹਾ ਕਰਵਾਇਆ ਜਾਵੇ।

ਉਨ੍ਹਾਂ ਦੱਸਿਆ ਕਿ 31 ਅਗਸਤ ਤੋਂ ਬਾਅਦ ਵਿਆਜ ਅਤੇ ਜੁਰਮਾਨੇ ਸਮੇਤ ਮੌਜੂਦਾ ਅਤੇ ਪਿਛਲੇ ਸਾਲਾਂ ਦੇ ਟੈਕਸ ਦੀ ਵਸੂਲੀ ਕੀਤੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਜਿਹੜਾ ਵਿਅਕਤੀ ਪ੍ਰਾਪਰਟੀ ਟੈਕਸ ਜਮ੍ਹਾ ਨਹੀਂ ਕਰਵਾਏਗਾ, ਉਸਦੇ ਵਿਰੁੱਧ ਪੰਜਾਬ ਮਿਊਂਸੀਪਲ ਐਕਟ ਅਧੀਨ ਕਾਨੂੰਨੀ ਕਾਰਵਾਈ ਕਰਦਿਆਂ ਪ੍ਰਾਪਰਟੀ ਨੂੰ ਸੀਲ ਕਰ ਦਿੱਤਾ ਜਾਵੇਗਾ।

# ਕਾਲਾ ਬਾਲਾ ਵਿਖੇ ਤਰਕਸ਼ੀਲਤਾ ਤੇ ਜੀਵਨ ਜਾਚ ਵਿਸ਼ੇ 'ਤੇ ਸੈਮੀਨਾਰ

## ਤਰਕਸ਼ੀਲ ਸੁਸਾਇਟੀ ਲੋਕਾਂ 'ਚ ਵਿਗਿਆਨਿਕ ਚੇਤਨਾ ਪੈਦਾ ਕਰਨ ਤੇ ਅੰਧਵਿਸ਼ਵਾਸ ਦੂਰ ਕਰਨ ਲਈ ਯਤਨਸ਼ੀਲ: ਰਜਿੰਦਰ ਭਦੌੜ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਤਰਕਸ਼ੀਲ ਸੁਸਾਇਟੀ ਪੰਜਾਬ ਦੀ ਇਕਾਈ ਧਾਰੀਵਾਲ ਭੋਜਾ ਵਲੋਂ ਪਿੰਡ ਕਾਲਾ ਬਾਲਾ ਵਿਖੇ ਤਰਕਸ਼ੀਲਤਾ ਅਤੇ ਜੀਵਨ ਜਾਚ ਵਿਸ਼ੇ 'ਤੇ ਸੈਮੀਨਾਰ ਕਰਵਾਇਆ ਗਿਆ ਜਿਸ ਵਿੱਚ ਤਰਕਸ਼ੀਲ ਸੁਸਾਇਟੀ ਦੀਆਂ ਵੱਖ-ਵੱਖ ਇਕਾਈਆਂ ਦੇ ਆਗੂਆਂ ਅਤੇ ਪਿੰਡ ਵਾਸੀਆਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ। ਸੈਮੀਨਾਰ ਦੇ ਪਹਿਲੇ ਦੌਰ ਵਿੱਚ ਵਿਸ਼ਵ ਦੀਪ, ਬਲਜੀਤ ਕੌਰ, ਜਸਪਾਲ ਸਿੰਘ ਅਤੇ ਹਰਪ੍ਰੀਤ ਮੀਆਂਵਿੰਡ ਨੇ ਪੇਸ਼ ਕਵਿਤਾਵਾਂ ਰਾਹੀਂ ਸਮਾਜ ਦੇ ਅਹਿਮ ਮੁੱਦਿਆਂ/ਮਸਲਿਆਂ ਨੂੰ ਉਠਾਇਆ। ਤਰਕਸ਼ੀਲ ਸੁਸਾਇਟੀ ਪੰਜਾਬ ਦੇ ਸੂਬਾ ਮੁਖੀ ਰਜਿੰਦਰ ਭਦੌੜ ਨੇ ਸੰਬੋਧਨ ਕਰਦਿਆਂ ਕਿਹਾ ਤਰਕਸ਼ੀਲਤਾ ਜਿਊਣ ਦਾ ਢੰਗ ਹੈ ਅਤੇ ਤਰਕਸ਼ੀਲਤਾ ਵਾਲਾ ਨਜ਼ਰੀਆ ਅਪਣਾਉਣ ਨਾਲ ਮਨੁੱਖ ਦੀਆਂ ਜੀਵਨ ਹਾਲਤਾਂ ਸੁਖਾਲੀਆਂ ਹੋ ਸਕਦੀਆਂ ਹਨ। ਉਨ੍ਹਾ ਕਿਹਾ ਤਰਕਸ਼ੀਲਤਾ ਦਾ ਮਤਲਬ ਸਮੱਸਿਆਵਾਂ ਤੋਂ ਭੱਜਣਾ ਨਹੀਂ ਬਲਕਿ ਸਮੱਸਿਆਵਾਂ ਦੇ ਅਸਲ ਕਾਰਨਾਂ ਦੀ ਨਿਸ਼ਾਨਦੇਹੀ ਕਰਕੇ ਉਨ੍ਹਾਂ 'ਤੇ ਸਵਾਲ ਖੜ੍ਹੇ ਕਰਨਾ ਅਤੇ ਕਿਰਤੀ ਜਮਾਤ ਦੀਆਂ ਜੀਵਨ ਹਾਲਤਾਂ ਨੂੰ ਸੌਖਿਆਂ ਕਰਨ ਲਈ ਜਥੇਬੰਦ ਹੋ ਕੇ ਸਮੱਸਿਆਂਵਾਂ ਦੇ ਹੱਲ ਕੀਤਾ ਜਾ ਸਕਦਾ ਹੈ। ਤਰਕਸ਼ੀਲ ਸੁਸਾਇਟੀ ਲੋਕਾਂ ਦੀਆਂ ਜੀਵਨ ਹਾਲਤਾਂ ਸੁਧਾਰਨ ਲਈ ਲੋਕਾਂ ਵਿੱਚੋਂ ਅੰਧਵਿਸ਼ਵਾਸ ਦੂਰ ਕਰਨ ਅਤੇ ਲੋਕਾਂ ਵਿੱਚ ਚੇਤਨਾ ਪੈਦਾ ਕਰਨ ਲਈ ਹਰ ਸੰਭਵ ਯਤਨ ਕਰ ਰਹੀ ਹੈ ਜਿਸ ਕੜੀ ਤਹਿਤ ਲੋਕਾਂ ਵਿੱਚ ਚੇਤਨਾ ਪੈਦਾ ਕਰਨਹਿਤ ਸੁਸਾਇਟੀ ਵਲੋਂ ਸਕੂਲਾਂ ਵਿੱਚ ਪੰਜਵੀਂ ਚੇਤਨਾ ਪਰਖ ਪ੍ਰੀਖਿਆ ਕਰਵਾਉਣ ਜਾ ਰਹੇ ਹਨ, ਜਿਸ ਵਿੱਚ ਵਿਦਿਆਰਥੀ ਵੱਧ-ਚੜ੍ਹ ਕੇ ਭਾਗ ਲੈ ਰਹੇ ਹਨ। ਇਸ ਮੌਕੇ ਸੁਸਾਇਟੀ ਵਲੋਂ ਪੁਸਤਕ ਸੱਭਿਆਚਾਰ ਨੂੰ ਵਿਕਸਿਤ ਕਰਨ ਦੇ ਮੰਤਵ ਲਈ ਚਰਨਜੀਤ ਬਾਗੜੀਆਂ ਨੂੰ ਕਿਤਾਬਾਂ ਦੇ ਵਧੀਆ ਪਾਠਕ ਹੋਣ ਕਰਕੇ ਕਿਤਾਬਾਂ ਦਾ ਸੈੱਟ ਦੇ ਕੇ ਸਨਮਾਨਿਤ ਕੀਤਾ ਗਿਆ। ਸਟੇਜ ਸਕੱਤਰ ਦੀ ਜ਼ਿੰਮੇਵਾਰੀ ਇਕਾਈ ਆਗੂ ਸਤਨਾਮ ਫੇਰੋਚੇਚੀ ਨੇ ਨਿਭਾਈ। ਸੈਮੀਨਾਰ ਦੌਰਾਨ ਤਰਕਸ਼ੀਲ ਆਗੂ ਸੁਮੀਤ ਸਿੰਘ, ਰਜਵੰਤ ਸਿੰਘ, ਰਣਜੀਤ ਕੌਰ, ਜੋਗਿੰਦਰ ਸਿੰਘ ਗੋਪਾਲਪੁਰ ਅਤੇ ਸੰਦੀਪ ਧਾਰੀਵਾਲ ਭੋਜਾ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਮੁਖਤਿਆਰ ਗੋਪਾਲ, ਦੀਵਾਨ ਧਾਰੀਵਾਲ, ਭੁਪਿੰਦਰ ਸਿੰਘ ਕਾਲਾ ਬਾਲਾ, ਮਾਸਟਰ ਸੁਰਜੀਤ ਸਿੰਘ, ਤਰਕਸ਼ੀਲ ਮੈਜੀਸ਼ੀਅਨ ਸੇਵਾ ਸਿੰਘ ਮੰਝਵਿੰਡ, ਤਰਲੋਚਨ ਸਿੰਘ ਗੁਰਦਾਸਪੁਰ, ਕੈਪਟਨ ਜਸਬੀਰ ਸਿੰਘ ਮਾਨਾਵਾਲਾ, ਸੁੱਚਾ ਪਸਨਾਵਾਲ, ਲਖਵਿੰਦਰ ਸਿੰਘ ਗੋਪਾਲਪੁਰ,ਰਾਜੂ ਝਖੋਲਾੜੀ, ਰਾਜ ਕੁਮਾਰ ਛੋਟੇਪੁਰ, ਅਮਨਦੀਪ ਸੇਖਵਾਂ, ਕਸ਼ਮੀਰ ਕਾਦੀਆਂ ਆਦਿ ਤਰਕਸ਼ੀਲਾਂ ਤੋਂ ਇਲਾਵਾ ਪਿੰਡ ਨਿਵਾਸੀ ਤੇ ਇਲਾਕੇ ਦੇ ਲੋਕ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਨੇ ਲਾਇਆ ਹੜ੍ਹ ਪੀੜਤਾਂ ਲਈ ਮੁਫ਼ਤ ਦਵਾਈਆਂ ਦਾ ਕੈਂਪ



ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)- ਭਾਰੀ ਬਰਸਾਤ ਕਾਰਨ ਲੋਕ ਹੜ੍ਹਾਂ ਨਾਲ ਜੂਝ ਰਹੇ ਹਨ। ਜਿਥੇ ਸੈਂਕੜੇ ਏਕੜ ਫਸਲਾਂ ਪਾਣੀ ਦੀ ਭੇਟ ਚੜ੍ਹੀਆਂ ਉਥੇ ਪਸ਼ੂਆਂ ਦਾ ਚਾਰਾ ਤੇ ਮਕਾਨਾਂ ਦਾ ਭਾਰੀ ਨੁਕਸਾਨ ਹੋਇਆ। ਸੂਬਾ ਸਰਕਾਰ ਦੇ ਨਾਲ ਨਾਲ ਸਮਾਜ ਸੇਵੀ ਸੰਸਥਾਵਾਂ ਤੇ ਟਰੱਸਟਾ ਸਮੇਤ ਆਮ ਲੋਕਾਂ ਵੱਲੋਂ ਹੜ੍ਹ ਪੀੜਤਾਂ ਦੀ ਮਦਦ ਲਈ ਹਰ ਸੰਭਵ ਮਦਦ ਕੀਤੀ ਜਾ ਰਹੀ ਉਥੇ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਧੰਨਾ ਮੱਲ ਗੋਇਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬਲਾਕ ਪੱਟੀ ਤੇ ਬਲਾਕ ਵਲਟੋਹਾ ਵੱਲੋਂ ਹੜ੍ਹ ਪੀੜਤਾਂ ਲਈ ਫ੍ਰੀ ਮੈਡੀਕਲ ਕੈਂਪ ਜ਼ਿਲਾ ਪ੍ਰਧਾਨ ਨਛੱਤਰ ਸਿੰਘ ਚੀਮਾ ਦੀ ਅਗਵਾਈ 'ਚ ਪਿੰਡ ਜੱਲੋਕੇ ਉਪਰੰਤ ਪਿੰਡ ਸਭਰਾਂ ਅਤੇ ਕੁੱਤੀਵਾਲਾ ਦੇ ਬੰਨ੍ਹ ਉੱਪਰ ਜਿਸ ਜਗ੍ਹਾ ਪਾਣੀ ਕਾਰਨ ਬੰਨ੍ਹ ਟੁੱਟਣ ਤੋਂ ਬਚਾਉਣ ਲਈ ਸੇਵਾਵਾਂ ਚੱਲ ਰਹੀਆਂ ਸਨ, ਵਿਖੇ ਲਾਇਆ। ਹੜ੍ਹ ਪੀੜਤ ਪਰਿਵਾਰ ਨੂੰ ਦਵਾਈਆਂ ਦਿੱਤੀਆਂ ਗਈਆਂ। ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਵੱਲੋ ਬੀਤੇ ਕਈ ਸਾਲਾਂ ਤੋਂ ਮੰਗ ਕੀਤੀ ਜਾ ਰਹੀ ਹੈ ਕਿ ਉਨ੍ਹਾਂ ਨੂੰ ਰਜਿਸਟਰਡ ਕੀਤਾ ਜਾਵੇ ਪਰ ਸਮੇਂ ਦੀਆਂ ਸਰਕਾਰਾਂ ਵੱਲੋਂ ਲਾਰਿਆਂ ਰਾਹੀਂ ਵੋਟਾਂ ਬਟੋਰ ਕੇ ਸੱਤਾ ਹਾਸਲ ਕੀਤੀ ਜਾਂਦੀ ਹੈ। ਇਨ੍ਹਾਂ ਦੀਆਂ ਮੰਗਾਂ ਵੱਲ ਕੋਈ ਧਿਆਨ ਨਹੀਂ ਦਿੱਤਾ। ਉਨ੍ਹਾਂ ਮਾਨ ਸਰਕਾਰ ਤੋਂ ਮੰਗ ਕੀਤੀ ਕਿ ਉਨ੍ਹਾਂ ਨੂੰ ਰਜਿਸਟਰਡ ਕੀਤਾ ਜਾਵੇ। ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਨਸ਼ੇ ਵੇਚਣ ਤੇ ਨਸ਼ੇ ਕਰਨ ਵਾਲਿਆਂ ਦੇ ਬਿਲਕੁਲ ਖਿਲਾਫ ਹੈ। ਨਸ਼ੇ ਖਤਮ ਕਰਨ ਲਈ ਸਰਕਾਰ ਤੇ ਪ੍ਰਸ਼ਾਸਨ ਨੂੰ ਪਹਿਲਾਂ ਵੀ ਸਹਿਯੋਗ ਕਰਦੇ ਰਹੇ ਤਾਂ ਅਗਾਂਹ ਵੀ ਇਸੇ ਤਰ੍ਹਾਂ ਸਹਿਯੋਗ ਕਰਦੇ ਰਹਿਣਗੇ। ਇਸ ਮੌਕੇ ਬਲਾਕ ਵਲਟੋਹਾ ਦੇ ਪ੍ਰਧਾਨ ਸੁਖਚੈਨ ਸਿੰਘ ਬੋਪਾਰਾਏ, ਬਲਾਕ ਪੱਟੀ ਦੇ ਪ੍ਰਧਾਨ ਜੈਮਲ ਸਿੰਘ ਸੈਦੋ, ਸੀਨੀਅਰ ਮੀਤ ਪ੍ਰਧਾਨ ਸ਼ਮਸ਼ੇਰ ਸਿੰਘ ਬਾਜਵਾ, ਪ੍ਰਤਾਪ ਸਿੰਘ ਸਭਰਾ, ਬਲਵਿੰਦਰ ਸਿੰਘ, ਸੁਖਵਿੰਦਰ ਸਿੰਘ ਬੱਬੂ, ਸਰਦਾਰਾ ਸਿੰਘ, ਬਲਵਿੰਦਰ ਸਿੰਘ ਕੋਟਲੀ, ਅਮਰਜੀਤ ਸਿੰਘ ਕੋਟਲੀ, ਰਣਜੀਤ ਸਿੰਘ ਜੱਲੋਕੇ, ਰਾਜਬੀਰ ਸਿੰਘ ਭੱਗੂਪੁਰ ਆਦਿ ਸਾਥੀਆਂ ਨੇ ਆਪਣੀਆਂ ਸੇਵਾਵਾਂ ਦਿੱਤੀਆਂ।

# ਖਾਲਸਾ ਗਰਲਜ਼ ਸੀਨੀਅਰ ਸੈਕੰਡਰੀ ਸਕੂਲ 'ਚ ਤੀਆਂ ਦੀਆਂ ਲੱਗੀਆਂ ਰੌਣਕਾਂ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਖਾਲਸਾ ਕਾਲਜ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਵਿਖੇ ਤੀਆਂ ਦਾ ਤਿਉਹਾਰ ਮਨਾਇਆ ਗਿਆ। ਸਕੂਲ ਪ੍ਰਿੰਸੀਪਲ ਪੁਨੀਤ ਕੌਰ ਨਾਗਪਾਲ ਦੀ ਅਗਵਾਈ ਹੇਠ ਆਯੋਜਿਤ ਇਸ ਮੇਲੇ 'ਚ ਵਿਦਿਆਰਥਣਾਂ ਨੇ ਉਤਸ਼ਾਹ ਵਿਖਾਉਂਦੇ ਹੋਏ ਵੱਖਰੀਆਂ-ਵੱਖਰੀਆਂ ਪੇਸ਼ਕਾਰੀਆਂ ਪ੍ਰਸਤੁਤ ਕੀਤੀਆਂ ਜਿਸ 'ਚ ਸ਼ਬਦ ਗਾਇਨ, ਗਿੱਧਾ, ਭੰਗੜਾ ਅਤੇ ਲੋਕ ਗੀਤ ਦੀ ਪੇਸ਼ਕਾਰੀ ਕੀਤੀ ਗਈ।

ਇਸ ਮੌਕੇ ਪ੍ਰਿੰ: ਸ੍ਰੀਮਤੀ ਨਾਗਪਾਲ ਨੇ ਤੀਆਂ ਦੇ ਤਿਉਹਾਰ ਬਾਰੇ ਸੰਬੋਧਨ ਕਰਦਿਆਂ ਜਾਣਕਾਰੀ ਦਿੱਤੀ ਕਿ ਇਹ ਤਿਉਹਾਰ ਆਪਸੀ ਮੇਲ-ਮਿਲਾਪ ਦਾ ਪ੍ਰਤੀਕ ਹੈ, ਜਿਸ 'ਚ ਨਵ-ਵਿਆਹੀਆਂ ਅਤੇ ਕੁਆਰੀਆਂ ਕੁੜੀਆਂ ਤ੍ਰਿੰਝਣ 'ਚ ਇੱਕ ਰੁੱਖ ਦੇ ਹੇਠਾਂ ਬੈਠ ਕੇ ਆਪਸੀ ਖੁਸ਼ੀ ਦਾ ਪ੍ਰਗਟਾਅ ਅਤੇ ਦੁੱਖ ਸੁੱਖ ਸਾਂਝੇ ਕਰਦੀਆਂ ਹਨ।

ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੇ ਪੰਜਾਬੀ ਵਿਰਸੇ ਨਾਲ ਜੁੜਨ ਅਤੇ ਇਸ ਨੂੰ ਸੰਭਾਲ ਕੇ ਰੱਖਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਪ੍ਰਿੰ: ਨਾਗਪਾਲ ਨੇ ਵਿਦਿਆਰਥੀਆਂ ਦੀ ਪ੍ਰਸ਼ੰਸ਼ਾ ਕੀਤੀ ਗਈ ਅਤੇ ਇਨ੍ਹਾਂ ਪੇਸ਼ਕਾਰੀਆਂ ਨੂੰ ਤਿਆਰ ਕਰਨ ਵਾਲੇ ਅਧਿਆਪਕਾਂ ਨੂੰ ਸਨਮਾਨਿਤ ਵੀ ਕੀਤਾ।

ਇਸ ਮੌਕੇ ਸਕੂਲ ਵੱਲੋਂ ਮਹਿੰਦੀ ਮੁਕਾਬਲਾ ਵੀ ਕਰਵਾਇਆ ਗਿਆ, ਜਿਸ 'ਚ ਸੋਨੀਆ ਨੇ ਪਹਿਲਾ, ਗੁਰਪ੍ਰੀਤ ਕੌਰ ਨੇ ਦੂਜਾ ਅਤੇ ਪ੍ਰਿਯੰਕਾ ਨੇ ਤੀਸਰਾ ਸਥਾਨ ਹਾਸਲ ਕੀਤਾ। ਇਸ ਦੌਰਾਨ ਪੰਜਾਬ ਦੀਆਂ ਪ੍ਰਸਿੱਧ ਲੋਕ ਖੇਡਾਂ ਕਰਵਾਉਣ ਦੇ ਨਾਲ-ਨਾਲ ਵੱਖ-ਵੱਖ ਤਰ੍ਹਾਂ ਦੇ ਸਟਾਲ ਵੀ ਲਗਵਾਏ ਗਏ।

# ਸ਼ਮਸ਼ੇਰ ਸਿੰਘ ਭਾਰਤੀ ਤਾਇਕਵਾਂਡੋ ਟੀਮ 'ਚ ਸ਼ਾਮਿਲ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਤਾਇਕਵਾਂਡੋ ਟੀਮ ਵਿੱਚ ਸ਼ਾਮਿਲ ਹੋ ਕੇ ਬਟਾਲਾ ਰੋਡ ਅੰਮ੍ਰਿਤਸਰ ਦੇ ਹੋਣਹਾਰ ਨੌਜਵਾਨ ਸ਼ਮਸ਼ੇਰ ਸਿੰਘ ਨੇ ਮਾਪਿਆਂ, ਆਪਣੇ ਸ਼ਹਿਰ ਅਤੇ ਪੰਜਾਬ ਦਾ ਨਾਂਅ ਪੂਰੇ ਦੇਸ਼ ਵਿਚ ਰੌਸ਼ਨ ਕੀਤਾ। ਸ਼ਮਸ਼ੇਰ ਸਿੰਘ ਪੁੱਤਰ ਅਵਤਾਰ ਸਿੰਘ ਵਾਸੀ ਬਟਾਲਾ ਰੋਡ ਅੰਮ੍ਰਿਤਸਰ ਜੋ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵਿਚ ਐੱਮਬੀਏ. ਫਾਈਨਲ ਦੀ ਪੜ੍ਹਾਈ ਕਰ ਰਿਹਾ ਹੈ, ਨੇ ਇਕ ਵਾਰ ਫਿਰ ਤੋਂ ਸਖ਼ਤ ਮਿਹਨਤ ਅਤੇ ਲਗਨ ਸਦਕਾ ਸਾਰੇ ਦੇਸ਼ ਦਾ ਸਿਰ ਉਸ ਵੇਲੇ ਉੱਚਾ ਕੀਤਾ ਜਦੋਂ ਇਹ ਨੌਜਵਾਨ ਚੀਨ ਦੇਸ਼ ਵਿਚ ਹੋਣ ਵਾਲੀਆਂ 'ਐੱਫਆਈਐੱਸਯੂ ਵਰਡ ਯੂਨੀਵਰਸਿਟੀ ਗੇਮਜ਼' ਵਿਚ ਭਾਰਤ ਤੋਂ ਜਾਣ ਵਾਲੀ ਟੀਮ ਲਈ ਚੁਣਿਆ ਗਿਆ। ਇਨ੍ਹਾਂ ਖੇਡਾਂ ਵਿਚ ਭਾਗ ਲੈਣ ਲਈ ਚੀਨ ਦੇਸ਼ ਲਈ ਰਵਾਨਾ ਹੋਣ ਤੋਂ ਪਹਿਲਾਂ ਇਸ ਸਬੰਧੀ ਸ਼ਮਸ਼ੇਰ ਸਿੰਘ ਨੇ ਦੱਸਿਆ ਕਿ ਮਿੰਨੀ ਉਲੰਪਿਕ ਵਜੋਂ ਜਾਣੇ ਜਾਂਦੇ ਇਨ੍ਹਾਂ ਮੁਕਾਬਲਿਆਂ ਵਿਚ ਦੁਨੀਆ ਭਰ ਦੀਆਂ ਯੂਨੀਵਰਸਿਟੀਆਂ ਤੋਂ ਵੱਖ-ਵੱਖ ਖੇਡਾਂ ਲਈ ਮੁਕਾਬਲੇ ਕਰਵਾਏ ਜਾਂਦੇ ਹਨ।

# ਫਤਿਆਬਾਦ ਵਿਖੇ ਸਕੂਲ 'ਚ ਊਧਮ ਸਿੰਘ ਦਾ ਸ਼ਹੀਦੀ ਦਿਹਾੜਾ ਮਨਾਇਆ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਇਲਾਕੇ ਦੀ ਨਾਮਵਰ ਵਿਦਿਅਕ ਸੰਸਥਾ ਸ੍ਰੀ ਗੁਰੂ ਅਮਰਦਾਸ ਪਬਲਿਕ ਸਕੂਲ ਫਤਿਆਬਾਦ ਵਿਖੇ 31 ਜੁਲਾਈ ਨੂੰ ਸ਼ਹੀਦ ਊਧਮ ਸਿੰਘ ਦਾ ਸ਼ਹੀਦੀ ਦਿਵਸ ਸਕੂਲ ਦੇ ਵਿਦਿਆਰਥੀਆਂ ਤੇ ਅਧਿਆਪਕਾਂ ਦੁਆਰਾ ਮਨਾਇਆ ਗਿਆ। ਸਕੂਲ ਦੇ ਵਿਦਿਆਰਥੀਆਂ ਵੱਲੋਂ ਦੇਸ਼ ਦੇ ਸ਼ਹੀਦਾਂ ਬਾਰੇ ਕਵਿਤਾਵਾਂ ਪੜ੍ਹੀਆਂ ਗਈਆਂ। ਅਧਿਆਪਕਾਂ ਦੁਆਰਾ ਵੀ ਸ਼ਹੀਦ ਊਧਮ ਸਿੰਘ ਦੀ ਜੀਵਨੀ ਬਾਰੇ ਦੱਸਿਆ ਗਿਆ। ਸੰਸਥਾ ਦੇ ਐਮ. ਡੀ. ਸੁਰਜੀਤ ਸਿੰਘ ਭਰੋਵਾਲ ਨੇ ਆਪਣੇ ਸੰਬੋਧਨ ਵਿੱਚ ਦੱਸਿਆ ਕਿ ਸ਼ਹੀਦ ਊਧਮ ਸਿੰਘ ਦਾ ਜਨਮ 26 ਦਸੰਬਰ 1899 ਈਸਵੀ ਨੂੰ ਸੁਨਾਮ ਜ਼ਿਲ੍ਹਾ ਸੰਗਰੂਰ ਵਿਖੇ ਪਿਤਾ ਸਰਦਾਰ ਟਹਿਲ ਸਿੰਘ ਤੇ ਮਾਤਾ ਹਰਨਾਮ ਕੌਰ ਦੀ ਕੁੱਖੋਂ ਹੋਇਆ। 13 ਅਪ੍ਰੈਲ 1919 ਨੂੰ ਵਿਸਾਖੀ ਵਾਲੇ ਦਿਨ ਜਨਰਲ ਡਾਇਰ ਵਲੋਂ ਭਾਰਤੀ ਲੋਕਾਂ 'ਤੇ ਗੋਲੀਆਂ ਚਲਾਈਆਂ ਗਈਆਂ। ਊਧਮ ਸਿੰਘ ਨੇ ਲੰਡਨ ਵਿੱਚ ਜਾ ਕੇ ਜਨਰਲ ਡਾਇਰ ਨੂੰ ਮਾਰ ਕੇ ਬਦਲਾ ਲਿਆ। ਅੰਤ 31 ਜੁਲਾਈ 1940 ਨੂੰ ਸ਼ਹੀਦ ਊਧਮ ਸਿੰਘ ਨੂੰ ਲੰਡਨ ਵਿਖੇ ਫਾਂਸੀ ਦੇ ਦਿੱਤੀ ਗਈ। ਸਾਨੂੰ ਸਾਰਿਆਂ ਨੂੰ ਦੇਸ਼ ਦੇ ਸ਼ਹੀਦਾਂ ਦੀਆਂ ਕੁਰਬਾਨੀਆਂ ਯਾਦ ਰੱਖਣੀਆਂ ਚਾਹੀਦੀਆਂ ਹਨ।

# ਹੜ੍ਹਾਂ ਦੀ ਮਾਰ ਹੇਠ ਆਏ ਲੋਕਾਂ ਦੀ ਸਹਾਇਤਾ



ਬੁਤਾਲਾ (ਨਿਰਮਲ ਸਿੰਘ ਸੰਘਾ)-ਬੀਤੇ ਦਿਨੀਂ ਭਾਰੀ ਬਾਰਿਸ਼ ਕਾਰਨ ਪੂਰਾ ਪੰਜਾਬ ਹੜ੍ਹਾਂ ਦੀ ਮਾਰ ਹੇਠ ਆ ਗਿਆ ਸੀ ਜਿਸ ਨਾਲ ਲੋਕਾਂ ਦਾ ਭਾਰੀ ਜਾਨੀ ਤੇ ਮਾਲੀ ਨੁਕਸਾਨ ਹੋਇਆ। ਇਸ ਦੌਰਾਨ ਬਾਬਾ ਬਕਾਲਾ ਸਬ ਡਵੀਜ਼ਨ ਦੇ ਪਿੰਡ ਬੁਤਾਲਾ ਦੀ ਸਮੂਹ ਸਾਧ ਸੰਗਤ ਵੱਲੋਂ ਸਰਪੰਚ ਸਵਿੰਦਰ ਸਿੰਘ, ਚੇਅਰਮੈਨ ਬਲਵਿੰਦਰ ਸਿੰਘ ਬਾਬਾ ਪੱਲ੍ਹਾ ਸਪੋਰਟਸ ਕਲੱਬ, ਪ੍ਰਭਜੋਤ ਸਿੰਘ, ਬਲਵਿੰਦਰ ਸਿੰਘ, ਹਰਪਾਲ ਸਿੰਘ, ਪ੍ਰਭਜੀਤ ਸਿੰਘ, ਦਲਬੀਰ ਸਿੰਘ, ਸੂਬੇਦਾਰ ਗੁਰਨਾਮ ਸਿੰਘ, ਬਲਵਿੰਦਰ ਸਿੰਘ ਰਸਾਲਦਾਰ, ਮਨਦੀਪ ਸਿੰਘ ਅਤੇ ਹੋਰ ਸਮਾਜ ਸੇਵੀ ਸ਼ਖ਼ਸੀਅਤਾਂ ਦੀ ਅਗਵਾਈ ਹੇਠ ਹੜ੍ਹ ਪੀੜਤਾਂ ਦੀ ਮਦਦ ਵਾਸਤੇ ਇੱਕ ਕਮੇਟੀ ਬਣਾਈ ਗਈ, ਜੋ ਕਿ ਹੜ੍ਹਾਂ ਦੀ ਮਾਰ ਹੇਠ ਆਏ ਪਿੰਡਾਂ ਦੇ ਅੰਦਰ ਜਾ ਕੇ ਉਨ੍ਹਾਂ ਦੀ ਮਦਦ ਕਰ ਸਕੇ। ਇਸ ਕਮੇਟੀ ਵੱਲੋਂ ਹੜ੍ਹ ਪੀੜਤਾਂ ਨੂੰ ਇੱਕ ਲੱਖ ਰੁਪਏ ਦੀ ਨਗਦ ਰਾਸ਼ੀ ਭੇਟ ਕੀਤੀ ਗਈ।

# ਮੁਹੰਮਦ ਰਫੀ ਦੀ ਸਾਲਾਨਾ ਬਰਸੀ ਮੌਕੇ ਲਗਾਇਆ ਮੈਡੀਕਲ ਚੈਕਅੱਪ ਕੈਂਪ



ਮਜੀਠਾ (ਸੋਇਮ ਆਨੰਦ)-ਪ੍ਰਸਿੱਧ ਗਾਇਕ ਮੁਹੰਮਦ ਰਫੀ ਦੀ ਸਾਲਾਨਾ ਬਰਸੀ ਉਨਾਂ ਦੇ ਜੱਦੀ ਪਿੰਡ ਕੋਟਲਾ ਸੁਲਤਾਨ ਸਿੰਘ ਵਿਖੇ ਸ੍ਰੀ ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਕੂਲ ਪ੍ਰਿੰਸੀਪਲ ਵਿਨੋਦ ਸ਼ਰਮਾ ਦੀ ਅਗਵਾਈ ਹੇਠ ਬੜੇ ਉਤਸ਼ਾਹ ਨਾਲ ਮਨਾਈ ਗਈ ਜਿਸ ਵਿੱਚ ਐਸਡੀਐੱਮ ਮਜੀਠਾ ਡਾ. ਹਰਨੂਰ ਕੌਰ ਢਿੱਲੋਂ ਬਤੌਰ ਮੁੱਖ ਮਹਿਮਾਨ ਅਤੇ ਜਥੇਦਾਰ ਸੰਤੋਖ ਸਿੰਘ ਸਮਰਾ ਵਿਸ਼ੇਸ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਮੌਕੇ ਸਕੂਲ ਦੀ ਗਰਾਊਂਡ ਵਿੱਚ ਲੱਗੇ ਮੁਹੰਮਦ ਰਫੀ ਦੇ ਬੁੱਤ 'ਤੇ ਫੁੱਲ ਮਾਲਾਵਾਂ ਚੜ੍ਹਾ ਕੇ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਯੂ ਐੱਨ ਇੰਟਰਟੇਨਮੈਂਟ ਸੁਸਾਇਟੀ ਰਜਿ: ਵੱਲੋਂ ਗਾਇਕ ਹਰਿੰਦਰ ਸੋਹਲ ਦੀ ਅਗਵਾਈ ਵਿੱਚ ਟੀਮ ਵੱਲੋਂ ਮੁਹੰਮਦ ਰਫੀ ਦੇ ਗਾਏ ਹੋਏ ਗੀਤ ਗਾ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਇਸ ਮੌਕੇ ਬੀਬੀ ਕੌਲਾਂ ਜੀ ਹਸਪਤਾਲ, ਕੇ. ਵਾਈ. ਬੀ. ਡਾਇਗਨੋਸਟਿਕ ਬਲੱਡ ਬੈਂਕ ਅੰਮ੍ਰਿਤਸਰ ਵੱਲੋਂ ਵਿਸ਼ਾਲ ਮੈਡੀਕਲ ਕੈਂਪ ਅਤੇ ਖੂਨਦਾਨ ਬੈਂਕ ਤੇ ਅੱਖਾਂ ਦਾ ਕੈਂਪ ਲਗਾਇਆ ਗਿਆ ਜਿਸ ਵਿੱਚ 50 ਦੇ ਕਰੀਬ ਮਰੀਜ਼ਾਂ ਦਾ ਡਾਕਟਰੀ ਚੈਕਅੱਪ ਕੀਤਾ ਗਿਆ ਅਤੇ ਲੋਕਾਂ ਵੱਲੋਂ ਖੂਨਦਾਨ ਕੀਤਾ ਗਿਆ। ਇਸ ਮੌਕੇ ਐੱਸਡੀਐੱਮ ਡਾ. ਹਰਨੂੰਰ ਕੌਰ ਢਿੱਲੋਂ ਨੇ ਮਰੀਜ਼ਾਂ ਦਾ ਬੀਪੀ ਚੈਕ ਕੀਤਾ। ਡਾ. ਢਿੱਲੋਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿੱਚ ਜੋ ਰਿਹਾਇਸ਼ੀ ਕਮਰੇ ਖਾਲੀ ਪਏ ਹਨ ਉਨ੍ਹਾਂ ਨੂੰ ਕਿਸੇ ਨਾ ਕਿਸੇ ਤਰੀਕੇ ਨਾਲ ਵਰਤੋਂ ਵਿੱਚ ਲਿਆਂਦਾ ਜਾਵੇ ਜਿਥੇ ਮੁਹੰਮਦ ਰਫੀ ਦੀ ਯਾਦ ਵਿੱਚ ਡਾਕਟਰੀ ਸਹਾਇਤਾ, ਮਿਊਜ਼ਿਕ ਕਲਾਸਾਂ ਲਗਾਈਆ ਜਾਣ। ਇਸ ਮੌਕੇ ਜਥੇ ਸੰਤੋਖ ਸਿੰਘ ਸਮਰਾ ਨੇ ਕਿਹਾ ਕਿ ਇਹ ਸਾਡੇ ਪਿੰਡ ਕੋਟਲਾ ਸੁਲਤਾਨ ਸਿੰਘ ਵਾਸੀਆਂ ਲਈ ਬੜੇ ਮਾਣ ਵਾਲੀ ਗੱਲ ਹੈ ਕਿ ਮੁਹੰਮਦ ਰਫੀ ਨੇ ਆਪਣੇ ਬਚਪਨ ਦੇ ਦਿਨ ਇਸ ਪਿੰਡ ਵਿੱਚ ਬਿਤਾਏ ਅਤੇ ਮੁੱਢਲੀ ਸਿੱਖਿਆ ਇਸ ਪਿੰਡ ਦੇ ਸਕੂਲ ਤੋਂ ਪ੍ਰਾਪਤ ਕਰਕੇ ਪੂਰੇ ਵਿਸ਼ਵ ਵਿੱਚ ਗਾਇਕੀ ਦੇ ਖੇਤਰ 'ਚ ਪਿੰਡ ਦਾ ਨਾਮ ਰੌਸ਼ਨ ਕੀਤਾ। ਉਨ੍ਹਾਂ ਕਿਹਾ ਕਿ ਮੁਹੰਮਦ ਰਫੀ ਦੇ ਦਿਹਾੜੇ ਰਹਿੰਦੀ ਦੁਨੀਆਂ ਤੱਕ ਮਨਾਏ ਜਾਂਦੇ ਰਹਿਣਗੇ। ਇਸ ਮੌਕੇ ਪ੍ਰਿੰਸੀਪਲ ਵਿਨੋਦ ਸ਼ਰਮਾ ਨੇ ਆਏ ਮਹਿਮਾਨਾਂ ਤੇ ਪਤਵੰਤਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਐੱਸਡੀਐੱਮ ਮਜੀਠਾ ਡਾ. ਹਰਨੂਰ ਕੌਰ ਢਿੱਲੋਂ ਨਾਲ ਜਥੇਦਾਰ ਸੰਤੋਖ ਸਿੰਘ ਸਮਰਾ, ਤਹਿਸੀਲਦਾਰ ਰਤਨਜੀਤ ਖੁੱਲਰ, ਪ੍ਰਿੰ. ਵਿਨੋਦ ਸ਼ਰਮਾ, ਪੰਜਾਬੀ ਗਾਇਕ ਹਰਿੰਦਰ ਸੋਹਲ, ਡਾ. ਅਮਰਬੀਰ ਸਿੰਘ, ਡਾ. ਪ੍ਰਦੀਪ ਸਿੰਘ, ਡਾ. ਹਰਪ੍ਰੀਤ ਸਿੰਘ, ਡਾ. ਅੰਮਿਤ, ਡਾ. ਸੈਣੀ, ਡਾ. ਜਸਵਿੰਦਰ ਸਿੰਘ ਬੇਦੀ, ਅਮਰਿੰਦਰ ਸਿੰਘ, ਡਾ. ਰਘਬੀਰ ਸਿੰਘ ਡਿਪਟੀ ਡਾਇਰੈਕਟਰ, ਡਾ: ਬਿਕਰਮਜੀਤ ਸਿੰਘ ਗਿੱਲ, ਮਨਪਰੀਤ ਸੋਹਲ, ਸ਼ਿਵ ਕੁਮਾਰ, ਸੁਖਵੰਤ ਸਿੰਘ, ਸਾਵਨਜੀਤ ਵੇਰਕਾ, ਮਨਜੀਤ ਸਿੰਘ, ਤਲਵਿੰਦਰ ਸਿੰਘ, ਵਿਨੇ, ਕਾਲੇ ਰਾਮ, ਗੁਰਬੀਰ ਸਿੰਘ ਸਮਰਾ, ਰਕੇਸ਼ ਚੌਹਾਨ, ਕਸ਼ਮੀਰ ਸਿੰਘ, ਹਰਪ੍ਰੀਤ ਸਿੰਘ, ਦੀਪਕ, ਰੀਡਰ ਵਰਿੰਦਰ ਭਾਟੀਆ, ਹਰਪਰੀਤ ਸਿੰਘ ਬਲਮਾਲੀ ਕਾਂਤ, ਧਰਮਬੀਰ, ਡਾ. ਜਗਦੀਸ ਕਟਾਰੀਆ ਸਮੇਤ ਵੱਡੀ ਗਿਣਤੀ ਵਿੱਚ ਸਰੋਤੇ ਹਾਜ਼ਰ ਸਨ।

# ਸੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ 'ਚ ਇੰਟਰਨੈਸ਼ਨਲ ਟਾਇਗਰ ਡੇ ਮਨਾਇਆ

ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)-ਸੇਂਟ ਸੋਲਜਰ ਇਲੀਟ ਸਕੂਲ ਵਿੱਚ ਇੰਟਰਨੈਸ਼ਨਲ ਟਾਇਗਰ ਡੇ ਮਨਾਇਆ ਗਿਆ , ਜਿਸ ਵਿੱਚ ਕਿੰਡਰਗਾਰਡਨ ਦੇ ਪਲੇਅ ਪੈੱਨ ਤੋਂ ਲੈ ਕੇ ਦੂਸਰੀ ਕਲਾਸ ਤੱਕ ਦੇ ਬੱਚਿਆਂ ਨੇ ਭਾਗ ਲਿਆ। ਇਸ ਫੰਕਸ਼ਨ ਵਿੱਚ ਛੋਟੇ- ਛੋਟੇ ਬੱਚੇ ਟਾਇਗਰ ਦੀ ਡਰੈੱਸ ਵਿੱਚ ਬਹੁਤ ਸੋਹਣੇ ਲੱਗ ਰਹੇ ਸਨ। ਇਸ ਫੰਕਸ਼ਨ ਵਿੱਚ ਬੱਚਿਆਂ ਨੇ ਮੋਗਲੀ ਦੀ ਡਰੈੱਸ ਪਾ ਕੇ ਵੀ ਭਾਗ ਲਿਆ। ਇਸ ਦੇ ਨਾਲ ਹੀ ਬੱਚਿਆਂ ਨੇ ਵੱਖ ਵੱਖ ਜਾਨਵਰਾਂ ਅਤੇ ਪੰਛੀਆਂ ਦੀਆਂ ਡਰੈੱਸ ਪਾ ਕੇ ਓਹਨਾ ਪ੍ਰਤੀ ਆਪਣਾ ਪਿਆਰ ਦਰਸਾਇਆ। ਛੋਟੇ ਛੋਟੇ ਬੱਚਿਆਂ ਨੇ ਇੱਕ ਨਾਟਕ ਰਾਹੀਂ ਜਾਨਵਰਾਂ ਨੂੰ ਪਿਆਰ ਕਰਨ ਤੇ ਵਾਤਾਵਰਣ ਨੂੰ ਬਚਾਉਣ ਲਈ ਦਰੱਖਤ ਨਾ ਕੱਟਣ ਦਾ ਸ਼ਾਨਦਾਰ ਸੁਨੇਹਾ ਦਿੱਤਾ। ਬੱਚਿਆਂ ਨੇ ਨਾਟਕ ਰਾਹੀਂ ਜ਼ਿਆਦਾ ਤੋਂ ਜ਼ਿਆਦਾ ਰੁੱਖ ਲਗਾ ਕੇ ਵਾਤਾਵਰਣ ਨੂੰ ਬਚਾਉਣ ਦਾ ਸੁਨੇਹਾ ਦਿੱਤਾ। ਇਸ ਫੰਕਸ਼ਨ ਵਿਚ ਵਿਸ਼ੇਸ਼ ਮਹਿਮਾਨ ਦੇ ਤੌਰ ਤੇ ਪ੍ਰਮੋਦ ਭਾਟੀਆ ਚੇਅਰਮੈਨ ਸਪੋਰਟਸ ਸੈੱਲ ਅਤੇ ਪੰਕਜ ਪ੍ਰੀਤਿ (ਡਾਂਸ ਅਕੈਡਮੀ) ਸ਼ਾਮਿਲ ਹੋਏ। ਇਸ ਮੌਕੇ ਸਕੂਲ ਦੇ ਐਮਡੀ ਡਾ. ਮੰਗਲ ਸਿੰਘ ਕਿਸ਼ਨਪੁਰੀ ਅਤੇ ਪ੍ਰਿੰਸੀਪਲ ਅਮਰਪ੍ਰੀਤ ਕੌਰ ਬੱਚਿਆਂ ਦੀ ਇਸ ਪ੍ਰਤਿਭਾ ਤੋਂ ਬਹੁਤ ਖੁਸ਼ ਹੋਏ ਤੇ ਉਨ੍ਹਾਂ ਬੱਚਿਆਂ ਤੇ ਉਨ੍ਹਾਂ ਦੇ ਆਧਿਆਪਕਾਂ ਨੂੰ ਸ਼ਾਬਾਸ਼ੀ ਦਿੱਤੀ। ਇਸ ਮੌਕੇ ਸਕੂਲ ਦੇ ਵਾਇਸ ਪ੍ਰਿੰਸੀਪਲ ਗੁਰਪ੍ਰੀਤ ਕੌਰ, ਕੋਆਰਡੀਨੇਟਰ ਸ਼ਿਲਪਾ ਸ਼ਰਮਾ, ਨੀਲਾਕਸੀ ਗੁਪਤਾ ਸਮੂਹ ਸਟਾਫ ਤੇ ਬੱਚੇ ਹਾਜ਼ਰ ਸਨ।



# ਨਿਊਯਾਰਕ ਪੁਲਸ 'ਚ ਸਿੱਖਾਂ ਨੂੰ ਦਾੜ੍ਹੀ ਕੱਟਣ ਲਈ ਮਜਬੂਰ ਕਰਨ ਦੀ ਸ਼੍ਰੋਮਣੀ ਕਮੇਟੀ ਨੇ ਕੀਤੀ ਨਿੰਦਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ) ਅਮਰੀਕਾ ਦੇ ਨਿਊਯਾਰਕ ਅੰਦਰ ਪੁਲਿਸ ਵਿਚ ਡਿਊਟੀ ਨਿਭਾਉਂਦੇ ਇਕ ਸਿੱਖ ਨੌਜੁਆਨ ਨੂੰ ਦਾੜ੍ਹੀ ਵਧਾਉਣ ਤੋਂ ਰੋਕਣਾ ਬੇਹੱਦ ਮੰਦਭਾਗਾ ਹੈ। ਇਹ ਸਿੱਖਾਂ ਦੀ ਧਾਰਮਿਕ ਅਜ਼ਾਦੀ 'ਤੇ ਸਿੱਧਾ ਹਮਲਾ ਹੈ, ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਇਹ ਪ੍ਰਗਟਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਸਕੱਤਰ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਕਿਹਾ ਕਿ ਅਮਰੀਕਾ ਦੇਸ਼ ਦੇ ਵਿਕਾਸ ਵਿਚ ਸਿੱਖਾਂ ਦਾ ਵੱਡਾ ਯੋਗਦਾਨ ਹੈ, ਪਰ ਦੁੱਖ ਦੀ ਗੱਲ ਹੈ ਕਿ ਇਸ ਨੂੰ ਅੱਖੋਂ ਪਰੋਖੇ ਕਰਕੇ ਸਿੱਖਾਂ ਦੇ ਧਾਰਮਿਕ ਅਧਿਕਾਰਾਂ ਦਾ ਉਲੰਘਣ ਕੀਤਾ ਜਾ ਰਿਹਾ ਹੈ। ਅਮਰੀਕਾ ਵਰਗੇ ਦੇਸ਼ ਜਿਸ ਨੂੰ ਸਿੱਖਾਂ ਦੀ ਪਛਾਣ, ਮਰਯਾਦਾ, ਰਵਾਇਤਾਂ, ਪ੍ਰੰਪਰਾਵਾਂ ਬਾਰੇ ਸਮਝ ਹੈ, ਉਸ ਵੱਲੋਂ ਅਜਿਹਾ ਨਿਯਮ ਹੈਰਾਨੀਜਨਕ ਹੈ। ਸਿੱਖਾਂ ਲਈ ਕੇਸਾਂ ਦਾ ਵੱਡਾ ਮਹੱਤਵ ਹੈ, ਜਿਸ ਨੂੰ ਸਿੱਖ ਜਾਨ ਤੋਂ ਵੱਧ ਪਿਆਰ ਕਰਦੇ ਹਨ। ਇਸ ਮਾਮਲੇ 'ਤੇ ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਨੂੰ ਕਾਰਵਾਈ ਕਰਨੀ ਚਾਹੀਦੀ ਹੈ ਅਤੇ ਕੂਟਨੀਤਕ ਪੱਧਰ 'ਤੇ ਅਮਰੀਕਾ ਸਰਕਾਰ ਪਾਸ ਸਿੱਖਾਂ ਦੀਆਂ ਭਾਵਨਾਵਾਂ ਦੀ ਤਰਜਮਾਨੀ ਕਰਨੀ ਚਾਹੀਦੀ ਹੈ। ਇਸੇ ਦੌਰਾਨ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਯੂਕੇ 'ਚ ਭਾਈ ਅਵਤਾਰ ਸਿੰਘ ਖੰਡਾ ਦੀ ਅੰਤਮ ਰਸਮਾਂ ਮੌਕੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਵੀਜ਼ਾ ਨਾ ਦੇਣ ਦੀ ਵੀ ਨਿਖੇਧੀ ਕਰਦਿਆ ਕਿਹਾ ਕਿ ਇਹ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੈ। ਯੂ ਕੇ ਸਰਕਾਰ ਨੂੰ ਚਾਹੀਦਾ ਹੈ ਕਿ ਇਸ ਦੁਖਤ ਸਮੇਂ 'ਤੇ ਪਰਿਵਾਰ ਦੀਆਂ ਭਾਵਨਾਵਾਂ ਨੂੰ ਸਮਝੇ।

# ਸਰਸਵਤੀ ਵਿੱਦਿਆ ਮੰਦਿਰ ਸਕੂਲ ਵਿਖੇ ਸ਼ਹੀਦ ਊਧਮ ਸਿੰਘ ਨੂੰ ਸ਼ਰਧਾਂਜਲੀ ਭੇਟ



ਫਤਿਹਗੜ੍ਹ ਚੂੜੀਆਂ, (ਜਸਦੇਵ ਸਿੰਘ ਮਾਨ)-ਕਸਬਾ ਫਤਿਹਗੜ੍ਹ ਚੂੜੀਆਂ ਰੇਲਵੇ ਰੋਡ ਤੇ ਸਥਿਤ ਸਰਸਵਤੀ ਵਿੱਦਿਆ ਮੰਦਿਰ ਸਕੂਲ ਵਿਖੇ ਸਰਦਾਰ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਤੇ ਪ੍ਰਿੰਸੀਪਲ ਕਰਨ ਸ਼ਰਮਾ, ਸਮੂਹ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਪ੍ਰਿੰਸੀਪਲ ਕਰਨ ਸ਼ਰਮਾ ਵੱਲੋਂ ਸ਼ਹੀਦ ਊਧਮ ਸਿੰਘ ਦੀ ਫੋਟੋ 'ਤੇ ਫੁੱਲਮਾਲਾ ਭੇਟ ਕੀਤੀ ਗਈ ਅਤੇ ਵਿਦਿਆਰਥੀਆ ਨੂੰ ਸ਼ਹੀਦ ਊਧਮ ਸਿੰਘ ਵੱਲੋਂ ਦੇਸ਼ ਲਈ ਕੀਤੀ ਕੁਰਬਾਨੀ ਦੇ ਇਤਿਹਾਸ ਬਾਰੇ ਜਾਣੂ ਕਰਵਾਇਆ ਅਤੇ ਉਨ੍ਹਾਂ ਦੀ ਸ਼ਹਾਦਤ ਨੂੰ ਕੋਟਿਨ ਕੋਟਿ ਪ੍ਰਣਾਮ ਕੀਤਾ ਗਿਆ। ਇਸ ਮੌਕੇ ਅੰਮ੍ਰਿਤਾ ਸ਼ਰਮਾ, ਮਮਤਾ ਸ਼ਰਮਾ, ਰੀਤੂ ਸ਼ਰਮਾ, ਅਮਨਦੀਪ ਕੌਰ, ਰੁਪਿੰਦਰ ਕੌਰ, ਇੰਦਰਜੀਤ ਕੌਰ, ਪ੍ਰਭਜੀਤ ਕੌਰ ਅਤੇ ਸੁਮੇਧਾ ਆਦਿ ਸਟਾਫ ਮੈਂਬਰ ਹਾਜ਼ਰ ਸਨ।

# ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਨੇ 9ਵਾਂ ਫ੍ਰੀ ਸਿਲਾਈ ਸੈਂਟਰ ਖੋਲ੍ਹਿਆ



ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਪਿੰਡ ਚੀਮਾ ਕਲਾਂ ਵਿਖੇ ਫ੍ਰੀ ਸਿਲਾਈ ਸੈਂਟਰ ਦੀ ਸ਼ੁਰੂਆਤ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਐਗਜ਼ੀਕਿਊਟਿਵ ਮੈਂਬਰ ਜਸਵਿੰਦਰ ਕੌਰ ਧੁੰਨਾ ਨੇ ਦੱਸਿਆ ਕਿ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਬਾਨੀ ਚੇਅਰਮੈਨ ਐਸ. ਪੀ. ਸਿੰਘ ਓਬਰਾਏ ਵੱਲੋਂ ਨੌਜਵਾਨ ਪੀੜ੍ਹੀ ਨੂੰ ਹੁਨਰਮੰਦ ਕਰਨ ਦੇ ਮਕਸਦ ਨਾਲ ਪੰਜਾਬ ਭਰ ਵਿੱਚ ਫ੍ਰੀ ਸਕਿੱਲ ਸੈਂਟਰ ਖੋਲ੍ਹੇ ਗਏ ਹਨ ਜਿਸ ਵਿੱਚ ਸਿਖਿਆਰਥੀਆਂ ਨੂੰ ਫ੍ਰੀ ਸਿੱਖਿਆ ਦਿੱਤੀ ਜਾਂਦੀ ਹੈ। ਇਸੇ ਲੜੀ ਤਹਿਤ ਤਰਨਤਾਰਨ ਜ਼ਿਲ੍ਹੇ 'ਚ 8 ਸਿਖਲਾਈ ਸੈਂਟਰ ਚਲਾਏ ਜਾ ਰਹੇ ਹਨ। ਹੁਣ 9ਵੇਂ ਸਿਲਾਈ ਸੈਂਟਰ ਦੀ ਸ਼ੁਰੂਆਤ ਪਿੰਡ ਚੀਮਾ ਕਲਾਂ ਵਿਖੇ ਕੀਤੀ ਗਈ ਹੈ। ਇਸ ਕੋਰਸ ਤਹਿਤ ਵਿਦਿਆਰਥੀਆਂ ਨੂੰ ਫ੍ਰੀ ਸਿਲਾਈ ਦੀ ਸਿੱਖਿਆ ਦਿੱਤੀ ਜਾਵੇਗੀ ਅਤੇ 6 ਮਹੀਨੇ ਦਾ ਕੋਰਸ ਕਰਨ ਉਪਰੰਤ ਭਾਰਤ ਸਰਕਾਰ ਵੱਲੋਂ ਮਾਨਤਾ ਪ੍ਰਾਪਤ ਸਰਟੀਫਿਕੇਟ ਦਿੱਤੇ ਜਾਣਗੇ। ਇਸ ਮੌਕੇ ਪਿੰਡ ਚੀਮਾ ਕਲਾਂ ਦੇ ਸਰਪੰਚ ਬਲਵਿੰਦਰ ਸਿੰਘ ਨੇ ਕਿਹਾ ਕਿ ਸਾਡੇ ਪਿੰਡ ਵਿੱਚ ਕੋਈ ਸਿਲਾਈ ਸੈਂਟਰ ਨਹੀਂ ਹੈ। ਅਸੀਂ ਸਮੂਹ ਪਿੰਡ ਵੱਲੋਂ ਡਾਕਟਰ ਓਬਰਾਏ ਦਾ ਦਿਲੋਂ ਧੰਨਵਾਦ ਕਰਦੇ ਹਾਂ ਜਿਨ੍ਹਾਂ ਦੇ ਯਤਨਾਂ ਸਦਕਾ ਸਾਡੇ ਪਿੰਡ ਦੀਆਂ ਲੜਕੀਆਂ ਨੂੰ ਫ੍ਰੀ ਵਿੱਚ ਸਿਲਾਈ ਦੀ ਸਿੱਖਿਆ ਮਿਲੇਗੀ। ਇਸ ਮੌਕੇ ਸਿਲਾਈ ਅਧਿਆਪਕ ਲਵਪ੍ਰੀਤ ਕੌਰ ਨੇ ਦੱਸਿਆ ਕਿ ਇਸ ਸਿਲਾਈ ਸੈਂਟਰ ਵਿੱਚ 40 ਸਿਖਿਆਰਥੀਆਂ ਵੱਲੋਂ ਰਜਿਸਟ੍ਰੇਸ਼ਨ ਕਰਵਾਈ ਗਈ ਹੈ। ਅੱਜ ਤੋਂ ਸਿਲਾਈ ਸਿੱਖਿਆ ਆਰੰਭ ਕਰ ਦਿੱਤੀ ਗਈ ਹੈ। ਇਸ ਮੌਕੇ ਐਗਜ਼ੀਕਿਊਟਿਵ ਮੈਂਬਰ ਸਤਨਾਮ ਸਿੰਘ, ਬਾਬਾ ਗੁਰਵਿੰਦਰ ਸਿੰਘ, ਮੈਂਬਰ ਹਰਦੇਵ ਸਿੰਘ, ਕੁਲਬੀਰ ਸਿੰਘ ਅਤੇ ਸਿਖਿਆਰਥੀ ਹਾਜ਼ਰ ਸਨ।

# ਹੜ੍ਹਾਂ ਕਾਰਨ ਪ੍ਰਭਾਵਿਤ ਫਸਲ ਦੇ ਮੁਆਵਜ਼ੇ ਲਈ ਦਿੱਤਾ ਮੰਗ ਪੱਤਰ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਬਲਾਕ ਦੀਨਾਨਗਰ ਅਤੇ ਦੋਰਾਂਗਲਾ ਦੇ ਵਰਕਰਾਂ ਨੇ ਐੱਸਡੀਐੱਮ ਦੀਨਾਨਗਰ ਰਾਹੀਂ ਪੰਜਾਬ ਸਰਕਾਰ ਨੂੰ ਮੰਗ ਪੱਤਰ ਭੇਜ ਕੇ ਹੜ੍ਹਾਂ ਕਾਰਨ ਪ੍ਰਭਾਵਿਤ ਹੋਈ ਫਸਲ ਦਾ ਮੁਆਵਜ਼ਾ ਦੇਣ ਦੀ ਮੰਗ ਕੀਤੀ ਹੈ। ਬੁਲਾਰਿਆਂ ਨੇ ਕਿਹਾ ਕਿ ਪੰਜਾਬ ਵਿੱਚ ਆਏ ਭਿਆਨਕ ਹੜ੍ਹਾਂ ਕਾਰਨ ਪੂਰੇ ਸੂਬੇ ਵਿੱਚ ਤਬਾਹੀ ਹੋਈ ਹੈ। ਇਸ ਸਾਰੇ ਨੁਕਸਾਨ ਦੀ ਭਰਪਾਈ ਲਈ ਸਰਕਾਰ ਨੂੰ ਤੁਰੰਤ ਰਾਹਤ ਪ੍ਰਦਾਨ ਕਰਨੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਕਰੀਬ 5 ਲੱਖ ਏਕੜ ਵਿੱਚ ਫਸਲ ਪੂਰੀ ਤਰ੍ਹਾਂ ਤਬਾਹ ਹੋ ਗਈ ਹੈ। ਸਰਕਾਰ ਪੀੜਤ ਕਿਸਾਨਾਂ ਨੂੰ ਘੱਟੋ-ਘੱਟ 50 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਦੇਵੇ। ਜਿਨ੍ਹਾਂ ਦੇ ਘਰ ਨੁਕਸਾਨੇ ਗਏ ਹਨ, ਉਨ੍ਹਾਂ ਨੂੰ 5 ਲੱਖ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਵੇ। ਜ਼ਖ਼ਮੀਆਂ ਨੂੰ 5 ਲੱਖ ਪ੍ਰਤੀ ਵਿਅਕਤੀ ਅਤੇ ਜਿਨ੍ਹਾਂ ਦੇ ਪਰਿਵਾਰਕ ਮੈਂਬਰਾਂ ਦੀ ਮੌਤ ਹੋ ਗਈ ਹੈ, ਉਨ੍ਹਾਂ ਨੂੰ ਪ੍ਰਤੀ ਵਿਅਕਤੀ 10 ਲੱਖ ਰੁਪਏ ਦਿੱਤੇ ਜਾਣਗੇ। ਜਿਨ੍ਹਾਂ ਦੁਕਾਨਦਾਰਾਂ ਦਾ ਭਾਰੀ ਨੁਕਸਾਨ ਹੋਇਆ ਹੈ, ਉਨ੍ਹਾਂ ਨੂੰ 2 ਲੱਖ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਵੇ। ਇਸ ਆਫਤ ਵਿੱਚ ਜਿਸ ਪਸ਼ੂ ਦੀ ਮੌਤ ਹੋਈ ਹੈ ਉਸ ਦੇ ਮਾਲਕ ਨੂੰ 50 ਹਜ਼ਾਰ ਰੁਪਏ ਦਿੱਤੇ ਜਾਣ। ਇਸ ਤੋਂ ਇਲਾਵਾ ਹੜ੍ਹਾਂ ਨਾਲ ਪ੍ਰਭਾਵਿਤ ਸੜਕਾਂ, ਪੁਲਾਂ, ਹਸਪਤਾਲਾਂ ਆਦਿ ਦੀ ਮੁਰੰਮਤ ਅਤੇ ਮੁਕੰਮਲ ਉਸਾਰੀ ਲਈ ਵੀ ਵਿੱਤੀ ਸਹਾਇਤਾ ਦਿੱਤੀ ਜਾਵੇ। ਇਸ ਮੌਕੇ ਚੇਅਰਮੈਨ ਹਰਵਿੰਦਰ ਸਿੰਘ ਭੱਟੀ, ਦਲਬੀਰ ਸਿੰਘ, ਸਿਟੀ ਕਾਂਗਰਸ ਪ੍ਰਧਾਨ ਮਨੋਜ ਗੁਪਤਾ, ਸਤਪਾਲ, ਤਰਸੇਮ ਸਿੰਘ, ਬਲਵਿੰਦਰ ਸਿੰਘ, ਬਿਕਰਮਜੀਤ ਸਿੰਘ, ਵਰਿੰਦਰ, ਬਲਵੀਰ ਸੂਰੀ, ਬੌਬੀ ਸੂਰੀ, ਇੰਦਰਜੀਤ ਮਾਨਾ ਅਤੇ ਸਤਿੰਦਰ ਡੋਗਰਾ ਆਦਿ ਹਾਜ਼ਰ ਸਨ।



# ਪੰਜਾਬ ਸਰਕਾਰ ਕੇਂਦਰ ਦੀ ਤਰਜ਼ ਤੇ ਆਪਣੇ ਮੁਲਾਜ਼ਮਾਂ ਨੂੰ ਕੈਸ਼-ਲੈੱਸ ਇਲਾਜ ਦੀ ਸਹੂਲਤ ਦੇਵੇ: ਰਾਜੇਸ਼ ਬੱਬੀ



ਗੁਰਦਾਸਪੁਰ (ਜਨਕ ਮਹਾਜਨ)-ਜਿਸ ਤਰ੍ਹਾਂ ਕੇਂਦਰ ਸਰਕਾਰ ਆਪਣੇ ਮੁਲਾਜ਼ਮਾਂ ਨੂੰ ਕੈਸ਼-ਲੈੱਸ ਇਲਾਜ ਦੀ ਸਹੂਲਤ ਦੇ ਰਹੀ ਹੈ ਇਸੇ ਤਰਾਂ ਹੀ ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਆਪਣੇ ਮੁਲਾਜ਼ਮਾਂ ਨੂੰ ਕੈਸ਼-ਲੈੱਸ ਇਲਾਜ ਦੀ ਸਹੂਲਤ ਦੇਵੇ। ਇਹ ਕਹਿਣਾ ਹੈ ਉੱਘੇ ਸਮਾਜ ਸੇਵਕ ਲੇਖਕ ਅਤੇ ਕਿੱਤੇ ਵਜੋਂ ਅਧਿਆਪਕ ਰਾਜੇਸ਼ ਬੱਬੀ ਦਾ। ਉਨ੍ਹਾਂ ਦਾ ਕਹਿਣਾ ਹੈ ਕਿ ਮੁਲਾਜ਼ਮ ਵੱਲੋਂ ਇਲਾਜ ਕਰਵਾਉਣ ਤੋਂ ਬਾਅਦ ਜੋ ਖ਼ਰਚੇ ਦੀ ਭਰਪਾਈ ਲਈ ਬਿੱਲ ਜਮਾਂ ਕਰਵਾਏ ਜਾਣ ਵਾਲੀ ਪ੍ਰਕਿਰਿਆ ਹੈ ਉਹ ਅਤਿ ਪੇਚੀਦਾ ਹੈ, ਜਿਸ ਦੇ ਚੱਲਦਿਆਂ ਮੁਲਾਜ਼ਮਾਂ ਨੂੰ ਕਈ ਕਈ ਮਹੀਨੇ ਦਫ਼ਤਰਾਂ ਵਿਚ ਖੱਜਲ-ਖੁਆਰ ਹੋਣਾ ਪੈਂਦਾ ਹੈ। ਇੰਨਾ ਹੀ ਨਹੀਂ, ਮੁਲਾਜ਼ਮ ਵੱਲੋਂ ਆਪਣੇ ਜਾਂ ਆਪਣੇ ਪਰਿਵਾਰ ਉੱਤੇ ਕੀਤੇ ਖ਼ਰਚੇ ਉਤੇ ਸਿਹਤ ਵਿਭਾਗ ਵੱਲੋਂ ਬਹੁਤ ਵੱਡੀ ਕਟੌਤੀ ਲਗਾ ਦਿੱਤੀ ਜਾਂਦੀ ਹੈ, ਜਿਸ ਨਾਲ ਮੁਲਾਜ਼ਮ ਨੂੰ ਭਾਰੀ ਆਰਥਿਕ ਨੁਕਸਾਨ ਵੀ ਝੱਲਣਾ ਪੈਂਦਾ ਹੈ। ਉਨ੍ਹਾਂ ਆਖਿਆ ਕਿ ਕਈ ਵਾਰ ਤਾਂ ਇਸ ਪ੍ਰਕਿਰਿਆ ਨੂੰ ਸਾਲ ਸਾਲ ਵੀ ਲੱਗ ਜਾਂਦਾ ਹੈ ਕਿਉਂਕਿ ਇਸ ਪ੍ਰਕਿਰਿਆ ਨੂੰ ਕਈ ਪੜਾਵਾਂ ਜਿਵੇਂ ਕਿ ਹਸਪਤਾਲ ਤੋਂ ਬਿੱਲ ਲੈ ਕੇ, ਡੀ.ਡੀ.ਓ ਵੱਲੋਂ ਬਜਟ ਦੀ ਵਿਭਾਗੀ ਮਨਜ਼ੂਰੀ ਲੈਣ ਅਤੇ ਉਸ ਤੋਂ ਬਾਅਦ ਸਿਹਤ ਵਿਭਾਗ ਨੂੰ ਮਨਜ਼ੂਰੀ ਲਈ ਭੇਜਣੇ, ਅਤੇ ਅਖੀਰ ਬਿੱਲ ਖ਼ਜ਼ਾਨਾ ਦਫ਼ਤਰ ਤੋਂ ਪਾਸ ਹੋਣ ਲਈ ਭੇਜਣੇ ਆਦਿ ਕਈ ਪੇਚੀਦਾ ਪ੍ਰਕਿਰਿਆਵਾਂ ਵਿਚੋਂ ਗੁਜ਼ਰਨਾ ਪੈਂਦਾ ਹੈ ਜਿਸ ਨਾਲ ਮੁਲਾਜ਼ਮਾਂ ਦੇ ਸਮੇਂ ਦੀ ਬਰਬਾਦੀ ਦੇ ਨਾਲ ਨਾਲ ਖੱਜਲ ਖ਼ੁਆਰੀ ਵੀ ਹੁੰਦੀ ਹੈ। ਇਸ ਲਈ ਸਰਕਾਰ ਆਪਣੇ ਮੁਲਾਜ਼ਮਾਂ ਪੰਜਾਬ ਨੂੰ ਕੇਂਦਰ ਸਰਕਾਰ ਦੀ ਤਰਜ਼ ਤੇ ਕੈਸ਼-ਲੈੱਸ ਇਲਾਜ ਦੀ ਸਹੂਲਤ ਦੇਵੇ ਤਾਂ ਕਿ ਮੁਲਾਜ਼ਮਾਂ ਦੀ ਹੋਣ ਵਾਲੀ ਖੱਜਲ-ਖ਼ੁਆਰੀ ਰੋਕੀ ਜਾ ਸਕੇ।

# ਇਤਿਹਾਸਕ ਨਗਰ ਸੁਰਸਿੰਘ ਵਿਖੇ ਸਾਲਾਨਾ ਅਰਦਾਸ ਸਮਾਗਮ



ਝਬਾਲ (ਹਰਜਿੰਦਰ ਸਿੰਘ ਸੋਨੀ/ਗੌਬਿਨ ਸਿੰਘ ਸੋਨੀ)-ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਦਰੋਂ-ਘਰੋਂ ਵਰੋਸਾਏ ਬਹਾਦਰ ਬਾਬਾ ਬਿਧੀ ਚੰਦ ਜੀ ਦੇ ਦਲ ਪੰਥ ਬਾਬਾ ਬਿਧੀ ਚੰਦ ਦੇ 12ਵੇਂ ਮੌਜੂਦਾ ਮੁਖੀ ਜਥੇਦਾਰ ਸੰਤ ਬਾਬਾ ਅਵਤਾਰ ਸਿੰਘ ਤੇ ਸਮੂਹ ਨਗਰ ਸੁਰਸਿੰਘ ਅਤੇ ਇਲਾਕਾ ਦੇਸ਼-ਵਿਦੇਸ਼ ਦੀਆਂ ਸੰਗਤਾ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਾਉਣੀ ਦਲ ਬਾਬਾ ਬਿਧੀ ਚੰਦ ਜੀ (ਹੈੱਡਕੁਆਰਟਰ) ਨਗਰ ਸੁਰਸਿੰਘ ਵਿਖੇ ਅਰਦਾਸ ਸਮਾਗਮ ਮਨਾਇਆ ਗਿਆ। ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਭੋਗ ਉਪਰੰਤ ਦੀਵਾਨ ਸਜਾਏ ਗਏ ਜਿਸ ਵਿੱਚ ਰਾਗੀ, ਢਾਡੀ, ਕਵੀਸ਼ਰ, ਕਥਾ ਵਾਚਕਾਂ ਨੇ ਬਹਾਦਰ ਬਾਬਾ ਬਿਧੀ ਚੰਦ ਜੀ ਦਾ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਉਚੇਚੇ ਤੌਰ 'ਤੇ ਇਲਾਕੇ ਦੀਆਂ ਧਾਰਮਿਕ ਹਸਤੀਆਂ ਨੇ ਵੀ ਹਾਜ਼ਰੀ ਭਰੀ। ਖੀਰ ਪੂੜਿਆਂ, ਤਰ੍ਹਾਂ-ਤਰ੍ਹਾਂ ਦੀਆਂ ਵਸਤਾਂ ਦੇ ਲੰਗਰ ਤੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਅਟੁੱਟ ਵਰਤਾਈਆਂ ਗਈਆਂ। ਅਰਦਾਸ ਸਮਾਗਮ ਵਿੱਚ ਪਹੁੰਚੀਆਂ ਸੰਗਤਾਂ ਦਾ ਜਥੇਦਾਰ ਸੰਤ ਬਾਬਾ ਅਵਤਾਰ ਸਿੰਘ (ਬਿਧੀਚੰਦੀਆਂ) ਵੱਲੋਂ ਸਰਬੱਤ ਸੰਗਤਾਂ ਨੂੰ ਜੀ ਆਇਆਂ ਆਖਿਆ। ਇਸ ਮੌਕੇ ਬਾਬਾ ਪ੍ਰੇਮ ਸਿੰਘ, ਬਾਬਾ ਚਰਨਜੀਤ ਸਿੰਘ ਤੇ ਹੋਰ ਸੇਵਾਦਾਰ ਸੰਗਤਾਂ ਹਾਜ਼ਰ ਸਨ।

# ਚੀਫ਼ ਖ਼ਾਲਸਾ ਦੀਵਾਨ ਵੱਲੋਂ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ 'ਤੇ ਸ਼ਰਧਾ ਦੇ ਫੁੱਲ ਭੇਟ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਚੀਫ਼ ਖ਼ਾਲਸਾ ਦੀਵਾਨ ਅਧੀਨ ਚੱਲ ਰਹੇ ਸੈਂਟਰਲ ਖ਼ਾਲਸਾ ਯਤੀਮਖ਼ਾਨਾ ਦੇ ਗੁਰਦੁਆਰਾ ਸਾਹਿਬ ਵਿਖੇ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਧਾਰਮਿਕ ਸਮਾਗਮ ਆਯੋਜਿਤ ਕੀਤਾ ਗਿਆ ਜਿਥੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਸੰਗਤੀ ਰੂਪ ਵਿਚ ਕੀਤੇ ਗਏ ਪਾਠ ਉਪਰੰਤ ਭਾਈ ਵੀਰ ਸਿੰਘ ਗੁਰਮਤਿ ਵਿਦਿਆਲਾ ਦੇ ਵਿਦਿਆਰਥੀਆਂ ਵੱਲੋ ਰਸਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਵੱਲੋਂ ਦੇਸ਼ ਦੇ ਮਹਾਨ ਸਪੂਤ ਸ਼ਹੀਦ ਊਧਮ ਸਿੰਘ ਦੇ ਜੀਵਨ ਨਾਲ ਸਬੰਧਤ ਭਾਸ਼ਣ ਅਤੇ ਕਵਿਤਾਵਾਂ ਪੇਸ਼ ਕੀਤੀਆਂ ਗਈਆਂ। ਪ੍ਰਿੰਸੀਪਲ ਸੁਖਦੇਵ ਸਿੰਘ ਸੰਧਾਵਾਲੀਆ ਵੱਲੋਂ ਉਨ੍ਹਾਂ ਦੀ ਸ਼ਹੀਦੀ ਬਾਬਤ ਜਾਣਕਾਰੀ ਦਿੱਤੀ ਗਈ।

ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਹੋਰਨਾਂ ਦੀਵਾਨ ਪ੍ਰਬੰਧਕਾਂ ਸਮੇਤ ਯਤੀਮਖ਼ਾਨਾ ਵਿਖੇ ਸਥਿਤ ਸ਼ਹੀਦ ਊਧਮ ਸਿੰਘ ਮਿਊਜ਼ੀਅਮ ਵਿਸ਼ੇਸ਼ ਤੌਰ 'ਤੇ ਪੁੱਜੇ ਜਿਥੇ ਸ਼ਹੀਦ ਊਧਮ ਸਿੰਘ ਨਾਲ ਸਬੰਧਤ ਦੁਰਲਭ ਤਸਵੀਰਾਂ, ਹਾਜ਼ਰੀ ਰਿਕਾਰਡ ਅਤੇ ਹੋਰ ਸੱਮਗਰੀ ਜਿਵੇਂ ਸੰਦੂਕ, ਮੰਜਾ, ਬਰਤਨ, ਲੈਂਪ ਆਦਿ ਸੰਭਾਲ ਕੇ ਰੱਖੀ ਗਈ ਹੈ। ਇਸ ਮੌਕੇ ਦੀਵਾਨ ਪ੍ਰਬੰਧਕਾਂ ਅਤੇ ਮੈਂਬਰ ਸਾਹਿਬਾਨ ਨੇ ਸ਼ਹੀਦ ਊਧਮ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਉਨ੍ਹਾਂ ਦੀ ਮਹਾਨ ਸ਼ਹਾਦਤ ਨੂੰ ਸਿਜਦਾ ਕੀਤਾ। ਪ੍ਰਧਾਨ ਡਾ. ਨਿੱਜਰ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਨੇ ਆਪਣੇ ਜੀਵਨ ਦੇ 12 ਸਾਲ ਇਸੇ ਯਤੀਮਖ਼ਾਨਾ ਵਿਖੇ ਬਤੀਤ ਕੀਤੇ ਹਨ ਅਤੇ ਉਨ੍ਹਾਂ ਦੇ ਚਰਿੱਤਰ ਨਿਰਮਾਣ ਵਿਚ ਯਤੀਮਖ਼ਾਨੇ ਦਾ ਅਹਿਮ ਯੋਗਦਾਨ ਹੈ। ਉਨ੍ਹਾਂ ਨੇ ਕਿਹਾ ਕਿ ਦੇਸ਼ ਵਾਸੀਆਂ ਨੂੰ ਸ਼ਹੀਦ ਊਧਮ ਸਿੰਘ ਵਰਗੇ ਮਹਾਨ ਯੋਧਿਆਂ ਦੀ ਸ਼ਹਾਦਤਾਂ ਤੇ ਮਾਣ ਮਹਿਸੂਸ ਹੋਣਾ ਚਾਹੀਦਾ ਹੈ ਜਿਨ੍ਹਾਂ ਅੰਗਰੇਜ਼ ਹਕੂਮਤ ਦੇ ਜਬਰ ਜ਼ੁਲਮ ਅੱਗੇ ਭਾਰਤੀਆਂ ਦੀ ਅਣਖ ਅਤੇ ਇੱਜ਼ਤ ਨੂੰ ਬਰਕਰਾਰ ਰੱਖਿਆ। ਇਸ ਮੌਕੇ ਯਤੀਮਖ਼ਾਨਾ ਮੈਂਬਰ ਇੰਚਾਰਜ ਡਾ. ਆਤਮਜੀਤ ਸਿੰਘ ਬਸਰਾ ਅਤੇ ਮੋਹਨਜੀਤ ਸਿੰਘ ਭੱਲਾ ਨੇ ਯਤੀਮਖ਼ਾਨਾ ਵਿਖੇ ਸ਼ਹੀਦ ਊਧਮ ਸਿੰਘ ਮਿਊਜ਼ੀਅਮ ਵਿਖੇ ਰੱਖੀਆਂ ਗਈਆਂ ਯਾਦਗਾਰੀ ਵਸਤਾਂ ਬਾਬਤ ਅਤੇ ਇਨਾਂ ਦੇ ਰੱਖ ਰਖਾਅ ਲਈ ਕੀਤੇ ਗਏ ਵਿਸ਼ੇਸ਼ ਯਤਨਾਂ ਬਾਬਤ ਜਾਣਕਾਰੀ ਦਿੱਤੀ। ਇਸ ਮੌਕੇ ਮੀਤ ਪ੍ਰਧਾਨ ਜਗਜੀਤ ਸਿੰਘ, ਆਨਰੇਰੀ ਸਕੱਤਰ ਅਜੀਤ ਸਿੰਘ ਬਸਰਾ, ਐਡੀ. ਆਨਰੇਰੀ ਸਕੱਤਰ ਜਸਪਾਲ ਸਿੰਘ ਢਿੱਲੋ, ਆਨਰੇਰੀ ਜੁਆਇੰਟ ਸਕੱਤਰ ਸੁਖਜਿੰਦਰ ਸਿੰਘ ਪ੍ਰਿੰਸ, ਮਨਪ੍ਰੀਤ ਸਿੰਘ, ਡਾ. ਬਲਬੀਰ ਸਿੰਘ ਸੈਣੀ, ਗੁਰਚਰਨ ਸਿੰਘ ਘਰਿੰਡਾ, ਪ੍ਰਿੰਸੀਪਲ ਹਰਪਾਲ ਸਿੰਘ, ਪ੍ਰਿੰਸੀਪਲ ਸੁਖਦੇਵ ਸਿੰਘ ਸੰਧਾਵਾਲੀਆ ਸਮੇਤ ਵੱਡੀ ਗਿਣਤੀ ਵਿਚ ਯਤੀਮਖ਼ਾਨਾ ਸਟਾਫ ਅਤੇ ਬੱਚੇ ਹਾਜ਼ਰ ਸਨ।

# ਦੁਕਾਨਦਾਰਾਂ ਨੇ ਫੁੱਟਪਾਥਾਂ 'ਤੇ ਲਗਾਇਆ ਨਾਜਾਇਜ਼ ਕਬਜ਼ਿਆਂ ਦਾ ਗ੍ਰਹਿਣ



ਮਜੀਠਾ (ਸੋਇਮ ਆਨੰਦ)-ਮਜੀਠਾ ਦੀਆਂ ਮੇਨ ਸੜਕਾਂ ਮਜੀਠਾ ਤੋਂ ਫਤਿਹਗੜ੍ਹ ਚੂੜੀਆਂ, ਮਜੀਠਾ ਤੋਂ ਕੱਥੂਨੰਗਲ ਰੋਡ 'ਤੇ ਦੁਕਾਨਦਾਰਾਂ ਨੇ ਬੇਖੌਫ ਹੋ ਕੇ ਸੜਕਾਂ 'ਤੇ ਅਪਣਾ ਸਾਮਾਨ ਲਾ ਕੇ ਨਜਾਇਜ਼ ਕਬਜ਼ੇ ਕਰਕੇ ਪ੍ਰਸ਼ਾਸਨ ਨੂੰ ਛਿੱਕੇ ਟੰਗਿਆ ਹੋਇਆ ਹੈ। ਇਸ ਉੱਤੇ ਪ੍ਰਸ਼ਾਸਨ ਵੀ ਕੋਈ ਕਾਰਵਾਈ ਨਹੀਂ ਕਰ ਰਿਹਾ। ਇਸ ਤੋਂ ਇਹ ਲੱਗਦਾ ਹੈ ਕਿ ਇਹ ਸਭ ਮਿਲੀਭੁਗਤ ਨਾਲ ਹੋ ਰਿਹਾ ਹੈ। ਸੂਤਰਾਂ ਤੋਂ ਇਹ ਵੀ ਪਤਾ ਚਲਿਆ ਹੈ ਕਿ ਦੁਕਾਨਦਾਰਾਂ ਨੇ ਆਪਣੀਆਂ ਦੁਕਾਨਾਂ ਦੇ ਬਾਹਰ ਰੇਹੜੀਆਂ ਲਗਵਾ ਕੇ ਉਨ੍ਹਾਂ ਕੋਲੋਂ ਪੈਸੇ (ਕਿਰਾਇਆ) ਵਸੂਲ ਕਰ ਰਹੇ ਹਨ। ਮਜੀਠਾ ਬੱਸ ਸਟੈਂਡ ਦੇ ਬਾਹਰ ਅਣਗਿਣਤ ਨਜਾਇਜ਼ ਖੋਖੇ ਲੱਗੇ ਹੋਏ ਹਨ। ਉਨ੍ਹਾਂ ਨੇ ਵੀ ਫੁੱਟਪਾਥਾਂ 'ਤੇ ਕਬਜ਼ਾ ਕੀਤਾ ਹੋਇਆ ਹੈ ਪਰ ਮਜੀਠਾ ਦਾ ਨਗਰ ਕੌਂਸਲ ਕੁੰਭਕਰਨੀ ਨੀਂਦ ਸੁੱਤਾ ਪਿਆ ਹੈ ਜਾਂ ਫਿਰ ਸਭ ਨਗਰ ਕੌਂਸਲ ਮਜੀਠਾ ਦੀ ਮਿਲੀਭੁਗਤ ਹੈ। ਇਨਾਂ ਦੋਵਾਂ ਸੜਕਾਂ 'ਤੇ ਬੈਂਕ ਬਹੁਤ ਹਨ ਪਰ ਕਿਸੇ ਵੀ ਬੈਂਕ ਕੋਲ ਪਾਰਕਿੰਗ ਦੀ ਸਹੂਲਤ ਨਹੀਂ ਹੈ ਤੇ ਇਨ੍ਹਾਂ ਬੈਂਕਾਂ ਦੇ ਉਪਭੋਗਤਾ ਮਨਚਾਹੇ ਢੰਗ ਨਾਲ ਅਪਣੇ ਦੋ ਤੇ ਚਾਰਪਹੀਆ ਵਾਹਨਾਂ ਸੜਕ 'ਤੇ ਗਲਤ ਤਰੀਕੇ ਨਾਲ ਖੜੇ ਕਰ ਜਾਂਦੇ ਹਨ ਜਿਸ ਕਰਕੇ ਆਮ ਲੋਕਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ ਤੇ ਟ੍ਰੈਫਿਕ ਦੀ ਵੀ ਸਮੱਸਿਆ ਹੁੰਦੀ ਹੈ ਤੇ ਬਰਸਾਤੀ ਮੌਸਮ ਕਰ ਕੇ ਫੁੱਟਪਾਥਾਂ 'ਤੇ ਨਜਾਇਜ਼ ਕਬਜ਼ੇ ਕਰ ਕੇ ਆਮ ਰਾਹਗੀਰ ਨੂੰ ਬਰਸਾਤੀ ਪਾਣੀ ਵਿੱਚੋਂ ਲੰਘਣਾ ਪੈਂਦਾ ਹੈ। ਇਸ ਖਬਰ ਰਾਹੀਂ ਮਜੀਠਾ ਪ੍ਰਸ਼ਾਸਨ ਤੇ ਨਗਰ ਕੌਂਸਲ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਆਮ ਰਾਹਗੀਰ ਦੀ ਸਹੂਲਤ ਲਈ ਮਜੀਠਾ ਦੀਆਂ ਮੇਨ ਸੜਕਾਂ ਦੇ ਫੁੱਟਪਾਥਾਂ ਤੋਂ ਨਜਾਇਜ਼ ਖੋਖੇ ਜਾਂ ਦੁਕਾਨਦਾਰਾਂ ਵੱਲੋਂ ਰੱਖਿਆ ਸਾਮਾਨ ਚੁੱਕਵਾਇਆ ਜਾਵੇ ਤਾਂ ਕਿ ਰਾਹਗੀਰ ਇਨ੍ਹਾਂ ਫੁੱਟਪਾਥਾਂ ਦਾ ਇਸਤੇਮਾਲ ਕਰ ਸਕਣ।

# ਬਾਬਾ ਬੰਦਾ ਸਿੰਘ ਬਹਾਦਰ ਸਕੂਲ 'ਚ ਲੋਕ-ਗੀਤ ਤੇ ਸਾਇੰਸ ਕੁਇਜ਼ ਮੁਕਾਬਲੇ ਕਰਵਾਏ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਤੇ ਪ੍ਰਿੰਸੀਪਲ ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਵਿਦਿਆਰਥੀਆਂ ਦੇ ਪੰਜਾਬੀ ਲੋਕ ਗੀਤ ਅਤੇ ਸਾਇੰਸ ਕੁਇਜ਼ ਮੁਕਾਬਲੇ ਕਰਵਾਏ ਗਏ। ਇਸ ਮੌਕੇ ਸਕੂਲ ਦੇ ਜੂਨੀਅਰ ਵਿੰਗ ਪਹਿਲੀ ਜਮਾਤ ਤੋਂ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਨੇ ਲੋਕ ਗੀਤ ਮੁਕਾਬਲੇ ਵਿੱਚ ਲੋਕ ਗੀਤਾਂ ਰਾਹੀ ਆਪਣੀ ਪੰਜਾਬੀ ਮਾਂ ਬੋਲੀ, ਸੱਭਿਆਚਾਰ ਅਤੇ ਸਮੁੱਚੇ ਪੰਜਾਬੀ ਜੀਵਨ ਦੀ ਝਲਕ ਨੂੰ ਪੇਸ਼ ਕੀਤਾ। ਪ੍ਰਿੰਸੀਪਲ ਕਿਰਨ ਕੇਸਰ ਨੇ ਕਿਹਾ ਲੋਕ ਗੀਤ ਮੁਕਾਬਲਾ ਕਰਵਾਉਣ ਦਾ ਮੁੱਖ ਉਦੇਸ ਪੰਜਾਬੀ ਮਾਂ ਬੋਲੀ ਅਤੇ ਵਿਰਸੇ ਨੂੰ ਪੀੜ੍ਹੀ ਦਰ ਪੀੜ੍ਹੀ ਚਲਦੇ ਆਏ ਲੋਕ ਗੀਤਾਂ ਨਾਲ ਜੋੜਨਾ ਹੈ। ਇਸ ਮੌਕੇ ਵਿਦੇਸ ਤੋਂ ਆਏ ਮਹਿਮਾਨ ਮਹਿਰੀਨ ਕੌਰ ਚਾਹਲ ਸਪੁੱਤਰੀ ਗੁਰਬਰਿੰਦਰ ਸਿੰਘ ਚਾਹਲ ਵੱਲੋਂ ਪੰਜਾਬੀ ਸੱਭਿਆਚਾਰ ਨਾਲ ਸੰਬੰਧਿਤ ਇੱਕ ਪੰਜਾਬੀ ਲੋਕ ਡਾਂਸ ਪੇਸ਼ ਕੀਤਾ ਗਿਆ। ਉਹ ਵਿਦੇਸ਼ ਵਿੱਚ ਰਹਿ ਕੇ ਵੀ ਆਪਣੇ ਪੰਜਾਬੀ ਸੱਭਿਆਚਾਰ ਤੇ ਵਿਰਸੇ ਨਾਲ ਜੁੜੇ ਹੋਏ ਹਨ।

ਸੀਨੀਅਰ ਵਿੰਗ ਵਿੱਚ ਛੇਵੀਂ ਜਮਾਤ ਤੋਂ ਗਿਆਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੇ ਹਾਊਸ ਵਾਇਜ਼ ਸਾਇੰਸ ਕੁਇਜ਼ ਮੁਕਾਬਲੇ ਵਿੱਚ ਹਿੱਸਾ ਲਿਆ। ਸਾਇੰਸ ਕੁਇਜ਼ ਮੁਕਾਬਲਾ ਕਰਵਾਉਣ ਦਾ ਮੁੱਖ ਉਦੇਸ਼ ਵਿਦਿਆਰਥੀਆਂ 'ਚ ਵਿਗਿਆਨਕ ਜਾਂਚ ਤੇ ਵਿਸ਼ਲੇਸ਼ਣਾਤਮਕ ਸੋਚ ਦੀ ਭਾਵਨਾ ਪੈਦਾ ਕਰਨਾ ਤੇ ਵਿਦਿਆਰਥੀਆਂ ਨੂੰ ਆਪਣੇ ਸਿੱਖਿਆ ਦੇ ਗਿਆਨ ਨੂੰ ਪੇਸ ਕਰਨ ਦਾ ਪਲੇਟਫਾਰਮ ਪ੍ਰਦਾਨ ਕਰਨਾ ਹੈ। ਵਿਦਿਆਰਥੀਆਂ ਨੇ ਵੀ ਬੜੇ ਉਤਸ਼ਾਹ ਤੇ ਸੁਚੱਜੇ ਢੰਗ ਨਾਲ ਪ੍ਰਸ਼ਨਾਂ ਦੇ ਉੱਤਰ ਦਿੱਤੇ। ਵਿਦਿਆਰਥੀਆਂ ਦੇ ਹੁਨਰਾਂ ਨੂੰ ਪਰਖਦਿਆਂ ਜੱਜ ਸਹਿਬਾਨ ਵਲੋਂ ਨਤੀਜੇ ਐਲਾਨੇ ਗਏ। ਪਹਿਲੇ, ਦੂਜੇ ਤੇ ਤੀਜੇ ਸਥਾਨ 'ਤੇ ਆਉਣ ਵਾਲੇ ਵਿਦਿਆਰਥੀਆਂ ਦੀ ਹੌਸਲਾ-ਅਫਜ਼ਾਈ ਕਰਦਿਆਂ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਸਕੂਲ ਦੀ ਪ੍ਰਿੰਸੀਪਲ ਕਿਰਨ ਕੇਸਰ ਨੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਦੱਸਿਆ ਕਿ ਇਸ ਤਰ੍ਹਾਂ ਦੇ ਕੁਇਜ਼ ਮੁਕਾਬਲਿਆਂ ਨਾਲ ਬੱਚਿਆਂ 'ਚ ਤਰਕ ਕਰਨ ਦੀ ਭਾਵਨਾ ਵਿਕਸਿਤ ਹੁੰਦੀ ਹੈ ਤੇ ਬੱਚਿਆਂ ਨੂੰ ਵਿਗਿਆਨ ਪ੍ਰਤੀ ਜਾਣਕਾਰੀ ਪ੍ਰਾਪਤ ਹੁੰਦੀ ਹੈ। ਉਨ੍ਹਾਂ ਨੇ ਜਾਣਕਾਰੀ ਦਿੰਦੇ ਹੋਏ ਇਹ ਵੀ ਦੱਸਿਆ ਕਿ ਵਿਦਿਆਰਥੀਆ ਵਿੱਚ ਵੱਖ-ਵੱਖ ਕੁਇਜ਼ ਮੁਕਾਬਲਿਆਂ ਵਿੱਚ ਹਿੱਸਾ ਲੈਣ ਦੀ ਰੁਚੀ ਪੈਦਾ ਕਰਨ ਲਈ ਸੰਸਥਾ ਵੱਲੋਂ ਓਲੰਪੀਅਡ ਦੇ ਵੱਖ-ਵੱਖ ਵਿਸ਼ਿਆਂ ਤੇ ਇਮਤਿਹਾਨ ਵੀ ਕਰਵਾਏ ਜਾਂਦੇ ਹਨ। ਉਨ੍ਹਾਂ ਨੇ ਬੱਚਿਆਂ ਨੂੰ ਭਵਿੱਖ ਵਿੱਚ ਇਸ ਤਰ੍ਹਾਂ ਦੇ ਮੁਕਾਬਲੇ ਵਿੱਚ ਭਾਗ ਲੈਂਦੇ ਰਹਿਣ ਦੀ ਪ੍ਰੇਰਨਾ ਦਿੱਤੀ। ਵਿਦੇਸ਼ ਤੋਂ ਆਏ ਮਹਿਮਾਨ ਇਰਵੀਨ ਕੌਰ ਚਾਹਲ ਸਪੁੱਤਰੀ ਗੁਰਬਿੰਦਰ ਸਿੰਘ ਚਾਹਲ ਵੱਲੋਂ ਇੱਕ ਸਪੀਚ ਪੇਸ਼ ਕੀਤੀ ਗਈ, ਜਿਸ ਵਿੱਚ ਉਸ ਨੇ ਦੱਸਿਆ ਕਿ ਉਹ ਪੰਜ ਸਾਲ ਇਸ ਸੰਸਥਾ ਦਾ ਹਿੱਸਾ ਰਹੀ ਹੈ। ਉਹ ਇਸ ਸੰਸਥਾ ਦੇ ਮਾਹੌਲ ਨੂੰ ਯਾਦ ਕਰਦੀ ਹੋਈ ਦੱਸਦੀ ਹੈ ਕਿ ਇਸ ਸੰਸਥਾ ਦੀ ਸਿੱਖਿਆ ਵਿਦੇਸ਼ ਦੀ ਸਿੱਖਿਆ ਨਾਲੋਂ ਬਹੁਤ ਵਧੀਆ ਹੈ।

1-August-PAGE-12.qxd 7/31/2023 10:55 PM Page 1



## ਪੀਰ ਮੁਛੱਲਾ ਨੂੰ ਪਾਣੀ ਤੋਂ ਬਚਾਉਣ ਲਈ ਪਾਣੀ ਦਾ ਰੁਖ ਘੱਗਰ ਵੱਲ ਮੋੜਿਆ

**ਜ਼ੀਰਕਪੁਰ, (ਕ੍ਰਿਸ਼ਨ ਗਰਗ )**-ਪੰਚਕੂਲਾ ਐਮ ਸੀ ਦੀ ਪਾਈਪਲਾਈਨ ਤੋਂ ਪਾਣੀ ਦੇ ਲੀਕੇਜ ਕਰਨ ਜ਼ੀਰਕਪੁਰ ਦੇ ਪੀਰ ਮੁਛੱਲਾ ਇਲਾਕੇ ਵਿੱਚ ਪਾਣੀ ਭਰਨ ਵਰਗੀ ਸਥਿਤੀ ਨੂੰ ਠੀਕ ਕਰਨ ਲਈ, ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਡੀ ਸੀ ਪੰਚਕੂਲਾ ਨਾਲ ਸੰਪਰਕ ਕਰਕੇ ਉਨ੍ਹਾਂ ਨੂੰ ਤੁਰੰਤ ਨਗਰ ਨਿਗਮ ਪੰਚਕੂਲਾ ਰਾਹੀਂ ਮਾਮਲੇ ਦਾ ਤੁਰੰਤ ਹੱਲ ਕਰਵਾਉਣ ਲਈ ਆਖਿਆ। ਮੋਹਾਲੀ ਪ੍ਰਸ਼ਾਸਨ ਦੀ ਬੇਨਤੀ 'ਤੇ ਕਾਰਵਾਈ ਕਰਦੇ ਹੋਏ ਨਗਰ ਨਿਗਮ ਪੰਚਕੂਲਾ ਦੇ ਅਧਿਕਾਰੀਆਂ ਨੇ ਨਾਇਬ ਤਹਿਸੀਲਦਾਰ ਜਸਕਰਨ ਸਿੰਘ ਅਤੇ ਸਥਾਨਕ ਸਰਕਾਰ ਅਧਿਕਾਰੀਆਂ (ਐਮ.ਈ. ਜੀਰਕਪੁਰ ਐਮ.ਸੀ.) ਦੇ ਨਾਲ ਸਬੰਧਤ ਸਥਾਨ ਦਾ ਦੌਰਾ ਕੀਤਾ। ਡਿਪਟੀ ਕਮਿਸਨਰ ਨੇ ਦੱਸਿਆ ਕਿ ਇਹ ਬਹੁਤ ਹੀ ਚਿੰਤਾ ਦਾ ਵਿਸ਼ਾ ਹੈ ਕਿ ਜ਼ਿਲ੍ਹੇ ਦੀ ਹੱਦ 'ਤੇ ਸਥਿਤ ਨਗਰ ਨਿਗਮ ਪੰਚਕੂਲਾ ਦੀ ਪਾਈਪ ਲਾਈਨ ਨਗਰ ਕੌਂਸਲ ਜੀਰਕਪੁਰ ਦੇ ਖਾਲੀ ਪਏ ਪਲਾਟ ਵਿੱਚ ਪਾਣੀ ਭਰ ਕੇ ਛੱਪੜ ਦਾ ਰੂਪ ਧਾਰਨ ਕਰ ਕੇ ਵੱਡੀ ਸਮੱਸਿਆ ਪੈਦਾ ਕਰ ਰਹੀ ਹੈ। ਇਸ ਤੋਂ ਵੀ ਅੱਗੇ ਇਹ ਇਕੱਠਾ ਹੋਇਆ ਪਾਣੀ ਜੀਰਕਪੁਰ ਦੇ ਪੀਰ ਮੁਛੱਲਾ ਇਲਾਕੇ ਵਿੱਚ ਵੀ ਦਾਖਲ ਹੋ ਗਿਆ। ਅਸਥਾਈ ਉਪਾਅ ਵਜੋਂ ਛੱਪੜ ਦੇ ਪਾਣੀ ਨੂੰ ਘੱਗਰ ਵੱਲ ਮੋੜ ਦਿੱਤਾ ਗਿਆ ਹੈ ਅਤੇ ਛੱਪੜ ਦੇ ਬੰਨ੍ਹ ਨੂੰ ਮਜਬੂਤ ਕੀਤਾ ਗਿਆ ਹੈ ਤਾਂ ਜੋ ਇਸ ਨੂੰ ਇਲਾਕੇ ਵਿੱਚ ਦਾਖਲ ਹੋਣ ਤੋਂ ਰੋਕਿਆ ਜਾ ਸਕੇ।

# ਸ਼ਹੀਦ ਊਧਮ ਸਿੰਘ ਦੇ ਮਿਸਾਲੀ ਕਾਰਨਾਮੇ ਨੂੰ ਹਮੇਸ਼ਾ ਯਾਦ ਰੱਖਣਾ ਚਾਹੀਦੈ : ਪ੍ਰੋ. ਚਰਨ ਸਿੰਘ

## ਵੱਖ ਵੱਖ ਰਾਜਨੀਤਕ, ਸਮਾਜਕ ਜੱਥੇਬੰਦੀਆਂ ਤੇ ਸੰਸਥਾਵਾਂ ਵੱਲੋਂ ਸ਼ਹੀਦ ਊਧਮ ਸਿੰਘ ਨੂੰ ਸ਼ਰਧਾਂਜਲੀਆਂ




**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ, ਹਨੀ)**-ਮਹਾਨ ਸ਼ਹੀਦ ਊਧਮ ਸਿੰਘ, ਜਿਸ ਨੇ ਜਲ੍ਹਿਆਂ ਵਾਲੇ ਖੂਨੀ ਸਾਕੇ ਦਾ ਬਦਲਾ ਲੰਡਨ ਵਿੱਚ ਲਿਆ ਸਬੰਧੀ ਸੁਲਤਾਨਪੁਰ ਲੋਧੀ ਵਿਖੇ ਸ਼ਹੀਦ ਊਧਮ ਸਿੰਘ ਮੈਮੋਰੀਅਲ ਟਰੱਸਟ, ਬਾਰ ਐਸੋਸੀਏਸ਼ਨ, ਸਾਹਿਤ ਸਭਾ, ਪ੍ਰੈੱਸ ਕਲੱਬ ਸੁਲਤਾਨਪੁਰ ਲੋਧੀ ਅਤੇ ਵੱਖ ਵੱਖ ਸਮਾਜ ਸੇਵੀ ਸੰਸਥਾਵਾ ਵੱਲੋਂ ਸ਼ਰਧਾਂਜਲੀ ਸਮਾਗਮ ਕਰਵਾਇਆ ਗਿਆ। ਸਮਾਰੋਹ ਦੀ ਸ਼ੁਰੂਆਤ ਬਾਬਾ ਦਰਬਾਰਾ ਸਿੰਘ ਸਕੂਲ ਟਿੱਬਾ ਦੇ ਬੱਚਿਆਂ ਵੱਲੋਂ ਸ਼ਹੀਦ ਊਧਮ ਸਿੰਘ ਦੀਆਂ ਵਾਰਾਂ ਗਾਉਣ ਨਾਲ ਹੋਈ ਅਤੇ ਬੱਚਿਆਂ ਵੱਲੋਂ ਕਾਵਿਤਾਵਾਂ ਵੀ ਪੜ੍ਹੀਆਂ ਗਈਆਂ। ਇਸ ਮੌਕੇ ਸ਼ਹੀਦ ਊਧਮ ਸਿੰਘ ਮੈਮੋਰੀਅਲ ਚੈਰੀਟੇਬਲ ਟਰੱਸਟ ਦੇ ਪ੍ਰਧਾਨ ਪ੍ਰੋਫੈਸਰ ਚਰਨ ਸਿੰਘ ਨੇ ਕਿਹਾ ਕਿ ਸ਼ਹੀਦ ਕੌਮ ਦਾ ਸਰਮਾਇਆ ਹੁੰਦੇ ਹਨ ਜੋ ਕੌਮ ਆਪਣੇ ਸ਼ਹੀਦਾਂ ਨੂੰ ਭੁੱਲ ਜਾਂਦੀ ਹੈ ਉਸ ਦਾ ਨਾਮੋ ਨਿਸ਼ਾਨ ਮਿਟ ਜਾਂਦਾ ਹੈ। ਇਸ ਮੌਕੇ ਐਡਵੋਕੇਟ ਰਜਿੰਦਰ ਸਿੰਘ ਰਾਣਾ, ਨਰਿੰਦਰ ਸਿੰਘ ਸੋਨੀਆ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਦੀ ਕੁਰਬਾਨੀ ਸਦੀਆਂ ਤੱਕ ਭਾਰਤੀ ਲੋਕਾ ਨੂੰ ਦੇਸ਼ ਪਿਆਰ ਤੇ ਦੇਸ਼ ਲਈ ਕੁਰਬਾਨ ਹੋਣ ਲਈ ਪ੍ਰੇਰਨਾਂ ਦਿੰਦੀ ਰਹੇਗੀ। ਇਸ ਮੌਕੇ ਹਲਕਾ ਇੰਚਾਰਜ ਸੱਜਣ ਸਿੰਘ ਚੀਮਾ ਨੇ ਕਿਹਾ ਕਿ ਨੌਜਵਾਨਾਂ ਨੂੰ ਲੋੜ ਹੈ ਕਿ ਕਿ ਉਹ ਨਸ਼ਿਆਂ ਨੂੰ ਤਿਆਗ ਕਿ ਆਪਣੇ ਸ਼ਹੀਦਾਂ ਦੇ ਪਾਏ ਪੂਰਨਿਆਂ 'ਤੇ ਚੱਲਣ। ਉਹਨਾਂ ਨਾਲ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਚੇਅਰਮੈਨ ਪ੍ਰਦੀਪ ਥਿੰਦ, ਰਜਿੰਦਰ ਸਿੰਘ ਜੈਨਪੁਰ, ਗੁਰਚਰਨ ਸਿੰਘ ਬਿੱਟੂ, ਸੋਨੂੰ ਜੈਨਪੁਰ, ਮੇਜਰ ਸਿੰਘ, ਜਸਕੰਵਲ ਸਿੰਘ, ਵਿਕਰਮਜੀਤ ਉੱਚਾ, ਨਰਿੰਦਰ ਸਿੰਘ ਖਿੰਡਾ, ਲਵਪ੍ਰੀਤ ਸਿੰਘ ਡਡਵਿੰਡੀ, ਅਕਾਸ਼ਦੀਪ ਸਿੰਘ ਵੱਲੋਂ ਵੀ ਸ਼ਰਧਾਂਜਲੀ ਭੇਂਟ ਕੀਤੀ। ਸ਼੍ਰੋਮਣੀ ਅਕਾਲੀ ਦਲ ਦੇ ਪੀ ਏ ਸੀ ਮੈਂਬਰ ਇੰਜ ਸਵਰਨ ਸਿੰਘ ਅਤੇ ਬੀਬੀ ਗੁਰਪ੍ਰੀਤ ਕੌਰ ਰੂਹੀ ਅੰਤਿਮ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸੁਲਤਾਨਪੁਰ ਲੋਧੀ ਨੇ ਕਿਹਾ ਕਿ ਸਾਡੀ ਨੌਜਵਾਨੀ ਨੂੰ ਲੋੜ ਹੈ ਕਿ ਉਹ ਨਸ਼ਿਆਂ ਤੋਂ ਦੂਰ ਰਹਿ ਕਿ ਸ਼ਹੀਦਾਂ ਦੇ ਦਰਸਾਏ ਮਾਰਗ 'ਤੇ ਚੱਲੇ। ਉਹਨਾਂ ਨਾਲ ਜੱਥੇਦਾਰ ਹਰਜਿੰਦਰ ਸਿੰਘ ਲਾਡੀ, ਸਾਬਕਾ ਚੇਅਰਮੈਨ ਰਜਿੰਦਰ ਸਿੰਘ ਨਸੀਰੇਵਾਲ, ਵਿਜੇਪਾਲ ਸਿੰਘ ਫਤੂਵਾਲ, ਸੁੱਖਚੈਨ ਸਿੰਘ ਮਨਿਆਲਾ, ਅਵਤਾਰ ਸਿੰਘ ਮੀਰੇ, ਜਥੇਦਾਰ ਗੁਰਦਿਆਲ ਸਿੰਘ ਬੂਹ, ਇੰਦਰ ਸਿੰਘ ਲਾਟੀਆਂ ਵਾਲ, ਬਲਦੇਵ ਸਿੰਘ ਖਾਲਸਾ, ਕਮਲਜੀਤ ਸਿੰਘ ਹੈਬਤਪੁਰ, ਲਖਵਿੰਦਰ ਸਿੰਘ ਕੌੜਾ, ਨੰਬਰਦਾਰ ਭਗਵਾਨ ਸਿੰਘ ਮੇਰੀਪੁਰ, ਬੀਬੀ ਬਲਜੀਤ ਕੌਰ ਮੋਠਾਂਵਾਲਾ, ਸਤਵੰਤ ਕੌਰ ਜੰਮੂ ਅਤੇ ਹੋਰ ਆਗੂਆਂ ਨੇ ਵੀ ਸ਼ਰਧਾਂਜਲੀ ਭੇਟ ਕੀਤੀ। ਨਗਰ ਕੌਂਸਲ ਪ੍ਰਧਾਨ ਦੀਪਕ ਧੀਰ ਰਾਜੂ, ਸਾਬਕਾ ਚੈਅਰਮੈਨ ਤੇਜਵੰਤ ਸਿੰਘ, ਨਵਨੀਤ ਚੀਮਾ ਮੀਤ ਪ੍ਰਧਾਨ ਨਗਰ ਨੇ ਸ਼ਹੀਦ ਨੂੰ ਸ਼ਰਧਾਜਲੀ ਭੇਂਟ ਕਰਦਿਆਂ ਕਿਹਾ ਕਿ ਦੇਸ਼ ਭਗਤਾਂ ਦੀ ਬਦੌਲਤ ਹੀ ਅਸੀ ਅਜ਼ਾਦੀ ਦਾ ਨਿੱਘ ਮਾਣਦੇ ਹਾਂ। ਨਵਤੇਜ ਸਿੰਘ ਚੀਮਾ ਸਾਬਕਾ ਵਿਧਾਇਕ ਸੁਲਤਾਨਪੁਰ ਲੋਧੀ ਨੇ ਕਿਹਾ ਕਿ ਸਾਨੂੰ ਆਪਣੇ ਦੇਸ਼ ਦੇ ਮਹਾਨ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ। ਇਸ ਮੌਕੇ ਨਰਿੰਦਰ ਸਿੰਘ ਪੰਨੂ, ਰਮੇਸ਼ ਡਡਵਿੰਡੀ ਅਤੇ ਉੱਘੇ ਸਮਾਜ ਸੇਵੀ ਕਿਰਪਾਲ ਸਿੰਘ ਜੈਨਪੁਰ, ਕੈਪਟਨ ਹਰਮਿੰਦਰ ਸਿੰਘ ਹਲਕਾ ਇੰਚਾਰਜ ਸੁਲਤਾਨਪੁਰ ਲੋਧੀ,ਸਾਬਕਾ ਚੇਅਰਮੈਨ ਸੁਰਜੀਤ ਸਿੰਘ ਢਿੱਲੋਂ, ਕੁਲਦੀਪ ਸਿੰਘ ਬੂਲੇ, ਮੁਖਤਿਆਰ ਸਿੰਘ ਡਡਵਿੰਡੀ ਜ਼ਿਲ੍ਹਾ ਪ੍ਰਧਾਨ ਕਪੂਰਥਲਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ,ਐਡਵੋਕੇਟ ਜਸਪਾਲ ਸਿੰਘ ਧੰਜੂ ਸਾਬਕਾ ਚੇਅਰਮੈਨ ਕੰਬੋਜ ਵੈਲਫੇਅਰ ਬੋਰਡ ਪੰਜਾਬ, ਸੁਖਵਿੰਦਰ ਸਿੰਘ ਸੁੱਖ ਸਾਬਕਾ ਚੇਅਰਮੈਨ ਅਤੇ ਕੁਲਵਿੰਦਰ ਸਿੰਘ ਥਿੰਦ ਨਾਇਬ ਤਹਿਸੀਲਦਾਰ, ਕਾਮਰੇਡ ਬਲਦੇਵ ਸਿੰਘ, ਰਛਪਾਲ ਸਿੰਘ ਕਿਰਤੀ ਕਿਸਾਨ ਯੂਨੀਅਨ ਪੰਜਾਬ, ਡਾਕਟਰ ਬਲਜੀਤ ਕੌਰ ਸਾਬਕਾ ਡੀਨ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਨੇ ਵੀ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਚਾਹ ਪਾਣੀ ਦਾ ਲੰਗਰ ਧੰਜੂ ਮੋਟਰਜ ਵੱਲੋਂ ਤਜਿੰਦਰ ਸਿੰਘ ਧੰਜੂ ਦੀ ਅਗਵਾਈ ਵਿੱਚ ਲਗਾਇਆ ਗਿਆ। ਬਾਬਾ ਦਰਬਾਰਾ ਸਿੰਘ ਸਕੂਲ ਟਿੱਬਾ ਦੇ ਬੱਚਿਆਂ ਵੱਲੋਂ ਸ਼ਹੀਦ ਊਧਮ ਸਿੰਘ ਦੇ ਜੀਵਨ ਬਾਰੇ ਕਾਵਿਤਾ ਪੇਸ਼ ਕੀਤੀਆਂ। ਇਸ ਮੌਕੇ ਐਡਵੋਕੇਟ ਮੋਹਨ ਸਿੰਘ ਨੰਢਾ, ਐਡਵੋਕੇਟ ਕੇਹਰ ਸਿੰਘ, ਐਡਵੋਕੇਟ ਸਤਨਾਮ ਸਿੰਘ ਮੋਮੀ ਪ੍ਰਧਾਨ ਬਾਰ ਐਸੋਸੀਏਸ਼ਨ ਸੁਲਤਾਨਪੁਰ ਲੋਧੀ, ਗੁਰਮੀਤ ਸਿੰਘ ਢਿੱਲੋਂ, ਤਰਣ ਕੰਬੋਜ, ਤਜਿੰਦਰ ਸਿੰਘ ਧੰਜੂ ਮੀਤ ਪ੍ਰਧਾਨ ਟਰੱਸਟ, ਐਡਵੋਕੇਟ ਜਰਨੈਲ ਸੰਧਾ, ਸਾਹਿਤ ਸਭਾ ਸੁਲਤਾਨਪੁਰ ਲੋਧੀ ਦੇ ਸਰਪ੍ਰਸਤ ਨਰਿੰਦਰ ਸਿੰਘ ਸੋਨੀਆ, ਐਡਵੋਕੇਟ ਗੁਰਮੇਲ ਸਿੰਘ , ਐਡਵੋਕੇਟ ਪਰਮਿੰਦਰ ਸਿੰਘ ਨੰਢਾ, ਐਡਵੋਕੇਟ ਜਰਨੈਲ ਸਿੰਘ ਨੰਢਾ, ਸਤਵੀਰ ਸਿੰਘ ਮਾਹੀ ਪਾਲ, ਵਿਕਰਮਜੀਤ ਸਿੰਘ ਐਡਵੋਕੇਟ, ਡਾਕਟਰ ਸਵਰਨ ਸਿੰਘ, ਗੁਰਮੀਤ ਸਿੰਘ ਵਿਰਦੀ ਐਡਵੋਕੇਟ, ਮੁਖਤਿਆਰ ਸਿੰਘ ਚੰਦੀ , ਕ੍ਰਿਪਾਲ ਸਿੰਘ ਜੈਨਪੁਰ, ਮਾਸਟਰ ਚਰਨ ਸਿੰਘ ਹੈਬਤਪੁਰ, ਮਦਨ ਲਾਲ ਕੰਡਾ, ਮਾਸਟਰ ਗੁਰਚਰਨ ਦਾਸ, ਸੁਰਿੰਦਰ ਸਿੰਘ ਬੱਬੂ ਸਾਬਕਾ ਪ੍ਰਧਾਨ ਪ੍ਰੈੱਸ ਕਲੱਬ ਸੁਲਤਾਨਪੁਰ ਲੋਧੀ, ਵਾਇਸ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਹਰਜਿੰਦਰ ਸਿੰਘ ਜਿੰਦਾ, ਮੈਂਬਰ ਬਲਾਕ ਸੰਮਤੀ ਬਲਦੇਵ ਸਿੰਘ ਰੰਗੀਲਪੁਰ, ਹਰਨੇਕ ਸਿੰਘ ਵਿਰਦੀ, ਬਲਜੀਤ ਸਿੰਘ ਟਿੱਬਾ ਸਰਪੰਚ, ਇੰਦਰਜੀਤ ਸਿੰਘ ਲਿਫਟਰ ਮੈਂਬਰ ਬਲਾਕ ਸੰਮਤੀ, ਨਰਿੰਦਰ ਸਿੰਘ ਪੰਨੂ, ਸਰਪੰਚ ਬਲਜੀਤ ਸਿੰਘ ਟਿੱਬਾ, ਸਰਪੰਚ ਲਖਵਿੰਦਰ ਸਿੰਘ ਲੱਖੀ, ਕੁਲਵੰਤ ਸਿੰਘ, ਬਲਕਾਰ ਸਿੰਘ ਪੱਪੂ, ਜਸਵੰਤ ਸਿੰਘ ਮੱਲੀ, ਬਲਜਿੰਦਰ ਸਿੰਘ, ਰਛਪਾਲ ਸਿੰਘ ਬਿੱਟੂ ਕ੍ਰਾਂਤੀਕਾਰੀ ਅੰਬੇਡਕਰ ਦੇ ਕੌਮੀ ਪ੍ਰਧਾਨ ਪ੍ਰਕਾਸ਼ ਸਿੰਘ ਜੱਬੋਵਾਲ ਨੇ ਸ਼ਹੀਦ ਊਧਮ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

## ਸੁੰਨੜ ਕਲਾਂ ਤੋਂ ਧੁੱਸੀ ਬੰਨ੍ਹ ਲਈ ਮਿੱਟੀ ਦੀਆਂ ਟਰਾਲੀਆਂ ਕੀਤੀਆਂ ਰਵਾਨਾ



**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )**-ਨੂਰਮਹਿਲ ਦੇ ਨਜਦੀਕੀ ਪਿੰਡ ਸੁੰਨੜ ਕਲਾਂ ਅਤੇ ਆਦੇਕਾਲੀ ਦੇ ਵਾਸੀਆਂ ਨੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਹੜ੍ਹ ਪੀੜ੍ਹਤਾਂ ਦੀ ਸਹਾਇਤਾ ਕਰਨ ਲਈ ਮਿੱਟੀ ਦੀਆਂ 8 ਟਰਾਲੀਆਂ ਧੁੱਸੀ ਬੰਨ੍ਹ ਲੋਹੀਆਂ, ਸ਼ਾਹਕੋਟ ਬਗੀਚਾ ਸਿੰਘ ਪੁੱਤਰ ਸੌਦਾਗਰ ਸਿੰਘ ਸਾਬਕਾ ਸਰਪੰਚ ਸੁੰਨੜ ਕਲਾਂ ਦੀ ਰਹਿਨੁਮਾਈ ਹੇਠ ਭੇਜੀਆਂ ਹਨ ਤਾਂ ਕਿ ਦੁਬਾਰਾ ਹੜ੍ਹ ਆਉਣ 'ਤੇ ਕਿਸੇ ਦਾ ਨੁਕਸਾਨ ਨਾ ਹੋ ਸਕੇ । ਇਸ ਸ਼ੁੱਭ ਕਾਰਜ ਐਨ ਆਰ ਆਈ ਸੁਖਵਿੰਦਰ ਸਿੰਘ ਪੁੱਤਰ ਮਲਕੀਤ ਸਿੰਘ ਧਾਰੀਵਾਲ ਪਿੰਡ ਆਦੇਕਾਲੀ, ਕਰਮਜੀਤ ਸਿੰਘ ਸੁੰਨੜ ਪੁੱਤਰ ਮਹਿੰਦਰ ਸਿੰਘ, ਹਰਭਜਨ ਸਿੰਘ ਸ਼ੈਕਰ ਦੇ ਪਰਵਾਰ ਵੱਲੋਂ, ਸਤਨਾਮ ਸਿੰਘ ਸ਼ਾਮਾਂ,ਦਲਜੀਤ ਸਿੰਘ ਜੀਤਾ, ਮਨੀ, ਜੱਸਾ, ਜੀਵਨ ਲੰਬੜ, ਜੱਸਾ ਬਾਰੀਆ, ਸ਼ੇਰਾ, ਮਨਜੋਤ, ਸ਼ਰਨਾਂ, ਨੋਨੂ, ਹਰਬਲਾਸ, ਪ੍ਰਭਜੋਤ, ਹਰਜੀਤ ਸਿੰਘ, ਚਰਨਜੀਤ ਸਿੰਘ, ਜੱਸਾ ਆਦਿ ਦੇ ਸਹਿਯੋਗ ਨਾਲ ਨੇਪਰੇ ਚੜ੍ਹਿਆ ਹੈ। ਇਸ ਮੌਕੇ ਅਮਰਜੀਤ ਸਿੰਘ ਨੰਬਰਦਾਰ ਨੇ ਸਹਿਯੋਗੀ ਐਨ ਆਰ ਆਈ ਵੀਰਾਂ, ਪਿੰਡ ਵਾਸੀਆਂ ਅਤੇ ਸੇਵਾ ਕਰਦੇ ਨੌਜਵਾਨਾਂ ਦਾ ਧੰਨਵਾਦ ਕੀਤਾ ਅਤੇ ਆਸ ਪ੍ਰਗਟਾਈ ਕਿ ਉਹ ਭਵਿੱਖ ਵਿਚ ਵੀ ਅਜੀਹੇ ਸੇਵਾ ਦੇ ਕਾਰਜ ਕਰਦੇ ਰਹਿਣਗੇ।

## ਜਾਗਰੂਕਤਾ ਨਾਲ ਹੀ ਡੇਂਗੂ ਤੋਂ ਬਚਿਆ ਜਾ ਸਕਦੈ : ਸੰਧੂ

**ਫਗਵਾੜਾ ( ਡਾ. ਰਮਨ )** - ਡੇਂਗੂ, ਮਲੇਰੀਆ ਅਤੇ ਚਿਕਨਗੁਨੀਆ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਲਈ ਜੋਤੀ ਮਾਡਲ ਸਕੂਲ ਪ੍ਰੀਤ ਨਗਰ ਫਗਵਾੜਾ ਤੋਂ ਜਾਗਰੂਕਤਾ ਰੈਲੀ ਕੱਢੀ ਗਈ, ਜਿਸ ਵਿੱਚ ਵਿਦਿਆਰਥੀਆਂ ਦੇ ਹੱਥਾਂ ਵਿੱਚ ਫੜੀਆਂ ਤਖਤੀਆਂ ਉੱਪਰ ਡੇਂਗੂ 'ਤੇ ਵਾਰ ਹਰ ਸ਼ੁੱਕਰਵਾਰ , ਕਪੜੇ ਇਸ ਤਰ੍ਹਾਂ ਦੇ ਪਾਉ ਕਿ ਸਰੀਰ ਢੱਕਿਆ ਰਹੇ , ਘਰਾਂ ਵਿੱਚ ਕੂਲਰਾ , ਗਮਲਿਆਂ , ਟ੍ਰੇਆਂ 'ਚ ਸਾਫ ਪਾਣੀ ਖੜ੍ਹਾ ਨਾ ਹੋਣ ਦਿਉ ਆਦਿ ਨਾਅਰਿਆਂ ਨਾਲ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਉਨ੍ਹਾਂ ਕਿਹਾ ਕਿ ਜਾਗਰੂਕਤਾ ਨਾਲ ਹੀ ਡੇਂਗੂ ਤੋਂ ਬਚਿਆ ਜਾ ਸਕਦਾ ਹੈ। ਇਸ ਮੌਕੇ ਹੈਲਥ ਇੰਸਪੈਕਟਰ ਕੰਵਲਜੀਤ ਸਿੰਘ ਸੰਧੂ ਨੇ ਦੱਸਿਆ ਕਿ ਡੇਂਗੂ ਮੱਛਰ ਸਾਫ ਪਾਣੀ ਦੇ ਸੋਮਿਆਂ ਵਿੱਚ ਹੁੰਦਾ ਹੈ ਅਤੇ ਦਿਨ ਵੇਲੇ ਹੀ ਕੱਟਦਾ ਹੈ ਉਨ੍ਹਾਂ ਕਿਹਾ ਕਿ ਤੇਜ ਬੁਖਾਰ ਹੋਣਾ , ਸਿਰ ਦਰਦ ਅਤੇ ਮਾਸ ਪੇਸ਼ੀਆਂ 'ਚ ਦਰਦ ਹੋਣਾ , ਚਮੜੀ 'ਤੇ ਦਾਣੇ ਬਣ ਜਾਣੇ , ਅੱਖਾਂ ਦੇ ਪਿਛਲੇ ਹਿੱਸੇ 'ਚ ਦਰਦ ਹੋਣਾ, ਮਸੂੜਿਆਂ ਅਤੇ ਨੱਕ ਵਿੱਚੋਂ ਖੂਨ ਵਗਣਾ ਡੇਂਗੂ ਦੇ ਲੱਛਣ ਹੋ ਸਕਦੇ ਹਨ। ਉਨ੍ਹਾਂ ਕਿਹਾ ਕਿ ਇਸ ਤੋਂ ਬਚਣ ਲਈ ਸਾਨੂੰ-ਸੁਚੇਤ ਹੋਣ ਦੀ ਲੋੜ ਹੈ। ਘਬਰਾਓ ਨਾ , ਜੇਕਰ ਡੇਂਗੂ ਦੀ ਲਪੇਟ 'ਚ ਆ ਗਏ ਹੋ ਤਾਂ ਐਸਪਰੀਨ ਅਤੇ ਬਰੂਫਿਨ ਨਾ ਲਵੋ ਸਿਰਫ ਪੈਰਾਸੀਟਾਮੋਲ ਲਵੋ ਪਾਣੀ ਜਾਂ ਤਰਲ ਚੀਜਾਂ ਪੀਓ ਅਤੇ ਅਰਾਮ ਕਰੋ। ਬੁਖਾਰ ਹੋਣ ਦੀ ਸੂਰਤ ਵਿੱਚ ਸਰਕਾਰੀ ਹਸਪਤਾਲ ਜਾਂ ਸਰਕਾਰੀ ਡਿਸਪੈਂਸਰੀ ਤੋਂ ਹੀ ਇਲਾਜ ਕਰਵਾਇਆ ਜਾਵੇ।

## ਫਸਲਾਂ ਲਈ ਯੂਰੀਆ ਖਾਦ ਦੀ ਭਾਰੀ ਘਾਟ : ਚੌਹਾਨ



**ਟਾਂਡਾ ਉੜਮੁੜ (ਜਸਵਿੰਦਰ ਸੰਧੂ ,ਉਂਕਾਰ ਸਿੰਘ)**-ਦੋਆਬਾ ਕਿਸਾਨ ਕਮੇਟੀ ਦੇ ਸੂਬਾ ਪ੍ਰਧਾਨ ਜੰਗਵੀਰ ਸਿੰਘ ਚੌਹਾਨ ਨੇ ਦੱਸਿਆ ਕਿ ਪਿਛਲੇ ਲੰਬੇ ਸਮੇਂ ਤੋਂ ਪੰਜਾਬ ਵਿੱਚ ਯੂਰੀਆਂ ਖਾਦ ਦੀ ਭਾਰੀ ਘਾਟ ਕਾਰਨ ਕਿਸਾਨ ਪ੍ਰੇਸ਼ਾਨ ਹਨ ਕਿਉ ਕਿ ਛੇਤੀ ਪੱਕਣ ਵਾਲੀਆਂ ਕਿਸਮਾਂ ਨੂੰ ਜੇਕਰ ਇੱਕ ਮਹੀਨੇ ਵਿੱਚ ਖਾਦ ਦੀਆ ਦੋ ਖੁਰਾਕਾਂ ਪਾ ਨਹੀਂ ਦਿੰਦੇ ਉਨ੍ਹਾਂ ਚਿਰ ਝੋਨਾ ਝਾੜ ਨਹੀਂ ਕਰਦਾ ਸਰਕਾਰ ਦੇ ਕਹਿਣ ਤੇ ਕਿਸਾਨਾਂ ਨੇ ਝੋਨਾ ਲੇਟ ਲਾਇਆ । ਉਸ ਤੋਂ ਬਾਅਦ ਹੜ੍ਹਾਂ ਦੇ ਪਾਣੀ ਨੇ ਪੰਜਾਬ ਦੀਆ ਕਈ ਤਹਿਸੀਲਾਂ ਤੇ ਜ਼ਿਲ੍ਹਿਆਂ ਵਿੱਚ ਝੋਨੇ ਦਾ ਕਾਫੀ ਨੁਕਸਾਨ ਕੀਤਾ ਟਾਂਡਾ ਦੇ ਬੇਟ ਖੇਤਰ ਵਿਚ ਕਈ ਪਿੰਡਾਂ ਟਾਹਲੀ, ਸਲੇਮ ਪੁਰ ,ਰੜਾ, ਗੰਧੋਵਾਲ, ਪਿਰੋਜ ਰੋਲੀਆ ,ਮਿਆਣੀ, ਅਬਦੁੱਲਾ ਪੁਰ ਤੇ ਹੋਰ ਕਈ ਪਿੰਡਾਂ ਵਿੱਚ ਫਸਲ ਦਾ ਭਾਰੀ ਨੁਕਸਾਨ ਹੋਇਆ, ਸਰਕਾਰ ਕਿਸਾਨਾਂ ਨੂੰ ਤੁਰੰਤ ਮੁਆਵਜੇ ਦਾ ਐਲਾਨ ਕਰੇ । ਦੋਆਬਾ ਕਿਸਾਨ ਕਮੇਟੀ ਪੰਜਾਬ ਵਲੋਂ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜਲਦ ਤੋਂ ਜਲਦ ਯੂਰੀਆਂ ਖਾਦ ਦੀ ਘਾਟ ਤੇ ਝੋਨੇ ਦੇ ਨੁਕਸਾਨ ਦੇ ਮੁਆਵਜੇ ਦਾ ਹੱਲ ਨਾ ਕੀਤਾ ਤਾਂ ਜੱਥੇਬੰਦੀ ਸੰਘਰਸ਼ ਦਾ ਬਿਗੁਲ ਵਜਾਏਗੀ।

ਇਸ ਮੌਕੇ ਰਣਜੀਤ ਸਿੰਘ ਬਾਜਵਾ, ਭੁਪਿੰਦਰ ਸਿੰਘ ਘੋਗਰਾ, ਸਰਪੰਚ ਤਿਰਲੋਚਨ ਸਿੰਘ,ਭਾਗ ਸਿੰਘ ਗਾਜੀ ,ਕਮਲ ਮਾਨ,ਰਾਜ ਵਿਰਕ, ਹਰਜਿੰਦਰ ਸਿੰਘ ਮੈਂਬਰ ਪੰਚਾਇਤ, ਜੁਗਿੰਦਰ ਸਿੰਘ, ਜਸਵਿੰਦਰ ਸਿੰਘ, ਬਲਜੀਤ ਸਿੰਘ, ਬਲਵਿੰਦਰ ਸਿੰਘ ,ਗੁਰਪ੍ਰੀਤ ਸਿੰਘ ਸੰਧੂ ਆਦਿ ਹਾਜਰ ਸਨ ।

## ਤੀਜੇ 'ਸੰਸਕਾਰ ਕੇਂਦਰ' ਦਾ ਆਰੰਭ



**ਫਿਲੌਰ (ਨਿਰਮਲ)**-ਇਲਮ ਚੰਦ ਸਰਵਹਿੱਤਕਾਰੀ ਵਿੱਦਿਆ ਮੰਦਿਰ ਹਾਈ ਸਕੂਲ ਛੋਕਰਾਂ ਵਲੋਂ ਸ਼ਹੀਦ ਭਗਤ ਸਿੰਘ ਬਾਲ ਸੰਸਕਾਰ ਕੇਂਦਰ ਦੀ ਸ਼ੁਰੂਆਤ ਕੀਤੀ ਗਈ ਤੇ ਸਭ ਨੂੰ ਲੱਡੂ ਵੰਡੇ ਗਏ । ਸਕੂਲ ਮੁੱਖੀ ਨੇ ਦੱਸਿਆ ਕਿ ਬਾਲ ਸੰਸਕਾਰ ਕੇਂਦਰ ਵਿਖੇ ਲੋੜਵੰਦ ਬੱਚਿਆਂ ਨੂੰ ਸਿੱਖਿਆ ਬਿਲਕੁੱਲ ਮੁਫਤ ਦਿੱਤੀ ਜਾਂਦੀ ਹੈ, ਅਤੇ ਸਿੱਖਿਆ ਦੇ ਨਾਲ ਨਾਲ ਬੱਚਿਆਂ ਨੂੰ ਸੰਸਕਾਰ ਵੀ ਦਿੱਤੇ ਜਾਂਦੇ ਹਨ। ਸਕੂਲ ਮੁਖੀ ਵਲੋਂ ਮੌਕੇ 'ਤੇ ਮੌਜੂਦ ਬੱਚਿਆਂ ਨੂੰ ਕਿਹਾ ਕਿ ਸਾਨੂੰ ਸਭ ਨੂੰ ਮਹਾਂਪੁਰਖਾਂ ਦੇ ਜੀਵਨ ਤੋਂ ਪ੍ਰੇਰਨਾ ਲੈ ਕੇ ਸਮਾਜ ਦੀ ਭਲਾਈ ਲਈ ਹਮੇਸ਼ਾਂ ਤਿਆਰ ਰਹਿਣਾ ਚਾਹੀਦਾ ਹੈ ।

## ਸ੍ਰੀ ਗੁਰੂ ਰਵਿਦਾਸ ਸਭਾ ਵਲੋਂ ਮਨੀਪੁਰ ਹਿੰਸਾ ਦੀ ਨਿੰਦਾ,ਕੈਂਡਲ ਮਾਰਚ ਅੱਜ

**ਖਰੜ (ਹਰਨਾਮ ਸਿੰਘ ਡੱਲਾ)**-ਸ੍ਰੀ ਗੁਰੂ ਰਵਿਦਾਸ ਸਭਾ ਰਜਿ ਖਰੜ ਦੀ ਵਿਸ਼ੇਸ਼ ਮੀਟਿੰਗ ਹਰਕਾਦਾਸ ਦੀ ਪ੍ਰਧਾਨਗੀ ਹੇਠ ਦਸਮੇਸ਼ ਨਗਰ ਖਰੜ ਵਿਖੇ ਹੋਈ। ਜਿਸ ਵਿੱਚ ਜੋਗਿੰਦਰ ਸਿੰਘ ਮਾਨਖੇੜੀ, ਹਰਭਜਨ ਸਿੰਘ,ਜੰਗ ਸਿੰਘ ਭੱਟੀ, ਗੁਰਮੀਤ ਸਿੰਘ ਸਿੰਗਲ,ਪਾਲ ਸਿੰਘ ਘੇੜਾ,ਜੇ ਆਰ ਮਾਹੀ, ਕੁਲਦੀਪ ਕੁਮਾਰ, ਜਸਪਾਲ ਸਿੰਘ ਘੋਗਾ,ਚਰਨ ਸਿੰਘ ਕੰਗ,ਗੁਰਮੇਲ ਸਿੰਘ ਧਾਲੀਵਾਲ,ਮਹਿੰਦਰ ਰਾਮ ਪਾਲ, ਸੁਰਿੰਦਰ ਸਿੰਘ ਬੀਰਮਪੁਰੀ, ਅਵਤਾਰ ਸਿੰਘ ਚੱਕਲ,ਧਰਮ ਪਾਲ ਸਿੰਘ, ਕੈਪਟਨ ਚੰਦਰ ਗੇਰਾ,ਮਦਨ ਲਾਲ ਜਨਾਗਲ,ਸਵਰਨ ਸਿੰਘ ਸਾਨ, ਜਗਪਾਲ ਸਿੰਘ, ਹਰਜੀਤ ਸਿੰਘ, ਹਰਨੇਕ ਸਿੰਘ ਦੇਵਪੁਰੀ, ਹਰਨਾਮ ਸਿੰਘ,ਮੇਵਾ ਸਿੰਘ ਪੁਰਖਾਲੀ, ਐਡਵੋਕੇਟ ਹਰਪ੍ਰੀਤ ਸਿੰਘ ਅਤੇ ਰਾਮ ਸਿੰਘ ਨੇ ਭਾਗ ਲਿਆ। ਇਕੱਤਰ ਮੈਂਬਰਾਂ ਨੇ ਮਨੀਪੁਰ ਦੀਆਂ ਘਟਨਾਵਾਂ ਦੀ ਪੁਰਜੋਰ ਨਿੰਦਾ ਕੀਤੀ ਅਤੇ ਇਕ ਅਗਸਤ ਨੂੰ ਘੱਟ ਗਿਣਤੀਆਂ ਅਤੇ ਦਲਿਤਾਂ ਨਾਲ ਇੱਕਮੁੱਠਤਾ ਜਾਹਰ ਕਰਨ ਲਈ ਸ਼ਾਮ ਸਾਢੇ ਛੇ ਵਜੇ ਕੈਂਡਲ ਮਾਰਚ ਕੱਢਿਆ ਜਾਵੇਗਾ।

## ਮਨੁੱਖਤਾ ਦੇ ਮੱਥੇ 'ਤੇ ਕਲੰਕ ਹੈ ਮਨੀਪੁਰ ਘਟਨਾ : ਰਾਜੇਸ਼ ਭਬਿਆਣਾ

**ਫਗਵਾੜਾ (ਜਗਵਿੰਦਰ ਢੱਡਾ)** ਮਨੀਪੁਰ ਦੀ ਘਟਨਾ ਬੇਹੱਦ ਸ਼ਰਮਨਾਕ ਸਮੁੱਚੇ ਮਾਨਵ ਦੇ ਇਤਿਹਾਸ ਵਿੱਚ ਅਤਿ ਨਿੰਦਣਯੋਗ ਘਟਨਾ ਹੈ ਜੋ ਮਨੁੱਖਤਾ ਦੇ ਮੱਥੇ 'ਤੇ ਕਲੰਕ ਹੈ। ਭਾਰਤੀ ਸੰਵਿਧਾਨ ਜਾਤ, ਧਰਮ ਲਿੰਗ ਰੰਗ ਆਧਾਰਿਤ ਵਿਤਕਰੇ ਨੂੰ ਖਤਮ ਕਰਕੇ ਬਰਾਬਰੀ ਤੇ ਸਨਮਾਨ ਦੀ ਬਹਾਲ ਕਰਨ ਕਰਦਾ ਹੈ, ਉਸਨੂੰ ਕੁਚਲਦਿਆਂ ਔਰਤਾਂ ਨੂੰ ਸੜਕਾਂ ਉੱਪਰ ਨੰਗਿਆਂ ਕਰਕੇ ਘੁੰਮਾਉਣ ਦੀ ਘਟਨਾ ਸੰਸਾਰ ਪੱਧਰ 'ਤੇ ਭਾਰਤ ਦਾ ਸਿਰ ਸ਼ਰਮ ਨਾਲ ਨੀਵਾਂ ਕਰਦੀ ਹੈ । ਇਹ ਸ਼ਬਦ ਅਨੇਕਾਂ ਪੁਸਤਕਾਂ ਦੇ ਰਚੇਤਾ ਲੇਖਕ ਗੀਤਕਾਰ ਰਾਜੇਸ਼ ਭਬਿਆਣਾ ਨੇ ਕਹੇ। ਉਨ੍ਹਾਂ ਅੱਗੇ ਕਿਹਾ ਕਿ ਬੇਈਮਾਨ ਸਰਕਾਰ ਦੀ ਜਾਤ ਧਰਮ ਤੇ ਦੰਗਿਆਂ ਦੇ ਆਧਾਰਿਤ ਗਲਤ ਨੀਤੀਆਂ ਦਾ, ਵਿਸ਼ਵ ਭਰ ਵਿੱਚ ਮਹਾਨ ਭਾਰਤੀ ਸੰਵਿਧਾਨ ਦੇ ਲੋਕਤੰਤਰੀ ਢਾਂਚੇ ਨੂੰ ਛਿੱਕੇ ਟੰਗ ਕੇ ਢਾਈ ਮਹੀਨਿਆਂ ਤੋਂ ਵੱਧ ਨਿਰੰਤਰ ਮਨੀਪੁਰ ਦੇ ਲੋਕਾਂ ਉੱਪਰ ਕੀਤੇ ਜਾ ਰਹੇ ਅੱਤਿਆਚਾਰ ਅਸਭਿਅਕ ਸਮਾਜ ਤੇ ਜੰਗਲ ਰਾਜ ਦੀ ਗਵਾਹੀ ਭਰ ਰਹੇ ਹਨ। ਮਨੀਪੁਰ ਦੇ ਧਰਤੀ ਉੱਤੇ ਲੋਕ ਆਪਣੇ ਜਲਦੇ ਘਰ, ਔਰਤਾਂ ਦੀ ਬੇਇੱਜ਼ਤੀ ਬਲਾਤਕਾਰ ਕੁੱਟ ਮਾਰ, ਡਰ ਸਹਿਮ ਦੇ ਸਾਏ ਹੇਠਾਂ ਜਿੰਦਗੀ ਗੁਜਾਰ ਰਹੇ। ਉੱਥੇ ਸਰਕਾਰ ਪੂਰੀ ਤਰ੍ਹਾਂ ਫੇਲ੍ਹ ਹੋਈ ਨਜਰ ਆ ਰਹੀ ਹੈ। ਮਨੀਪੁਰ ਵਿੱਚ ਰਾਸ਼ਟਰਪਤੀ ਰਾਜ ਲਗਾ ਦੇਣਾ ਚਾਹੀਦਾ ਹੈ।

## ਡਾਕਟਰ ਅਮਨ ਆਹਲੂਵਾਲੀਆ 'ਆਪਣਾ ਘਰ' 'ਚ ਬਜ਼ੁਰਗਾਂ ਦੀ ਨਿਸ਼ਕਾਮ ਭਾਵਨਾ ਨਾਲ ਕਰ ਰਹੇ ਹਨ ਸੇਵਾ



**ਰੂਪਨਗਰ, (ਨਵਾਂ ਜ਼ਮਾਨਾ ਹਸਪਤਾਲ)**- ਦੀਪ ਡੈਂਟਲ ਹਸਪਤਾਲ (ਡੀ. ਏ. ਵੀ. ਰੋਡ) ਰੂਪਨਗਰ ਦੇ ਦੰਦਾਂ ਦੇ ਮਾਹਿਰ ਨੌਜਵਾਨ ਡਾਕਟਰ ਅਮਨਦੀਪ ਸਿੰਘ ਆਹਲੂਵਾਲੀਆ ਵਲੋਂ ਬਜ਼ੁਰਗਾਂ ਦੇ "ਆਪਣਾ ਘਰ" ਹਵੇਲੀ ਕਲਾਂ ਵਿੱਚ ਰਹਿ ਰਹੇ ਬਜ਼ੁਰਗਾਂ ਦੇ ਦੰਦਾਂ ਦੀ ਸਾਂਭ ਸੰਭਾਲ ਲਈ ਲਗਾਤਾਰ ਨਿਸ਼ਕਾਮ ਭਾਵਨਾ ਨਾਲ ਸੇਵਾ ਕੀਤੀ ਜਾ ਰਹੀ ਹੈ। ਉਨ੍ਹਾਂ ਇੱਥੇ ਰਹਿ ਰਹੇ ਇਕ ਬਜ਼ੁਰਗ ਸ਼ਤੀਸਵਰ ਖੰਨਾ (77) ਨੂੰ ਨਵੇਂ ਦੰਦਾਂ ਦੀ ਬੀੜ ਲਗਾਇਆ ਹੈ। "ਆਪਣਾ ਘਰ" ਦੇ ਪ੍ਰਬੰਧਕ ਸਰਸਵਤੀ ਦੇਵੀ ਮੁੰਡਰਾ ਚੈਰੀਟੇਬਲ ਟਰੱਸਟ (ਰਜਿ.) ਵਲੋਂ ਪ੍ਰਧਾਨ ਰਾਜਿੰਦਰ ਸੈਣੀ ਨੇ ਕਿਹਾ ਕਿ ਨੌਜਵਾਨ ਡਾਕਟਰ ਅਮਨ ਆਲੂਵਾਲੀਆ ਵਲੋਂ ਬਜ਼ੁਰਗਾਂ ਦੀ ਸੇਵਾ ਤੇ ਭਲਾਈ ਜੋ ਸੋਚ ਅਪਨਾਈ ਗਈ ਹੈ ਇਹ ਸਾਡੇ ਸਮਾਜ ਦੇ ਉਨ੍ਹਾਂ ਨੌਜਵਾਨਾਂ ਲਈ ਪ੍ਰੇਰਨਾ ਤੇ ਸੰਦੇਸ਼ ਹੈ ਜੋ ਨੌਜਵਾਨ ਆਪਣੇ ਬਜ਼ੁਰਗਾਂ ਨੂੰ ਮਾਣ ਤੇ ਸਤਿਕਾਰ ਦੇਣ ਤੋਂ ਦੂਰ ਹੁੰਦੇ ਜਾ ਰਹੇ ਹਨ। ਸੈਣੀ ਨੇ ਇਸ ਕਾਰਜ਼ ਲਈ "ਆਪਣਾ ਘਰ" ਦੇ ਮੈਨੇਜ਼ਰ ਕੇ.ਐਸ. ਭੋਗਲ ਦਾ ਵੀ ਧੰਨਵਾਦ ਕੀਤਾ ਹੈ ਜੋ ਪਿਛਲੇ ਕੋਈ ਤਿੰਨ ਮਹੀਨੇ ਤੋਂ ਇਸ ਬਜ਼ੁਰਗ ਨੂੰ ਨਵੇਂ ਦੰਦਾਂ ਦੀ ਬੀੜ ਲਗਵਾਉਣ ਲਈ ਡਾਕਟਰ ਸਾਹਿਬ ਦੇ ਹਸਪਤਾਲ ਲੈ ਕੇ ਜਾਣ ਦੀ ਸੇਵਾ ਕਰਦੇ ਰਹੇ।

## ਲਾਇਲਪੁਰ ਖ਼ਾਲਸਾ ਕਾਲਜ ਦੇ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ



**ਜਲੰਧਰ (ਸ਼ੈਲੀ ਐਲਬਰਟ)**-ਲਾਇਲਪੁਰ ਖ਼ਾਲਸਾ ਕਾਲਜ, ਜਲੰਧਰ ਦਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਐਲਾਨੇ ਬੈਚੂਲਰ ਆਫ ਫਿਜ਼ਿਓਥੈਰੇਪੀ (ਬੀ.ਪੀ.ਟੀ.) ਭਾਗ ਤੀਜਾ ਦਾ ਨਤੀਜਾ ਸ਼ਾਨਦਾਰ ਰਿਹਾ । ਵਿਦਿਆਰਥਣ ਗਗਨਦੀਪ ਕੌਰ ਨੇ 1100 ਵਿਚੋਂ 829 ਅੰਕ ਪ੍ਰਾਪਤ ਕਰਕੇ ਯੂਨੀਵਰਸਿਟੀ ਮੈਰਿਟ ਵਿਚੋਂ ਤੀਜਾ ਸਥਾਨ ਹਾਸਲ ਕੀਤਾ। ਇਸੇ ਕਲਾਸ ਦੀ ਵਿਦਿਆਰਥਣ ਤਨਪ੍ਰੀਤ ਕੌਰ ਨੇ 812 ਅੰਕ ਪ੍ਰਾਪਤ ਕਰਕੇ ਪੰਜਵਾਂ, ਪ੍ਰੇਰਨਾ ਆਨੰਦ ਨੇ 794 ਅੰਕ ਪ੍ਰਾਪਤ ਕਰਕੇ ਯੂਨੀਵਰਸਿਟੀ ਮੈਰਿਟ ਵਿਚੋਂ ਨੌਂਵਾਂ ਸਥਾਨ, ਪ੍ਰਭਸਿਮਰਨ ਕੌਰ ਕਾਲਾਹਾ ਨੇ 792 ਅੰਕ ਪ੍ਰਾਪਤ ਕਰਕੇ ਦਸਵਾਂ ਸਥਾਨ ਹਾਸਲ ਕੀਤਾ। ਬਲਬੀਰ ਕੌਰ ਪ੍ਰਧਾਨ ਗਵਰਨਿੰਗ ਕੌਂਸਲ ਨੇ ਵਿਸ਼ੇਸ਼ ਤੌਰ ਤੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ।ਪ੍ਰਿੰਸੀਪਲ ਪ੍ਰੋ. ਜਸਰੀਨ ਕੌਰ ਨੇ ਵਿਦਿਆਰਥੀਆਂ ਨੂੰ ਭਵਿੱਖ ਵਿਚ ਹੋਰ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਆ।

ਇਸ ਮੌਕੇ ਡਾ. ਰਾਜੂ ਸ਼ਰਮਾ, ਮੁਖੀ ਫਿਜ਼ਿਓਥੈਰੇਪੀ ਵਿਭਾਗ, ਡਾ. ਜਸਵੰਤ ਕੌਰ ਅਤੇ ਡਾ. ਪ੍ਰਿਯਾਂਕ ਸ਼ਾਰਧਾ ਵੀ ਹਾਜ਼ਰ ਸਨ।

## ਆਦਮਪੁਰ ਹਵਾਈ ਅੱਡੇ ਤੋਂ ਉਡਾਣਾਂ ਮੁੜ ਸ਼ੁਰੂ ਹੋਣਗੀਆਂ : ਰਿੰਕੂ

**ਜਲੰਧਰ ( ਸ਼ੈਲੀ ਐਲਬਰਟ)**-ਕੇਂਦਰੀ ਸ਼ਹਿਰੀ ਹਵਾਬਾਜੀ ਮੰਤਰਾਲੇ ਨੇ ਜਲੰਧਰ ਦੇ ਆਦਮਪੁਰ ਹਵਾਈ ਅੱਡੇ ਤੋਂ ਇੱਕ ਵਾਰ ਫਿਰ ਤੋਂ ਉਡਾਣਾਂ ਸ਼ੁਰੂ ਕਰਨ ਦੀ ਹਰੀ ਝੰਡੀ ਦੇ ਦਿੱਤੀ ਹੈ। ਕਰੀਬ ਤਿੰਨ ਸਾਲਾਂ ਬਾਅਦ ਆਦਮਪੁਰ ਹਵਾਈ ਅੱਡੇ ਤੋਂ ਬੈਂਗਲੁਰੂ, ਗੋਆ, ਕੋਲਕਾਤਾ, ਨਾਂਦੇੜ ਸਾਹਿਬ ਅਤੇ ਛੁਪਣ ਲਈ ਸਿੱਧੀਆਂ ਉਡਾਣਾਂ ਸ਼ੁਰੂ ਹੋਣ ਜਾ ਰਹੀਆਂ ਹਨ। ਸਪਾਈਸ ਜੈੱਟ ਅਤੇ ਸਟਾਰ ਏਅਰ ਏਅਰਲਾਈਨਜ਼ ਕੰਪਨੀਆਂ ਨੇ ਆਦਮਪੁਰ ਤੋਂ ਉਡਾਣ ਭਰਨ ਲਈ ਟੈਂਡਰ ਲਿਆ ਹੈ। ਦੁਆਬਾ ਖੇਤਰ, ਜਿਸ ਨੂੰ ਪਰਵਾਸੀ ਭਾਰਤੀਆਂ ਦੀ ਧਰਤੀ ਵੀ ਕਿਹਾ ਜਾਂਦਾ ਹੈ, ਇੱਥੇ ਬਹੁਤ ਸਾਰੇ ਲੋਕ ਆਉਂਦੇ ਰਹਿੰਦੇ ਹਨ। ਇਸ ਤੋਂ ਇਲਾਵਾ ਦੂਜੇ ਰਾਜਾਂ ਵਿੱਚ ਜਾਣ ਵਾਲੇ ਸਨਅਤਕਾਰਾਂ ਲਈ ਵੀ ਆਦਮਪੁਰ ਹਵਾਈ ਅੱਡਾ ਬਹੁਤ ਸੁਵਿਧਾਜਨਕ ਸੀ।

ਪਰ ਕੋਵਿਡ ਤੋਂ ਕੁਝ ਸਮਾਂ ਪਹਿਲਾਂ ਇੱਥੋਂ ਉਡਾਣਾਂ ਬੰਦ ਕਰ ਦਿੱਤੀਆਂ ਗਈਆਂ ਸਨ। ਹਾਲ ਹੀ ਵਿੱਚ ਆਮ ਆਦਮੀ ਪਾਰਟੀ ਦੇ ਜਲੰਧਰ ਤੋਂ ਨਵੇਂ ਚੁਣੇ ਗਏ ਸਾਂਸਦ ਸੁਸ਼ੀਲ ਰਿੰਕੂ ਵੀ ਆਦਮਪੁਰ ਏਅਰਪੋਰਟ ਦਾ ਮੁਆਇਨਾ ਕਰਨ ਪਹੁੰਚੇ ਅਤੇ ਉਨ੍ਹਾਂ ਨੇ ਇਹ ਵੀ ਕਿਹਾ ਕਿ ਉਹ ਕੇਂਦਰ ਸਰਕਾਰ ਨੂੰ ਏਅਰਪੋਰਟ ਨੂੰ ਦੁਬਾਰਾ ਖੋਲ੍ਹਣ ਲਈ ਬੇਨਤੀ ਕਰਨਗੇ। ਦੱਸ ਦੇਈਏ ਕਿ ਨਵਾਂ ਟਰਮੀਨਲ 110 ਕਰੋੜ ਰੁਪਏ ਦੀ ਲਾਗਤ ਨਾਲ ਬਣਾਇਆ ਗਿਆ ਹੈ ਅਤੇ ਅਗਲੇ ਚਾਰ ਮਹੀਨਿਆਂ ਤੱਕ ਇੱਥੋਂ ਉਡਾਣਾਂ ਸ਼ੁਰੂ ਹੋ ਸਕਦੀਆਂ ਹਨ।

## ਭਾਈ ਜੈਤਾ ਜੀ ਯੂਥ ਫਾਊਂਡੇਸ਼ਨ ਦਾ ਵਿਸਥਾਰ



**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੋਬੀ)**-ਸਥਾਨਕ ਗੁ. ਸ਼ਹੀਦ ਬੁਰਜ ਸਾਹਿਬ ਭਾਈ ਜੈਤਾ ਜੀ ਯੂਥ ਫੈਡਰੇਸ਼ਨ ਦੀ ਮੀਟਿੰਗ ਕੌਮੀ ਪ੍ਰਧਾਨ ਲਖਵਿੰਦਰ ਸਿੰਘ ਸੰਧੂ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਫਾਊਂਡੇਸ਼ਨ ਦਾ ਵਿਸਥਾਰ ਕਰਦਿਆਂ ਟਹਿਲ ਸਿੰਘ ਗਿੱਲ ਲੁਧਿਆਣਾ ਨੂੰ ਫਾਊਂਡੇਸ਼ਨ ਦਾ ਕੌਮੀ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਜਿਨ੍ਹਾਂ ਨੂੰ ਫਾਊਂਡੇਸਨ ਦੇ ਸਰਪ੍ਰਸਤ ਬਾਬਾ ਧਰਮ ਸਿੰਘ ਖਾਲਸਾ ਨੇ ਸਿਰਪਾਓ ਬਖਸ਼ਿਸ਼ ਕੀਤੀ। ਕੌਮੀ ਪ੍ਰਧਾਨ ਲਖਵਿੰਦਰ ਸਿੰਘ ਸੰਧੂ ਨੇ ਦੱਸਿਆ ਕਿ ਜਲਦੀ ਹੀ ਸੂਬਾ ਪੱਧਰੀ ਮੀਟਿੰਗ ਬੁਲਾ ਕੇ ਰਹਿੰਦੇ ਜ਼ਿਲ੍ਹਿਆਂ ਦੇ ਪ੍ਰਧਾਨ ਥਾਪੇ ਜਾਣਗੇ। ਇਸ ਮੌਕੇ ਸਰਬਜੀਤ ਸਿੰਘ ਕੰਗ ਯੂ. ਐੱਸ. ਏ , ਅਮਰਜੀਤ ਸਿੰਘ ਚੌਹਾਨ, ਪਰਮਿੰਦਰ ਸਿੰਘ ਬੱਗਾ ਪ੍ਰਧਾਨ ਜ਼ਿਲ੍ਹਾ ਲੁਧਿਆਣਾ,ਮਲਕੀਤ ਸਿੰਘ ਉਪ ਪ੍ਰਧਾਨ ਲੁਧਿਆਣਾ, ਬਾਬਾ ਬਹਾਦਰ ਸਿੰਘ ਮਕੜੋਨਾ,ਦਿਲਬਰ ਸਿੰਘ, ਗੁਰਮਤਿ ਸਿੰਘ, ਇੰਦਰਪ੍ਰੀਤ ਸਿੰਘ ਲਾਲੀ ,ਹਰਿੰਦਰ ਸਿੰਘ ਬੋਨੀ ਜਨਰਲ ਸਕੱਤਰ,ਅਮਰਪ੍ਰੀਤ ਸਿੰਘ ਚੌਹਾਨ, ਟਹਿਲ ਸਿੰਘ ਗਿੱਲ, ਗੁਰਦੇਵ ਸਿੰਘ ਮੋਹਾਲੀ ,ਮਨਦੀਪ ਸਿੰਘ ਸੰਧੂ ,ਗੁਰਮੇਲ ਸਿੰਘ ਚਾਹਲ , , ਜਸਵਿੰਦਰ ਸਿੰਘ ਮੁਹਾਲੀ ,ਸਰਬਜੀਤ ਸਿੰਘ ਚੰਡੀਗੜ੍ਹ ,ਵਿਕਰਮਜੀਤ ਸਿੰਘ ਮਿੱਕੀ ,ਅਮਰਜੀਤ ਸਿੰਘ ਕਲਸੀ ,ਪਰਮਿੰਦਰ ਸਿੰਘ ਬੱਗਾ ,ਗਗਨਦੀਪ ਸਿੰਘ, ਭਾਈ ਰਾਜਭਿੰਦਰ ਸਿੰਘ ਮਕੜੋਨਾ, ਸ.ਧਰਮਜੀਤ ਸਿੰਘ ਘਟੌੜਾ , ਸੈਂਡੀ ਮਠਾੜੂ, ਐਡਵੋਕੇਟ ਮਨਸਿਪੀ ਮਠਾੜੂ , ਗੁਰਮੁਖ ਸਿੰਘ, ਜਸਵਿੰਦਰ ਸਿੰਘ ਪਾਲ, ਅਮਨਦੀਪ ਕੌਰ, ਨਿਰਮਲ ਸਿੰਘ,ਹਰਿੰਦਰ ਕੌਰ ਜਤਿੰਦਰ ਸਿੰਘ ਆਦਿ ਹਾਜ਼ਰ ਸਨ।

## ਮਨੀਪੁਰ ਹਿੰਸਾ ਵਿਰੁੱਧ ਜਨ ਹਿੱਤ ਵਿਕਾਸ ਕਮੇਟੀ ਵੱਲੋਂ ਜ਼ਬਰਦਸਤ ਰੋਸ ਪ੍ਰਦਰਸ਼ਨ




**ਖਰੜ (ਹਰਨਾਮ ਸਿੰਘ ਡੱਲਾ)**-ਪਿਛਲੇ ਕਈ ਦਿਨਾਂ ਤੋਂ ਸਥਾਨਕ ਸਮਾਜਿਕ ਜਥੇਬੰਦੀਆਂ ਦੇ ਲੋਕਾਂ ਦਾ ਗੁੱਸਾ ਮਨੀਪੁਰ ਹਿੰਸਕ ਘਟਨਾਵਾਂ ਲੈ ਕੇ ਰੁਕਣ ਦਾ ਨਾਂਅ ਨਹੀਂ ਲੈ ਰਿਹਾ ਹੈ। ਇਸੇ ਕੜੀ ਵਿੱਚ ਖਰੜ ਦੀ ਵਿਕਾਸ ਕੰਮਾਂ ਲਈ ਸਮਰਪਿਤ ਜਥੇਬੰਦੀ ਜਨ ਹਿੱਤ ਵਿਕਾਸ ਕਮੇਟੀ ਖਰੜ ਵੱਲੋਂ ਇੱਕ ਰੋਸ ਮਾਰਚ ਕੀਤਾ ਗਿਆ। ਜਿਸ ਦਾ ਸੱਦਾ ਜਨਹਿੱਤ ਵਿਕਾਸ ਕਮੇਟੀ ਖਰੜ ਦੇ ਪ੍ਰਧਾਨ ਰਣਜੀਤ ਸਿੰਘ ਹੰਸ ਅਤੇ ਸਕੱਤਰ ਜਨਰਲ ਬ੍ਰਿਜ ਮੋਹਨ ਸ਼ਰਮਾ ਵਲੋਂ ਦਿੱਤਾ ਗਿਆ ਸੀ। ਇਸ ਰੋਸ ਪ੍ਰਦਰਸ਼ਨ ਦੀ ਅਗਵਾਈ ਸਰਬ ਰਣਜੀਤ ਸਿੰਘ ਹੰਸ, ਬ੍ਰਿਜ ਮੋਹਨ ਸ਼ਰਮਾ, ਮਾਸਟਰ ਅਜੈਬ ਸਿੰਘ,ਮਾਸਟਰ ਕਰਨੈਲ ਸਿੰਘ, ਸਤਵੰਤ ਸਿੰਘ,ਪਾਲ ਸਿੰਘ, ਜੰਗ ਸਿੰਘ ਭੱਟੀ, ਅਵਤਾਰ ਸਿੰਘ ਸੈਂਪਲਾ, ਬਲਜੀਤ ਸਿੰਘ ਬਘੌਰੀਆ,ਅਵਤਾਰ ਸਿੰਘ ਸੈਂਪਲਾ,ਜੋਗਿੰਦਰ ਸਿੰਘ,ਕੇਸਰ ਸਿੰਘ,ਰਾਜਿੰਦਰ ਕੌਰ, ਜਸਵੀਰ ਸਿੰਘ,ਮੋਹਣ ਸਿੰਘ,ਬੰਤ ਸਿੰਘ,ਸੇਵਾ ਸਿੰਘ, ਰਾਜਿੰਦਰ ਸਿੰਘ ਸੋਹਲ, ਮਨਜੀਤ ਕੌਰ, ਸੋਨੂੰ ਕਿਰਨ, ਹਰਵਿੰਦਰ ਚਾਹਲ, ਰਣਜੀਤ ਕੌਰ,ਵੀਨਾ ਰਾਣੀ ਅਤੇ ਡਿੰਪੀ ਢਿੱਲੋਂ ਕਰ ਰਹੀਆਂ ਸਨ। ਤਰਕਸ਼ੀਲ ਸੁਸਾਇਟੀ ਖਰੜ ਵਲੋਂ ਗੁਰਮੀਤ ਖਰੜ, ਕੁਲਵਿੰਦਰ ਨਗਾਰੀ,ਸੁਜਾਨ ਸਿੰਘ,ਰਾਮ ਕਿਸਨ ਧੁਨਕੀਆ, ਪੀ ਪੀ ਸਿੰਘ ਅਤੇ ਬਿਕਰਮਜੀਤ ਸੋਨੀ ਨੇ ਵੀ ਸ਼ਮੂਲੀਅਤ ਕੀਤੀ। ਪ੍ਰਦਰਸਨ ਕਾਰੀਆਂ ਨੇ ਹੱਥਾਂ ਵਿੱਚ ਮਾਟੋ ਫੜੇ ਹੋਏ ਸਨ ਅਤੇ ਬੀ ਜੇ ਪੀ ਅਤੇ ਆਰ ਐੱਸ ਐੱਸ ਖਿਲਾਫ ਜੰਮ ਕੇ ਨਾਅਰੇਬਾਜੀ ਕਰ ਰਹੇ ਸਨ। ਮੁਜਾਹਰਾਕਾਰੀ ਮੰਗ ਕਰ ਰਹੇ ਸਨ ਕਿ ਮਨੀਪੁਰ ਸਰਕਾਰ ਨੂੰ ਬਰਖਾਸਤ ਕਰਕੇ ਰਾਸ਼ਟਰਪਤੀ ਰਾਜ ਲਾਗੂ ਕੀਤਾ ਜਾਵੇ ਅਤੇ ਕੁੱਕੀ ਭਾਈਚਾਰੇ ਦੇ ਕਾਤਲ ਮੈਤਈ ਦਵੰਗਾ ਖਿਲਾਫ ਕਾਰਵਾਈ ਕਰਕੇ ਸਖਤ ਸਜਾਵਾਂ ਦਿੱਤੀਆਂ ਜਾਣ।

## ਗੁਰੂ ਨਾਨਕ ਖਾਲਸਾ ਕਾਲਜ ਵਿਖੇ ਸ਼ਹੀਦੀ ਦਿਹਾੜਾ ਮਨਾਇਆ



**ਸੁਲਤਾਨਪੁਰ ਲੋਧੀ, (ਹਨੀ)** ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ ਵਿਖੇ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸ਼ਰਧਾਂਜਲੀ ਸਮਾਗਮ ਕਰਵਾਇਆ ਗਿਆ। ਕਾਲਜ ਦੀ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਇੰਜ. ਸਵਰਨ ਸਿੰਘ, ਕਾਰਜਕਾਰੀ ਪ੍ਰਿੰਸੀਪਲ ਪ੍ਰੋ. ਜਸਬੀਰ ਕੌਰ ਅਤੇ ਸਮੂਹ ਸਟਾਫ ਮੈਂਬਰਾਂ ਵੱਲੋਂ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ ਅਤੇ ਉਹਨਾਂ ਦੀ ਦੇਸ਼ ਲਈ ਕੀਤੀ ਕੁਰਬਾਨੀ ਨੂੰ ਯਾਦ ਰੱਖਣ ਅਤੇ ਜੀਵਨ ਵਿੱਚ ਸੇਧ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਡਾ. ਮਨੀ ਛਾਬੜਾ, ਪ੍ਰੋ. ਰਾਜਦੀਪ ਕੌਰ ਜੋਸਨ, ਪ੍ਰੋ. ਸੁਖਪਾਲ ਸਿੰਘ, ਪ੍ਰੋ. ਸ਼ਿਲਪਾ ਅਰੋੜਾ, ਪ੍ਰੋ. ਹਰਪ੍ਰੀਤ ਸਿੰਘ, ਪ੍ਰੋ. ਸਿਮਰਜੀਤ ਕੌਰ, ਅਮਰੀਕ ਸਿੰਘ, ਅਜਮੇਰ ਸਿੰਘ, ਨਵਨੀਤ ਕੌਰ ਆਦਿ ਹਾਜਰ ਸਨ।

## ਰੌਇਲ ਸਿੱਖ ਯੂਥ ਕਲੱਬ ਨੇ ਲੋੜਵੰਦ ਵਿਦਿਆਰਥਣ ਦੀ ਫੀਸ ਅਦਾ ਕੀਤੀ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ )**-ਰੌਇਲ ਸਿੱਖ ਯੂਥ ਕਲੱਬ ਨੇ ਆਪਣੇ ਸਮਾਜ ਭਲਾਈ ਕਾਰਜਾਂ ਨੂੰ ਜਾਰੀ ਰੱਖਦਿਆਂ ਲੋੜਵੰਦ ਪਰਵਾਰ ਦੀ ਇੱਕ ਵਿਦਿਆਰਥਣ ਦੀ ਫੀਸ ਅਦਾ ਕੀਤੀ ਹੈ। ਕਲੱਬ ਪ੍ਰਧਾਨ ਸੁਪ੍ਰੀਤ ਸਿੰਘ ਨੇ ਦੱਸਿਆ ਕਿ ਅਸ਼ਵਨੀ ਕੁਮਾਰੀ ਸਨਾਤਨ ਧਰਮ ਐਸ.ਡੀ. ਕਾਲਜ ਵਿਚ ਬੀ.ਸੀ.ਏ ਦੀ ਆਖਰੀ ਸਾਲ ਦੀ ਵਿਦਿਆਰਥਣ ਹੈ ਜੋ ਕਿ ਘਰੇਲੂ ਮਜਬੂਰੀਆਂ ਕਾਰਨ ਆਪਣੀ ਫੀਸ ਅਦਾ ਕਰਨ ਤੋਂ ਅਸਮਰਥ ਸੀ। ਇਹ ਸਾਰਾ ਮਾਮਲਾ ਜਦੋਂ ਰਾਇਲ ਸਿੱਖ ਯੂਥ ਕਲੱਬ ਦੇ ਧਿਆਨ' ਚ ਆਇਆ ਤਾਂ ਇਸ ਵਿਦਿਆਰਥਣ ਦੀ ਸਹਾਇਤਾ ਕਰਨ ਦਾ ਫ਼ੈਸਲਾ ਲਿਆ ਗਿਆ ਅਤੇ ਸੰਗਤ ਦੇ ਸਹਿਯੋਗ ਨਾਲ ਮਾਇਆ ਇਕੱਤਰ ਕਰਕੇ ਅਸ਼ਵਨੀ ਕੁਮਾਰੀ ਦੀ ਫੀਸ ਅਦਾ ਕਰ ਦਿੱਤੀ ਗਈ ਹੈ ਸੁਪ੍ਰੀਤ ਸਿੰਘ ਨੇ ਸੰਗਤ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੰਗਤ ਦੇ ਸਹਿਯੋਗ ਨਾਲ ਹੀ ਅਸੀਂ ਅਸ਼ਵਿਨੀ ਕੁਮਾਰੀ ਵਰਗੀ ਲੋੜਵੰਦ ਵਿਦਿਆਰਥੀ ਦੀ ਸਿੱਖਿਆ ਆਰਥਿਕ ਰੁਕਾਵਟ ਤੋਂ ਬਿਨਾਂ ਯਕੀਨਨ ਜਾਰੀ ਰੱਖ ਸਕਦੇ ਹਾਂ।

## ਅਜ਼ਾਦੀ ਦੇ ਅੰਮ੍ਰਿਤ ਮਹੋਤਸਵ ਤਹਿਤ ਕਰਵਾਏ ਜਾਣਗੇ ਵੱਖ-ਵੱਖ ਪ੍ਰੋਗਰਾਮ : ਡੀ ਸੀ

**ਜਲੰਧਰ, ( ਸ਼ੈਲੀ ਐਲਬਰਟ)**-ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਮੇਰੀ ਮਿੱਟੀ-ਮੇਰਾ ਦੇਸ ਮੁਹਿੰਮ ਤਹਿਤ ਜ਼ਿਲ੍ਹੇ ਵਿੱਚ ਵੱਖ-ਵੱਖ ਪ੍ਰੋਗਰਾਮ ਕਰਵਾਏ ਜਾਣਗੇ, ਜਿਸ ਵਿੱਚ ਪੰਚਾਇਤਾਂ ਨੂੰ ਵੀ ਸ਼ਾਮਲ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਅਜ਼ਾਦੀ ਦਾ ਅੰਮ੍ਰਿਤ ਮਹੋਤਸਵ ਤਹਿਤ ਇਹ ਮੁਹਿੰਮ ਦੇਸ਼ ਭਰ ਵਿੱਚ ਸ਼ੁਰੂ ਕੀਤੀ ਗਈ ਹੈ, ਜਿਸ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚੋਂ ਮਿੱਟੀ ਲਿਆ ਕੇ ਬਲਾਕ ਪੱਧਰ 'ਤੇ ਇਕੱਠੀ ਕੀਤੀ ਜਾਵੇਗੀ। ਫਿਰ ਬਲਾਕ ਪੱਧਰ ਤੋਂ ਮਿੱਟੀ ਲੈ ਕੇ ਨਵੀਂ ਦਿੱਲੀ ਵਿਖੇ ਰਾਸ਼ਟਰੀ ਪੱਧਰ 'ਤੇ ਹੋਣ ਵਾਲੇ ਸਮਾਗਮ 'ਚ ਨੌਜਵਾਨ ਸ਼ਿਰਕਤ ਕਰਨਗੇ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦਾ ਸਿਲਸਿਲਾ ਦੇਸ਼ ਭਰ ਵਿੱਚ ਹੋਵੇਗਾ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਤਹਿਤ ਵੱਖ-ਵੱਖ ਪ੍ਰੋਗਰਾਮ ਉਲੀਕੇ ਜਾਣਗੇ, ਜਿਸ ਵਿੱਚ ਲੋਕਾਂ ਦੀ ਸ਼ਮੂਲੀਅਤ ਨੂੰ ਯਕੀਨੀ ਬਣਾਉਣ ਲਈ ਜਾਗਰੂਕਤਾ ਮੁਹਿੰਮ ਵੀ ਸ਼ੁਰੂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਸਮਾਗਮ ਦੇਸ਼ ਲਈ ਕੁਰਬਾਨੀਆਂ ਕਰਨ ਵਾਲੇ ਸੈਨਿਕਾਂ ਨੂੰ ਸਮਰਪਿਤ ਹੋਵੇਗਾ। ਇਸੇ ਤਰ੍ਹਾਂ ਪੌਦੇ ਲਗਾਉਣ ਦੀ ਮੁਹਿੰਮ ਵੀ ਚਲਾਈ ਜਾਵੇਗੀ, ਜਿਸ ਤਹਿਤ ਲੋਕਾਂ ਵਿੱਚ ਵਾਤਾਵਰਨ ਪ੍ਰਤੀ ਜਾਗਰੂਕਤਾ ਵਧਾਉਣ ਲਈ ਉਪਰਾਲੇ ਕੀਤੇ ਜਾਣਗੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਮੁਹਿੰਮ ਅਜ਼ਾਦੀ ਦਾ ਅੰਮ੍ਰਿਤ ਮਹੋਤਸਵ ਤਹਿਤ ਸ਼ੁਰੂ ਕੀਤੀ ਗਈ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਜ਼ਿਲ੍ਹੇ ਵਿੱਚ ਇਸ ਤਹਿਤ ਕਈ ਪ੍ਰੋਗਰਾਮ ਉਲੀਕੇ ਜਾਣਗੇ।

## ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ 'ਚ ਸਪੈੱਲ ਬੀ ਪ੍ਰਤੀਯੋਗਤਾ




**ਕਪੂਰਥਲਾ, (ਹਨੀ)**-ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਵਿਖੇ ਪ੍ਰਿੰਸੀਪਲ ਪ੍ਰਬਦੀਪ ਕੌਰ ਮੋਗਾ ਦੀ ਅਗਵਾਈ ਹੇਠ ਸਪੈੱਲ ਬੀ ਪ੍ਰਤੀਯੋਗਤਾ ਕਰਵਾਈ ਗਈ । ਜਿਸ ਵਿੱਚ ਸਕੂਲ ਦੇ ਪ੍ਰਸ਼ਾਸ਼ਕ ਇੰਜੀਨੀਅਰ ਨਿਮਰਤਾ ਕੌਰ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ । ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰਤੀਯੋਗਿਤਾਵਾਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਇਸ ਨਾਲ ਬੱਚਿਆਂ ਦੇ ਆਤਮ ਵਿਸ਼ਵਾਸ ਵਿਚ ਵਾਧਾ ਹੁੰਦਾ ਹੈ । ਪ੍ਰਤੀਯੋਗਤਾ ਦੌਰਾਨ ਪਹਿਲੀ ਤੋਂ ਤੀਜੀ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਬੜੇ ਹੀ ਉਤਸ਼ਾਹ ਨਾਲ ਭਾਗ ਲਿਆ । ਪਹਿਲੀ ਜਮਾਤ ਵਿੱਚੋਂ ਪਲਕਪ੍ਰੀਤ ਕੌਰ, ਦੂਸਰੀ ਜਮਾਤ ਵਿੱਚੋਂ ਅਭੀਜੋਤ ਮਟੂ ਅਤੇ ਤੀਸਰੀ ਜਮਾਤ ਵਿੱਚੋਂ ਅੰਮ੍ਰਿਤ ਕੌਰ ਜੇਤੂ ਰਹੇ । ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ, ਪ੍ਰਸ਼ਾਸ਼ਕ ਇੰਜੀਨੀਅਰ ਨਿਮਰਤਾ ਕੌਰ, ਪ੍ਰਿੰਸੀਪਲ ਪ੍ਰਬਦੀਪ ਕੌਰ ਮੋਗਾ ਅਤੇ ਸਟਾਫ਼ ਮੈਂਬਰਾਂ ਜੇਤੂ ਰਹੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ।

## 12 ਘੰਟਿਆਂ 'ਚ ਲੁੱਟ ਦੀ ਵੱਡੀ ਵਾਰਦਾਤ ਦਾ ਕੀਤਾ ਪਰਦਾ ਫਾਸ਼

### ਸੋਨੇ ਤੇ ਨਕਦੀ ਸਮੇਤ ਦੋਸ਼ੀ ਗ੍ਰਿਫਤਾਰ

**ਹੁਸ਼ਿਆਰਪੁਰ, (ਬਲਬੀਰ ਸਿੰਘ ਸੈਣੀ, ਓ ਪੀ ਰਾਣਾ)**-ਜ਼ਿਲ੍ਹਾ ਪੁਲਸ ਵਲੋਂ ਬੀਤੇ ਦਿਨ ਰਾਮਪੁਰ ਹਲੇੜ (ਦਸੂਹਾ) ਦੇ ਨਜ਼ਦੀਕ ਸੋਨਾ ਸਪਲਾਈ ਕਰਨ ਵਾਲੇ ਇਕ ਕਰਮਚਾਰੀ ਤੋਂ 295 ਗ੍ਰਾਮ ਸੋਨੇ ਅਤੇ ਲੱਖਾਂ ਦੀ ਨਕਦੀ ਦੀ ਹੋਈ ਲੁੱਟ ਦਾ ਮਹਿਜ਼ 12 ਘੰਟਿਆਂ ਅੰਦਰ ਪਰਦਾਫਾਸ਼ ਕਰਦੇ ਹੋਏ ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਵੱਡੀ ਸਫ਼ਲਤਾ ਹਾਸਲ ਕੀਤੀ ਗਈ ਹੈ। ਇਸ ਸਬੰਧੀ ਪੁਲਸ ਲਾਈਨ ਹੁਸ਼ਿਆਰਪੁਰ ਵਿਚ ਕੀਤੀ ਪ੍ਰੈਸ ਕਾਨਫੰਰਸ ਨੂੰ ਸੰਬੋਧਨ ਕਰਦਿਆਂ ਐਸ.ਐਸ.ਪੀ ਸਰਤਾਜ ਸਿੰਘ ਚਾਹਲ ਨੇ ਦੱਸਿਆ ਕਿ ਬੀਤੀ 29 ਜੁਲਾਈ ਨੂੰ ਹੋਈ ਲੁੱਟ ਦੀ ਇਹ ਵਾਰਦਾਤ ਇਕ ਸਾਜਿਸ਼ ਤਹਿਤ ਕੀਤੀ ਗਈ ਸੀ, ਜਿਸ ਨੂੰ ਪੁਲਸ ਨੇ ਰਿਕਾਰਡ ਸਮੇਂ ਵਿਚ ਹੱਲ ਕਰਕੇ ਇਕ ਵੱਡੀ ਉਪਲਬੱਧੀ ਹਾਸਲ ਕੀਤੀ ਹੈ। ਐਸ.ਐਸ.ਪੀ ਨੇ ਦੱਸਿਆ ਕਿ ਭਰਤ ਸੈਣੀ ਪੁੱਤਰ ਰਜਿੰਦਰ ਸੈਣੀ, ਨਿਵਾਸੀ ਖੇੜਲਾ, ਥਾਣਾ ਪਲਾਨੀ, ਜ਼ਿਲ੍ਹਾ ਝੁਨਝੁਨ (ਰਾਜਸਥਾਨ) ਨੇ ਥਾਣਾ ਦਸੂਹਾ ਪੁਲਸ ਨੂੰ ਬਿਆਨ ਦਰਜ ਕਰਵਾਇਆ ਸੀ ਕਿ ਉਹ ਮਾਂ ਭਵਾਨੀ ਲੈਜਿਸਟਿਕ ਕੰਪਨੀ ਚੰਡੀਗੜ੍ਹ ਵਿਚ ਸੋਨਾ ਸਪਲਾਈ ਕਰਨ ਦਾ ਕੰਮ ਕਰਦਾ ਹੈ। ਉਸ ਨੇ ਦੱਸਿਆ ਕਿ 29 ਜੁਲਾਈ ਨੂੰ ਉਸ ਨੇ ਚੰਡੀਗੜ੍ਹ ਤੋਂ ਹੁਸ਼ਿਆਰਪੁਰ ਪਹੁੰਚ ਕੇ ਸੋਨੇ ਦਾ ਇਕ ਪਾਰਸਲ ਜਿਊਲਰ ਦੀ ਦੁਕਾਨ 'ਤੇ ਦੇ ਕੇ 18 ਲੱਖ 40 ਹਜ਼ਾਰ ਰੁਪਏ ਹਾਸਲ ਕੀਤੇ। ਉਸ ਤੋਂ ਬਾਅਦ ਉਸ ਨੇ ਇਕ ਹੋਰ ਸੋਨੇ ਦਾ ਪਾਰਸਲ ਅਤੁਲ ਵਰਮਾ ਪੁੱਤਰ ਵਿਜੇ ਵਰਮਾ ਸਹਦੇਵ ਜਿਊਲਰ ਤਲਵਾੜਾ ਨੂੰ ਹੁਸ਼ਿਆਜਰਪੁਰ ਬੱਸ ਸਟੈਂਡ 'ਤੇ ਡਿਲੀਵਰ ਕਰਨਾ ਸੀ। ਉਸ ਨੇ ਦੱਸਿਆ ਕਿ ਅਤੁਲ ਵਰਮਾ ਨੇ ਹੁਸ਼ਿਆਰਪੁਰ ਬੱਸ ਸਟੈਂਡ ਤੋਂ ਉਸ ਨੂੰ ਆਪਣੀ ਡਿਜ਼ਾਇਰ ਕਾਰ ਵਿਚ ਬਿਠਾ ਲਿਆ ਅਤੇ ਤਲਵਾੜਾ ਵੱਲ ਇਹ ਕਹਿ ਕੇ ਲੈ ਗਿਆ ਕਿ ਉਹ ਉਸ ਨੂੰ ਤਲਵਾੜਾ ਤੋਂ ਚੰਡੀਗੜ੍ਹ ਵਾਲੀ ਬੱਸ ਵਿਚ ਸੋਨੇ ਦੇ 17 ਲੱਖ ਰੁਪਏ ਦੇ ਕੇ ਚੜ੍ਹਾ ਦੇਵੇਗਾ। ਭਰਤ ਨੇ ਦੱਸਿਆ ਕਿ ਜਦ ਉਹ ਅਤੁਲ ਨਾਲ ਉਸ ਦੀ ਗੱਡੀ ਵਿਚ ਬੈਠ ਕੇ ਤਲਵਾੜਾ ਜਾ ਰਿਹਾ ਸੀ, ਤਾਂ ਰਸਤੇ ਵਿਚ ਰਾਮਪੁਰ ਹਲੇੜ (ਦਸੂਹਾ) ਦੇ ਨਜ਼ਦੀਕ ਦੋ ਅਣਜਾਣ ਨੌਜਵਾਨਾਂ ਨੇ ਗੱਡੀ ਦੇ ਅੱਗੇ ਆਪਣੀ ਐਕਟਿਵਾ ਲਗਾ ਕੇ ਉਸ ਨੂੰ ਮਾਰਨ ਦੀ ਧਮਕੀ ਦੇ ਕੇ ਸੋਨਾ ਅਤੇ ਪੈਸੇ ਵਾਲਾ ਬੈਗ ਖੋਹ ਕੇ ਫਰਾਰ ਹੋ ਗਏ। ਲੁੱਟ ਦੀ ਇਸ ਪੂਰੀ ਘਟਨਾ ਬਾਰੇ ਭਰਤ ਸੈਣੀ ਅਤੇ ਅਤੁਲ ਵਰਮਾ ਨੇ ਮੌਕੇ 'ਤੇ ਪਹੁੰਚੀ ਦਸੂਹਾ ਪੁਲਿਸ ਨੂੰ ਦੱਸਿਆ। ਐਸ.ਐਸ.ਪੀ ਨੇ ਦੱਸਿਆ ਕਿ ਦਸੂਹਾ ਪੁਲਿਸ ਵਲੋਂ ਇਸ ਸਬੰਧ ਵਿਚ ਭਰਤ ਸੈਣੀ ਦੇ ਬਿਆਨਾਂ 'ਤੇ ਮੁਕੱਦਮਾ ਨੰਬਰ 155 ਮਿਤੀ 30 ਜੁਲਾਈ 2023 ਧਾਰਾ 379 ਬੀ, 114, 115, 120 ਬੀ ਆਈ.ਪੀ.ਸੀ ਤਹਿਤ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ। ਉਨ੍ਹਾਂ ਦੱਸਿਆ ਕਿ ਉਕਤ ਮੁਕੱਦਮੇ ਨੂੰ ਟਰੇਸ ਕਰਨ ਲਈ ਐਸ.ਪੀ (ਜਾਂਚ) ਹੁਸ਼ਿਆਰਪੁਰ ਸਰਬਜੀਤ ਸਿੰਘ ਬਾਹੀਆ ਦੀ ਨਿਗਰਾਨੀ ਵਿਚ ਡੀ.ਐਸ.ਪੀ ਸਬ ਡਵੀਜ਼ਨ ਦਸੂਹਾ ਬਲਬੀਰ ਸਿੰਘ ਅਤੇ ਮੁੱਖ ਅਫ਼ਸਰ ਥਾਣਾ ਦਸੂਹਾ ਇੰਸਪੈਕਟਰ ਬਲਵਿੰਦਰ ਸਿੰਘ ਦੀ ਅਗਵਾਈ ਵਿਚ ਟੀਮ ਗਠਿਤ ਕੀਤੀ ਗਈ।

ਇਸ ਟੀਮ ਨੇ ਮਿਹਨਤ ਕਰਕੇ 12 ਘੰਟੇ ਦੇ ਅੰਦਰ ਲੁੱਟ ਦੀ ਸਾਰੀ ਵਾਰਦਾਤ ਸਬੰਧੀ ਜਾਂਚ ਪੂਰੀ ਕਰ ਲਈ। ਇਸ ਦੌਰਾਨ ਪੁਲਿਸ ਨੇ ਭਰਤ ਸੈਣੀ ਤੋਂ ਦੁਬਾਰਾ ਸਾਰੀ ਵਾਰਦਾਤ ਬਾਰੇ ਪੁੱਛਗਿੱਛ ਕਰਕੇ ਅਤੁਲ ਵਰਮਾ ਅਤੇ ਉਸ ਦੇ ਵਰਕਰ ਦਿਨੇਸ਼ ਕੁਮਾਰ ਪੁੱਤਰ ਦਰਸ਼ਨ ਸਿੰਘ ਨਿਵਾਸੀ ਨਿਮੋਲੀ, ਥਾਣਾ ਤਲਵਾੜਾ ਨੂੰ ਪਿੰਡ ਸੰਸਾਰਪੁਰ ਤੋਂ ਗ੍ਰਿਫਤਾਰ ਕਰਕੇ ਡੂੰਘਾਈ ਨਾਲ ਪੁੱਛਗਿੱਛ ਕੀਤੀ। ਪੁੱਛਗਿੱਛ ਉਪਰੰਤ ਪੁਲਸ ਨੇ ਅਤੁਲ ਵਰਮਾ ਅਤੇ ਉਸ ਦੇ ਵਰਕਰ ਵਲੋਂ ਆਪਣੇ ਆਪ ਬਣਾਈ ਹੋਈ ਸਾਰੀ ਕਹਾਣੀ ਦਾ ਪਰਦਾਫਾਸ਼ ਕਰਕੇ ਅਤੁਲ ਵਰਮਾ ਤੋਂ 295 ਗ੍ਰਾਮ ਸੋਨਾ, ਜਿਸ ਦੀ ਕੀਮਤ ਕਰੀਬ 17 ਲੱਖ ਰੁਪਏ, ਮੌਕੇ 'ਤੇ ਐਕਟਿਵਾ ਨਾਲ ਲੁੱਟ ਕਰਨ ਵਾਲੇ ਦਿਨੇਸ਼ ਕੁਮਾਰ ਤੋਂ 14 ਲੱਖ 60 ਹਜ਼ਾਰ ਰੁਪਏ ਸਮੇਤ ਵਾਰਦਾਤ ਵਿਚ ਵਰਤੀ ਗਈ ਕਾਰ ਸਵਿਫਟ ਡਿਜ਼ਾਇਰ ਨੰਬਰ ਪੀ ਬੀ 07 ਬੀ.ਐਲ 1642 ਅਤੇ ਕਾਲੇ ਰੰਗ ਦੀ ਬਿਨਾਂ ਨੰਬਰ ਦੀ ਐਕਟਿਵਾ ਨੂੰ ਬਰਾਮਦ ਕੀਤਾ। ਇਨ੍ਹਾਂ ਦੇ ਤੀਜੇ ਸਾਥੀ ਨੂੰ ਹੁਣ ਗ੍ਰਿਫਤਾਰ ਕਰਨਾ ਬਾਕੀ ਹੈ। ਐਸ.ਐਸ.ਪੀ ਨੇ ਦੱਸਿਆ ਕਿ ਇਹ ਸਾਰੀ ਕਹਾਣੀ ਸਹਿਦੇਵ ਜਿਊਲਰ ਦੇ ਮਾਲਕ ਅਤੁਲ ਵਰਮਾ ਨਿਵਾਸੀ ਤਲਵਾੜਾ ਵਲੋਂ ਆਪਣੇ ਵਰਕਰ ਦਿਨੇਸ਼ ਕੁਮਾਰ ਨਿਮੋਲੀ ਨਾਲ ਮਿਲ ਕੇ ਰਚੀ ਗਈ ਸੀ, ਜਿਸ ਨੂੰ ਹੁਸ਼ਿਆਰਪੁਰ ਜ਼ਿਲ੍ਹਾ ਪੁਲਸ ਨੇ 12 ਘੰਟੇ ਵਿਚ ਟਰੇਸ ਕਰ ਲਿਆ। ਇਸ ਦੌਰਾਨ ਐਸ.ਪੀ (ਜਾਂਚ) ਹੁਸ਼ਿਆਰਪੁਰ ਸਰਬਜੀਤ ਸਿੰਘ ਬਾਹੀਆ ਅਤੇ ਡੀ.ਐਸ.ਪੀ ਸਬ-ਡਵੀਜ਼ਨ ਦਸੂਹਾ ਬਲਬੀਰ ਸਿੰਘ ਵੀ ਮੌਜੂਦ ਸਨ।